ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 85
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Saturday, 28 March, 2026) ਸ਼ਨੀਵਾਰ, 28 ਮਾਰਚ, 2026, 15 ਚੇਤ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਐਚ.ਐਸ.ਜੀ.ਐਮ.ਸੀ. ਦਾ 104 ਕਰੋੜ ਰੁ. ਦਾ ਬਜਟ ਰੱਦ

ਚੰਡੀਗੜ੍ਹ, 27 ਮਾਰਚ (ਚ.ਨ.ਸ.): ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦਾ 104 ਕਰੋੜ ਰੁਪਏ ਦਾ ਬਜਟ ਜੁਡੀਸ਼ੀਅਲ ਕਮਿਸ਼ਨ ਵੱਲੋਂ ਰੱਦ ਕਰ ਦਿੱਤਾ ਗਿਆ ਹੈ। ਕੋਰਮ ਪੂਰਾ ਨਾ ਹੋਣ ਕਾਰਨ ਇਸ ਨੂੰ ਰੱਦ ਕੀਤਾ ਗਿਆ ਹੈ। ਕਮਿਸ਼ਨ ਦਾ ਕਹਿਣਾ ਹੈ ਕਿ ਕੋਰਮ ਪੂਰਾ ਨਾ ਹੋਣ ਕਾਰਨ ਇਹ ਬਜਟ ਜਾਇਜ਼ ਨਹੀਂ ਹੈ। ਜ਼ਿਕਰਯੋਗ ਹੈ ਕਿ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦਾ 104 ਕਰੋੜ ਰੁਪਏ ਦਾ ਬਜਟ ਸੀ, ਜਿਸ ਨੂੰ ਜੁਡੀਸ਼ੀਅਲ ਕਮਿਸ਼ਨ ਵੱਲੋਂ ਰੱਦ ਕਰ ਦਿੱਤਾ ਗਿਆ ਹੈ।




# ਡਾਲਰ ਦੇ ਮੁਕਾਬਲੇ ਹੁਣ ਤੱਕ ਦੇ ਸਭ ਤੋਂ ਹੇਠਲੇ ਪੱਧਰ 'ਤੇ ਪੁੱਜਾ ਰੁਪਇਆ

## ਸ਼ੇਅਰ ਬਾਜ਼ਾਰ ਵਿੱਚ ਵੀ ਭਾਰੀ ਗਿਰਾਵਟ ਦਰਜ

ਚੜ੍ਹਦੀਕਲਾ ਬਿਊਰੋ

================



ਮੁੰਬਈ, 27 ਮਾਰਚ: ਪੱਛਮੀ ਏਸ਼ੀਆ ਵਿੱਚ ਜਾਰੀ ਸੰਘਰਸ਼ ਕਾਰਨ ਤੇਲ ਦੀਆਂ ਵਧ ਰਹੀਆਂ ਕੀਮਤਾਂ ਅਤੇ ਮਜ਼ਬੂਤ ਹੋ ਰਹੇ ਡਾਲਰ ਕਰਕੇ ਸ਼ੁੱਕਰਵਾਰ ਨੂੰ ਰੁਪਿਆ 74 ਪੈਸੇ ਟੁੱਟ ਕੇ ਅਮਰੀਕੀ ਡਾਲਰ ਦੇ ਮੁਕਾਬਲੇ 94.70 ਦੇ ਹੁਣ ਤੱਕ ਦੇ ਸਭ ਤੋਂ ਹੇਠਲੇ ਪੱਧਰ 'ਤੇ ਪਹੁੰਚ ਗਿਆ ਹੈ।

ਫੋਰੈਕਸ ਵਪਾਰੀਆਂ ਅਨੁਸਾਰ ਘਰੇਲੂ ਸ਼ੇਅਰ ਬਾਜ਼ਾਰ ਵਿੱਚ ਤੇਜ਼ ਗਿਰਾਵਟ ਅਤੇ ਵਿਦੇਸ਼ੀ ਸੰਸਥਾਗਤ ਨਿਵੇਸ਼ਕਾਂ ਵੱਲੋਂ ਕੱਢੇ ਜਾ ਰਹੇ ਪੈਸੇ ਨੇ ਸਥਾਨਕ ਇਕਾਈ 'ਤੇ ਹੋਰ ਦਬਾਅ ਪਾਇਆ ਹੈ।

ਇੰਟਰਬੈਂਕ ਵਿਦੇਸ਼ੀ ਮੁਦਰਾ ਬਾਜ਼ਾਰ ਵਿੱਚ ਰੁਪਿਆ 94.18 'ਤੇ ਖੁੱਲ੍ਹਿਆ ਅਤੇ ਹੌਲੀ-ਹੌਲੀ ਘਟਦਾ ਹੋਇਆ 94.50 ਦੇ ਅੰਕੜੇ ਨੂੰ ਪਾਰ ਕਰ ਗਿਆ। ਉੱਥੇ ਹੀ ਬੁੱਧਵਾਰ ਨੂੰ ਰੁਪਿਆ 20 ਪੈਸੇ ਦੀ ਗਿਰਾਵਟ ਨਾਲ ਅਮਰੀਕੀ ਡਾਲਰ ਦੇ ਮੁਕਾਬਲੇ 93.96 ਦੇ ਰਿਕਾਰਡ ਹੇਠਲੇ ਪੱਧਰ 'ਤੇ ਬੰਦ ਹੋਇਆ ਸੀ ਜਦਕਿ ਰਾਮ ਨੌਮੀ ਦੀ ਛੁੱਟੀ ਹੋਣ ਕਰਕੇ ਵੀਰਵਾਰ ਨੂੰ ਸ਼ੇਅਰ ਬਾਜ਼ਾਰ ਬੰਦ ਰਿਹਾ ਸੀ।

ਫਿਨਰੈਕਸ ਟਰੇਜ਼ਰੀ ਐਡਵਾਈਜ਼ਰਜ਼ ਐੱਲ ਐੱਲ ਪੀ ਦੇ ਟਰੇਜ਼ਰੀ ਹੈੱਡ ਅਤੇ ਐਗਜ਼ੀਕਿਊਟਿਵ ਡਾਇਰੈਕਟਰ ਅਨਿਲ ਕੁਮਾਰ ਭੰਸਾਲੀ ਨੇ ਕਿਹਾ, 'ਤੇਲ ਕੰਪਨੀਆਂ ਵੱਲੋਂ ਲਗਾਤਾਰ ਖਰੀਦਦਾਰੀ ਦੇ ਨਾਲ ਰੁਪਏ ਨੇ 94.50 ਦਾ ਪੱਧਰ ਤੋੜ ਦਿੱਤਾ ਹੈ, ਕਿਉਂਕਿ ਵਿਦੇਸ਼ਾਂ ਵਿੱਚ ਸਾਮਾਨ ਬਰਾਮਦ ਵਾਲੇ ਆਪਣੀ ਕਮਾਈ ਨੂੰ ਸੰਭਾਲ ਕੇ ਰੱਖ ਰਹੇ ਹਨ, ਜਦਕਿ ਬਾਹਰੋਂ ਸਾਮਾਨ ਦਰਾਮਦ ਕਰਨ ਵਾਲੇ ਆਪਣਾ ਬਿੱਲ ਅਦਾ (ਬਾਕੀ ਸਫਾ 2 'ਤੇ)

## ਸੋਨਾ-ਚਾਂਦੀ ਦੀਆਂ ਕੀਮਤਾਂ 'ਚ ਆਈ ਗਿਰਾਵਟ

ਨਵੀਂ ਦਿੱਲੀ, 27 ਮਾਰਚ (ਚ.ਨ.ਸ.): ਕੀਮਤੀ ਧਾਤ ਦੀਆਂ ਕੀਮਤਾਂ ਵਿੱਚ 5 ਪ੍ਰਤੀਸ਼ਤ ਤੱਕ ਦੀ ਗਿਰਾਵਟ ਆਈ, ਚਾਂਦੀ 11,250 ਰੁਪਏ ਡਿੱਗ ਕੇ 2.30 ਲੱਖ ਰੁਪਏ ਪ੍ਰਤੀ ਕਿਲੋਗ੍ਰਾਮ ਰਹਿ ਗਈ, ਜਦੋਂ ਕਿ ਸੋਨਾ 1.47 ਲੱਖ ਰੁਪਏ ਪ੍ਰਤੀ 10 ਗ੍ਰਾਮ ਰਹਿ ਗਿਆ। ਆਲ ਇੰਡੀਆ ਸਰਾਫਾ ਐਸੋਸੀਏਸ਼ਨ ਦੇ ਅਨੁਸਾਰ, ਚਿੱਟੀ ਧਾਤ ਬੁੱਧਵਾਰ ਦੇ 2,41,250 ਰੁਪਏ ਪ੍ਰਤੀ ਕਿਲੋਗ੍ਰਾਮ ਦੇ ਬੰਦ ਪੱਧਰ ਤੋਂ 11,250 ਰੁਪਏ ਜਾਂ ਲਗਭਗ 5 ਪ੍ਰਤੀਸ਼ਤ ਡਿੱਗ ਕੇ 2,30,000 ਰੁਪਏ ਪ੍ਰਤੀ ਕਿਲੋਗ੍ਰਾਮ (ਸਾਰੇ ਟੈਕਸਾਂ ਸਮੇਤ) ਰਹਿ ਗਈ। 99.9 ਪ੍ਰਤੀਸ਼ਤ ਸ਼ੁੱਧਤਾ ਵਾਲਾ ਸੋਨਾ 1,900 ਰੁਪਏ ਜਾਂ 1.3 ਪ੍ਰਤੀਸ਼ਤ ਘਟ ਕੇ 1,47,800 ਰੁਪਏ ਪ੍ਰਤੀ 10 ਗ੍ਰਾਮ (ਸਾਰੇ ਟੈਕਸਾਂ ਸਮੇਤ) 'ਤੇ ਆ ਗਿਆ। ਪਿਛਲੇ ਬਾਜ਼ਾਰ ਸੈਸ਼ਨ ਵਿੱਚ ਪੀਲੀ ਧਾਤ 1,49,700 ਰੁਪਏ (ਬਾਕੀ ਸਫਾ 2 'ਤੇ)

## ਕੇਂਦਰ ਨੇ ਪੈਟਰੋਲ-ਡੀਜ਼ਲ 'ਤੇ ਘਟਾਈ ਐਕਸਾਈਜ਼ ਡਿਊਟੀ

ਨਵੀਂ ਦਿੱਲੀ, 27 ਮਾਰਚ (ਚ.ਨ.ਸ.): ਕੱਚੇ ਤੇਲ ਦੇ ਸੰਕਟ ਦੇ ਵਿਚਕਾਰ, ਕੇਂਦਰ ਸਰਕਾਰ ਨੇ ਪੈਟਰੋਲ ਅਤੇ ਡੀਜ਼ਲ 'ਤੇ ਐਕਸਾਈਜ਼ ਡਿਊਟੀ 10 ਰੁਪਏ ਘਟਾ ਕੇ ਤੇਲ ਕੰਪਨੀਆਂ ਅਤੇ ਆਮ ਜਨਤਾ ਨੂੰ ਰਾਹਤ ਦਿੱਤੀ ਹੈ। ਸਮਾਚਾਰ ਏਜੰਸੀਆਂ ਦੇ ਅਨੁਸਾਰ, ਪੈਟਰੋਲ 'ਤੇ ਐਕਸਾਈਜ਼ ਡਿਊਟੀ 13 ਰੁਪਏ ਪ੍ਰਤੀ ਲੀਟਰ ਤੋਂ ਘਟਾ ਕੇ 3 ਰੁਪਏ ਕਰ ਦਿੱਤੀ ਗਈ ਹੈ। ਇਸ ਦੌਰਾਨ, ਡੀਜ਼ਲ 'ਤੇ ਇਹ ਡਿਊਟੀ ਪੂਰੀ ਤਰ੍ਹਾਂ ਖ਼ਤਮ ਕਰ ਦਿੱਤੀ ਗਈ ਹੈ, ਇਸ ਨਾਲ ਇਹ ਜ਼ੀਰੋ ਕਰ ਦਿੱਤੀ ਗਈ ਹੈ। ਸਰਕਾਰ ਨੇ ਇਹ ਕਦਮ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਨੂੰ ਵਧਣ ਤੋਂ ਰੋਕਣ ਲਈ ਚੁੱਕਿਆ ਹੈ।

ਇਹ ਇੱਕ ਕਿਸਮ ਦਾ ਅਸਿੱਧਾ ਟੈਕਸ ਹੈ ਜੋ ਵਸਤੂਆਂ ਦੇ ਉਤਪਾਦਨ ਜਾਂ ਨਿਰਮਾਣ 'ਤੇ ਲਗਾਇਆ ਜਾਂਦਾ ਹੈ। ਕੇਂਦਰ ਸਰਕਾਰ ਇਹ ਟੈਕਸ ਲਗਾਉਂਦੀ ਹੈ, ਜਿਸ ਨਾਲ ਵਸਤੂਆਂ ਦੀ ਕੀਮਤ ਵਧ ਜਾਂਦੀ ਹੈ। ਭਾਰਤ ਵਿੱਚ, ਕੇਂਦਰ ਸਰਕਾਰ ਪੈਟਰੋਲ ਅਤੇ ਡੀਜ਼ਲ 'ਤੇ ਐਕਸਾਈਜ਼ ਡਿਊਟੀ ਲਗਾਉਂਦੀ ਹੈ, ਅਤੇ ਰਾਜ ਸਰਕਾਰਾਂ ਵੈਟ ਲਗਾਉਂਦੀਆਂ ਹਨ। ਹਾਲਾਂਕਿ, ਸਰਕਾਰ ਨੇ ਹੁਣ ਐਕਸਾਈਜ਼ ਡਿਊਟੀ ਘਟਾ ਦਿੱਤੀ ਹੈ।

### ਪ੍ਰਧਾਨ ਮੰਤਰੀ ਵੱਲੋਂ ਮੁੱਖ ਮੰਤਰੀਆਂ ਨਾਲ ਵੀਡੀਓ ਕਾਨਫ਼ਰੰਸਿੰਗ ਰਾਹੀਂ ਮੀਟਿੰਗ

# ਮੋਦੀ ਵੱਲੋਂ ਵੱਖ-ਵੱਖ ਵਸਤਾਂ ਦੇ ਸੰਕਟ ਨਾਲ ਨਜਿੱਠਣ ਦੀਆਂ ਤਿਆਰੀਆਂ ਅਤੇ ਯੋਜਨਾਵਾਂ ਦੀ ਸਮੀਖਿਆ

ਚੜ੍ਹਦੀਕਲਾ ਬਿਊਰੋ

================



ਨਵੀਂ ਦਿੱਲੀ, 27 ਮਾਰਚ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੱਧ ਪੂਰਬ ਵਿਚ ਜੰਗ ਕਾਰਨ ਪੈਦਾ ਹੋਏ ਹਾਲਾਤ ਦੇ ਮੱਦੇਨਜ਼ਰ ਅੱਜ ਵੀਡੀਓ ਕਾਨਫਰੰਸਿੰਗ ਰਾਹੀਂ ਮੁੱਖ ਮੰਤਰੀਆਂ ਨਾਲ ਮੀਟਿੰਗ ਕੀਤੀ। ਪੱਛਮੀ ਏਸ਼ੀਆ ਵਿੱਚ ਚੱਲ ਰਹੀ ਜੰਗ ਕਾਰਨ ਪੈਦਾ ਹੋਏ ਹਾਲਾਤਾਂ ਅਤੇ ਦੇਸ਼ ਵਿੱਚ ਈਂਧਨ ਦੀ ਸਪਲਾਈ ਨੂੰ ਸੁਚਾਰੂ ਬਣਾਉਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੱਖ-ਵੱਖ ਸੂਬਿਆਂ ਦੇ ਮੁੱਖ ਮੰਤਰੀਆਂ ਨਾਲ ਅੱਜ ਵੀਡੀਓ ਕਾਨਫਰੰਸਿੰਗ ਰਾਹੀਂ ਮੀਟਿੰਗ ਕੀਤੀ। । ਇਸ ਮੀਟਿੰਗ ਵਿੱਚ ਉਨ੍ਹਾਂ ਪੰਜ ਸੂਬੇ (ਪੱਛਮੀ ਬੰਗਾਲ, ਕੇਰਲ, ਤਾਮਿਲਨਾਡੂ, ਅਸਾਮ ਅਤੇ ਪੁਡੂਚੇਰੀ) ਦੇ ਮੁੱਖ ਮੰਤਰੀ ਸ਼ਾਮਲ ਨਹੀਂ ਹੋਏ, ਜਿੱਥੇ ਆਉਣ ਵਾਲੇ ਸਮੇਂ ਵਿੱਚ ਚੋਣਾਂ ਹੋਣੀਆਂ ਹਨ।ਮੀਟਿੰਗ ਦਾ ਮੁੱਖ ਉਦੇਸ਼ ਈਰਾਨ ਜੰਗ ਕਾਰਨ ਪੈਦਾ ਹੋਈਆਂ ਚੁਣੌਤੀਆਂ ਨਾਲ ਕੁਸ਼ਲਤਾ ਨਾਲ ਨਜਿੱਠਣਾ ਹੈ। ਪੱਛਮੀ ਏਸ਼ੀਆ ਵਿੱਚ ਜੰਗ ਕਾਰਨ ਭਾਰਤ ਵਿੱਚ (ਬਾਕੀ ਸਫਾ 2 'ਤੇ)

## ਕੇਂਦਰ ਵੱਲੋਂ ਲਾਕਡਾਊਨ ਦੀਆਂ ਅਫ਼ਵਾਹਾਂ ਸਿਰੇ ਤੋਂ ਰੱਦ

### ਜ਼ਰੂਰੀ ਵਸਤਾਂ ਨਾਲ ਸਬੰਧਤ ਘਟਨਾਵਾਂ 'ਤੇ ਬਾਰੀਕੀ ਨਾਲ ਰੱਖੀ ਜਾ ਰਹੀ ਹੈ ਨਜ਼ਰ: ਪੁਰੀ

ਨਵੀਂ ਦਿੱਲੀ, 27 ਮਾਰਚ (ਚ.ਨ.ਸ.):ਕੇਂਦਰ ਸਰਕਾਰ ਨੇ ਸ਼ੁੱਕਰਵਾਰ ਨੂੰ ਭਾਰਤ ਵਿੱਚ ਲਾਕਡਾਊਨ ਦੀਆਂ ਅਫਵਾਹਾਂ ਨੂੰ ਸਿਰੇ ਤੋਂ ਖਾਰਜ ਕਰਦਿਆਂ ਕਿਹਾ ਹੈ ਕਿ ਸਰਕਾਰ ਸਾਹਮਣੇ ਅਜਿਹਾ ਕੋਈ ਪ੍ਰਸਤਾਵ ਵਿਚਾਰ ਅਧੀਨ ਨਹੀਂ ਹੈ।ਕੇਂਦਰੀ ਪੈਟਰੋਲੀਅਮ ਮੰਤਰੀ ਹਰਦੀਪ ਪੁਰੀ ਨੇ ਕਿਹਾ, 'ਲਾਕਡਾਊਨ ਦੀਆਂ ਅਫਵਾਹਾਂ ਝੂਠੀਆਂ ਹਨ। ਇਸ ਤਰ੍ਹਾਂ ਦੇ ਕਿਸੇ ਪ੍ਰਸਤਾਵ 'ਤੇ ਵਿਚਾਰ ਨਹੀਂ ਕੀਤਾ ਜਾ ਰਿਹਾ ਹੈ। ਆਲਮੀ ਸਥਿਤੀ ਵਿੱਚ ਲਗਾਤਾਰ ਬਦਲਾਅ ਹੋ ਰਹੇ ਹਨ। ਅਸੀਂ ਊਰਜਾ, ਸਪਲਾਈ ਚੇਨ ਅਤੇ ਜ਼ਰੂਰੀ ਵਸਤਾਂ ਨਾਲ ਸਬੰਧਤ ਘਟਨਾਵਾਂ 'ਤੇ ਬਾਰੀਕੀ ਨਾਲ ਨਜ਼ਰ ਰੱਖ ਰਹੇ ਹਾਂ। ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ (ਬਾਕੀ ਸਫਾ 2 'ਤੇ)

## ਅੰਮ੍ਰਿਤਪਾਲ ਸਿੰਘ ਦੀ ਪੈਰੋਲ ਅਰਜ਼ੀ ਹਾਈਕੋਰਟ ਵੱਲੋਂ ਰੱਦ

ਚੰਡੀਗੜ੍ਹ , 27 ਮਾਰਚ (ਚ.ਨ.ਸ.):ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਇਕ ਵਾਰ ਫਿਰ ਵੱਡਾ ਝਟਕਾ ਦਿੱਤਾ ਹੈ। ਅਦਾਲਤ ਨੇ ਸੰਸਦ ਦੇ ਬਜਟ ਇਜਲਾਸ ਵਿਚ ਸ਼ਾਮਲ ਹੋਣ ਲਈ ਦਾਇਰ ਕੀਤੀ ਗਈ ਉਨ੍ਹਾਂ ਦੀ ਪੈਰੋਲ ਦੀ ਅਰਜ਼ੀ ਨੂੰ ਖਾਰਜ ਕਰ ਦਿੱਤਾ ਹੈ। ਅੰਮ੍ਰਿਤਪਾਲ ਸਿੰਘ ਦੇ ਵਕੀਲ ਵੱਲੋਂ ਅਦਾਲਤ ਵਿਚ ਇਹ ਦਲੀਲ ਦਿੱਤੀ ਗਈ ਸੀ ਕਿ ਉਹ ਖ਼ਡੂਰ ਸਾਹਿਬ ਤੋਂ ਚੁਣੇ ਹੋਏ ਐਮ.ਪੀ. ਹਨ ਅਤੇ ਉਹ ਸੰਸਦ ਵਿਚ ਆਪਣੇ ਹਲਕੇ ਦੀਆਂ ਮੰਗਾਂ ਅਤੇ ਮੁਸ਼ਕਲਾਂ ਨੂੰ ਸਰਕਾਰ ਦੇ ਸਾਹਮਣੇ ਚੁੱਕਣਾ ਚਾਹੁੰਦੇ ਹਨ। ਹਾਲਾਂਕਿ, ਪੰਜਾਬ ਸਰਕਾਰ ਨੇ ਇਸ ਪਟੀਸ਼ਨ ਦਾ ਵਿਰੋਧ ਕੀਤਾ। ਸੂਤਰਾਂ ਮੁਤਾਬਕ ਸਰਕਾਰ ਵੱਲੋਂ ਪੇਸ਼ ਹੋਏ ਵਕੀਲਾਂ ਨੇ ਦਲੀਲ ਦਿੱਤੀ ਕਿ ਅੰਮ੍ਰਿਤਪਾਲ ਸਿੰਘ 'ਤੇ ਐੱਨ.ਐੱਸ.ਏ. ਲਗਾਇਆ ਗਿਆ ਹੈ। ਹਾਈਕੋਰਟ ਨੇ ਸਰਕਾਰ ਦੀਆਂ ਦਲੀਲਾਂ ਨਾਲ ਸਹਿਮਤੀ ਜਤਾਉਂਦੇ ਹੋਏ ਪੈਰੋਲ ਦੀ ਮੰਗ ਨੂੰ ਰੱਦ ਕਰ (ਬਾਕੀ ਸਫਾ 2 'ਤੇ)

## ਸਰਕਾਰ ਨੇ 858 ਕਰੋੜ ਰੁਪਏ ਦੇ 2 ਰੱਖਿਆ ਸਮਝੌਤਿਆਂ 'ਤੇ ਕੀਤੇ ਦਸਤਖ਼ਤ



ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 27 ਮਾਰਚ: ਰੱਖਿਆ ਮੰਤਰਾਲਾ ਨੇ ਭਾਰਤੀ ਫ਼ੌਜ ਲਈ ਹਵਾਈ ਰੱਖਿਆ ਮਿਜ਼ਾਈਲ ਪ੍ਰਣਾਲੀ ਦੀ ਖਰੀਦ ਦੇ ਸਬੰਧ 'ਚ ਰੂਸ ਦੀ ਕੰਪਨੀ ਰੋਸੋਬੋਰੋਨਐਕਸਪੋਰਟ ਨਾਲ 445 ਕਰੋੜ ਰੁਪਏ ਦੇ ਇਕਰਾਰਨਾਮੇ 'ਤੇ ਸ਼ੁੱਕਰਵਾਰ ਨੂੰ ਹਸਤਾਖਰ ਕੀਤੇ। ਰੱਖਿਆ ਮੰਤਰਾਲਾ ਅਨੁਸਾਰ, ਭਾਰਤੀ ਜਲ ਸੈਨਾ ਦੇ ਪੀ8ਆਈ 'ਲੌਂਗ-ਰੇਂਜ ਮੈਰੀਟਾਈਮ ਰਿਕੋਨਿਸੈਂਸ' ਜਹਾਜ਼ਾਂ ਦੀ ਸਾਂਭ-ਸੰਭਾਲ ਲਈ ਬੋਇੰਗ ਇੰਡੀਆ ਡਿਫੈਂਸ ਪ੍ਰਾਈਵੇਟ ਲਿਮਟਿਡ ਨਾਲ ਇਕ ਵੱਖਰਾ ਇਕਰਨਾਮਾ ਕੀਤਾ ਗਿਆ ਹੈ।

ਮੰਤਰਾਲਾ ਨੇ ਦੱਸਿਆ, 'ਭਾਰਤੀ ਫ਼ੌਜ ਲਈ 445 ਕਰੋੜ ਰੁਪਏ ਮੁੱਲ ਦੀ ਤੁੰਗੁਸਕਾ ਹਵਾਈ ਰੱਖਿਆ ਮਿਜ਼ਾਈਲ ਪ੍ਰਣਾਲੀਆਂ ਦੀ ਖਰੀਦ ਨੂੰ ਲੈ ਕੇ ਰੂਸ ਦੀ ਜੇਐੱਸਸੀ ਰੋਸੋਬੋਰੋਨਐਕਸਪੋਰਟ ਨਾਲ ਇਕਰਾਰਨਾਮੇ 'ਤੇ ਹਸਤਾਖਰ ਕੀਤੇ ਗਏ।" ਮੰਤਰਾਲਾ ਨੇ ਇਕ ਬਿਆਨ 'ਚ ਕਿਹਾ, "ਇਹ ਅਤਿ-ਆਧੁਨਿਕ ਮਿਜ਼ਾਈਲਾਂ ਜਹਾਜ਼ਾਂ, ਡਰੋਨ ਅਤੇ ਕਰੂਜ਼ ਮਿਜ਼ਾਈਲਾਂ ਸਮੇਤ ਹਵਾਈ ਖਤਰਿਆਂ ਖ਼ਿਲਾਫ਼ (ਬਾਕੀ ਸਫਾ 2 'ਤੇ)

### ਮਿਡਲ ਈਸਟ ਸੰਕਟ ਦਰਮਿਆਨ ਸਰਕਾਰ ਦਾ ਵੱਡਾ ਫ਼ੈਸਲਾ

## ਰਾਜਨਾਥ ਦੀ ਅਗਵਾਈ ਹੇਠ ਇੰਟਰ-ਮਿਨਿਸਟ੍ਰੀਅਲ ਗਰੁੱਪ ਦਾ ਗਠਨ

ਚੜ੍ਹਦੀਕਲਾ ਬਿਊਰੋ

================




ਨਵੀਂ ਦਿੱਲੀ, 27 ਮਾਰਚ:ਮਿਡਲ ਈਸਟ ਵਿੱਚ ਈਰਾਨ, ਇਜ਼ਰਾਈਲ ਅਤੇ ਅਮਰੀਕਾ ਵਿਚਕਾਰ ਚੱਲ ਰਹੇ ਤਣਾਅਪੂਰਨ ਸੰਘਰਸ਼ ਨੇ ਪੂਰੀ ਦੁਨੀਆ ਨੂੰ ਚਿੰਤਾ ਵਿੱਚ ਪਾ ਦਿੱਤਾ ਹੈ।

ਅਜਿਹੇ ਵਿੱਚ ਭਾਰਤ ਸਰਕਾਰ ਨੇ ਕਦਮ ਚੁੱਕਦਿਆਂ ਇੱਕ ਅਹਿਮ ਫੈਸਲਾ ਲਿਆ ਹੈ। ਕੇਂਦਰ ਸਰਕਾਰ ਨੇ ਮਿਡਲ ਈਸਟ ਸੰਕਟ ਤੋਂ ਪੈਦਾ ਹੋਣ ਵਾਲੇ ਵੱਖ-ਵੱਖ ਮੁੱਦਿਆਂ 'ਤੇ ਲਗਾਤਾਰ ਨਜ਼ਰ ਰੱਖਣ ਅਤੇ ਉਨ੍ਹਾਂ ਦਾ ਹੱਲ ਕਰਨ ਲਈ ਇੱਕ ਇੰਟਰ-ਮਿਨਿਸਟ੍ਰੀਅਲ ਗਰੁੱਪ ਦਾ ਗਠਨ ਕੀਤਾ ਹੈ।ਇਸ ਗਰੁੱਪ ਦੀ ਪ੍ਰਧਾਨਗੀ ਰੱਖਿਆ ਮੰਤਰੀ ਰਾਜਨਾਥ ਸਿੰਘ ਕਰਨਗੇ। ਗਰੁੱਪ ਵਿੱਚ ਗ੍ਰਹਿ ਮੰਤਰੀ ਅਮਿਤ ਸ਼ਾਹ, ਵਿੱਤ ਮੰਤਰੀ ਨਿਰਮਲਾ ਸੀਤਾਰਮਨ, ਪੈਟਰੋਲੀਅਮ ਮੰਤਰੀ ਹਰਦੀਪ ਸਿੰਘ ਪੁਰੀ ਅਤੇ ਹੋਰ ਸਬੰਧਤ ਮੰਤਰੀ ਮੈਂਬਰ ਵਜੋਂ ਸ਼ਾਮਲ ਹਨ। ਇਹ ਗਰੁੱਪ ਮਿਡਲ ਈਸਟ ਵਿੱਚ ਜਾਰੀ ਜੰਗ ਕਾਰਨ ਭਾਰਤ 'ਤੇ ਪੈਣ ਵਾਲੇ ਸੰਭਾਵੀ ਪ੍ਰਭਾਵਾਂ, ਖਾਸ ਕਰਕੇ ਊਰਜਾ ਸੁਰੱਖਿਆ, ਤੇਲ-ਗੈਸ ਸਪਲਾਈ ਅਤੇ ਆਰਥਿਕ ਸਥਿਰਤਾ 'ਤੇ ਨਜ਼ਰ ਰੱਖੇਗਾ।ਸਰਕਾਰ ਦਾ ਇਹ ਕਦਮ ਇਸ ਲਈ ਜ਼ਰੂਰੀ ਹੋ ਗਿਆ ਹੈ ਕਿਉਂਕਿ ਭਾਰਤ ਆਪਣੀ ਕੱਚੇ ਤੇਲ ਦੀ ਲਗਭਗ 88 ਫ਼ੀਸਦੀ ਅਤੇ ਕੁਦਰਤੀ ਗੈਸ ਦੀ ਅੱਧੀ ਲੋੜ ਹੋਰਮੁਜ਼ ਜਲਡਮਰੂਮੱਧ ਦੇ ਰਸਤੇ ਦਰਾਮਦ ਕਰਦਾ ਹੈ।

ਹਾਲ ਹੀ ਦੇ ਹਮਲਿਆਂ ਤੋਂ ਬਾਅਦ ਇਸ ਖੇਤਰ ਵਿੱਚ ਤਣਾਅ ਵਧਣ ਨਾਲ ਟੈਂਕਰਾਂ ਦੀ ਆਵਾਜਾਈ 'ਤੇ ਅਸਰ ਪਿਆ ਹੈ, ਜਿਸ ਨਾਲ ਵਿਸ਼ਵ ਪੱਧਰ 'ਤੇ ਊਰਜਾ ਸੰਕਟ ਡੂੰਘਾ ਹੋ ਗਿਆ ਹੈ। ਭਾਰਤ ਵਿੱਚ ਬਾਲਣ ਦੀਆਂ ਕੀਮਤਾਂ ਵਿੱਚ ਉਛਾਲ ਜਾਂ ਦਹਿਸ਼ਤ ਵਾਲੀ ਸਥਿਤੀ ਨਾ ਬਣੇ, ਇਸ ਲਈ ਇਹ ਗਰੁੱਪ ਸਰਗਰਮ ਹੋ ਕੇ ਕੰਮ ਕਰੇਗਾ।ਇਸੇ ਕੜੀ ਵਿੱਚ ਸਰਕਾਰ ਨੇ ਆਮ ਜਨਤਾ ਨੂੰ ਰਾਹਤ ਦਿੰਦੇ ਹੋਏ ਪੈਟਰੋਲ 'ਤੇ ਐਕਸਾਈਜ਼ ਡਿਊਟੀ ਘਟਾ ਕੇ 3 ਰੁਪਏ ਪ੍ਰਤੀ ਲੀਟਰ ਅਤੇ ਡੀਜ਼ਲ 'ਤੇ ਜ਼ੀਰੋ ਕਰ ਦਿੱਤੀ ਹੈ। ਡੀਜ਼ਲ ਦੀ ਬਰਾਮਦ 'ਤੇ ਲੱਗਣ ਵਾਲੇ ਵਿੰਡਫਾਲ ਟੈਕਸ ਅਤੇ ਜੈੱਟ ਫਿਊਲ 'ਤੇ ਟੈਕਸਾਂ ਵਿੱਚ ਵੀ ਸੋਧ ਕੀਤੀ ਗਈ ਹੈ।ਕੇਂਦਰ ਨੇ ਲਾਕਡਾਊਨ ਲਗਾਏ ਜਾਣ ਦੀਆਂ (ਬਾਕੀ ਸਫਾ 2 'ਤੇ)

### ਮੌਸਮ ਵਿਭਾਗ ਵੱਲੋਂ ਅਲਰਟ ਜਾਰੀ

## ਪੰਜਾਬ ਵਿੱਚ 30 ਮਾਰਚ ਤਕ ਹਨੇਰੀ-ਤੂਫ਼ਾਨ ਨਾਲ ਪਵੇਗਾ ਮੀਂਹ !

ਚੜ੍ਹਦੀਕਲਾ ਬਿਊਰੋ

================



ਚੰਡੀਗੜ੍ਹ, 27 ਮਾਰਚ: ਪੰਜਾਬ ਦਾ ਮੌਸਮ ਇਕ ਵਾਰ ਫ਼ਿਰ ਤੋਂ ਕਰਵਟ ਲੈਣ ਜਾ ਰਿਹਾ ਹੈ। ਆਉਣ ਵਾਲੇ ਕੁਝ ਦਿਨ ਸੂਬੇ ਦੇ ਜ਼ਿਆਦਾਤਰ ਇਲਾਕਿਆਂ ਵਿਚ ਬਾਰਿਸ਼ ਦਾ ਅਸਰ ਵੇਖਣ ਨੂੰ ਮਿਲੇਗਾ। ਇਸ ਦੇ ਨਾਲ ਹੀ ਕਈ ਜ਼ਿਲ੍ਹਿਆਂ ਵਿਚ ਹਨੇਰੀ-ਤੂਫ਼ਾਨ ਦਾ ਅਲਰਟ ਵੀ ਜਾਰੀ ਕੀਤਾ ਗਿਆ ਹੈ। ਇਸ ਨਾਲ ਸੂਬੇ ਦੇ ਤਾਪਮਾਨ ਵਿਚ ਵੀ ਗਿਰਾਵਟ ਆਵੇਗੀ ਤੇ ਲੋਕਾਂ ਨੂੰ ਗਰਮੀ ਤੋਂ ਰਾਹਤ ਮਿਲੇਗੀ। ਭਾਰਤੀ ਮੌਸਮ ਵਿਗਿਆਨ ਕੇਂਦਰ ਵੱਲੋਂ 28, 29 ਤੇ 30 ਮਾਰਚ ਨੂੰ ਪੂਰੇ ਸੂਬੇ ਵਿਚ ਬਾਰਿਸ਼ ਦੀ ਸੰਭਾਵਨਾ ਜਤਾਈ ਗਈ ਹੈ। ਇਸੇ ਤਰ੍ਹਾਂ 31 ਮਾਰਚ ਨੂੰ ਵੀ ਸੂਬੇ ਦੇ ਅੱਧੇ ਤੋਂ ਵੱਧ ਹਿੱਸੇ ਵਿਚ ਬਾਰਿਸ਼ ਦਾ ਅਸਰ ਵੇਖਣ ਨੂੰ ਮਿਲ ਸਕਦਾ ਹੈ। ਵਿਭਾਗ ਵੱਲੋਂ 28, 29 ਤੇ 30 ਮਾਰਚ ਨੂੰ ਤੇਜ਼ ਹਨੇਰੀ-ਤੂਫ਼ਾਨ ਦੇ ਨਾਲ ਬਾਰਿਸ਼ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਵਿਭਾਗ ਵੱਲੋਂ 28 ਮਾਰਚ ਨੂੰ ਫਿਰੋਜ਼ਪੁਰ, ਮੋਗਾ, ਫਰੀਦਕੋਟ, ਫਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ, ਬਠਿੰਡਾ, ਬਰਨਾਲਾ, ਮਾਨਸਾ, ਸੰਗਰੂਰ ਤੇ ਪਟਿਆਲਾ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਇਸ ਤੋਂ ਇਲਾਵਾ 29 ਮਾਰਚ ਨੂੰ ਸੂਬੇ ਦੇ ਸਾਰੇ ਹੀ ਜ਼ਿਲ੍ਹਿਆਂ ਵਿਚ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਇਸੇ ਤਰ੍ਹਾਂ 30 ਮਾਰਚ ਨੂੰ ਪਠਾਨਕੋਟ, ਗੁਰਦਾਸਪੁਰ, (ਬਾਕੀ ਸਫਾ 2 'ਤੇ)

# ਕੌਮੀ ਦਲਾਂ ਦੇ ਕੁੱਲ ਚੰਦੇ ਨਾਲੋਂ 10 ਗੁਣਾ ਵੱਧ ਭਾਜਪਾ ਨੂੰ ਮਿਲਿਆ

## ਪਾਰਟੀ ਨੂੰ 6 ਹਜ਼ਾਰ ਕਰੋੜ ਤੋਂ ਵੱਧ ਮਿਲਿਆ ਚੰਦਾ ➢ ਕਾਂਗਰਸ ਨੂੰ ਮਿਲੇ ਸਿਰਫ਼ 517 ਕਰੋੜ

ਚੜ੍ਹਦੀਕਲਾ ਬਿਊਰੋ

================




ਨਵੀਂ ਦਿੱਲੀ, 27 ਮਾਰਚ:ਰਾਸ਼ਟਰੀ ਪਾਰਟੀਆਂ ਨੂੰ ਮਿਲਣ ਵਾਲੇ ਚੰਦੇ ਵਿਚ 2024-25 ਵਿਚ ਪਿਛਲੇ ਵਿੱਤੀ ਸਾਲ ਦੇ ਮੁਕਾਬਲੇ 161 ਪ੍ਰਤੀਸ਼ਤ ਦਾ ਵਾਧਾ ਹੋਇਆ ਹੈ, ਜਿਸ ਵਿਚ ਸੱਤਾਧਾਰੀ ਭਾਜਪਾ ਦਾ ਹਿੱਸਾ ਸਭ ਤੋਂ ਵੱਧ ਹੈ। ਐਸੋਸੀਏਸ਼ਨ ਫਾਰ ਡੈਮੋਕ੍ਰੇਟਿਕ ਰਿਫਾਰਮਜ਼ (ਏ.ਡੀ.ਆਰ.) ਦੀ ਇਕ ਰਿਪੋਰਟ ਅਨੁਸਾਰ ਭਾਜਪਾ ਨੂੰ ਇਸ ਸਮੇਂ ਦੌਰਾਨ ਹੋਰ ਸਾਰੀਆਂ ਰਾਸ਼ਟਰੀ ਪਾਰਟੀਆਂ ਦੁਆਰਾ ਪ੍ਰਾਪਤ ਕੁੱਲ ਚੰਦੇ ਨਾਲੋਂ ਦਸ ਗੁਣਾ ਵੱਧ ਚੰਦਾ ਮਿਲਿਆ ਹੈ। ਜਾਰੀ ਕੀਤੀ ਗਈ ਰਿਪੋਰਟ ਵਿਚ ਕਿਹਾ ਗਿਆ ਹੈ ਕਿ ਵਿੱਤੀ ਸਾਲ 2025 ਵਿਚ ਰਾਸ਼ਟਰੀ ਪਾਰਟੀਆਂ ਦੁਆਰਾ ਐਲਾਨਿਆ 20,000 ਰੁਪਏ ਤੋਂ ਵੱਧ ਦਾ ਕੁੱਲ ਚੰਦਾ 11,343 ਦਾਨੀਆਂ ਤੋਂ ਮਿਲਿਆ, ਜੋ ਕਿ 6,648.56 ਕਰੋੜ ਰੁਪਏ ਹੈ। ਇਨ੍ਹਾਂ ਵਿਚੋਂ ਭਾਜਪਾ ਨੂੰ 5,522 ਦਾਨੀਆਂ ਤੋਂ 6,074.01 ਕਰੋੜ ਰੁਪਏ, ਜਦੋਂ ਕਿ ਕਾਂਗਰਸ ਨੂੰ 2,501 ਦਾਨੀਆਂ ਤੋਂ 517.39 ਕਰੋੜ ਰੁਪਏ ਮਿਲੇ। ਰਿਪੋਰਟ ਵਿਚ ਕਿਹਾ ਗਿਆ ਹੈ ਕਿ ਭਾਜਪਾ ਦੇ ਐਲਾਨੇ ਗਏ ਦਾਨ ਇਸੇ ਸਮੇਂ ਦੌਰਾਨ ਕਾਂਗਰਸ, ਆਮ ਆਦਮੀ ਪਾਰਟੀ (ਆਪ), ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) (ਸੀ.ਪੀ.ਆਈ.-ਐਮ) ਅਤੇ ਨੈਸ਼ਨਲ ਪੀਪਲਜ਼ ਪਾਰਟੀ (ਐਨ.ਪੀ.ਪੀ.) ਦੇ ਸਾਂਝੇ ਦਾਨ ਨਾਲੋਂ ਦਸ ਗੁਣਾ ਤੋਂ ਵੱਧ ਸਨ। ਇਸ ਦੌਰਾਨ, ਬਹੁਜਨ ਸਮਾਜ ਪਾਰਟੀ (ਬਸਪਾ) ਨੇ ਐਲਾਨ ਕੀਤਾ ਕਿ ਉਸ ਨੂੰ 20,000 ਰੁਪਏ ਤੋਂ ਵੱਧ ਦਾ ਕੋਈ ਦਾਨ ਨਹੀਂ ਮਿਲਿਆ ਹੈ।

ਰਿਪੋਰਟ ਅਨੁਸਾਰ 2023-24 ਦੇ ਮੁਕਾਬਲੇ 2024-25 ਵਿਚ ਰਾਸ਼ਟਰੀ ਪਾਰਟੀਆਂ ਨੂੰ ਕੁੱਲ ਚੰਦੇ ਵਿਚ 4,104.28 ਕਰੋੜ ਰੁਪਏ ਦਾ ਵਾਧਾ ਹੋਇਆ ਹੈ। ਇਕੱਲੇ ਭਾਜਪਾ ਦੇ ਚੰਦੇ ਵਿਚ ਪਿਛਲੇ ਵਿੱਤੀ ਸਾਲ ਦੇ 2,243.94 ਕਰੋੜ ਰੁਪਏ ਦੇ ਮੁਕਾਬਲੇ ਵਿਚ 171 ਪ੍ਰਤੀਸ਼ਤ ਵਾਧਾ ਹੋਇਆ ਹੈ। ਰਿਪੋਰਟ ਅਨੁਸਾਰ, ਕਾਂਗਰਸ ਨੂੰ ਮਿਲਣ ਵਾਲੇ ਚੰਦੇ ਵਿਚ 84 ਪ੍ਰਤੀਸ਼ਤ ਦਾ ਵਾਧਾ ਹੋਇਆ, ਜੋ 2023-24 ਦੇ 281.48 ਕਰੋੜ ਰੁਪਏ ਤੋਂ ਵੱਧ ਕੇ 2024-25 ਵਿਚ 517.39 ਕਰੋੜ ਰੁਪਏ ਹੋ ਗਿਆ। ਰਿਪੋਰਟ ਮੁਤਾਬਕ ਹੋਰ ਪਾਰਟੀਆਂ ਵਿਚ 'ਆਪ' ਨੂੰ 27.04 ਕਰੋੜ ਰੁਪਏ ਮਿਲੇ, ਜੋ ਕਿ 244 ਪ੍ਰਤੀਸ਼ਤ ਦਾ ਵਾਧਾ ਹੈ, ਜਦੋਂ ਕਿ ਐਨ.ਪੀ.ਈ.ਪੀ. ਨੂੰ 1.94 ਕਰੋੜ ਰੁਪਏ ਮਿਲੇ, ਜੋ ਕਿ 1,313 ਪ੍ਰਤੀਸ਼ਤ ਦਾ ਵਾਧਾ ਹੈ।

**ਭਾਜਪਾ ਨੇ 2024-25 ਵਿੱਤੀ ਸਾਲ ਵਿੱਚ ਪੰਜਾਬ ਤੋਂ ਰਾਜਨੀਤਿਕ ਚੰਦੇ ਦਾ 93% ਹਿੱਸਾ ਕੀਤਾ ਪ੍ਰਾਪਤ:** ਐਸੋਸੀਏਸ਼ਨ ਫਾਰ ਡੈਮੋਕ੍ਰੇਟਿਕ ਰਿਫਾਰਮਜ਼ (ਏ.ਡੀ.ਆਰ.) ਮੁਤਾਬਕ (ਬਾਕੀ ਸਫਾ 2 'ਤੇ)

## ਵੇਰਕਾ ਮਿਲਕ ਪਾਊਡਰ ਦੇ ਸੈਂਪਲ ਫੇਲ੍ਹ ਮਾਮਲੇ 'ਚ ਜਨਰਲ ਮੈਨੇਜਰ ਸਸਪੈਂਡ

ਚੰਡੀਗੜ੍ਹ, 27 ਮਾਰਚ (ਚ.ਨ.ਸ.): ਫੌਜ ਵੱਲੋਂ ਪੰਜਾਬ ਸਥਿਤ ਵੇਰਕਾ ਦੇ ਮਿਲਕ ਪਾਊਡਰ ਦੇ ਦੋ ਸੈਂਪਲ ਫੇਲ੍ਹ ਕਰ ਦਿੱਤੇ ਗਏ ਹਨ। ਵੇਰਕਾ ਦੇ ਅਧੀਨ ਆਉਂਦੀ ਮੈਸਰਜ਼ ਲੁਧਿਆਣਾ ਕੋਆਪ੍ਰੇਟਿਵ ਮਿਲਕ ਪ੍ਰੋਡਿਊਸਰ ਯੂਨੀਅਨ ਲਿਮਟਿਡ ਵੱਲੋਂ ਫੌਜ ਨੂੰ 783 ਕਿਲੋ ਦੁੱਧ ਦੀ ਸਪਲਾਈ ਕੀਤੀ ਜਾਣੀ ਸੀ। ਫੌਜ ਨੇ ਦਲੀਲ ਦਿੰਦੇ ਹੋਏ ਕਿਹਾ ਕਿ ਮਿਲਕ ਪਾਊਡਰ ਦੇ ਸੈਂਪਲਾਂ ਦੀ ਕੁਆਲਿਟੀ ਮਾਪਦੰਡਾਂ 'ਤੇ ਖਰੀ ਨਹੀਂ ਉਤਰੀ ਹੈ, ਫਿਲਹਾਲ ਇਨ੍ਹਾਂ ਨੂੰ ਰਿਜੈਕਟ ਕਰ ਦਿੱਤਾ ਗਿਆ ਹੈ। ਸੈਂਪਲ ਰਿਜੈਕਟ ਹੋਣ ਮਗਰੋਂ ਪੰਜਾਬ ਸਰਕਾਰ ਨੇ ਵੱਡਾ ਐਕਸ਼ਨ ਲੈਂਦੇ ਹੋਏ ਮਿਲਕ ਯੂਨੀਅਨ, ਲੁਧਿਆਣਾ ਦੇ ਜਨਰਲ ਮੈਨੇਜਰ ਦਲਜੀਤ ਸਿੰਘ ਨੂੰ ਸਸਪੈਂਡ ਕਰ ਦਿੱਤਾ ਹੈ। ਸਸਪੈਂਸ਼ਨ ਪੀਰੀਅਡ ਦੌਰਾਨ ਉਸ ਦਾ ਹੈੱਡਕੁਆਰਟਰ ਪੰਜਾਬ ਸਟੇਟ ਕੋਆਪ੍ਰੇਟਿਵ ਮਿਲਕ ਫੈਡਰੇਸ਼ਨ ਲਿਮਟਿਡ ਚੰਡੀਗੜ੍ਹ (ਬਾਕੀ ਸਫਾ 2 'ਤੇ)

## ਈਰਾਨ ਵੱਲੋਂ ਅਮਰੀਕਾ ਨਾਲ ਜ਼ਮੀਨੀ ਲੜਾਈ ਲਈ 10 ਲੱਖ ਦੀ ਫ਼ੌਜ ਤਿਆਰ

ਚੜ੍ਹਦੀਕਲਾ ਬਿਊਰੋ

================



ਤਹਿਰਾਨ, 27 ਮਾਰਚ: ਮੱਧ ਪੂਰਬ ਵਿੱਚ ਵੱਧ ਰਹੇ ਤਣਾਅ ਦੇ ਵਿਚਕਾਰ ਈਰਾਨ ਨੇ 10 ਲੱਖ ਤੋਂ ਵੱਧ ਜ਼ਮੀਨੀ ਫੌਜਾਂ ਨੂੰ ਜੁਟਾਉਣ ਦਾ ਦਾਅਵਾ ਕੀਤਾ ਹੈ। ਈਰਾਨੀ ਮੀਡੀਆ ਰਿਪੋਰਟਾਂ ਮੁਤਾਬਕ ਅਮਰੀਕਾ ਜ਼ਮੀਨੀ ਹਮਲਾ ਕਰ ਸਕਦਾ ਹੈ। ਇਸ ਨਾਲ ਨੌਜਵਾਨਾਂ ਵਿੱਚ ਭਰਤੀ ਵਿੱਚ ਵਾਧਾ ਹੋਇਆ ਹੈ। ਰਿਪੋਰਟਾਂ ਦਰਸਾਉਂਦੀਆਂ ਹਨ ਕਿ ਹਾਲ ਹੀ ਦੇ ਦਿਨਾਂ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨ ਬਾਸੀਜ, ਰੈਵੋਲਿਊਸ਼ਨਰੀ ਗਾਰਡ ਅਤੇ ਫੌਜ ਵਿੱਚ ਸ਼ਾਮਲ ਹੋਣ ਲਈ ਅਰਜ਼ੀ ਦੇ ਰਹੇ ਹਨ। ਇਸ ਦੌਰਾਨ ਸੰਯੁਕਤ ਰਾਜ ਅਮਰੀਕਾ ਮੱਧ ਪੂਰਬ ਵਿੱਚ ਲਗਭਗ 10,000 ਵਾਧੂ ਫੌਜਾਂ ਭੇਜਣ 'ਤੇ ਵਿਚਾਰ ਕਰ ਰਿਹਾ ਹੈ। ਵਾਲ ਸਟਰੀਟ ਜਰਨਲ ਦੀ ਇੱਕ ਰਿਪੋਰਟ ਅਨੁਸਾਰ ਰੱਖਿਆ ਵਿਭਾਗ ਦੇ ਅਧਿਕਾਰੀਆਂ ਨੇ ਕਿਹਾ ਕਿ ਇਸ ਫੋਰਸ ਵਿੱਚ ਪੈਦਲ ਸੈਨਾ ਅਤੇ ਬਖਤਰਬੰਦ ਵਾਹਨ ਸ਼ਾਮਲ ਹੋ ਸਕਦੇ ਹਨ। ਇਹ ਵਾਧੂ ਫੌਜਾਂ ਮੱਧ ਪੂਰਬ ਵਿੱਚ ਪਹਿਲਾਂ ਹੀ ਤਾਇਨਾਤ 5,000 ਮਰੀਨਾਂ ਅਤੇ 2,000 ਪੈਰਾਟਰੂਪਰਾਂ ਵਿੱਚ ਸ਼ਾਮਲ ਕੀਤੀਆਂ ਜਾਣਗੀਆਂ। ਇਹ ਪੈਰਾਟਰੂਪਰ 82ਵੇਂ ਏਅਰਬੋਰਨ ਡਿਵੀਜ਼ਨ ਤੋਂ ਹਨ।

## ਮਜੀਠੀਆ ਨੂੰ ਹਾਈ ਕੋਰਟ ਤੋਂ ਝਟਕਾ, ਸੰਜੇ ਸਿੰਘ ਦੀ ਜਿਰ੍ਹਾ ਵਾਲੀ ਪਟੀਸ਼ਨ ਕੀਤੀ ਮਨਜ਼ੂਰ

ਚੰਡੀਗੜ੍ਹ, 27 ਮਾਰਚ (ਚ.ਨ.ਸ.): 'ਆਪ' ਸੰਸਦ ਮੈਂਬਰ ਸੰਜੇ ਸਿੰਘ ਵਿਰੁੱਧ ਮਾਣਹਾਨੀ ਮਾਮਲੇ ਵਿਚ ਬਿਕਰਮ ਮਜੀਠੀਆ ਨੂੰ ਵੱਡਾ ਝਟਕਾ ਲੱਗਾ ਹੈ।

ਹਾਈਕੋਰਟ ਨੇ ਸੰਜੇ ਸਿੰਘ ਦੀ ਪਟੀਸ਼ਨ ਮਨਜ਼ੂਰ ਕਰ ਲਈ ਹੈ। ਜ਼ਿਕਰਯੋਗ ਹੈ ਕਿ 'ਆਪ' ਸੰਸਦ ਮੈਂਬਰ ਸੰਜੇ ਸਿੰਘ ਵਿਰੁੱਧ ਮਾਣਹਾਨੀ ਮਾਮਲੇ ਵਿਚ ਸੁਣਵਾਈ ਦੌਰਾਨ, ਲੁਧਿਆਣਾ ਅਦਾਲਤ ਨੇ ਬਿਕਰਮ ਮਜੀਠੀਆ ਦੇ ਮੁਕੱਦਮੇ ਨੂੰ ਨਿਲ ਕਰ ਦਿੱਤਾ ਸੀ ਪਰ 2021 ਵਿਚ, ਸੰਜੇ ਸਿੰਘ ਨੇ ਲੁਧਿਆਣਾ ਅਦਾਲਤ ਦੇ ਇਸ ਫੈਸਲੇ ਨੂੰ ਚੁਣੌਤੀ ਦਿੰਦੇ ਹੋਏ ਹਾਈਕੋਰਟ ਵਿਚ ਇਕ ਪਟੀਸ਼ਨ ਦਾਇਰ ਕੀਤੀ ਸੀ। ਇਸੇ ਪਟੀਸ਼ਨ ਉਤੇ ਅੱਜ ਆਪਣਾ ਫੈਸਲਾ ਸੁਣਾਉਂਦੇ ਹੋਏ ਹਾਈਕੋਰਟ ਨੇ ਸੰਜੇ ਸਿੰਘ ਦੀ ਪਟੀਸ਼ਨ ਨੂੰ ਮਨਜ਼ੂਰੀ ਦੇ ਦਿੱਤੀ। ਅਦਾਲਤ ਨੇ ਬਿਕਰਮ ਮਜੀਠੀਆ ਦੀ ਜਿਰ੍ਹਾ ਲਈ ਨਿਰਦੇਸ਼ ਜਾਰੀ ਕੀਤੇ ਹਨ।

### ਪੰਜਾਬ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਜਨਤਕ ਸਿਹਤ ਸੰਭਾਲ ਪ੍ਰਦਾਨ ਕਰਨ ਸਬੰਧੀ ਮਾਪਦੰਡ ਸਥਾਪਤ

# 'ਮੁੱਖ ਮੰਤਰੀ ਸਿਹਤ ਯੋਜਨਾ' ਅਧੀਨ 3 ਮਹੀਨਿਆਂ ਤੋਂ ਘੱਟ ਸਮੇਂ 'ਚ 30.51 ਲੱਖ ਤੋਂ ਵੱਧ ਪਰਿਵਾਰਾਂ ਨੂੰ ਰਜਿਸਟਰ ਕੀਤਾ: ਡਾ. ਬਲਬੀਰ ਸਿੰਘ

ਚੰਡੀਗੜ੍ਹ, 27 ਮਾਰਚ (ਚ.ਨ.ਸ.) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਵੱਡੇ ਪੱਧਰ 'ਤੇ ਜਨਤਕ ਸਿਹਤ ਸੰਭਾਲ ਪ੍ਰਦਾਨ ਕਰਕੇ ਇੱਕ ਮਾਪਦੰਡ ਸਥਾਪਤ ਕੀਤਾ ਹੈ ਅਤੇ 8 ਜਨਵਰੀ, 2026 ਤੋਂ ਇਸ ਯੋਜਨਾ ਦੀ ਸ਼ੁਰੂਆਤ ਤੋਂ ਤਿੰਨ ਮਹੀਨਿਆਂ ਦੇ ਅੰਦਰ 30.51 ਲੱਖ ਤੋਂ ਵੱਧ ਪਰਿਵਾਰਾਂ ਨੂੰ ਰਜਿਸਟਰ ਕਰਕੇ ਅਤੇ 292 ਕਰੋੜ ਰੁਪਏ ਦੇ ਮੁਫ਼ਤ ਇਲਾਜ ਨੂੰ ਮਨਜ਼ੂਰੀ ਦੇ ਕੇ ਦੇਸ਼ ਭਰ ਵਿੱਚ ਇਕ ਮਸਾਲ ਕਾਇਮ ਕੀਤੀ ਹੈ। ਲਾਗੂਕਰਨ ਦੇ ਪੈਮਾਨੇ ਅਤੇ ਗਤੀ ਬਾਰੇ ਜਾਣਕਾਰੀ ਦਿੰਦਿਆਂ, ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਕਿਹਾ ਕਿ ਇਹ ਯੋਜਨਾ ਤੇਜ਼ੀ ਨਾਲ ਪੰਜਾਬ ਭਰ ਦੇ ਲੱਖਾਂ ਪਰਿਵਾਰਾਂ ਲਈ ਅਸਲ ਵਿੱਤੀ ਰਾਹਤ ਅਤੇ ਸਿਹਤ ਸੰਭਾਲ ਪ੍ਰਦਾਨ ਕਰਦੀ ਹੈ।

ਪੰਜਾਬ ਭਵਨ ਵਿਖੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, "ਇਸ ਯੋਜਨਾ ਤਹਿਤ ਹੁਣ ਤੱਕ 30,51,325 ਲਾਭਪਾਤਰੀ ਰਜਿਸਟਰ ਹੋਏ ਹਨ ਅਤੇ ਇਲਾਜ ਲਈ 1,77,097 ਮੁਫ਼ਤ ਇਲਾਜਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ। ਇਲਾਜ ਦੀ ਕੁੱਲ ਪ੍ਰਵਾਨਿਤ ਲਾਗਤ 292 ਕਰੋੜ ਰੁਪਏ ਹੈ, ਜਿਸ ਵਿੱਚੋਂ 267 ਕਰੋੜ ਰੁਪਏ ਪਹਿਲਾਂ ਹੀ ਮਨਜ਼ੂਰ ਕੀਤੇ ਜਾ ਚੁੱਕੇ ਹਨ। ਅਸੀਂ 71,000 ਦਾਅਵਿਆਂ ਦਾ ਨਿਪਟਾਰਾ ਕਰ ਦਿੱਤਾ ਹੈ ਅਤੇ ਸੂਚੀਬੱਧ ਹਸਪਤਾਲਾਂ ਨੂੰ 60 ਕਰੋੜ ਦਿੱਤੇ ਗਏ ਹਨ।



ਇਸ ਪ੍ਰਾਪਤੀ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ, ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਹਰ ਮਾਪਦੰਡ ਪੱਖੋਂ ਬਾਕੀ ਸਾਰੇ ਸੂਬਿਆਂ ਨੂੰ ਪਛਾੜ ਦਿੱਤਾ ਹੈ। ਉਨ੍ਹਾਂ ਕਿਹਾ, "ਇਹ ਪੰਜਾਬ ਲਈ ਇੱਕ ਇਤਿਹਾਸਕ ਦਿਨ ਹੈ। ਕਿਸੇ ਵੀ ਮਾਪਦੰਡ, ਰਜਿਸਟ੍ਰੇਸ਼ਨ, ਕਵਰ ਕੀਤੇ ਗਏ ਪਰਿਵਾਰਾਂ ਜਾਂ ਇਲਾਜ ਕੀਤੇ ਗਏ ਮਰੀਜ਼ਾਂ ਦੇ ਮਾਮਲੇ ਵਿੱਚ, ਪੰਜਾਬ ਪਹਿਲੇ ਸਥਾਨ 'ਤੇ ਹੈ।"

ਹਸਪਤਾਲਾਂ ਨੂੰ ਸਮੇਂ ਸਿਰ ਭੁਗਤਾਨ ਦਾ ਭਰੋਸਾ ਦਿੰਦਿਆਂ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਬਕਾਇਆ ਭੁਗਤਾਨ ਲਈ ਇੱਕ ਮਜ਼ਬੂਤ ਪ੍ਰਣਾਲੀ ਸਥਾਪਤ ਕੀਤੀ ਹੈ। ਉਨ੍ਹਾਂ ਦੱਸਿਆ ਕਿ 31 ਮਾਰਚ ਤੱਕ ਦੇ ਸਾਰੇ ਬਕਾਏ 15 ਅਪ੍ਰੈਲ ਤੱਕ ਕਲੀਅਰ ਕਰ ਦਿੱਤੇ ਜਾਣਗੇ, ਜਿਸ ਨਾਲ ਸਾਡੇ ਵੱਲ ਕਿਸੇ ਵੀ ਹਸਪਤਾਲ ਦਾ ਇੱਕ ਵੀ ਰੁਪਿਆ ਬਕਾਇਆ ਨਹੀਂ ਰਹੇਗਾ।

ਉਨ੍ਹਾਂ 1 ਅਪ੍ਰੈਲ ਤੋਂ ਲਾਗੂ ਹੋਣ ਵਾਲੇ ਨਵੇਂ ਭੁਗਤਾਨ ਢਾਂਚੇ ਦੀ ਰੂਪਰੇਖਾ ਬਾਰੇ ਦੱਸਦਿਆਂ ਕਿਹਾ ਕਿ 1 ਲੱਖ ਰੁਪਏ ਤੱਕ ਦੇ ਦਾਅਵਿਆਂ ਦਾ ਨਿਪਟਾਰਾ 15 ਦਿਨਾਂ ਦੇ ਅੰਦਰ ਕੀਤਾ ਜਾਵੇਗਾ, ਜਦੋਂ ਕਿ 1 ਲੱਖ ਰੁਪਏ ਤੋਂ ਵੱਧ ਦੇ ਬਿੱਲ ਜਮ੍ਹਾਂ ਕਰਨ ਦੇ ਇੱਕ ਹਫ਼ਤੇ ਦੇ ਅੰਦਰ ਕਲੀਅਰ ਕਰ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਵਿਵਾਦਾਂ ਜਾਂ ਤਸਦੀਕ ਦੀ ਲੋੜ ਵਾਲੇ ਮਾਮਲਿਆਂ ਇਹ ਪ੍ਰਕਿਰਿਆ ਇੱਕ ਮਹੀਨੇ ਦੇ ਅੰਦਰ ਪੂਰੀ ਕਰ ਲਈ ਜਾਵੇਗੀ।

ਸਕੀਮ ਦੇ ਅਸਲ ਪ੍ਰਭਾਵ ਨੂੰ ਉਜਾਗਰ ਕਰਦਿਆਂ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਯੋਜਨਾਂ ਪਹਿਲਾਂ ਹੀ ਹਰ ਉਮਰ ਵਰਗ ਦੇ ਲੋਕਾਂ ਨੂੰ ਰਾਹਤ ਪਹੁੰਚਾ ਰਹੀ ਹੈ, ਜਿਸਦੇ ਲਾਭਪਾਤਰੀ ਇੱਕ ਸਾਲ ਦੇ ਬੱਚੇ ਤੋਂ ਲੈ ਕੇ 99 ਸਾਲ ਦੀ ਦਾਦੀ, ਜਿਨ੍ਹਾਂ ਨੇ ਇਸ ਯੋਜਨਾ ਅਧੀਨ ਕੈਂਸਰ ਦਾ ਇਲਾਜ ਲਿਆ ਹੈ, ਤੱਕ ਹਨ। ਉਨ੍ਹਾਂ ਕਿਹਾ ਕਿ ਅਸੀਂ ਦਿਲ ਦੀਆਂ ਗੰਭੀਰ ਤੇ ਗੁੰਝਲਦਾਰ ਪ੍ਰਕਿਰਿਆਵਾਂ ਤੱਕ ਨੂੰ ਕਵਰ ਕੀਤਾ ਹੈ, ਜਿਸ ਵਿੱਚ ਦਿਲ ਨਾਲ ਸਬੰਧਤ 100 ਤੋਂ ਵੱਧ ਬਿਮਾਰੀਆਂ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਸ ਸਬੰਧੀ ਇੱਕ ਮਾਮਲੇ ਵਿੱਚ ਯੋਜਨਾ ਤਹਿਤ ਪਟਿਆਲਾ ਮੈਡੀਕਲ ਕਾਲਜ ਵਿਖੇ ਰਪਚਰਡ ਸਾਈਨਸ ਵਰਗੀ ਗੰਭੀਰ ਸਥਿਤੀ ਵਾਲੇ ਮਰੀਜ਼ ਦਾ ਸਫ਼ਲਤਾਪੂਰਵਕ ਇਲਾਜ ਕੀਤਾ ਗਿਆ,"

ਡਾ. ਬਲਬੀਰ ਸਿੰਘ ਨੇ ਅੱਗੇ ਕਿਹਾ ਕਿ ਜਦੋਂ ਸਰਕਾਰ ਮੁਫ਼ਤ ਇਲਾਜ ਸੇਵਾਵਾਂ 'ਤੇ 292 ਕਰੋੜ ਰੁਪਏ ਖਰਚ ਕਰ ਰਹੀ ਹੈ ਤਾਂ ਇਸਦਾ ਮਤਲਬ ਇਹੀ ਹੈ ਕਿ ਆਮ ਆਦਮੀ ਦਾ ਪੈਸਾ ਬਚ ਰਿਹਾ ਹੈ। ਉਨ੍ਹਾਂ ਕਿਹਰਾ ਕਿ ਰਾਜ ਸਿਹਤ ਏਜੰਸੀ, ਯੂਨਾਈਟਿਡ ਇੰਡੀਆ ਇੰਸ਼ੋਰੈਂਸ ਦੇ ਤਾਲਮੇਲ ਨਾਲ ਪੰਜਾਬ ਭਰ ਵਿੱਚ ਯੂਨੀਵਰਸਲ ਹੈਲਥਕੇਅਰ ਕਵਰੇਜ ਦੀ ਨਿਰਵਿਘਨ ਡਿਲਿਵਰੀ ਨੂੰ ਯਕੀਨੀ ਬਣਾ ਰਹੀ ਹੈ।

## ਅੰਮ੍ਰਿਤਸਰ 'ਚ ਸਰਹੱਦੋਂ ਚੱਲ ਰਹੇ ਗ਼ੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਨਾਲ ਜੁੜੇ ਦੋ ਵਿਅਕਤੀ ਕਾਬੂ

### 10 ਆਧੁਨਿਕ ਪਿਸਤੌਲ ਬਰਾਮਦ




ਚੰਡੀਗੜ੍ਹ/ਅੰਮ੍ਰਿਤਸਰ, 27 ਮਾਰਚ (ਚ.ਨ.ਸ.) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਸਰਹੱਦ ਪਾਰੋਂ ਚੱਲ ਰਹੇ ਗੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਨਾਲ ਜੁੜੇ 2 ਮੁਲਜ਼ਮਾਂ ਨੂੰ 10 ਵਿਦੇਸ਼ੀ ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਰੇਸ਼ਮ ਸਿੰਘ ਵਾਸੀ ਖੁਸ਼ੂਪੁਰਾ, ਅੰਮ੍ਰਿਤਸਰ ਅਤੇ ਮਨਪ੍ਰੀਤ ਸਿੰਘ ਵਾਸੀ ਖਵਾਸਪੁਰ, ਤਰਨਤਾਰਨ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਇੱਕ ਤੁਰਕੀ ਦਾ ਬਣਿਆ ਜ਼ਿਗਾਨਾ ਪਿਸਤੌਲ, ਇੱਕ ਆਸਟਰੀਆ ਦਾ ਬਣਿਆ ਗਲੌਕ ਪਿਸਤੌਲ, ਦੋ ਅਮਰੀਕਾ ਦੇ ਬਣੇ ਬ੍ਰੇਟਾ ਪਿਸਤੌਲ, ਪੰਜ ਪੀਐਕਸ 5 ਪਿਸਤੌਲ ਅਤੇ ਇੱਕ ਚੀਨ ਦੇ ਬਣੇ ਨੋਰਿੰਕੋ ਪਿਸਤੌਲ ਸਮੇਤ ਮੈਗਜ਼ੀਨਾਂ ਸ਼ਾਮਲ ਹਨ। ਪੁਲਿਸ ਟੀਮਾਂ ਨੇ ਉਨ੍ਹਾਂ ਦਾ ਕਾਲੇ ਰੰਗ ਦਾ ਪਲੈਟੀਨਾ ਮੋਟਰਸਾਈਕਲ (ਪੀਬੀ 63 ਡੀ 3668) ਜਿਸ ਦੀ ਵਰਤੋਂ ਖੇਪਾਂ ਦੀ ਡਿਲੀਵਰੀ ਲਈ ਕੀਤੀ ਜਾਂਦੀ ਸੀ, ਨੂੰ ਵੀ ਜ਼ਬਤ ਕਰ ਲਿਆ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਪਾਕਿਸਤਾਨ ਸਥਿਤ ਤਸਕਰਾਂ ਦੇ ਤਾਲਮੇਲ ਨਾਲ ਵਿਦੇਸ਼ੀ ਗੈਂਗਸਟਰ ਦੇ ਇਸ਼ਾਰੇ 'ਤੇ ਕੰਮ ਕਰ ਰਹੇ ਸਨ ਅਤੇ ਭਾਰਤ ਵਿੱਚ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਵਿੱਚ ਸਹਾਇਤਾ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਹ ਖੇਪ ਸੂਬੇ ਭਰ ਵਿੱਚ ਅਪਰਾਧਿਕ ਤੱਤਾਂ ਨੂੰ ਡਿਲੀਵਰ ਕੀਤੀ ਜਾਣੀ ਸੀ।

ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਸੀਆਈ ਅੰਮ੍ਰਿਤਸਰ ਨੂੰ ਇੱਕ ਭਰੋਸੇਯੋਗ ਜਾਣਕਾਰੀ ਮਿਲੀ ਸੀ ਕਿ ਵਿਦੇਸ਼ੀ ਗੈਂਗਸਟਰ ਆਪਣੇ ਪੰਜਾਬ ਸਥਿਤ ਸਾਥੀਆਂ ਦੀ ਮਦਦ ਨਾਲ ਪਾਕਿਸਤਾਨ ਤੋਂ ਭਾਰਤ ਵਿੱਚ ਡਰੋਨ ਰਾਹੀਂ ਗੈਰ-ਕਾਨੂੰਨੀ ਹਥਿਆਰਾਂ/ਗੋਲੀ ਸਿੱਕੇ ਦੀ ਤਸਕਰੀ ਕਰ ਰਿਹਾ ਹੈ।

ਡੀਜੀਪੀ ਨੇ ਕਿਹਾ ਕਿ ਪ੍ਰਾਪਤ ਜਾਣਕਾਰੀ ਮੁਤਾਬਕ ਉਨ੍ਹਾਂ ਦੇ ਪੰਜਾਬ ਸਥਿਤ ਸਾਥੀ ਰੇਸ਼ਮ ਸਿੰਘ ਨੇ ਹਥਿਆਰਾਂ ਦੀ ਖੇਪ ਪ੍ਰਾਪਤ ਕੀਤੀ ਹੈ ਅਤੇ ਪਾਕਿਸਤਾਨੀ ਤਸਕਰਾਂ ਦੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਸੰਭਾਵੀ ਤੌਰ 'ਤੇ ਉਹ ਇਹ ਖੇਪ ਅੰਮ੍ਰਿਤਸਰ ਤੋਂ ਚੋਗਾਵਾਂ ਸੜਕ 'ਤੇ ਨਹਿਰ ਦੇ ਪੁਲ ਨਜਦੀਕ ਪਿੰਡ ਕੋਹਾਲੀ ਨੇੜੇ ਸ਼ੱਕੀ ਮਨਪ੍ਰੀਤ ਸਿੰਘ ਨੂੰ ਡਿਲੀਵਰ ਕਰਨਗੇ। ਉਨ੍ਹਾਂ ਅੱਗੇ ਕਿਹਾ ਕਿ ਇਸ ਜਾਣਕਾਰੀ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਨਾਕਾ ਲਗਾਇਆ ਅਤੇ ਦੋਵਾਂ ਮੁਲਜ਼ਮਾਂ ਨੂੰ ਹਥਿਆਰਾਂ ਦੀ ਖੇਪ ਸਮੇਤ ਗ੍ਰਿਫ਼ਤਾਰ ਕਰ ਲਿਆ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਇਸ ਮਾਮਲੇ ਦੇ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ ਤਾਂ ਜੋ ਪੂਰੇ ਤਸਕਰੀ ਨੈੱਟਵਰਕ ਦਾ ਪਰਦਾਫਾਸ਼ ਕੀਤਾ ਜਾ ਸਕੇ। ਇਸ ਸਬੰਧੀ, ਐਫਆਈਆਰ ਨੰਬਰ 20 ਮਿਤੀ 27-03-2026 ਨੂੰ ਥਾਣਾ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿਖੇ ਅਸਲਾ ਐਕਟ ਦੀ ਧਾਰਾ 25, 25(1) ਏ ਅਤੇ 25(1) ਬੀ ਅਤੇ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਐਕਟ ਦੀ ਧਾਰਾ 61(2) ਤਹਿਤ ਦਰਜ ਕੀਤੀ ਗਈ ਹੈ।

## ਸੁਖਬੀਰ ਸਿੰਘ ਬਾਦਲ ਮ੍ਰਿਤਕ ਡੀ.ਐਮ. ਗਗਨਦੀਪ ਸਿੰਘ ਰੰਧਾਵਾ ਦੇ ਘਰ ਪੁੱਜੇ

ਅੰਮ੍ਰਿਤਸਰ, 27 ਮਾਰਚ (ਬਬਲੂ ਮਹਾਜਨ) : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਮ੍ਰਿਤਕ ਡੀਐਮ ਗਗਨਦੀਪ ਸਿੰਘ ਰੰਧਾਵਾ ਦੇ ਘਰ ਪਹੁੰਚੇ, ਜਿੱਥੇ ਉਨ੍ਹਾਂ ਨੇ ਪਰਿਵਾਰ ਨਾਲ ਮੁਲਾਕਾਤ ਕਰਦੇ ਹੋਏ ਦੁੱਖ ਸਾਂਝਾ ਕੀਤਾ। ਇਸ ਮੌਕੇ ਉਨ੍ਹਾਂ ਨੇ ਪਰਿਵਾਰ ਨੂੰ ਹੌਸਲਾ ਦਿੱਤਾ ਅਤੇ ਭਰੋਸਾ ਦਿਵਾਇਆ ਕਿ ਅਕਾਲੀ ਦਲ ਇਸ ਮਾਮਲੇ ਵਿੱਚ ਇਨਸਾਫ਼ ਲਈ ਹਰ ਸੰਭਵ ਕੋਸ਼ਿਸ਼ ਕਰੇਗਾ। ਮੀਡੀਆ ਨਾਲ ਗੱਲਬਾਤ ਕਰਦੇ ਹੋਏ ਸੁਖਬੀਰ ਬਾਦਲ ਨੇ ਕਿਹਾ ਕਿ ਇੱਕ ਸਰਕਾਰੀ ਅਧਿਕਾਰੀ ਨੂੰ ਇਸ ਹੱਦ ਤੱਕ ਮਜ਼ਬੂਰ ਕਰਨਾ ਕਿ ਉਹ ਖੁਦਕੁਸ਼ੀ ਵਰਗਾ ਕਦਮ ਚੁੱਕੇ, ਬਹੁਤ ਹੀ ਦੁਖਦਾਈ ਅਤੇ ਗੰਭੀਰ ਮਾਮਲਾ ਹੈ। ਉਨ੍ਹਾਂ ਦਾ ਦੋਸ਼ ਸੀ ਕਿ ਇੱਕ ਮੰਤਰੀ ਦੇ ਦਬਾਅ ਕਾਰਨ ਗਗਨਦੀਪ ਸਿੰਘ ਰੰਧਾਵਾ ਨੂੰ ਇਹ ਕਦਮ ਚੁੱਕਣਾ ਪਿਆ, ਪਰ ਪੰਜਾਬ ਸਰਕਾਰ ਇਸ ਮਾਮਲੇ ਨੂੰ ਬਹੁਤ ਹੀ ਹਲਕੇ ਤਰੀਕੇ ਨਾਲ ਲੈ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਮਕਸਦ ਸਿਰਫ਼ ਮੰਤਰੀ ਨੂੰ ਬਚਾਉਣਾ ਹੈ, ਇਸ ਲਈ ਸ਼੍ਰੋਮਣੀ ਅਕਾਲੀ ਦਲ ਨੂੰ ਪੰਜਾਬ ਪੁਲਸ ਦੀ ਜਾਂਚ 'ਤੇ ਕੋਈ ਭਰੋਸਾ ਨਹੀਂ। ਉਨ੍ਹਾਂ ਨੇ ਮੰਗ ਕੀਤੀ ਕਿ ਇਸ ਪੂਰੇ ਮਾਮਲੇ ਦੀ ਜਾਂਚ ਸੀਬੀਆਈ ਤੋਂ ਕਰਵਾਈ ਜਾਵੇ ਤਾਂ ਜੋ ਸੱਚ ਸਾਹਮਣੇ ਆ ਸਕੇ। ਸੁਖਬੀਰ ਬਾਦਲ ਨੇ ਕਿਹਾ ਕਿ ਜੇਕਰ ਸੀਬੀਆਈ ਜਾਂਚ ਨਹੀਂ ਹੁੰਦੀ ਤਾਂ ਪੰਜਾਬ ਪੁਲਸ ਦੀ ਜਾਂਚ ਕਬੂਲਯੋਗ ਨਹੀਂ ਹੋਵੇਗੀ। ਉਨ੍ਹਾਂ ਇਹ ਵੀ ਦੋਸ਼ ਲਗਾਇਆ ਕਿ ਇਸ ਮਾਮਲੇ ਨਾਲ ਜੁੜੇ ਕੁਝ ਲੋਕਾਂ ਨੂੰ ਅਜੇ ਤੱਕ ਗ੍ਰਿਫ਼ਤਾਰ ਨਹੀਂ ਕੀਤਾ ਗਿਆ ਅਤੇ ਕੁਝ ਨੂੰ ਵੀਆਈਪੀ ਟਰੀਟਮੈਂਟ ਦਿੱਤਾ ਜਾ ਰਿਹਾ ਹੈ। ਖ਼ਾਸ ਕਰਕੇ ਲਾਲ ਜੀ ਭੁੱਲਰ ਨੂੰ ਜੇਲ੍ਹ ਵਿੱਚ ਵੀ ਵੀਆਈਪੀ ਸਹੂਲਤਾਂ ਮਿਲਣ ਦੀ ਗੱਲ ਉਨ੍ਹਾਂ ਨੇ ਉਠਾਈ। ਬਾਦਲ ਨੇ ਕਿਹਾ ਕਿ ਜੇਲ੍ਹ ਵਿੱਚ ਉਸਨੂੰ ਏਸੀ ਕਮਰਾ ਦਿੱਤਾ ਗਿਆ ਹੈ, ਘਰੋਂ ਖਾਣਾ ਆ ਰਿਹਾ ਹੈ ਅਤੇ ਸਟਾਫ਼ ਵੀ ਉਸਦੀ ਸੇਵਾ ਵਿੱਚ ਲੱਗਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਹਾਲਤ ਵਿੱਚ ਨਿਰਪੱਖ ਜਾਂਚ ਦੀ ਉਮੀਦ ਨਹੀਂ ਕੀਤੀ ਜਾ ਸਕਦੀ।

ਬਾਦਲ ਨੇ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਵਿਰੋਧੀ ਧਿਰ ਦੀ ਆਵਾਜ਼ ਨੂੰ ਵੀ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਮਾਮਲਾ ਸਿਰਫ਼ ਇੱਕ ਪਰਿਵਾਰ ਦਾ ਨਹੀਂ, ਸਗੋਂ ਪੂਰੇ ਪੰਜਾਬ ਦੇ ਨਿਆਂ ਨਾਲ ਜੁੜਿਆ ਹੋਇਆ ਹੈ। ਸੁਖਬੀਰ ਬਾਦਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅਤੇ ਹੋਰ ਵਿਰੋਧੀ ਪਾਰਟੀਆਂ ਇਸ ਮਾਮਲੇ ਵਿੱਚ ਨਿਰਪੱਖ ਜਾਂਚ ਲਈ ਸੰਘਰਸ਼ ਜਾਰੀ ਰੱਖਣਗੀਆਂ ਅਤੇ ਗਗਨਦੀਪ ਸਿੰਘ ਰੰਧਾਵਾ ਦੇ ਪਰਿਵਾਰ ਨੂੰ ਇਨਸਾਫ਼ ਮਿਲਣ ਤੱਕ ਲੜਾਈ ਜਾਰੀ ਰਹੇਗੀ।

## ਵਿਆਹੁਤਾ ਪੁਰਸ਼ ਅਤੇ ਸਹਿਮਤ ਬਾਲ.ਗ ਔਰਤ ਵਿਚਾਲੇ 'ਲਿਵ-ਇਨ ਰਿਲੇਸ਼ਨਸ਼ਿਪ' ਅਪਰਾਧ ਨਹੀਂ: ਇਲਾਹਾਬਾਦ ਹਾਈ ਕੋਰਟ

### 'ਜੇ ਕਾਨੂੰਨ ਦੇ ਤਹਿਤ ਕੋਈ ਅਪਰਾਧ ਨਹੀਂ ਹੈ, ਤਾਂ ਸਮਾਜਿਕ ਰਾਏ ਅਤੇ ਨੈਤਿਕਤਾ ਅਦਾਲਤ ਦਾ ਮਾਰਗਦਰਸ਼ਨ ਨਹੀਂ ਕਰੇਗੀ'

ਪ੍ਰਯਾਗਰਾਜ, 27 ਮਾਰਚ (ਚ.ਨ.ਸ.) : ਇਲਾਹਾਬਾਦ ਹਾਈ ਕੋਰਟ ਨੇ ਕਿਹਾ ਹੈ ਕਿ ਜੇਕਰ ਇਕ ਵਿਆਹੁਤਾ ਆਦਮੀ ਕਿਸੇ ਬਾਲਗ ਔਰਤ ਨਾਲ ਉਸ ਦੀ ਸਹਿਮਤੀ ਨਾਲ 'ਲਿਵ-ਇਨ ਰਿਲੇਸ਼ਨਸ਼ਿਪ' 'ਚ ਰਹਿੰਦਾ ਹੈ ਤਾਂ ਕਾਨੂੰਨ ਦੇ ਤਹਿਤ ਇਹ ਅਪਰਾਧ ਨਹੀਂ ਹੈ।

ਜਸਟਿਸ ਜੇ.ਜੇ. ਮੁਨੀਰ ਅਤੇ ਜਸਟਿਸ ਤਰੁਣ ਸਕਸੈਨਾ ਦੀ ਡਿਵੀਜ਼ਨ ਬੈਂਚ ਨੇ ਇਸ ਮਾਮਲੇ ਵਿੱਚ ਦੋ ਪਟੀਸ਼ਨਕਰਤਾਵਾਂ ਨੂੰ ਗ੍ਰਿਫਤਾਰੀ ਤੋਂ ਅੰਤਰਿਮ ਸੁਰੱਖਿਆ ਦਿੰਦੇ ਹੋਏ ਇਹ ਟਿੱਪਣੀ ਕੀਤੀ।



ਉਨ੍ਹਾਂ ਦੀ ਗ੍ਰਿਫਤਾਰੀ 'ਤੇ ਰੋਕ ਲਗਾਉਂਦੇ ਹੋਏ ਅਦਾਲਤ ਨੇ ਕਿਹਾ, "ਅਜਿਹਾ ਕੋਈ ਅਪਰਾਧ ਨਹੀਂ ਹੈ, ਜਿੱਥੇ ਇੱਕ ਵਿਆਹੁਤਾ ਆਦਮੀ ਕਿਸੇ ਬਾਲਗ ਔਰਤ ਨਾਲ ਉਸ ਦੀ ਸਹਿਮਤੀ ਨਾਲ ਲਿਵ-ਇਨ ਰਿਲੇਸ਼ਨਸ਼ਿਪ ਵਿੱਚ ਰਹਿ ਰਿਹਾ ਹੋਵੇ। ਨੈਤਿਕਤਾ ਅਤੇ ਕਾਨੂੰਨ ਨੂੰ ਅਲੱਗ ਰੱਖਣਾ ਹੋਵੇਗਾ। ਜੇ ਕਾਨੂੰਨ ਦੇ ਤਹਿਤ ਕੋਈ ਅਪਰਾਧ ਨਹੀਂ ਹੈ, ਤਾਂ ਸਮਾਜਿਕ ਰਾਏ ਅਤੇ ਨੈਤਿਕਤਾ ਅਦਾਲਤ ਦਾ ਮਾਰਗਦਰਸ਼ਨ ਨਹੀਂ ਕਰੇਗੀ।"

ਇਹ ਮਾਮਲਾ ਉਸ ਸਮੇਂ ਸਾਹਮਣੇ ਆਇਆ ਜਦੋਂ ਔਰਤ ਦੀ ਮਾਂ ਵੱਲੋਂ ਐਫ.ਆਈ.ਆਰ. ਦਰਜ ਕਰਵਾਈ ਗਈ ਸੀ, ਜਿਸ ਵਿੱਚ ਦੋਸ਼ ਲਾਇਆ ਗਿਆ ਸੀ ਕਿ ਉਸ ਦੀ 18 ਸਾਲ ਦੀ ਧੀ ਨੂੰ ਕੋਈ ਵਿਅਕਤੀ ਲੈ ਗਿਆ ਸੀ। ਪਟੀਸ਼ਨ ਮੁਤਾਬਕ ਔਰਤ ਨੇ ਸ਼ਾਹਜਹਾਂਪੁਰ ਦੇ ਪੁਲਿਸ ਸੁਪਰਡੈਂਟ ਨੂੰ ਇਕ ਪੇਸ਼ਕਾਰੀ ਸੌਂਪੀ ਸੀ, ਜਿਸ 'ਚ ਕਿਹਾ ਗਿਆ ਸੀ ਕਿ ਉਹ ਬਾਲਗ ਹੈ ਅਤੇ ਆਪਣੀ ਮਰਜ਼ੀ ਨਾਲ ਉਸ ਆਦਮੀ ਨਾਲ 'ਲਿਵ-ਇਨ ਰਿਲੇਸ਼ਨਸ਼ਿਪ' 'ਚ ਰਹਿ ਰਹੀ ਹੈ।

ਉਸ ਨੇ ਇਹ ਵੀ ਦੋਸ਼ ਲਾਇਆ ਕਿ ਉਸ ਦੇ ਪਰਿਵਾਰਕ ਜੀਅ ਇਸ ਰਿਸ਼ਤੇ ਦਾ ਵਿਰੋਧ ਕਰਦੇ ਸਨ ਅਤੇ ਉਸ ਨੂੰ ਜਾਨ ਤੋਂ ਮਾਰਨ ਦੀ ਧਮਕੀ ਦਿੱਤੀ ਸੀ, ਜਿਸ ਨਾਲ ਅਣਖ ਲਈ ਕਤਲ ਦਾ ਡਰ ਪੈਦਾ ਹੋ ਗਿਆ ਸੀ। ਕਥਿਤ ਤੌਰ 'ਤੇ ਉਸ ਦੀ ਸ਼ਿਕਾਇਤ 'ਤੇ ਕੋਈ ਕਾਰਵਾਈ ਨਹੀਂ ਕੀਤੀ ਗਈ।

ਦੋਵਾਂ ਧਿਰਾਂ ਨੂੰ ਸੁਣਨ ਤੋਂ ਬਾਅਦ ਅਦਾਲਤ ਨੇ ਜਵਾਬੀ ਹਲਫਨਾਮਾ ਦਾਇਰ ਕਰਨ ਲਈ ਦੋ ਹਫ਼ਤਿਆਂ ਦਾ ਸਮਾਂ ਦਿੱਤਾ ਅਤੇ ਮਾਮਲੇ ਦੀ ਸੁਣਵਾਈ 8 ਅਪ੍ਰੈਲ ਲਈ ਸੂਚੀਬੱਧ ਕੀਤੀ। ਬੈਂਚ ਨੇ ਹੁਕਮ ਦਿੱਤਾ ਕਿ ਅਗਲੇ ਹੁਕਮਾਂ ਤੱਕ ਪਟੀਸ਼ਨਕਰਤਾਵਾਂ ਵਿਰੁੱਧ ਕੋਈ ਜ਼ਬਰਦਸਤ ਕਾਰਵਾਈ ਨਹੀਂ ਕੀਤੀ ਜਾਣੀ ਚਾਹੀਦੀ।

## ਧੰਨਵਾਦ ਕਰਨ 'ਚ ਸਮਾਂ ਖ਼ਰਚ ਨਾ ਕਰੋ, ਸਿੱਧੇ ਸਵਾਲ ਪੁੱਛੋ : ਬਿਰਲਾ



ਨਵੀਂ ਦਿੱਲੀ, 27 ਮਾਰਚ (ਚ.ਨ.ਸ.) : ਲੋਕ ਸਭਾ ਸਪੀਕਰ ਓਮ ਬਿਰਲਾ ਨੇ ਸ਼ੁੱਕਰਵਾਰ ਨੂੰ ਮੈਂਬਰਾਂ ਨੂੰ ਕਿਹਾ ਕਿ ਉਹ ਪ੍ਰਸ਼ਨਕਾਲ ਦੌਰਾਨ ਪ੍ਰਸ਼ਨ ਪੁੱਛਦੇ ਸਮੇਂ ਆਸਨ ਨੂੰ ਧੰਨਵਾਦ ਕਰ ਕੇ ਸਮੇਂ ਬਰਬਾਦ ਨਾ ਕਰਨ ਸਗੋਂ ਸਿੱਧਾ ਪ੍ਰਸ਼ਨ ਪੁੱਛਣ। ਉਨ੍ਹਾਂ ਇਹ ਵੀ ਕਿਹਾ ਕਿ ਧੰਨਵਾਦ ਦੀ ਲੋੜ ਨਹੀਂ ਹੈ। ਦਰਅਸਲ, ਬਿਰਲਾ ਨੇ ਇਹ ਟਿੱਪਣੀ ਉਸ ਸਮੇਂ ਕੀਤੀ, ਜਦੋਂ ਭਾਜਪਾ ਦੇ ਸੰਸਦ ਮੈਂਬਰ ਰਾਮਵੀਰ ਸਿੰਘ ਬਿਧੂੜੀ ਨੇ ਰਸਾਇਣ ਅਤੇ ਖਾਦ ਮੰਤਰਾਲਾ ਨਾਲ ਸੰਬੰਧਤ ਪ੍ਰਸ਼ਨ ਪੁੱਛਣ ਤੋਂ ਪਹਿਲਾਂ ਉਨ੍ਹਾਂ ਦਾ ਧੰਨਵਾਦ ਕੀਤਾ। ਲੋਕ ਸਭਾ ਸਪੀਕਰ ਨੇ ਕਿਹਾ,"ਮਾਨਯੋਗ ਮੈਂਬਰ, ਤੁਸੀਂ ਲੋਕ ਧੰਨਵਾਦ ਕਰਨ 'ਚ ਜੋ ਸਮਾਂ ਖਰਚ ਕਰਦੇ ਹੋ, ਉਸ ਤੋਂ ਜ਼ਿਆਦਾ ਸਮਾਂ ਪ੍ਰਸ਼ਨ ਪੁੱਛਣ 'ਚ ਖਰਚ ਕਰੋ। ਧੰਨਵਾਦ ਦੀ ਲੋੜ ਨਹੀਂ ਹੈ।"

### ਡਾਲਰ ਦੇ ਮੁਕਾਬਲੇ ਹੁਣ ਤੱਕ ਦੇ ਸਭ

ਕਰਨ ਲਈ ਮਹਿੰਗੇ ਭਾਅ 'ਤੇ ਡਾਲਰ ਖਰੀਦ ਰਹੇ ਹਨ। 'ਗਲੋਬਲ ਆਇਲ ਬੈਂਚਮਾਰਕ ਬਰੈਂਟ ਕੱਚਾ ਤੇਲ ਰਾਤੋ-ਰਾਤ ਤੇਜ਼ੀ ਨਾਲ ਵਧਿਆ ਅਤੇ ਫਿਰ ਕਾਰੋਬਾਰ ਵਿੱਚ 0.53 ਫੀਸਦੀ ਦੀ ਮਾਮੂਲੀ ਗਿਰਾਵਟ ਨਾਲ 107.4 ਡਾਲਰ ਪ੍ਰਤੀ ਬੈਰਲ 'ਤੇ ਆ ਗਿਆ।

ਦੂਜੇ ਪਾਸੇ ਦੇਸ਼ ਦੇ ਸ਼ੇਅਰ ਬਾਜ਼ਾਰ ਵਿੱਚ ਵੀ ਅੱਜ ਵੱਡੀ ਗਿਰਾਵਟ ਦੇਖਣ ਨੂੰ ਮਿਲੀ, ਖਬਰ ਲਿਖੇ ਜਾਣ ਤੱਕ ਬੀ ਐੱਸ ਈ ਸੈਂਸੈਕਸ ਲੱਗਭੱਗ 1,190.76 ਅੰਕ ਦੀ ਗਿਰਾਵਟ ਨਾਲ 74,082.69 'ਤੇ ਕਾਰੋਬਾਰ ਕਰ ਰਿਹਾ ਸੀ ਅਤੇ ਐੱਨ ਐੱਸ ਈ ਨਿਫਟੀ 352 ਅੰਕ ਡਿੱਗ ਕੇ 22,954.20 'ਤੇ ਆ ਗਿਆ ਸੀ। ਐਕਸਚੇਂਜ ਦੇ ਅੰਕੜਿਆਂ ਅਨੁਸਾਰ ਵਿਦੇਸ਼ੀ ਸੰਸਥਾਗਤ ਨਿਵੇਸ਼ਕਾਂ ਨੇ ਬੁੱਧਵਾਰ ਨੂੰ 1,805.37 ਕਰੋੜ ਰੁਪਏ ਦੇ ਸ਼ੇਅਰ ਵੇਚੇ ਹਨ।

### ਸੋਨਾ-ਚਾਂਦੀ ਦੀਆਂ ਕੀਮਤਾਂ 'ਚ ਆਈ ਗਿਰਾਵਟ

ਪ੍ਰਤੀ 10 ਗ੍ਰਾਮ 'ਤੇ ਟਿਕ ਗਈ ਸੀ। ਵਿਸ਼ਲੇਸ਼ਕਾਂ ਨੇ ਕਿਹਾ ਕਿ ਕੱਚੇ ਤੇਲ ਵਿੱਚ ਗਤੀਵਿਧੀ ਅਤੇ ਵਿਸ਼ਵਵਿਆਪੀ ਸੰਕੇਤਾਂ ਨੇ ਨਿਵੇਸ਼ਕਾਂ ਦੀ ਭਾਵਨਾ ਨੂੰ ਪ੍ਰਭਾਵਿਤ ਕੀਤਾ, ਜਿਸ ਕਾਰਨ ਸਰਾਫਾ ਕੀਮਤਾਂ ਅਸਥਿਰ ਰਹੀਆਂ। ਅੰਤਰਰਾਸ਼ਟਰੀ ਬਾਜ਼ਾਰਾਂ ਵਿੱਚ, ਸਪਾਟ ਸੋਨਾ 37.19 ਡਾਲਰ ਜਾਂ ਲੱਗਭੱਗ 1 ਪ੍ਰਤੀਸ਼ਤ ਵੱਧ ਕੇ 4,416 ਡਾਲਰ ਪ੍ਰਤੀ ਔਂਸ 'ਤੇ ਪਹੁੰਚ ਗਿਆ, ਜਦੋਂ ਕਿ ਚਾਂਦੀ 0.23 ਪ੍ਰਤੀਸ਼ਤ ਵਧ ਕੇ 68.12 ਡਾਲਰ ਪ੍ਰਤੀ ਔਂਸ 'ਤੇ ਵਪਾਰ ਕਰ ਰਹੀ ਸੀ। ਮੀਰਾਏ ਐਸੇਟ ਸ਼ੇਅਰਖਾਨ ਦੇ ਵਸਤੂਆਂ ਦੇ ਮੁਖੀ ਪ੍ਰਵੀਨ ਸਿੰਘ ਨੇ ਕਿਹਾ ਕਿ ਕੱਚੇ ਤੇਲ ਦੀਆਂ ਕੀਮਤਾਂ ਕਮਜ਼ੋਰ ਹੋਣ ਕਾਰਨ ਸੌਦੇਬਾਜ਼ੀ ਦੀ ਖਰੀਦ 'ਤੇ ਪੀਲੀ ਧਾਤ ਲੱਗਭੱਗ 4,420 ਡਾਲਰ ਪ੍ਰਤੀ ਔਂਸ 'ਤੇ ਚੜ੍ਹ ਗਈ, ਪਰ ਬਾਅਦ ਵਿੱਚ ਵਿਸ਼ਵ ਬਾਜ਼ਾਰਾਂ ਵਿੱਚ ਤੇਲ ਦੀਆਂ ਕੀਮਤਾਂ ਵਿੱਚ ਸੁਧਾਰ ਹੋਣ ਕਾਰਨ ਇਸ ਵਿੱਚ ਵਾਧਾ ਘੱਟ ਗਿਆ। ਉਨ੍ਹਾਂ ਅੱਗੇ ਕਿਹਾ ਕਿ ਨਿਵੇਸ਼ਕ ਆਉਣ ਵਾਲੇ ਅਮਰੀਕੀ ਮੈਕਰੋ-ਆਰਥਿਕ ਅੰਕੜਿਆਂ ਦੀ ਉਡੀਕ ਕਰ ਰਹੇ ਹਨ, ਜਿਸ ਵਿੱਚ ਦਿਨ ਦੇ ਅੰਤ ਵਿੱਚ ਖਪਤਕਾਰ ਭਾਵਨਾ ਅਤੇ ਮੁਦਰਾਸਫੀਤੀ ਦੀਆਂ ਉਮੀਦਾਂ ਸ਼ਾਮਲ ਹਨ, ਜੋ ਕਿ ਨੇੜਲੇ ਭਵਿੱਖ ਵਿੱਚ ਸਰਾਫਾ ਕੀਮਤਾਂ ਨੂੰ ਨਿਰਦੇਸ਼ਤ ਕਰਨ ਦੀ ਸੰਭਾਵਨਾ ਹੈ।

### ਮੋਦੀ ਵੱਲੋਂ ਵੱਖ-ਵੱਖ ਵਸਤਾਂ ਦੇ ਸੰਕਟ ਨਾਲ

ਤੇਲ ਦੀ ਸਪਲਾਈ ਪ੍ਰਭਾਵਿਤ ਹੋਈ ਹੈ, ਜਿਸ ਕਾਰਨ ਕਈ ਰਾਜਾਂ ਵਿੱਚ ਪੈਟਰੋਲ-ਡੀਜ਼ਲ ਖਤਮ ਹੋਣ ਦੀਆਂ ਅਫ਼ਵਾਹਾਂ ਫੈਲ ਗਈਆਂ ਹਨ। ਇਸ ਕਾਰਨ ਪੈਟਰੋਲ ਪੰਪਾਂ 'ਤੇ ਲੰਬੀਆਂ ਲਾਈਨਾਂ ਲੱਗ ਰਹੀਆਂ ਹਨ। ਹਾਲਾਂਕਿ, ਸਰਕਾਰ ਨੇ ਦਾਅਵਾ ਕੀਤਾ ਹੈ ਕਿ ਦੇਸ਼ ਵਿੱਚ ਪੈਟਰੋਲ ਅਤੇ ਡੀਜ਼ਲ ਦੀ ਕੋਈ ਕਮੀ ਨਹੀਂ ਹੈ। ਭਾਰਤ ਆਪਣਾ ਜ਼ਿਆਦਾਤਰ ਕੱਚਾ ਤੇਲ, ਐਲ.ਪੀ.ਜੀ. ਅਤੇ ਪੀ.ਐਨ.ਜੀ ਪੱਛਮੀ ਏਸ਼ੀਆਈ ਦੇਸ਼ਾਂ ਤੋਂ 'ਸਟ੍ਰੇਟ ਆਫ ਹਾਰਮੁਜ਼' ਰਾਹੀਂ ਮੰਗਵਾਉਂਦਾ ਹੈ। ਖਾਸ ਗੱਲ ਇਹ ਹੈ ਕਿ ਈਰਾਨ ਨੇ ਭਾਰਤ ਆਉਣ ਵਾਲੇ ਟੈਂਕਰਾਂ ਨੂੰ ਲੰਘਣ ਦੀ ਖਾਸ ਛੋਟ ਦਿੱਤੀ ਹੋਈ ਹੈ।

ਪ੍ਰਧਾਨ ਮੰਤਰੀ ਮੋਦੀ ਨੇ ਇਸ ਸੰਕਟ ਨਾਲ ਨਜਿੱਠਣ ਲਈ ਕੋਰੋਨਾ ਕਾਲ ਦੇ 'ਟੀਮ ਇੰਡੀਆ' ਮਾਡਲ ਨੂੰ ਅਪਣਾਉਣ 'ਤੇ ਜ਼ੋਰ ਦਿੱਤਾ ਹੈ। ਇਸ ਮਾਡਲ ਤਹਿਤ ਕੇਂਦਰ ਅਤੇ ਰਾਜ ਸਰਕਾਰਾਂ ਮਿਲ ਕੇ ਇੱਕ ਟੀਮ ਵਜੋਂ ਕੰਮ ਕਰਨਗੀਆਂ। ਜਿੱਥੇ ਕੋਰੋਨਾ ਦੌਰਾਨ ਦਵਾਈਆਂ, ਮਾਸਕ ਅਤੇ ਟੈਸਟਿੰਗ ਕਿੱਟਾਂ 'ਤੇ ਧਿਆਨ ਸੀ, ਹੁਣ ਮੁੱਖ ਫੋਕਸ ਪੈਟਰੋਲ, ਡੀਜ਼ਲ ਅਤੇ ਐਲ.ਪੀ.ਜੀ. ਦੀ ਸਪਲਾਈ 'ਤੇ ਹੈ। ਕੇਂਦਰ ਸਰਕਾਰ ਰਾਜਾਂ ਨੂੰ ਈਂਧਨ ਮੁਹੱਈਆ ਕਰਵਾਏਗੀ ਅਤੇ ਰਾਜ ਸਰਕਾਰਾਂ ਇਹ ਯਕੀਨੀ ਬਣਾਉਣਗੀਆਂ ਕਿ ਲੋਕਾਂ ਤੱਕ ਇਸ ਦੀ ਸਹੀ ਵੰਡ ਹੋਵੇ। ਇਸ ਮੀਟਿੰਗ ਵਿੱਚ ਜ਼ਰੂਰੀ ਵਸਤਾਂ, ਮੁੱਖ ਤੌਰ 'ਤੇ ਕੱਚਾ ਤੇਲ, ਕੁਦਰਤੀ ਗੈਸ

ਅਤੇ ਖਾਦਾਂ ਦੀ ਮੌਜੂਦਾ ਉਪਲਬਧਤਾ ਦਾ ਜਾਇਜ਼ਾ ਲਿਆ ਗਿਆ ਅਤੇ ਕਿਸੇ ਵੀ ਤਰ੍ਹਾਂ ਦੀ ਕਮੀ ਨੂੰ ਦੂਰ ਕਰਨ ਲਈ ਕਦਮ ਚੁੱਕਣ ਵਾਲੇ ਗੱਲਬਾਤ ਕੀਤੀ ਗਈ। ਸ੍ਰੀ ਮੋਦੀ ਨੇ ਕਿਹਾ ਕਿ ਭਾਰਤ ਕੋਲ ਤੇਲ ਦੀ ਲੋੜੀਂਦੀ ਸਪਲਾਈ ਹੈ ਅਤੇ ਕਿਤੇ ਵੀ ਸਟਾਕ ਖ਼ਤਮ ਹੋਣ ਵਰਗੀ ਸਥਿਤੀ ਨਹੀਂ ਹੈ।

## ਪਹਿਲੇ ਸਫ਼ੇ ਦੀ ਬਾਕੀ

### ਕੇਂਦਰ ਵੱਲੋਂ ਲਾਕਡਾਊਨ ਦੀਆਂ ਅਫ਼ਵਾਹਾਂ

ਵਿੱਚ ਸਾਡੇ ਨਾਗਰਿਕਾਂ ਲਈ ਤੇਲ, ਊਰਜਾ ਅਤੇ ਹੋਰ ਮਹੱਤਵਪੂਰਨ ਸਪਲਾਈ ਦੀ ਨਿਰੰਤਰ ਉਪਲਬਧਤਾ ਯਕੀਨੀ ਬਣਾਉਣ ਲਈ ਸਾਰੇ ਜ਼ਰੂਰੀ ਕਦਮ ਚੁੱਕੇ ਜਾ ਰਹੇ ਹਨ'।

ਪੁਰੀ ਨੇ ਕਿਹਾ ਕਿ ਅਸੀਂ ਉੱਭਰ ਰਹੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹਾਂ। ਭਾਰਤ ਨੇ ਆਲਮੀ ਅਨਿਸ਼ਚਿਤਤਾਵਾਂ ਦੇ ਸਾਹਮਣੇ ਖੁਦ ਨੂੰ ਮਜ਼ਬੂਤ ਬਣਾਈ ਰੱਖਿਆ ਹੈ। ਅਸੀਂ ਸਮਾਂਬੱਧ, ਸਰਗਰਮ ਅਤੇ ਤਾਲਮੇਲ ਵਾਲੇ ਤਰੀਕਿਆਂ ਨਾਲ ਕੰਮ ਕਰਨਾ ਜਾਰੀ ਰੱਖਾਂਗੇ। ਭਾਰਤ ਵਿੱਚ ਲੌਕਡਾਊਨ ਦੀਆਂ ਅਫਵਾਹਾਂ ਪੂਰੀ ਤਰ੍ਹਾਂ ਝੂਠੀਆਂ ਹਨ।

ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਭਾਰਤ ਸਰਕਾਰ ਦੇ ਸਾਹਮਣੇ ਅਜਿਹਾ ਕੋਈ ਪ੍ਰਸਤਾਵ ਵਿਚਾਰ ਅਧੀਨ ਨਹੀਂ ਹੈ। ਅਜਿਹੇ ਸਮੇਂ ਵਿੱਚ ਇਹ ਮਹੱਤਵਪੂਰਨ ਹੈ ਕਿ ਅਸੀਂ ਸ਼ਾਂਤ, ਜ਼ਿੰਮੇਵਾਰ ਅਤੇ ਇੱਕਜੁੱਟ ਰਹੀਏ। ਅਜਿਹੀ ਸਥਿਤੀ ਵਿੱਚ ਅਫਵਾਹਾਂ ਫੈਲਾਉਣਾ ਗੈਰ-ਜ਼ਿੰਮੇਵਾਰਾਨਾ ਅਤੇ ਨੁਕਸਾਨਦੇਹ ਹੈ।

### ਪੰਜਾਬ ਵਿੱਚ 30 ਮਾਰਚ ਤਕ ਹਨੇਰੀ-ਤੂਫ਼ਾਨ

ਅੰਮ੍ਰਿਤਸਰ, ਤਰਨਤਾਰਨ, ਹੁਸ਼ਿਆਰਪੁਰ, ਕਪੂਰਥਲਾ, ਜਲੰਧਰ, ਨਵਾਂਸ਼ਹਿਰ, ਲੁਧਿਆਣਾ, ਰੂਪਨਗਰ, ਮੋਹਾਲੀ, ਫ਼ਤਿਹਗੜ੍ਹ ਸਾਹਿਬ, ਸੰਗਰੂਰ ਤੇ ਪਟਿਆਲਾ ਜ਼ਿਲ੍ਹਿਆਂ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਉੱਥੇ ਹੀ 31 ਮਾਰਚ ਨੂੰ ਭਾਵੇਂ ਮੌਸਮ ਸਬੰਧੀ ਕੋਈ ਅਲਰਟ ਤਾਂ ਜਾਰੀ ਨਹੀਂ ਕੀਤਾ ਗਿਆ, ਪਰ ਸੂਬੇ ਦੇ ਕਈ ਹਿੱਸਿਆਂ ਵਿਚ ਮੀਂਹ ਦੀ ਸੰਭਾਵਨਾ ਜ਼ਰੂਰ ਜਤਾਈ ਗਈ ਹੈ। ਮੌਸਮ ਵਿਭਾਗ ਮੁਤਾਬਕ, ਪਿਛਲੇ 24 ਘੰਟਿਆਂ ਵਿਚ ਸੂਬੇ ਦੇ ਵੱਧ ਤੋਂ ਵੱਧ ਤਾਪਮਾਨ ਵਿਚ 1.1 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ ਹੈ। ਸਭ ਤੋਂ ਵੱਧ ਤਾਪਮਾਨ (31.1) ਸ੍ਰੀ ਅਨੰਦਪੁਰ ਸਾਹਿਬ ਵਿਖੇ ਦਰਜ ਕੀਤਾ ਗਿਆ ਹੈ। ਬਾਕੀ ਸਾਰੇ ਜ਼ਿਲ੍ਹਿਆਂ ਵਿਚ ਤਾਪਮਾਨ 31 ਡਿਗਰੀ ਤੋਂ ਘੱਟ ਹੀ ਦਰਜ ਕੀਤਾ ਗਿਆ ਹੈ। ਆਉਣ ਵਾਲੇ ਦਿਨਾਂ ਵਿਚ ਬਾਰਿਸ਼ ਤੇ ਤੇਜ਼ ਹਵਾਵਾਂ ਨਾਲ ਤਾਪਮਾਨ ਵਿਚ ਹੋਰ ਗਿਰਾਵਟ ਆਉਣ ਦੀ ਸੰਭਾਵਨਾ ਹੈ।

### ਰਾਜਨਾਥ ਦੀ ਅਗਵਾਈ ਹੇਠ ਇੰਟਰ-ਮਿਨਿਸਟ੍ਰੀਅਲ

ਅਫ਼ਵਾਹਾਂ ਨੂੰ ਵੀ ਸਿਰੇ ਤੋਂ ਖਾਰਜ ਕਰ ਦਿੱਤਾ ਹੈ। ਪੈਟਰੋਲੀਅਮ ਮੰਤਰੀ ਹਰਦੀਪ ਸਿੰਘ ਪੁਰੀ ਅਤੇ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਸਮੇਤ ਕਈ ਮੰਤਰੀਆਂ ਨੇ ਸਪੱਸ਼ਟ ਕੀਤਾ ਕਿ ਦੇਸ਼ ਵਿੱਚ ਕੋਈ ਲਾਕਡਾਊਨ ਨਹੀਂ ਲੱਗੇਗਾ। ਜਨਤਾ ਨੂੰ ਅਫ਼ਵਾਹਾਂ ਨਾ ਫੈਲਾਉਣ ਦੀ ਅਪੀਲ ਕੀਤੀ ਗਈ ਹੈ। ਰਾਜਨਾਥ ਸਿੰਘ ਦੀ ਅਗਵਾਈ ਵਾਲਾ ਇਹ ਗਰੁੱਪ ਦੇਸ਼ ਦੀ ਊਰਜਾ ਸੁਰੱਖਿਆ ਅਤੇ ਆਰਥਿਕ ਹਿੱਤਾਂ ਦੀ ਰਾਖੀ ਲਈ ਨਿਰੰਤਰ ਨਿਗਰਾਨੀ ਰੱਖੇਗਾ।

### ਸਰਕਾਰ ਨੇ 858 ਕਰੋੜ ਰੁਪਏ ਦੇ 2

ਭਾਰਤ ਦੀ ਬਹੁ-ਪੱਧਰੀ ਹਵਾਈ ਰੱਖਿਆ ਸਮਰੱਥਾਵਾਂ ਨੂੰ ਵਧਾਉਣਗੀਆਂ।" ਬਿਆਨ 'ਚ ਕਿਹਾ ਗਿਆ ਕਿ '100 ਫੀਸਦੀ ਸਵਦੇਸ਼ੀ ਸਮੱਗਰੀ ਨਾਲ 'ਬਾਏ ਇੰਡੀਅਨ' ਸ਼੍ਰੇਣੀ ਦੇ ਅਧੀਨ ਪੀ-8ਆਈ ਜਹਾਜ਼ਾਂ ਦੇ ਨਿਰੀਖਣ ਲਈ ਕੀਤਾ ਗਿਆ ਇਕਰਾਰਨਾਮਾ, ਐੱਮਆਰਓ (ਸਾਂਭ-ਸੰਭਾਲ ਅਤੇ ਮੁਰੰਮਤ) ਸਹੂਲਤ 'ਤੇ ਬੇੜੇ ਦੇ ਡਿਪੋ-ਪੱਧਰੀ ਸਾਂਭ-ਸੰਭਾਲ ਨੂੰ ਯਕੀਨੀ ਕਰੇਗਾ।" ਬੋਇੰਗ ਪੀ-8ਆਈ, ਬਹੁ-ਭੂਮਿਕਾ ਵਾਲਾ ਲੰਬੀ ਦੂਰੀ ਦਾ ਸਮੁੰਦਰੀ ਟੋਹੀ ਪਣਡੁੱਬੀ ਵਿਰੋਧੀ ਜਹਾਜ਼ (ਐੱਲਆਰਐੱਮਆਰ ਏਐੱਸਡਬਲਿਊ), ਹਿੰਦ ਮਹਾਸਾਗਰ 'ਚ ਭਾਰਤੀ ਜਲ ਸੈਨਾ ਦੇ ਸਮੁੰਦਰੀ ਨਿਗਰਾਨੀ ਮੁਹਿੰਮਾਂ ਦਾ ਅਨਿੱਖੜਵਾਂ ਅੰਗ ਹੈ। ਭਾਰਤੀ ਜਲ ਸੈਨਾ ਮੌਜੂਦਾ ਸਮੇਂ 12 ਪੀ-8ਆਈ ਜਹਾਜ਼ਾਂ ਦਾ ਸੰਚਾਲਨ ਕਰਦੀ ਹੈ।

### ਅੰਮ੍ਰਿਤਪਾਲ ਸਿੰਘ ਦੀ ਪੈਰੋਲ ਅਰਜ਼ੀ

### ਹਾਈਕੋਰਟ

ਦਿੱਤਾ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਕੇਂਦਰ ਸਰਕਾਰ ਨੇ ਇਹ ਸਪੱਸ਼ਟ ਕਰ ਦਿੱਤਾ ਸੀ ਕਿ ਅੰਮ੍ਰਿਤਪਾਲ ਸਿੰਘ ਨੂੰ ਪੈਰੋਲ ਦੇਣ ਦਾ ਮਾਮਲਾ ਪੂਰੀ ਤਰ੍ਹਾਂ ਪੰਜਾਬ ਸਰਕਾਰ ਦੇ ਅਧਿਕਾਰ ਖੇਤਰ ਵਿਚ ਆਉਂਦਾ ਹੈ। ਅੰਮ੍ਰਿਤਪਾਲ ਸਿੰਘ ਵੱਲੋਂ ਪਹਿਲਾਂ ਵੀ ਕਈ ਵਾਰ ਪੈਰੋਲ ਲਈ ਪਟੀਸ਼ਨਾਂ ਦਾਇਰ ਕੀਤੀਆਂ ਗਈਆਂ ਹਨ ਪਰ ਹਰ ਵਾਰ ਉਨ੍ਹਾਂ ਦੀਆਂ ਅਰਜ਼ੀਆਂ ਨੂੰ ਖਾਰਜ ਕੀਤਾ ਜਾ ਚੁੱਕਾ ਹੈ।

### ਕੌਮੀ ਦਲਾਂ ਦੇ ਕੁੱਲ ਚੰਦੇ ਨਾਲੋਂ 10 ਗੁਣਾ

ਸੂਬਾ ਵਿਧਾਨ ਸਭਾ ਵਿੱਚ ਘੱਟ ਤੋਂ ਘੱਟ ਮੌਜੂਦਗੀ ਦੇ ਬਾਵਜੂਦ ਭਾਜਪਾ ਨੇ 2024-25 ਵਿੱਤੀ ਸਾਲ ਵਿੱਚ ਪੰਜਾਬ ਤੋਂ ਰਾਜਨੀਤਿਕ ਚੰਦੇ ਦਾ 93% ਹਿੱਸਾ ਪ੍ਰਾਪਤ ਕੀਤਾ ਹੈ। ਪੰਜਾਬ ਵਿੱਚ ਦਾਨ ਕੀਤੇ ਗਏ ਕੁੱਲ 64.74 ਕਰੋੜ ਰੁਪਏ ਵਿੱਚੋਂ, ਕਾਰਪੋਰੇਟ ਅਤੇ ਵਪਾਰਕ ਘਰਾਣਿਆਂ ਨੇ 57.10 ਕਰੋੜ ਰੁਪਏ (88%) ਦਾ ਯੋਗਦਾਨ ਪਾਇਆ, ਵਿਅਕਤੀਆਂ ਨੇ 7.602 ਕਰੋੜ ਰੁਪਏ ਅਤੇ ਬਾਕੀ ਰਕਮ ਹਿੰਦੂ ਅਣਵੰਡੇ ਪਰਿਵਾਰ ਨੇ ਦਿੱਤੀ। ਏ.ਡੀ.ਆਰ. ਵੱਲੋਂ ਵੀਰਵਾਰ ਨੂੰ ਜਾਰੀ ਕੀਤੀ ਗਈ ਇੱਕ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ 117 ਮੈਂਬਰੀ ਸਦਨ ਵਿੱਚ ਦੋ ਸੀਟਾਂ ਵਾਲੀ ਭਾਜਪਾ ਨੂੰ ਸੂਬੇ ਤੋਂ 60.30 ਕਰੋੜ ਰੁਪਏ ਮਿਲੇ, ਜਦੋਂ ਕਿ ਸੱਤਾਧਾਰੀ ਆਮ ਆਦਮੀ ਪਾਰਟੀ ਨੂੰ ਸਿਰਫ਼ 71 ਲੱਖ ਰੁਪਏ ਮਿਲੇ, ਜੋ ਕਾਂਗਰਸ ਤੋਂ ਪਿੱਛੇ ਰਹਿ ਗਈ, ਜਿਸ ਨੇ 3.73 ਕਰੋੜ ਰੁਪਏ ਇਕੱਠੇ ਕੀਤੇ।

### ਵੇਰਕਾ ਮਿਲਕ ਪਾਊਡਰ ਦੇ ਸੈਂਪਲ ਫੇਲ੍ਹ ਮਾਮਲੇ 'ਚ

ਵਿਖੇ ਤੈਅ ਕੀਤਾ ਗਿਆ ਹੈ। ਦੱਸ ਦੇਈਏ ਕਿ ਫੌਜ ਨੇ ਫੇਲ੍ਹ ਹੋਏ ਸੈਂਪਲ ਦੀ ਸਮੱਗਰੀ ਨੂੰ ਸੱਤ ਦਿਨਾਂ ਦੇ ਅੰਦਰ ਚੁੱਕਣ ਲਈ ਕਿਹਾ ਹੈ। ਫੌਜ ਨੇ ਇਹ ਵੀ ਕਿਹਾ ਹੈ ਕਿ ਜੇ ਸਬੰਧਤ ਫਰਮ ਤੈਅ ਸਮੇਂ ਦੇ ਅੰਦਰ ਆਪਣੇ ਸੈਂਪਲ ਨਹੀਂ ਚੁੱਕਦੀ ਤਾਂ ਫੌਜ ਅਫਸਰਾਂ ਦੇ ਬੋਰਡ ਦੀ ਨਿਗਰਾਨੀ ਵਿਚ ਸੈਂਪਲ ਸਮੱਗਰੀ ਨੂੰ ਨਸ਼ਟ ਕਰ ਦਿੱਤਾ ਜਾਵੇਗਾ। ਦੂਜੇ ਪਾਸੇ ਇਸ ਮਾਮਲੇ ਵਿਚ ਵੇਰਕਾ ਦੇ ਜਨਰਲ ਮੈਨੇਜਰ ਦਲਜੀਤ ਸਿੰਘ ਨੇ ਦਾਅਵਾ ਕਰਦਿਆਂ ਕਿਹਾ ਸੀ ਕਿ ਦੁੱਧ ਪਾਊਡਰ ਦੇ ਸੈਂਪਲ ਦੁਬਾਰਾ ਜਾਂਚ ਲਈ ਭੇਜ ਦਿੱਤੇ ਗਏ ਹਨ ਅਤੇ ਰਿਪੋਰਟ ਦੀ ਉਡੀਕ ਹੈ। ਰਿਪੋਰਟ ਆਉਣ ਤੋਂ ਬਾਅਦ ਉਹ ਫੌਜ ਨੂੰ ਸਪਲਾਈ ਜਾਰੀ ਰੱਖਣਗੇ।

## ਕੇਂਦਰ ਵੱਲੋਂ ਕਮਰਸ਼ੀਅਲ ਐਲ.ਪੀ.ਜੀ. ਕੋਟੇ 'ਚ 20 ਫ਼ੀਸਦੀ ਦਾ ਵਾਧਾ

ਨਵੀਂ ਦਿੱਲੀ, 27 ਮਾਰਚ (ਚ.ਨ.ਸ.) : ਦੇਸ਼ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਅਤੇ ਉਦਯੋਗਿਕ ਲੋੜਾਂ ਨੂੰ ਪੂਰਾ ਕਰਨ ਲਈ ਕੇਂਦਰ ਸਰਕਾਰ ਨੇ ਇਕ ਅਹਿਮ ਕਦਮ ਚੁੱਕਿਆ ਹੈ। ਸਰਕਾਰ ਨੇ ਸੂਬਿਆਂ ਲਈ ਵਪਾਰਕ ਐਲ.ਪੀ.ਜੀ. ਦੇ ਕੋਟੇ 'ਚ 20 ਫੀਸਦੀ ਦਾ ਵਾਧਾ ਕਰ ਦਿੱਤਾ ਹੈ, ਜਿਸ ਨਾਲ ਹੁਣ ਇਹ ਕੋਟਾ ਵਧ ਕੇ 70 ਫੀਸਦੀ ਤੱਕ ਪਹੁੰਚ ਗਿਆ ਹੈ। ਤੇਲ ਸਕੱਤਰ ਨੀਰਜ ਮਿੱਤਲ ਨੇ ਸੂਬਿਆਂ ਦੇ ਮੁੱਖ ਸਕੱਤਰਾਂ ਨੂੰ ਲਿਖੇ ਇਕ ਪੱਤਰ 'ਚ ਨਿਰਦੇਸ਼ ਦਿੱਤੇ ਹਨ ਕਿ ਇਸ ਵਾਧੂ ਸਪਲਾਈ ਨੂੰ ਉਨ੍ਹਾਂ ਉਦਯੋਗਾਂ ਲਈ ਪਹਿਲ ਦੇ ਆਧਾਰ 'ਤੇ ਮੁਹੱਈਆ ਕਰਵਾਇਆ ਜਾਵੇ ਜਿੱਥੇ ਵੱਡੀ ਗਿਣਤੀ 'ਚ ਮਜ਼ਦੂਰ ਕੰਮ ਕਰਦੇ ਹਨ।

## ਪੀ.ਐਮ. ਤੇ ਮੁੱਖ ਮੰਤਰੀਆਂ ਨੂੰ ਹਟਾਉਣ ਦੇ ਪ੍ਰਬੰਧ ਵਾਲੇ ਬਿੱਲਾਂ ਸਬੰਧੀ ਕਮੇਟੀ ਦਾ ਵਧਾਇਆ ਕਾਰਜਕਾਲ

ਨਵੀਂ ਦਿੱਲੀ, 27 ਮਾਰਚ (ਚ.ਨ.ਸ.) : ਪ੍ਰਧਾਨ ਮੰਤਰੀ, ਮੁੱਖ ਮੰਤਰੀਆਂ ਅਤੇ ਮੰਤਰੀਆਂ ਨੂੰ ਗੰਭੀਰ ਦੋਸ਼ਾਂ 'ਚ ਲਗਾਤਾਰ 30 ਦਿਨਾਂ ਤੱਕ ਹਿਰਾਸਤ 'ਚ ਰਹਿਣ ਦੀ ਸਥਿਤੀ 'ਚ ਅਹੁਦੇ ਤੋਂ ਹਟਾਉਣ ਦੀ ਵਿਵਸਥਾ ਕਰਨ ਵਾਲੇ ਤਿੰਨ ਬਿੱਲਾਂ 'ਤੇ ਵਿਚਾਰ ਕਰਨ ਵਾਲੀ ਸੰਸਦੀ ਕਮੇਟੀ ਨੂੰ ਰਿਪੋਰਟ ਦੇਣ ਲਈ ਆਉਣ ਵਾਲੇ ਮਾਨਸੂਨ ਸੈਸ਼ਨ ਦੇ ਆਖ਼ਰੀ ਹਫ਼ਤੇ ਦੇ ਪਹਿਲੇ ਦਿਨ ਤੱਕ ਦਾ ਸਮਾਂ ਦਿੱਤਾ ਗਿਆ ਹੈ। ਕਮੇਟੀ ਦੀ ਚੇਅਰਪਰਸਨ ਅਪਰਾਜਿਤਾ ਸਾਰੰਗੀ ਨੇ ਸ਼ੁੱਕਰਵਾਰ ਨੂੰ ਲੋਕ ਸਭਾ 'ਚ 'ਸੰਵਿਧਾਨ (130ਵਾਂ ਸੋਧ) ਬਿੱਲ, 2025', 'ਸੰਘ ਰਾਜ ਖੇਤਰ ਸ਼ਾਸਨ (ਸੋਧ) ਬਿੱਲ, 2025' ਅਤੇ 'ਜੰਮੂ ਕਸ਼ਮੀਰ ਪੁਨਰਗਠਨ (ਸੋਧ) ਬਿੱਲ, 2025' ਦੇ ਸੰਬੰਧ 'ਚ ਕਾਰਜਕਾਲ ਵਿਸਥਾਰ ਦਾ ਇਹ ਪ੍ਰਸਤਾਵ ਰੱਖਿਆ, ਜਿਸ ਨੂੰ ਸਦਨ ਨੇ ਆਵਾਜ਼ੀ ਵੋਟ ਨਾਲ ਮਨਜ਼ੂਰ ਕਰ ਲਿਆ। ਇਸ ਤੋਂ ਪਹਿਲੇ 31 ਮੈਂਬਰੀ ਸੰਯੁਕਤ ਕਮੇਟੀ ਨੂੰ ਤਿੰਨ ਬਿੱਲਾਂ 'ਤੇ ਵਿਚਾਰ ਕਰਨ ਲਈ ਬਜਟ ਸੈਸ਼ਨ ਦੇ ਅੰਤਿਮ ਹਫ਼ਤੇ ਦੇ ਪਹਿਲੇ ਦਿਨ ਤੱਕ ਦਾ ਸਮਾਂ ਦਿੱਤਾ ਗਿਆ ਸੀ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਮਾਨਸੂਨ ਸੈਸ਼ਨ ਦੇ ਆਖੀਰ 'ਚ ਵਿਰੋਧੀ ਧਿਰ ਦੇ ਵਿਰੋਧ ਅਤੇ ਹੰਗਾਮੇ ਵਿਚਾਲੇ ਸਦਨ 'ਚ 'ਸੰਵਿਧਾਨ (130ਵਾਂ ਸੋਧ) ਬਿੱਲ, 2025', 'ਸੰਘ ਰਾਜ ਖੇਤਰ ਸ਼ਾਸਨ (ਸੋਧ) ਬਿੱਲ, 2025' ਅਤੇ 'ਜੰਮੂ ਕਸ਼ਮੀਰ ਪੁਨਰਗਠਨ (ਸੋਧ) ਬਿੱਲ, 2025' ਪੇਸ਼ ਕੀਤੇ ਸਨ। ਬਾਅਦ 'ਚ ਉਨ੍ਹਾਂ ਦੇ ਪ੍ਰਸਤਾਵ 'ਤੇ ਸਦਨ ਨੇ ਤਿੰਨਾਂ ਬਿੱਲਾਂ ਨੂੰ ਸੰਸਦ ਦੀ ਸੰਯੁਕਤ ਕਮੇਟੀ ਨੂੰ ਭੇਜਣ ਦਾ ਫ਼ੈਸਲਾ ਲਿਆ ਸੀ।

## ਵੰਦੇ ਭਾਰਤ 'ਚ ਖਰਾਬ ਦਹੀ ਪਰੋਸਣ 'ਤੇ ਵੱਡੀ ਕਾਰਵਾਈ: ਆਈ.ਆਰ.ਸੀ.ਟੀ.ਸੀ. ਨੇ ਅਮੂਲ ਨੂੰ ਦਿੱਤਾ ਨੋਟਿਸ





ਨਵੀਂ ਦਿੱਲੀ, 27 ਮਾਰਚ (ਚ.ਨ.ਸ.) : ਵੰਦੇ ਭਾਰਤ ਐਕਸਪ੍ਰੈਸ ਟ੍ਰੇਨ ਵਿੱਚ ਖਾਣੇ ਦੀ ਗੁਣਵੱਤਾ ਵਿੱਚ ਲਾਪਰਵਾਹੀ ਵਰਤਣ ਵਾਲਿਆਂ ਖ਼ਿਲਾਫ਼ ਰੇਲਵੇ ਪ੍ਰਸ਼ਾਸਨ ਨੇ ਸਖ਼ਤ ਰੁਖ਼ ਅਖਤਿਆਰ ਕੀਤਾ ਹੈ। ਪਟਨਾ-ਟਾਟਾਨਗਰ ਵੰਦੇ ਭਾਰਤ ਐਕਸਪ੍ਰੈਸ (ਟ੍ਰੇਨ ਨੰਬਰ 21896) ਵਿੱਚ ਇੱਕ ਯਾਤਰੀ ਵੱਲੋਂ ਖਰਾਬ ਦਹੀ ਦਿੱਤੇ ਜਾਣ ਦੀ ਸ਼ਿਕਾਇਤ ਤੋਂ ਬਾਅਦ ਇੰਡੀਅਨ ਰੇਲ ਕੈਟਰਿੰਗ ਐਂਡ ਟੂਰਿਜ਼ਮ ਕਾਰਪੋਰੇਸ਼ਨ ਆਈ.ਆਰ.ਸੀ.ਟੀ.ਸੀ.) ਨੇ ਡੇਅਰੀ ਦਿੱਗਜ ਅਮੂਲ ਨੂੰ ਨੋਟਿਸ ਜਾਰੀ ਕਰਕੇ ਸਪੱਸ਼ਟੀਕਰਨ ਮੰਗਿਆ ਹੈ।

ਠੇਕੇਦਾਰ 'ਤੇ 50 ਲੱਖ ਦਾ ਭਾਰੀ ਜੁਰਮਾਨਾ

ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਰੇਲਵੇ ਨੇ ਕੈਟਰਿੰਗ ਸੇਵਾ ਦੇਣ ਵਾਲੀ ਕੰਪਨੀ 'ਤੇ 50 ਲੱਖ ਰੁਪਏ ਦਾ ਭਾਰੀ ਜੁਰਮਾਨਾ ਠੋਕਿਆ ਹੈ। ਇਸ ਤੋਂ ਇਲਾਵਾ, ਆਈ.ਆਰ.ਸੀ.ਟੀ.ਸੀ.'ਤੇ ਵੀ 10 ਲੱਖ ਰੁਪਏ ਦਾ ਜੁਰਮਾਨਾ ਲਗਾਇਆ ਗਿਆ ਹੈ। ਪ੍ਰਸ਼ਾਸਨ ਨੇ ਸਬੰਧਤ ਕੈਟਰਿੰਗ ਠੇਕੇਦਾਰ ਦਾ ਕੰਟਰੈਕਟ ਖਤਮ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ ਅਤੇ ਉਸ ਨੂੰ ਬਲੈਕਲਿਸਟ ਕਰਨ ਦੀ ਕਾਰਵਾਈ ਵੀ ਕੀਤੀ ਜਾ ਰਹੀ ਹੈ ਤਾਂ ਜੋ ਭਵਿੱਖ ਵਿੱਚ ਅਜਿਹੀ ਲਾਪਰਵਾਹੀ ਨਾ ਹੋਵੇ।

ਜ਼ਿਕਰਯੋਗ ਹੈ ਕਿ ਇਹ ਮਾਮਲਾ 15 ਮਾਰਚ ਦਾ ਹੈ, ਜਦੋਂ ਟ੍ਰੇਨ ਵਿੱਚ ਸਫਰ ਕਰ ਰਹੇ ਇੱਕ ਯਾਤਰੀ ਨੇ ਪਰੋਸੇ ਗਏ ਦਹੀ ਦੇ ਖਰਾਬ ਹੋਣ ਬਾਰੇ ਸ਼ਿਕਾਇਤ ਦਰਜ ਕਰਵਾਈ ਸੀ। ਰੇਲਵੇ ਨੇ ਸਪੱਸ਼ਟ ਕੀਤਾ ਹੈ ਕਿ ਯਾਤਰੀਆਂ ਨੂੰ ਸੁਰੱਖਿਅਤ ਅਤੇ ਮਿਆਰੀ ਭੋਜਨ ਮੁਹੱਈਆ ਕਰਵਾਉਣਾ ਉਸ ਦੀ ਮੁੱਖ ਤਰਜੀਹ ਹੈ ਅਤੇ ਅਜਿਹੀ ਕਿਸੇ ਵੀ ਲਾਪਰਵਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਇਸ ਘਟਨਾ ਤੋਂ ਬਾਅਦ ਰੇਲਵੇ ਅਤੇ ਆਈ.ਆਰ.ਸੀ.ਟੀ.ਸੀ. ਨੇ ਟ੍ਰੇਨਾਂ ਵਿੱਚ ਪਰੋਸੇ ਜਾਣ ਵਾਲੇ ਖਾਣੇ ਦੀ ਗੁਣਵੱਤਾ ਦੀ ਨਿਗਰਾਨੀ ਨੂੰ ਹੋਰ ਸਖ਼ਤ ਕਰਨ ਦੇ ਸੰਕੇਤ ਦਿੱਤੇ ਹਨ। ਅਧਿਕਾਰੀਆਂ ਦਾ ਕਹਿਣਾ ਹੈ ਕਿ ਯਾਤਰੀਆਂ ਦੀਆਂ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ ਅਤੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਜਾਰੀ ਰਹੇਗੀ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐੱਸ.ਐੱਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐੱਸ.ਐੱਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਸੂਬਾ ਸਰਕਾਰ ਵੱਲੋਂ ਵਪਾਰੀਆਂ ਦੀਆਂ 1,386 ਸ਼ਿਕਾਇਤਾਂ ਦੀ ਸਮੀਖਿਆ, ਪੀ.ਐਸ.ਟੀ.ਸੀ. ਰਾਹੀਂ ਸਮਾਂਬੱਧ ਹੱਲ 'ਤੇ ਜ਼ੋਰ : ਚੀਮਾ

ਚੰਡੀਗੜ੍ਹ, 27 ਮਾਰਚ (ਚ.ਨ.ਸ.): ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਪੰਜਾਬ ਰਾਜ ਵਪਾਰੀ ਕਮਿਸ਼ਨ (ਪੀ.ਐਸ.ਟੀ.ਸੀ.) ਦੀ ਸੂਬਾ ਪੱਧਰੀ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਇੱਕ ਸਖ਼ਤ, ਜਵਾਬਦੇਹ ਅਤੇ ਪਾਰਦਰਸ਼ੀ ਪ੍ਰਣਾਲੀ ਰਾਹੀਂ ਵਪਾਰੀਆਂ ਦੀਆਂ ਸ਼ਿਕਾਇਤਾਂ ਦਾ ਸਮਾਂਬੱਧ ਹੱਲ ਪ੍ਰਦਾਨ ਕਰਨ ਲਈ ਫੈਸਲਾਕੁੰਨ ਕਦਮ ਚੁੱਕ ਰਹੀ ਹੈ। ਪੰਜਾਬ ਭਰ ਵਿੱਚ ਹੋਈਆਂ 256 ਮੀਟਿੰਗਾਂ ਦੀ ਪ੍ਰਗਤੀ ਅਤੇ 1,386 ਸ਼ਿਕਾਇਤਾਂ ਦੀ ਸਮੀਖਿਆ ਕਰਦਿਆਂ, ਵਿੱਤ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਰਕਾਰ ਨੇ ਵਪਾਰੀ ਭਾਈਚਾਰੇ ਨਾਲ ਇੱਕ ਢਾਂਚਾਗਤ ਗੱਲਬਾਤ ਨੂੰ ਸੰਸਥਾਗਤ ਰੂਪ ਦਿੱਤਾ ਹੈ, ਐਸ.ਓ.ਪੀ. ਦੀ ਸਖ਼ਤ ਪਾਲਣਾ ਨੂੰ ਲਾਗੂ ਕੀਤਾ ਹੈ ਅਤੇ ਹਰ ਪੱਧਰ 'ਤੇ ਸਪੱਸ਼ਟ ਪ੍ਰਸ਼ਾਸਕੀ ਜ਼ਿੰਮੇਵਾਰੀ ਤੈਅ ਕਰਦੇ ਹੋਏ ਮਸਲਿਆਂ ਦੇ ਜ਼ਮੀਨੀ ਪੱਧਰ 'ਤੇ ਤੁਰੰਤ ਹੱਲ ਨੂੰ ਯਕੀਨੀ ਬਣਾਉਣ ਲਈ ਤਿੰਨ-ਪੱਧਰੀ ਪੀ.ਐਸ.ਟੀ.ਸੀ. ਢਾਂਚੇ ਨੂੰ ਸਰਗਰਮ ਕੀਤਾ ਹੈ। ਮੀਟਿੰਗ ਦਾ ਮੁੱਖ ਕੇਂਦਰ ਸ਼ਿਕਾਇਤਾਂ ਦੀ ਮਾਸਟਰ ਸੂਚੀ ਦੀ ਡੂੰਘਾਈ ਨਾਲ ਸਮੀਖਿਆ ਕਰਨਾ ਸੀ, ਜੋ ਕਿ ਲੰਬਿਤ ਪਏ ਮਾਮਲਿਆਂ ਨੂੰ ਹੱਲ ਕਰਨ ਅਤੇ ਵਪਾਰਕ ਭਾਈਚਾਰੇ ਦੁਆਰਾ ਉਠਾਈਆਂ ਗਈਆਂ ਨਵੀਆਂ ਚਿੰਤਾਵਾਂ ਨੂੰ ਸਰਗਰਮੀ ਨਾਲ ਨੋਟ ਕਰਨ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਹੈ। ਪੀ.ਐਸ.ਟੀ.ਸੀ. ਦੇ ਜ਼ਮੀਨੀ ਪੱਧਰ ਦੇ ਪ੍ਰਭਾਵ ਨੂੰ ਉਜਾਗਰ ਕਰਦੇ ਹੋਏ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਸੂਬੇ ਭਰ ਵਿੱਚ ਪਹਿਲਾਂ ਹੀ 256 ਮੀਟਿੰਗਾਂ ਸਫਲਤਾਪੂਰਵਕ ਕਰਵਾਈਆਂ ਜਾ ਚੁੱਕੀਆਂ ਹਨ। ਇਸ ਢਾਂਚੇ ਦਾ ਮੁੱਖ ਉਦੇਸ਼ ਸੂਬਾ ਪ੍ਰਸ਼ਾਸਨ ਅਤੇ ਵਪਾਰੀ ਭਾਈਚਾਰੇ ਵਿਚਕਾਰ ਇੱਕ ਨਿਯਮਤ, ਢਾਂਚਾਗਤ ਅਤੇ ਆਪਸੀ ਲਾਹੇਵੰਦ ਗੱਲਬਾਤ ਦੀ ਸਹੂਲਤ ਪ੍ਰਦਾਨ ਕਰਨਾ ਹੈ। ਇਸ ਰਸਮੀ ਪ੍ਰਣਾਲੀ ਨੂੰ ਮਜ਼ਬੂਤ ਕਰਕੇ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਉਦੇਸ਼ ਵਪਾਰੀਆਂ ਨੂੰ ਆਪਣੀਆਂ ਚਿੰਤਾਵਾਂ ਪ੍ਰਗਟ ਕਰਨ ਲਈ ਇੱਕ ਬਹੁਤ ਹੀ ਪਾਰਦਰਸ਼ੀ ਅਤੇ ਜਵਾਬਦੇਹ ਮੰਚ ਪ੍ਰਦਾਨ ਕਰਨਾ ਹੈ।"



ਇਸ ਤੋਂ ਇਲਾਵਾ, ਮੀਟਿੰਗ ਵਿੱਚ ਇਹਨਾਂ ਮਸਲਿਆਂ ਦੇ ਸੁਚਾਰੂ ਪ੍ਰਬੰਧਨ, ਦਸਤਾਵੇਜ਼ੀਕਰਨ ਅਤੇ ਹੱਲ ਲਈ ਜ਼ਿਲ੍ਹਾ ਅਤੇ ਸਬ-ਡਵੀਜ਼ਨਲ ਪੱਧਰ 'ਤੇ ਸਪੱਸ਼ਟ ਪ੍ਰਸ਼ਾਸਕੀ ਜ਼ਿੰਮੇਵਾਰੀਆਂ ਤੈਅ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ। ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਕਿ ਜਨਤਕ ਜਵਾਬਦੇਹੀ ਲਈ ਮੀਟਿੰਗਾਂ ਦੇ ਸਾਰੇ ਰਿਕਾਰਡ, ਫੋਟੋਆਂ ਅਤੇ ਸ਼ਿਕਾਇਤਾਂ ਦੇ ਹੱਲ ਤੁਰੰਤ ਸਰਕਾਰੀ ਪੋਰਟਲ 'ਤੇ ਅਪਲੋਡ ਕੀਤੇ ਜਾਣ। ਮੀਟਿੰਗ ਦੌਰਾਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੀ.ਐਸ.ਟੀ.ਸੀ. ਦੇ ਮਜ਼ਬੂਤ ਤਿੰਨ-ਪੱਧਰੀ ਢਾਂਚੇ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ, ਜੋ ਸੂਬਾ, ਜ਼ਿਲ੍ਹਾ ਅਤੇ ਵਿਧਾਨ ਸਭਾ ਹਲਕਾ ਪੱਧਰ 'ਤੇ ਸਰਗਰਮੀ ਨਾਲ ਕੰਮ ਕਰ ਰਿਹਾ ਹੈ। ਮੀਟਿੰਗ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਜੋ ਪੀ.ਐਸ. ਟੀ.ਸੀ. ਦੇ ਚੇਅਰਮੈਨ ਵੀ ਹਨ, ਦੇ ਨਾਲ ਆਬਕਾਰੀ ਅਤੇ ਕਰ ਕਮਿਸ਼ਨਰ ਜਤਿੰਦਰ ਜੋਰਵਾਲ ਵੀ ਮੌਜੂਦ ਸਨ। ਚੰਡੀਗੜ੍ਹ ਵਿਖੇ ਪੰਜਾਬ ਭਵਨ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਕਰਵਾਈ ਗਈ ਇਸ ਉੱਚ-ਪੱਧਰੀ ਵਰਚੁਅਲ ਮੀਟਿੰਗ ਵਿੱਚ ਸਾਰੇ ਡਿਪਟੀ ਕਮਿਸ਼ਨਰ, ਪੁਲਿਸ ਕਮਿਸ਼ਨਰ, ਨਗਰ ਨਿਗਮ ਕਮਿਸ਼ਨਰ ਅਤੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸ.ਐਸ.ਪੀਜ਼) ਸ਼ਾਮਲ ਹੋਏ। ਉਨ੍ਹਾਂ ਦੇ ਨਾਲ ਪੰਜਾਬ ਰਾਜ ਵਪਾਰੀ ਕਮਿਸ਼ਨ ਦੇ ਚੇਅਰਪਰਸਨ ਅਤੇ ਮੈਂਬਰ, ਅਤੇ ਜ਼ਿਲ੍ਹਾ ਅਤੇ ਵਿਧਾਨ ਸਭਾ ਹਲਕਾ ਵਪਾਰੀ ਕਮਿਸ਼ਨਾਂ ਦੇ ਚੇਅਰਮੈਨ ਵੀ ਹਾਜ਼ਰ ਸਨ, ਜਿਨ੍ਹਾਂ ਨੇ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਨੂੰ ਜ਼ਮੀਨੀ ਪੱਧਰ 'ਤੇ ਤੁਰੰਤ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਆਪਣੇ ਸਥਾਨਕ ਡਿਪਟੀ ਕਮਿਸ਼ਨਰ ਦਫ਼ਤਰਾਂ ਤੋਂ ਸਿੱਧੇ ਤੌਰ 'ਤੇ ਮੀਟਿੰਗ ਵਿੱਚ ਹਿੱਸਾ ਲਿਆ।

# ਸੂਬਾ ਸਰਕਾਰ ਦੀ ਤੰਬਾਕੂ ਟੈਕਸ ਚੋਰੀ ਵਿਰੁੱਧ ਕਾਰਵਾਈ ਵਿੱਚ 1.5 ਕਰੋੜ ਦਾ ਬਿੱਲ ਰਹਿਤ ਸਾਮਾਨ ਬਰਾਮਦ : ਚੀਮਾ

ਚੰਡੀਗੜ੍ਹ, 27 ਮਾਰਚ (ਚ.ਨ.ਸ.): ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਐਲਾਨ ਕੀਤਾ ਕਿ ਕਰ ਵਿਭਾਗ ਨੇ ਤੰਬਾਕੂ ਟੈਕਸ ਚੋਰੀ ਨੂੰ ਨੱਥ ਪਾਉਣ ਲਈ ਪੰਜਾਬ ਭਰ ਵਿੱਚ ਵੱਡੇ ਪੱਧਰ 'ਤੇ ਤਾਲਮੇਲ ਵਾਲੀ ਇਨਫੋਰਸਮੈਂਟ ਮੁਹਿੰਮ ਸ਼ੁਰੂ ਕੀਤੀ ਹੈ, ਜਿਸ ਤਹਿਤ ਲਗਭਗ 1.5 ਕਰੋੜ ਰੁਪਏ ਦੇ ਬਿਨਾਂ ਹਿਸਾਬ ਵਾਲੇ (ਅਣ-ਅਕਾਊਂਟਿਡ) ਸਾਮਾਨ ਦਾ ਪਤਾ ਲਗਾਇਆ ਗਿਆ।

ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ, 'ਸਿਗਰਟਾਂ, ਬੀੜੀਆਂ ਤੇ ਇਸ ਨਾਲ ਸਬੰਧਿਤ ਹੋਰ ਤੰਬਾਕੂ ਉਤਪਾਦਾਂ 'ਤੇ ਟੈਕਸ ਦਰਾਂ ਵਿੱਚ ਹਾਲ ਹੀ ਵਿੱਚ ਹੋਏ ਵਾਧੇ ਤੋਂ ਬਾਅਦ, ਵਿਭਾਗ ਨੂੰ ਇਸ ਖੇਤਰ ਵਿੱਚ ਟੈਕਸ ਚੋਰੀ ਦੀਆਂ ਗਤੀਵਿਧੀਆਂ ਵਧਣ ਬਾਰੇ ਜਾਣਕਾਰੀ ਮਿਲੀ ਸੀ। ਇਸ ਸੂਚਨਾ 'ਤੇ ਤੁਰੰਤ ਕਾਰਵਾਈ ਕਰਦਿਆਂ, ਅੰਮ੍ਰਿਤਸਰ, ਲੁਧਿਆਣਾ, ਪਟਿਆਲਾ ਤੇ ਜਲੰਧਰ ਆਧਾਰਿਤ ਚਾਰ ਸਟੇਟ ਇਨਵੈਸਟੀਗੇਸ਼ਨ ਐਂਡ ਪ੍ਰੀਵੈਂਟਿਵ ਯੂਨਿਟਸ ਦੀਆਂ ਟੀਮਾਂ ਨੂੰ ਹਰਕਤ ਵਿੱਚ ਲਿਆਂਦਾ ਗਿਆ। ਇਹਨਾਂ ਯੂਨਿਟਾਂ ਨੇ ਅੱਠ ਵੱਖ-ਵੱਖ ਥਾਵਾਂ 'ਤੇ ਇੱਕੋ ਸਮੇਂ ਚੈਕਿੰਗ ਕੀਤੀ, ਜਿਨ੍ਹਾਂ ਵਿੱਚ ਪੰਜ ਰਜਿਸਟਰਡ ਕਾਰੋਬਾਰਾਂ ਤੇ ਬਿਨਾਂ ਰਜਿਸਟ੍ਰੇਸ਼ਨ ਤੋਂ ਚੱਲ ਰਹੇ ਤਿੰਨ ਕਾਰੋਬਾਰਾਂ ਦੀ ਜਾਂਚ ਕੀਤੀ ਗਈ।" ਇਨਫੋਰਸਮੈਂਟ ਮੁਹਿੰਮ ਦੀਆਂ ਪ੍ਰਾਪਤੀਆਂ ਬਾਰੇ ਵਿਸਥਾਰ ਵਿੱਚ ਦੱਸਦਿਆਂ ਵਿੱਤ ਮੰਤਰੀ ਨੇ ਕਿਹਾ, "ਲੁਧਿਆਣਾ ਤੇ ਅੰਮ੍ਰਿਤਸਰ ਵਿੱਚ ਵੱਡੇ ਪੱਧਰ 'ਤੇ ਚੋਰੀਆਂ ਫੜੀਆਂ ਗਈਆਂ, ਜਿੱਥੇ ਇਨਫੋਰਸਮੈਂਟ ਟੀਮਾਂ ਨੇ ਗੁਪਤ ਸਟੋਰੇਜ ਵਾਲੀਆਂ ਥਾਵਾਂ ਤੇ ਬਿਨਾਂ ਹਿਸਾਬ ਵਾਲੇ ਸਟਾਕ ਦੀ ਪਛਾਣ ਕਰਨ ਲਈ ਅਹਿਮ ਯਤਨ ਕੀਤੇ। ਮੁੱਖ ਦੁਕਾਨਾਂ ਅਤੇ ਉਨ੍ਹਾਂ ਨਾਲ ਜੁੜੇ ਗੋਦਾਮਾਂ ਦੀ ਬਾਰੀਕੀ ਨਾਲ ਕੀਤੀ ਗਈ ਚੈਕਿੰਗ ਦੌਰਾਨ ਭਾਰੀ ਮਾਤਰਾ ਵਿੱਚ ਸਾਮਾਨ ਬਿਨਾਂ ਜਾਇਜ਼ ਬਿੱਲਾਂ (ਇਨਵਾਇਸਾਂ) ਦੇ ਸਟੋਰ ਕਰਕੇ ਵੇਚਿਆ ਜਾ ਰਿਹਾ ਪਾਇਆ ਗਿਆ।" ਵਿੱਤੀ ਮੁਲਾਂਕਣ ਦੀ ਜਾਣਕਾਰੀ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਫੜੇ ਗਏ ਸਾਮਾਨ 'ਤੇ ਕਾਨੂੰਨ ਦੀਆਂ ਧਾਰਾਵਾਂ ਅਨੁਸਾਰ ਬਣਦੇ ਜੁਰਮਾਨੇ ਦੇ ਨਾਲ-ਨਾਲ 50 ਲੱਖ ਰੁਪਏ ਤੋਂ ਵੱਧ ਦੀ ਟੈਕਸ ਦੇਣਦਾਰੀ ਸਖ਼ਤੀ ਨਾਲ ਵਸੂਲੀ ਜਾਵੇਗੀ। ਹੁਣ ਤੱਕ 12 ਲੱਖ ਰੁਪਏ ਦੀ ਰਕਮ ਪਹਿਲਾਂ ਹੀ ਵਸੂਲੀ ਜਾ ਚੁੱਕੀ ਹੈ, ਅਤੇ ਹੋਰ ਵਸੂਲੀ ਦੀ ਕਾਰਵਾਈ ਤੇਜ਼ੀ ਨਾਲ ਜਾਰੀ ਹੈ।" ਟੈਕਸ ਚੋਰੀ ਵਿਰੁੱਧ ਭਗਵੰਤ ਮਾਨ ਸਰਕਾਰ ਦੀ 'ਜ਼ੀਰੋ-ਟਾਲਰੈਂਸ' ਨੀਤੀ ਨੂੰ ਦੁਹਰਾਉਂਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, 'ਟੈਕਸ ਦੀ ਸਖ਼ਤੀ ਨਾਲ ਪਾਲਣਾ ਨੂੰ ਯਕੀਨੀ ਬਣਾਉਣ ਅਤੇ ਸੂਬੇ ਦੇ ਮਾਲੀਏ ਨੂੰ ਸੁਰੱਖਿਅਤ ਕਰਨ ਲਈ ਅਜਿਹੀਆਂ ਤਾਲਮੇਲ ਵਾਲੀਆਂ ਇਨਫੋਰਸਮੈਂਟ ਕਾਰਵਾਈਆਂ ਨਿਰਵਿਘਨ ਜਾਰੀ ਰਹਿਣਗੀਆਂ।'

# ਡਾ. ਰਵਜੋਤ ਸਿੰਘ ਨੇ ਜੇਲ੍ਹ ਮੰਤਰੀ ਦਾ ਅਹੁਦਾ ਸੰਭਾਲਿਆ

ਚੰਡੀਗੜ੍ਹ, 27 ਮਾਰਚ (ਚ.ਨ.ਸ.): ਪੰਜਾਬ ਸਰਕਾਰ ਵਿੱਚ ਨਵੇਂ ਜੇਲ੍ਹ ਮੰਤਰੀ ਵਜੋਂ ਡਾ. ਰਵਜੋਤ ਸਿੰਘ ਨੇ ਅੱਜ ਪੰਜਾਬ ਸਿਵਲ ਸਕੱਤਰੇਤ ਵਿਖੇ ਆਪਣੇ ਅਹੁਦੇ ਦਾ ਚਾਰਜ ਸੰਭਾਲ ਲਿਆ। ਇਸ ਤੋਂ ਇਲਾਵਾ ਉਹ ਐਨ.ਆਰ.ਆਈ. ਤੇ ਸੰਸਦੀ ਮਾਮਲੇ ਆਦਿ ਵਿਭਾਗਾਂ ਦੀ ਜ਼ਿੰਮੇਵਾਰੀ ਵੀ ਨਿਭਾ ਰਹੇ ਹਨ। ਚਾਰਜ ਸੰਭਾਲਣ ਤੋਂ ਬਾਅਦ ਡਾ. ਰਵਜੋਤ ਸਿੰਘ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਦੇ ਕੇ, ਜੋ ਭਰੋਸਾ ਜਤਾਇਆ ਹੈ, ਉਹ ਉਸ 'ਤੇ ਖਰੇ ਉਤਰਣ ਦੀ ਪੂਰੀ ਕੋਸ਼ਿਸ਼ ਕਰਨਗੇ।



ਇਸ ਮੌਕੇ ਉਨ੍ਹਾਂ ਨੇ ਜੇਲ੍ਹ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਇਕ ਮਹੱਤਵਪੂਰਨ ਮੀਟਿੰਗ ਕੀਤੀ, ਜਿਸ ਵਿੱਚ ਵਿਭਾਗ ਦੇ ਚੱਲ ਰਹੇ ਕੰਮਾਂ, ਪ੍ਰਾਪਤੀਆਂ ਤੇ ਭਵਿੱਖੀ ਯੋਜਨਾਵਾਂ 'ਤੇ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਜੇਲ੍ਹ ਵਿਭਾਗ ਨੂੰ ਹੋਰ ਸੁਧਾਰਿਆ ਜਾਵੇਗਾ ਤੇ ਕੈਦੀਆਂ ਲਈ ਬਿਹਤਰ ਸੁਵਿਧਾਵਾਂ ਅਤੇ ਸੁਧਾਰਾਤਮਕ ਪ੍ਰਣਾਲੀ ਨੂੰ ਮਜ਼ਬੂਤ ਬਣਾਉਣ ਲਈ ਕਦਮ ਚੁੱਕੇ ਜਾਣਗੇ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਜੇਲ੍ਹਾਂ ਨੂੰ ਸਿਰਫ਼ ਸਜ਼ਾ ਦੇ ਕੇਂਦਰ ਨਹੀਂ, ਸਗੋਂ ਸੁਧਾਰ ਦੇ ਕੇਂਦਰ ਬਣਾਉਣ 'ਤੇ ਖਾਸ ਧਿਆਨ ਦਿੱਤਾ ਜਾਵੇਗਾ। ਮੀਟਿੰਗ ਦੌਰਾਨ ਜੇਲ੍ਹ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਵੱਲੋਂ ਇੱਕ ਪੇਸ਼ਕਾਰੀ ਰਾਹੀਂ ਵਿਭਾਗ ਦੇ ਚੱਲ ਰਹੇ ਪ੍ਰੋਜੈਕਟਾਂ, ਪਹਿਲਕਦਮੀਆਂ ਤੇ ਚੁਣੌਤੀਆਂ ਬਾਰੇ ਨਵੇਂ ਮੰਤਰੀ ਨੂੰ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।

ਨਵੇਂ ਜੇਲ ਮੰਤਰੀ ਡਾ. ਰਵਜੋਤ ਸਿੰਘ ਨੇ ਅਧਿਕਾਰੀਆਂ ਨੂੰ ਵਿਭਾਗ ਵਿੱਚ ਪਾਰਦਰਸ਼ਤਾ, ਜਵਾਬਦੇਹੀ ਅਤੇ ਮਨੁੱਖੀ ਅਧਿਕਾਰਾਂ ਦੀ ਪਾਲਣਾ ਅਤੇ ਜੇਲ ਪ੍ਰਣਾਲੀ ਨੂੰ ਆਧੁਨਿਕ ਅਤੇ ਪ੍ਰਭਾਵਸ਼ਾਲੀ ਬਣਾਉਣਾ ਯਕੀਨੀ ਬਣਾਉਣ ਲਈ ਵੀ ਕਿਹਾ। ਇਸ ਮੌਕੇ ਜੇਲ੍ਹ ਵਿਭਾਗ ਦੇ ਪ੍ਰਮੁੱਖ ਸਕੱਤਰ ਭਾਵਨਾ ਗਰਗ, ਸਕੱਤਰ ਮੁਹੰਮਦ ਤਈਅਬ ਅਤੇ ਏਡੀਜੀਪੀ ਜੇਲ੍ਹਾਂ ਅਰੁਣਪਾਲ ਸਿੰਘ ਸਮੇਤ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

# ਬਰਿੰਦਰ ਕੁਮਾਰ ਗੋਇਲ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖਿਆ

ਚੰਡੀਗੜ੍ਹ/ਲਹਿਰਾਗਾਗਾ, 27 ਮਾਰਚ (ਗੁਰਦੀਪ ਸਿੰਘ): ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ), ਲਹਿਰਾਗਾਗਾ ਦੀ 20.16 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੀ ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖ ਕੇ ਇਸ ਮਹੱਤਵਪੂਰਨ ਪ੍ਰੋਜੈਕਟ ਦਾ ਸ਼ੁਭ ਆਰੰਭ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਖੇਤਰ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ ਅਤੇ ਸਰਕਾਰੀ ਸਕੂਲਾਂ ਨੂੰ ਆਧੁਨਿਕ ਸੁਵਿਧਾਵਾਂ ਨਾਲ ਲੈਸ ਕਰਨਾ ਸਰਕਾਰ ਦੀ ਪਹਿਲ ਹੈ। ਉਨ੍ਹਾਂ ਕਿਹਾ ਕਿ ਇਸ ਨਵੀਂ ਇਮਾਰਤ ਦੇ ਤਿਆਰ ਹੋਣ ਨਾਲ ਵਿਦਿਆਰਥਣਾਂ ਨੂੰ ਸੁਰੱਖਿਅਤ ਤੇ ਪ੍ਰੇਰਣਾਦਾਇਕ ਪੜ੍ਹਾਈ ਦਾ ਮਾਹੌਲ ਪ੍ਰਾਪਤ ਹੋਵੇਗਾ, ਜੋ ਉਨ੍ਹਾਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਉਨ੍ਹਾਂ ਹੋਰ ਦੱਸਿਆ ਕਿ ਪਹਿਲਾਂ ਇਸ ਸਕੂਲ ਦੀ ਥਾਂ ਬਹੁਤ ਘੱਟ ਸੀ ਅਤੇ ਮੌਜੂਦਾ ਇਮਾਰਤ ਦੇ ਕਈ ਹਿੱਸੇ ਅਸੁਰੱਖਿਅਤ ਐਲਾਨੇ ਗਏ ਸਨ, ਜਿਸ ਨਾਲ ਵਿਦਿਆਰਥਣਾਂ ਅਤੇ ਸਟਾਫ ਲਈ ਮੁਸ਼ਕਲਾਂ ਪੈਦਾ ਹੋ ਰਹੀਆਂ ਸਨ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮੱਸਿਆਵਾਂ ਨੂੰ ਧਿਆਨ ਵਿੱਚ ਰੱਖਦਿਆਂ ਹੁਣ ਸਕੂਲ ਦੀ ਨਵੀਂ ਇਮਾਰਤ ਨੂੰ ਅਤਿ ਆਧੁਨਿਕ ਡਿਜ਼ਾਇਨ ਅਨੁਸਾਰ ਤਿਆਰ ਕੀਤਾ ਜਾ ਰਿਹਾ ਹੈ, ਜਿਸ ਵਿੱਚ ਵੱਡੇ ਕਲਾਸਰੂਮ, ਵਧੀਆ ਹਵਾ ਅਤੇ ਰੋਸ਼ਨੀ ਦੀ ਵਿਵਸਥਾ, ਭੂਚਾਲ ਰੋਧਕ ਢਾਂਚਾ ਅਤੇ ਵਿਦਿਆਰਥੀਆਂ ਪੱਖੀ ਵਾਤਾਵਰਣ ਨੂੰ ਤਰਜੀਹ ਦਿੱਤੀ ਜਾਵੇਗੀ। ਉਨ੍ਹਾਂ ਇਹ ਵੀ ਵਿਸ਼ਵਾਸ ਜਤਾਇਆ ਕਿ ਕਰੀਬ 07-08 ਮਹੀਨਿਆਂ ਦੇ ਅੰਦਰ ਇਹ ਪ੍ਰੋਜੈਕਟ ਮੁਕੰਮਲ ਕਰ ਲਿਆ ਜਾਵੇਗਾ ਤੇ ਇਲਾਕੇ ਨੂੰ ਇੱਕ ਮਾਡਲ ਸਕੂਲ ਮਿਲੇਗਾ। ਉਨ੍ਹਾਂ ਹੋਰ ਦੱਸਿਆ ਕਿ ਨਵੀਂ ਇਮਾਰਤ ਦੇ ਤਿਆਰ ਹੋਣ ਉਪਰੰਤ ਇਸ ਸਕੂਲ ਵਿੱਚ ਮੈਡੀਕਲ, ਨਾਨ-ਮੈਡੀਕਲ ਅਤੇ ਕਾਮਰਸ ਧਾਰਾਵਾਂ ਦੀ ਪੜ੍ਹਾਈ ਵੀ ਸ਼ੁਰੂ ਕੀਤੀ ਜਾਵੇਗੀ। ਇਸ ਨਾਲ ਇਲਾਕੇ ਦੀਆਂ ਵਿਦਿਆਰਥਣਾਂ ਨੂੰ ਉੱਚ ਸਿੱਖਿਆ ਲਈ ਦੂਰ-ਦੁਰਾਂਤ ਨਹੀਂ ਜਾਣਾ ਪਵੇਗਾ ਅਤੇ ਉਹਨਾਂ ਨੂੰ ਆਪਣੇ ਨੇੜੇ ਹੀ ਗੁਣਵੱਤਾ ਭਰੀ ਸਿੱਖਿਆ ਦੇ ਮੌਕੇ ਪ੍ਰਾਪਤ ਹੋਣਗੇ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਪ੍ਰਣਾਲੀ ਵਿੱਚ ਗੁਣਾਤਮਕ ਸੁਧਾਰ ਲਿਆਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ, ਤਾਂ ਜੋ ਹਰ ਵਰਗ ਦੇ ਬੱਚਿਆਂ ਨੂੰ ਸਮਾਨ ਅਤੇ ਉੱਚ ਦਰਜੇ ਦੀ ਸਿੱਖਿਆ ਪ੍ਰਾਪਤ ਹੋ ਸਕੇ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਦੀ ਬਦਲ ਰਹੀ ਸੂਰਤ ਇਸ ਗੱਲ ਦੀ ਪੜਚੋਲ ਕਰਦੀ ਹੈ ਕਿ ਸਰਕਾਰ ਸਿੱਖਿਆ ਖੇਤਰ ਵਿੱਚ ਢੁਕਵੇਂ ਅਤੇ ਦੂਰਗਾਮੀ ਫੈਸਲੇ ਲੈ ਰਹੀ ਹੈ। ਇਸ ਮੌਕੇ ਨਗਰ ਕੌਂਸਲ ਲਹਿਰਾਗਾਗਾ ਦੇ ਪ੍ਰਧਾਨ ਅਤੇ ਇਸ ਸਕੂਲ ਦੇ ਸਾਬਕਾ ਪ੍ਰਿੰਸੀਪਲ ਕਾਂਤਾ ਗੋਇਲ, ਐੱਸ ਡੀ ਐਮ ਰਾਕੇਸ਼ ਪ੍ਰਕਾਸ਼ ਸਿੰਘ ਸਮੇਤ ਹੋਰ ਵਿਭਾਗੀ ਅਧਿਕਾਰੀ, ਸਕੂਲ ਸਟਾਫ, ਵਿਦਿਆਰਥੀ ਅਤੇ ਇਲਾਕੇ ਦੇ ਪ੍ਰਮੁੱਖ ਵਿਅਕਤੀ ਮੌਜੂਦ ਸਨ।



# ਸ਼ੱਕੀ ਹਾਲਤ 'ਚ ਗੰਦੇ ਨਾਲੇ ਦੀ ਪਟੜੀ ਤੋਂ ਮਿਲੀਆਂ ਦੋ ਨੌਜਵਾਨਾਂ ਦੀਆਂ ਲਾਸ਼ਾਂ



ਸਮਾਣਾ, 27 ਮਾਰਚ (ਵਿਜੇ ਕੁਮਾਰ): ਸ਼ੁੱਕਰਵਾਰ ਸਵੇਰੇ ਸਥਾਨਕ ਗੁਰਦੁਆਰਾ ਥੜ੍ਹਾ ਸਾਹਿਬ ਦੀ ਬੈਕ ਸਾਈਡ ਸਮਾਣਾ ਤੋਂ ਪਿੰਡ ਬੰਮਣਾ ਡੇਰਾ ਵੱਲ ਜਾਂਦੇ ਗੰਦੇ ਨਾਲੇ ਦੀ ਪਟੜੀ ਤੇ ਦੋ ਅਣਪਛਾਤੇ ਨੌਜਵਾਨਾ ਦੀਆਂ ਲਾਸ਼ਾਂ ਮਿਲਣ ਨਾਲ ਇਲਾਕੇ 'ਚ ਸਨਸਨੀ ਫੈਲ ਗਈ। ਉਹਨਾਂ ਨੇੜੇ ਹੀ ਇੱਕ ਮੋਟਰਸਾਈਕਲ ਵੀ ਪਿਆ ਮਿਲਿਆ। ਲੋਕਾਂ ਵੱਲੋਂ ਸੂਚਨਾ ਦਿੱਤੇ ਜਾਣ ਤੇ ਸਿਟੀ ਪੁਲਸ ਹਾਦਸੇ ਵਾਲੀ ਥਾਂ ਤੇ ਪਹੁੰਚੀ, ਅਤੇ ਪਹਿਚਾਣ ਲਈ ਦੋਵਾਂ ਦੀਆਂ ਲਾਸ਼ਾਂ ਨੂੰ ਸਿਵਲ ਹਸਪਤਾਲ ਸਮਾਣਾ ਦੀ ਮੋਰਚਰੀ ਵਿੱਚ ਰਖਵਾ ਦਿੱਤਾ ਗਿਆ। ਮੌਜੂਦ ਲੋਕਾਂ ਨੇ ਵੱਧ ਨਸ਼ਾ ਕੀਤੇ ਜਾਣ ਕਾਰਨ ਦੋਵੇਂ ਨੌਜਵਾਨਾਂ ਦੀ ਮੌਤ ਹੋਣ ਦਾ ਅਨੁਮਾਨ ਦੱਸਿਆ। ਦੇ ਰ ਸਾਮ ਡੀ.ਐਸ.ਪੀ. ਸਮਾਣਾ ਫਤਿਹ ਸਿੰਘ ਬਰਾੜ ਅਤੇ ਸਿਟੀ ਪੁਲਸ ਮੁੱਖੀ ਸਬ ਇੰਸਪੈਕਟਰ ਬਲਜੀਤ ਸਿੰਘ ਪੁਲਸ ਫੋਰਸ ਦੇ ਨਾਲ ਹਾਦਸਾਗ੍ਰਸਤ ਗੰਦੇ ਨਾਲੇ ਦੀ ਪਟੜੀ ਤੇ ਪਹੁੰਚੇ, ਅਤੇ ਸਥਿਤੀ ਦਾ ਜਾਇਜ਼ਾ ਲਿਆ। ਪੁਲਸ ਅਧਿਕਾਰੀ ਨੇ ਦੱਸਿਆ ਕਿ ਮ੍ਰਿਤਕ ਨੌਜਵਾਨਾਂ ਦੀ ਪਹਿਚਾਣ ਕਰਨਦੀਪ ਸਿੰਘ ਉਰਫ ਕਰਨ ਪੁੱਤਰ ਕਰਮਜੀਤ ਸਿੰਘ ਨਿਵਾਸੀ ਪਿੰਡ ਅਰਾਈ ਮਾਜਰਾ ਸਦਰ ਸਮਾਣਾ ਤੇ ਹਰਸ਼ਵਿੰਦਰ ਸਿੰਘ ਪੁੱਤਰ ਨਾਹਰ ਸਿੰਘ ਨਿਵਾਸੀ ਕੁਲਾਰਾਂ ਸਦਰ ਸਮਾਣਾ ਵਜੋਂ ਹੋਈ। ਅਧਿਕਾਰੀ ਨੇ ਦੱਸਿਆ ਕਿ ਮ੍ਰਿਤਕ ਕਰਨਦੀਪ ਸਿੰਘ ਦੀ ਭੈਣ ਗੁਰਪ੍ਰੀਤ ਕੌਰ ਦੇ ਅਨੁਸਾਰ ਉਸ ਦਾ ਭਰਾ ਕੁਆਰਾ ਹੈ ਅਤੇ ਕੰਬਾਈਨ ਤੇ ਗਿਆ ਹੋਇਆ ਸੀ। ਬੀਤੇ ਦਿਨ ਉਹ ਕੰਬਾਈਨ ਤੋਂ ਵਾਪਸ ਆਉਣ ਦੇ ਬਾਵਜੂਦ ਵਾਪਸ ਘਰ ਨਹੀਂ ਆਇਆ। ਪੁਲਸ ਨੇ ਇਸ ਨੂੰ ਅਣਪਛਾਤੇ ਵਾਹਣ ਨਾਲ ਹੋਈ ਇੱਕ ਦੁਰਘਟਨਾ ਦਾ ਮਾਮਲਾ ਦੱਸਿਆ। ਮ੍ਰਿਤਕਾ ਦੀਆਂ ਲਾਸ਼ਾਂ ਦਾ ਪੋਸਟਮਾਰਟਮ ਸ਼ਨੀਵਾਰ ਨੂੰ ਸਿਵਲ ਹਸਪਤਾਲ ਸਮਾਣਾ ਵਿੱਚ ਕੀਤਾ ਜਾਵੇਗਾ। ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ। ਪੋਸਟਮਾਰਟਮ ਉਪਰੰਤ ਮੈਡੀਕਲ ਰਿਪੋਰਟ ਦੇ ਅਧਾਰ ਤੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ। ਅਧਿਕਾਰੀਆਂ ਨੇ ਨਸ਼ੇ ਦੇ ਖਿਲਾਫ ਪੁਲਸ ਦਾ ਸਾਥ ਦੇਣ ਦੀ ਵੀ ਲੋਕਾਂ ਨੂੰ ਅਪੀਲ ਕੀਤੀ।

# ਪੰਜਾਬ ਸਰਕਾਰ ਪਸ਼ੂ ਪਾਲਕਾਂ ਨੂੰ ਹਰ ਤਰ੍ਹਾਂ ਦੀ ਸਹੂਲੀਅਤ ਦੇਣ ਲਈ ਵਚਨਬੱਧ : ਖੁੱਡੀਆਂ

ਫਾਜਿਲਕਾ 27 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪਸ਼ੂ ਪਾਲਣ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਹੇਠ ਪਸ਼ੂ ਪਾਲਣ ਵਿਭਾਗ ਫਾਜ਼ਿਲਕਾ ਵੱਲੋਂ ਪਿੰਡ ਕਿੱਲਿਆਂ ਵਾਲੀ ਜ਼ਿਲ੍ਹਾ ਫਾਜ਼ਿਲਕਾ ਵਿਖੇ ਸਾਹੀਵਾਲ ਕਾਫ ਰੈਲੀ ਦਾ ਆਯੋਜਨ ਕੀਤਾ ਗਿਆ। ਜਿਸ ਦਾ ਉਦਘਾਟਨ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਤੇ ਫੂਡ ਪ੍ਰੋਸੈਸਿੰਗ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆ ਵੱਲੋਂ ਕੀਤਾ ਗਿਆ! ਇਸ ਸਾਹੀਵਾਲ ਕਾਫ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਪੁੱਜੇ ਪਸ਼ੂ ਪਾਲਕਾ ਨੂੰ ਸੰਬੋਧਿਤ ਕਰਦਿਆ ਕੈਬਨਿਟ ਮੰਤਰੀ ਪੰਜਾਬ ਗੁਰਮੀਤ ਸਿੰਘ ਖੁਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਪਸ਼ੂ ਪਾਲਕਾਂ ਨੂੰ ਹਰ ਤਰ੍ਹਾ ਦੀ ਸਹੂਲੀਅਤ ਦੇਣ ਲਈ ਵਚਨਬੱਧ ਹੈ। ਉਹਨਾ ਨੇ ਪਸ਼ੂ ਪਾਲਕਾ ਨੂੰ ਅਪੀਲ ਕੀਤੀ ਕਿ ਉਹ ਅਜਿਹੀਆ ਗਤੀਵਿਧੀਆ ਵਿਚ ਵੱਧ ਤੋ ਵੱਧ ਸ਼ਮੂਲੀਅਤ ਕਰਕੇ ਆਪਣੇ ਗਿਆਨ ਵਿਚ ਵਾਧਾ ਕਰਨ ਅਤੇ ਪਸ਼ੂ ਪਾਲਣ ਦੇ ਧੰਦੇ ਨੂੰ ਤਰੱਕੀ ਵੱਲ ਲੈ ਕੇ ਜਾਣ। ਉਹਨਾਂ ਕਿਹਾ ਕਿ ਸਾਹੀਵਾਲ ਗਾਵਾਂ ਦੇ ਨਸਲ ਸੁਧਾਰ ਅਤੇ ਦੁੱਧ ਉਤਪਾਦਨ ਵਧਾਉਣ ਲਈ ਪਸ਼ੂ ਪਾਲਕ ਪਸ਼ੂਆਂ ਦਾ ਗਰਭਦਾਨ ਕਰਾਉਣ ਸਮੇਂ ਡਾਕਟਰਾਂ ਨੂੰ ਚੰਗੀ ਨਸਲ ਦੇ ਸੀਮਨ ਵਰਤੋ ਕਰਨ ਨੂੰ ਕਹਿਣ!



ਹਲਕਾ ਇੰਚਾਰਜ ਅਬੋਹਰ ਅਰੁਣ ਨਾਰੰਗ ਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਉਪਕਾਰ ਜਾਖੜ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਾਹੀਵਾਲ ਨਸਲ ਨੂੰ ਪ੍ਰਫੁੱਲਿਤ ਕਰਨ ਲਈ ਨਸਲ ਸੁਧਾਰ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਪਸ਼ੂ ਹਸਪਤਾਲਾਂ ਵਿੱਚ ਵੀ ਚੰਗੀ ਨਸਲ ਦੇ ਸੀਮਨ ਤੇ ਪਸ਼ੂਆਂ ਦੀਆਂ ਦਵਾਈਆਂ ਮੁਫਤ ਦਿੱਤੀਆਂ ਜਾ ਰਹੀਆਂ ਹਨ ਤਾਂ ਜੋ ਪਸ਼ੂ ਪਾਲਕਾਂ ਦੀ ਹਰ ਸੰਭਵ ਮਦਦ ਕੀਤੀ ਜਾ ਸਕੇ! ਉਹਨਾਂ ਕਿਹਾ ਕਿ ਅਨੇਕਾਂ ਹੀ ਹਲਕੇ ਦੇ ਪਿੰਡਾਂ ਵਿੱਚ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਸ਼ੂ ਹਸਪਤਾਲ ਦੀ ਰੈਨੋਵੇਸ਼ਨ ਕੀਤੀ ਗਈ ਹੈ ਜਿਸ ਲਈ ਉਹ ਪੰਜਾਬ ਸਰਕਾਰ ਦੇ ਤਹਿ ਦਿਲੋਂ ਧੰਨਵਾਦੀ ਹਨ! ਉਹਨਾਂ ਕਿਹਾ ਕਿ ਸਾਡੇ ਹਲਕੇ ਵਿੱਚ ਵੀ ਜੋ ਵੀ ਪਸ਼ੂ ਹਸਪਤਾਲ ਬਣਨ ਵਾਲੇ ਰਹਿੰਦੇ ਹਨ ਉਹ ਵੀ ਜਲਦੀ ਬਣਵਾਏ ਜਾਣ ਤਾਂ ਜੋ ਸਾਡੇ ਲੋਕ ਇਨਾ ਪਸ਼ੂ ਹਸਪਤਾਲਾਂ ਦਾ ਲਾਭ ਉਠਾ ਸਕਣ! ਇਸ ਮੌਕੇ ਡਾਇਰੈਕਟਰ ਪਸ਼ੂ ਪਾਲਣ ਡਾ. ਪਰਮਦੀਪ ਸਿੰਘ ਵਾਲੀਆਂ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਨੂੰ ਕਿਹਾ ਅਤੇ ਪਸ਼ੂ ਪਾਲਣ ਵਿਭਾਗ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ!

ਡਿਪਟੀ ਡਾਇਰੈਕਟਰ ਪਸ਼ੂ ਪਾਲਣ ਫਾਜ਼ਿਲਕਾ ਡਾ. ਮਨਦੀਪ ਸਿੰਘ ਨੇ ਕਿਹਾ ਕਿ ਪਸ਼ੂ ਪਾਲਕਾਂ ਨੂੰ ਪਸ਼ੂਆਂ ਦੀ ਖੁਰਾਕ ਦਾ ਵਿਸ਼ੇਸ਼ ਧਿਆਨ ਰੱਖਣਾ ਚਾਹੀਦਾ ਹੈ! ਇਸ ਤੋਂ ਇਲਾਵਾ ਪਸ਼ੂ ਪਾਲਕ ਆਪਣੇ ਪੱਠਿਆਂ ਚ ਖਾਦਾਂ ਦੀ ਵਰਤੋਂ ਯੂਨੀਵਰਸਿਟੀ ਦੀਆਂ ਸਿਫਾਰਸ਼ਾਂ ਅਨੁਸਾਰ ਹੀ ਕਰਨ ਕਿਉਂਕਿ ਜ਼ਿਆਦਾ ਖਾਦਾਂ ਪੱਠਿਆਂ ਵਿੱਚ ਜ਼ਹਿਰਵਾਦ ਦਾ ਕਾਰਨ ਬਣ ਰਹੀਆਂ ਹਨ! ਇਸ ਤੋਂ ਇਲਾਵਾ ਪਸ਼ੂ ਪਾਲਕ ਆਪਣੇ ਪਸ਼ੂਆਂ ਦਾ ਗਰਭ ਦਾਨ ਦੇ ਚੰਗੀ ਨਸਲ ਦੇ ਟੀਕਿਆਂ ਨਾਲ ਹੀ ਕਰਵਾਉਣ! ਇਸ ਮੌਕੇ ਸਾਹੀਵਾਲ ਵੱਛੇ-ਵੱਛੀਆਂ ਦੇ 78 ਪਸ਼ੂ ਪਾਲਕਾਂ ਨੂੰ ਸਨਮਾਨਿਤ ਵੀ ਕੀਤਾ ਗਿਆ! ਇਸ ਮੌਕੇ ਐਸ ਡੀ ਐਮ ਅਬੋਹਰ ਰਵਿੰਦਰ ਸਿੰਘ, ਡਾ.ਹਰਵੀਨ ਕੌਰ ਸੰਯੁਕਤ ਨਿਰਦੇਸ਼ਕ, ਮੋਹਨ ਸਿੰਘ, ਡਾ. ਅਮਿਤ ਖੁਰਾਨਾ, ਡਾ. ਕੇਵਲ ਅਰੋੜਾ, ਡਾ. ਗੁਰਦਿੱਤ ਸਿੰਘ, ਡਾ. ਅਮਿਤ ਨੈਨ, ਡਾ. ਮਾਨਵ ਬਿਸ਼ਨੋਈ, ਡਾ. ਹਕੀਕਤ ਚੌਧਰੀ, ਸ਼੍ਰੀ ਪੀਤਮ ਲਾਲ, ਸ. ਦੇਸਾ ਸਿੰਘ ਸਰਪੰਚ ਅਤੇ ਸਮੂਹ ਗ੍ਰਾਮ ਪੰਚਾਇਤ ਕਿੱਲਿਆਂ ਵਾਲੀ ਵਿਸ਼ੇਸ਼ ਤੌਰ ਤੇ ਹਾਜਰ ਸਨ।

# ਐਸ.ਸੀ.ਕਮਿਸ਼ਨ ਵੱਲੋਂ ਦਲਿਤ ਵਿਦਿਆਰਥੀ ਨੂੰ ਦਾਖ਼ਲਾ ਨਾ ਦੇਣ ਦੇ ਮਾਮਲੇ 'ਚ ਰਜਿੰਦਰ ਕਾਲਜ ਬਠਿੰਡਾ ਦੀ ਪ੍ਰਿੰਸੀਪਲ ਤਲਬ



ਚੰਡੀਗੜ੍ਹ, 27 ਮਾਰਚ (ਚ.ਨ.ਸ.): ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਇਕ ਅਨੁਸੂਚਿਤ ਜਾਤੀ ਨਾਲ ਸਬੰਧਤ ਵਿਦਿਆਰਥੀਆਂ ਨੂੰ ਰਜਿੰਦਰਾ ਕਾਲਜ ਬਠਿੰਡਾ ਵਿਖੇ ਦਾਖਲਾ ਨਾ ਦੇਣ ਦੇ ਮਾਮਲੇ ਦਾ ਨੋਟਿਸ ਲੈਂਦਿਆਂ ਕਾਲਜ ਪ੍ਰਿੰਸੀਪਲ ਨੂੰ ਤਲਬ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਬੁਲਾਰੇ ਨੇ ਦੱਸਿਆ ਕਿ ਇਹ ਮਾਮਲਾ ਇਕ ਅਖਬਾਰ ਵਿੱਚ ਛਪੀ ਖਬਰ ਰਾਹੀਂ ਕਮਿਸ਼ਨ ਦੇ ਧਿਆਨ ਵਿੱਚ ਆਇਆ ਜਿਸ ਤੇ ਕਾਰਵਾਈ ਕਰਦਿਆਂ ਕਮਿਸ਼ਨ ਵਲੋਂ ਰਜਿੰਦਰਾ ਕਾਲਜ ਬਠਿੰਡਾ ਦੀ ਪ੍ਰਿੰਸੀਪਲ ਨੂੰ 1 ਅਪ੍ਰੈਲ 2026 ਨੂੰ ਨਿੱਜੀ ਤੌਰ ਤੇ ਕਮਿਸ਼ਨ ਅੱਗੇ ਪੇਸ਼ ਹੋਣ ਲਈ ਕਿਹਾ ਹੈ।




## ਸੰਪਾਦਕੀ

# ਉਮੀਦ ਦੀ ਰਾਹ

ਪੱਛਮੀ ਏਸ਼ੀਆ ਵਿੱਚ ਅਮਰੀਕਾ ਅਤੇ ਇਜ਼ਰਾਈਲ ਦੇ ਹਮਲੇ ਤੋਂ ਬਾਅਦ ਈਰਾਨ ਨੇ ਜਵਾਬ ਵਜੋਂ ਜੋ ਮੋਰਚੇ ਖੋਲ੍ਹੇ ਹਨ, ਉਨ੍ਹਾਂ ਵਿੱਚ ਹੋਰਮੁਜ਼ ਜਲ ਮਾਰਗ ਨੂੰ ਰੋਕਣਾ ਉਸਦੀ ਇੱਕ ਕਾਰਗਰ ਰਣਨੀਤੀ ਸਾਬਤ ਹੋਈ ਹੈ। ਇਸੇ ਕਾਰਨ ਅੱਜ ਹਾਲਤ ਇਹ ਹੈ ਕਿ ਦੁਨੀਆ ਦੇ ਕਈ ਦੇਸ਼ ਈਰਾਨ ਦੇ ਸਖ਼ਤ ਰੁਖ ਕਾਰਨ ਕੱਚੇ ਤੇਲ ਅਤੇ ਗੈਸ ਦੇ ਸੰਕਟ ਦਾ ਸਾਹਮਣਾ ਕਰ ਰਹੇ ਹਨ। ਇਨ੍ਹਾਂ ਵਿੱਚ ਉਹ ਦੇਸ਼ ਵੀ ਸ਼ਾਮਲ ਹਨ, ਜਿਨ੍ਹਾਂ ਨੇ ਈਰਾਨ ਉੱਤੇ ਅਮਰੀਕਾ ਅਤੇ ਇਜ਼ਰਾਈਲ ਦੇ ਹਮਲੇ ਵਿੱਚ ਕੋਈ ਸਿੱਧੀ ਭਾਗੀਦਾਰੀ ਨਹੀਂ ਕੀਤੀ ਹੈ, ਉਹ ਕਿਸੇ ਵੀ ਪਾਸੇ ਮੈਦਾਨ ਵਿੱਚ ਨਹੀਂ ਹਨ ਅਤੇ ਮਤਭੇਦ ਦੇ ਮੁੱਦਿਆਂ ਦਾ ਹੱਲ ਸੰਵਾਦ (ਗੱਲਬਾਤ) ਰਾਹੀਂ ਕਰਨ ਦੇ ਸਮਰਥਕ ਹਨ। ਭਾਰਤ ਨੇ ਵੀ ਪੱਛਮੀ ਏਸ਼ੀਆ ਵਿੱਚ ਪੈਦਾ ਹੋਏ ਸੰਕਟ ਦਾ ਹੱਲ ਗੱਲਬਾਤ ਰਾਹੀਂ ਕੱਢਣ ਲਈ ਆਵਾਜ਼ ਉਠਾਈ ਹੈ। ਸ਼ਾਇਦ ਇਹੀ ਕਾਰਨ ਹੈ ਕਿ ਹੁਣ ਈਰਾਨ ਨੇ ਹੋਰਮੁਜ਼ ਜਲ ਮਾਰਗ ਰਾਹੀਂ ਚੀਨ ਅਤੇ ਰੂਸ ਸਮੇਤ ਜਿਨ੍ਹਾਂ ਪੰਜ ਦੇਸ਼ਾਂ ਨੂੰ ਆਪਣੇ ਜਹਾਜ਼ ਕੱਢਣ ਦੀ ਛੋਟ ਦਿੱਤੀ ਹੈ, ਉਨ੍ਹਾਂ ਵਿੱਚ ਭਾਰਤ ਵੀ ਸ਼ਾਮਲ ਹੈ। ਉਂਝ ਭਾਰਤ ਆਉਣ ਵਾਲੇ ਚਾਰ ਜਹਾਜ਼ ਪਹਿਲਾਂ ਹੀ ਹੋਰਮੁਜ਼ ਜਲ ਮਾਰਗ ਨੂੰ ਪਾਰ ਕਰ ਚੁੱਕੇ ਹਨ, ਪਰ ਅਠਾਰਾਂ ਜਹਾਜ਼ ਉਸੇ ਇਲਾਕੇ ਵਿੱਚ ਫਸੇ ਹੋਏ ਸਨ। ਈਰਾਨ ਦੇ ਤਾਜ਼ਾ ਰੁਖ ਤੋਂ ਬਾਅਦ ਉਮੀਦ ਜਤਾਈ ਜਾ ਰਹੀ ਹੈ ਕਿ ਭਾਰਤ ਦੇ ਬਾਕੀ ਜਹਾਜ਼ ਉੱਥੋਂ ਨਿਕਲ ਸਕਣਗੇ ਅਤੇ ਇਸ ਨਾਲ ਦੇਸ਼ ਵਿੱਚ ਤੇਲ ਅਤੇ ਗੈਸ ਦੇ ਡੂੰਘੇ ਹੋ ਰਹੇ ਸੰਕਟ ਨੂੰ ਘੱਟ ਕਰਨ ਵਿੱਚ ਮਦਦ ਮਿਲੇਗੀ। ਹਾਲਾਂਕਿ ਅਮਰੀਕਾ ਅਤੇ ਇਜ਼ਰਾਈਲ ਨੂੰ ਲੈ ਕੇ ਈਰਾਨ ਅਜੇ ਵੀ ਸਖ਼ਤ ਹੈ ਅਤੇ ਸ਼ਾਂਤੀ ਪ੍ਰਸਤਾਵਾਂ ਨੂੰ ਲੈ ਕੇ ਵੀ ਉਸ ਨੇ ਕੋਈ ਸਕਾਰਾਤਮਕ ਹੁੰਗਾਰਾ ਨਹੀਂ ਦਿੱਤੀ ਹੈ। ਪਰ ਹੋਰਮੁਜ਼ ਜਲ ਮਾਰਗ 'ਤੇ ਉਸ ਦੇ ਰੁਖ ਵਿੱਚ ਆਈ ਨਰਮੀ ਨਾਲ ਦੁਨੀਆ ਦੇ ਕੁਝ ਦੇਸ਼ਾਂ ਨੂੰ ਰਾਹਤ ਮਿਲ ਸਕਦੀ ਹੈ। ਬਾਕੀ ਈਰਾਨ ਜਿਨ੍ਹਾਂ ਨੂੰ ਦੁਸ਼ਮਣ ਦੇਸ਼ ਮੰਨਦਾ ਹੈ, ਉਨ੍ਹਾਂ ਦੇ ਸਮੁੰਦਰੀ ਜਹਾਜ਼ਾਂ ਨੂੰ ਲੈ ਕੇ ਉਹ ਅਜੇ ਵੀ ਸਖ਼ਤ ਹੈ। ਜਿੱਥੋਂ ਤੱਕ ਭਾਰਤ ਦਾ ਸਵਾਲ ਹੈ, ਈਰਾਨ ਦੇ ਵਿਦੇਸ਼ ਮੰਤਰੀ ਨੇ ਕਿਹਾ ਕਿ ਅਸੀਂ ਕੁਝ ਅਜਿਹੇ ਦੇਸ਼ਾਂ ਨੂੰ ਹੋਰਮੁਜ਼ ਜਲ-ਡਮਰੂ ਮੱਧ ਤੋਂ ਲੰਘਣ ਦੀ ਇਜਾਜ਼ਤ ਦਿੱਤੀ ਹੈ, ਜਿਨ੍ਹਾਂ ਨੂੰ ਅਸੀਂ ਮਿੱਤਰ ਮੰਨਦੇ ਹਾਂ। ਇਸ ਵਿੱਚ ਚੀਨ, ਰੂਸ, ਭਾਰਤ, ਇਰਾਕ ਅਤੇ ਪਾਕਿਸਤਾਨ ਸ਼ਾਮਲ ਹਨ। ਅਸਲ ਵਿੱਚ, ਪਿਛਲੇ ਕੁਝ ਦਿਨਾਂ ਤੋਂ ਭਾਰਤ ਈਰਾਨ ਨਾਲ ਲਗਾਤਾਰ ਕੂਟਨੀਤਕ ਗੱਲਬਾਤ ਰਾਹੀਂ ਪੱਛਮੀ ਏਸ਼ੀਆ ਵਿੱਚ ਸੰਘਰਸ਼ ਖਤਮ ਕਰਾਉਣ ਦੇ ਨਾਲ-ਨਾਲ ਹੋਰਮੁਜ਼ ਜਲ ਮਾਰਗ ਤੋਂ ਆਪਣੇ ਲਈ ਵੀ ਰਸਤਾ ਕੱਢਣ ਦੀ ਕੋਸ਼ਿਸ਼ ਕਰ ਰਿਹਾ ਸੀ। ਕੁਝ ਉਤਰਾਅ-ਚੜ੍ਹਾਵਾਂ ਨੂੰ ਛੱਡ ਕੇ ਭਾਰਤ ਅਤੇ ਈਰਾਨ ਦੇ ਸਬੰਧ ਦੋਸਤਾਨਾ ਰਹੇ ਹਨ। ਅਜਿਹੇ ਵਿੱਚ ਜੇਕਰ ਈਰਾਨ ਨੇ ਹੋਰਮੁਜ਼ ਜਲ ਮਾਰਗ ਰਾਹੀਂ ਆਵਾਜਾਈ ਲਈ ਭਾਰਤ ਨੂੰ ਵੀ ਸਹੂਲਤ ਦਿੱਤੀ ਹੈ, ਤਾਂ ਕੂਟਨੀਤਕ ਗੱਲਬਾਤ ਦੀ ਇੱਕ ਸਕਾਰਾਤਮਕ ਪ੍ਰਾਪਤੀ ਦੇ ਨਾਲ-ਨਾਲ ਇਸ ਨੂੰ ਉਨ੍ਹਾਂ ਸਬੰਧਾਂ ਦੀ ਇੱਕ ਕੜੀ ਵਜੋਂ ਦੇਖਿਆ ਜਾ ਸਕਦਾ ਹੈ। ਜ਼ਿਕਰਯੋਗ ਹੈ ਕਿ ਹੋਰਮੁਜ਼ ਜਲ ਮਾਰਗ ਫਾਰਸ ਦੀ ਖਾੜੀ ਅਤੇ ਓਮਾਨ ਦੀ ਖਾੜੀ ਵਿਚਕਾਰ ਇੱਕ ਤੰਗ ਰਸਤਾ ਹੈ, ਜਿਸ ਰਾਹੀਂ ਦੁਨੀਆ ਦੇ ਕਈ ਦੇਸ਼ਾਂ ਦੇ ਜਹਾਜ਼ ਆਉਂਦੇ-ਜਾਂਦੇ ਹਨ। ਦੁਨੀਆ ਦਾ ਕਰੀਬ ਵੀਹ ਫੀਸਦੀ ਤੇਲ ਅਤੇ ਤਰਲ ਕੁਦਰਤੀ ਗੈਸ ਦੀ ਆਵਾਜਾਈ ਇਸੇ ਰਸਤੇ ਰਾਹੀਂ ਹੁੰਦੀ ਹੈ। ਇਹੀ ਕਾਰਨ ਹੈ ਕਿ ਜਦੋਂ ਤੋਂ ਈਰਾਨ ਨੇ ਹੋਰਮੁਜ਼ ਜਲ ਮਾਰਗ ਨੂੰ ਰੋਕਿਆ ਹੈ, ਉਦੋਂ ਤੋਂ ਦੁਨੀਆ ਭਰ ਵਿੱਚ ਤੇਲ ਅਤੇ ਗੈਸ ਦੀਆਂ ਕੀਮਤਾਂ ਵਿੱਚ ਅਣਕਿਆਸਿਆ ਉਛਾਲ ਆਇਆ ਹੈ। ਭਾਰਤ ਦੀ ਊਰਜਾ ਖਰੀਦ ਦਾ ਵੀ ਮੁੱਖ ਸਰੋਤ ਪੱਛਮੀ ਏਸ਼ੀਆ ਰਿਹਾ ਹੈ। ਮੌਜੂਦਾ ਸੰਕਟ ਦੇ ਵਿਚਕਾਰ ਸਰਕਾਰ ਨੇ ਤੇਲ ਅਤੇ ਗੈਸ ਦੇ ਲੋੜੀਂਦੇ ਭੰਡਾਰ ਹੋਣ ਦੀ ਗੱਲ ਕਹੀ ਹੈ, ਪਰ ਸੱਚ ਇਹ ਹੈ ਕਿ ਆਮ ਲੋਕ ਰਸੋਈ ਗੈਸ, ਤੇਲ ਅਤੇ ਖਾਦਾਂ ਦੀ ਕਮੀ ਕਾਰਨ ਪੈਦਾ ਹੋਈਆਂ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ। ਹੁਣ ਹੋਰਮੁਜ਼ ਜਲ ਮਾਰਗ 'ਤੇ ਈਰਾਨ ਦੀ ਨਰਮੀ ਨਾਲ ਭਾਵੇਂ ਫੌਰੀ ਰਾਹਤ ਮਿਲ ਸਕੇ, ਪਰ ਲੋੜ ਇਸ ਗੱਲ ਦੀ ਹੈ ਕਿ ਸੰਯੁਕਤ ਰਾਸ਼ਟਰ ਸਮੇਤ ਸਾਰੀਆਂ ਧਿਰਾਂ ਵੱਲੋਂ ਪੱਛਮੀ ਏਸ਼ੀਆ ਵਿੱਚ ਜਾਰੀ ਜੰਗ ਨੂੰ ਖਤਮ ਕਰਾਉਣ ਲਈ ਠੋਸ ਪਹਿਲਕਦਮੀ ਕੀਤੀ ਜਾਵੇ।

-ਜਗਜੀਤ ਸਿੰਘ ਦਰਦੀ

## ਵਿਧਾਨ ਸਭਾ ਚੋਣਾਂ ਲਈ ਪੰਜਾਬ ਦਾ ਰਾਜਨੀਤਿਕ ਮੈਦਾਨ

# ਭਾਰਤ ਵਿਰੋਧੀ ਕੋਈ ਵੀ ਸਰਗਰਮੀ ਕੈਨੇਡਾ ਦੀ ਧਰਤੀ 'ਤੇ ਨਾ ਹੋਵੇ

## ਭਾਰਤ ਕੈਨੇਡਾ ਸਬੰਧਾਂ ਦੀ ਨਵੀਂ ਸ਼ੁਰੂਆਤ ਕਰਨ ਦੀ ਸਹਿਮਤੀ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਕੈਨੇਡਾ ਸਰਕਾਰ ਵੱਲੋਂ ਭਾਰਤ ਵਿਰੋਧੀ ਗਤੀਵਿਧੀਆਂ ਉੱਤੇ ਸਿੱਧੀਆਂ ਪਾਬੰਦੀਆਂ ਲਾਉਣ ਦੀ ਦਿਸ਼ਾ ਵਿਚ ਇੱਕ ਮਹੱਤਵਪੂਰਨ ਕਦਮ ਉਠਾਇਆ ਗਿਆ ਹੈ। ਇਸ ਨਾਲ ਭਾਰਤ ਵੀ ਸਪੱਸ਼ਟ ਤੌਰ 'ਤੇ ਇਹ ਸੰਦੇਸ਼ ਦੇ ਰਿਹਾ ਹੈ ਕਿ ਉਹ ਕਿਸੇ ਵੀ ਐਸੀ ਗਤੀਵਿਧੀ ਨੂੰ ਬਰਦਾਸ਼ਤ ਨਹੀਂ ਕਰੇਗਾ, ਜਿਸ ਨਾਲ ਦੋਵਾਂ ਦੇਸ਼ਾਂ ਵਿਚਕਾਰ ਮਨ-ਮੁਟਾਵ ਪੈਦਾ ਹੋਵੇ।

ਅੱਜ ਖਾਸ ਤੌਰ 'ਤੇ ਵੱਖਵਾਦੀ ਤੱਤਾਂ ਦੀ ਸੇਵਾ ਵਿਚ ਲੱਗੀਆਂ ਗਤੀਵਿਧੀਆਂ 'ਤੇ ਪਾਬੰਦੀ ਲਾਉਣਾ ਇੱਕ ਲੰਮੇ ਸਮੇਂ ਤੋਂ ਭਾਰਤ ਵੱਲੋਂ ਉਠਾਈ ਜਾ ਰਹੀ ਮੰਗ ਨੂੰ ਪੂਰਾ ਕਰਨ ਵੱਲ ਇੱਕ ਠੋਸ ਕਦਮ ਹੈ। ਇਸ ਸਭਿਆਚਾਰਕ ਅਤੇ ਰਾਜਨੀਤਿਕ ਪ੍ਰਸੰਗ ਵਿਚ ਭਾਰਤ-ਕੈਨੇਡਾ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਇੱਕ ਨਵੀਂ ਆਸ ਉਜਾਗਰ ਹੋ ਰਹੀ ਹੈ। ਇਤਿਹਾਸਕ ਪਿਛੋਕੜ ਅਤੇ ਤਣਾਅ ਦਾ ਕਾਰਨ ਭਾਰਤ ਅਤੇ ਕੈਨੇਡਾ ਵਿਚਕਾਰ ਰਾਜਨੀਤਿਕ ਸਬੰਧ ਲੰਮੇ ਸਮੇਂ ਤੋਂ ਖਾਲਿਸਤਾਨੀ ਵੱਖਵਾਦੀ ਗਤੀਵਿਧੀਆਂ ਕਾਰਨ ਤਣਾਅ ਭਰੇ ਰਹੇ ਹਨ। ਕੈਨੇਡਾ ਵਿਚ ਵੱਡੀ ਗਿਣਤੀ ਵਿਚ ਰਹਿਣ ਵਾਲੀ ਸਿੱਖ ਭਾਈਚਾਰੇ ਵਿਚ ਇੱਕ ਛੋਟੀ ਜਿਹੀ ਵੱਖਵਾਦੀ ਤਾਕਤ ਖਾਲਿਸਤਾਨੀ ਰਾਜ ਦੀ ਮੰਗ ਕਰਦੀ ਰਹੀ ਹੈ, ਜੋ ਭਾਰਤੀ ਏਕਤਾ ਅਤੇ ਸਰਬਉਤਮਤਾ ਲਈ ਖ਼ਤਰਾ ਹੈ। ਇਨ੍ਹਾਂ ਗਤੀਵਿਧੀਆਂ ਵਿਚ ਝੰਡੇ ਲਹਿਰਾਉਣਾ, ਰੈਫਰੈਂਡਮ ਵਰਗੀਆਂ ਗੈਰ-ਕਾਨੂੰਨੀ ਗਤੀਵਿਧੀਆਂ, ਭਾਰਤੀ ਝੰਡੇ ਬੇਅਦਬੀ, 'ਕਿਲ ਇੰਡੀਆ' ਵਰਗੇ ਨਾਅਰੇ ਅਤੇ ਭਾਰਤ ਵਿਰੋਧੀ ਪ੍ਰਚਾਰ ਸ਼ਾਮਲ ਰਹੇ ਹਨ। ਪਿਛਲਿਆਂ ਸਾਲਾਂ ਵਿਚ ਇਹ ਗਤੀਵਿਧੀਆਂ ਵਧਦੀਆਂ ਗਈਆਂ, ਜਿਸ ਨਾਲ ਭਾਰਤ ਨੇ ਕੈਨੇਡਾ ਤੋਂ ਲਗਾਤਾਰ ਮੰਗ ਕੀਤੀ ਕਿ ਉਹ ਇਨ੍ਹਾਂ ਤੱਤਾਂ ਉੱਤੇ ਰੋਕ ਲਾਵੇ। ਭਾਰਤ ਵਿਰੋਧੀ ਸਰਗਰਮੀਆਂ ਵਰਗੀਆਂ ਟੈਰੋਰਿਸਟ ਐਂਟਿਟੀਜ਼ ਨੂੰ ਕੈਨੇਡਾ ਨੇ ਆਪਣੀ ਲਿਸਟ ਵਿਚ ਸ਼ਾਮਲ ਕੀਤਾ ਹੋਇਆ ਹੈ, ਪਰ ਉਨ੍ਹਾਂ ਦੇ ਝੰਡਿਆਂ ਅਤੇ ਸੰਕੇਤਾਂ ਦਾ ਖੁੱਲ੍ਹਾ ਇਸਤੇਮਾਲ ਚੱਲਦਾ ਰਿਹਾ। ਇਸ ਨਾਲ ਭਾਰਤੀ ਡਿਪਲੋਮੈਟਿਕ ਮਿਸ਼ਨਾਂ ਉੱਤੇ ਹਮਲੇ, ਗੁਰਦੁਆਰਿਆਂ ਅਤੇ ਮੰਦਰਾਂ ਵਿਚ ਤਣਾਅ ਅਤੇ ਭਾਰਤੀ ਭਾਈਚਾਰੇ ਵਿਚ ਅਸੁਰੱਖਿਆ ਵਧੀ।

ਹਾਲ ਹੀ ਵਿਚ ਕੈਨੇਡਾ ਦੀ ਹਾਊਸ ਆਫ ਕਾਮਨਜ਼ ਨੇ Combatting Hate Act (Bill C-I) ਪਾਸ ਕੀਤਾ ਹੈ, ਜਿਸ ਤਹਿਤ ਟੈਰੋਰਿਸਟ ਐਂਟਿਟੀਜ਼ ਨਾਲ ਜੁੜੇ ਝੰਡਿਆਂ (ਜਿਵੇਂ ਬਾਬਰ ਖਾਲਸਾ ਦੇ) ਦਾ ਪਬਲਿਕ ਡਿਸਪਲੇਅ ਅਪਰਾਧਿਕ ਗਿਣਿਆ ਜਾਵੇਗਾ। ਇਸ ਤੋਂ ਇਲਾਵਾ ਧਾਰਮਿਕ ਸਥਾਨਾਂ ਬਾਹਰ ਰੋਕ-ਟੋਕ ਜਾਂ ਧਮਕੀ ਵਾਲੀਆਂ ਗਤੀਵਿਧੀਆਂ ਉੱਤੇ ਵੀ ਪਾਬੰਦੀ ਲੱਗੇਗੀ। ਇਹ ਇੱਕ ਲੰਮੇ ਸਮੇਂ ਤੋਂ ਇੰਡੋ-ਕਨੇਡੀਅਨ ਭਾਈਚਾਰੇ ਵੱਲੋਂ ਉਠਾਈ ਜਾ ਰਹੀ ਮੰਗ ਨੂੰ ਪੂਰਾ ਕਰਦਾ ਹੈ।

ਇਸ ਨਾਲ ਪਹਿਲੇ ਤੱਤਾਂ ਨੂੰ ਫਰੀ ਸਪੀਚ ਦੇ ਨਾਂ 'ਤੇ ਖੁੱਲ੍ਹੀ ਛੁੱਟੀ ਮਿਲਣੀ ਰੋਕੀ ਜਾ ਸਕਦੀ ਹੈ। ਭਾਰਤ ਦੀ ਸਥਿਤੀ: ਕੋਈ ਵੀ ਗਤੀਵਿਧੀ ਬਰਦਾਸ਼ਤ ਨਹੀਂ ਭਾਰਤ ਨੇ ਹਮੇਸ਼ਾ ਸਪੱਸ਼ਟ ਕੀਤਾ ਹੈ ਕਿ ਉਹ ਕਿਸੇ ਵੀ ਏਸੀ ਗਤੀਵਿਧੀ ਨੂੰ ਬਰਦਾਸ਼ਤ ਨਹੀਂ ਕਰੇਗਾ, ਜਿਸ ਨਾਲ ਦੋਵਾਂ ਦੇਸ਼ਾਂ ਵਿਚਕਾਰ ਵਿਸ਼ਵਾਸ ਟੁੱਟੇ। ਖਾਲਿਸਤਾਨੀ ਵੱਖਵਾਦ ਭਾਰਤ ਲਈ ਇੱਕ ਅੰਦਰੂਨੀ ਮਾਮਲਾ ਹੈ ਅਤੇ ਇਸ ਨੂੰ ਵਿਦੇਸ਼ੀ ਧਰਤੀ ਤੋਂ ਉਕਸਾਉਣਾ ਭਾਰਤੀ ਸਰਬਉਤਮਤਾ ਉੱਤੇ ਹਮਲਾ ਹੈ। ਭਾਰਤ ਨੇ ਲਗਾਤਾਰ ਕੈਨੇਡਾ ਤੋਂ ਮੰਗ ਕੀਤੀ ਹੈ ਕਿ ਉਹ ਆਪਣੀ ਧਰਤੀ ਨੂੰ ਵੱਖਵਾਦੀਆਂ ਲਈ ਸੁਰੱਖਿਅਤ ਥਾਂ ਨਾ ਬਣਨ ਦੇਵੇ। ਨਵੀਂ ਕਨੇਡੀਅਨ ਸਰਕਾਰ (ਮਾਰਕ ਕਾਰਨੀ ਵਾਲੀ) ਤਹਿਤ ਰਿਸੈਟ ਦੀ ਪ੍ਰਕਿਰਿਆ ਸ਼ੁਰੂ ਹੋ ਚੁੱਕੀ ਹੈ।

ਮਾਰਚ 2026 ਵਿਚ ਹੋਈਆਂ ਗੱਲਬਾਤਾਂ ਵਿਚ ਆਰਥਿਕ ਭਾਈਵਾਲੀ, ਟਰੇਡ, ਐਨਰਜੀ ਅਤੇ ਸੁਰੱਖਿਆ ਸਹਿਯੋਗ ਉੱਤੇ ਫੋਕਸ ਹੋਇਆ। ਭਾਰਤ ਨੇ ਸਪੱਸ਼ਟ ਕੀਤਾ ਕਿ ਖਾਲਿਸਤਾਨੀ ਤੱਤਾਂ ਉੱਤੇ ਕਾਰਵਾਈ ਤੋਂ ਬਿਨਾਂ ਸਬੰਧ ਪੂਰੀ ਤਰ੍ਹਾਂ ਮਜ਼ਬੂਤ ਨਹੀਂ ਹੋ ਸਕਦੇ। ਇਸ ਲਈ ਕਨੇਡਾ ਵੱਲੋਂ ਟੈਰੋਰਿਸਟ ਸਿੰਬਲਜ਼ ਉੱਤੇ ਪਾਬੰਦੀ ਇੱਕ ਸਕਾਰਾਤਮਕ ਸੰਕੇਤ ਹੈ।

ਅੱਜ ਭਾਰਤ ਇਸ ਨੂੰ ਇੱਕ ਸ਼ੁਰੂਆਤ ਵਜੋਂ ਵੇਖ ਰਿਹਾ ਹੈ ਅਤੇ ਉਮੀਦ ਕਰਦਾ ਹੈ ਕਿ ਇਸ ਨੂੰ ਲਾਗੂ ਕਰਨ ਵਿਚ ਵੀ ਠੋਸ ਕਾਰਵਾਈ ਹੋਵੇਗੀ। ਦੋਵਾਂ ਦੇਸ਼ਾਂ ਲਈ ਲਾਭ ਭਾਰਤ ਅਤੇ ਕੈਨੇਡਾ ਵਿਚਕਾਰ ਆਰਥਿਕ ਸਬੰਧ ਬਹੁਤ ਵੱਡੀਆਂ ਸੰਭਾਵਨਾਵਾਂ ਰੱਖਦੇ ਹਨ। ਟਰੇਡ ਵਾਲਿਊਮ ਨੂੰ 2030 ਤੱਕ 50 ਬਿਲੀਅਨ ਡਾਲਰ ਤੱਕ ਵਧਾਉਣ ਦਾ ਟੀਚਾ ਰੱਖਿਆ ਗਿਆ ਹੈ। ਅੱਜ ਐਨਰਜੀ, ਟੈਕਨਾਲੋਜੀ, ਯੂਰੇਨੀਅਮ ਅਤੇ ਡਿਫੈਂਸ ਵਿਚ ਸਹਿਯੋਗ ਵਧਾਉਣ ਨਾਲ ਦੋਵਾਂ ਨੂੰ ਫਾਇਦਾ ਹੋ ਸਕਦਾ ਹੈ। ਪਰ ਇਹ ਸਭ ਤਣਾਅ ਤੋਂ ਬਿਨਾਂ ਹੀ ਸੰਭਵ ਹੈ। ਖਾਲਿਸਤਾਨੀ ਗਤੀਵਿਧੀਆਂ ਨੇ ਭਾਰਤੀ ਬਿਜ਼ਨੈੱਸ ਕਮਿਊਨਿਟੀ ਵਿਚ ਅਸੁਰੱਖਿਆ ਪੈਦਾ ਕੀਤੀ ਹੈ ਅਤੇ ਇਨਵੈਸਟਮੈਂਟ ਰੋਕੀ ਹੈ। ਨਵੀਂ ਪਾਬੰਦੀ ਨਾਲ ਕੈਨੇਡਾ ਆਪਣੀ ਧਰਤੀ ਤੋਂ ਵੱਖਵਾਦੀ ਤੱਤਾਂ ਨੂੰ ਰੋਕ ਕੇ ਆਪਣੀ ਰਾਸ਼ਟਰੀ ਸੁਰੱਖਿਆ ਵੀ ਮਜ਼ਬੂਤ ਕਰ ਸਕਦਾ ਹੈ। ਇਸ ਨਾਲ ਨਰਕੋ-ਟੈਰਰ ਨੈੱਟਵਰਕ ਵੀ ਪ੍ਰਭਾਵਿਤ ਹੋਣਗੇ, ਜਿਨ੍ਹਾਂ ਨਾਲ ਖਾਲਿਸਤਾਨੀ ਗਤੀਵਿਧੀਆਂ ਫੰਡ ਹੁੰਦੀਆਂ ਹਨ। ਇੰਡੋ-ਕਨੇਡੀਅਨ ਭਾਈਚਾਰਾ, ਜੋ ਭਾਰਤ ਨਾਲ ਡੂੰਘੇ ਰਿਸ਼ਤਾ ਰੱਖਦਾ ਹੈ, ਇਸ ਨਾਲ ਸੁਰੱਖਿਅਤ ਅਤੇ ਆਤਮਵਿਸ਼ਵਾਸ ਨਾਲ ਰਹਿ ਸਕਦਾ ਹੈ।

ਅੱਜ ਇਨ੍ਹਾਂ ਚੁਣੌਤੀਆਂ ਅਤੇ ਆਉਣ ਵਾਲਾ ਰਾਹ ਪਾਬੰਦੀ ਲਾਉਣਾ ਇੱਕ ਗੱਲ ਹੈ ਅਤੇ ਉਸ ਨੂੰ ਲਾਗੂ ਕਰਨਾ ਇੱਕ ਹੋਰ। ਕੈਨੇਡਾ ਵਿਚ ਵੋਟ ਬੈਂਕ ਰਾਜਨੀਤੀ ਅਤੇ ਫਰੀ ਸਪੀਚ ਦਾ ਮੁੱਦਾ ਅਕਸਰ ਉਠਦਾ ਰਿਹਾ ਹੈ। ਇਸ ਲਈ ਲਾਗੂਕਰਨ ਵਿਚ ਸਖ਼ਤੀ ਲੋੜੀਂਦੀ ਹੈ। ਭਾਰਤ ਵੀ ਇਸ ਨੂੰ ਨਜ਼ਰਅੰਦਾਜ਼ ਨਹੀਂ ਕਰੇਗਾ ਅਤੇ ਲਗਾਤਾਰ ਨਿਗਰਾਨੀ ਰੱਖੇਗਾ। ਦੋਵਾਂ ਧਿਰਾਂ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਵੱਖਵਾਦ ਕਿਸੇ ਵੀ ਰੂਪ ਵਿਚ ਸਵੀਕਾਰਯੋਗ ਨਹੀਂ। ਭਾਰਤ ਆਪਣੀ ਏਕਤਾ ਲਈ ਕੋਈ ਢਿੱਲ ਨਹੀਂ ਦੇਵੇਗਾ ਅਤੇ ਕੈਨੇਡਾ ਆਪਣੀ ਧਰਤੀ ਨੂੰ ਵਿਦੇਸ਼ੀ ਵੱਖਵਾਦ ਲਈ ਬੇਸ ਨਾ ਬਣਨ ਦੇਵੇ। ਇਸ ਲਈ ਲੋੜ ਹੈ ਇੱਕ ਲੰਮੀ-ਮਿਆਦੀ ਸੁਰੱਖਿਆ ਸਹਿਯੋਗ, ਇੰਟੈਲੀਜੈਂਸ ਸ਼ੇਅਰਿੰਗ ਅਤੇ ਆਰਥਿਕ ਭਾਈਵਾਲੀ ਦਾ ਢਾਂਚਾ ਬਣਾਉਣਾ।

ਅੱਜ ਇੱਕ ਨਵੀਂ ਸ਼ੁਰੂਆਤ ਵੱਲ ਕੈਨੇਡਾ ਵੱਲੋਂ ਖਾਲਿਸਤਾਨੀ ਝੰਡਿਆਂ ਅਤੇ ਵੱਖਵਾਦੀ ਗਤੀਵਿਧੀਆਂ ਉੱਤੇ ਪਾਬੰਦੀ ਲਾਉਣ ਵਾਲਾ ਕਦਮ ਇੱਕ ਸਕਾਰਾਤਮਕ ਵਿਕਾਸ ਹੈ। ਇਸ ਨਾਲ ਭਾਰਤ-ਕੈਨੇਡਾ ਸਬੰਧਾਂ ਵਿਚ ਨਵੀਂ ਊਰਜਾ ਆ ਸਕਦੀ ਹੈ। ਭਾਰਤ ਇਸ ਨੂੰ ਇੱਕ ਮੌਕੇ ਵਜੋਂ ਵੇਖ ਰਿਹਾ ਹੈ ਅਤੇ ਉਮੀਦ ਕਰਦਾ ਹੈ ਕਿ ਇਹ ਪਾਬੰਦੀਆਂ ਲਾਗੂ ਹੋਣਗੀਆਂ ਅਤੇ ਦੋਵਾਂ ਦੇਸ਼ ਆਪਣੇ ਸਾਂਝੇ ਹਿੱਤਾਂ-ਆਰਥਿਕ ਵਿਕਾਸ, ਸੁਰੱਖਿਆ ਅਤੇ ਲੋਕ-ਲੋਕਾਚਾਰੀ ਸਬੰਧਾਂ-ਉੱਤੇ ਧਿਆਨ ਕੇਂਦਰਿਤ ਕਰਨਗੇ।

ਅੱਜ ਜੇਕਰ ਦੋਵਾਂ ਧਿਰਾਂ ਇਸ ਰਾਹ 'ਤੇ ਅਡੋਲ ਰਹੀਆਂ ਤਾਂ ਭਾਰਤ-ਕੈਨੇਡਾ ਸਬੰਧ ਇੱਕ ਨਵੀਂ ਉਚਾਈ ਛੂਹ ਸਕਦੇ ਹਨ। ਇਹ ਨਾ ਸਿਰਫ ਦੋਵਾਂ ਲਈ ਲਾਭਦਾਇਕ ਹੋਵੇਗਾ ਬਲਕਿ ਗਲੋਬਲ ਸਥਿਰਤਾ ਅਤੇ ਵੱਖਵਾਦ ਵਿਰੋਧੀ ਲੜਾਈ ਵਿਚ ਵੀ ਯੋਗਦਾਨ ਪਾਵੇਗਾ। ਵੱਖਵਾਦ ਕਿਸੇ ਵੀ ਰੂਪ ਵਿਚ ਨਾ ਭਾਰਤ ਲਈ ਅਤੇ ਨਾ ਹੀ ਕੈਨੇਡਾ ਲਈ ਸਵੀਕਾਰਯੋਗ ਹੈ। ਇਸ ਲਈ ਇੱਕ ਮਜ਼ਬੂਤ, ਵਿਸ਼ਵਾਸ ਭਰਪੂਰ ਅਤੇ ਭਵਿੱਖ-ਉਨਮੁਖੀ ਭਾਈਵਾਲੀ ਹੀ ਇੱਕੋ ਰਾਹ ਹੈ।

## ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ

# ਸ਼ਹਾਦਤ 'ਤੇ ਉਂਗਲ ਉਠਾਉਣ ਵਾਲੀ ਨਕਾਰਾਤਮਕ ਸੋਚ ਦੀ ਬੌਧਿਕ ਕੰਗਾਲੀ ਅਤੇ ਇਤਿਹਾਸਕ ਸੱਚ



ਵਿੰਕਲਜੀਤ ਸਿੰਘ ਸਰਾ
9501477889

**ਇਤਿਹਾਸਕ ਨਾਇਕਾਂ ਦੀ ਕਿਰਦਾਰਕੁਸ਼ੀ ਅਤੇ ਮਾਨਸਿਕ ਗੁਲਾਮੀ ਦਾ ਆਲਮ :** ਇਤਿਹਾਸ ਦੇ ਪੰਨਿਆਂ 'ਤੇ ਜਦੋਂ ਵੀ ਕੋਈ ਮਹਾਨ ਸ਼ਖ਼ਸੀਅਤ ਆਪਣੀ ਸ਼ਹਾਦਤ ਦੇ ਖ਼ੂਨ ਨਾਲ ਸੁਨਹਿਰੀ ਅੱਖਰ ਲਿਖਦੀ ਹੈ ਤਾਂ ਸਮੇਂ ਦੀਆਂ ਹਕੂਮਤਾਂ ਅਤੇ ਉਹਨਾਂ ਦੇ ਦਰਬਾਰੀ ਪਿੱਠੂ ਹਮੇਸ਼ਾ ਉਸ ਚਮਕ ਨੂੰ ਧੁੰਦਲਾ ਕਰਨ ਦੀ ਕੋਸ਼ਿਸ਼ ਕਰਦੇ ਹਨ। ਅੱਜ ਦੇ ਦੌਰ ਵਿੱਚ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੇ ਰਾਹ ਅਤੇ ਉਹਨਾਂ ਦੇ ਫੈਸਲਿਆਂ 'ਤੇ ਸਵਾਲ ਚੁੱਕਣ ਵਾਲੀ ਜਮਾਤ ਅਸਲ ਵਿੱਚ ਉਸੇ ਮਾਨਸਿਕ ਗੁਲਾਮੀ ਦੀ ਉਪਜ ਹੈ, ਜਿਸ ਨੇ ਸਦੀਆਂ ਤੱਕ ਭਾਰਤ ਨੂੰ ਬੇੜੀਆਂ ਵਿੱਚ ਜਕੜੀ ਰੱਖਿਆ। ਇਹ ਲੋਕ ਜੋ ਅੱਜ ਅਰਾਮਦਾਇਕ ਕਮਰਿਆਂ ਵਿੱਚ ਬੈਠ ਕੇ 'ਅਹਿੰਸਾ' ਅਤੇ 'ਕਾਨੂੰਨ' ਦੀਆਂ ਦਲੀਲਾਂ ਦਿੰਦੇ ਹਨ, ਸ਼ਾਇਦ ਉਸ ਸਮੇਂ ਦੇ ਭਿਆਨਕ ਸੰਤਾਪ ਅਤੇ ਅੰਗਰੇਜ਼ੀ ਹਕੂਮਤ ਦੇ ਜ਼ੁਲਮਾਂ ਤੋਂ ਪੂਰੀ ਤਰ੍ਹਾਂ ਅਣਜਾਣ ਹਨ। ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਵਰਗੇ ਸੂਰਮੇ 'ਤੇ ਉਂਗਲ ਉਠਾਉਣਾ ਨਾ ਸਿਰਫ਼ ਇਤਿਹਾਸਕ ਅਪਰਾਧ ਹੈ ਸਗੋਂ ਇਹ ਉਹਨਾਂ ਲੱਖਾਂ ਦੇਸ਼ ਭਗਤਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਕਾਰਵਾਈ ਹੈ, ਜਿਨ੍ਹਾਂ ਲਈ ਭਗਤ ਸਿੰਘ ਅੱਜ ਵੀ ਇੱਕ ਜਿਉਂਦਾ-ਜਾਗਦਾ ਮਾਰਗਦਰਸ਼ਕ ਹਨ। ਅਜਿਹੇ ਆਲੋਚਕਾਂ ਦੀ ਔਕਾਤ ਦੀ ਜੇਕਰ ਪੜਚੋਲ ਕੀਤੀ ਜਾਵੇ ਤਾਂ ਸਾਫ਼ ਨਜ਼ਰ ਆਉਂਦਾ ਹੈ ਕਿ ਉਹਨਾਂ ਦੀ ਸੋਚ ਸਿਰਫ਼ ਸੌੜੀ ਸਿਆਸਤ ਅਤੇ ਅਧੂਰੇ ਗਿਆਨ ਤੱਕ ਹੀ ਸੀਮਿਤ ਹੈ।

**ਖਾਨਦਾਨੀ ਵਿਰਸਾ ਅਤੇ ਕੁਰਬਾਨੀ ਦੀ ਗੁੜ੍ਹਤੀ ਦਾ ਅਟੁੱਟ ਸਿਲਸਿਲਾ :** ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਨੂੰ 'ਭਟਕਿਆ ਹੋਇਆ ਨੌਜਵਾਨ' ਕਹਿਣ ਵਾਲਿਆਂ ਨੂੰ ਸਭ ਤੋਂ ਪਹਿਲਾਂ ਉਹਨਾਂ ਦੇ ਪਰਿਵਾਰਕ ਪਿਛੋਕੜ ਅਤੇ ਉਹਨਾਂ ਦੀਆਂ ਪੀੜ੍ਹੀਆਂ ਦੇ ਸੰਘਰਸ਼ ਨੂੰ ਸਮਝਣਾ ਚਾਹੀਦਾ ਹੈ। ਭਗਤ ਸਿੰਘ ਕਿਸੇ ਅਚਾਨਕ ਉੱਠੇ ਗੁੱਸੇ ਦਾ ਨਾਮ ਨਹੀਂ ਸਨ ਸਗੋਂ ਉਹ ਤਾਂ ਉਸ ਵਿਰਾਸਤ ਦੇ ਵਾਰਿਸ ਸਨ, ਜਿਸ ਨੇ ਹਮੇਸ਼ਾ ਹੱਕ ਅਤੇ ਸੱਚ ਦੀ ਲੜਾਈ ਲੜੀ। ਉਹਨਾਂ ਦੇ ਚਾਚਾ ਸ. ਅਜੀਤ ਸਿੰਘ, ਜਿਨ੍ਹਾਂ ਨੇ 'ਪਗੜੀ ਸੰਭਾਲ ਜੱਟਾ' ਲਹਿਰ ਰਾਹੀਂ ਕਿਸਾਨੀ ਸੰਘਰਸ਼ ਦੀ ਨੀਂਹ ਰੱਖੀ ਅਤੇ ਉਹਨਾਂ ਦੇ ਪਿਤਾ ਸ. ਕਿਸ਼ਨ ਸਿੰਘ, ਜਿਨ੍ਹਾਂ ਨੇ ਆਪਣਾ ਪੂਰਾ ਜੀਵਨ ਅਜ਼ਾਦੀ ਦੇ ਲੇਖੇ ਲਾਇਆ, ਉਹਨਾਂ ਦੀਆਂ ਕੁਰਬਾਨੀਆਂ ਨੇ ਭਗਤ ਸਿੰਘ ਦੇ ਮਨ ਵਿੱਚ ਬਚਪਨ ਤੋਂ ਹੀ ਦੇਸ਼ ਭਗਤੀ ਦੇ ਬੀਜ ਬੀਜ ਦਿੱਤੇ ਸਨ। ਜਦੋਂ ਇਹਨਾਂ ਦੇ ਆਲੋਚਕਾਂ ਦੇ ਪੁਰਖੇ ਸ਼ਾਇਦ ਬ੍ਰਿਟਿਸ਼ ਸਰਕਾਰ ਦੀਆਂ ਜੁੱਤੀਆਂ ਸਾਫ਼ ਕਰਕੇ 'ਰਾਏ ਬਹਾਦਰ' ਦੀਆਂ ਉਪਾਧੀਆਂ ਲੈਣ ਵਿੱਚ ਮਸ਼ਰੂਫ਼ ਸਨ, ਉਸ ਸਮੇਂ ਭਗਤ ਸਿੰਘ ਦਾ ਪਰਿਵਾਰ ਜੇਲ੍ਹਾਂ ਕੱਟ ਰਿਹਾ ਸੀ ਅਤੇ ਦੇਸ਼ ਨਿਕਾਲੇ ਹੰਢਾ ਰਿਹਾ ਸੀ। ਜਿਸ ਬੱਚੇ ਨੇ ਖੇਤਾਂ ਵਿੱਚ ਬੰਦੂਕਾਂ ਬੀਜਣ ਦੀ ਗੱਲ ਕੀਤੀ ਹੋਵੇ ਉਸ ਦੇ ਇਰਾਦਿਆਂ ਵਿੱਚ ਕੋਈ ਖੋਟ ਨਹੀਂ ਸੀ ਸਗੋਂ ਉਹ ਤਾਂ ਉਸ ਸਮੇਂ ਦੀ ਬੰਜ਼ਰ ਹੋ ਚੁੱਕੀ ਮਾਨਸਿਕਤਾ ਵਿੱਚ ਗੁਲਾਮੀ ਵਿਰੁੱਧ ਬਗਾਵਤ ਉਗਾਉਣਾ ਚਾਹੁੰਦੇ ਸਨ।

**ਵਿਚਾਰਧਾਰਕ ਪਰਿਪੱਕਤਾ ਅਤੇ ਬੰਬ ਦੇ ਧਮਾਕੇ ਪਿੱਛੇ ਛੁਪਿਆ ਬੌਧਿਕ ਦਰਸ਼ਨ :** ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਨੂੰ ਹਿੰਸਕ ਕਹਿਣ ਵਾਲੇ ਅਕਸਰ ਉਹਨਾਂ ਦੀ ਵਿਚਾਰਧਾਰਕ ਗਹਿਰਾਈ ਨੂੰ ਪੜ੍ਹਨ ਦੀ ਜ਼ਹਿਮਤ ਨਹੀਂ ਉਠਾਉਂਦੇ। ਉਹਨਾਂ ਨੇ 23 ਸਾਲ ਦੀ ਛੋਟੀ ਉਮਰ ਵਿੱਚ ਦੁਨੀਆ ਭਰ ਦੇ ਮਹਾਨ ਚਿੰਤਕਾਂ, ਸਮਾਜਵਾਦੀ ਵਿਚਾਰਧਾਰਾਵਾਂ ਅਤੇ ਇਤਿਹਾਸਿਕ ਕ੍ਰਾਂਤੀਆਂ ਦਾ ਇੰਨਾ ਡੂੰਘਾ ਅਧਿਐਨ ਕਰ ਲਿਆ ਸੀ, ਜਿਨ੍ਹਾਂ ਅੱਜ ਦੇ ਕਈ ਪ੍ਰੋਫੈਸਰ ਆਪਣੀ ਪੂਰੀ ਉਮਰ ਵਿੱਚ ਨਹੀਂ ਕਰ ਪਾਉਂਦੇ। ਉਹਨਾਂ ਦੀ ਜੇਲ੍ਹ ਡਾਇਰੀ ਅਤੇ ਉਹਨਾਂ ਦੇ ਲਿਖੇ ਲੇਖ ਇਸ ਗੱਲ ਦੀ ਗਵਾਹੀ ਦਿੰਦੇ ਹਨ ਕਿ ਉਹਨਾਂ ਦਾ ਮਕਸਦ ਸਿਰਫ਼ ਖ਼ੂਨ-ਖਰਾਬਾ ਨਹੀਂ ਸੀ। ਉਹਨਾਂ ਨੇ ਅਸੈਂਬਲੀ ਵਿੱਚ ਬੰਬ ਸੁੱਟਣ ਤੋਂ ਬਾਅਦ ਖੁਦ ਗ੍ਰਿਫਤਾਰੀ ਦਿੱਤੀ ਤਾਂ ਜੋ ਉਹ ਅਦਾਲਤ ਨੂੰ ਆਪਣੇ ਵਿਚਾਰ ਪ੍ਰਚਾਰਨ ਦਾ ਮੰਚ ਬਣਾ ਸਕਣ। ਉਹਨਾਂ ਦਾ ਬੰਬ ਕਿਸੇ ਇਨਸਾਨ ਨੂੰ ਮਾਰਨ ਲਈ ਨਹੀਂ ਸਗੋਂ ਬੋਲੀ ਹੋ ਚੁੱਕੀ ਬ੍ਰਿਟਿਸ਼ ਹਕੂਮਤ ਦੇ ਕੰਨ ਖੋਲ੍ਹਣ ਲਈ ਸੀ। ਉਹਨਾਂ ਨੇ ਸਪੱਸ਼ਟ ਕੀਤਾ ਸੀ ਕਿ ਉਹਨਾਂ ਦੀ ਲੜਾਈ ਸਿਰਫ਼ ਗੋਰੇ ਅੰਗਰੇਜ਼ਾਂ ਨਾਲ ਨਹੀਂ ਸਗੋਂ ਉਸ ਨਿਜ਼ਾਮ ਨਾਲ ਹੈ ਜੋ ਇਨਸਾਨ ਵੱਲੋਂ ਇਨਸਾਨ ਦੀ ਲੁੱਟ 'ਤੇ ਅਧਾਰਿਤ ਹੈ। ਅਜਿਹੀ ਦਾਰਸ਼ਨਿਕ ਸੋਚ ਰੱਖਣ ਵਾਲੇ ਨਾਇਕ ਨੂੰ ਗਲਤ ਕਹਿਣਾ ਉਹਨਾਂ ਦੀ ਵਿਚਾਰਧਾਰਾ ਤੋਂ ਡਰਨ ਵਾਲਿਆਂ ਦੀ ਇੱਕ ਸਾਜ਼ਿਸ਼ ਮਾਤਰ ਹੈ।

**ਸਮੇਂ ਦੀ ਨਜ਼ਾਕਤ ਅਤੇ ਹਥਿਆਰਬੰਦ ਸੰਘਰਸ਼ ਦੀ ਨੈਤਿਕ ਪ੍ਰਸੰਗਿਕਤਾ :** ਕੁਝ ਲੋਕ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੇ ਰਸਤੇ ਨੂੰ ਅਹਿੰਸਾ ਦੇ ਸਿਧਾਂਤਾਂ ਦੇ ਉਲਟ ਦੱਸ ਕੇ ਨਿੰਦਦੇ ਹਨ ਪਰ ਉਹ ਇਹ ਭੁੱਲ ਜਾਂਦੇ ਹਨ ਕਿ ਸ਼ਾਂਤੀਪੂਰਨ ਪ੍ਰਦਰਸ਼ਨਾਂ ਦਾ ਜਵਾਬ ਜਦੋਂ ਹਕੂਮਤ ਲਾਲਾ ਲਾਜਪਤ ਰਾਏ ਵਰਗੇ ਬਜ਼ੁਰਗ ਆਗੂਆਂ ਦੇ ਸਿਰ 'ਤੇ ਲਾਠੀਆਂ ਮਾਰ ਕੇ ਦਿੰਦੀ ਹੈ ਤਾਂ ਉਹ



ਕੌਮ ਦੀ ਅਣਖ ਦਾ ਸਵਾਲ ਬਣ ਜਾਂਦਾ ਹੈ। ਜੇਕਰ ਉਸ ਸਮੇਂ ਸਾਂਡਰਸ ਨੂੰ ਸੋਧਿਆ ਨਾ ਜਾਂਦਾ ਤਾਂ ਦੁਨੀਆ ਨੇ ਇਹ ਸਮਝ ਲੈਣਾ ਸੀ ਕਿ ਭਾਰਤੀਆਂ ਦਾ ਖ਼ੂਨ ਪਾਣੀ ਹੋ ਚੁੱਕਾ ਹੈ ਅਤੇ ਉਹ ਹਰ ਜ਼ੁਲਮ ਸਹਿਣ ਦੇ ਆਦੀ ਹੋ ਗਏ ਹਨ। ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਨੇ ਸਮੇਂ ਦੀ ਨਜ਼ਾਕਤ ਨੂੰ ਪਛਾਣਿਆ ਅਤੇ ਇਹ ਸਾਬਤ ਕੀਤਾ ਕਿ ਗੁਲਾਮੀ ਦੀਆਂ ਜੰਜ਼ੀਰਾਂ ਸਿਰਫ਼ ਬੇਨਤੀਆਂ ਨਾਲ ਨਹੀਂ ਸਗੋਂ ਜ਼ੋਰਦਾਰ ਹਲੂਣਿਆਂ ਨਾਲ ਟੁੱਟਦੀਆਂ ਹਨ। ਉਹਨਾਂ ਦਾ ਰਸਤਾ ਕੋਈ ਨਿੱਜੀ ਨਫ਼ਰਤ ਦਾ ਰਸਤਾ ਨਹੀਂ ਸੀ ਸਗੋਂ ਉਹ ਤਾਂ ਇੱਕ ਸਮੂਹਿਕ ਜਾਗ੍ਰਿਤੀ ਦਾ ਹੋਕਾ ਸੀ। ਜਿਹੜੇ ਲੋਕ ਅੱਜ ਉਹਨਾਂ ਨੂੰ 'ਗਲਤ' ਕਹਿੰਦੇ ਹਨ ਉਹ ਅਸਲ ਵਿੱਚ ਉਸੇ ਨੈਗੇਟਿਵ ਸੋਚ ਦੇ ਸ਼ਿਕਾਰ ਹਨ ਜੋ ਕਦੇ ਵੀ ਕਿਸੇ ਕ੍ਰਾਂਤੀਕਾਰੀ ਬਦਲਾਅ ਨੂੰ ਬਰਦਾਸ਼ਤ ਨਹੀਂ ਕਰ ਸਕਦੀ।

**ਸਰਕਾਰੀ ਨੀਤੀਆਂ ਅਤੇ ਇਤਿਹਾਸ ਦੇ ਪੰਨਿਆਂ ਨਾਲ ਕੀਤੀ ਗਈ ਬੌਧਿਕ ਛੇੜਛਾੜ :** ਅਜ਼ਾਦੀ ਤੋਂ ਬਾਅਦ ਵੀ ਲੰਮਾ ਸਮਾਂ ਸਾਡੇ ਦੇਸ਼ ਦੇ ਸਰਕਾਰੀ ਦਸਤਾਵੇਜ਼ਾਂ ਅਤੇ ਵਿਦਿਅਕ ਪਾਠਕ੍ਰਮਾਂ ਵਿੱਚ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਅਤੇ ਉਹਨਾਂ ਦੇ ਸਾਥੀਆਂ ਨੂੰ 'ਕ੍ਰਾਂਤੀਕਾਰੀ ਅੱਤਵਾਦੀ' (Revolutionary Terrorists) ਵਜੋਂ ਪੇਸ਼ ਕੀਤਾ ਜਾਂਦਾ ਰਿਹਾ। ਇਹ ਕੋਈ ਇਤਿਹਾਸਕ ਭੁੱਲ ਨਹੀਂ ਸੀ ਸਗੋਂ ਇੱਕ ਸੋਚੀ-ਸਮਝੀ ਸਿਆਸੀ ਸਾਜ਼ਿਸ਼ ਸੀ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਅਸਲ ਇਨਕਲਾਬੀ ਵਿਚਾਰਧਾਰਾ ਤੋਂ ਦੂਰ ਰੱਖਿਆ ਜਾ ਸਕੇ। ਜਿਹੜੀਆਂ ਹਕੂਮਤਾਂ ਨੇ ਅੰਗਰੇਜ਼ਾਂ ਤੋਂ ਸੱਤਾ ਦਾ ਤਬਾਦਲਾ ਤਾਂ ਕਰਵਾ ਲਿਆ ਪਰ ਅੰਗਰੇਜ਼ੀ ਸੋਚ ਅਤੇ ਨਿਜ਼ਾਮ ਨੂੰ ਬਰਕਰਾਰ ਰੱਖਿਆ, ਉਹਨਾਂ ਨੂੰ ਭਗਤ ਸਿੰਘ ਦੇ ਵਿਚਾਰਾਂ ਤੋਂ ਹਮੇਸ਼ਾ ਡਰ ਲੱਗਦਾ ਰਿਹਾ ਹੈ। ਉਹਨਾਂ ਨੂੰ ਡਰ ਸੀ ਕਿ ਜੇਕਰ ਨੌਜਵਾਨ ਪੀੜ੍ਹੀ ਨੇ ਭਗਤ ਸਿੰਘ ਦੇ 'ਲੁੱਟ-ਖਸੁੱਟ ਰਹਿਤ ਸਮਾਜ' ਦੇ ਸੁਪਨੇ ਨੂੰ ਸਮਝ ਲਿਆ ਤਾਂ ਉਹ ਅੱਜ ਦੇ ਸਿਆਸੀ ਰਹਿਬਰਾਂ ਤੋਂ ਵੀ ਸਵਾਲ ਪੁੱਛਣਗੇ। ਇਸੇ ਡਰ ਕਾਰਨ ਸ਼ਹੀਦਾਂ ਦੀ ਸ਼ਹਾਦਤ ਨੂੰ ਸਿਰਫ਼ ਜਜ਼ਬਾਤੀ ਨਾਅਰਿਆਂ ਤੱਕ ਸੀਮਿਤ ਕਰ ਦਿੱਤਾ ਗਿਆ ਅਤੇ ਉਹਨਾਂ ਦੇ ਬੌਧਿਕ ਦਰਸ਼ਨ ਨੂੰ ਲੋਕਾਂ ਦੀ ਪਹੁੰਚ ਤੋਂ ਦੂਰ ਰੱਖਣ ਲਈ ਨਕਾਰਾਤਮਕ ਪ੍ਰਚਾਰ ਦਾ ਸਹਾਰਾ ਲਿਆ ਗਿਆ।

**ਸ਼ਹਾਦਤ ਦਾ ਮਖੌਲ ਉਡਾਉਣ ਵਾਲੇ ਪਿੱਠੂਆਂ ਦੀ ਅਸਲੀਅਤ ਅਤੇ ਔਕਾਤ :** ਅੱਜ ਜਦੋਂ ਕੁਝ ਅਖੌਤੀ ਬੁੱਧੀਜੀਵੀ ਜਾਂ ਸੋਸ਼ਲ ਮੀਡੀਆ ਦੇ ਭਾੜੇ ਦੇ ਪ੍ਰਚਾਰਕ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੇ ਕਦਮਾਂ ਨੂੰ 'ਗਲਤ' ਜਾਂ 'ਭਟਕਾਅ' ਕਹਿੰਦੇ ਹਨ ਤਾਂ ਉਹਨਾਂ ਨੂੰ ਆਪਣੀ ਔਕਾਤ ਪਛਾਣਨੀ ਚਾਹੀਦੀ ਹੈ। ਇਹ ਉਹ ਲੋਕ ਹਨ, ਜਿਨ੍ਹਾਂ ਨੇ ਕਦੇ ਦੇਸ਼ ਲਈ ਕਿਸੇ ਥਾਣੇ ਦੀ ਦਹਿਲੀਜ਼ ਵੀ ਨਹੀਂ ਦੇਖੀ ਅਤੇ ਨਾ ਹੀ ਕਦੇ ਕੌਮ ਲਈ ਕੋਈ ਨਿੱਜੀ ਸੁੱਖ ਤਿਆਗਿਆ ਹੈ। ਜਿਸ ਨੌਜਵਾਨ ਨੇ 23 ਸਾਲ ਦੀ ਉਮਰ ਵਿੱਚ ਜਦੋਂ ਲੋਕ ਆਪਣੇ ਕਰੀਅਰ ਅਤੇ ਪਰਿਵਾਰ ਦੇ ਸੁਪਨੇ ਦੇਖਦੇ ਹਨ, ਹੱਸ ਕੇ ਫਾਂਸੀ ਦਾ ਰੱਸਾ ਚੁੰਮਿਆ ਹੋਵੇ, ਉਸ ਦੀ ਕੁਰਬਾਨੀ 'ਤੇ ਕਿੰਤੂ-ਪ੍ਰੰਤੂ ਕਰਨਾ ਨੀਚਤਾ ਦੀ ਸਿਖ਼ਰ ਹੈ। ਅਸਲ ਵਿੱਚ ਇਹ ਉਹ ਲੋਕ ਹਨ, ਜਿਨ੍ਹਾਂ ਦੇ ਪੁਰਖਿਆਂ ਨੇ ਇਤਿਹਾਸ ਵਿੱਚ ਹਮੇਸ਼ਾ ਜ਼ਾਲਮ ਹਕੂਮਤਾਂ ਦੀ ਮੁਖ਼ਬਰੀ ਕੀਤੀ ਅਤੇ ਦੇਸ਼ ਭਗਤਾਂ ਨੂੰ ਗ੍ਰਿਫਤਾਰ ਕਰਵਾਉਣ ਵਿੱਚ ਮਦਦ ਕੀਤੀ। ਅੱਜ ਉਹਨਾਂ ਦੇ ਵਾਰਿਸ ਸ਼ਹੀਦਾਂ ਨੂੰ 'ਗਲਤ' ਕਹਿ ਕੇ ਆਪਣੀ ਉਸੇ ਪਿੱਠੂ ਮਾਨਸਿਕਤਾ ਦਾ ਸਬੂਤ ਦੇ ਰਹੇ ਹਨ। ਸ਼ਹੀਦਾਂ ਦਾ ਅਪਮਾਨ ਕਰਨ ਵਾਲੇ ਇਹ ਲੋਕ ਭੁੱਲ ਜਾਂਦੇ ਹਨ ਕਿ ਉਹਨਾਂ ਦੀ ਹਸਤੀ ਇਤਿਹਾਸ ਦੇ ਕੂੜੇਦਾਨ ਵਿੱਚ ਗੁਆਚ ਜਾਵੇਗੀ ਪਰ ਭਗਤ ਸਿੰਘ ਦਾ ਨਾਮ ਰਹਿੰਦੀ ਦੁਨੀਆ ਤੱਕ ਸੂਰਜ ਵਾਂਗ ਚਮਕਦਾ ਰਹੇਗਾ।

**ਸਮੇਂ ਦੀ ਨਜ਼ਾਕਤ ਅਤੇ ਸ਼ਹੀਦਾਂ ਦੀ ਰਣਨੀਤੀ ਦਾ ਡੂੰਘਾ ਤਰਕ :** ਕੁਝ ਲੋਕਾਂ ਵੱਲੋਂ ਇਹ ਤਰਕ ਦਿੱਤਾ ਜਾਂਦਾ ਹੈ ਕਿ ਜੇਕਰ ਭਗਤ ਸਿੰਘ 'ਨਰਮ' ਰਸਤਾ ਅਪਣਾਉਂਦੇ ਤਾਂ ਸ਼ਾਇਦ ਜ਼ਿੰਦਾ ਰਹਿੰਦੇ। ਪਰ ਉਹ ਇਹ ਸਮਝਣ ਵਿੱਚ ਅਸਮਰੱਥ ਹਨ ਕਿ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਲਈ 'ਜਿਉਣਾ' ਸਿਰਫ਼ ਸਾਹ ਲੈਣ ਦਾ ਨਾਮ ਨਹੀਂ ਸੀ। ਉਹ ਜਾਣਦੇ ਸਨ ਕਿ ਉਹਨਾਂ ਦੀ ਮੌਤ ਉਹਨਾਂ ਦੀ ਜ਼ਿੰਦਗੀ ਨਾਲੋਂ ਕਿਤੇ ਜ਼ਿਆਦਾ ਵੱਡੀ ਕ੍ਰਾਂਤੀ ਲੈ ਕੇ ਆਵੇਗੀ। ਉਹਨਾਂ ਨੇ ਜਾਣਬੁੱਝ ਕੇ ਅਜਿਹਾ ਰਾਹ ਚੁਣਿਆ, ਜਿਸ ਨਾਲ ਪੂਰੇ ਭਾਰਤ ਦੇ ਨੌਜਵਾਨਾਂ ਦੇ ਖ਼ੂਨ ਵਿੱਚ ਉਬਾਲ ਆ ਸਕੇ। ਉਹਨਾਂ ਦੀ ਸ਼ਹਾਦਤ ਤੋਂ ਬਾਅਦ ਜਿਸ ਤਰ੍ਹਾਂ ਹਿੰਦੁਸਤਾਨ ਦੇ ਕੋਨੇ-ਕੋਨੇ ਵਿੱਚ ਅੰਗਰੇਜ਼ਾਂ ਵਿਰੁੱਧ ਬਗਾਵਤ ਭੜਕੀ, ਉਸ ਨੇ ਸਾਬਤ ਕਰ ਦਿੱਤਾ ਕਿ ਉਹਨਾਂ ਦਾ ਹਰ ਕਦਮ ਕਿੰਨਾ ਸੋਚਿਆ-ਸਮਝਿਆ ਅਤੇ ਸਮੇਂ ਦੀ ਨਜ਼ਾਕਤ ਅਨੁਸਾਰ ਸੀ। ਜਿਹੜੇ ਲੋਕ ਅੱਜ ਉਹਨਾਂ ਨੂੰ ਹਿੰਸਕ ਕਹਿੰਦੇ ਹਨ, ਉਹਨਾਂ ਨੂੰ ਦੱਸਣਾ ਚਾਹੀਦਾ ਹੈ ਕਿ ਕੀ ਗੁਲਾਮੀ ਦੀਆਂ ਬੇੜੀਆਂ ਸਿਰਫ਼ ਪ੍ਰਾਰਥਨਾਵਾਂ ਨਾਲ ਟੁੱਟ ਸਕਦੀਆਂ ਸਨ ? ਜਦੋਂ ਦੁਸ਼ਮਣ ਦੀ ਤਲਵਾਰ ਤੁਹਾਡੀ ਗਰਦਨ 'ਤੇ ਹੋਵੇ ਉਦੋਂ ਸ਼ਹਾਦਤ ਦਾ ਜਾਮ ਪੀ ਕੇ ਦੁਸ਼ਮਣ ਨੂੰ ਵੰਗਾਰਨਾ ਹੀ ਸਭ ਤੋਂ ਵੱਡੀ ਦੇਸ਼ ਭਗਤੀ ਹੁੰਦੀ ਹੈ।

**ਅਜੋਕੇ ਨਿਜ਼ਾਮ ਵਿੱਚ ਭਗਤ ਸਿੰਘ ਦੀ ਲੋੜ ਅਤੇ ਸੱਚਾ ਸਨਮਾਨ :** ਅੱਜ ਜਦੋਂ ਸਾਡਾ ਦੇਸ਼ ਭ੍ਰਿਸ਼ਟਾਚਾਰ, ਬੇਰੁਜ਼ਗਾਰੀ, ਜਾਤ-ਪਾਤ ਅਤੇ ਧਰਮ ਦੇ ਨਾਮ 'ਤੇ ਵੰਡਿਆ ਜਾ ਰਿਹਾ ਹੈ, ਉਦੋਂ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੇ ਵਿਚਾਰਾਂ ਦੀ ਸਭ ਤੋਂ ਵੱਧ ਲੋੜ ਹੈ। ਉਹਨਾਂ ਨੇ ਚੇਤਾਵਨੀ ਦਿੱਤੀ ਸੀ ਕਿ ਜੇਕਰ ਅਸੀਂ ਸਿਰਫ਼ ਸ਼ਾਸਕ ਬਦਲਾਂਗੇ ਅਤੇ ਸਿਸਟਮ ਨਹੀਂ ਤਾਂ ਆਮ ਇਨਸਾਨ ਦੀ ਹਾਲਤ ਵਿੱਚ ਕੋਈ ਸੁਧਾਰ ਨਹੀਂ ਆਵੇਗਾ। ਅੱਜ ਦੇ ਸਿਆਸੀ ਰਹਿਬਰ ਜੋ ਸ਼ਹੀਦਾਂ ਦੀਆਂ ਤਸਵੀਰਾਂ ਲਗਾ ਕੇ ਵੋਟਾਂ ਬਟੋਰਦੇ ਹਨ ਪਰ ਉਹਨਾਂ ਦੀ ਵਿਚਾਰਧਾਰਾ ਨੂੰ ਕੁਚਲਦੇ ਹਨ, ਉਹ ਵੀ ਉਹਨਾਂ ਆਲੋਚਕਾਂ ਦੇ ਬਰਾਬਰ ਹੀ ਗੁਨਾਹਗਾਰ ਹਨ। ਭਗਤ ਸਿੰਘ ਦਾ ਸੱਚਾ ਸਨਮਾਨ ਉਹਨਾਂ ਨੂੰ ਸਿਰਫ਼ ਕੰਧਾਂ 'ਤੇ ਟੰਗਣ ਵਿੱਚ ਨਹੀਂ ਸਗੋਂ ਉਹਨਾਂ ਦੀ ਸੋਚ ਅਨੁਸਾਰ ਇੱਕ ਅਜਿਹਾ ਸਮਾਜ ਸਿਰਜਣ ਵਿੱਚ ਹੈ, ਜਿੱਥੇ ਕੋਈ ਗਰੀਬ ਭੁੱਖਾ ਨਾ ਸੌਂਵੇ ਅਤੇ ਕਿਸੇ ਨਾਲ ਬੇਇਨਸਾਫ਼ੀ ਨਾ ਹੋਵੇ। ਸ਼ਹੀਦ-ਏ-ਆਜ਼ਮ ਇੱਕ ਅਜਿਹਾ ਚਾਨਣ-ਮੁਨਾਰਾ ਹਨ ਜੋ ਸਦੀਆਂ ਤੱਕ ਅਜ਼ਾਦੀ ਅਤੇ ਇਨਸਾਫ਼ ਦੀ ਲੜਾਈ ਲੜਨ ਵਾਲਿਆਂ ਨੂੰ ਹੌਸਲਾ ਦਿੰਦੇ ਰਹਿਣਗੇ। ਉਹਨਾਂ ਵਿਰੁੱਧ ਬੋਲਣ ਵਾਲੀ ਹਰ ਆਵਾਜ਼ ਅਸਲ ਵਿੱਚ ਸੱਚਾਈ ਤੋਂ ਡਰੀ ਹੋਈ ਆਵਾਜ਼ ਹੈ, ਜਿਸ ਨੂੰ ਇਤਿਹਾਸ ਕਦੇ ਮੁਆਫ਼ ਨਹੀਂ ਕਰੇਗਾ।

# ਪੰਜਾਬ ਸਰਕਾਰ, ਹੁਣ ਲੋਕਾਂ ਦੇ ਦਰਬਾਰ !



ਕਮਲਜੀਤ ਸਿੰਘ ਬਨਵੈਤ
98147 34035

ਪੰਜਾਬ ਸਰਕਾਰ ਨਸ਼ੇ ਦੀ ਸਮੱਸਿਆ ਹਾਲ ਲੱਭਣ ਲਈ ਹੁਣ ਘਰ ਘਰ ਜਾ ਕੇ ਸਰਵੇਖਣ ਕਰੇਗੀ। 'ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ' ਨਾਂ ਹੇਠ ਇੱਕ ਸੂਬਾ ਪੱਧਰੀ ਮੁਹਿੰਮ ਵੀ ਛੇੜ ਦਿੱਤੀ ਗਈ ਹੈ। ਨਸ਼ਿਆਂ ਖ਼ਿਲਾਫ਼ ਸ਼ੁਰੂ ਕੀਤੀ ਮੁਹਿੰਮ ਤਹਿਤ 11 ਪਿੰਡਾਂ ਦੇ ਘਰ ਘਰ ਜਾ ਕੇ ਨਸ਼ਾ ਤੇ ਸਮਾਜਿਕ ਆਰਥਿਕ ਸਰਵੇਖਣ ਸ਼ੁਰੂ ਕੀਤਾ ਗਿਆ ਹੈ। ਦੂਜੇ ਬੰਨੇ ਚਾਰ ਸਾਲ ਪੂਰੇ ਹੋਣ 'ਤੇ ਇੱਕ ਦਿਨ ਵਿੱਚ 1000 ਤੋਂ ਵੱਧ ਪਿੰਡਾਂ ਅਤੇ ਵਾਰਡਾਂ ਤੱਕ ਪਹੁੰਚ ਕੀਤੀ ਗਈ ਹੈ। ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ ਜਿੱਥੇ ਨਸ਼ਿਆਂ ਵਿਰੁੱਧ ਅਜਿਹਾ ਸਰਵੇਖਣ ਕੀਤਾ ਜਾਵੇਗਾ। ਇਸ ਵਾਸਤੇ ਬਜਟ ਵਿੱਚ 150 ਕਰੋੜ ਰੱਖੇ ਗਏ ਹਨ। ਦੂਜੇ ਬੰਨੇ ਲੋਕਾਂ ਨਾਲ ਸੰਵਾਦ ਰਚਾ ਕੇ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਦੀ ਜਾਣਕਾਰੀ ਦਿੱਤੀ ਜਾ ਰਹੀ ਹੈ।

ਸਿਆਸੀ ਪੰਡਤਾਂ ਦੀ ਨਜ਼ਰ ਨਾਲ ਦੇਖੀਏ ਤਾਂ ਸਰਕਾਰ ਦੀ ਲੋਕ ਸੰਪਰਕ ਮੁਹਿੰਮ ਅਤੇ ਨਸ਼ਿਆਂ ਖ਼ਿਲਾਫ਼ ਸ਼ੁਰੂ ਕੀਤੇ ਸਰਵੇ ਉੱਤੇ ਕਈ ਤਰ੍ਹਾਂ ਦੇ ਸਵਾਲ ਖੜ੍ਹੇ ਹੁੰਦੇ ਹਨ। ਸਿਆਸੀ ਪੰਡਤਾਂ ਦਾ ਕਹਿਣਾ ਹੈ ਕਿ ਪੰਜਾਬ ਸਰਕਾਰ ਦੋਵੇਂ ਬਹਾਨਿਆਂ ਨਾਲ ਲੋਕਾਂ ਦੀ ਨਬਜ਼ ਟੋਹਣਾ ਚਾਹੁੰਦੀ ਹੈ। ਸਰਕਾਰ ਨੂੰ ਇਹ ਵੀ ਸਪੱਸ਼ਟ ਹੋ ਜਾਵੇਗਾ ਕਿ ਕਿਹੜੀ ਪਾਰਟੀ ਕਿੰਨੇ ਪਾਣੀ ਵਿੱਚ ਹੈ ਅਤੇ ਆਮ ਆਦਮੀ ਪਾਰਟੀ ਕਿੱਥੇ ਖੜ੍ਹੀ ਹੈ। ਸਿਆਸੀ ਪਾਰਟੀਆਂ ਸਰਕਾਰ ਉੱਤੇ ਖਜ਼ਾਨੇ ਨੂੰ ਹੋਰ ਰਗੜਾ ਲਾਉਣ ਦੀਆਂ ਤੋਹਮਤਾਂ ਲਾਉਣ ਲੱਗੀਆਂ ਹਨ।

ਨਸ਼ਾ ਵਿਰੋਧੀ ਮੁਹਿੰਮ ਤੋਂ ਬਾਅਦ ਇਹ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਸਰਕਾਰ ਦੀ ਦੂਜੀ ਵੱਡੀ ਪਹਿਲ ਕਦਮੀ ਦੱਸੀ ਜਾ ਰਹੀ ਹੈ। ਸਰਕਾਰ ਉਹਨਾਂ ਵਿਅਕਤੀਆਂ ਦੀ ਪਛਾਣ ਕਰੇਗੀਠ ਜਿਹੜੇ ਨਸ਼ਿਆਂ ਨੂੰ ਛੱਡਣਾ ਚਾਹੁੰਦੇ ਹਨ। ਉਦੇਸ਼ ਇਹ ਪਤਾ ਲਗਾਉਣਾ ਹੋਵੇਗਾ ਕਿ ਉਹ ਕਿਸ ਕਿਸਮ ਦੇ ਪਦਾਰਥਾਂ ਦਾ ਸੇਵਨ ਕਰਦੇ ਹਨ ਇਸ ਸਰਵੇਖਣ ਨੂੰ ਕਰਨ ਲਈ 28 ਹਜ਼ਾਰ ਰਾਜ ਸਰਕਾਰੀ ਕਰਮਚਾਰੀਆਂ ਦੀ ਡਿਊਟੀ ਲਾਈ ਗਈ ਹੈ। ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਇਸ ਲਈ ਨੋਡਲ ਏਜੰਸੀ ਵਜੋਂ ਕੰਮ ਕਰੇਗਾ।

ਸਰਕਾਰ ਇਹ ਮਹਿਸੂਸ ਕਰਦੀ ਹੈ ਕਿ ਸਮਾਜਿਕ ਕਲੰਕ ਕਾਰਨ ਪਰਿਵਾਰ ਅੱਗੇ ਨਹੀਂ ਆ ਸਕਦੇ ਹਨ ਸਗੋਂ ਉਹ ਇਸ ਅਲਾਮਤ ਨੂੰ ਲੁਕੋਣ ਨੂੰ ਪਹਿਲ ਦਿੰਦੇ ਹਨ। ਸਰਵੇਖਣ ਤੋਂ ਇਹ ਵੀ ਪਤਾ ਲੱਗੇਗਾ ਕਿ ਮਾਪੇ ਆਪਣੇ ਬੱਚਿਆਂ ਦੇ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦਾ ਸ਼ਿਕਾਰ ਹੋਣ ਤੋਂ ਦੁਖੀ ਹਨ ਅਤੇ ਮਦਦ ਲੈਣ ਦੀ ਕਾਹਲ ਵਿੱਚ ਹਨ ।

ਸਰਵੇਖਣ ਪੂਰਾ ਹੋਣ ਤੋਂ ਬਾਅਦ ਨਾ ਸਿਰਫ ਨਸ਼ਾ ਕਰਨ ਵਾਲਿਆਂ ਨੂੰ ਨਸ਼ਾ ਸ਼ਰਾਬ ਕਹਿੰਦਾ ਭੇਜਿਆ ਜਾਵੇਗਾ। ਸਗੋਂ ਇਹ ਨਸ਼ਿਆਂ ਦੀ ਸਪਲਾਈ ਕਰਨ ਲਈ ਜ਼ਿੰਮੇਵਾਰ ਤਸਕਰਾਂ ਦੀ ਪਹਿਚਾਣ ਕਰਨ ਵਿੱਚ ਵੀ ਸਹਾਇਤਾ ਕਰੇਗਾ। ਸਰਕਾਰ ਵੱਲੋਂ ਇੱਕ ਸਾਲ ਦੌਰਾਨ 5231 ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਐਨਡੀਪੀਐਸ ਐਕਟ ਤਹਿਤ 3686 ਮਾਮਲੇ ਦਰਜ ਕੀਤੇ ਗਏ ਹਨ ਅਤੇ 33 ਹਜ਼ਾਰ ਕਿਲੋਗ੍ਰਾਮ ਤੋਂ ਵੱਧ ਨਸ਼ੀਲੇ ਪਦਾਰਥ ਜ਼ਬਤ ਵੀ ਕੀਤੇ ਗਏ ਹਨ।

ਇੱਥੇ ਹੀ ਬਸ ਨਹੀਂ ਪਿਛਲੇ ਸਾਲ ਦੌਰਾਨ ਪੁਲਿਸ ਨੇ ਰਾਜ ਵਿੱਚ ਸਖਤ ਕਾਰਵਾਈ ਕੀਤੀ ਹੈ ਅਤੇ 548 ਤਸਕਰਾਂ ਦੀਆਂ 263 ਕਰੋੜ ਰੁਪਏ ਦੀਆਂ ਜਾਇਦਾਦਾਂ ਜ਼ਬਤ ਕੀਤੀਆਂ ਹਨ। ਇਹਨਾਂ ਤਸਕਰਾਂ ਉਤੇ ਦੋਸ਼ ਹੈ ਕਿ ਨਸ਼ੀਲੇ ਪਦਾਰਥ ਦੀ ਤਸਕਰੀ ਤੋਂ ਪ੍ਰਾਪਤ ਕਮਾਈ ਦੀ ਵਰਤੋਂ ਕਰਕੇ ਇਹ ਜਾਇਦਾਦ ਇਕੱਠੀ ਕੀਤੀ ਸੀ। ਪੰਜਾਬ ਭਰ ਦੇ ਹਸਪਤਾਲਾਂ ਅਤੇ ਮੈਡੀਕਲ ਕਾਲਜਾਂ ਦੇ ਓਪੀਡੀ ਅੰਕੜਿਆਂ ਦੇ ਨਾਲ ਨਾਲ ਚੰਡੀਗੜ੍ਹ ਸਥਿਤ ਪੀਜੀਆਈ ਦੁਆਰਾ ਕੀਤੀ ਗਈ ਖੋਜ ਅਨੁਸਾਰ ਰਾਜ ਵਿੱਚ 30 ਲੱਖ ਤੋਂ ਵੱਧ ਲੋਕ ਨਸ਼ਿਆਂ ਦੀ ਵਰਤੋਂ ਤੋਂ ਪ੍ਰਭਾਵਿਤ ਹਨ। ਦੇਸ਼ ਭਰ ਵਿੱਚ ਨਸ਼ਿਆਂ ਨਾਲ ਸਬੰਧਤ ਅਪਰਾਧਾਂ ਲਈ ਪੰਜਾਬ ਵਿੱਚ ਸਜ਼ਾ ਦਰ ਸਭ ਤੋਂ ਵੱਧ ਹੈ। ਪਿਛਲੇ ਸਾਲ ਦੌਰਾਨ ਐਨਡੀਪੀਐਸ ਐਕਟ ਤਹਿਤ 6728 ਦਰਜ ਮਾਮਲਿਆਂ ਵਿੱਚ 5901 ਨੂੰ ਦੋਸ਼ੀ ਠਹਿਰਾਇਆ ਗਿਆ, ਸਜ਼ਾ ਦੀ ਦਰ 8 ਫੀਸਦੀ ਦੱਸੀ ਗਈ ਹੈ ਜਿਹੜੀ ਕਿ ਦੇਸ਼ ਤੋਂ ਸਭ ਤੋਂ ਵੱਧ ਮੰਨੀ ਜਾਂਦੀ ਹੈ।

ਜਿੱਥੋਂ ਤੱਕ ਸਰਕਾਰ ਦੀਆਂ ਚਾਰ ਸਾਲਾਂ ਹੁੰਦੀਆਂ ਪ੍ਰਾਪਤੀਆਂ ਦਾ ਸਬੰਧ ਹੈ ਆਮ ਆਦਮੀ ਪਾਰਟੀ ਦੇ ਵਜ਼ੀਰਾਂ ਹਲਕਾ ਇੰਚਾਰਜਾਂ ਅਤੇ ਵਿਧਾਇਕਾਂ ਨੇ ਇੱਕ ਦਿਨ ਵਿੱਚ ਕਰੀਬ 1000 ਪਿੰਡਾਂ ਤੇ ਵਾਰਡਾਂ ਵਿੱਚ ਪਹੁੰਚ ਕੇ ਲੋਕਾਂ ਨਾਲ ਸਿੱਧਾ ਸੰਵਾਦ ਰਚਾਇਆ ਅਤੇ ਲੋਕਾਂ ਦੇ ਦਰਾਂ 'ਤੇ ਜਾ ਕੇ ਸਰਕਾਰ ਦੀਆਂ ਪ੍ਰਾਪਤੀਆਂ ਦੇ ਸੋਹਲੇ ਗਾਏ ਗਏ। ਸਰਕਾਰ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਚੱਲ ਰਹੀਆਂ ਭਲਾਈ ਯੋਜਨਾਵਾਂ ਉੱਤੇ ਸੰਤੁਸ਼ਟੀ ਦਾ ਪ੍ਰਗਟਾਵਾ ਕੀਤਾ ਹੈ।

ਕੈਬਨਿਟ ਮੰਤਰੀ ਸੰਜੀਵ ਅਰੋੜਾ ਦਾਅਵਾ ਕਰਦੇ ਹਨ ਕਿ ਮਾਨ ਸਰਕਾਰ ਨੇ ਸੂਬੇ ਦੇ 90 ਫੀਸਦੀ ਘਰਾਂ ਦੇ ਬਿਜਲੀ ਬਿਲ ਜ਼ੀਰੋ ਕਰਕੇ ਇਤਿਹਾਸ ਹੀ ਨਹੀਂ ਰਚਿਆ ਸਗੋਂ ਲੋਕਾਂ ਨੂੰ ਧੁਰ ਅੰਦਰ ਤੱਕ ਖੁਸ਼ ਵੀ ਕੀਤਾ ਹੈ। ਬਿਜਲੀ ਦੀ ਨਿਰੰਤਰ ਸਪਲਾਈ ਮਿਲਣ ਤੋਂ ਬਾਅਦ ਕਿਸਾਨਾਂ ਦੇ ਚਿਹਰੇ ਉੱਤੇ ਖੁਸ਼ੀ ਸਪੱਸ਼ਟ ਦਿਸਦੀ ਹੈ। ਅੰਮ੍ਰਿਤਸਰ ਦੇ ਜੰਡਿਆਲਾ ਤੋਂ ਮੰਤਰੀ ਹਰਭਜਨ ਸਿੰਘ ਈਟੀਓ ਮਹਿਸੂਸ ਕਰਦੇ ਹਨ ਕਿ ਸੂਬੇ ਵਿੱਚ 2985 ਆਮ ਆਦਮੀ ਕਲੀਨਿਕਾਂ ਵਿੱਚ ਪੰਜ ਕਰੋੜ ਤੋਂ ਜ਼ਿਆਦਾ ਲੋਕਾਂ ਦਾ ਮੁਫਤ ਇਲਾਜ ਹੋਇਆ ਹੈ, ਜਿਸ ਕਰਕੇ ਉਹਨਾਂ ਦੀ ਵੱਡੀ ਚਿੰਤਾ ਖਤਮ ਹੋ ਗਈ। ਹੁਣ ਪਰਿਵਾਰ ਨੂੰ 10 ਲੱਖ ਰੁਪਏ ਦਾ ਮੁਫ਼ਤ ਇਲਾਜ ਵੀ ਮਿਲਣ ਲੱਗ ਪਿਆ ਹੈ। ਮਲੋਟ ਵਿੱਚ ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਨੇ ਕਿਹਾ ਕਿ ਮਾਵਾਂ ਧੀਆਂ ਦੀ ਸਤਿਕਾਰ ਯੋਜਨਾ ਦੇ ਤਹਿਤ ਵਿਸਾਖੀ ਤੋਂ ਹਰ ਔਰਤ ਨੂੰ ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਨੂੰ 1500 ਮਹੀਨੇ ਮਿਲਣੇ ਸ਼ੁਰੂ ਹੋ ਜਾਣਗੇ। ਔਰਤਾਂ ਪਹਿਲਾਂ ਹੀ ਬੱਸਾਂ ਵਿੱਚ ਮੁਫਤ ਯਾਤਰਾ ਦੀ ਸਹੂਲਤ ਨੂੰ ਲੈ ਕੇ ਖੁਸ਼ ਹਨ। ਸੰਗਰੂਰ ਦੇ ਲਹਿਰਾਗਾਗਾ ਵਿੱਚ ਕੈਬਨਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਸਰਕਾਰੀ ਸੀਨੀਅਰ ਸਿਟੀਜ਼ਨਾਂ ਲਈ ਮੁਫਤ ਯਾਤਰਾ ਦੀ ਸਹੂਲਤ ਦੇ ਰਹੀ ਹੈ। ਸ਼ਹੀਦ ਫੌਜੀਆਂ ਦੇ ਪਰਿਵਾਰਾਂ ਨੂੰ ਇਕ ਕਰੋੜ ਰੁਪਏ ਦੀ ਮੁਆਵਜ਼ਾ ਰਾਸ਼ੀ ਵੀ ਦਿੱਤੀ ਜਾ ਰਹੀ ਹੈ ਜਿਹੜੀ ਕਿ ਦੇਸ਼ ਵਿੱਚ ਸਭ ਤੋਂ ਵੱਧ ਹੈ। ਸੜਕ ਸੁਰੱਖਿਆ ਫੋਰਸ ਦੇ ਗਠਨ ਨਾਲ ਸੜਕ ਹਾਦਸਿਆਂ ਵਿੱਚ ਹੋਣ ਵਾਲੀਆਂ ਮੌਤਾਂ ਵਿੱਚ 50 ਫ਼ੀਸਦੀ ਦੀ ਕਮੀ ਆਈ ਹੈ।

ਕੈਬਨਿਟ ਮੰਤਰੀ ਡਾਕਟਰ ਰਵਜੋਤ ਨੇ ਦਾਅਵਾ ਕੀਤਾ ਹੈ ਕਿ ਅੱਜ ਪੂਰੇ ਦੇਸ਼ ਵਿੱਚ ਪੰਜਾਬ ਦੇ ਸਰਕਾਰੀ ਸਕੂਲਾਂ ਦੀ ਚਰਚਾ ਹੈ, ਭਾਰਤ ਸਰਕਾਰ ਦੇ ਸਰਵੇਖਣ ਵਿੱਚ ਮੰਨਿਆ ਗਿਆ ਹੈ ਕਿ ਪੰਜਾਬ ਦੇ ਸੁਪਰੀਮੋ ਮੈਂਬਰ ਬਣ ਚੁੱਕੇ ਹਨ। ਸਿੱਖਿਆ ਵਿਭਾਗ ਵਿੱਚ 28000 ਤੋਂ ਵੱਧ ਅਧਿਆਪਕਾਂ ਦੀ ਪਾਰਦਰਸ਼ੀ ਭਰਤੀ ਕਰਕੇ ਸਰਕਾਰ ਨੇ ਇੱਕ ਇਤਿਹਾਸ ਸਿਰਜਿਆ ਹੈ।

ਸਰਕਾਰ ਦੇ ਮੰਤਰੀਆਂ ਨੇ ਸਾਂਝੇ ਤੌਰ 'ਤੇ ਕਿਹਾ ਹੈ ਕਿ ਭਗਵੰਤ ਸਿੰਘ ਮਾਨ ਵੱਲੋਂ 65 ਹਜ਼ਾਰ ਸਰਕਾਰੀ ਨੌਕਰੀਆਂ ਬਿਨ੍ਹਾਂ ਕਿਸੇ ਰਿਸ਼ਵਤ ਜਾਂ ਸਿਫਾਰਿਸ਼ ਦੇ ਕੇਵਲ ਮੈਰਿਟ ਦੇ ਅਧਾਰ 'ਤੇ ਦਿੱਤੀਆਂ ਗਈਆਂ ਹਨ। ਮੁਹੱਲਾ ਕਲੀਨਕਾਂ ਵਿੱਚ ਪੰਜ ਕਰੋੜ ਤੋਂ ਵੱਧ ਲੋਕ ਮੁਫ਼ਤ ਇਲਾਜ ਕਰਵਾ ਚੁੱਕੇ ਹਨ।

ਹੁਣ ਜਦੋਂ ਚੋਣਾਂ ਵਿੱਚ ਸਾਲ ਤੋਂ ਘੱਟ ਦਾ ਸਮਾਂ ਰਹਿ ਗਿਆ ਹੈ ਤਾਂ ਪੰਜਾਬ ਸਰਕਾਰ ਲੋਕਾਂ ਦੇ ਦਰਬਾਰ ਜਾ ਖੜ੍ਹੀ ਹੋਈ ਹੈ। ਇਹ ਪਹਿਲੀ ਵਾਰ ਹੈ ਜਦੋਂ ਪੰਜਾਬ ਦੀ ਕਿਸੇ ਸਰਕਾਰ ਦੇ ਵਜ਼ੀਰਾਂ ਅਤੇ ਵਿਧਾਇਕਾਂ ਨੇ ਲੋਕਾਂ ਦੇ ਘਰ ਘਰ ਜਾ ਕੇ ਦਰਵਾਜ਼ਾ ਖੜਕਾਇਆ ਹੈ। ਇਹ ਜਿੱਥੇ ਸਰਕਾਰ ਦਾ ਗੁਣ ਗਾਣ ਕਰਨ ਦਾ ਇੱਕ ਵਧੀਆ ਮੌਕਾ ਹੈ, ਉਥੇ ਇਸ ਨਾਲ ਵੋਟਰਾਂ ਦੀ ਨਬਜ਼ ਵੀ ਟੋਹੀ ਜਾ ਸਕੇਗੀ। ਵੈਸੇ ਸਰਕਾਰ ਨੇ ਪਹਿਲਾਂ ਹੀ ਮੁਲਕ ਭਰ ਦੀਆਂ ਅਖ਼ਬਾਰਾਂ ਵਿੱਚ ਪ੍ਰਾਪਤੀਆਂ ਦੇ ਕਈ ਸੌ ਕਰੋੜਾਂ ਦੇ ਇਸ਼ਤਿਹਾਰ ਦੇ ਕੇ ਪ੍ਰਚਾਰ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ ਹੈ।

ਦੂਜੇ ਬੰਨੇ ਸਿਆਸੀ ਪਾਰਟੀਆਂ ਪੰਜਾਬ ਦੀਆਂ ਆਮ ਆਦਮੀ ਪਾਰਟੀ ਨੂੰ ਭੰਡਣ ਦਾ ਕੋਈ ਮੌਕਾ ਹੱਥੋਂ ਨਹੀਂ ਜਾਣ ਦਿੰਦੀਆਂ ਹਨ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀਆਂ ਰੈਲੀਆਂ ਨੂੰ ਵਾਹਵਾ ਹੁੰਗਾਰਾ ਮਿਲ ਰਿਹਾ ਹੈ। ਕਾਂਗਰਸ ਨੂੰ ਆਪਣੀ ਉਲਝੀ ਤਾਣੀ ਸੁਲਝਾਉਣ ਤੋਂ ਅਜੇ ਵੇਹਲ ਨਹੀਂ ਮਿਲ ਰਹੀ ਹੈ। ਭਾਰਤੀ ਜਨਤਾ ਪਾਰਟੀ ਦੀਆਂ ਸਰਗਰਮੀਆਂ ਵਿੱਚ ਤੇਜ਼ੀ ਆਈ ਹੈ। ਪਰ ਇੱਥੇ ਇੱਕ ਗੱਲ ਕਹਿਣ ਦੀ ਇਜਾਜ਼ਤ ਜ਼ਰੂਰ ਲੈਣੀ ਪਵੇਗੀ ਕਿ ਕੋਈ ਵੀ ਵਿਰੋਧੀ ਧਿਰ ਦਮ ਰੱਖ ਕੇ ਸਰਕਾਰ ਦੇ ਖ਼ਿਲਾਫ਼ ਮੈਦਾਨ ਵਿੱਚ ਨਹੀਂ ਉਤਰੀ ਹੈ। ਜੇ ਸਰਕਾਰ ਬਦਲਾਅ 'ਤੇ ਪੂਰਾ ਨਹੀਂ ਉਤਰ ਸਕੀ ਤਾਂ ਨਲਾਇਕੀ ਵਿਰੋਧੀ ਧਿਰ ਦੀ ਵੀ ਸਾਹਮਣੇ ਦਿਸੀ ਹੈ। ਨਿਤਾਰਾ 2027 ਦੀਆਂ ਵਿਧਾਨ ਸਭਾ ਵਿੱਚ ਵੋਟਰਾਂ ਨੇ ਕਰਨਾ ਹੈ। ਵੋਟਰ ਆਪਣੀ ਮੁੱਠੀ ਵਿੱਚ ਸਿਆਸੀ ਪਾਰਟੀਆਂ ਦਾ ਭਵਿੱਖ ਬੰਦ ਕਰੀ ਬੈਠੇ ਹਨ।

## ਇਸ ਸਾਲ ਦੀ ਸਭ ਤੋਂ ਪਹਿਲੀ ਤੇ ਵੱਡੀ ਫ਼ਿਲਮ ਹੋਵੇਗੀ 'ਰੱਬ ਦਾ ਰੇਡੀਓ 3'

ਜਲੰਧਰ, 27 ਮਾਰਚ (ਚ.ਨ.ਸ): ਪੰਜਾਬੀ ਸਿਨੇਮਾ ਦੀ ਮਸ਼ਹੂਰ ਤੇ ਦਿਲ ਨੂੰ ਛੂਹਣ ਵਾਲੀ ਫਿਲਮ ਸੀਰੀਜ਼ ਰੱਬ ਦਾ ਰੇਡੀਓ ਹੁਣ ਆਪਣੇ ਤੀਜੇ ਭਾਗ ਨਾਲ



ਵਾਪਸ ਆ ਰਹੀ ਹੈ। ਪਹਿਲੀਆਂ ਦੋ ਫਿਲਮਾਂ ਨੇ ਦਰਸ਼ਕਾਂ ਦੇ ਦਿਲਾਂ 'ਚ ਵੱਖਰੀ ਥਾਂ ਬਣਾਈ ਸੀ ਤੇ ਹੁਣ ਰੱਬ ਦਾ ਰੇਡੀਓ 3 ਤੋਂ ਵੀ ਓਹੀ ਉਮੀਦਾਂ ਕੀਤੀਆਂ ਜਾ ਰਹੀਆਂ ਹਨ। ਇਹ ਫਿਲਮ ਸਿਰਫ ਮਨੋਰੰਜਨ ਨਹੀਂ, ਸਗੋਂ ਪੰਜਾਬੀ ਸੱਭਿਆਚਾਰ ਰਿਸ਼ਤਿਆਂ ਤੇ ਸੱਚੇ ਪਿਆਰ ਦੀ ਡੂੰਘਾਈ ਨੂੰ ਦਰਸਾਉਂਦੀ ਹੈ। ਇਸ ਵਾਰ ਵੀ ਮੁੱਖ ਭੂਮਿਕਾਵਾਂ ਵਿੱਚ ਤਰਸੇਮ ਜੱਸੜ ਤੇ ਨਿਮਰਤ ਖਹਿਰਾ ਆਪਣੀ ਸੁਭਾਵਿਕ ਅਦਾਕਾਰੀ ਨਾਲ ਦਰਸ਼ਕਾਂ ਦਾ ਦਿਲ ਜਿੱਤਣਗੇ। ਦੋਵਾਂ ਦੀ ਜੋੜੀ ਪੈਹਿਲਾਂ ਹੀ ਬੇਹੱਦ ਪ੍ਰਸਿੱਧ ਰਹੀ ਹੈ ਤੇ ਇਸ ਫਿਲਮ ਵਿੱਚ ਵੀ ਇਹ ਜੋੜੀ ਕਹਾਣੀ ਦੀ ਰੂਹ ਬਣਦੀ ਨਜ਼ਰ ਆਵੇਗੀ। ਫਿਲਮ ਦਾ ਨਿਰਦੇਸ਼ਨ ਹੈਰੀ ਭੱਟੀ ਵੱਲੋਂ ਕੀਤਾ ਗਿਆ ਹੈ, ਜਿਨ੍ਹਾਂ ਨੇ ਕਹਾਣੀ ਨੂੰ ਬੜੀ ਸੰਵੇਦਨਸ਼ੀਲਤਾ ਨਾਲ ਪੇਸ਼ ਕਰਨ ਦੀ ਕੋਸ਼ਿਸ਼ ਕੀਤੀ ਹੈ। ਫਿਲਮ ਦੇ ਨਿਰਮਾਤਾ ਮਨਪ੍ਰੀਤ ਸਿੰਘ ਜੌਹਲ ਹਨ ਤੇ ਕਹਾਣੀ ਨੂੰ ਲਿਖਿਆ ਹੈ ਜੱਸ ਗਰੇਵਾਲ ਨੇ, ਜੋ ਆਪਣੇ ਲਿਖਣ ਦੇ ਅੰਦਾਜ਼ ਲਈ ਜਾਣੇ ਜਾਂਦੇ ਹਨ। ਗੁਰਦਾਸ ਮਾਨ, ਤਰਸੇਮ ਜੱਸੜ, ਕੁਲਬੀਰ ਝਿੰਜਰ, ਸ਼ੈਰੀ ਮਾਨ, ਨਿਮਰਤ ਖਹਿਰਾ, ਮੰਨਤ ਨੂਰ, ਜੋਤਿਕਾ ਟਾਂਗਰੀ, ਨੂਰ ਚਾਹਲ ਤੇ ਜਸਲੀਨ ਕੌਰ ਨੇ ਫਿਲਮ ਦੇ ਗੀਤਾਂ ਨੂੰ ਆਪਣੀਆਂ ਸੁਰੀਲੀਆਂ ਆਵਾਜ਼ਾਂ ਨਾਲ ਸਜਾਇਆ ਹੈ। ਉਮੀਦ ਕੀਤੀ ਜਾ ਰਹੀ ਹੈ ਕਿ 'ਰੱਬ ਦਾ ਰੇਡੀਓ 3' ਵੀ ਲੜੀ ਦੀਆਂ ਪਹਿਲਿਆਂ 2 ਫਿਲਮਾਂ ਦੀ ਤਰ੍ਹਾਂ ਦਰਸ਼ਕਾਂ ਦੇ ਦਿਲਾਂ 'ਚ ਆਪਣੀ ਖਾਸ ਥਾਂ ਬਣਾਵੇਗੀ। ਫਿਲਮ 3 ਅਪ੍ਰੈਲ ਨੂੰ ਵੱਡੇ ਪੱਧਰ ਤੇ ਰਿਲੀਜ਼ ਹੋਵੇਗੀ।

### ਭਾਰਤ 'ਚ ਫੜੇ ਯੂਕ੍ਰੇਨੀ ਨਾਗਰਿਕਾਂ ਦੇ ਮਾਮਲੇ 'ਚ ਨਵਾਂ ਮੋੜ

## ਯੂਕ੍ਰੇਨ ਨੇ ਰੂਸ 'ਤੇ ਲਗਾਏ ਗੰਭੀਰ ਇਲਜ਼ਾਮ

ਨਵੀਂ ਦਿੱਲੀ, 27 ਮਾਰਚ (ਚ.ਨ.ਸ): ਭਾਰਤ ਦੀ ਰਾਸ਼ਟਰੀ ਜਾਂਚ ਏਜੰਸੀ ਵੱਲੋਂ ਪਿਛਲੇ ਦਿਨੀਂ ਗ੍ਰਿਫ਼ਤਾਰ ਕੀਤੇ ਗਏ ਛੇ ਯੂਕ੍ਰੇਨੀ ਨਾਗਰਿਕਾਂ ਤੇ ਇੱਕ ਅਮਰੀਕੀ ਨਾਗਰਿਕ ਦਾ ਮਾਮਲਾ ਹੁਣ ਇੱਕ ਵੱਡੇ ਕੂਟਨੀਤਕ ਵਿਵਾਦ ਦਾ ਰੂਪ ਧਾਰਨ ਕਰ ਗਿਆ ਹੈ। ਨਵੀਂ ਦਿੱਲੀ ਸਥਿਤ ਯੂਕ੍ਰੇਨ ਦੇ ਦੂਤਾਵਾਸ ਨੇ ਇਸ ਪੂਰੇ ਘਟਨਾਕ੍ਰਮ ਨੂੰ ਰੂਸ ਦੀ ਇੱਕ ਡੂੰਘੀ ਸਾਜ਼ਿਸ਼ ਤੇ ਗੁੰਮਰਾਹਕੁੰਨ ਪ੍ਰਚਾਰ ਕਰਾਰ ਦਿੱਤਾ ਹੈ। ਯੂਕਰੇਨ ਦਾ ਦਾਅਵਾ ਹੈ ਕਿ ਰੂਸੀ ਖ਼ੁਫ਼ੀਆ ਏਜੰਸੀਆਂ ਨੇ ਭਾਰਤੀ ਜਾਂਚ ਏਜੰਸੀਆਂ ਨੂੰ ਗਲਤ ਜਾਣਕਾਰੀ ਦੇ ਕੇ ਯੂਕ੍ਰੇਨ ਦੇ ਅਕਸ ਨੂੰ ਵਿਸ਼ਵ ਪੱਧਰ 'ਤੇ ਖਰਾਬ ਕਰਨ ਦੀ ਕੋਸ਼ਿਸ਼ ਕੀਤੀ ਹੈ। ਜ਼ਿਕਰਯੋਗ ਹੈ ਕਿ 13 ਮਾਰਚ 2026 ਨੂੰ ਐਨ.ਆਈ.ਏ. ਨੇ ਦਿੱਲੀ, ਲਖਨਊ ਤੇ ਕੋਲਕਾਤਾ ਦੇ ਹਵਾਈ ਅੱਡਿਆਂ ਤੋਂ ਸੱਤ ਵਿਦੇਸ਼ੀ ਨਾਗਰਿਕਾਂ ਨੂੰ ਹਿਰਾਸਤ ਵਿੱਚ ਲਿਆ ਸੀ। ਇਨ੍ਹਾਂ 'ਤੇ ਦੋਸ਼ ਹੈ ਕਿ ਇਹ ਮਿਜ਼ੋਰਮ ਦੇ ਰਸਤੇ ਗੈਰ-ਕਾਨੂੰਨੀ ਤਰੀਕੇ ਨਾਲ ਮਿਆਂਮਾਰ ਵਿੱਚ ਦਾਖਲ ਹੋਏ ਸਨ ਤੇ ਉਥੇ ਬਾਗੀ ਗੁੱਟਾਂ ਨੂੰ ਡਰੋਨ ਚਲਾਉਣ ਤੇ ਹਥਿਆਰਾਂ ਦੀ ਸਿਖਲਾਈ ਦੇ ਰਹੇ ਸਨ। ਇਨ੍ਹਾਂ ਮੁਲਜ਼ਮਾਂ ਦੀ ਪਛਾਣ ਮੈਥਿਊ ਆਰੋਨ ਵੈਨ ਡਾਇਕ (ਅਮਰੀਕੀ) ਤੇ ਹੁਰਬਾ ਪੈਟਰੋ, ਸਲਵੀਆਕ ਤਾਰਾਸ ਸਣੇ ਛੇ ਯੂਕ੍ਰੇਨੀ ਨਾਗਰਿਕਾਂ ਵਜੋਂ ਹੋਈ ਸੀ। ਜਾਂਚ ਏਜੰਸੀਆਂ ਦਾ ਕਹਿਣਾ ਸੀ ਕਿ ਇਹ ਲੋਕ ਭਾਰਤ ਦੀ ਅੰਦਰੂਨੀ ਸੁਰੱਖਿਆ ਲਈ ਖਤਰਾ ਪੈਦਾ ਕਰ ਸਕਦੇ ਹਨ ਤੇ ਇਨ੍ਹਾਂ ਦੇ ਸਬੰਧ ਭਾਰਤ ਵਿਰੋਧੀ ਅੱਤਵਾਦੀ ਜਥੇਬੰਦੀਆਂ ਨਾਲ ਹੋ ਸਕਦੇ ਹਨ।ਹੁਣ ਇਸ ਮਾਮਲੇ 'ਤੇ ਪ੍ਰਤੀਕਿਰਿਆ ਦਿੰਦਿਆਂ ਯੂਕ੍ਰੇਨ ਦੇ ਦੂਤਾਵਾਸ ਨੇ ਇੱਕ ਅਧਿਕਾਰਤ ਬਿਆਨ ਜਾਰੀ ਕਰਕੇ ਕਿਹਾ ਕਿ ਰੂਸ ਦਾ ਵਿਦੇਸ਼ ਮੰਤਰਾਲਾ ਅਸਲ ਵਿੱਚ ਪ੍ਰਚਾਰ ਮੰਤਰਾਲੇ ਵਜੋਂ ਕੰਮ ਕਰ ਰਿਹਾ ਹੈ। ਯੂਕ੍ਰੇਨ ਅਨੁਸਾਰ ਰੂਸੀ ਖ਼ੁਫ਼ੀਆ ਸੰਸਥਾ ਐਫ.ਐਸ.ਬੀ. ਨੇ ਮਨਘੜਤ ਤੱਥ ਤਿਆਰ ਕਰਕੇ ਭਾਰਤੀ ਅਧਿਕਾਰੀਆਂ ਨੂੰ ਸੌਂਪੇ ਸਨ ਤਾਂ ਜੋ ਯੂਕ੍ਰੇਨੀ ਨਾਗਰਿਕਾਂ ਨੂੰ ਅੱਤਵਾਦੀ ਵਜੋਂ ਪੇਸ਼ ਕੀਤਾ ਜਾ ਸਕੇ। ਦੂਤਾਵਾਸ ਨੇ ਸਵਾਲ ਉਠਾਇਆ ਹੈ ਕਿ ਜਾਂਚ ਮੁਕੰਮਲ ਹੋਣ ਤੋਂ ਪਹਿਲਾਂ ਹੀ ਰੂਸੀ ਅਧਿਕਾਰੀਆਂ ਨੇ ਇਨ੍ਹਾਂ ਨਾਗਰਿਕਾਂ ਨੂੰ ਦੋਸ਼ੀ ਕਿਵੇਂ ਐਲਾਨ ਦਿੱਤਾ। ਯੂਕ੍ਰੇਨ ਨੇ ਸਾਫ ਕੀਤਾ ਕਿ ਉਹ ਕਿਸੇ ਵੀ ਤਰ੍ਹਾਂ ਦੀਆਂ ਅੱਤਵਾਦੀ ਗਤੀਵਿਧੀਆਂ ਦਾ ਸਮਰਥਨ ਨਹੀਂ ਕਰਦਾ ਤੇ ਉਹ ਖੁਦ ਰੂਸੀ ਅੱਤਵਾਦ ਦਾ ਸ਼ਿਕਾਰ ਹੈ।



## ਪ੍ਰਸ਼ਾਸਨ ਦੀ ਮੁਸਤੈਦੀ ਨੇ ਰੁਕਵਾਏ ਦੋ ਬਾਲ ਵਿਆਹ, 15 ਤੇ 16 ਸਾਲਾ ਨਾਬਾਲਿਗ ਕੁੜੀਆਂ ਨੂੰ ਕਰਵਾਇਆ ਮੁਕਤ

ਜੀਂਦ/ਰੋਹਤਕ, 27 ਮਾਰਚ (ਚ.ਨ.ਸ): ਹਰਿਆਣਾ ਦੇ ਜੀਂਦ ਜ਼ਿਲ੍ਹੇ ਵਿੱਚ ਪ੍ਰਸ਼ਾਸਨ ਤੇ ਸਮਾਜ ਸੇਵੀ ਸੰਸਥਾਵਾਂ ਦੀ ਚੌਕਸੀ ਸਦਕਾ ਪਿਛਲੇ 24 ਘੰਟਿਆਂ ਦੌਰਾਨ ਦੋ ਵੱਖ-ਵੱਖ ਥਾਵਾਂ 'ਤੇ ਹੋਣ ਜਾ ਰਹੇ ਬਾਲ ਵਿਆਹਾਂ ਨੂੰ ਸਫਲਤਾਪੂਰਵਕ ਰੋਕ ਦਿੱਤਾ ਗਿਆ। ਜੀਂਦ ਬਾਲ ਭਲਾਈ ਕਮੇਟੀ, ਪੁਲਿਸ ਵਿਭਾਗ ਤੇ ਗੈਰ-ਸਰਕਾਰੀ ਸੰਸਥਾ ਮਿਸ਼ਨ ਟੂ ਦ ਡੈਸਪਰੇਟ ਐਂਡ ਡੈਸਟੀਚਿਊਟ ਦੀ ਸਾਂਝੀ ਟੀਮ ਨੇ ਸਮੇਂ ਸਿਰ ਦਖ਼ਲ ਦੇ ਕੇ ਦੋ ਨਾਬਾਲਿਗ ਕੁੜੀਆਂ ਦੀ ਜ਼ਿੰਦਗੀ ਖਰਾਬ ਹੋਣ ਤੋਂ ਬਚਾਅ ਲਈ। ਇਨ੍ਹਾਂ ਮਾਮਲਿਆਂ ਵਿੱਚ ਇੱਕ ਲੜਕੀ ਦੀ ਉਮਰ ਮਹਿਜ਼ 15 ਸਾਲ ਤੇ ਦੂਜੀ ਦੀ ਉਮਰ ਸਾਢੇ 16 ਸਾਲ ਦੱਸੀ ਜਾ ਰਹੀ ਹੈ। ਪਹਿਲੀ ਘਟਨਾ ਜੀਂਦ ਦੇ ਨਰਵਾਣਾ ਇਲਾਕੇ ਦੀ ਹੈ, ਜਿੱਥੇ 15 ਸਾਲਾ ਨਾਬਾਲਿਗ ਲੜਕੀ ਦਾ ਵਿਆਹ ਜ਼ਬਰਦਸਤੀ ਇੱਕ 20 ਸਾਲਾ ਨੌਜਵਾਨ ਨਾਲ ਕੀਤਾ ਜਾ ਰਿਹਾ ਸੀ। ਜਾਣਕਾਰੀ ਅਨੁਸਾਰ ਇਸ ਵਿਆਹ ਸਬੰਧੀ ਲੜਕੀ ਦੇ ਚਾਚੇ ਨੇ ਰਾਸ਼ਟਰੀ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਨੂੰ ਸ਼ਿਕਾਇਤ ਭੇਜੀ ਸੀ। ਸ਼ਿਕਾਇਤ ਵਿੱਚ ਦੋਸ਼ ਲਗਾਇਆ ਗਿਆ ਸੀ ਕਿ ਲੜਕੀ ਦੇ ਪਿਤਾ ਨੇ ਵਿਆਹ ਕਰਵਾਉਣ ਬਦਲੇ ਲੜਕੇ ਵਾਲਿਆਂ ਤੋਂ 1.5 ਲੱਖ ਰੁਪਏ ਲਏ ਸਨ। ਜਾਂਚ ਦੌਰਾਨ ਪਤਾ ਲੱਗਾ ਕਿ ਲੜਕੀ ਛੇਵੀਂ ਜਮਾਤ ਦੀ ਡਰਾਪ-ਆਊਟ ਹੈ। ਪੀੜਤ ਕੁੜੀ ਨੇ ਆਪਣੇ ਮਾਪਿਆਂ ਕੋਲ ਵਾਪਸ ਜਾਣ ਤੋਂ ਇਨਕਾਰ ਕਰ ਦਿੱਤਾ, ਜਿਸ ਤੋਂ ਬਾਅਦ ਉਸ ਨੂੰ ਸੁਰੱਖਿਅਤ ਬਾਲ ਸੰਭਾਲ ਸੰਸਥਾ ਵਿੱਚ ਭੇਜ



ਦਿੱਤਾ ਗਿਆ ਹੈ।ਦੂਜੇ ਮਾਮਲੇ ਵਿੱਚ ਜੀਂਦ ਦੇ ਇੱਕ ਪਿੰਡ ਵਿੱਚ ਸਾਢੇ 16 ਸਾਲਾ ਲੜਕੀ ਦਾ ਵਿਆਹ ਫਤਿਹਾਬਾਦ ਦੇ ਪਿੰਡ ਕਰੰਡੀ ਤੋਂ ਆਏ ਇੱਕ 25 ਸਾਲਾ ਨੌਜਵਾਨ ਨਾਲ ਹੋ ਰਿਹਾ ਸੀ। ਜਦੋਂ ਸੰਯੁਕਤ ਟੀਮ ਮੌਕੇ 'ਤੇ ਪਹੁੰਚੀ ਤਾਂ ਵਿਆਹ ਦੀਆਂ ਰਸਮਾਂ ਚੱਲ ਰਹੀਆਂ ਸਨ ਤੇ ਬਾਰਾਤ ਵਿੱਚ 100 ਤੋਂ ਵੱਧ ਮਹਿਮਾਨ ਮੌਜੂਦ ਸਨ। ਅਧਿਕਾਰੀਆਂ ਨੇ ਤੁਰੰਤ ਦਸਤਾਵੇਜ਼ਾਂ ਦੀ ਜਾਂਚ ਕੀਤੀ, ਜਿਸ ਵਿੱਚ ਲੜਕੀ ਨਾਬਾਲਗ ਪਾਈ ਗਈ। ਮੌਕੇ 'ਤੇ ਮੌਜੂਦ ਲੜਕੀ ਦੇ ਪਰਿਵਾਰਕ ਮੈਂਬਰਾਂ ਨੇ ਪਹਿਲਾਂ ਅਣਜਾਣਤਾ ਪ੍ਰਗਟਾਈ, ਪਰ ਬਾਅਦ ਵਿੱਚ ਉਨ੍ਹਾਂ ਨੇ ਲਿਖਤੀ ਹਲਫਨਾਮਾ ਦਿੱਤਾ ਕਿ ਉਹ ਲੜਕੀ ਦੇ 18 ਸਾਲ ਪੂਰੇ ਹੋਣ ਤੱਕ ਉਸ ਦਾ ਵਿਆਹ ਨਹੀਂ ਕਰਨਗੇ।

## ਮਾਨ ਸਰਕਾਰ ਦੀ ਸਫਲ ਖੇਡ ਕ੍ਰਾਂਤੀ ਕਾਰਨ ਪੰਜਾਬ ਨੂੰ ਪਹਿਲੀ ਵਾਰ ਕੌਮਾਂਤਰੀ ਹਾਕੀ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਮਿਲੀ: ਧਾਲੀਵਾਲ



ਅਜਨਾਲਾ, 27 ਮਾਰਚ (ਸੁਖਦੇਵ ਸਿੰਘ ਖ਼ਾਲਸਾ): ਆਮ ਆਦਮੀ ਪਾਰਟੀ ਦੇ ਸੂਬਾਈ ਮੁੱਖ ਬੁਲਾਰੇ ਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਸ਼ਾਨਦਾਰ ਚਾਰ ਸਾਲ, ਭਗਵੰਤ ਮਾਨ ਦੇ ਨਾਲ ਤਹਿਤ ਪੰਜਾਬ ਸਰਕਾਰ ਦੀਆਂ ਖੇਡ ਵਿਭਾਗ ਦੀਆਂ ਅਹਿਮ ਪ੍ਰਾਪਤੀਆਂ ਦਾ ਰਿਪੋਰਟ ਕਾਰਡ ਜਾਰੀ ਕਰਦਿਆਂ ਕਿਹਾ ਕਿ ਸੂਬਾ ਭਗਵੰਤ ਮਾਨ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਮੁਕਤ ਰੱਖਣ ਲਈ ਲਾਗੂ ਕੀਤੀ ਗਈ ਖੇਡ ਕ੍ਰਾਂਤੀ ਦਾ ਹੀ ਇਤਿਹਾਸਕ ਦਾ ਨਤੀਜਾ ਹੈ ਕਿ ਰਵਾਇਤੀ ਤੇ ਵਿਰਾਸਤੀ ਸੱਭਿਆਚਾਰਕ ਖੇਡ ਹਾਕੀ ਨਾਲ ਪੰਜਾਬ ਦੀ ਜਵਾਨੀ ਨਾਲ ਜੋੜਨ ਦੇ ਚੁੱਕੇ ਗਏ ਉਸਾਰੂ ਕਦਮਾਂ ਵਜੋਂ ਪੰਜਾਬ ਨੂੰ ਪਹਿਲੀ ਵਾਰ ਕੌਮਾਂਤਰੀ ਹਾਕੀ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਦਾ ਮੌਕਾ ਪ੍ਰਾਪਤ ਹੋਇਆ ਹੈ ਤੇ ਇਹ ਕੌਮਾਂਤਰੀ ਪੱਧਰੀ ਹਾਕੀ ਚੈਂਪੀਅਨਸ਼ਿਪ ਮੋਹਾਲੀ ਦੇ ਸਟੇਡੀਅਮ ਵਿਖੇ ਇਸੇ ਵਰ੍ਹੇ ਅਕਤੂਬਰ ਮਹੀਨੇ ਦੇ ਅਖੀਰਲੇ ਹਫ਼ਤੇ ਤੋਂ ਨਵੰਬਰ ਮਹੀਨੇ ਦੇ ਪਹਿਲੇ ਹਫ਼ਤੇ 'ਚ ਹੋਵੇਗੀ, ਜਦੋਂਕਿ ਕਰੀਬ ਅੱਧੀ ਸਦੀ ਬਾਅਦ ਪੰਜਾਬ ਦੇ ਅਧਿਆਏ 'ਚ ਸੂਬਾ ਭਗਵੰਤ ਮਾਨ ਸਰਕਾਰ ਦੀਆਂ ਸਿਰਫ ਚਾਰ ਸਾਲ ਦੀਆਂ ਖੇਡ ਮੱਲਾਂ 'ਚ ਸੁਨਹਿਰੀ ਪੰਨਾ ਦਰਜ ਹੋਣ ਜਾ ਰਿਹਾ ਹੈ, ਜਿਸ ਅਨੁਸਾਰ ਪੰਜਾਬ ਨੂੰ ਬੈਡਮਿੰਟਨ ਅੰਡਰ-13 ਰਾਸ਼ਟਰੀ ਚੈਂਪੀਅਨਸ਼ਿਪ ਦੀ ਵੱਕਾਰੀ ਜ਼ਿੰਮੇਵਾਰੀ ਮਿਲੀ ਤੇ ਇਹ ਰਾਸ਼ਟਰੀ ਬੈਡਮਿੰਟਨ ਅੰਡਰ-13 ਚੈਂਪੀਅਨਸ਼ਿਪ ਜਲੰਧਰ ਵਿਖੇ ਦਸੰਬਰ ਮਹੀਨੇ ਦੇ ਦੂਸਰੇ ਹਫਤੇ ਕਰਵਾਈ ਜਾਵੇਗੀ।ਸ੍. ਧਾਲੀਵਾਲ ਅੱਜ ਵਿਧਾਨ ਸਭਾ ਹਲਕਾ ਅਜਨਾਲਾ ਦੇ ਕੌਮਾਂਤਰੀ ਸਰਹੱਦੀ ਤੇ ਰਾਵੀ ਦਰਿਆ ਪਾਸ ਰਮਦਾਸ ਖੇਤਰ ਦੇ ਪਿੰਡਾਂ ਸਿੰਘੋਕੇ, ਗਗੜ, ਘੁੰਮਰਾਏ, ਰੂੜੇਵਾਲ, ਧੰਗਾਈ ਤੇ ਦਰਿਆ ਮੂਸਾ ਪਿੰਡਾਂ 'ਚ ਸ਼ਾਨਦਾਰ ਚਾਰ ਸਾਲ, ਭਗਵੰਤ ਮਾਨ ਦੇ ਨਾਲ ਜਨ ਸੰਪਰਕ ਮੁਹਿੰਮ ਤਹਿਤ ਪੇਂਡੂ ਲੋਕਾਂ ਨਾਲ ਸਿੱਧਾ ਸੰਵਾਦ ਰਚਾਉਣ ਮੌਕੇ ਪ੍ਰਭਾਵਸ਼ਾਲੀ ਜਨਤਕ ਮੀਟਿੰਗਾਂ ਨੂੰ ਸੰਬੋਧਨ ਕਰ ਰਹੇ ਸਨ।ਪੰਜਾਬ 'ਚ ਖੇਡ ਸਭਿਆਚਾਰ ਨੂੰ ਸਿਖਰਾਂ ਵੱਲ ਪਹੁੰਚਾਉਣ ਵਾਲਾ ਪੰਜਾਬ ਦੇਸ਼ ਦਾ ਇੱਕੋ ਇਕ ਅਜਿਹਾ ਪਹਿਲਾ ਸੂਬਾ ਹੈ, ਜਿਸਨੇ ਆਪਣੇ ਚਾਲੂ ਵਿੱਤੀ ਵਰ੍ਹੇ ਦੇ ਬਜਟ 'ਚ ਖੇਡਾਂ ਲਈ 1791 ਕਰੋੜ ਰੁਪਏ ਰਾਖਵੇਂ ਰੱਖੇ ਹਨ। 3100 ਨਵੇਂ ਖੇਡ ਸਟੇਡੀਅਮ ਉਸਾਰਨ ਦੀ ਪ੍ਰਕਿਰਿਆ ਜਾਰੀ ਕਰ ਦਿੱਤੀ ਹੈ।

## ਰੂਸ-ਯੂਕ੍ਰੇਨ ਜੰਗ ਦੀ ਭੇਟ ਚੜ੍ਹਿਆ ਹਰਿਆਣਾ ਦਾ ਇੱਕ ਹੋਰ ਗੱਭਰੂ

☛ਕਰਨਾਲ ਦੇ ਅਨੁਜ ਸ਼ਰਮਾ ਦੀ ਮੌਤ ਤੋਂ ਬਾਅਦ ਪਿੰਡ 'ਚ ਪਸਰਿਆ ਮਾਤਮ

ਕਰਨਾਲ/ਘਰੌਂਡਾ, 27 ਮਾਰਚ (ਚ.ਨ.ਸ): ਰੂਸ ਤੇ ਯੂਕ੍ਰੇਨ ਵਿਚਾਲੇ ਚੱਲ ਰਹੀ ਭਿਆਨਕ ਜੰਗ ਨੇ ਭਾਰਤੀ ਮਾਪਿਆਂ ਦੇ ਇੱਕ ਹੋਰ ਸੁਪਨੇ ਨੂੰ ਚਕਨਾਚੂਰ ਕਰ ਦਿੱਤਾ ਹੈ। ਹਰਿਆਣਾ ਦੇ ਕਰਨਾਲ ਜ਼ਿਲ੍ਹੇ ਦੇ ਪਿੰਡ ਚੌਰਾ (ਘਰੌਂਡਾ) ਦੇ ਰਹਿਣ ਵਾਲੇ 21 ਸਾਲਾ ਨੌਜਵਾਨ ਅਨੁਜ ਸ਼ਰਮਾ ਦੀ ਰੂਸੀ ਫੌਜ ਵੱਲੋਂ ਜੰਗ ਲੜਦਿਆਂ ਮੌਤ ਹੋ ਗਈ ਹੈ। ਬੀਤੇ ਦਿਨ ਜਿਵੇਂ ਹੀ ਅਨੁਜ ਦੀ ਮ੍ਰਿਤਕ ਦੇਹ ਉਸ ਦੇ ਜੱਦੀ ਪਿੰਡ ਪਹੁੰਚੀ ਤਾਂ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਹੰਝੂਆਂ ਭਰੀਆਂ ਅੱਖਾਂ ਨਾਲ ਅਨੁਜ ਦਾ ਅੰਤਿਮ ਸਸਕਾਰ ਕਰ ਦਿੱਤਾ ਗਿਆ, ਜਿੱਥੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਉਸ ਨੂੰ ਅੰਤਿਮ ਵਿਦਾਈ ਦਿੱਤੀ। ਪਰਿਵਾਰ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਅਨੁਜ ਸ਼ਰਮਾ ਸੁਨਹਿਰੀ ਭਵਿੱਖ ਦੀ ਭਾਲ ਵਿੱਚ ਕਰੀਬ 10 ਮਹੀਨੇ ਪਹਿਲਾਂ 21 ਮਈ, 2025 ਨੂੰ ਸਟੱਡੀ ਵੀਜ਼ੇ 'ਤੇ ਰੂਸ ਗਿਆ ਸੀ। ਅਨੁਜ ਦੇ ਪਿਤਾ ਵਿਨੋਦ ਸ਼ਰਮਾ, ਜੋ ਕਿ ਪੇਸ਼ੇ ਤੋਂ ਮਜ਼ਦੂਰ ਹਨ, ਨੇ ਦੱਸਿਆ ਕਿ ਉਨ੍ਹਾਂ ਨੇ ਕਰਜ਼ਾ ਚੁੱਕ ਕੇ ਆਪਣੇ ਪੁੱਤ ਨੂੰ ਵਿਦੇਸ਼ ਭੇਜਿਆ ਸੀ ਤਾਂ ਜੋ ਉਹ ਪੜ੍ਹਾਈ ਕਰਕੇ ਪਰਿਵਾਰ ਦੀ ਗਰੀਬੀ ਦੂਰ ਕਰ ਸਕੇ। ਪਰ ਉਥੇ ਪਹੁੰਚਣ ਤੋਂ ਬਾਅਦ ਏਜੰਟਾਂ ਨੇ ਉਸ ਨੂੰ ਗੁੰਮਰਾਹ ਕੀਤਾ ਤੇ ਕਥਿਤ ਤੌਰ 'ਤੇ ਜ਼ਬਰਦਸਤੀ ਰੂਸੀ ਫੌਜ ਵਿੱਚ ਭਰਤੀ ਕਰਵਾ ਦਿੱਤਾ ਗਿਆ। ਪਰਿਵਾਰ ਦਾ ਦੋਸ਼ ਹੈ ਕਿ ਅਨੁਜ ਨੂੰ ਜੰਗ ਦੇ ਮੈਦਾਨ ਵਿੱਚ ਧੱਕ ਦਿੱਤਾ ਗਿਆ, ਜਿੱਥੇ ਗੋਲੀ ਲੱਗਣ ਕਾਰਨ ਉਸ ਦੀ ਜਾਨ ਚਲੀ ਗਈ। ਅਨੁਜ ਦੇ ਭਰਾ ਅਰਜੁਨ ਨੇ ਦੱਸਿਆ ਕਿ ਅਨੁਜ ਨਾਲ ਉਨ੍ਹਾਂ ਦੀ ਆਖਰੀ ਗੱਲਬਾਤ 14 ਅਕਤੂਬਰ, 2025 ਨੂੰ ਹੋਈ ਸੀ। ਉਸ ਤੋਂ ਬਾਅਦ ਉਸ ਦਾ ਫੋਨ ਲਗਾਤਾਰ ਬੰਦ ਆ ਰਿਹਾ ਸੀ। ਪਰਿਵਾਰ ਕਾਫੀ ਸਮੇਂ ਤੋਂ ਚਿੰਤਤ ਸੀ ਤੇ ਸਰਕਾਰ ਤੋਂ ਮਦਦ ਦੀ ਗੁਹਾਰ ਲਗਾ ਰਿਹਾ ਸੀ। ਬੀਤੇ ਦਿਨੀਂ ਰੂਸੀ ਅਧਿਕਾਰੀਆਂ ਵੱਲੋਂ ਪਰਿਵਾਰ ਨੂੰ ਈਮੇਲ ਰਾਹੀਂ ਸੂਚਨਾ ਮਿਲੀ ਕਿ ਅਨੁਜ ਜੰਗ ਦੌਰਾਨ ਸ਼ਹੀਦ ਹੋ ਗਿਆ ਹੈ।ਇਸ ਦੁਖਦਾਈ ਘਟਨਾ ਨੇ ਇੱਕ ਵਾਰ ਫਿਰ ਉਨ੍ਹਾਂ ਭਾਰਤੀ ਨੌਜਵਾਨਾਂ ਦੀ ਸੁਰੱਖਿਆ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ ਜੋ ਰੂਸੀ ਫੌਜ ਵਿੱਚ ਫਸੇ ਹੋਏ ਹਨ।ਪਿੰਡ ਵਾਸੀਆਂ ਤੇ ਪੀੜਤ ਪਰਿਵਾਰ ਨੇ ਕੇਂਦਰ ਸਰਕਾਰ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਰੂਸ ਵਿੱਚ ਫਸੇ ਹੋਏ ਹੋਰ ਭਾਰਤੀ ਨੌਜਵਾਨਾਂ ਨੂੰ ਜਲਦ ਤੋਂ ਜਲਦ ਸੁਰੱਖਿਅਤ ਵਾਪਸ ਲਿਆਂਦਾ ਜਾਵੇ।



## ਅਵਾਰਾ ਕੁੱਤਿਆਂ ਦਾ ਖ਼ਤਰਾ ਹੁਣ ਨਾ ਸਿਰਫ਼ ਮਨੁੱਖਾਂ ਲਈ ਸਗੋਂ ਜਾਨਵਰਾਂ ਲਈ ਵੀ ਘਾਤਕ

☛ਅਵਾਰਾ ਕੁੱਤੇ ਦੇ ਵੱਢਣ ਮਗਰੋਂ ਗਾਂ ਨੇ ਕਈ ਲੋਕਾਂ ਨੂੰ ਵੱਢਿਆ

ਫਾਜ਼ਿਲਕਾ, 27 ਮਾਰਚ (ਚ.ਨ.ਸ): ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਕੇਰਾਖੇੜਾ ਵਿਖੇ ਅਵਾਰਾ ਕੁੱਤਿਆਂ ਦਾ ਖ਼ਤਰਾ ਹੁਣ ਨਾ ਸਿਰਫ਼ ਮਨੁੱਖਾਂ ਲਈ ਸਗੋਂ ਜਾਨਵਰਾਂ ਲਈ ਵੀ ਘਾਤਕ ਸਾਬਤ ਹੋ ਰਿਹਾ ਹੈ। ਕੇਰਾਖੇੜਾ ਪਿੰਡ ਵਿੱਚ ਇੱਕ ਅਵਾਰਾ ਗਾਂ ਨੇ ਅੱਧਾ ਦਰਜਨ ਦੇ ਕਰੀਬ ਲੋਕਾਂ ਨੂੰ ਵੱਢ ਲਿਆ, ਜਿਸ ਨਾਲ ਉਹ ਜ਼ਖ਼ਮੀ ਹੋ ਗਏ।ਹਸਪਤਾਲ ਵਿੱਚ ਕੁੱਤਿਆਂ ਦੇ ਕੱਟਣ ਦੇ ਦਰਜਨਾਂ ਮਾਮਲੇ ਵੀ ਸਾਹਮਣੇ ਆਏ ਹਨ। ਕੇਰਾਖੇੜਾ ਦੀ ਪੁਸ਼ਪਾ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਉਸਦੀ ਪਾਲਤੂ ਗਾਂ ਨੂੰ ਇੱਕ ਅਵਾਰਾ ਕੁੱਤੇ ਨੇ ਵੱਢ ਲਿਆ ਸੀ। ਅੱਜ ਜਦੋਂ ਉਹ ਘਰ ਬੈਠੇ ਸਨ ਤਾਂ ਗਾਂ ਅਚਾਨਕ ਆਪਣੇ ਵਾੜੇ ਤੋਂ ਭੱਜ ਗਈ ਤੇ ਘਰ ਵਿੱਚ ਮੌਜੂਦ ਬਲਰਾਮ, ਬੰਟੀ, ਰੂਪਚੰਦ ਤੇ ਅੰਗਰੇਜ ਨੂੰ ਵੱਢ ਲਿਆ। ਉਨ੍ਹਾਂ ਨੇ ਬਹੁਤ ਮੁਸ਼ਕਿਲ ਨਾਲ ਇਸਨੂੰ ਕਾਬੂ ਕੀਤਾ ਤੇ ਬੰਨ੍ਹ ਦਿੱਤਾ ਤੇ ਇਲਾਜ ਲਈ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਇਸ ਦੌਰਾਨ ਹਸਪਤਾਲ ਦੀ ਡਾ. ਸ਼ਿਲਪਾ ਨੇ ਦੱਸਿਆ ਕਿ ਹਸਪਤਾਲ ਵਿੱਚ ਗਾਂ ਦੇ ਕੱਟਣ ਦੇ ਲਗਭਗ ਅੱਧਾ ਦਰਜਨ ਮਾਮਲੇ ਸਾਹਮਣੇ ਆਏ ਹਨ। ਪੀੜਤਾਂ ਨੂੰ ਰੇਬੀਜ਼ ਦੇ ਫੈਲਣ ਤੋਂ ਰੋਕਣ ਲਈ ਐਂਟੀ-ਰੇਬੀਜ਼ ਟੀਕੇ ਲਗਾਏ ਗਏ ਹਨ। ਉਨ੍ਹਾਂ ਨੂੰ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ ਹੈ।ਡਾ. ਸ਼ਿਲਪਾ ਨੇ ਦੱਸਿਆ ਕਿ ਹਸਪਤਾਲ ਵਿੱਚ ਕੁੱਤਿਆਂ ਦੇ ਕੱਟਣ ਦੇ ਕਈ ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚ ਇੱਕ ਮਾਸੂਮ ਬੱਚਾ ਵੀ ਸ਼ਾਮਲ ਹੈ। ਇਨ੍ਹੀਂ ਦਿਨੀਂ ਕੁੱਤਿਆਂ ਦੇ ਕੱਟਣ ਦੀ ਗਿਣਤੀ ਲਗਾਤਾਰ ਵੱਧ ਰਹੀ ਹੈ।ਪ੍ਰੇਮ ਨਗਰ ਦੀ ਮਾਇਆ ਦੇਵੀ, ਦਿਆਲ ਨਗਰੀ ਦੇ ਪ੍ਰੇਮ ਕੁਮਾਰ, ਗੁਰੂ ਕ੍ਰਿਪਾ ਕਲੋਨੀ ਦੇ ਕਰਨ, ਕੰਧਵਾਲਾ ਰੋਡ ਦੇ ਦਿਆਲ ਤੇ ਜਸਲੀਨ, ਜੋਹੜੀ ਮੰਦਰ ਦੇ ਨੇੜੇ ਛਿੰਦਰ ਕੌਰ, ਕਿੱਲਿਆਂਵਾਲੀ ਦੇ ਕੁਲਜੀਤ, ਨਿਹਾਲਖੇੜਾ ਦੇ ਪਰਮਜੀਤ ਤੇ ਕਿੱਲਿਆਂਵਾਲੀ ਦੇ 4 ਸਾਲਾ ਲੜਕੇ ਜਸ਼ਨ ਨੂੰ ਅਵਾਰਾ ਕੁੱਤਿਆਂ ਨੇ ਬੁਰੀ ਤਰ੍ਹਾਂ ਕੱਟਣ ਤੋਂ ਬਾਅਦ ਹਸਪਤਾਲ ਵਿੱਚ ਦਾਖਲ ਕਰਵਾਇਆ ਹੈ।

## ਡੀਐਸਪੀ ਦੀ ਅਗਵਾਈ ਹੇਠ ਕੱਟੇ ਚਲਾਨ



ਬੁਲ੍ਹੋਵਾਲ, 27 ਮਾਰਚ (ਕਮਲਜੀਤ): ਐਸਐਸਪੀ ਹੁਸ਼ਿਆਰਪੁਰ ਸੰਦੀਪ ਮਲਿਕ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਮਾਜ 'ਚ ਮਾੜੇ ਅਨਸਰਾਂ ਨੂੰ ਠੱਲ ਪਾਉਣ ਲਈ ਤੇ ਸ਼ਹਿਰ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਹੁਸ਼ਿਆਰਪੁਰ ਦਸੂਹਾ ਮੁੱਖ ਸੜਕ 'ਤੇ ਸਥਿੱਤ ਕਸਬਾ ਹਰਿਆਣਾ ਵਿਖੇ ਡੀਐਸਪੀ ਨਰਿੰਦਰ ਸਿੰਘ ਤੇ ਐਸਐਚਓ ਕਿਰਨ ਸਿੰਘ ਦੀ ਅਗਵਾਈ ਹੇਠ ਸਿਵਲ ਹਸਪਤਾਲ ਦੇ ਸਾਹਮਣੇ (ਸਿਟੀ ਸੀਲਿੰਗ ਨਾਕਾ) ਲਗਾਇਆ ਗਿਆ, ਜਿਸਦੇ ਦੌਰਾਨ ਆਉਣ ਜਾਣ ਵਾਲੀਆਂ ਗੱਡੀਆਂ ਦੀ ਚੈਕਿੰਗ ਕੀਤੀ ਗਈ।ਇਸ ਦੌਰਾਨ ਬਿਨਾਂ ਨੰਬਰ ਪਲੇਟਾਂ ਤੇ ਹੋਰ ਕਮੀਆਂ ਵਾਲੇ ਮੋਟਰਸਾਈਕਲਾਂ ਤੇ ਕਾਰਾਂ ਦੇ ਤੇ ਗ਼ਲਤ ਸਾਈਡ ਲੱਗੀਆਂ ਗੱਡੀਆਂ ਦੇ 8 ਚਲਾਨ ਵੀ ਕੱਟੇ ਗਏ ਤੇ ਇਸੇ ਤਰ੍ਹਾਂ ਬੁਲ੍ਹੋਵਾਲ ਵਿਖੇ ਵੀ ਵਿਸ਼ੇਸ਼ ਨਾਕਾ ਲਗਾ ਕੇ 10 ਚਲਾਨ ਕੱਟੇ ਗਏ ਜਿਸ ਵਿੱਚ ਦਿਹਾਤੀ ਦੇ ਕੁਲ 18 ਚਲਾਨ ਕੱਟੇ ਗਏ। ਇਸ ਮੌਕੇ 'ਤੇ ਡੀਐਸਪੀ ਨਰਿੰਦਰ ਸਿੰਘ ਤੇ ਪੁਲਿਸ ਅਧਿਕਾਰੀਆਂ ਵੱਲੋਂ ਵਾਹਨ ਚਾਲਕਾਂ ਨੂੰ ਆਵਾਜਾਈ ਦੇ ਨਿਯਮਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਗਈਅਤੇ ਉਨ੍ਹਾਂ ਨੂੰ ਜਾਗਰੂਕ ਕੀਤਾ ਗਿਆ ਕਿ ਵਾਹਨ ਦੇ ਜ਼ਰੂਰੀ ਦਸਤਾਵੇਜ਼ ਪੂਰੇ ਰੱਖੇ ਜਾਣ ਤਾਂ ਜੋ ਉਹ ਵਿਭਾਗ ਵੱਲੋਂ ਜ਼ਰੂਰੀ ਹਿਦਾਇਤਾਂ ਨੂੰ ਪੂਰਾ ਕਰ ਸਕਣ। ਉਨ੍ਹਾਂ ਦੋ-ਪਹੀਆ ਵਾਹਨ ਚਾਲਕਾਂ ਨੂੰ ਹੈਲਮਟ ਦੀ ਵਰਤੋਂ ਕਰਨ ਲਈ ਵੀ ਜਾਗਰੂਕ ਕੀਤਾ। ਇਸ ਮੌਕੇ ਏਐਸਆਈ ਅਨਿਲ ਕੁਮਾਰ, ਏਐਸਆਈ ਗੁਰਚਰਨ ਸਿੰਘ, ਦਵਿੰਦਰ ਸਿੰਘ, ਪਰਮਜੀਤ ਸਿੰਘ, ਕਾਂਸਟੇਬਲ ਨਵਜੋਤ ਸਿੰਘ, ਹਰਪ੍ਰੀਤ ਸਿੰਘ ਨਾਕੇ 'ਤੇ ਮੌਜੂਦ ਰਹੇ।

## ਰਾਮ ਨੌਮੀ ਮੌਕੇ 108 ਕੁੰਡੀਯ ਸ੍ਰੀ ਰਾਮ ਰਕਸ਼ਾ ਮਹਾਂਯੱਗ ਕਰਵਾਇਆ

ਫਤਹਿਗੜ੍ਹ ਚੂੜੀਆਂ, 27 ਮਾਰਚ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਵਿੱਚ ਸ੍ਰੀ ਰਾਧਾ ਕ੍ਰਿਸ਼ਨਾ ਡਰਾਮਾਟਿਕ ਕਲੱਬ ਵੱਲੋਂ ਰਾਮ ਨੌਮੀ ਦੇ ਪਵਿੱਤਰ ਤਿਉਹਾਰ ਮੌਕੇ 108 ਕੁੰਡੀਯ ਸ੍ਰੀ ਰਾਮ ਰਕਸ਼ਾ ਮਹਾਂਯੱਗ ਫਤਹਿਗੜ੍ਹ ਚੂੜੀਆਂ ਦੀ ਦੁਸਹਿਰਾ ਗਰਾਊਂਡ ਵਿਖੇ ਕਰਵਾਏ ਗਏ, ਜਿਸ ਵਿੱਚ 108 ਵਿਆਹੇ ਜੋੜਿਆਂ ਵੱਲੋਂ ਵੱਖਰੇ-ਵੱਖਰੇ ਕੁੰਡ 'ਤੇ ਬੈਠ ਕੇ ਹਵਨ ਮਹਾਂਯੱਗ ਕੀਤੇ ਗਏ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਕਲੱਬ ਦੇ ਸੰਸਥਾਪਕ ਹਰੀਸ਼ ਅਰੋੜਾ ਨੇ ਕਿਹਾ ਕਿ ਪ੍ਰੋਗਰਾਮ ਤੋਂ ਪਹਿਲਾਂ ਸਾਰੇ ਕਲੱਬ ਦੇ ਮੈਂਬਰਾਂ ਨੇ ਘਰ-ਘਰ ਜਾ ਕੇ 108 ਜੋੜਿਆਂ ਦਾ ਰਾਮ-ਰਾਮ ਪ੍ਰਚਾਰ ਕਰਦੇ ਹੋਏ ਸੰਕਲਪ ਕਰਵਾਇਆ ਸੀ, ਜਿਸ ਤੋਂ ਬਾਅਦ 108 ਕੁੰਡ ਤਿਆਰ ਕਰਵਾਏ ਗਏ ਤੇ ਮੌਕੇ 'ਤੇ ਮੁਫ਼ਤ ਸਮੱਗਰੀ, ਦੇਸੀ ਘਿਓ ਤੇ ਹਵਨ ਦਾ ਸੰਪੂਰਨ ਸਮਾਨ ਲੋਕਾਂ ਨੂੰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਆਮ ਲੋਕਾਂ ਨੇ ਬੜੀ ਸ਼ਰਧਾ ਤੇ ਭਾਵਨਾ ਨਾਲ ਇਸ ਯੱਗ ਨੂੰ ਸੰਪੂਰਨ ਕਰਕੇ ਪ੍ਰਭੂ ਸ੍ਰੀ ਰਾਮ ਜੀ ਦੇ ਪ੍ਰਗਟ ਉਤਸਵ ਦਾ ਜਸ਼ਨ ਮਨਾਇਆ ਹੈ। ਹਰੀਸ਼ ਅਰੋੜਾ ਨੇ ਕਿਹਾ ਕਿ ਨਗਰ ਦਾ ਹਰ ਵਿਅਕਤੀ ਪ੍ਰਭੂ ਸ੍ਰੀ ਰਾਮ ਜੀ ਦੇ ਰੰਗ ਵਿੱਚ ਰੰਗਿਆ ਨਜ਼ਰ ਆ ਰਿਹਾ ਸੀ ਤੇ ਜਦੋਂ 11 ਬ੍ਰਾਹਮਣਾ ਦੁਆਰਾ ਵੇਦ ਮੰਤਰਾਂ ਦਾ ਉਚਾਰਨ ਕੀਤਾ ਜਾ ਰਿਹਾ ਸੀ ਤਾਂ ਨਗਰ ਦਾ ਨਜ਼ਾਰਾ ਇਸ ਤਰ੍ਹਾਂ ਲੱਗ ਰਿਹਾ ਸੀ ਕਿ ਜਿਵੇਂ ਪੂਰੀ ਨਗਰੀ ਅਯੁੱਧਿਆ ਦਾ ਰੂਪ ਧਾਰਨ ਕਰ ਗਈ ਸੀ।ਇਸ ਮੌਕੇ ਰਾਜੀਵ ਸ਼ਰਮਾ ਇੰਪਰੂਵਮੈਂਟ ਟਰੱਸਟ ਚੇਅਰਮੈਨ, ਗੋਪਾਲ ਗਊਸ਼ਾਲਾ ਦੇ ਪ੍ਰਧਾਨ ਪਵਨ ਚੌਹਾਨ ਤੇ ਉਪ-ਪ੍ਰਧਾਨ ਰਿੱਕੀ ਭਾਰਦਵਾਜ, ਮਾਰਕੀਟ ਕਮੇਟੀ ਚੇਅਰਮੈਨ ਰਾਜੀਵ ਸ਼ਰਮਾ, ਡੀਐਸਪੀ ਰਜੇਸ਼ ਕੱਕੜ, ਐਸਐਚਓ ਸੁਰਿੰਦਰ ਪਾਲ ਸਿੰਘ, ਨਗੇਸ਼ ਬਾਵਾ, ਰਜੇਸ਼ ਸੂਰੀ, ਅਮਨ ਰੱਤੜਾ, ਰਕੇਸ਼ ਪੈਪਸੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਫਤਹਿਗੜ੍ਹ ਚੂੜੀਆਂ ਦੇ ਪਰਿਵਾਰਾਂ ਨੇ ਇਸ ਮਹਾਂ ਯੱਗ ਹਵਨ ਵਿੱਚ ਹਿੱਸਾ ਲਿਆ। ਆਖਿਰ ਵਿੱਚ ਚੇਅਰਮੈਨ ਰਾਜੀਵ ਸ਼ਰਮਾ ਨੇ ਦੇਸ਼ਾਂ-ਵਿਦੇਸ਼ਾਂ ਵਿੱਚ ਵੱਸਦੇ ਲੋਕਾਂ ਨੂੰ ਸ੍ਰੀ ਰਾਮ ਨੌਮੀ ਦੇ ਪਾਵਨ ਅਵਸਰ ਵਿੱਚ ਵਧਾਈ ਦਿੱਤੀ ਤੇ ਕਲੱਬ ਦੇ ਸਮੂਹ ਮੈਂਬਰਾਂ ਨੇ ਇਸ ਪ੍ਰੋਗਰਾਮ ਦੀ ਸਫ਼ਲਤਾ ਵਾਸਤੇ ਜੋ ਅਣਥੱਕ ਮਿਹਨਤ ਕੀਤੀ ਉਸ ਲਈ ਵੀ ਉਨ੍ਹਾਂ ਨੇ ਵਧਾਈ ਦਿੱਤੀ। ਇਸ ਹਵਨ ਯੱਗ ਵਿੱਚ ਪੰਜਾਬ ਪੁਲਿਸ ਵੱਲੋਂ ਪੂਰੀ ਮੁਸਤੈਦੀ ਨਾਲ ਡਿਊਟੀ ਨਿਭਾਈ।



## ਚਾਰ ਸਾਲ ਭਗਵੰਤ ਮਾਨ ਦੇ ਨਾਲ 'ਸੰਵਾਦ' ਮੁਹਿੰਮ ਤਹਿਤ ਮੀਟਿੰਗ

ਡੇਰਾ ਬਾਬਾ ਨਾਨਕ, 27 ਮਾਰਚ (ਹੈਪੀ ਕੋਟਲੀ): ਚਾਰ ਸਾਲ ਭਗਵੰਤ ਮਾਨ ਦੇ ਨਾਲ ਸੰਵਾਦ ਮੁਹਿੰਮ ਤਹਿਤ ਅੱਜ ਹਲਕਾ ਡੇਰਾ ਬਾਬਾ ਨਾਨਕ ਤੋਂ ਆਪ ਆਦਮੀ ਪਾਰਟੀ ਦੇ ਸੀਨੀਅਰ ਸੂਝਵਾਨ ਤੇ ਪੜ੍ਹੇ ਲਿਖੇ ਆਗੂ ਪਲਵਿੰਦਰ ਸਿੰਘ ਬਾਜਵਾ ਤੇ ਮਾਰਕੀਟ ਕਮੇਟੀ ਕਲਾਨੌਰ ਦੇ ਚੇਅਰਮੈਨ ਰਣਜੇਤ ਸਿੰਘ ਬਾਠ ਵੱਲੋਂ ਸਾਂਝੇ ਤੌਰ 'ਤੇ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਬਸੰਤਕੋਟ 'ਚ ਸਰਪੰਚ ਸੁਲੱਖਣ ਸਿੰਘ ਦੇ ਗ੍ਰਹਿ ਵਿਖੇ ਪਿੰਡ ਵਾਸੀਆਂ ਤੇ ਆਪ ਵਲੰਟੀਅਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ ਪਲਵਿੰਦਰ ਸਿੰਘ ਬਾਜਵਾ ਤੇ ਚੇਅਰਮੈਨ ਬਾਠ ਵੱਲੋਂ ਇੱਕਤਰ ਹੋਏ ਆਮ ਲੋਕਾਂ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਚਾਰ ਸਾਲ ਕਾਰਗੁਜ਼ਾਰੀ ਤੋਂ ਜਾਣੂੰ ਕਰਵਾਇਆ ਗਿਆ।ਉਨ੍ਹਾਂ ਕਿਹਾ ਕਿ ਪਿਛਲੀਆ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਦੇ ਲੀਡਰ ਆਮ ਲੋਕਾਂ ਨੂੰ ਸਿਰਫ ਵੋਟਾਂ ਪਾਉਣ ਤੱਕ ਹੀ ਸੀਮਿਤ ਰੱਖਦੇ ਸਨ। ਉਲਟਾ 2022 ਦੀਆਂ ਚੋਣਾਂ ਬਾਅਦ ਪੰਜਾਬ 'ਚ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਆਮ ਘਰਾਂ ਦੇ ਨੌਜਵਾਨ ਨੂੰ ਵੱਡੀਆਂ ਜ਼ਿੰਮੇਵਾਰੀਆਂ ਦਿੱਤੀਆਂ ਗਈਆਂ ਇੱਥੋਂ ਤੱਕ ਜ਼ਿਆਦਾ ਵਿਧਾਇਕ ਵੀ ਆਮ ਘਰਾਂ ਦੇ ਨੌਜਵਾਨ ਬਣੇ ਹਨ। ਇਸਦੇ ਨਾਲ ਹੀ ਪਲਵਿੰਦਰ ਬਾਜਵਾ ਤੇ ਰਣਜੇਤ ਬਾਠ ਨੇ ਕਿਹਾ ਕਿ ਆਮ ਆਦਮੀ ਪਾਰਟੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਤੇ ਪੰਜਾਬ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਚੋਣਾਂ ਆਮ ਲੋਕਾਂ ਨਾਲ ਕੀਤੇ ਗਏ ਚੋਣ ਵਾਅਦੇ ਤੇ ਗਰੰਟੀਆਂ ਪੂਰੀਆਂ ਕੀਤੀਆਂ ਹਨ। ਇਸ ਮੌਕੇ ਪਲਵਿੰਦਰ ਬਾਜਵਾ ਤੇ ਚੇਅਰਮੈਨ ਬਾਠ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ 2027 ਦੀਆਂ ਚੋਣਾਂ 'ਚ ਫਿਰ ਆਮ ਆਦਮੀ ਪਾਰਟੀ ਦਾ ਸਾਥ ਦਿੱਤਾ ਜਾਵੇ। ਉਸਦੇ ਤਹਿਤ ਹੀ 18 ਸਾਲ ਤੋਂ ਉਪਰ ਦੀਆਂ ਮਹਿਲਾਵਾਂ ਨੂੰ 1000 ਪ੍ਰਤੀ ਮਹੀਨਾ ਦੇਣ ਦੀ ਗਰੰਟੀ ਲਾਗੂ ਕੀਤੀ ਗਈ ਹੈ। ਇਸ ਮੌਕੇ ਬਲਰਾਜ ਸਿੰਘ ਸਰਪੰਚ ਖਹਿਰਾ ਸੁਲਤਾਨ, ਰਵਿੰਦਰ ਬੰਮਰਾ ਸੰਗਤੂਵਾਲ ਤੇ ਹੋਰ ਇਲਾਕੇ ਦੇ ਪੰਚ ਸਰਪੰਚ ਤੇ ਆਮ ਆਦਮੀ ਪਾਰਟੀ ਦੇ ਵਲੰਟੀਅਰ ਹਾਜ਼ਰ ਸਨ।



## 'ਆਪ' ਵੱਲੋਂ ਸਕੀਮਾਂ ਨੂੰ ਘਰ-ਘਰ ਪਹੁੰਚਾਇਆ ਜਾ ਰਿਹੈ: ਪ੍ਰਧਾਨ ਚਤਰ ਸਿੰਘ/ਬਲਜੀਤ ਸਿੰਘ ਬੱਲੀ



ਸ੍ਰੀ ਹਰਿਗੋਬਿੰਦਪੁਰ, 27 ਮਾਰਚ (ਸੁੱਖ ਅੰਮ੍ਰਿਤ ਘੁਮਾਣ/ਡਾ. ਸਰਬਜੀਤ ਭਿੰਡਰ): ਆਮ ਆਦਮੀ ਪਾਰਟੀ ਵੱਲੋਂ ਲੋਕਾਂ ਨਾਲ ਸਿੱਧਾ ਸੰਪਰਕ ਬਣਾਉਣ ਤੇ ਸਰਕਾਰ ਦੀਆਂ ਉਪਲਬਧੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਖੋਖਰਵਾਲ 'ਚ ਇੱਕ ਵੱਡੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਦੌਰਾਨ ਪਾਰਟੀ ਆਗੂਆਂ ਨੇ ਲੋਕਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਤੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਲੋਕ-ਭਲਾਈ ਸਕੀਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਮੀਟਿੰਗ ਵਿੱਚ ਬੀ.ਸੀ. ਵਿੰਗ ਦੇ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਤੋਂ ਪ੍ਰਧਾਨ ਚਤਰ ਸਿੰਘ ਔਲਖ ਤੇ ਸੀਨੀਅਰ ਆਗੂ ਬਲਜੀਤ ਸਿੰਘ ਬੱਲੀ ਖ਼ਾਸ ਤੌਰ 'ਤੇ ਮੌਜੂਦ ਰਹੇ। ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਆਮ ਆਦਮੀ ਪਾਰਟੀ ਨੇ ਹਮੇਸ਼ਾ ਉਹੀ ਕੀਤਾ ਹੈ ਜੋ ਲੋਕਾਂ ਨਾਲ ਵਾਅਦਾ ਕੀਤਾ ਸੀ।ਉਨ੍ਹਾਂ ਦੱਸਿਆ ਕਿ ਸਿੱਖਿਆ, ਸਿਹਤ, ਬਿਜਲੀ ਤੇ ਪਾਣੀ ਵਰਗੇ ਮੁੱਖ ਖੇਤਰਾਂ ਵਿੱਚ ਸਰਕਾਰ ਨੇ ਇਤਿਹਾਸਕ ਕਦਮ ਚੁੱਕੇ ਹਨ, ਜਿਸ ਨਾਲ ਆਮ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ। ਇਸ ਮੌਕੇ 'ਤੇ ਬੋਲਦੇ ਹੋਏ ਆਗੂਆਂ ਨੇ ਕਿਹਾ ਕਿ ਪਾਰਟੀ ਦਾ ਮੁੱਖ ਲਕਸ਼ ਸਾਫ਼-ਸੁਥਰੀ ਤੇ ਇਮਾਨਦਾਰ ਸਰਕਾਰ ਦੇਣਾ ਹੈ, ਜੋ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਕੰਮ ਕਰੇ।ਇਸ ਮੌਕੇ ਗੁਰਪਵਨਦੀਪ ਸਿੰਘ ਸਰਪੰਚ ਖੋਖਰਵਾਲ, ਹਰਜਿੰਦਰ ਸਿੰਘ ਯਾਦਪੁਰ ਸੰਗਠਨ ਇੰਚਾਰਜ, ਸਰਪੰਚ ਸੁਰਜੀਤ ਸਿੰਘ ਔਲਖ ਕਲਾਂ, ਸਰਪੰਚ ਗੁਰਜੀਤ ਸਿੰਘ ਔਲਖ ਬੇਟ, ਸਰਪੰਚ ਲਾਭ ਸਿੰਘ ਕਠਾਣਾ, ਮੰਗਲ ਸਿੰਘ ਸੇਠ ਪੰਚ, ਪ੍ਰੇਮ ਸਿੰਘ ਪੰਚ, ਅਵਤਾਰ ਸਿੰਘ ਯੂਥ ਪ੍ਰਧਾਨ, ਹਰਮਨਜੀਤ ਸਿੰਘ ਯੂਥ ਪ੍ਰਧਾਨ ਤੇ ਸਾਰੀ ਔਲਖ ਹਾਜ਼ਰ ਸਨ।

## ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦਾ ਸ਼ਹੀਦੀ ਦਿਹਾੜਾ ਮਨਾਇਆ



ਕਾਦੀਆਂ, 27 ਮਾਰਚ (ਸੰਧੂ/ਤਾਰੀ): ਆਲ ਇੰਡੀਆ ਫਰੀਡਮ ਫਾਈਟਰ ਫੈਮਲੀ ਐਸੋਸੀਏਸ਼ਨ ਗੁਰਦਾਸਪੁਰ ਤੇ ਪਠਾਨਕੋਟ ਵੱਲੋਂ ਸ਼ਹੀਦੇ ਆਜ਼ਮ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦਾ 95ਵਾਂ ਸ਼ਹੀਦੀ ਦਿਵਸ ਸੰਸਥਾ ਦੇ ਪ੍ਰਧਾਨ ਬਖਤਾਵਰ ਸਿੰਘ ਲਾਧੂਪੁਰ ਤੇ ਜਨਰਲ ਸਕੱਤਰ ਪ੍ਰਿੰਸੀਪਲ ਸੁਲੱਖਣ ਸਿੰਘ ਗੁਰਾਇਆ ਦੀ ਰਹਿਨੁਮਾਈ ਹੇਠ ਰੰਧਾਵਾ ਪੈਲਸ ਬਟਾਲਾ ਵਿਖੇ ਮਨਾਇਆ ਗਿਆ। ਇਸ ਪ੍ਰੋਗਰਾਮ ਵਿੱਚ ਫਰੀਡਮ ਫਾਈਟਰ ਪਰਿਵਾਰਾਂ ਤੋਂ ਇਲਾਵਾ ਕਿਸਾਨ ਸੰਘਰਸ਼ ਕਮੇਟੀ ਦੇ ਮੈਂਬਰ, ਸਮਾਜ ਸੇਵੀ ਸੰਸਥਾਵਾਂ, ਅਧਿਆਪਕ ਯੂਨੀਅਨ, ਖੇਤ ਤੇ ਭੱਠਾ ਮਜ਼ਦੂਰ ਯੂਨੀਅਨ, ਤਰਕਸ਼ੀਲ ਕਮੇਟੀ, ਲੋਕ ਚੇਤਨਾ ਮੰਚ, ਆੜ੍ਹਤੀ ਯੂਨੀਅਨ ਤੇ ਹੋਰ ਬਹੁਤ ਸਾਰੀਆਂ ਸੰਸਥਾਵਾਂ ਦੇ ਪ੍ਰਧਾਨ ਤੇ ਅਹੁਦੇਦਾਰ ਸ਼ਾਮਲ ਹੋਏ।ਇਸ ਪ੍ਰੋਗਰਾਮ ਦਾ ਕੁੰਜੀਵਤ ਲੇਖ ਪ੍ਰਿੰਸੀਪਲ ਬਲਵੰਤ ਸਿੰਘ ਮੱਲੀ ਵੱਲੋਂ ਲਿਖਿਆ ਤੇ ਪੜ੍ਹਿਆ ਗਿਆ। ਉਨ੍ਹਾਂ ਨੇ ਭਗਤ ਸਿੰਘ ਦੇ ਮੁੱਢਲੇ ਜੀਵਨ ਤੋਂ ਲੈ ਕੇ ਫਾਂਸੀ ਵਾਲੇ ਦਿਨ ਤੱਕ ਦਾ ਸਫਰ ਬਹੁਤ ਹੀ ਵਿਸਥਾਰ ਪੂਰਵਕ ਦੱਸਿਆ। ਉਨ੍ਹਾਂ ਦੇ ਭਾਸ਼ਣ ਵਿੱਚ ਭਗਤ ਸਿੰਘ ਦਾ ਇਨਕਲਾਬ ਪ੍ਰਤੀ ਫਲਸਫਾ, ਮਨੁੱਖਾ ਜੀਵਨ ਦੀ ਕਦਰ, ਦੇਸ਼ ਦਾ ਸਿਸਟਮ ਕਿਹੋ ਜਿਹਾ ਹੋਣਾ ਚਾਹੀਦਾ ਹੈ, ਨਾ ਮਿਲਵਰਤਨ ਲਹਿਰ ਤੇ ਕੇਂਦਰੀ ਘਟਨਾ ਭਗਤ ਸਿੰਘ ਦੇ ਕੋਟ ਟਰਾਇਲ, ਮਹਾਤਮਾ ਗਾਂਧੀ ਦਾ ਭਗਤ ਸਿੰਘ ਪ੍ਰਤੀ ਵਿਹਾਰ, ਨੌਜਵਾਨ ਲਹਿਰ, ਅਸੈਂਬਲੀ ਬੰਬ ਕਾਂਡ, ਜੇਲ੍ਹ ਭੁੱਖ ਹੜਤਾਲ ਤੇ ਇਹ ਕਹਿਣਾ ਕਿ ਸਾਨੂੰ ਫਾਂਸੀ ਨਹੀਂ ਗੋਲੀ ਨਾਲ ਮਾਰੋ, ਭਗਤ ਸਿੰਘ ਦੀਆਂ ਆਪਣੇ ਪਰਿਵਾਰ ਨੂੰ ਲਿਖੀਆਂ ਚਿੱਠੀਆਂ ਤੇ ਹੋਰ ਹੱਥ ਲਿਖਤਾਂ ਤੇ ਅੰਤ ਵਿੱਚ ਲਾਹੌਰ ਦੇ ਸਾਧਮਾਨ ਚੌਕ ਤੇ ਫਾਂਸੀ ਵਾਲੇ ਦਿਨ ਦੇ ਵੇਰਵੇ ਸਰੋਤਿਆਂ ਨਾਲ ਸਾਂਝੇ ਕੀਤੇ।ਇਸ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਹੈਡ ਮਾਸਟਰ ਗੁਰਲਾਲ ਸਿੰਘ ਬਾਜਵਾ, ਹੈਡ ਮਾਸਟਰ ਸੋਹਨ ਸਿੰਘ, ਸੰਤੋਖ ਸਿੰਘ ਰੰਧਾਵਾ ਐਸਡੀਓ, ਚੀਫ ਇੰਜੀਨੀਅਰ ਚਰਨ ਕਮਲ ਭਾਗੋਵਾਲੀਆ, ਲੱਕੀ ਰੰਧਾਵਾ, ਪ੍ਰਿੰਸੀਪਲ ਸੁਲੱਖਣ ਸਿੰਘ, ਪ੍ਰਿੰਸੀਪਲ ਲਖਵਿੰਦਰ ਸਿੰਘ, ਸੁਖਦੇਵ ਸਿੰਘ ਆਬਜ਼ਰਵਰ, ਯੁੱਧ ਵੀਰ ਗੁਰਦਾਸਪੁਰ, ਦੀਪ ਸਿੰਘ ਬਾਜਵਾ, ਕਮਾਂਡਟ ਸੁਖਦੇਵ ਸਿੰਘ ਬੁੱਟਰ ਹਾਜ਼ਰ ਸਨ।

## ਭਾਈ ਮਨਦੀਪ ਸਿੰਘ ਸਿੱਧੂ ਨੂੰ ਪਾਰਟੀ ਜਨਰਲ ਸਕੱਤਰ ਲੱਗਣ 'ਤੇ ਵਧਾਈ ਤੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ



ਬਟਾਲਾ, 27 ਮਾਰਚ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਹਲਕਾ ਬਟਾਲਾ ਦੀ ਇੰਚਾਰਜ ਗੁਰਪ੍ਰੀਤ ਸਿੰਘ ਦੇ ਗ੍ਰਹਿ ਵਿਖੇ ਅਕਾਲੀ ਦਲ ਵਾਰਸ ਪੰਜਾਬ ਦੇ ਵਰਕਰਾਂ ਦੀ ਮੀਟਿੰਗ ਹੋਈ, ਜਿਸ ਵਿੱਚ ਪਾਰਟੀ ਹਾਈ ਕਮਾਂਡ ਵੱਲੋਂ ਨਵੇਂ ਅਹੁਦੇ 'ਤੇ ਲਗਾਏ ਗਏ ਭਾਈ ਮਨਦੀਪ ਸਿੰਘ ਸਿੱਧੂ ਨੂੰ ਪਾਰਟੀ ਜਨਰਲ ਸਕੱਤਰ ਲੱਗਣ 'ਤੇ ਵਧਾਈ ਦਿੱਤੀ ਤੇ ਨਾਲ ਹੀ ਪਾਰਟੀ ਹਾਈ ਕਮਾਂਡ ਬਾਪੂ ਤਰਸੇਮ ਸਿੰਘ ਦਾ ਧੰਨਵਾਦ ਕੀਤਾ ਗਿਆ। ਗੁਰਪ੍ਰੀਤ ਸਿੰਘ ਨੇ ਕਿਹਾ ਕਿ ਇਸ ਨਿਯੁਕਤੀ ਨਾਲ ਪਾਰਟੀ ਮਜ਼ਬੂਤ ਹੋਵੇਗੀ। ਪਾਰਟੀ 2027 ਵਿੱਚ ਜਿੱਤ ਕੇ ਅੰਮ੍ਰਿਤ ਪਾਲ ਸਿੰਘ ਨੂੰ ਮੁੱਖ ਮੰਤਰੀ ਬਣਾਵੇਗੀ। ਇਸ ਸਮੇਂ ਉਨ੍ਹਾਂ ਨਾਲ ਮਲਕੀਤ ਸਿੰਘ ਪੰਨੂੰ, ਲਖਵਿੰਦਰ ਸਿੰਘ ਮਾਨ ਕੈਪਟਨ ਹਰਪਾਲ ਸਿੰਘ, ਸਵਰਨ ਸਿੰਘ ਕਲੇਰ, ਡਾ. ਜਸਵੰਤ ਸਿੰਘ, ਅਮਰਜੀਤ ਸਿੰਘ, ਗੁਰਵਿੰਦਰ ਸਿੰਘ, ਪ੍ਰਭਜੀਤ ਸਿੰਘ, ਅਵਤਾਰ ਸਿੰਘ, ਸੁਖਵਿੰਦਰ ਸਿੰਘ ਤੇ ਕਈ ਹੋਰ ਵਰਕਰ ਹਾਜ਼ਰ ਸਨ।

## ਐਚ.ਆਰ.ਏ. ਇੰਟਰਨੈਸ਼ਨਲ ਸਕੂਲ ਵਿਖੇ ਕਿੰਡਰਗਾਰਟਨ ਦੀ ਗ੍ਰੈਜੂਏਸ਼ਨ ਸੈਰਾਮਨੀ ਹੋਈ




ਗੁਰਦਾਸਪੁਰ, 27 ਮਾਰਚ (ਜਸਵਿੰਦਰ ਸਿੰਘ): ਪ੍ਰਿੰਸੀਪਲ ਸਤੀਸ਼ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਐਚ.ਆਰ.ਏ. ਇੰਟਰਨੈਸ਼ਨਲ ਸਕੂਲ ਗੁਰਦਾਸਪੁਰ ਵਿਖੇ ਕਿੰਡਰ ਗਾਰਟਨ ਦੀ ਗ੍ਰੈਜੂਏਸ਼ਨ ਸੈਰਾਮਨੀ ਹੋਈ। ਇਸ ਮੌਕੇ ਉਤੇ ਸਕੂਲ ਦੇ ਡਾਇਰੈਕਟਰ ਸੱਤਿਆ ਸੇਨ ਅਗਰਵਾਲ, ਆਂਚਲ ਅਗਰਵਾਲ ਤੇ ਪ੍ਰਿੰਸੀਪਲ ਸਤੀਸ਼ ਕੁਮਾਰ ਹਾਜ਼ਰ ਹੋਏ। ਪ੍ਰੋਗਰਾਮ ਦੀ ਸ਼ੁਰੂਆਤ ਜਯੋਤੀ ਜਗਾਉਣ ਦੇ ਉਪਰੰਤ ਹੋਈ। ਇਸ ਸੈਰਾਮਨੀ ਵਿੱਚ ਸਕੂਲ ਦੇ ਡਾਇਰੈਕਟਰ ਸੱਤਿਆ ਸੇਨ, ਆਂਚਲ ਅਗਰਵਾਲ ਤੇ ਪ੍ਰਿੰਸੀਪਲ ਸਤੀਸ਼ ਕੁਮਾਰ ਨੇ ਯੂ.ਕੇ. ਜੀ. ਕਲਾਸ ਦੇ ਵਿਦਿਆਰਥੀਆਂ ਨੂੰ ਜੂਨੀਅਰ ਕਲਾਸ ਦੀ ਡਿਗਰੀ ਦੇ ਕੇ ਉਨ੍ਹਾਂ ਨੂੰ ਅਗਲੀ ਕਲਾਸ ਵਿੱਚ ਜਾਣ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਤੇ ਉਨ੍ਹਾਂ ਦੇ ਵਧੀਆ ਭਵਿੱਖ ਦੀ ਕਾਮਨਾ ਵੀ ਕੀਤੀ। ਮੰਚ ਦਾ ਸੰਚਾਲਨ ਨੀਸ਼ਾ ਮਹਾਜਨ ਨੇ ਕੀਤਾ ਤੇ ਇਸ ਸੈਰਾਮਨੀ ਵਿੱਚ ਸਕੂਲ ਦੇ ਬੱਚਿਆਂ ਤੋਂ ਇਲਾਵਾ ਸਟਾਫ਼ ਮੈਂਬਰ ਮੌਜੂਦ ਸਨ।

## ਜਸਟਿਸ ਵਿਕਾਸ ਬਹਿਲ ਮਾਣਯੋਗ ਪੰਜਾਬ ਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਵੱਲੋਂ ਸੈਂਟਰਲ ਜੇਲ੍ਹ ਦਾ ਦੌਰਾ

ਗੁਰਦਾਸਪੁਰ, 27 ਮਾਰਚ (ਜਗੀਰ ਸਿੰਘ ਮੰਡ): ਮਾਣਯੋਗ ਜਸਟਿਸ ਵਿਕਾਸ ਬਹਿਲ, ਮਾਣਯੋਗ ਪੰਜਾਬ ਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ, ਪ੍ਰਬੰਧਕੀ ਜੱਜ, ਸੈਸ਼ਨ ਡਵੀਜ਼ਨ, ਗੁਰਦਾਸਪੁਰ ਵੱਲੋਂ ਸੈਂਟਰਲ ਜੇਲ੍ਹ, ਗੁਰਦਾਸਪੁਰ ਦਾ ਦੌਰਾ ਕੀਤਾ ਗਿਆ।ਇਸ ਮੌਕੇ ਦਿਲਬਾਗ ਸਿੰਘ ਜੌਹਲ, ਜ਼ਿਲ੍ਹਾ ਤੇ ਸੈਸ਼ਨ ਜੱਜ, ਗੁਰਦਾਸਪੁਰ, ਆਦਿੱਤਿਆ ਉਪਲ, ਡਿਪਟੀ ਕਮਿਸ਼ਨਰ, ਗੁਰਦਾਸਪੁਰ, ਆਦਿੱਤਿਆ, ਐਸ.ਐਸ.ਪੀ., ਗੁਰਦਾਸਪੁਰ, ਹਰਪ੍ਰੀਤ ਸਿੰਘ, ਸਿਵਲ ਜੱਜ (ਸ.ਡ.)/ਸੀ.ਜੇ.ਐਮ.-ਸਹਿਤ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾ ਅਥਾਰਟੀ, ਗੁਰਦਾਸਪਰ ਵੀ ਹਾਜ਼ਰ ਸਨ। ਮਾਣਯੋਗ ਜਸਟਿਸ ਵਿਕਾਸ ਬਹਿਲ, ਮਾਣਯੋਗ ਪੰਜਾਬ ਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਵੱਲੋਂ ਜੇਲ੍ਹ ਵਿੱਚ ਬੰਦ ਕੈਦੀਆਂ ਤੇ ਹਵਾਲਾਤੀਆਂ ਦੀਆਂ ਮੁਸ਼ਕਿਲਾਂ ਸੁਣੀਆਂ ਗਈਆਂ ਤੇ ਉਨ੍ਹਾਂ ਦੀਆਂ ਮੁਸ਼ਕਿਲਾਂ ਹੱਲ ਕਰਨ ਲਈ ਤੁਰੰਤ ਸਮਰੱਥ ਅਧਿਕਾਰੀਆਂ ਨੂੰ ਹੁਕਮ ਦਿੱਤੇ ਗਏ। ਮਾਣਯੋਗ ਮਿਸਟਰ ਜਸਟਿਸ ਵਿਕਾਸ ਬਹਿਲ ਵੱਲੋਂ ਸੈਂਟਰਲ ਜੇਲ੍ਹ, ਗੁਰਦਾਸਪੁਰ ਦੇ ਬੰਦੀਆਂ ਵੱਲੋਂ ਪੰਜਾਬ ਪਰੀਜ਼ਨ ਉਲੰਪਿਕ ਦੀਆਂ ਖੇਡਾਂ ਵਿੱਚੋਂ ਓਵਰਆਲ ਦੂਜਾ ਸਥਾਨ ਹਾਸਲ ਕਰਨ 'ਤੇ ਉਕਤ ਬੰਦੀਆਂ ਦੀ ਹੌਸਲਾ ਅਫਜ਼ਾਈ ਕੀਤੀ ਗਈ ਤੇ ਉਨ੍ਹਾਂ ਵੱਲੋਂ ਅੱਗੇ ਕਿਹਾ ਗਿਆ ਕਿ ਉਹ ਆਪਣੇ ਨਾਲ ਦੇ ਸਾਥੀਆਂ ਨੂੰ ਵੀ ਖੇਡਾਂ ਖੇਡਣ ਲਈ ਪ੍ਰੇਰਿਤ ਕਰਨ।ਇਸ ਮੌਕੇ ਜੇਲ੍ਹ ਸੁਪਰਡੈਂਟ ਮੁਖਤਿਆਰ ਰਾਏ ਤੇ ਡਿਪਟੀ ਜੇਲ੍ਹ ਸੁਪਰਡੈਂਟ ਅੰਮ੍ਰਿਤਪਾਲ ਹਾਜ਼ਰ ਸਨ।



## ਖ਼ਾਲਸਾ ਕਾਲਜ ਮਹਿਤਾ ਐਮ.ਏ. ਇਤਿਹਾਸ ਦਾ ਨਤੀਜਾ ਸ਼ਾਨਦਾਰ ਰਿਹਾ

ਚੌਂਕ ਮਹਿਤਾ, 27 ਮਾਰਚ (ਬਲਜਿੰਦਰ ਸਿੰਘ ਰੰਧਾਵਾ): ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂ ਵਾਲੇ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਖ਼ਾਲਸਾ ਕਾਲਜ ਮਹਿਤਾ ਦੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਐਮ.ਏ. ਤੀਜੇ ਸਮੈਸਟਰ ਦੇ ਨਤੀਜੇ 100% ਰਹੇ। ਜਿਸ ਵਿੱਚ ਸੰਦੀਪ ਕੌਰ, ਹਰਪ੍ਰੀਤ ਕੌਰ, ਨਵਨੀਤ ਕੌਰ ਨੇ ਪਹਿਲਾ, ਸ਼ਰਨਜੀਤ ਕੌਰ ਨੇ ਦੂਜਾ, ਮਨਦੀਪ ਕੌਰ, ਕਿਰਨਦੀਪ ਕੌਰ, ਮਨਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਲ ਕਰਕੇ ਆਪਣੇ ਮਾਪਿਆਂ ਤੇ ਕਾਲਜ ਦਾ ਮਾਣ ਵਧਾਇਆ। ਇਸ ਤੋਂ ਇਲਾਵਾ ਜਸ਼ਨਪ੍ਰੀਤ ਕੌਰ, ਪ੍ਰੇਮਜੀਤ ਸਿੰਘ ਤੇ ਯਾਦਵੀਰ ਕੌਰ ਨੇ ਵੀ ਵਧੀਆ ਅੰਕ ਪ੍ਰਾਪਤ ਕੀਤੇ। ਇਸ ਮੌਕੇ ਖੁਸ਼ੀ ਜ਼ਾਹਿਰ ਕਰਦੇ ਹੋਏ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਤੇ ਕਿਹਾ ਕਿ ਇਸ ਸਾਲ ਸਾਡੇ ਕਾਲਜ ਨੇ ਅਕਾਦਮਿਕ ਖੇਤਰ ਵਿੱਚ ਨਵੀਆਂ ਉਚਾਈਆਂ ਨੂੰ ਛੂਹਿਆ ਹੈ। ਇਹ ਨਤੀਜਾ ਇਥੇ ਸਾਡੀ ਟੀਮ ਵਰਕ, ਵਿਦਿਆਰਥੀਆਂ ਦੀ ਮਿਹਨਤ, ਅਧਿਆਪਕਾਂ ਵੱਲੋਂ ਸੱਚੇ ਨਿਭਾਏ ਗਏ ਫਰਜ਼ ਤੇ ਮਾਪਿਆਂ ਦੇ ਵਿਸ਼ਵਾਸ ਦਾ ਪਰਿਣਾਮ ਹੈ। ਉਨ੍ਹਾਂ ਨੇ ਵਿਦਿਆਰਥੀਆਂ ਦੇ ਉਜਵੱਲ ਭਵਿੱਖ ਦੀ ਕਾਮਨਾ ਕਰਦੇ ਹੋਏ ਕਿਹਾ ਕਿ ਸੰਸਥਾ ਹਮੇਸ਼ਾ ਇਸੇ ਯਤਨ ਵਿੱਚ ਰਹਿੰਦੀ ਹੈ ਕਿ ਵਿਦਿਆਰਥੀਆਂ ਨੂੰ ਅਜਿਹੀ ਵਿਦਿਅਕ ਸਿਖਲਾਈ ਦਿੱਤੀ ਜਾਵੇ, ਜਿਸ ਨਾਲ ਉਹ ਵਰਤਮਾਨ ਸਮੇਂ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਕਾਬਲ ਬਣ ਸਕਣ ਤੇ ਆਧੁਨਿਕ ਮੁਕਾਬਲੇ ਵਾਲੇ ਯੁੱਗ ਵਿੱਚ ਆਪਣੀ ਨਿਵੇਕਲੀ ਪਹਿਚਾਣ ਬਣਾ ਸਕਣ।ਉਨ੍ਹਾਂ ਨੇ ਕਾਲਜ ਦੇ ਮਿਹਨਤੀ ਤੇ ਕਾਬਲ ਅਧਿਆਪਕਾਂ ਦਾ ਧੰਨਵਾਦ ਕੀਤਾ। ਇਸ ਸੁਨਹਿਰੀ ਮੌਕੇ 'ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾਂ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਡਾ. ਜਤਿੰਦਰ ਸ਼ਰਮਾ, ਕੁਲਦੀਪ ਕੌਰ, ਸੁਖਦੇਵ ਸਿੰਘ, ਮਨਜੀਤ ਕੌਰ, ਗੁਰਵਿੰਦਰ ਕੌਰ, ਨਵਨੀਤ ਕੌਰ, ਸੰਦੀਪ ਕੌਰ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।



# ਡਰਾਈਵਿੰਗ ਸਿਖਲਾਈ ਲਈ ਸਕੂਲ ਖੋਲ੍ਹੇ ਜਾਣਗੇ: ਗਡਕਰੀ

## ☛ਇੱਕ ਕਰੋੜ ਲੋਕਾਂ ਨੂੰ ਰੁਜ਼ਗਾਰ ਮਿਲਣ ਦੀ ਸੰਭਾਵਨਾ ਜਤਾਈ



ਨਵੀਂ ਦਿੱਲੀ, 27 ਮਾਰਚ (ਚ.ਨ.ਸ): ਕੇਂਦਰੀ ਸੜਕ ਆਵਾਜਾਈ ਤੇ ਸ਼ਾਹਰਾਹ ਮੰਤਰੀ ਨਿਤਿਨ ਗਡਕਰੀ ਨੇ ਐਲਾਨ ਕੀਤਾ ਕਿ ਉਦਯੋਗ ਦੇ ਸਹਿਯੋਗ ਨਾਲ ਸਰਕਾਰ ਅਗਲੇ ਪੰਜ ਸਾਲਾਂ ਵਿੱਚ 120 ਜ਼ਿਲ੍ਹਿਆਂ ਤੇ 500 ਸਮਾਜਿਕ, ਆਰਥਿਕ ਤੇ ਸਿੱਖਿਆ ਪੱਖੋਂ ਪਛੜੇ ਬਲਾਕਾਂ ਵਿੱਚ ਡਰਾਈਵਰਾਂ ਨੂੰ ਸਿਖਲਾਈ ਦੇਣ ਲਈ ਸਕੂਲ ਖੋਲ੍ਹੇਗੀ। ਉਨ੍ਹਾਂ ਦਾਅਵਾ ਕੀਤਾ ਕਿ ਇਸ ਪਹਿਲ ਨਾਲ ਦੇਸ਼ ਵਿੱਚ ਇੱਕ ਕਰੋੜ ਲੋਕਾਂ ਨੂੰ ਰੁਜ਼ਗਾਰ ਮਿਲਣ ਦੀ ਉਮੀਦ ਹੈ। ਕੇਂਦਰੀ ਮੰਤਰੀ ਨੇ ਕੌਮੀ ਰਾਜਧਾਨੀ ਵਿੱਚ ਸੜਕ ਸੁਰੱਖਿਆ ਅਭਿਆਨ ਪ੍ਰੋਗਰਾਮ ’ਚ ਫਿਲਮ ਅਦਾਕਾਰ ਆਮਿਰ ਖ਼ਾਨ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਦੇਸ਼ ਵਿੱਚ 22 ਲੱਖ ਡਰਾਈਵਰਾਂ ਦੀ ਘਾਟ ਹੈ ਤੇ ਸਰਕਾਰ ਨੇ 200 ਡਰਾਈਵਿੰਗ ਸਕੂਲ ਖੋਲ੍ਹੇ ਹਨ। ਮੰਤਰੀ ਨੇ ਅਫ਼ਸੋਸ ਜਤਾਇਆ ਕਿ ਸੜਕ ਹਾਦਸਿਆਂ ਦੀ ਗਿਣਤੀ ਦੇ ਮਾਮਲੇ ਵਿੱਚ ਭਾਰਤ ਸੰਸਾਰ ’ਚ ਸਿਖਰ ’ਤੇ ਹੈ। ਦੇਸ਼ ਵਿੱਚ ਪ੍ਰਤੀ ਸਾਲ ਪੰਜ ਲੱਖ ਤੋਂ ਵੱਧ ਹਾਦਸੇ ਵਾਪਰਦੇ ਹਨ ਤੇ ਕਰੀਬ 1.8 ਲੱਖ ਲੋਕਾਂ ਦੀ ਮੌਤ ਹੁੰਦੀ ਹੈ।

# ਮੂਲ ਨਾਨਕਸ਼ਾਹੀ ਕੈਲੰਡਰ ਦੀ ਸਮੱਸਿਆ ਦੇ ਹੱਲ ਲਈ ਜਥੇਦਾਰਾਂ ਨੂੰ ਸੱਦਾ

## ☛ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੂੰ ਵੀ ਭੇਜਿਆ ਬੁਲਾਵਾ

ਕੋਟਕਪੂਰਾ, 27 ਮਾਰਚ (ਚ.ਨ.ਸ): ਮੂਲ ਨਾਨਕਸ਼ਾਹੀ ਕੈਲੰਡਰ ਦੇ ਕਤਲ ਤੋਂ ਬਾਅਦ ਤਖ਼ਤਾਂ ਦੇ ਜਥੇਦਾਰਾਂ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸਮੇਤ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਲਈ ਮੁਸ਼ਕਿਲਾਂ ਦਾ ਦੌਰ ਜਾਰੀ ਹੈ। ਅਕਾਲ ਤਖ਼ਤ ਸਾਹਿਬ ਤੋਂ ਪ੍ਰਵਾਨਿਤ ਸਾਲ 2003 ਵਿੱਚ ਪ੍ਰਵਾਸੀ ਭਾਰਤੀ ਪਾਲ ਸਿੰਘ ਪੁਰੇਵਾਲ ਦਾ ਮੂਲ ਨਾਨਕਸ਼ਾਹੀ ਕੈਲੰਡਰ ਲਾਗੂ ਕੀਤਾ ਗਿਆ, ਦੁਨੀਆਂ ਭਰ ਦੀਆਂ ਸਿੱਖ ਸੰਸਥਾਵਾਂ, ਪੰਥਕ ਜਥੇਬੰਦੀਆਂ ਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੇ ਸਾਰੇ ਇਤਿਹਾਸਕ ਦਿਹਾੜੇ ਤੇ ਗੁਰੂ ਸਾਹਿਬਾਨ ਦੇ ਗੁਰਪੁਰਬ ਮੂਲ ਨਾਨਕਸ਼ਾਹੀ ਕੈਲੰਡਰ ਮੁਤਾਬਿਕ ਮਨਾਉਣੇ ਸ਼ੁਰੂ ਕਰ ਦਿੱਤੇ ਪਰ ਅਚਾਨਕ ਸੱਤ ਸਾਲਾਂ ਬਾਅਦ ਅਰਥਾਤ 2010 ਵਿੱਚ ਪਾਲ ਸਿੰਘ ਪੁਰੇਵਾਲ ਜਾਂ ਕਿਸੇ ਹੋਰ ਵਿਦਵਾਨ ਨੂੰ ਵਿਸ਼ਵਾਸ ਵਿੱਚ ਲੈਣ ਤੋਂ ਬਿਨਾਂ ਹੀ ਮੂਲ ਨਾਨਕਸ਼ਾਹੀ ਕੈਲੰਡਰ ਦਾ ਕਤਲ ਕਰ ਦਿੱਤਾ ਗਿਆ। ਹੁਣ ਪੰਥ ਦੀਆਂ ਦੋ ਮਹਾਨ ਸ਼ਖ਼ਸੀਅਤਾਂ ਗਿਆਨੀ ਜਗਤਾਰ ਸਿੰਘ ਜਾਚਕ ਤੇ ਗਿਆਨੀ ਕੇਵਲ ਸਿੰਘ ਨੇ 19 ਅਪ੍ਰੈਲ ਸਵੇਰੇ 11:00 ਵਜੇ ਦਾ ਸੈਸ਼ਨ ਦਾ ਸਮਾਂ ਨਿਸ਼ਚਿਤ ਕਰਕੇ ਸਾਰੇ ਤਖ਼ਤਾਂ ਦੇ ਜਥੇਦਾਰਾਂ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸਮੇਤ ਬਾਬਾ ਹਰਨਾਮ ਸਿੰਘ ਧੁੰਮਾ, ਅਨੁਰਾਗ ਸਿੰਘ ਲੁਧਿਆਣਾ, ਕਰਨਲ ਸੁਰਜੀਤ ਸਿੰਘ ਨਿਸ਼ਾਨ, ਗੁਰਚਰਨ ਸਿੰਘ ਸੇਖੋਂ, ਗੁਰਚਰਨਜੀਤ ਸਿੰਘ ਲਾਂਬਾ, ਸਰਬਜੀਤ ਸਿੰਘ ਸੈਕਰਾਮੈਂਟੋ, ਕ੍ਰਿਪਾਲ ਸਿੰਘ ਬਠਿੰਡਾ, ਅਤਿੰਦਰਪਾਲ ਸਿੰਘ ਨੂੰ ਸੱਦਾ ਪੱਤਰ ਭੇਜੇ ਹਨ। ਸੱਦਾ ਪੱਤਰਾਂ ਰਾਹੀਂ ਉਨ੍ਹਾਂ ਦੱਸਿਆ ਕਿ ਪਿਛਲੇ ਦੋ ਦਹਾਕਿਆਂ ਤੋਂ ਕੈਲੰਡਰ ਵਿਸ਼ੇ ’ਤੇ ਜੋ ਬੇਲੋੜਾ ਵਾਦ ਵਿਵਾਦ ਚੱਲ ਰਿਹਾ ਹੈ, ਇਹ ਪੰਥਕ ਹਿੱਤਾਂ ਲਈ ਲਾਹੇਵੰਦ ਨਹੀਂ। ਇਸ ਸਾਲ ਜੇਠ ਨਾਮ ਦੇ ਦੋ ਮਹੀਨੇ ਆਉਣ ਨਾਲ ਸਿੱਖ ਕੌਮ ਦੀ ਪੁਜੀਸ਼ਨ ਹੋਰ ਵੀ ਹਾਸੋਹੀਣੀ ਬਣੀ ਹੋਈ ਹੈ। ਉਨ੍ਹਾਂ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਤੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਗੁਰਗੱਦੀ ਪੁਰਬ ਦੀ ਉਦਾਹਰਣ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ, ਤਖ਼ਤ ਪਟਨਾ ਸਾਹਿਬ, ਦਮਦਮੀ ਟਕਸਾਲ, ਗੁਰੂ ਨਾਨਕ ਮਿਸ਼ਨ ਨਿਊਜ਼ੀਲੈਂਡ ਤੇ ਕਰਨਲ ਸੁਰਜੀਤ ਸਿੰਘ ਨਿਸ਼ਾਨ ਵੱਲੋਂ ਬਣਾਈ 86 ਸਾਲਾ ਕੈਲੰਡਰ ਤੋਂ ਇਸ ਸਾਲ ਉਕਤ ਦਿਹਾੜੇ ਦੀਆਂ ਤਰੀਕਾਂ ਵੱਖ ਵੱਖਰੀਆਂ ਹਨ, ਜਿਸ ਨਾਲ ਸੰਗਤ ਵਿੱਚ ਦੁਬਿਧਾ ਪੈਦਾ ਹੋਣੀ ਸੁਭਾਵਿਕ ਹੈ। ਉਨ੍ਹਾਂ ਆਖਿਆ ਕਿ 6 ਵੈਸਾਖ, 19 ਅਪ੍ਰੈਲ ਦਿਨ ਐਤਵਾਰ ਗੁਰਦੁਆਰਾ ਅਨਾਮ ਸਿੱਖ ਸ਼ਹੀਦਾਂ ਢੀਂਠਲ (ਪਟਿਆਲਾ ਤੋਂ ਸਮਾਣਾ ਸੜਕ) ਵਿਖੇ ਸਵੇਰੇ 11:00 ਵਜੇ ਵਿਚਾਰ ਚਰਚਾ ਸ਼ੁਰੂ ਹੋਵੇਗੀ। ਕੈਲੰਡਰ ਦੇ ਹੱਕ ਤੇ ਵਿਰੋਧ ਵਾਲੀਆਂ ਦੋਨੋਂ ਧਿਰਾਂ ਦੇ 3-3 ਨੁਮਾਇੰਦੇ ਆਪੋ-ਆਪਣਾ ਸੰਖੇਪ ਭਾਸ਼ਣ ਦੇਣ ਤੋਂ ਬਾਅਦ ਦੂਜੀ ਧਿਰ ਤੇ ਸੰਗਤ ਵਿਚੋਂ ਆਏ ਸਵਾਲਾਂ ਦਾ ਜਵਾਬ ਦੇਣਗੇ। ਉਨ੍ਹਾਂ ਦੱਸਿਆ ਕਿ ਸਾਰਾ ਪ੍ਰੋਗਰਾਮ ਲਾਈਵ ਪ੍ਰਸਾਰਤ ਕੀਤਾ ਜਾਵੇਗਾ।

# ਹਰੀਕੇ ਝੀਲ ’ਚ ਪਾਣੀ ਵਾਲੀ ਬੱਸ ਦਾ ਪ੍ਰੋਜੈਕਟ ਧਿਆਨ ਨਾ ਦੇਣ ਕਾਰਨ ਹੋ ਰਿਹੈ ਮਿੱਟੀ

## ☛ਬੰਦ ਹੋਣ ਕਾਰਨ ਜਲ ਬੱਸ ਬਣੀ ਭੂੰਡਾਂ ਦਾ ਰੈਣ ਬਸੇਰਾ, ਪੈਡਲ ਬੋਟਾਂ ’ਚ ਉਗਿਆ ਘਾਹ




ਹਰੀਕੇ ਪੱਤਣ, 27 ਮਾਰਚ (ਚ.ਨ.ਸ): ਸਰਕਾਰਾਂ ਤੇ ਵਿਭਾਗਾਂ ਦੀ ਅਣਦੇਖੀ ਕਾਰਨ ਲੋਕਾਂ ਦਾ ਟੈਕਸ ਰੂਪੀ ਪੈਸਾ ਕਿਸ ਤਰ੍ਹਾਂ ਬਰਬਾਦ ਹੁੰਦਾ ਹੈ, ਇਸਦੀ ਜਿਉਂਦੀ ਜਾਗਦੀ ਮਿਸਾਲ ਹੈ ਹਰੀਕੇ ਝੀਲ ਵਿੱਚ ਚਲਾਈ ਗਈ ਪਾਣੀ ਵਾਲੀ ਬੱਸ ਦਾ ਪ੍ਰੋਜੈਕਟ ਜੋ ਧਿਆਨ ਨਾ ਦੇਣ ਕਾਰਨ ਖਤਮ ਹੋ ਕੇ ਰਹਿ ਗਿਆ। ਪੰਜਾਬ ਦੇ ਸਾਬਕਾ ਉਪ-ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਦਾ ਜਲ ਪ੍ਰੋਜੈਕਟ ਜਿਸ ’ਤੇ ਲੱਗੇ ਕਰੋੜਾਂ ਰੁਪਏ ਮਿੱਟੀ ਹੋ ਰਹੇ ਹਨ। ਬਿਆਸ-ਸਤਲੁਜ ਦਰਿਆਵਾਂ ਦੇ ਸੰਗਮ ਹਰੀਕੇ ਹੈਡ ਵਰਕਸ ’ਤੇ ਬਣੇ ਜਲ ਬੱਸ ਸਟਾਪ ’ਤੇ ਇਹ ਜਲ ਬੱਸ ਗੈਰਾਜ ਦੇ ਅੰਦਰ ਖੜ੍ਹੀ ਦੀ ਹਾਲਤ ਬੁਹਤ ਖ਼ਰਾਬ ਹੋ ਗਈ ਹੈ। ਬਾਦਲ ਦੇ ਸੁਪਨਮਈ ਜਲ ਬੱਸ ਪ੍ਰੋਜੈਕਟ ਕਾਰਨ ਹਰੀਕੇ ਝੀਲ ਸੈਲਾਨੀਆਂ ਦੀ ਵਿਸ਼ੇਸ਼ ਖਿੱਚ ਬਣ ਗਈ ਸੀ ਤੇ ਝੀਲ ਦੇ ਚੰਗੇ ਦਿਨ ਆਉਣ ਦੀ ਸੰਭਾਵਨਾ ਵੀ ਨਜ਼ਰ ਆਈ ਪਰ 2017 ਵਿੱਚ ਕਾਂਗਰਸ ਸਰਕਾਰ ਬਣਨ ਤੋਂ ਬਾਅਦ ਕੈਬਨਿਟ ਮੰਤਰੀ ਨਵਜੋਤ ਸਿੰਘ ਸਿੱਧੂ ਨੇ ਹਰੀਕੇ ਪਹੁੰਚ ਕੇ ਇਸ ਜਲ ਬੱਸ ਨੂੰ ਪੱਕੀਆਂ ਬਰੇਕਾਂ ਲਗਾ ਦਿੱਤੀਆਂ। ਪ੍ਰੋਜੈਕਟ ਦੇ ਬੰਦ ਕਰਨ ਸਮੇਂ ਨਵਜੋਤ ਸਿੰਘ ਸਿੱਧੂ ਨੇ ਝੀਲ ਨੂੰ ਵਿਕਸਿਤ ਕਰਨ ਦੇ ਵੱਡੇ-ਵੱਡੇ ਦਾਅਵੇ ਕੀਤੇ ਪਰ ਝੀਲ ਨੇ ਹੋਰ ਵਿਕਸਿਤ ਕੀ ਹੋਣਾ ਸੀ ਪਹਿਲੇ ਪ੍ਰੋਜੈਕਟ ਵੀ ਠੁੱਸ ਹੋ ਗਏ।ਪੰਜਾਬ ਵੱਲ ਬਿਲਕੁਲ ਵੀ ਧਿਆਨ ਨਹੀਂ ਦਿੱਤਾ ਜਾਂ ਮੁਤਾਬਿਕ ਜਲ ਬੱਸ ਪ੍ਰੋਜੈਕਟ ’ਤੇ ਕਰੀਬ 9 ਕਰੋੜ ਰੁਪਏ ਖਰਚ ਆਇਆ ਸੀ ਜੋ ਕਿ ਇਸ ਸਮੇਂ ਪੂਰੀ ਤਰ੍ਹਾਂ ਬੇਕਾਰ ਦਿਖਾਈ ਦੇ ਰਿਹਾ ਹੈ। ਲੱਖਾਂ ਰੁਪਏ ਦੀ ਮੋਟਰ ਬੋਟ ਵੀ ਸਾਂਭ-ਸੰਭਾਲ ਨਾ ਹੋਣ ਕਾਰਨ ਖਰਾਬ ਹੋ ਚੁੱਕੀ ਹੈ।

# ਦੋ ਭੈਣਾਂ ਦੇ ਇਕਲੌਤੇ ਭਰਾ ਦੀ ਰਹੱਸਮਈ ਹਾਲਾਤਾਂ ’ਚ ਮੌਤ, ਖਾਲੀ ਪਲਾਟ ’ਚ ਮਿਲੀ ਲਾਸ਼

## ☛ਚਿਹਰੇ ’ਤੇ ਜ਼ਖਮਾਂ ਦੇ ਨਿਸ਼ਾਨ, ਪੁਲਿਸ ਜਾਂਚ ਜਾਰੀ



ਮੋਗਾ, 27 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਫੋਕਲ ਪੁਆਇੰਟ ਪੁਲਿਸ ਚੌਕੀ ਅਧੀਨ ਪੈਂਦੇ ਇਲਾਕੇ ਵਿਸ਼ਵਕਰਮਾ ਨਗਰ ਮੋਗਾ ਦੀ ਗਲੀ ਨੰਬਰ 6 ਦੇ ਕੋਲ ਸਥਿਤ ਇੱਕ ਖਾਲੀ ਪਲਾਟ ਵਿਚੋਂ ਦੋ ਭੈਣਾਂ ਦੇ ਇਕਲੌਤੇ ਭਰਾ ਦੀ ਰਹੱਸਮਈ ਹਾਲਾਤਾਂ ਵਿੱਚ ਹੋਣ ਦਾ ਪਤਾ ਲੱਗਾ ਹੈ, ਜਿਸ ਦੀ ਲਾਸ਼ ਮਿਲਣ ’ਤੇ ਇਲਾਕੇ ਵਿੱਚ ਸਨਸਨੀ ਫੈਲੀ ਹੋਈ ਹੈ। ਮਿਲੀ ਜਾਣਕਾਰੀ ਦੇ ਅਨੁਸਾਰ ਫੋਕਲ ਪੁਆਇੰਟ ਪੁਲਿਸ ਚੌਕੀ ਨੂੰ ਲੋਕਾਂ ਵੱਲੋਂ ਜਾਣਕਾਰੀ ਦਿੱਤੀ ਗਈ ਸੀ ਕਿ ਵਿਸ਼ਵਕਰਮਾ ਨਗਰ ਦੇ ਇੱਕ ਖਾਲੀ ਪਲਾਟ ਵਿੱਚ ਨੌਜਵਾਨ ਦੀ ਲਾਸ਼ ਪਈ ਹੈ, ਜਿਸ ਦੇ ਚਿਹਰੇ ’ਤੇ ਸੱਟ ਦੇ ਨਿਸ਼ਾਨ ਤੇ ਨੱਕ ਵਿਚੋਂ ਖੂਨ ਵਗ ਰਿਹਾ ਹੈ, ਜਿਸ ’ਤੇ ਸਹਾਇਕ ਥਾਣੇਦਾਰ ਸਤਨਾਮ ਸਿੰਘ ਪੁਲਿਸ ਪਾਰਟੀ ਸਮੇਤ ਮੌਕੇ ’ਤੇ ਪੁੱਜੇ ਤੇ ਆਸ-ਪਾਸ ਦਾ ਨਿਰੀਖਣ ਕਰਨ ਦੇ ਇਲਾਵਾ ਲੋਕਾਂ ਕੋਲੋਂ ਪੁੱਛਗਿੱਛ ਵੀ ਕੀਤੀ ਗਈ ਤੇ ਸਮਾਜ ਸੇਵਾ ਸੁਸਾਇਟੀ ਨੂੰ ਸੂਚਿਤ ਕੀਤਾ ਗਿਆ। ਮ੍ਰਿਤਕ ਨੌਜਵਾਨ ਦੀ ਪਛਾਣ ਵਿਸ਼ਵਕਰਮਾ ਨਗਰ ਨਿਵਾਸੀ ਸਿਮਰਜੀਤ ਸਿੰਘ ਵਜੋਂ ਹੋਈ ਹੈ। ਲਾਸ਼ ਮਿਲਣ ਦੀ ਜਾਣਕਾਰੀ ਮਿਲਣ ’ਤੇ ਉਥੇ ਲੋਕਾਂ ਦਾ ਭਾਰੀ ਇਕੱਠ ਹੋ ਗਿਆ। ਸਮਾਜ ਸੇਵਾ ਸੁਸਾਇਟੀ ਦੇ ਸੇਵਾਦਾਰ ਬਲਜੀਤ ਸਿੰਘ ਚਾਨੀ ਦੇ ਇਲਾਵਾ ਗੁਰਸੇਵਕ ਸਿੰਘ ਸੰਨਿਆਸੀ ਆਪਣੇ ਸੇਵਾਦਾਰਾਂ ਨਾਲ ਮੌਕੇ ’ਤੇ ਪੁੱਜੇ ਤੇ ਲਾਸ਼ ਨੂੰ ਪੁਲਿਸ ਦੇ ਸਹਿਯੋਗ ਨਾਲ ਐਂਬੂਲੈਂਸ ਰਾਹੀਂ ਸਿਵਲ ਹਸਪਤਾਲ ਮੋਗਾ ਪੋਸਟਮਾਰਟਮ ਲਈ ਭੇਜਿਆ ਗਿਆ। ਸਹਾਇਕ ਥਾਣੇਦਾਰ ਸਤਨਾਮ ਸਿੰਘ ਨੇ ਦੱਸਿਆ ਕਿ ਪੁਲਿਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮੌਤ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ। ਪੋਸਟਮਾਰਟਮ ਦੀ ਰਿਪੋਰਟ ਆਉਣ ਦੇ ਬਾਅਦ ਮੌਤ ਦੇ ਅਸਲੀ ਕਾਰਨਾਂ ਦਾ ਪਤਾ ਲੱਗ ਸਕੇਗਾ।

# ਦੇਸ਼ ਭਗਤ ਯੂਨੀਵਰਸਿਟੀ ਨੇ ਸਾਈਬਰ ਸੁਰੱਖਿਆ ਬਾਰੇ ਕਰਵਾਈ ਜਾਗਰੂਕਤਾ ਵਰਕਸ਼ਾਪ



ਮੰਡੀ ਗੋਬਿੰਦਗੜ੍ਹ, 27 ਮਾਰਚ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਇੰਜੀਨੀਅਰਿੰਗ ਤੇ ਕੰਪਿਊਟਰ ਸਾਇੰਸ ਐਪਲੀਕੇਸ਼ਨ ਵਿਭਾਗ ਵੱਲੋਂ ਸੰਸਥਾ ਦੀ ਇਨੋਵੇਸ਼ਨ ਕੌਂਸਲ ਦੇ ਸਹਿਯੋਗ ਨਾਲ ‘ਡਿਜੀਟਲ ਯੁੱਗ ਵਿੱਚ ਸਾਈਬਰ ਸੁਰੱਖਿਆ ਜਾਗਰੂਕਤਾ ਤੇ ਕਰੀਅਰ ਮੌਕੇ’ ਵਿਸ਼ੇ ’ਤੇ ਵਰਕਸ਼ਾਪ ਕਰਵਾਈ ਗਈ, ਜਿਸ ਦਾ ਮਕਸਦ ਵਿਦਿਆਰਥੀਆਂ ਵਿੱਚ ਸਾਈਬਰ ਸੁਰੱਖਿਆ ਦੀ ਵੱਧ ਰਹੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਤੇ ਇਸ ਤੇਜ਼ੀ ਨਾਲ ਵਿਕਸਿਤ ਹੋ ਰਹੇ ਖੇਤਰ ਵਿੱਚ ਉਭਰ ਰਹੇ ਕਰੀਅਰ ਮੌਕਿਆਂ ਨੂੰ ਉਜਾਗਰ ਕਰਨਾ ਸੀ। ਸੈਸ਼ਨ ਦੀ ਸ਼ੁਰੂਆਤ ਡਿਜੀਟਲ ਪਲੇਟਫਾਰਮਾਂ ਨਾਲ ਜੁੜੇ ਵੱਧਦੇ ਖਤਰਿਆਂ ਤੇ ਸੁਰੱਖਿਅਤ ਆਨਲਾਈਨ ਵਰਤੋਂ ਦੀ ਤੁਰੰਤ ਲੋੜ ਬਾਰੇ ਜਾਣ-ਪਛਾਣ ਨਾਲ ਕੀਤੀ ਗਈ। ਵਾਈਸ ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਨੇ ਸੰਬੋਧਨ ਕਰਦੇ ਹੋਏ ਸਾਈਬਰ ਅਪਰਾਧਾਂ ਤੋਂ ਬਚਾਅ ਲਈ ਡਿਜੀਟਲ ਜ਼ਿੰਮੇਵਾਰੀ ਤੇ ਜਾਗਰੂਕਤਾ ਦੀ ਮਹੱਤਤਾ ਉਤੇ ਜ਼ੋਰ ਦਿੱਤਾ। ਪ੍ਰੋ. ਵਾਈਸ ਚਾਂਸਲਰ (ਰਿਸਰਚ) ਤੇ ਡੀਨ ਇੰਜੀਨੀਅਰਿੰਗ ਡਾ. ਬੂਟਾ ਸਿੰਘ ਨੇ ਸਾਈਬਰ ਸੁਰੱਖਿਆ ਵਿੱਚ ਖੋਜ ਤੇ ਨਵਚਾਰ ਦੀਆਂ ਸੰਭਾਵਨਾਵਾਂ ਖੋਜਣ ਲਈ ਪ੍ਰੇਰਿਤ ਕੀਤਾ। ਡਿਪਟੀ ਡਾਇਰੈਕਟਰ ਡਾ. ਖੁਸ਼ਬੂ ਬਾਂਸਲ ਨੇ ਅਜਿਹੀਆਂ ਪਹਿਲਕਦਮੀਆਂ ਦੀ ਭੂਮਿਕਾ ਨੂੰ ਵਿਦਿਆਰਥੀਆਂ ਦੇ ਹੁਨਰ ਵਿਕਾਸ ਤੇ ਕਰੀਅਰ ਮੌਕਿਆਂ ਨੂੰ ਵਧਾਉਣ ਵਿੱਚ ਮਹੱਤਵਪੂਰਨ ਦੱਸਿਆ। ਵਰਕਸ਼ਾਪ ਦਾ ਆਯੋਜਨ ਡਾ. ਸਾਹਿਲ ਬਾਘਲਾ, ਸੰਸਥਾਪਕ ਤੇ ਸੀਈਓ ਨੇ ਕੀਤਾ ਜਿਨ੍ਹਾਂ ਉਦਯੋਗ ਨਾਲ ਸਬੰਧਤ ਜਾਣਕਾਰੀ ਦਿੱਤੀ। ਉਨ੍ਹਾਂ ਫਿਸ਼ਿੰਗ, ਮਾਲਵੇਅਰ, ਰੈਨਸਮਵੇਅਰ ਤੇ ਡਾਟਾ ਚੋਰੀ ਵਰਗੇ ਆਮ ਸਾਈਬਰ ਖਤਰਿਆਂ ਬਾਰੇ ਉਦਾਹਰਨਾਂ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਮਜ਼ਬੂਤ ਪਾਸਵਰਡ ਵਰਤਣ, ਦੋ-ਕਦਮੀ ਪ੍ਰਮਾਣੀਕਰਨ ਯੋਗ ਕਰਨ ਤੇ ਸੁਰੱਖਿਅਤ ਬ੍ਰਾਊਜ਼ਿੰਗ ਆਦਤਾਂ ਅਪਣਾਉਣ ਵਰਗੇ ਬਚਾਅ ਦੇ ਉਪਾਅ ਵੀ ਦੱਸੇ। ਵਰਕਸ਼ਾਪ ਦਾ ਮੁੱਖ ਆਕਰਸ਼ਣ ਸਾਈਬਰ ਸੁਰੱਖਿਆ ਵਿੱਚ ਵੱਖ-ਵੱਖ ਕਰੀਅਰ ਮੌਕਿਆਂ ਬਾਰੇ ਚਰਚਾ ਸੀ, ਜਿਸ ਵਿੱਚ ਐਥਿਕਲ ਹੈਕਰ, ਸਾਈਬਰ ਸੁਰੱਖਿਆ ਵਿਸ਼ਲੇਸ਼ਕ ਤੇ ਨੈਟਵਰਕ ਸੁਰੱਖਿਆ ਇੰਜੀਨੀਅਰ ਵਰਗੀਆਂ ਭੂਮਿਕਾਵਾਂ ਸ਼ਾਮਲ ਸਨ। ਵਿਦਿਆਰਥੀਆਂ ਨੂੰ ਇਸ ਖੇਤਰ ਵਿੱਚ ਕਾਮਯਾਬੀ ਲਈ ਲੋੜੀਂਦੇ ਹੁਨਰ ਤੇ ਸਰਟੀਫਿਕੇਸ਼ਨਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ।

# ਸਿਆਲਕੋਟ ਦੇ ਗੁਰਦੁਆਰਾ ਬਾਬੇ ਦੀ ਬੇਰ ’ਚ ਪੰਜ ਸਦੀ ਪੁਰਾਣੀ ਬੇਰੀ ਅੱਜ ਵੀ ਦੇ ਰਹੀ ਭਰਵਾਂ ਮਿੱਠਾ ਫਲ

ਅੰਮ੍ਰਿਤਸਰ, 27 ਮਾਰਚ (ਚ.ਨ.ਸ): ਪਾਕਿਸਤਾਨ ਦੇ ਜ਼ਿਲ੍ਹਾ ਸਿਆਲਕੋਟ ’ਚ ਮੌਜੂਦ ਗੁਰਦੁਆਰਾ ਬਾਬੇ ਦੀ ਬੇਰ ਵਿਚਲੀ ਪੰਜ ਸਦੀ ਤੋਂ ਵੀ ਪੁਰਾਣੀ ਬੇਰੀ ਅੱਜ ਵੀ ਹਰੀ-ਭਰੀ ਹੈ ਤੇ ਬੇਰਾਂ ਨਾਲ ਲੱਦੀ, ਇਹ ਇਤਿਹਾਸਕ ਬੇਰੀ ਭਰਵਾਂ ਮਿੱਠਾ ਫਲ ਦੇ ਰਹੀ ਹੈ। ਸਿਆਲਕੋਟ ਦੇ ਵਾਸੀਆਂ ਦੀ ਬੇਨਤੀ ਸੁਣ ਕੇ ਜਦੋਂ ਸ੍ਰੀ ਗੁਰੂ ਨਾਨਕ ਦੇਵ ਜੀ ਇੱਥੇ ਪਧਾਰੇ ਤਾਂ ਉਨ੍ਹਾਂ ਇਸੇ ਬੇਰੀ ਦੇ ਰੁੱਖ ਹੇਠ ਆਸਣ ਕੀਤਾ, ਬਾਅਦ ’ਚ ਇਸ ਬੇਰੀ ਕਰਕੇ ਅਸਥਾਨ ਦਾ ਨਾਂਅ ਗੁਰਦੁਆਰਾ ਬਾਬੇ ਦੀ ਬੇਰ ਵਜੋਂ ਪ੍ਰਸਿੱਧ ਹੋਇਆ। ਉਕਤ ਬੇਰੀ ਦੇ ਚੁਫੇਰੇ ਲਗਭਗ ਤਿੰਨ ਫੁੱਟ ਉਚਾ ਪੱਥਰ ਦਾ ਥੜ੍ਹਾ ਬਣਿਆ ਹੋਇਆ ਹੈ।ਜਿਸ ਦੀਆਂ ਕੰਧਾਂ ’ਤੇ ਗੁਰਮੁਖੀ ’ਚ ਦਾਨੀ ਸਿੱਖਾਂ ਦੇ ਨਾਵਾਂ ਦੀਆਂ ਕਈ ਸਿਲਾਂ ਲੱਗੀਆਂ ਹੋਈਆਂ ਹਨ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਜਸਕਰਨ ਸਿੰਘ ਸਿੱਧੂ ਨੇ ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਪਾਕਿਸਤਾਨੀ ਸਿੱਖਾਂ ਦੀ ਮੰਗ ’ਤੇ ਇਵੈਕੁਈ ਟਰੱਸਟ ਪ੍ਰਾਪਰਟੀ ਬੋਰਡ ਵੱਲੋਂ ਜਨਵਰੀ 2012 ’ਚ ਇਸ ਅਸਥਾਨ ਦਾ ਨਵ-ਨਿਰਮਾਣ ਕਰਵਾ ਕੇ ਸਿੱਖ ਸੰਗਤ ਲਈ ਖੋਲ੍ਹਿਆ ਗਿਆ ਤੇ ਇੱਥੇ ਸਾਲ 2016 ਤੋਂ ਵਿਧੀਪੂਰਵਕ ਪ੍ਰਕਾਸ਼ ਕੀਤਾ ਜਾ ਰਿਹਾ ਹੈ। ਜਸਕਰਨ ਸਿੰਘ ਨੇ ਦੱਸਿਆ ਕਿ ਇਤਿਹਾਸਕ ਬੇਰੀ ਦਾ ਫਲ ਉਤਾਰ ਕੇ ਸੁਕਾ ਲਿਆ ਜਾਂਦਾ ਹੈ ਤੇ ਗੁਰਪੁਰਬ ਜਾਂ ਹੋਰਨਾਂ ਮੌਕਿਆਂ ’ਤੇ ਗੁਰਦੁਆਰਾ ਸਾਹਿਬ ਵਿਖੇ ਆਉਣ ਵਾਲੀ ਸੰਗਤ ’ਚ ਵਰਤਾਇਆ ਜਾਂਦਾ ਹੈ।

# ਪ੍ਰੇਮ ਸਿੰਘ ਐਡਵੋਕੇਟ ਦੀ ਬੇਟੀ ਤੇ ਐਡ. ਅਰੋੜਾ ਦੀ ਪਤਨੀ ਦਾ ਦੇਹਾਂਤ

ਅੰਮ੍ਰਿਤਸਰ, 27 ਮਾਰਚ (ਚ.ਨ.ਸ): ਸਾਧੂ ਸਿੰਘ ਹਮਦਰਦ ਟਰੱਸਟ ਦੇ ਚੇਅਰਮੈਨ ਪ੍ਰੇਮ ਸਿੰਘ ਐਡਵੋਕੇਟ ਦੀ ਬੇਟੀ, ਟਰੱਸਟੀ ਐਡਵੋਕੇਟ ਗੁਰਚਰਨ ਸਿੰਘ ਸਿਆਲ ਦੀ ਭੈਣ ਤੇ ਗੁਰੂ ਨਗਰੀ ਸਮਾਜ ਸ਼ਖ਼ਸੀਅਤ ਐਡ. ਤਜਿੰਦਰ ਸਿੰਘ ਅਰੋੜਾ (ਲਾਲੀ ਅਰੋੜਾ) ਦੀ ਧਰਮ ਪਤਨੀ ਜਤਿੰਦਰ ਕੌਰ ਦਾ ਦੇਹਾਂਤ ਹੋ ਗਿਆ। ਉਹ ਕਰੀਬ 72 ਵਰ੍ਹਿਆਂ ਦੇ ਸਨ ਤੇ ਕੁਝ ਸਮੇਂ ਤੋਂ ਦਿਲ ਦੀ ਬਿਮਾਰੀ ਕਾਰਨ ਜ਼ੇਰੇ-ਇਲਾਜ ਸਨ। ਉਨ੍ਹਾਂ ਦਾ ਅੰਤਿਮ ਸਸਕਾਰ ਗੁ. ਸ਼ਹੀਦਗੰਜ ਸਾਹਿਬ ਦੇ ਨੇੜਲੇ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ। ਇਸ ਮੌਕੇ ਪਰਿਵਾਰਕ ਮੈਂਬਰਾਂ ਤੇ ਰਿਸ਼ਤੇਦਾਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਧਾਰਮਿਕ, ਸਿਆਸੀ ਤੇ ਸਮਾਜ ਸੇਵੀ ਜਥੇਬੰਦੀਆਂ ਦੇ ਆਗੂ ਤੇ ਸਨੇਹੀ ਹਾਜ਼ਰ ਸਨ।ਇਸੇ ਦੌਰਾਨ ਅਦਾਰਾ ਅਜੀਤ ਪ੍ਰਕਾਸ਼ਨ ਸਮੂਹ ਦੇ ਮੁੱਖ ਸੰਪਾਦਕ ਡਾ. ਬਰਜਿੰਦਰ ਸਿੰਘ ਹਮਦਰਦ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ੍ਰੀਮਤੀ ਜਤਿੰਦਰ ਕੌਰ ਦੇ ਸਦੀਵੀਂ ਵਿਛੋੜਾ ਦੇ ਜਾਣ ’ਤੇ ਪ੍ਰੇਮ ਸਿੰਘ ਐਡਵੋਕੇਟ, ਐਡਵੋਕੇਟ ਸਿਆਲ ਤੇ ਐਡਵੋਕੇਟ ਅਰੋੜਾ ਨਾਲ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ ਹੈ।ਐਡਵੋਕੇਟ ਤਜਿੰਦਰ ਸਿੰਘ ਅਰੋੜਾ ਨੇ ਦੱਸਿਆ ਕਿ ਸਵ. ਜਤਿੰਦਰ ਕੌਰ ਨਮਿਤ ਅੰਤਿਮ ਅਰਦਾਸ ਸਮਾਗਮ 31 ਮਾਰਚ, ਮੰਗਲਵਾਰ ਨੂੰ ਦੁਪਹਿਰ 1 ਤੋਂ 2 ਵਜੇ ਤੱਕ ਗੁਰਦੁਆਰਾ ਸਾਹਿਬ ਪਾਤ. ਛੇਵੀਂ ਰਣਜੀਤ ਐਵੀਨਿਊ ਏ-ਬੀ ਬਲਾਕ ਅੰਮ੍ਰਿਤਸਰ ਵਿਖੇ ਹੋਵੇਗਾ।

# ਸ਼ਨੀਵਾਰ ਤੇ ਐਤਵਾਰ ਨੂੰ ਸਮੂਹ ਬੀ.ਐਲ.ਓਜ਼ ਆਪਣੇ ਪੋਲਿੰਗ ਬੂਥ ਦਾ ਦੌਰਾ ਕਰਨਗੇ, ਡੋਰ-ਟੂ-ਡੋਰ ਵੋਟ ਮੈਪਿੰਗ ਕੀਤੀ ਜਾਵੇਗੀ

ਫ਼ਿਰੋਜ਼ਪੁਰ, 27 ਮਾਰਚ (ਤਿਵਾੜੀ): ਭਾਰਤ ਚੋਣ ਕਮਿਸ਼ਨ ਤੇ ਮੁੱਖ ਚੋਣ ਅਫਸਰ, ਪੰਜਾਬ ਵੱਲੋਂ ਚਲਾਈ ਗਈ ਸਪੈਸ਼ਨ ਇਨਸੈਂਟਿਵ ਰਵੀਜ਼ਨ ਮੁਹਿੰਮ ਦੀਆਂ ਪ੍ਰੀ ਐਕਟੀਵਿਟੀ ਦੇ ਤਹਿਤ 07 ਜਨਵਰੀ 2026 ਨੂੰ ਪ੍ਰਕਾਸ਼ਿਤ ਕੀਤੀ ਵੋਟਰ ਸੂਚੀ ਦੇ ਵੋਟਰਾਂ ਦਾ ਸਾਲ 2003 ਦੀ ਵੋਟਰ ਸੂਚੀ ਨਾਲ ਮਿਲਾਨ ਦਾ ਕੰਮ ਚੱਲ ਰਿਹਾ ਹੈ। ਇਸ ਸਬੰਧੀ ਜ਼ਿਲ੍ਹਾ ਫਿਰੋਜ਼ਪੁਰ ਦੇ 04 ਵਿਧਾਨ ਸਭਾ ਹਲਕਿਆਂ ਦੇ ਚੋਣਕਾਰ ਰਜਿਸਟ੍ਰੇਸ਼ਨ ਅਫਸਰਾਂ ਵੱਲੋਂ ਬੀ.ਐਲ.ਓਜ਼ ਰਾਹੀਂ ਮੋਬਾਈਲ ਐਪ ਦੁਆਰਾ ਵੋਟਰਾਂ ਦੀ ਮੈਪਿੰਗ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਤਹਿਸੀਲਦਾਰ ਚੋਣਾਂ ਰਾਜਨ ਢੱਲ ਨੇ ਦਿੱਤੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਫਿਰੋਜ਼ਪੁਰ ਦੇ ਸਮੂਹ ਚੋਣ ਹਲਕਿਆਂ ਵਿੱਚ ਬੀ.ਐਲ.ਓਜ਼ ਵੱਲੋਂ ਮਿਤੀ 28.03.2026 (ਦਿਨ ਸ਼ਨੀਵਾਰ), ਮਿਤੀ 29.03.2026 (ਦਿਨ ਐਤਵਾਰ), ਨੂੰ ਸਵੇਰੇ 10.00 ਵਜੇ ਤੋਂ 2.00 ਵਜੇ ਤੱਕ ਸਪੈਸ਼ਲ ਕੈਂਪ ਦੇ ਤਹਿਤ ਆਪਣੇ-ਆਪਣੇ ਪੋਲਿੰਗ ਬੂਥ ਦਾ ਦੌਰਾ ਕੀਤਾ ਜਾਵੇਗਾ ਤੇ ਉਨ੍ਹਾਂ ਵੱਲੋਂ ਮੈਪਿੰਗ ਦਾ ਕੰਮ ਡੋਰ-ਟੂ-ਡੋਰ ਕੀਤਾ ਜਾਵੇਗਾ। ਇਸ ਸਬੰਧ ਵਿੱਚ ਆਮ ਜਨਤਾ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਬੀ.ਐਲ.ਓਜ਼ ਨੂੰ ਵੱਧ ਵੱਧ ਤੋਂ ਸਹਿਯੋਗ ਦਿੱਤਾ ਜਾਵੇ ਤਾਂ ਜੋ 100 ਫੀਸਦੀ ਮੈਪਿੰਗ ਦਾ ਟਿੱਚਾ ਪੂਰਾ ਹੋ ਸਕੇ।

# ਨਗਰ ਨਿਗਮ ਵੱਲੋਂ ਵਿੱਤੀ ਸਾਲ 2026-27 ਲਈ 8961 ਲੱਖ ਰੁਪਏ ਦਾ ਸਾਲਾਨਾ ਬਜਟ ਪਾਸ



ਹੁਸ਼ਿਆਰਪੁਰ, 27 ਮਾਰਚ (ਪਰਮਿੰਦਰ ਘੁੰਮਣ): ਮੇਅਰ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਹੁਸ਼ਿਆਰਪੁਰ ਨਗਰ ਨਿਗਮ ਨੇ ਵਿੱਤੀ ਸਾਲ 2026-27 ਲਈ 8961 ਲੱਖ ਰੁਪਏ ਦਾ ਸਾਲਾਨਾ ਬਜਟ ਪਾਸ ਕੀਤਾ ਹੈ। ਇਸ ਸਬੰਧ ਵਿੱਚ ਇੱਕ ਵਿਸ਼ੇਸ਼ ਹਾਊਸ ਮੀਟਿੰਗ ਹੋਈ, ਜਿਸ ਵਿੱਚ ਨਗਰ ਨਿਗਮ ਕਮਿਸ਼ਨਰ ਜੋਤੀ ਬਾਲਾ ਮੱਟੂ ਨੇ ਸ਼ਿਰਕਤ ਕੀਤੀ। ਸੀਨੀਅਰ ਡਿਪਟੀ ਮੇਅਰ ਪਰਵੀਨ ਲਤਾ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ ਤੇ ਵੱਖ-ਵੱਖ ਕੌਂਸਲਰ ਤੇ ਨਿਗਮ ਅਧਿਕਾਰੀ ਵੀ ਮੌਜੂਦ ਸਨ।ਮੇਅਰ ਨੇ ਦੱਸਿਆ ਕਿ ਮੀਟਿੰਗ ਦੌਰਾਨ ਸਾਲ 2026-27 ਲਈ ਸੰਭਾਵੀ ਆਮਦਨ ਤੇ ਖਰਚ ’ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਇਸ ਸਾਲ ਨਗਰ ਨਿਗਮ ਨੂੰ ਕੁੱਲ 8961 ਲੱਖ ਰੁਪਏ ਦੀ ਆਮਦਨ ਹੋਣ ਦਾ ਅਨੁਮਾਨ ਹੈ, ਜਿਸ ਦੇ ਅੰਦਰ ਵੱਖ-ਵੱਖ ਵਿਕਾਸ ਕਾਰਜਾਂ ਲਈ ਬਜਟ ਅਲਾਟ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਹਿਰ ਵਿੱਚ ਸਟਰੀਟ ਲਾਈਟਾਂ ਲਗਾਉਣ ਤੇ ਟਿਊਬਵੈਲਾਂ ਦੀ ਦੇਖਭਾਲ ਲਈ 6 ਕਰੋੜ ਰੁਪਏ, ਨਵੀਆਂ ਸੜਕਾਂ ਬਣਾਉਣ ਲਈ 3 ਕਰੋੜ ਰੁਪਏ, ਇੰਟਰਲਾਕਿੰਗ ਟਾਇਲ ਸੜਕਾਂ ਵਿਛਾਉਣ ਲਈ 3 ਕਰੋੜ ਰੁਪਏ, ਰੈਣ ਬਸੇਰੇ ਬਣਾਉਣ ਲਈ 2 ਕਰੋੜ ਰੁਪਏ ਤੇ ਸੀਵਰੇਜ ਲਾਈਨਾਂ ਦੇ ਵਿਸਥਾਰ ਲਈ 1 ਕਰੋੜ ਰੁਪਏ ਖਰਚ ਕੀਤੇ ਜਾਣਗੇ। ਇਸ ਤੋਂ ਇਲਾਵਾ ਪਾਰਕਾਂ ਦੀ ਦੇਖਭਾਲ ਲਈ 15 ਲੱਖ ਰੁਪਏ, ਗਊਆਂ ਦੇ ਆਸ਼ਰਮ ਤੇ ਅਵਾਰਾ ਪਸ਼ੂਆਂ ਦੀ ਦੇਖਭਾਲ ਲਈ 60 ਲੱਖ ਰੁਪਏ, ਜਨਤਕ ਪਖਾਨਿਆਂ ਲਈ 35 ਲੱਖ ਰੁਪਏ ਤੇ ਸਫਾਈ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਮਸ਼ੀਨਰੀ ਖਰੀਦਣ ਲਈ 1 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਹਨ।ਮੇਅਰ ਸੁਰਿੰਦਰ ਕੁਮਾਰ ਨੇ ਅੱਗੇ ਕਿਹਾ ਕਿ ਹੁਸ਼ਿਆਰਪੁਰ ਨਗਰ ਨਿਗਮ ਸ਼ਹਿਰ ਦੇ ਵਸਨੀਕਾਂ ਨੂੰ 100% ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਜਿਸ ਵਿੱਚ ਸੜਕਾਂ, ਸਾਫ਼ ਪੀਣ ਵਾਲਾ ਪਾਣੀ, ਸਟਰੀਟ ਲਾਈਟਾਂ, ਸੀਵਰੇਜ ਤੇ ਪਾਰਕ ਸ਼ਾਮਲ ਹਨ। ਇਸ ਮੌਕੇ ਸੰਯੁਕਤ ਕਮਿਸ਼ਨਰ ਸਤੀਸ਼ ਕੁਮਾਰ ਸੈਣੀ, ਸਹਾਇਕ ਕਮਿਸ਼ਨਰ ਲਖਵੀਰ ਸਿੰਘ, ਨਿਗਮ ਇੰਜੀਨੀਅਰ ਕੁਲਦੀਪ ਸਿੰਘ ਤੇ ਹਰਪ੍ਰੀਤ ਸਿੰਘ, ਡਿਪਟੀ ਕੰਟਰੋਲਰ ਵਿੱਤ ਤੇ ਲੇਖਾ ਪੰਕਜ ਕਪੂਰ, ਲੇਖਾਕਾਰ ਰਾਜਿੰਦਰ ਕੁਮਾਰ ਵੀ ਮੌਜੂਦ ਸਨ।

# ਸੋਸ਼ਲ ਮੀਡੀਆ ਮਾਨਸਿਕ ਸਿਹਤ ਲਈ ਖ਼ਤਰਨਾਕ ਕਰਾਰ

ਨਿਊਯਾਰਕ, 27 ਮਾਰਚ (ਚ.ਨ.ਸ): ਸਾਲਾਂ ਤੋਂ ਮਾਪਿਆਂ, ਅੱਲੜ੍ਹਾਂ, ਬਾਲ ਰੋਗ ਮਾਹਿਰਾਂ, ਸਿੱਖਿਆ ਸ਼ਾਸਤਰੀਆਂ ਤੇ ਵ੍ਹਿਸਲਬਲੋਅਰਜ਼ ਨੇ ਇਸ ਵਿਚਾਰ ’ਤੇ ਜ਼ੋਰ ਦਿੱਤਾ ਹੈ ਕਿ ਸੋਸ਼ਲ ਮੀਡੀਆ ਨੌਜਵਾਨਾਂ ਦੀ ਮਾਨਸਿਕ ਸਿਹਤ ਲਈ ਨੁਕਸਾਨਦਾਇਕ ਹੈ ਤੇ ਇਹ ਨਸ਼ੇ ਦੇ ਝੱਸ, ਖਾਣ-ਪੀਣ ਦੇ ਵਿਗਾੜ, ਜਿਨਸੀ ਸ਼ੋਸ਼ਣ ਤੇ ਖੁਦਕੁਸ਼ੀ ਦਾ ਕਾਰਨ ਬਣ ਸਕਦਾ ਹੈ। ਪਹਿਲੀ ਵਾਰ ਦੋ ਅਮਰੀਕੀ ਸੂਬਿਆਂ ਦੀਆਂ ਜਿਊਰੀਆਂ ਨੇ ਉਨ੍ਹਾਂ ਦਾ ਪੱਖ ਲਿਆ ਹੈ। ਲਾਸ ਏਂਜਲਸ ਵਿਚਲੀ ਜਿਊਰੀ ਨੇ ਮੈਟਾ ਤੇ ਯੂਟਿਊਬ ਦੋਵਾਂ ਨੂੰ ਆਪਣੀਆਂ ਸੇਵਾਵਾਂ ਦੀ ਵਰਤੋਂ ਕਰਨ ਵਾਲੇ ਬੱਚਿਆਂ ਨੂੰ ਹੋਣ ਵਾਲੇ ਨੁਕਸਾਨ ਲਈ ਜ਼ਿੰਮੇਵਾਰ ਠਹਿਰਾਇਆ ਹੈ। ਇਸੇ ਤਰ੍ਹਾਂ ਨਿਊ ਮੈਕਸਿਕੋ ਵਿਚਲੀ ਜਿਊਰੀ ਨੇ ਤੈਅ ਕੀਤਾ ਕਿ ਮੈਟਾ ਨੇ ਜਾਣਬੁੱਝ ਕੇ ਬੱਚਿਆਂ ਦੀ ਮਾਨਸਿਕ ਸਿਹਤ ਨੂੰ ਨੁਕਸਾਨ ਪਹੁੰਚਾਇਆ ਤੇ ਆਪਣੇ ਮੰਚਾਂ ’ਤੇ ਬਾਲ ਜਿਨਸੀ ਸ਼ੋਸ਼ਣ ਬਾਰੇ ਜਾਣਕਾਰੀ ਲੁਕਾਈ। ‘ਦਿ ਟੈਕ ਓਵਰਸਾਈਟ ਪ੍ਰੋਜੈਕਟ’ ਦੀ ਕਾਰਜਕਾਰੀ ਡਾਇਰੈਕਟਰ ਸਾਸ਼ਾ ਹਾਵਰਥ ਨੇ ਕਿਹਾ ਕਿ ਗੂਗਲ ਤੇ ਮੈਟਾ ਵਰਗੀਆਂ ਕੰਪਨੀਆਂ ਦੇ ਸਾਲਾਂ ਤੱਕ ਗੁੰਮਰਾਹ ਕੀਤੇ ਜਾਣ ਮਗਰੋਂ ਨਵੇਂ ਸਬੂਤਾਂ ਤੇ ਗਵਾਹੀਆਂ ਨੇ ਪਰਦਾ ਹਟਾ ਦਿੱਤਾ ਹੈ ਤੇ ਉਨ੍ਹਾਂ ਨੁਕਸਾਨਾਂ ਦੀ ਪੁਸ਼ਟੀ ਕੀਤੀ ਹੈ, ਜਿਨ੍ਹਾਂ ਬਾਰੇ ਨੌਜਵਾਨ ਤੇ ਮਾਪੇ ਸਾਲਾਂ ਤੋਂ ਦੁਨੀਆਂ ਨੂੰ ਦਸ ਰਹੇ ਸਨ।


## ਰਿਕਵਰੀ ਅਧਿਕਾਰੀ ਦਾ ਦਫ਼ਤਰ

### ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-3)

ਜ਼ਮੀਨੀ ਤਲ, ਐਸਸੀਓ 33-34-35, ਸੈਕਟਰ 17-ਏ, ਚੰਡੀਗੜ੍ਹ-160017

**ਵਿਕਰੀ ਦਾ ਐਲਾਨ: ਆਮਦਨ ਟੈਕਸ ਐਕਟ, 1961 ਦੇ ਦੂਜੇ ਸ਼ਡਿਊਲ ਦੇ ਨਿਯਮ 37, 38 ਅਤੇ 52 (1) (2) ਦੇ ਤਹਿਤ ਵਿਕਰੀ ਦਾ ਐਲਾਨ, ਕਰਜ਼ਿਆਂ ਦੀ ਰਿਕਵਰੀ ਅਤੇ ਦੀਵਾਲੀਆਪਨ ਐਕਟ, 1993 ਦੇ ਨਾਲ ਪੜ੍ਹਿਆ ਜਾਂਦਾ ਹੈ**

ਨਿਲਾਮੀ ਵਿਕਰੀ ਵੈੱਬਸਾਈਟ ਰਾਹੀਂ ‘‘ਆਨਲਾਈਨ ਈ ਨਿਲਾਮੀ’’ ਹੋਵੇਗੀ:
https://www.bankeauctions.com

| ਮਾਮਲੇ ਦਾ ਸਿਰਲੇਖ ਅਤੇ ਆਰਸੀ ਨੰਬਰ | ਵਸੂਲੀਯੋਗ ਰਕਮ | ਜਾਂਚ ਦੀ ਮਿਤੀ / ਬਿਆਨਾ ਰਕਮ ਜਮ੍ਹਾਂ ਕਰਨ ਦੀ ਆਖ਼ਰੀ ਮਿਤੀ | ਈ-ਨਿਲਾਮੀ ਦੀ ਮਿਤੀ ਅਤੇ ਸਮਾਂ |
|---|---|---|---|
| ਯੂਕੋ ਬੈਂਕ ਬਨਾਮ ਸ੍ਰੀ ਹਰਭਜਨ ਆਰਸੀ ਨੰ. 1183/2019 ਵੱਲ, (ਸੀਡੀ-1) ਸ੍ਰੀ ਹਰਭਜਨ ਸਿੰਘ ਸਪੁੱਤਰ ਸ੍ਰੀ ਸੁਰਜੀਤ ਸਿੰਘ, ਵਾਸੀ ਪਿੰਡ ਤੇ ਡਾਕਖਾਨਾ ਜੋਧਾਂ, ਜ਼ਿਲ੍ਹਾ ਲੁਧਿਆਣਾ। | ਰੁ. 35,03,312.42 (ਰੁ. ਪੈਂਤੀ ਲੱਖ ਤਿੰਨ ਹਜ਼ਾਰ ਤਿੰਨ ਸੌ ਬਾਰਾਂ ਅਤੇ ਬਿਆਲੀ ਪੈਸੇ ਕੇਵਲ) 11.01.2017 ਤੋਂ ਪ੍ਰਭਾਵੀ 11.20% ਸਾਲਾਨਾ ਦੀ ਦਰ ’ਤੇ ਸਧਾਰਨ ਵਿਆਜ ਸਮੇਤ ਅਤੇ ਰੁ. 92,605.00 (ਰੁ. ਬਾਨਵੇਂ ਹਜ਼ਾਰ ਛੇ ਸੌ ਪੰਜ ਕੇਵਲ) ਦੀਆਂ ਲਾਗਤਾਂ ਸੀਡੀ (ਜ਼) ਅਤੇ ਤੁਹਾਡੇ ਸੀਡੀ (ਜ਼) ਤੋਂ ਸਾਂਝੇ ਤੌਰ ’ਤੇ ਅਤੇ ਵੱਖਰੇ ਤੌਰ ’ਤੇ | 11.05.2026 up to 04:00 P.M. | 12.05.2026 ਨਿਲਾਮੀ ਐਕਸਟੈਂਸ਼ਨ ਕਲਾਜ਼ ਦੇ ਨਾਲ 14:00 ਘੰਟੇ ਤੋਂ 15:00 ਘੰਟੇ ਤੱਕ ਯਾਨੀ ਕਿ ਈ-ਨਿਲਾਮੀ ਦੀ ਸਮਾਪਤੀ ਹਰ ਵਾਰ 10 ਮਿੰਟ ਵਧਾਈ ਜਾਵੇਗੀ ਜੇਕਰ ਬੋਲੀ ਈ-ਨਿਲਾਮੀ ਦੇ ਬੰਦ ਹੋਣ ਤੋਂ ਪਹਿਲਾਂ ਆਖ਼ਰੀ 5 ਮਿੰਟਾਂ ਵਿੱਚ ਕੀਤੀ ਜਾਂਦੀ ਹੈ। |

| ਸੰਪੱਤੀ/ਆਂ ਦੇ ਵੇਰਵੇ | ਰਾਖਵੀਂ ਕੀਮਤ | ਬਿਆਨਾ ਰਕਮ | ਬੋਲੀ ਵਾਧਾ ਰਕਮ |
|---|---|---|---|
| 45 ਕਨਾਲ-6 ਮਰਲੇ ਵਿੱਚੋਂ 15 ਕਨਾਲ-2 ਮਰਲੇ ਜਾਂ 1.88 ਏਕੜ (1 ਕਨਾਲ = 605 ਵਰਗ ਗਜ਼ ਅਤੇ 1 ਮਰਲਾ = 30.25 ਵਰਗ ਗਜ਼) ਵਾਹੀਯੋਗ ਜ਼ਮੀਨ ਜਿਸਦੀ ਕੀਮਤ ਖਾਤਾ ਨੰਬਰ 885/950, ਖਸਰਾ ਨੰਬਰ 98//2/2, 98//3,98//4,98//5, 98//6, 98//7/1, 98//15/2 ਜਮ ?ਹਾਂਬੰਦੀ ਸਾਲ 2009-2010, ਹੱਦਬਸਤ ਨੰਬਰ 302, ਪਿੰਡ ਜੋਧਾਂ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਹੈ। ਸ੍ਰੀ ਹਰਭਜਨ ਸਿੰਘ ਪੁੱਤਰ ਸ੍ਰੀ ਸੁਰਜੀਤ ਸਿੰਘ ਦੀ ਮਲਕੀਅਤ ਹੈ। | Rs. 41,21,000/- | Rs. 4,12,000/- | Rs. 50,000/- |

ਨਿਯਮ ਅਤੇ ਸ਼ਰਤਾਂ: ਜਾਇਦਾਦ “ਜਿਵੇਂ ਹੈ ਜਿੱਥੇ ਹੈ ਅਤੇ ਜਿਵੇਂ ਹੈ ਜਿਸ ਦੇ ਆਧਾਰ” ’ਤੇ ਵੇਚੀ ਜਾ ਰਹੀ ਹੈ। 1. ਨਿਲਾਮੀ “ਆਨਲਾਈਨ ਈ-ਨਿਲਾਮੀ” ਵੈੱਬਸਾਈਟ https://www.bankeauctions.com ਰਾਹੀਂ ਕੀਤੀ ਜਾਵੇਗੀ। 2. ਨਾਲ ਦਿੱਤੇ ਗਏ ਸ਼ਡਿਊਲ ਵਿੱਚ ਦੱਸੇ ਗਏ ਵੇਰਵੇ ਹੇਠਾਂ ਹਸਤਾਖਰ ਕਰਨ ਵਾਲੇ ਦੀ ਸਭ ਤੋਂ ਵਧੀਆ ਜਾਣਕਾਰੀ ਅਨੁਸਾਰ ਦੱਸੇ ਗਏ ਹਨ, ਪਰ ਹੇਠਾਂ ਹਸਤਾਖਰ ਕਰਨ ਵਾਲਾ ਘੋਸ਼ਣਾ ਵਿੱਚ ਕਿਸੇ ਵੀ ਗਲਤੀ, ਗਲਤ ਬਿਆਨ ਜਾਂ ਭੁੱਲ ਲਈ ਜਵਾਬਦੇਹ ਨਹੀਂ ਹੋਵੇਗਾ। 3. ਰਾਖਵੀਂ ਕੀਮਤ ਜਿਸ ਤੋਂ ਘੱਟ ਜਾਇਦਾਦ ਨਹੀਂ ਵੇਚੀ ਜਾਵੇਗੀ ਉਹ ਸ਼ਡਿਊਲ ਵਿੱਚ ਦੱਸੇ ਅਨੁਸਾਰ ਹੈ। 4. ਜਿਸ ਰਕਮ ਨਾਲ ਬੋਲੀ ਵਧਾਈ ਜਾਣੀ ਹੈ। ਬੋਲੀ ਦੀ ਰਕਮ ਜਾਂ ਬੋਲੀਕਾਰ ਦੇ ਸੰਬੰਧ ਵਿੱਚ ਕੋਈ ਵਿਵਾਦ ਪੈਦਾ ਹੋਣ ਦੀ ਸਥਿਤੀ ਵਿੱਚ, ਲਾਟ ਨੂੰ ਤੁਰੰਤ ਨਿਲਾਮੀ ਲਈ ਰੱਖਿਆ ਜਾਵੇਗਾ ਜਾਂ ਰੱਦ ਕੀਤਾ ਜਾ ਸਕਦਾ ਹੈ। 5. ਸਭ ਤੋਂ ਵੱਧ ਬੋਲੀ ਲਗਾਉਣ ਵਾਲੇ ਨੂੰ ਕਿਸੇ ਵੀ ਲਾਟ ਦਾ ਖਰੀਦਦਾਰ ਘੋਸ਼ਿਤ ਕੀਤਾ ਜਾਵੇਗਾ ਬਸ਼ਰਤੇ ਕਿ ਉਹ ਕਾਨੂੰਨੀ ਤੌਰ ’ਤੇ ਬੋਲੀ ਲਗਾਉਣ ਦੇ ਯੋਗ ਹਨ ਅਤੇ ਅੱਗੇ ਪ੍ਰਦਾਨ ਕੀਤਾ ਜਾਵੇ ਕਿ ਉਸ ਦੁਆਰਾ ਬੋਲੀ ਗਈ ਰਕਮ ਰਿਜ਼ਰਵ ਕੀਮਤ ਤੋਂ ਘੱਟ ਨਹੀਂ ਹੈ। ਇਹ ਸਵੀਕ੍ਰਿਤੀ ਨੂੰ ਅਸਵੀਕਾਰ ਕਰਨ ਲਈ ਨਿਮਨ ਹਸਤਾਖਰ ਕਰਨ ਵਾਲੇ ਦੇ ਵਿਵੇਕ ਵਿੱਚ ਹੋਵੇਗਾ। ਸਭ ਤੋਂ ਉੱਚੀ ਬੋਲੀ ਉਦੋਂ ਦਿੱਤੀ ਜਾਵੇਗੀ ਜਦੋਂ ਪੇਸ਼ ਕੀਤੀ ਗਈ ਕੀਮਤ ਇੰਨੀ ਸਪੱਸ਼ਟ ਤੌਰ ’ਤੇ ਨਾਕਾਫ਼ੀ ਜਾਪਦੀ ਹੈ ਕਿ ਅਜਿਹਾ ਕਰਨਾ ਅਸੰਭਵ ਹੋ ਜਾਂਦਾ ਹੈ। 6. ਹਰੇਕ ਇੱਛੁਕ ਬੋਲੀਕਾਰ ਨੂੰ ਲਾਭਪਾਤਰੀ ਖਾਤਾ ਨੰਬਰ 05430210000083 (RTGS CA), ਸ਼ਾਖਾ ਦਾ ਨਾਮ: ਲਲਤੋਂ ਕਲਾਂ, ਜ਼ਿਲ੍ਹਾ ਲੁਧਿਆਣਾ, IFSC ਕੋਡ: UCBA00000543, ਬੈਂਕ ਦਾ ਨਾਮ: UCO ਬੈਂਕ ਵਿੱਚ ਔਨਲਾਈਨ ਟਰਾਂਸਫਰ ਰਾਹੀਂ ਅਰਨੈਸਟ ਮਨੀ ਡਿਪਾਜ਼ਿਟ (EMD) ਦਾ ਭੁਗਤਾਨ ਕਰਨਾ ਪਵੇਗਾ ਜਾਂ “ਦਿ ਰਿਕਵਰੀ ਅਫਸਰ, DRT-III, ਚੰਡੀਗੜ੍ਹ” ਦੇ ਹੱਕ ਵਿੱਚ ਚੰਡੀਗੜ੍ਹ ਵਿਖੇ ਭੁਗਤਾਨ ਯੋਗ ਡਿਮਾਂਡ ਡਰਾਫਟ ਦੇ ਰੂਪ ਵਿੱਚ ਅਤੇ ਜਾਇਦਾਦ ਦੇ ਵੇਰਵੇ ਦੇ ਨਾਲ ਪੈਨ ਕਾਰਡ, ਪਤੇ ਦਾ ਸਬੂਤ ਅਤੇ ਪਛਾਣ ਦਾ ਸਬੂਤ, ਈ-ਮੇਲ ਆਈਡੀ, ਮੋਬਾਈਲ ਨੰਬਰ ਦੀ ਕਾਪੀ ਅਤੇ ਕੰਪਨੀ ਜਾਂ ਕਿਸੇ ਹੋਰ ਦਸਤਾਵੇਜ਼ ਦੇ ਮਾਮਲੇ ਵਿੱਚ, ਕੰਪਨੀ ਦੇ ਪ੍ਰਤੀਨਿਧਤਾ/ਵਕੀਲ ਦੀ ਪੁਸ਼ਟੀ ਕਰਦਾ ਹੈ ਅਤੇ ਅਜਿਹੀ ਜਮ ?ਹਾਂ ਰਕਮ ਦੀ ਰਸੀਦ/ਕਾਊਂਟਰ ਫੋਇਲ, ਉਸ ਤੋਂ ਬਾਅਦ ਜਮ੍ਹਾ ਕੀਤੀ ਗਈ EMD ਨੂੰ ਨਿਲਾਮੀ ਵਿੱਚ ਹਿੱਸਾ ਲੈਣ ਦੇ ਯੋਗ ਨਹੀਂ ਮੰਨਿਆ ਜਾਵੇਗਾ। 7. ਸਾਈਟ ’ਤੇ ਔਨਲਾਈਨ ਜਾਂ ਨਿਲਾਮੀਕਰਤਾ ਨੂੰ ਜਮ੍ਹਾ ਕੀਤੀ ਗਈ EMD। 8. ਨਿਯਤ ਮਿਤੀ ਅਤੇ ਸਮੇਂ ਤੋਂ ਬਾਅਦ ਪ੍ਰਾਪਤ ਹੋਈ EMD ਨੂੰ ਰੱਦ ਕਰ ਦਿੱਤਾ ਜਾਵੇਗਾ ਅਤੇ ਭੁਗਤਾਨ ਕੀਤੀ ਗਈ ਰਕਮ ਨੂੰ ਰੱਦ ਕਰ ਦਿੱਤਾ ਜਾਵੇਗਾ। EMD ਉਹਨਾਂ ਨੂੰ ਵਾਪਸ ਕਰ ਦਿੱਤਾ ਜਾਵੇਗਾ। 9 ਸਫਲ ਬੋਲੀਕਾਰ ਨੂੰ EMD ਦੇ ਸਮਾਯੋਜਨ ਤੋਂ ਬਾਅਦ ਵਿਕਰੀ ਦੀ ਰਕਮ ਦਾ 25% ਉਪਰੋਕਤ ਵੇਰਵੇ ਅਨੁਸਾਰ ਅਗਲੇ ਦਿਨ ਉਕਤ ਖਾਤੇ/ਡਿਮਾਂਡ ਡਰਾਫਟ/ਬੈਂਕਰ ਚੈੱਕ/ਪੇਅ ਆਰਡਰ ਵਿੱਚ ਅਦਾ ਕਰਨਾ ਹੋਵੇਗਾ। ਜੇਕਰ ਅਗਲਾ ਦਿਨ ਛੁੱਟੀ ਜਾਂ ਐਤਵਾਰ ਹੈ, ਤਾਂ ਅਗਲੇ ਪਹਿਲੇ ਦਫਤਰ ਵਾਲੇ ਦਿਨ। 10. ਖਰੀਦਦਾਰ ਜਾਇਦਾਦ ਦੀ ਵਿਕਰੀ ਦੀ ਮਿਤੀ ਤੋਂ 15ਵੇਂ ਦਿਨ ਜਾਂ ਇਸ ਤੋਂ ਪਹਿਲਾਂ, ਅਜਿਹੇ ਦਿਨ ਨੂੰ ਛੱਡ ਕੇ, ਜਾਂ ਜੇਕਰ 15ਵਾਂ ਦਿਨ ਐਤਵਾਰ ਜਾਂ ਹੋਰ ਛੁੱਟੀ ਹੈ, ਤਾਂ 15ਵੇਂ ਦਿਨ ਤੋਂ ਬਾਅਦ ਪਹਿਲੇ ਦਫਤਰ ਵਾਲੇ ਦਿਨ ਉੱਪਰ ਦੱਸੇ ਅਨੁਸਾਰ ਨਿਰਧਾਰਤ ਢੰਗ ਨਾਲ ਬਾਕੀ 75% ਵਿਕਰੀ ਦੀ ਰਕਮ ਜਮ ?ਹਾ ਕਰੇਗਾ। ਉਪਰੋਕਤ ਤੋਂ ਇਲਾਵਾ, ਖਰੀਦਦਾਰ ਰਿਕਵਰੀ ਅਫਸਰ, ਕਰਜ਼ਾ ਰਿਕਵਰੀ ਟ੍ਰਿਬਿਊਨਲ ਚੰਡੀਗੜ੍ਹ (DRT 3) ਕੋਲ 2% ਰੁਪਏ ਤੱਕ 1,000/- ਰੁਪਏ ਤੱਕ ਅਤੇ 1,000/- ਰੁਪਏ ਦੀ ਉਕਤ ਰਕਮ ਤੋਂ ਵੱਧ ਦੀ 1% ਰਕਮ ਰਜਿਸਟਰਾਰ, ਕਰਜ਼ਾ ਦੇ 44th ਪੱਖ ਰਾਹੀਂ ਜਮ ?ਹਾ ਕਰੇਗਾ। ਰਿਕਵਰੀ ਟ੍ਰਿਬਿਊਨਲ ਚੰਡੀਗੜ੍ਹ (DRT 3) ਨਿਲਾਮੀ ਵਿੱਚ ਵਿਕਰੀ ਦੀ ਮਿਤੀ ਤੋਂ 15 ਵੇਂ ਦਿਨ ਜਾਂ ਇਸ ਤੋਂ ਪਹਿਲਾਂ। 11. ਨਿਰਧਾਰਤ ਅਵਧੀ ਦੇ ਅੰਦਰ ਭੁਗਤਾਨ ਵਿੱਚ ਅਸਫਲ ਹੋਣ ਦੀ ਸਥਿਤੀ ਵਿੱਚ, ਵਿਕਰੀ ਦੇ ਖਰਚਿਆਂ ਨੂੰ ਪੂਰਾ ਕਰਨ ਤੋਂ ਬਾਅਦ ਜਮ ?ਹਾਂ ਰਕਮ, ਜੇਕਰ ਹੇਠਾਂ ਹਸਤਾਖਰ ਕਰਨ ਵਾਲਾ ਯੋਗ ਸਮਝਦਾ ਹੈ, ਤਾਂ ਸਰਕਾਰ ਨੂੰ ਜ਼ਬਤ ਕਰ ਲਈ ਜਾਵੇਗੀ ਅਤੇ ਡਿਫਾਲਟ ਖਰੀਦਦਾਰ ਜਾਇਦਾਦ ਜਾਂ ਉਸ ਰਕਮ ਦੇ ਕਿਸੇ ਵੀ ਹਿੱਸੇ ਦੇ ਸਾਰੇ ਦਾਅਵੇ ਜ਼ਬਤ ਕਰ ਲਵੇਗਾ ਜਿਸ ਲਈ ਇਸਨੂੰ ਬਾਅਦ ਵਿੱਚ ਵੇਚਿਆ ਜਾ ਸਕਦਾ ਹੈ। ਵਿਕਰੀ ਦੀ ਨਵੀਂ ਘੋਸ਼ਣਾ ਜਾਰੀ ਹੋਣ ਤੋਂ ਬਾਅਦ, ਜਾਇਦਾਦ ਨੂੰ ਦੁਬਾਰਾ ਵੇਚ ਦਿੱਤਾ ਜਾਵੇਗਾ। 12. ਸਭ ਤੋਂ ਉੱਚੀ ਬੋਲੀਕਾਰ ਦਾ ਜਾਇਦਾਦ ’ਤੇ ਕੋਈ ਅਧਿਕਾਰ/ਟਾਈਟਲ ਨਹੀਂ ਹੋਵੇਗਾ ਜਦੋਂ ਤੱਕ ਰਿਕਵਰੀ ਅਫਸਰ, ਕਰਜ਼ ਰਿਕਵਰੀ ਟ੍ਰਿਬਿਊਨਲ ਚੰਡੀਗੜ੍ਹ (DRT 3) ਦੁਆਰਾ ਵਿਕਰੀ ਦੀ ਪੁਸ਼ਟੀ ਨਹੀਂ ਹੋ ਜਾਂਦੀ। 13. ਅਸਫਲ ਬੋਲੀਕਾਰਾਂ ਦੁਆਰਾ ਜਮ ?ਹਾ ਕੀਤੀ ਗਈ EMD ਦੀ ਰਕਮ ਔਨਲਾਈਨ ਮੋਡ ਰਾਹੀਂ ਵਾਪਸ ਕੀਤੀ ਜਾਵੇਗੀ ਜੇਕਰ EMD ਔਨਲਾਈਨ ਰਾਹੀਂ ਜਮ ?ਹਾ ਕੀਤੀ ਜਾਂਦੀ ਹੈ। ਜੇਕਰ EMD 44/23/ਪੇ ਆਰਡਰ ਦੇ ਰੂਪ ਵਿੱਚ ਜਮ ?ਹਾ ਕੀਤੀ ਜਾਂਦੀ ਹੈ ਤਾਂ ਉਹੀ ਹੱਥੀਂ ਵਾਪਸ ਕੀਤੀ ਜਾਵੇਗੀ। ਨਿਲਾਮੀ ਦੇ ਨਾਲ ਭੇਜੀ ਗਈ ਫੋਟੋਕਾਪੀ ਦਾ ਅਸਲ ID ਸਬੂਤ। ਈਐਮਡੀ ਫਾਰਮ ਲਿਆਉਣਾ ਪਵੇਗਾ। ਈਐਮਡੀ ਰਕਮ ’ਤੇ ਕੋਈ ਵਿਆਜ ਨਹੀਂ ਦਿੱਤਾ ਜਾਵੇਗਾ। 14. ਨਿਲਾਮੀ ਈਐਮਡੀ ਫਾਰਮ ਵਿੱਚ ਦੱਸੇ ਗਏ ਵਿਅਕਤੀਆਂ ਤੋਂ ਇਲਾਵਾ ਕਿਸੇ ਵੀ ਵਿਅਕਤੀ (ਵਿਅਕਤੀਆਂ) ਦੇ ਨਾਵਾਂ ਦੇ ਵਿਕਰੀ ਸਰਟੀਫਿਕੇਟ ਵਿੱਚ ਸ਼ਾਮਲ/ਬਦਲਣ ਦੀ ਕੋਈ ਬੇਨਤੀ ਸਵੀਕਾਰ ਨਹੀਂ ਕੀਤੀ ਜਾਵੇਗੀ। ਵਿਕਰੀ ਲਈ ਲਿਆਂਦੀਆਂ ਗਈਆਂ ਜਾਇਦਾਦ ਦੀਆਂ ਇੱਕ ਤੋਂ ਵੱਧ ਚੀਜ਼ਾਂ ਦੇ ਮਾਮਲੇ ਵਿੱਚ, ਅਜਿਹੀਆਂ ਜਾਇਦਾਦਾਂ ਦੀ ਵਿਕਰੀ ਸਹੂਲਤ ਅਨੁਸਾਰ ਹੋਵੇਗੀ ਅਤੇ ਵਿਕਰੀ ਨੋਟਿਸ ਵਿੱਚ ਦੱਸੇ ਅਨੁਸਾਰ ਲੜੀਵਾਰ ਜਾਣਾ ਲਾਜ਼ਮੀ ਨਹੀਂ ਹੈ। 15. ਐਨਆਰਆਈ ਬੋਲੀਕਾਰਾਂ ਨੂੰ ਲਾਜ਼ਮੀ ਤੌਰ ’ਤੇ ਆਪਣੇ ਪਾਸਪੋਰਟ ਦੇ ਫੋਟੋ ਪੰਨੇ ਦੀ ਇੱਕ ਕਾਪੀ ਨੱਥੀ ਕਰਨੀ ਚਾਹੀਦੀ ਹੈ ਅਤੇ ਆਪਣੀ ਬੋਲੀ ਨੂੰ ਭਾਰਤੀ ਮਿਸ਼ਨ (ਦੂਤਾਵਾਸ) ਦੁਆਰਾ ਸਹੀ ਢੰਗ ਨਾਲ ਸਮਰਥਿਤ ਕਰਨਾ ਚਾਹੀਦਾ ਹੈ। ਚੱਲ/ਅਚੱਲ ਜਾਇਦਾਦ ÷ਜਿਵੇਂ ਹੈ, ਜਿੱਥੇ ਹੈ ਅਤੇ ਜਿਵੇਂ ਹੈ, ਕਿਸ ਆਧਾਰ ’ਤੇ ਵੇਚੀ ਜਾ ਰਹੀ ਹੈ÷ ਅਤੇ ਨਿਯਮਾਂ ਅਨੁਸਾਰ ਪ੍ਰਕਾਸ਼ਨ ਖਰਚੇ, ਮਾਲੀਆ ਅਤੇ ਹੋਰ ਬੋਝ ਦੇ ਅਧੀਨ ਹੈ। ਹੇਠ ਹਸਤਾਖਰ ਕਰਨ ਵਾਲੇ ਕੋਲ ਕਿਸੇ ਵੀ ਜਾਂ ਸਾਰੀਆਂ ਬੋਲੀਆਂ ਨੂੰ ਸਵੀਕਾਰ ਜਾਂ ਰੱਦ ਕਰਨ ਦਾ ਅਧਿਕਾਰ ਰਾਖਵਾਂ ਹੈ, ਜੇਕਰ ਗੈਰ-ਵਾਜਬ ਪਾਇਆ ਜਾਂਦਾ ਹੈ ਜਾਂ ਬਿਨਾਂ ਕਿਸੇ ਕਾਰਨ ਦੱਸੇ ਕਿਸੇ ਵੀ ਸਮੇਂ ਨਿਲਾਮੀ ਨੂੰ ਮੁਲਤਵੀ ਕਰ ਸਕਦਾ ਹੈ। ਕਿਸੇ ਵੀ ਹੋਰ ਜਾਣਕਾਰੀ ਲਈ, ਹੇਠ ਹਸਤਾਖਰ ਕਰਨ ਵਾਲੇ ਜਾਂ ਅਦਾਲਤੀ ਨਿਲਾਮੀਆਂ ਨਾਲ ਸੰਪਰਕ ਕਰੋ। ਸ੍ਰੀ ਰਾਜਿੰਦਰ ਸਿੰਘ, ਸੀਨੀਅਰ ਮੈਨੇਜਰ, ਯੂਕੋ ਬੈਂਕ, ਲਲਤੋਂ ਕਲਾਂ, ਜ਼ਿਲ੍ਹਾ ਲੁਧਿਆਣਾ, ਮੋਬਾਈਲ ਨੰਬਰ 89881-49499, ਈਮੇਲ-lalton@ucobank.co.in

ਕਰਜ਼ਾ ਰਿਕਵਰੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 3)


# ਸ੍ਰੀਮਦ ਭਾਗਵਤ ਕਥਾ ਦੇ ਪੰਜਵੇਂ ਦਿਨ ਸ਼ਰਧਾਲੂਆਂ ਨੇ ਗੋਵਰਧਨ ਪੂਜਾ ਕੀਤੀ



ਜ਼ੀਰਾ, 27 ਮਾਰਚ (ਦੀਪਕ ਭਾਰਗੋ): ਸ੍ਰੀ ਸਨਾਤਨ ਧਰਮ ਮਹਾਂਵੀਰ ਦਲ ਸ੍ਰੀ ਬਜਰੰਗ ਭਵਨ ਮੰਦਰ ਜ਼ੀਰਾ ਵਿਖੇ ਚਲਦੀ ਸ੍ਰੀਮਦ ਭਾਗਵਤ ਪੁਰਾਣ ਸਪਤਾਹਿਕ ਗਿਆਨ ਯੱਗ ਦੇ ਪੰਜਵੇਂ ਦਿਨ ਗੋਵਰਧਨ ਪੂਜਾ ਕੀਤੀ ਗਈ। ਪੰਜਵੇਂ ਦਿਨ ਦੀ ਪੂਜਾ ਮੌਕੇ ਪੰਡਤ ਗੌਰਵ ਦੀਕਸ਼ਿਤ ਵੱਲੋਂ ਭਗਵਾਨ ਕ੍ਰਿਸ਼ਨ ਦੇ ਬਾਲ ਅਵਸਥਾ ਵਿੱਚ ਕੀਤੀਆਂ ਗਈਆਂ ਲੀਲ੍ਹਾਵਾਂ ਦੇ ਪ੍ਰਸੰਗ ਸੁਣਾਏ ਤੇ ਸੰਗਤਾਂ ਨੂੰ ਨਿਹਾਲ ਕੀਤਾ। ਉਨ੍ਹਾਂ ਦੱਸਿਆ ਕਿ ਭਗਵਾਨ ਸ੍ਰੀ ਕ੍ਰਿਸ਼ਨ ਬਾਲ ਅਵਸਥਾ ਵਿੱਚ ਕਿੰਨੇ ਸ਼ਰਾਰਤੀ ਸਨ ਤੇ ਇਸ ਸ਼ਰਾਰਤਾਂ ਦੇ ਚੱਲਦੇ ਕਈ ਰਾਕਸ਼ਾਂ ਦਾ ਵੱਧ ਵੀ ਕੀਤਾ। ਇਸ ਮੌਕੇ ਗੋਵਰਧਨ ਪੂਜਾ ਦਾ ਪ੍ਰਸੰਗ ਸੁਣਾਉਂਦਿਆਂ ਪੰਡਤ ਗੌਰਵ ਦਿਕਸ਼ਿਤ ਨੇ ਕਿਹਾ ਕਿ ਭਗਵਾਨ ਕ੍ਰਿਸ਼ਨ ਜੀ ਨੇ ਇੰਦਰ ਦੇਵਤਾ ਜੀ ਦੀ ਪੂਜਾ ਦੀ ਥਾਂ ਗੋਵਰਧਨ ਦੀ ਪੂਜਾ ਸ਼ੁਰੂ ਕਰਵਾਈ ਤੇ ਗੋਕਲ ਵਾਸੀਆਂ ਨੂੰ ਆਪਣਾ ਆਸ਼ੀਰਵਾਦ ਦਿੱਤਾ। ਉਨ੍ਹਾਂ ਕਿਹਾ ਕਿ ਸ੍ਰੀਮਦ ਭਾਗਵਤ ਮਹਾਂ ਪੁਰਾਣ ਗਿਆਨ ਦਾ ਸਮੁੰਦਰ ਤੇ ਜੀਵਨ ਜਿਊਣ ਦੀ ਸੇਧ ਦਿੰਦਾ ਹੈ।ਇਸ ਮੌਕੇ ਐਡ. ਵਿਜੈ ਕੁਮਾਰ ਬਾਂਸਲ, ਰਾਮ ਸ਼ਰਣਮ, ਸਮਾਜ ਸੇਵੀ ਅਸ਼ੋਕ ਖੰਨਾ, ਜਨਕ ਰਾਜ ਝਾਬ, ਭਾਜਪਾ ਆਗੂ ਮਨਜੀਤ ਰਾਏ ਤੋਂ ਇਲਾਵਾ ਇਸਤਰੀ ਸੰਕੀਰਤਨ ਭਜਨ ਮੰਡਲੀ ਨੂੰ ਪ੍ਰਬੰਧ ਕਮੇਟੀ ਸ੍ਰੀ ਬਜਰੰਗ ਭਵਨ ਮੰਦਰ ਜ਼ੀਰਾ ਦੇ ਪ੍ਰਧਾਨ ਡਾ. ਸੁਭਾਸ਼ ਉਪਲ, ਧਰਮਪਾਲ ਚੁੱਘ, ਲੱਕੀ ਪਾਸੀ, ਪ੍ਰਵੀਨ ਉਪਲ, ਵਿਪਨ ਸੇਠੀ, ਮੋਹਨ ਅਨੇਜਾ, ਵਿਜੇ ਸ਼ਰਮਾ, ਦੀਪਕ ਭਾਰਗੋ, ਸਨੀ ਗਰੋਵਰ, ਵਿਕਾਸ ਗਰੋਵਰ, ਤਰਲੋਕ ਸਿੰਘ ਮਿਰਜ਼ਾ, ਗੁਰਦੇਵ ਸਿੰਘ ਸਿੱਧੂ, ਕੁਲਭੂਸ਼ਨ ਸ਼ਰਮਾ, ਗੌਰਵ ਭਾਰਗੋ, ਬਲਜੀਤ ਬੱਲੀ, ਰਾਜ ਕੁਮਾਰ ਚੁੱਘ, ਸੋਨੂੰ, ਪ੍ਰਵੀਨ ਉਪਲ, ਦੀਪਾ ਵੇਟਰ ਆਦਿ ਨੇ ਸਿਰੋਪਾਓ ਤੇ ਧਰਮ ਪ੍ਰਚਾਰ ਨੂੰ ਸਮਰਪਿਤ ਸ੍ਰੀ ਰਾਮ ਚਰਿੱਤਰ ਮਾਨਸ ਜੀ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਸਟੇਜ ਸੈਕਟਰੀ ਦੀ ਭੂਮਿਕਾ ਕੁਲਭੂਸ਼ਨ ਸ਼ਰਮਾ ਨੇ ਬਾਖੂਬੀ ਨਿਭਾਈ। ਉਥੇ ਆਈਆਂ ਸੰਗਤਾਂ ਲਈ ਖੀਰ ਦਾ ਲੰਗਰ ਭੰਡਾਰਾ ਲਗਾਇਆ ਗਿਆ।

# ਵਿਧਾਇਕ ਭੁੱਲਰ ਨੇ ਬਲਾਕ ਸੰਮਤੀ ਦਾ ਚੇਅਰਮੈਨ ਨਿਯੁਕਤ ਹੋਣ ’ਤੇ ਦਿਲਬਾਗ ਨੰਦਾ ਨੂੰ ਦਿੱਤੀ ਵਧਾਈ



ਫਿਰੋਜ਼ਪੁਰ, 27 ਮਾਰਚ (ਤਿਵਾੜੀ): ਬਲਾਕ ਸੰਮਤੀ ਫਿਰੋਜ਼ਪੁਰ ਸ਼ਹਿਰ ਤੋਂ ਦਿਲਬਾਗ ਨੰਦਾ ਨੂੰ ਚੇਅਰਮੈਨ ਬਣਨ ’ਤੇ ਵਾਈਸ ਚੇਅਰਪਰਸਨ ਜਸਬੀਰ ਕੌਰ ਨੂੰ ਬਣਨ ’ਤੇ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ ਵਧਾਈ ਦਿੱਤੀ। ਵਿਧਾਨ ਸਭਾ ਹਲਕਾ ਫਿਰੋਜ਼ਪੁਰ ਸ਼ਹਿਰੀ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਵਧਾਈ ਦਿੰਦਿਆਂ ਆਸ ਪ੍ਰਗਟ ਕੀਤੀ ਕਿ ਦਿਲਬਾਗ ਨੰਦਾ ਨੂੰ ਦਿੱਤੀ ਗਈ ਜ਼ਿੰਮੇਵਾਰੀ ਉਹ ਪੂਰੀ ਇਮਾਨਦਾਰੀ ਤੇ ਲਗਨ ਨਾਲ ਨਿਭਾਉਣਗੇ। ਨਵ-ਨਿਯੁਕਤ ਚੇਅਰਮੈਨ ਦਿਲਬਾਗ ਨੰਦਾ ਨੇ ਪੰਜਾਬ ਸਰਕਾਰ ਤੇ ਵਿਧਾਇਕ ਭੁੱਲਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਉਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।

# ਭਿਆਨਕ ਹਾਦਸੇ ’ਚ ਇੱਕ ਦੀ ਮੌਤ, ਇੱਕ ਗੰਭੀਰ ਜ਼ਖ਼ਮੀ



ਭੋਗਪੁਰ, 27 ਮਾਰਚ (ਜੰਡੀਰ ਸੈਣੀ): ਭੋਗਪੁਰ ਆਦਮਪੁਰ ਰੋਡ ਘੋੜਾਵਾਹੀ ਪੈਟਰੋਲ ਪੰਪ ਦੇ ਕੋਲ ਬੁਲਟ ਮੋਟਰਸਾਈਕਲ ਦਾ ਭਿਆਨਕ ਹਾਦਸਾ ਵਾਪਰਿਆ। ਮੋਟਰਸਾਈਕਲ ’ਤੇ ਸਵਾਰ ਦੋ ਨੌਜਵਾਨ ਪਿੰਡ ਮਾਣ ਕਰਾਈ ਦੇ ਦੱਸੇ ਜਾ ਰਹੇ ਹਨ। ਸੂਚਨਾ ਅਨੁਸਾਰ ਇੱਕ ਦੀ ਮੌਕੇ ’ਤੇ ਮੌਤ ਹੋ ਗਈ ਤੇ ਦੂਸਰੇ ਨੌਜਵਾਨ ਦੀਆਂ ਲੱਤਾਂ ਟੁੱਟ ਗਈਆਂ, ਜੋ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਇਆ। ਜਿਸ ਨੂੰ ਨਿੱਜੀ ਹਸਪਤਾਲ ਵਿੱਚ ਪਹੁੰਚਾਇਆ ਗਿਆ। ਨਜ਼ਦੀਕ ਪੈਟਰੋਲ ਪੰਪ ਮੁਲਾਜ਼ਮਾਂ ਨੇ ਦੱਸਿਆ ਕਿ ਤਕਰੀਬਨ ਰਾਤ 7 ਕੁ ਵਜੇ ਉਨ੍ਹਾਂ ਨੂੰ ਐਕਸੀਡੈਂਟ ਦੀ ਆਵਾਜ਼ ਸੁਣੀ ਜਾ ਕੇ ਦੇਖਿਆ ਤਾਂ ਮੌਕੇ ’ਤੇ ਐਕਸੀਡੈਂਟ ਵਾਲੀ ਗੱਡੀ ਤੇ ਡਰਾਈਵਰ ਫਰਾਰ ਹੋ ਚੁੱਕੇ ਸੀ। ਡੈਡ ਬਾਡੀ ਪੋਸਟਮਾਰਟਮ ਲਈ ਭੇਜੀ ਗਈ ਤੇ ਪੁਲਿਸ ਦੀ ਅਗਲੇਰੀ ਕਾਰਵਾਈ ਜਾਰੀ ਹੈ।

# ਐਸਬੀਐਸ ਸਟੇਟ ਯੂਨੀਵਰਸਿਟੀ ਦਾ ਸਥਾਪਨਾ ਦਿਵਸ ਮਨਾਇਆ




ਫ਼ਿਰੋਜ਼ਪੁਰ, 27 ਮਾਰਚ (ਤਿਵਾੜੀ): ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫਿਰੋਜ਼ਪੁਰ ਕੈਂਪਸ ਵਿੱਚ ਯੂਨੀਵਰਸਿਟੀ ਦਾ ਛੇਵਾਂ ਸਥਾਪਨਾ ਦਿਵਸ ਮਨਾਇਆ ਗਿਆ। ਇਸ ਸਮਾਗਮ ਵਿੱਚ ਫੈਕਲਟੀ, ਸਟਾਫ, ਵਿਦਿਆਰਥੀਆਂ ਤੇ ਇਲਾਕਾ ਨਿਵਾਸੀਆਂ ਵੱਲੋਂ ਭਾਰੀ ਗਿਣਤੀ ’ਚ ਸ਼ਮੂਲੀਅਤ ਕੀਤੀ ਗਈ।ਇਸ ਮੌਕੇ ਯੂਨੀਵਰਸਿਟੀ ਵਿੱਚ ਸ੍ਰੀ ਅਖੰਡ ਪਾਠ ਕਰਵਾਏ ਗਏ ਤੇ ਇਸ ਉਪਰੰਤ ਭਾਈ ਜਤਿੰਦਰਪਾਲ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਜਾਮਨੀ ਸਾਹਿਬ ਤੇ ਭਾਈ ਸੰਦੀਪ ਸਿੰਘ ਹਜ਼ੂਰੀ ਰਾਗੀ ਦਰਬਾਰ ਸਾਹਿਬ ਅੰਮ੍ਰਿਤਸਰ ਵੱਲੋਂ ਰਸਭਿੰਨੇ ਕੀਰਤਨ ਤੇ ਗੁਰਬਾਣੀ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਉਪਰੰਤ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ। ਕੈਂਪਸ ਦੇ ਕੁਲਪਤੀ ਡਾ. ਸੁਰੇਸ਼ ਕੁਮਾਰ ਸ਼ਰਮਾ ਨੇ ਸਾਰੇ ਸਟਾਫ਼ ਤੇ ਵਿਦਿਆਰਥੀਆਂ ਨੂੰ ਸਥਾਪਨਾ ਦਿਵਸ ਦੀ ਮੁਬਾਰਕਬਾਦ ਦਿੱਤੀ ਤੇ ਕੈਂਪਸ ਦੀ ਤਰੱਕੀ ਲਈ ਰਾਤ-ਦਿਨ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਕੈਂਪਸ ਰਜਿਸਟਰਾਰ ਡਾ. ਗਜ਼ਲਪ੍ਰੀਤ ਸਿੰਘ ਅਰਨੇਜਾ ਨੇ ਇਸ ਸਮਾਗਮ ’ਚ ਪਹੁੰਚੀਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਮਾਣਯੋਗ ਉਪ-ਕੁਲਪਤੀ ਡਾ. ਸੁਰੇਸ਼ ਕੁਮਾਰ ਸ਼ਰਮਾ ਦੀ ਅਗਵਾਈ ਵਿੱਚ ਯੂਨੀਵਰਸਿਟੀ ਦਿਨ ਦੁੱਗਣੀ ਤੇ ਰਾਤ ਚੌਗਣੀ ਤਰੱਕੀ ਵੱਲ ਅਗਸਰ ਹੈ।ਕੈਂਪਸ ਪੀਆਰਓ ਯਸ਼ਪਾਲ ਨੇ ਦੱਸਿਆ ਕਿ ਇਹ ਸੰਸਥਾ 1995 ’ਚ ਸ਼ਹੀਦ ਭਗਤ ਸਿੰਘ ਕਾਲਜ ਆਫ਼ ਇੰਜ. ਤੇ ਟੈਕਨਾਲੋਜੀ ਦੇ ਨਾਮ ’ਤੇ ਸਥਾਪਤ ਕੀਤੀ ਗਈ ਸੀ ਬਾਅਦ ਵਿੱਚ ਇਸਨੂੰ ਨੂੰ ਸ਼ਹੀਦ ਭਗਤ ਸਿੰਘ ਸਟੇਟ ਟੈਕਨੀਕਲ ਕੈਂਪਸ ਤੇ ਫਿਰ 26 ਮਾਰਚ 2021 ਨੂੰ ਇਸਨੂੰ ਅਪਗ੍ਰੇਡ ਕਰਕੇ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਦਾ ਦਰਜਾ ਦਿੱਤਾ ਗਿਆ। ਹੁਣ ਇਸ ਯੂਨੀਵਰਸਿਟੀ ਵਿੱਚ ਇੰਜ. ਕੋਰਸਾਂ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਕੋਰਸ ਸਫਲਤਾਪੂਰਵਕ ਚੱਲ ਰਹੇ ਹਨ।

# ਪੰਜਾਬੀ ਗਾਇਕੀ ਦਾ ਰੂਪਾਂਤਰਣ



**ਡਾ. ਅਨੰਤਪ੍ਰੀਤ ਸਿੰਘ ਬੇਨੀਪਾਲ**

ਪੰਜਾਬੀ ਗਾਇਕੀ ਦਾ ਮੁੱਢਲਾ ਦੌਰ ਬਾਬਾ ਫ਼ਰੀਦ ਦੇ ਸੂਫ਼ੀਆਨਾ ਰੰਗ ਨਾਲ ਭਰਪੂਰ ਸਮਿਆਂ ਨੂੰ ਮੰਨਿਆ ਜਾ ਸਕਦਾ ਹੈ। ਭਾਵੇਂ ਉਨ੍ਹਾਂ ਤੋਂ ਪਹਿਲਾਂ ਵੀ ਪੰਜਾਬ ਦੀ ਧਰਤੀ 'ਤੇ ਅਨੇਕਾਂ ਗਾਇਕ ਰੂਪੀ ਬੁੱਧੀਜੀਵੀ ਆਏ ਹੋਣਗੇ, ਪਰ ਜੇਕਰ ਭਾਸ਼ਾ ਨੂੰ ਮੁੱਖ ਆਧਾਰ ਰੱਖਿਆ ਜਾਵੇ ਤਾਂ ਪੰਜਾਬੀ ਭਾਸ਼ਾ ਦੀ ਮੂਲ ਰੂਪ ਵਿੱਚ ਵਰਤੋਂ ਬਾਬਾ ਫ਼ਰੀਦ ਜੀ ਦੇ ਸੂਫ਼ੀ ਅੰਦਾਜ਼ ਵਿੱਚ ਹੋਈ।

ਦਰਅਸਲ, ਕਿਸੇ ਖੇਤਰ ਦੀ ਭਾਸ਼ਾ, ਉੱਥੋਂ ਦਾ ਵਿਰਸਾ, ਰੀਤੀ-ਰਿਵਾਜ, ਰਹਿਣ ਸਹਿਣ ਹੀ ਮਨੋਰੰਜਨ ਦੇ ਇੱਕ ਰੂਪ ਵਜੋਂ ਉੱਥੋਂ ਦੇ ਗੀਤਾਂ ਵਿੱਚ ਝਲਕਣ ਲੱਗਦਾ ਹੈ। ਜੇਕਰ ਪੰਜਾਬੀ ਗੀਤਾਂ ਦੀ ਗੱਲ ਕਰੀਏ ਤਾਂ ਅਜਿਹਾ ਕੁਝ ਹੀ ਸਾਹਮਣੇ ਆਉਂਦਾ ਹੈ। ਸਮੇਂ ਦੇ ਨਾਲ ਤਬਦੀਲੀਆਂ ਆਉਣੀਆਂ ਸੁਭਾਵਿਕ ਹਨ। ਸੂਫ਼ੀ ਗਾਇਕੀ ਤੋਂ ਅੰਦਾਜ਼ ਬਦਲਦੇ ਹੋਏ ਰਹਿਣ-ਸਹਿਣ ਅਤੇ ਵਿਰਸੇ ਅਤੇ ਸੱਭਿਆਚਾਰ ਨਾਲ ਮਿਲਦੇ ਹੋਏ ਲੋਕ ਗੀਤਾਂ ਵਿੱਚ ਤਬਦੀਲ ਹੋ ਗਿਆ। ਭਾਵ ਸਮੇਂ ਨਾਲ ਕਿਸੇ ਵਿਸ਼ੇਸ਼ ਖੇਤਰ ਵਿੱਚ ਆਈਆਂ ਤਬਦੀਲੀਆਂ ਜਿਵੇਂ ਕਿ ਉੱਥੋਂ ਦੇ ਲੋਕਾਂ ਦਾ ਸੁਭਾਅ, ਜ਼ਮਾਨੇ ਵਿੱਚ ਵਰਤੋਂ ਦੀਆਂ ਵਸਤੂਆਂ, ਸਰੋਤ, ਸੰਦ ਆਦਿ ਦਾ ਜ਼ਿਕਰ ਉੱਥੋਂ ਦੇ ਵਿਰਸੇ ਵਿੱਚ ਆਉਣ ਲੱਗਦਾ ਹੈ ਅਤੇ ਗਾਇਕੀ ਵੀ ਇਸੇ ਦਾ ਭਾਗ ਮੰਨਿਆ ਜਾ ਸਕਦਾ ਹੈ। ਗਾਇਕੀ ਦਾ ਪ੍ਰਮੁੱਖ ਸਬੰਧ ਗਾਉਣ ਸਮੇਂ ਵਰਤੇ ਜਾਂਦੇ ਸੰਗੀਤ ਨਾਲ ਹੁੰਦਾ ਹੈ ਅਤੇ ਸਮੇਂ ਅਨੁਸਾਰ ਆਉਂਦੀਆਂ ਤਕਨੀਕਾਂ ਰਾਹੀਂ ਵੀ। ਜਿਵੇਂ ਜਿਵੇਂ ਸੰਗੀਤਕ ਸੰਦਾਂ ਦੀ ਖੋਜ ਹੁੰਦੀ ਗਈ, ਉਸੇ ਤਰ੍ਹਾਂ ਗਾਇਕੀ ਵਿੱਚ ਵੀ ਤਬਦੀਲੀ ਆਉਂਦੀ ਗਈ। ਇਸੇ ਪਰਿਵਰਤਨ ਅਨੁਸਾਰ ਇੱਕ ਸਮੇਂ 'ਤੇ ਗਾਏ ਜਾਣ ਵਾਲੇ ਸੰਗੀਤਕ ਰੰਗ ਨੂੰ ਆਉਂਦੀਆਂ ਪੀੜ੍ਹੀਆਂ ਵਿੱਚ ਸੂਫ਼ੀਆਨਾ ਅਤੇ ਲੋਕ ਗਾਇਕੀ ਦਾ ਨਾਮ ਦਿੱਤਾ ਗਿਆ। ਅਕਸਰ ਇਤਿਹਾਸਕ ਅਧਿਆਇਆਂ ਵਿੱਚ ਗਾਇਕੀ ਦਾ ਜ਼ਿਕਰ ਇਸ ਹੱਦ ਤੱਕ ਹੁੰਦਾ ਆਇਆ ਹੈ ਕਿ ਇਨਸਾਨ ਦੇ ਜੰਮਣ ਤੋਂ ਲੈ ਕੇ ਸਮਾਜਿਕ ਵਿਹਾਰਾਂ ਨੂੰ ਪਾਰ ਕਰਦੇ ਹੋਏ ਮਰਨ ਤੀਕ ਵੀ ਗਾਇਕੀ ਦੀਆਂ ਰੀਤਾਂ ਨੂੰ ਮਹਿਸੂਸ ਕੀਤਾ ਜਾ ਸਕਦਾ ਸੂਫ਼ੀਆਨਾ ਕਲਾਮਾਂ ਤੋਂ ਕਵੀਸ਼ਰੀ ਅੰਦਾਜ਼ ਦੀ ਪੌੜੀ ਚੜ੍ਹਦੇ ਹੋਏ ਰਬਾਬੀ ਵਾਰਾਂ ਦਾ ਅਧਿਆਏ ਆਇਆ।

ਫਿਰ ਧਾਰਮਿਕ ਸੰਗੀਤਕ ਛੋਹ ਨੂੰ ਮਹਿਸੂਸ ਕਰਨ ਉਪਰੰਤ ਪੰਜਾਬੀ ਭਾਸ਼ਾ ਦੇ ਵਿਕਾਸ ਅਧੀਨ ਸੰਗੀਤਕ ਰੰਗ ਵਿੱਚ ਲਗਾਤਾਰ ਵਿਕਾਸਸ਼ੀਲ ਤਬਦੀਲੀਆਂ ਆਈਆਂ। ਇਸ ਦਾ ਪ੍ਰਮੁੱਖ ਕਾਰਨ ਸੰਗੀਤਕ ਸੰਦਾਂ ਦੀ ਹੋਂਦ ਹੈ ਅਤੇ ਤਬਦੀਲੀਆਂ ਵੀ ਇਨ੍ਹਾਂ ਦੇ ਵਿਕਾਸ ਨੂੰ ਮੁੱਖ ਰੱਖਦੇ ਹੋਏ ਹੀ ਹੋਈਆਂ। ਪੰਜਾਬੀ ਸੱਭਿਆਚਾਰ ਦਾ ਵਿਕਾਸ ਵੀ ਇੱਥੋਂ ਦੇ ਕਿੱਤਿਆਂ, ਰੀਤਾਂ ਰਿਵਾਜਾਂ ਅਨੁਸਾਰ ਹੀ ਹੋਇਆ ਅਤੇ ਇਸ ਦਾ ਰੰਗ ਪੰਜਾਬੀ ਗਾਇਕੀ ਵਿੱਚ ਵੀ ਸਮਾ ਗਿਆ। ਇਸ ਤੋਂ ਅਗਲਾ ਦੌਰ ਕੁਦਰਤੀ ਅਤੇ ਅਲੌਕਿਕ ਸਿਫ਼ਤਾਂ ਤੋਂ ਬਦਲ ਕੇ ਇਸ਼ਕ ਹਕੀਕੀ ਦੇ ਗੀਤਾਂ ਦਾ ਆਉਂਦਾ ਹੈ ਕਿਉਂਕਿ ਸਮਾਜ ਵਿੱਚ ਪੱਛਮੀ ਛੋਹ ਨੇ ਆਪਣਾ ਪੈਰ ਪਸਾਰਨਾ ਸ਼ੁਰੂ ਕਰ ਦਿੱਤਾ ਸੀ। ਤਰੱਕੀ ਦੇ ਦੌਰ ਵਿੱਚ ਸੱਭਿਆਚਾਰਕ ਰੰਗ ਵੀ ਨਵੀਨ ਹੋਣ ਲੱਗੇ ਅਤੇ ਪੰਜਾਬੀ ਸੰਗੀਤ ਵੀ ਪੂਰੀ ਦੁਨੀਆ ਵਿੱਚ ਆਪਣਾ ਰੰਗ ਵਿਖਾਉਣ ਲੱਗਾ।

ਇੱਕ ਆਮ ਅਵਸਥਾ ਵਿੱਚ ਸੰਗੀਤ ਨੂੰ ਇੰਨੀ ਮਸ਼ਹੂਰੀ ਨਹੀਂ ਮਿਲਦੀ ਜਿੰਨੀ ਕਿ ਗਾਇਕੀ ਨੂੰ ਮਿਲਦੀ ਹੈ, ਹਾਲਾਂਕਿ ਗਾਇਕੀ ਦਾ ਰੰਗ ਸੰਗੀਤ ਤੋਂ ਬਿਨਾਂ ਫਿੱਕਾ ਹੀ ਹੁੰਦਾ ਹੈ। ਪੰਜਾਬੀ ਸੰਗੀਤ ਨੇ ਪੰਜਾਬੀ ਗਾਇਕੀ ਨੂੰ ਪ੍ਰਸਿੱਧ ਕੀਤਾ ਜਿਸ ਨਾਲ ਪੰਜਾਬੀ ਸੰਗੀਤਕ ਉਦਯੋਗ ਹੋਰ ਵੀ ਮਜ਼ਬੂਤ ਹੋਇਆ- ਤਕਨੀਕੀ ਤੌਰ 'ਤੇ ਵੀ ਅਤੇ ਆਰਥਕ ਤੌਰ 'ਤੇ ਵੀ। ਸੁਭਾਵਿਕ ਹੈ ਕਿ ਤਰੱਕੀ ਆਪਣੇ ਨਾਲ ਕੁਝ ਮਾੜੇ ਪੱਖ ਵੀ ਲੈ ਕੇ ਆਉਂਦੀ ਹੈ। ਅਜਿਹੇ ਵਿੱਚ ਪੰਜਾਬੀ ਸੰਗੀਤਕ ਤਰੱਕੀ ਆਪਣੇ ਨਾਲ ਕੁਝ ਅਜਿਹੇ ਤੱਤ ਲੈ ਕੇ ਆਈ ਕਿ ਗੀਤਕਾਰਾਂ ਦੇ ਲਿਖਣ ਦਾ ਮਿਆਰ ਗਿਰ ਗਿਆ, ਪਰ ਸਰੋਤਿਆਂ ਨੇ ਕੋਈ ਸ਼ਿਕਵਾ ਨਹੀਂ ਦਿਖਾਇਆ ਅਤੇ ਪੰਜਾਬੀ ਗਾਇਕੀ ਨੂੰ ਡਿੱਗਦੇ ਸ਼ਬਦਾਵਲੀ ਮਿਆਰ ਦੌਰਾਨ ਵੀ ਭਰਪੂਰ ਸਹਿਯੋਗ ਦਿੱਤਾ ਗਿਆ। ਸਰੋਤਿਆਂ ਦੀ ਪਸੰਦ ਤੋਂ ਪਰੇ ਜਾ ਕੇ ਅਜਿਹੇ ਵਿੱਚ ਕਾਫ਼ੀ ਕਲਾਕਾਰਾਂ ਨੇ ਇਸ ਡਿੱਗਦੇ ਮਿਆਰ ਨੂੰ ਕਾਇਮ ਰੱਖਣ ਦੀ ਕੋਸ਼ਿਸ਼ ਕੀਤੀ ਤੇ ਕਿਤੇ ਨਾ ਕਿਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਨਿਰਾਸ਼ਾ ਦਾ ਸਾਹਮਣਾ ਵੀ ਕਰਨਾ ਪਿਆ।

ਜਦੋਂ ਸਮੇਂ ਦੀ ਨਜ਼ਾਕਤ ਅਨੁਸਾਰ ਪੰਜਾਬੀ ਗਾਇਕੀ ਵਿੱਚ ਆਰਥਿਕ ਸੁਧਾਰ ਨਜ਼ਰ ਆਉਣ ਲੱਗੇ ਤਾਂ ਗਾਇਕੀ ਦਾ ਪੇਸ਼ਾ ਵੀ ਆਪਣੇ ਪੈਰ ਪਸਾਰਨ ਲੱਗਿਆ। ਹੁਣ ਗਾਇਕ ਆਪਣੇ ਅਖਾੜੇ ਸਜਾਉਣ ਲਈ ਮੇਲਿਆਂ ਦੀ ਭਾਲ ਕਰਨ ਲੱਗੇ। ਮਸ਼ਹੂਰੀ ਵਿਸ਼ਵ ਪੱਧਰ 'ਤੇ ਹੋਣ ਨਾਲ ਅਖਾੜੇ ਵੀ ਵਿਦੇਸ਼ਾਂ 'ਚ ਲੱਗਣ ਲੱਗ ਗਏ ਅਤੇ ਆਰਥਿਕ ਵਿਕਾਸ ਆਪਣੇ ਸਿਖਰ ਵੱਲ ਜਾਣ ਲੱਗਾ। ਪੰਜਾਬ ਤੋਂ ਪਰਵਾਸ ਕਰਕੇ ਗਏ ਲੋਕਾਂ ਨੇ ਪੰਜਾਬੀ ਗਾਇਕੀ ਦੀ ਲੋੜ ਵਿਸ਼ਵ ਪੱਧਰ 'ਤੇ ਹੋਰ ਵੀ ਵਧਾ ਦਿੱਤੀ। ਅੱਜ ਪੰਜਾਬੀ ਗਾਇਕੀ ਦਾ ਕੇਵਲ ਪੰਜਾਬੀ ਲੋਕ ਹੀ ਨਹੀਂ ਸਗੋਂ ਦੂਜੇ ਦੇਸ਼ਾਂ ਦੇ ਵਾਸੀ ਵੀ ਆਨੰਦ ਲੈਣ ਵਿੱਚ ਮੋਹਰੀ ਹਨ। ਅੰਤਰਰਾਸ਼ਟਰੀ ਪੱਧਰ ਦੀਆਂ ਵੱਖ-ਵੱਖ ਦਰਜਾਬੰਦੀ ਏਜੰਸੀਆਂ ਦੇ ਸਿਖਰ 'ਤੇ ਪੰਜਾਬੀ ਗਾਇਕਾਂ ਦੇ ਨਾਮ ਵੇਖੇ ਜਾ ਸਕਦੇ ਹਨ।

ਪੰਜਾਬੀ ਗਾਇਕੀ ਮੌਜੂਦਾ ਸਮਾਜਿਕ ਸਥਿਤੀ ਬਿਆਨ ਕਰ ਰਹੀ ਹੈ ਅਤੇ ਨਾਲ ਹੀ ਵੱਡੇ ਪੱਧਰ 'ਤੇ ਸਰੋਤਿਆਂ ਨੂੰ ਪ੍ਰਭਾਵਿਤ ਵੀ ਕਰਦੀ ਹੈ। ਜੇਕਰ ਅੱਜ ਪੰਜਾਬ ਵਿੱਚ ਨਸ਼ਿਆਂ ਨੇ ਪੈਰ ਪਸਾਰੇ ਹਨ ਤਾਂ ਇਸ ਦਾ ਇੱਕ ਮੁੱਢਲਾ ਕਾਰਨ ਗੀਤਾਂ ਵਿੱਚ ਅਫ਼ੀਮ ਵਰਗੇ ਨਸ਼ਿਆਂ ਦੀ ਵਰਤੋਂ ਦੇ ਪ੍ਰਚਾਰ ਨੂੰ ਮੰਨਿਆ ਜਾ ਸਕਦਾ ਹੈ ਜਿਸ ਨੇ ਬਾਅਦ ਵਿੱਚ ਘਾਤਕ ਰੂਪ ਧਾਰਦੇ ਹੋਏ ਅਨੇਕਾਂ ਨੌਜਵਾਨਾਂ ਨੂੰ ਇਸ ਤਰ੍ਹਾਂ ਪ੍ਰਭਾਵਿਤ ਕੀਤਾ ਕਿ ਕਿਤੇ ਉਹ ਇਸ ਸ਼ਾਹੀ ਨਸ਼ੇ ਦੀ ਵਰਤੋਂ ਕਰਨ ਤੋਂ ਵਾਂਝੇ ਨਾ ਰਹਿ ਜਾਣ। ਇਸੇ ਤਰ੍ਹਾਂ ਹੀ ਗੀਤਾਂ ਰਾਹੀਂ ਹਥਿਆਰਾਂ ਦੀ ਹੋਈ ਲੋੜੋਂ ਵੱਧ ਮਸ਼ਹੂਰੀ ਦਾ ਨਤੀਜਾ ਅੱਜ ਪੰਜਾਬ ਵਿੱਚ ਗੈਂਗਸਟਰਵਾਦ ਦਾ ਫੈਲਾਅ ਹੈ ਜੋ ਕਿ ਹੁਣ ਕਾਬੂ ਵਿੱਚ ਨਹੀਂ ਆ ਰਿਹਾ।

ਬਿਨਾਂ ਸਰੋਤਾਂ ਤੋਂ ਸ਼ੁਰੂ ਹੋ ਕੇ ਵੱਖ ਵੱਖ ਸੰਦਾਂ ਦੀ ਵਰਤੋਂ ਕਰਦੇ ਹੋਏ ਅੱਜ ਪੰਜਾਬੀ ਗਾਇਕੀ ਦੀ ਕੀਮਤ ਬਹੁਤ ਜ਼ਿਆਦਾ ਹੋ ਗਈ ਹੈ ਭਾਵੇਂ ਕਿ ਵੱਡੇ ਪੱਧਰ 'ਤੇ ਗੀਤਕਾਰੀ ਦਾ ਮਿਆਰ ਓਨਾ ਉੱਚਾ ਨਹੀਂ ਰਿਹਾ, ਪਰ ਕਿਤੇ ਨਾ ਕਿਤੇ ਆਉਣ ਵਾਲੇ ਸਮੇਂ ਵਿੱਚ ਇਸ ਦੌਰ ਨੂੰ ਪੰਜਾਬੀ ਗਾਇਕੀ ਦਾ ਸਿਖਰਲਾ ਦੌਰ ਹੀ ਲਿਖਿਆ ਜਾਵੇਗਾ। ਅੱਜ ਪੰਜਾਬੀ ਗਾਇਕੀ ਨੇ ਵਿਸ਼ਵ ਭਰ ਵਿੱਚ ਵਸਦੇ ਪੰਜਾਬੀਆਂ ਦੀ ਅਰਥਵਿਵਸਥਾ ਵਿੱਚ ਵੱਡਾ ਯੋਗਦਾਨ ਪਾਇਆ ਹੈ ਤੇ ਅਲਾਮਤ ਆਉਣ 'ਤੇ ਹਰ ਸੰਭਵ ਮਦਦ ਦਾ ਯਤਨ ਵੀ ਕੀਤਾ ਹੈ। ਅੱਜ ਜਦੋਂ ਪੰਜਾਬੀ ਭਾਸ਼ਾ ਦੀ ਵਰਤੋਂ ਅਤੇ ਹੋਂਦ 'ਤੇ ਬੇਸ਼ੱਕ ਅਨੇਕ ਖ਼ਤਰੇ ਮੰਡਰਾ ਰਹੇ ਹਨ, ਪਰ ਪੰਜਾਬੀ ਗਾਇਕੀ ਇੱਕ ਅਜਿਹਾ ਪਹਿਲੂ ਹੈ ਜੋ ਕਿ ਸੱਭਿਆਚਾਰ ਜਾਂ ਵਿਰਸੇ ਜਾਂ ਲੋਕ ਰੰਗ ਨੂੰ ਨਾ ਸਹੀ, ਪਰ ਪੰਜਾਬੀ ਭਾਸ਼ਾ ਅਤੇ ਪੰਜਾਬੀ ਧੁਨਾਂ ਨੂੰ ਪੂਰੇ ਵਿਸ਼ਵ ਵਿੱਚ ਬਾਖੂਬੀ ਪੇਸ਼ ਕਰ ਰਹੀ ਹੈ। ਮਾਣ ਉਦੋਂ ਮਹਿਸੂਸ ਹੁੰਦਾ ਹੈ ਜਦੋਂ ਕੋਈ ਗ਼ੈਰ ਪੰਜਾਬੀ ਬੋਲੀ ਬੋਲਣ ਵਾਲਾ ਵੀ ਪੰਜਾਬੀ ਗੀਤ ਗੁਣਗੁਣਾਉਂਦਾ ਨਜ਼ਰ ਆਉਂਦਾ ਹੈ।

ਸੰਪਰਕ: 98889-21290



# ਪੰਜਾਬ, ਪੰਜਾਬੀ ਤੇ ਪੰਜਾਬੀਅਤ ਨੂੰ ਨਵੇਂ ਸਿਖ਼ਰਾਂ 'ਤੇ ਲਿਜਾਣ ਵਾਲਾ – ਗੁਰਦਾਸ ਮਾਨ

**ਮਹਿਤਾਬ ਮਸੀਹ**

ਪੰਜਾਬੀ ਸੰਗੀਤ ਦੇ ਆਕਾਸ਼ 'ਤੇ ਗੁਰਦਾਸ ਮਾਨ ਇੱਕ ਅਜਿਹਾ ਚਮਕਦਾ ਧਰੂ-ਤਾਰਾ ਹੈ, ਜਿਸ ਨੇ ਆਪਣੀ ਮਿੱਠੀ ਅਵਾਜ਼ ਅਤੇ ਡੂੰਘੀਆਂ ਭਾਵਨਾਵਾਂ ਨਾਲ ਓਤ-ਪ੍ਰੋਤ ਸਾਫ਼-ਸੁਥਰੀ ਗਾਇਕੀ ਦੀ ਇੱਕ ਵਿਲੱਖਣ ਮਿਸਾਲ ਕਾਇਮ ਕੀਤੀ ਹੈ। ਜੇ ਇਹ ਆਖ ਲਿਆ ਜਾਵੇ ਕਿ ਉਨ੍ਹਾਂ ਨੇ ਆਪਣੀ ਗਾਇਕੀ ਨਾਲ ਪੰਜਾਬੀ ਮਾਂ-ਬੋਲੀ ਨੂੰ ਨਵੇਂ ਸਿਖ਼ਰਾਂ ਤੱਕ ਸਿਰ-ਤੋੜ ਜਤਨ ਕੀਤੇ ਹਨ।

6 ਅਪ੍ਰੈਲ 1957 ਨੂੰ ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡ ਗਿੱਲ ਵਿੱਚ ਜਨਮੇ ਗੁਰਦਾਸ ਮਾਨ ਨੇ ਆਪਣੀ ਜ਼ਿੰਦਗੀ ਨੂੰ ਪੰਜਾਬੀ ਸਭਿਆਚਾਰ, ਖੇਤੀਬਾੜੀ ਅਤੇ ਮਨੁੱਖੀ ਕਦਰਾਂ-ਕੀਮਤਾਂ ਨਾਲ ਜੋੜਿਆ ਹੈ। ਉਨ੍ਹਾਂ ਨੇ ਆਪਣੀ ਕਲਾ ਨਾਲ ਨਾ ਸਿਰਫ਼ ਪੰਜਾਬ, ਪੰਜਾਬੀ ਤੇ ਪੰਜਾਬੀਅਤ ਨੂੰ ਵਿਸ਼ਵ ਪੱਧਰ 'ਤੇ ਚਮਕਾਇਆ, ਸਗੋਂ ਭਾਰਤੀ ਸੰਗੀਤ ਨੂੰ ਵੀ ਅਮੀਰ ਬਣਾਇਆ।

ਆਪਣੇ ਚਾਰ ਦਹਾਕਿਆਂ ਤੋਂ ਵੱਧ ਦੇ ਸੰਗੀਤਕ ਸਫ਼ਰ ਵਿੱਚ ਉਨ੍ਹਾਂ ਨੇ ਸੈਂਕੜੇ ਗੀਤ ਰਚੇ ਅਤੇ ਗਾਏ, ਜਿਨ੍ਹਾਂ ਵਿੱਚ – ਦਿਲ ਦਾ ਮਾਮਲਾ, ਮਸਤੀ, ਚੱਕਰ, ਰਾਤ ਸੁਹਾਨੀ, ਨੱਚੋ ਬਾਬਿਓ, ਤੂੰ ਦਾਤੀ ਅਸੀਂ ਮੰਗਤੇ ਤੇਰੇ, ਤੇਰੀ ਖ਼ੈਰ ਹੋਵੇ, ਕ੍ਰਿਪਾ ਦਾਤੀ ਦੀ, ਵੇਖੀਂ ਕਿਤੇ ਯਾਰ ਨਾ ਹੋਵੇ, ਵਾਹ ਨੀ ਜਵਾਨੀਏ, ਚੁਗਲੀਆਂ, ਯਾਰ ਮੇਰਾ ਪਿਆਰ, ਪੀੜ ਪ੍ਰਾਹੁਣੀ, ਭਾਵੇਂ ਕੱਖ ਨਾ ਰਹੇ, ਦਿਲ ਹੋਣਾ ਚਾਹੀਦਾ ਜਵਾਨ, ਪੰਜ ਨਦੀਆਂ, ਜਾਦੂਗਰੀਆਂ, ਲੜ ਗਿਆ ਪੇਚਾ, ਆਜਾ ਸੱਜਣਾ, ਇਸ਼ਕ ਦਾ ਗਿੱਧਾ, ਹਾਏ ਸ਼ਾਵਾ ਬਈ ਹਾਏ ਸ਼ਾਵਾ, ਪੰਜਾਬੀ, ਹੀਰ, ਦਿਲ ਦਾ ਬਾਦਸ਼ਾਹ, ਵਲੈਤਣ, ਇਸ਼ਕ ਨਾ ਦੇਖੇ ਜਾਤ, ਬੂਟ ਪਾਲਿਸ਼ਾਂ, ਜੋਗੀਆ, ਸਾਡਾ ਪੰਜਾਬ– ਦੁਨੀਆ ਮੇਲਾ ਦੋ ਦਿਨ ਦਾ, ਰੋਟੀ, ਪੰਜਾਬ ਦੀ ਸ਼ਾਨ, ਪੌਪ ਸੈਂਸੇਸ਼ਨ, ਪਿਆਰ ਕਰ ਲੈ, ਪੰਜਾਬ, ਤੂੰ ਨਿਮਾਣਿਆਂ ਦਾ ਮਾਨ, ਚਿੰਤਾ ਨਾ ਕਰ ਯਾਰ, ਗੱਲ ਸੁਣੋ ਪੰਜਾਬੀ ਦੋਸਤੋ, ਮਿੱਟੀ ਦੀ ਆਵਾਜ਼ – ਵਰਗੇ ਹਰਮਨਪਿਆਰੇ ਗੀਤ ਵਰਨਣਯੋਗ ਹਨ।

ਗੁਰਦਾਸ ਮਾਨ ਦਾ ਸੰਗੀਤਕ ਸਫ਼ਰ ਬਚਪਨ ਤੋਂ ਹੀ ਸ਼ੁਰੂ ਹੋ ਗਿਆ ਸੀ। ਪਿੰਡ ਵਿੱਚ ਖੇਤਾਂ ਵਿੱਚ ਖੇਡਦੇ-ਟੱਪਦੇ ਉਨ੍ਹਾਂ ਨੇ ਪੰਜਾਬੀ ਲੋਕ ਗੀਤਾਂ ਨੂੰ ਆਪਣੀ ਅਵਾਜ਼ ਨਾਲ ਜੋੜਨਾ ਸਿੱਖਿਆ।

1970ਵਿਆਂ ਦੌਰਾਨ ਰੇਡੀਓ ਅਕਾਸ਼ਵਾਣੀ ਉਤੇ ਆਪਣੀ ਪਹਿਲੀ ਪੇਸ਼ਕਸ਼ ਨਾਲ ਹੀ ਉਨ੍ਹਾਂ ਨੇ ਲੋਕਾਂ ਦਾ ਧਿਆਨ ਆਪਣੇ ਵੱਲ ਖਿੱਚ ਲਿਆ ਸੀ। 1980 ਵਿੱਚ ਆਲ ਇੰਡੀਆ ਰੇਡੀਓ ਦੇ 'ਪ੍ਰਤਿਭਾ ਮੁਕਾਬਲੇ' ਵਿੱਚ ਪਹਿਲਾ ਸਥਾਨ ਹਾਸਲ ਕਰਨ ਨਾਲ ਉਨ੍ਹਾਂ ਦਾ ਕਰੀਅਰ ਚਮਕ ਪਿਆ। ਉਨ੍ਹਾਂ ਨੇ ਨਾ ਸਿਰਫ਼ ਗਾਇਆ, ਸਗੋਂ ਗੀਤ ਵੀ ਲਿਖੇ ਅਤੇ ਫ਼ਿਲਮਾਂ ਵਿੱਚ ਅਦਾਕਾਰੀ ਵੀ ਕੀਤੀ; ਜਿਵੇਂ ਮਾਮਲਾ ਗੜਬੜ ਹੈ, ਪੱਥਰ ਦਿਲ, ਉਚਾ ਦਰ ਬਾਬੇ ਨਾਨਕ ਦਾ, ਲੌਂਗ ਦਾ ਲਿਸ਼ਕਾਰਾ, ਗਭਰੂ ਪੰਜਾਬ ਦਾ, ਕੀ ਬਣੂੰ ਦੁਨੀਆ ਦਾ, ਛੋਰਾ ਹਰਿਆਣੇ ਕਾ, ਦੁਸ਼ਮਣੀ ਦੀ ਅੱਗ, ਕੁਰਬਾਨੀ ਜੱਟ ਦੀ, ਪ੍ਰਤਿੱਗਿਆ, ਰੂਹਾਨੀ ਤਾਕਤ, ਸਾਲੀ ਅੱਧੀ ਘਰ ਵਾਲੀ, ਵਾਂਟੇਡ ਗੁਰਦਾਸ ਮਾਨ – ਡੈੱਡ ਔਰ ਅਲਾਈਵ, ਕਚਹਿਰੀ, ਸੂਬੇਦਾਰ, ਬਗ਼ਾਵਤ, ਸਿਰਫ਼ ਤੁਮ, ਸ਼ਹੀਦ-ਏ-ਮੁਹੱਬਤ ਬੂਟਾ ਸਿੰਘ, ਸ਼ਹੀਦ ਊਧਮ ਸਿੰਘ, ਜ਼ਿੰਦਗੀ ਖ਼ੂਬਸੂਰਤ ਹੈ, ਵੀਰ ਜ਼ਾਰਾ, ਦੇਸ ਹੋਇਆ ਪਰਦੇਸ, ਵਾਰਿਸ ਸ਼ਾਹ – ਇਸ਼ਕ ਦਾ ਵਾਰਸ, ਮੰਮੀ ਜੀ, ਯਾਰੀਆਂ, ਮਿੰਨੀ ਪੰਜਾਬ, ਸੁਖਮਨੀ ਹੋਪ ਫ਼ਾਰ ਲਾਈਫ਼, ਚੱਕ ਜਵਾਨਾ, ਦਿਲ-ਵਿਲ ਪਿਆਰ, ਨਨਕਾਣਾ, ਮੰਟੋ।

ਗੁਰਦਾਸ ਮਾਨ ਨੂੰ 1990 'ਚ ਨੈਸ਼ਨਲ ਅਵਾਰਡ "ਵਾਰਿਸ ਸ਼ਾਹ – ਇਸ਼ਕ ਦਾ ਵਾਰਸ" ਲਈ ਅਤੇ ਫ਼ਿਲਮਫੇਅਰ ਅਵਾਰਡ ਵੀ ਮਿਲੇ ਹਨ, ਜੋ ਉਨ੍ਹਾਂ ਦੇ ਸੰਗੀਤ ਨੂੰ ਵਿਸ਼ਵ ਪੱਧਰੀ ਮਾਨਤਾ ਦਿੰਦੇ ਹਨ। ਉਨ੍ਹਾਂ ਨੂੰ ਸਾਲ 2011 'ਚ ਪਦਮਸ਼੍ਰੀ ਅਤੇ 2023 'ਚ ਪਦਮ ਭੂਸ਼ਣ ਵਰਗੇ ਸਨਮਾਨ ਵੀ ਮਿਲੇ ਹਨ, ਜੋ ਉਨ੍ਹਾਂ ਦੇ ਯੋਗਦਾਨ ਨੂੰ ਰਾਸ਼ਟਰੀ ਪੱਧਰ 'ਤੇ ਮਾਨਤਾ ਦਿੰਦੇ ਹਨ। ਉਨ੍ਹਾਂ ਦੇ ਗੀਤਾਂ ਨੇ ਵਿਦੇਸ਼ਾਂ 'ਚ ਰਹਿੰਦੇ ਸਮੂਹ ਪੰਜਾਬੀਆਂ ਨੂੰ ਵੀ ਜੋੜਿਆ। ਅੱਜ ਵੀ ਉਨ੍ਹਾਂ ਦੇ ਲਾਈਵ ਸੰਗੀਤਕ ਪ੍ਰੋਗਰਾਮਾਂ ਵਿੱਚ ਹਜ਼ਾਰਾਂ ਲੋਕ ਇਕੱਠੇ ਜੁੜਦੇ ਹਨ। ਇਸ ਤੋਂ ਇਲਾਵਾ, ਉਨ੍ਹਾਂ ਨੇ ਸਮਾਜਿਕ ਮੁੱਦਿਆਂ ਜਿਵੇਂ ਨਸ਼ੇ ਵਿਰੁੱਧ ਮੁਹਿੰਮ ਵਿੱਚ ਵੀ ਹਿੱਸਾ ਲਿਆ, ਜੋ ਉਨ੍ਹਾਂ ਨੂੰ ਇੱਕ ਜ਼ਿੰਮੇਵਾਰ ਕਲਾਕਾਰ ਬਣਾਉਂਦਾ ਹੈ।

ਗੁਰਦਾਸ ਮਾਨ ਦੀ ਗਾਇਕੀ ਨੂੰ ਬੇਮਿਸਾਲ ਕਹਿਣ ਵਿੱਚ ਕੋਈ ਅਤਿਕਥਨੀ ਨਹੀਂ ਹੈ। ਉਨ੍ਹਾਂ ਨੇ ਪੰਜਾਬੀ ਗੀਤਾਂ ਨੂੰ ਇੱਕ ਨਵੀਂ ਗਹਿਰਾਈ ਦਿੱਤੀ ਹੈ, ਜਿੱਥੇ ਭਾਵਨਾਵਾਂ, ਸਭਿਆਚਾਰ ਅਤੇ ਜੀਵਨ ਦੇ ਸੱਚ ਨੂੰ ਬਿਨਾਂ ਕਿਸੇ ਆਰਥਿਕ ਲਾਹੇ ਦੇ ਪੇਸ਼ ਕੀਤਾ ਹੈ। ਉਨ੍ਹਾਂ ਦੇ ਗੀਤਾਂ ਵਿੱਚ ਪੰਜਾਬ ਦੇ ਖੇਤਾਂ ਦੀ ਹਰਿਆਲੀ, ਪਿੰਡਾਂ ਦੀ ਨਿਰਮਲਤਾ ਅਤੇ ਇਨਸਾਨੀ ਰਿਸ਼ਤਿਆਂ ਦੀ ਮਿਠਾਸ ਨਜ਼ਰੀਂ ਪੈਂਦੀ ਹੈ। ਉਨ੍ਹਾਂ ਨੇ ਪੰਜਾਬੀ ਪਿੰਡਾਂ ਦੇ ਜੀਵਨ ਨੂੰ ਆਪਣੇ ਗੀਤਾਂ ਵਿੱਚ ਕੁਝ ਇੰਝ ਬਿਆਨ ਕੀਤਾ ਹੈ, ਜੋ ਅੱਜ ਵੀ ਲੋਕਾਂ ਦੇ ਦਿਲਾਂ ਵਿੱਚ ਵਸਿਆ ਹੋਇਆ ਹੈ। ਉਨ੍ਹਾਂ ਨੇ ਪਿਆਰ ਦੀ ਨਿਰਮਲਤਾ ਨੂੰ ਅਧਿਆਤਮਕ ਪੱਧਰ ਉਤੇ ਵੀ ਪਹੁੰਚਾਇਆ, ਪਰ ਕਦੇ ਵੀ ਇਸ ਨੂੰ ਵਲਵਲੇ ਜਾਂ ਦੋ-ਅਰਥੀ ਨਹੀਂ ਬਣਨ ਦਿੱਤਾ।

ਉਨ੍ਹਾਂ ਦੀ ਗਾਇਕੀ ਦੀ ਮੁੱਖ ਖ਼ਾਸੀਅਤ ਇਹ ਹੈ ਕਿ ਉਹ ਹਮੇਸ਼ਾ ਸਮਾਜਿਕ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਅੱਗੇ ਰੱਖਦੇ ਰਹੇ ਹਨ। ਹੋਰ ਗਾਇਕਾਂ ਵਾਂਗ ਉਨ੍ਹਾਂ ਨੇ ਕਦੇ ਵੀ ਅਸ਼ਲੀਲ ਜਾਂ ਹਨੇਰੇ ਪੱਖ ਨੂੰ ਉਜਾਗਰ ਨਹੀਂ ਕੀਤਾ। ਉਨ੍ਹਾਂ ਦੇ ਜ਼ਿਆਦਾਤਰ ਗੀਤ, ਸਰੋਤਿਆਂ ਨੂੰ ਗਹਿਰੇ ਵਿਚਾਰਾਂ ਵਿੱਚ ਡੋਬ ਕੇ ਰੱਖ ਦਿੰਦੇ ਹਨ।

> ਆਪਣੇ ਚਾਰ ਦਹਾਕਿਆਂ ਤੋਂ ਵੱਧ ਦੇ ਸੰਗੀਤਕ ਸਫ਼ਰ ਵਿੱਚ ਉਨ੍ਹਾਂ ਨੇ ਸੈਂਕੜੇ ਗੀਤ ਰਚੇ ਅਤੇ ਗਾਏ, ਜਿਨ੍ਹਾਂ ਵਿੱਚ – ਦਿਲ ਦਾ ਮਾਮਲਾ, ਮਸਤੀ, ਚੱਕਰ, ਰਾਤ ਸੁਹਾਨੀ, ਨੱਚੋ ਬਾਬਿਓ, ਤੂੰ ਦਾਤੀ ਅਸੀਂ ਮੰਗਤੇ ਤੇਰੇ, ਤੇਰੀ ਖ਼ੈਰ ਹੋਵੇ, ਕ੍ਰਿਪਾ ਦਾਤੀ ਦੀ, ਵੇਖੀਂ ਕਿਤੇ ਯਾਰ ਨਾ ਹੋਵੇ, ਵਾਹ ਨੀ ਜਵਾਨੀਏ, ਚੁਗਲੀਆਂ, ਯਾਰ ਮੇਰਾ ਪਿਆਰ, ਪੀੜ ਪ੍ਰਾਹੁਣੀ, ਭਾਵੇਂ ਕੱਖ ਨਾ ਰਹੇ, ਦਿਲ ਹੋਣਾ ਚਾਹੀਦਾ ਜਵਾਨ, ਪੰਜ ਨਦੀਆਂ, ਜਾਦੂਗਰੀਆਂ, ਲੜ ਗਿਆ ਪੇਚਾ, ਆਜਾ ਸੱਜਣਾ, ਇਸ਼ਕ ਦਾ ਗਿੱਧਾ, ਹਾਏ ਸ਼ਾਵਾ ਬਈ ਹਾਏ ਸ਼ਾਵਾ, ਪੰਜਾਬੀ, ਹੀਰ, ਦਿਲ ਦਾ ਬਾਦਸ਼ਾਹ, ਵਲੈਤਣ, ਇਸ਼ਕ ਨਾ ਦੇਖੇ ਜਾਤ, ਬੂਟ ਪਾਲਿਸ਼ਾਂ, ਜੋਗੀਆ, ਸਾਡਾ ਪੰਜਾਬ– ਦੁਨੀਆ ਮੇਲਾ ਦੋ ਦਿਨ ਦਾ, ਰੋਟੀ, ਪੰਜਾਬ ਦੀ ਸ਼ਾਨ, ਪੌਪ ਸੈਂਸੇਸ਼ਨ, ਪਿਆਰ ਕਰ ਲੈ, ਪੰਜਾਬ, ਤੂੰ ਨਿਮਾਣਿਆਂ ਦਾ ਮਾਨ, ਚਿੰਤਾ ਨਾ ਕਰ ਯਾਰ, ਗੱਲ ਸੁਣੋ ਪੰਜਾਬੀ ਦੋਸਤੋ, ਮਿੱਟੀ ਦੀ ਆਵਾਜ਼ – ਵਰਗੇ ਹਰਮਨਪਿਆਰੇ ਗੀਤ ਵਰਨਣਯੋਗ ਹਨ।

ਉਨ੍ਹਾਂ ਨੇ ਫ਼ਿਲਮੀ ਗੀਤਾਂ ਵਿੱਚ ਵੀ ਆਪਣਾ ਅੰਦਾਜ਼ ਬਰਕਰਾਰ ਰੱਖਿਆ। ਉਨ੍ਹਾਂ ਨੇ ਪੰਜਾਬੀਆਂ ਦੀ ਬਹਾਦਰੀ ਦੇ ਕਿੱਸੇ ਵੀ ਸਾਂਝੇ ਕੀਤੇ। ਇਸ ਤੋਂ ਇਲਾਵਾ, ਉਨ੍ਹਾਂ ਨੇ ਅੰਤਰਰਾਸ਼ਟਰੀ ਪੱਧਰ 'ਤੇ ਵੀ ਪੰਜਾਬੀ ਨੂੰ ਲੈ ਕੇ ਕੰਮ ਕੀਤਾ, ਜਿਵੇਂ ਯੂਨੈਸਕੋ ਦੇ ਪ੍ਰੋਗਰਾਮ ਵਿੱਚ ਹਿੱਸਾ ਲਿਆ ਅਤੇ ਵਿਦੇਸ਼ਾਂ ਵਿੱਚ ਪੰਜਾਬੀ ਸਭਿਆਚਾਰ ਨੂੰ ਪ੍ਰਚਾਰਿਤ ਕੀਤਾ।

ਪਿਛਲੇ ਸਾਢੇ ਚਾਰ ਦਹਾਕਿਆਂ ਤੋਂ ਪੰਜਾਬੀ ਗਾਇਕੀ ਦੇ ਤਖਤ 'ਤੇ ਬਿਰਾਜਮਾਨ ਗੁਰਦਾਸ ਮਾਨ ਨੇ ਪੰਜਾਬੀ ਗਾਇਕੀ ਨੂੰ ਇਕ ਨਵੀਂ ਦਿਸ਼ਾ ਦਿੱਤੀ ਹੈ। ਪੰਜਾਬੀ ਗੀਤਾਂ ਨੂੰ ਪਿੰਡਾਂ ਦੀਆਂ ਸੱਥਾਂ 'ਚੋਂ ਲਿਆ ਕੇ ਕਾਲਜ ਤੇ ਯੂਨੀਵਰਸਿਟੀ ਦੀਆਂ ਸਟੇਜਾਂ ਦੀ ਸ਼ਾਨ ਬਣਾਇਆ। ਦੇਸ਼ ਵਿਦੇਸ਼ ਦੇ ਸਰੋਤਿਆਂ ਨੂੰ ਪੰਜਾਬੀ ਨਾਲ ਜੋੜਿਆ।

ਉਨ੍ਹਾਂ ਦੇ ਗੀਤ ਸੁਣ ਕੇ ਇੰਝ ਜਾਪਦਾ ਹੈ ਕਿ ਜਿਵੇਂ ਜੇਠ-ਹਾੜ ਵਿੱਚ ਤਪਦੀ ਧਰਤੀ ਦੇ ਪਿੰਡੇ ਨੂੰ ਅਚਾਨਕ ਪਈਆਂ ਕਣੀਆਂ ਨੇ ਪੂਰੀ ਤਰ੍ਹਾਂ ਠਾਰ ਦਿੱਤਾ ਹੋਵੇ। ਗੁਰਦਾਸ ਮਾਨ ਇਕ ਇਤਿਹਾਸ ਸਿਰਜ ਰਹੇ ਹਨ। ਉਨ੍ਹਾਂ ਠੀਕ ਹੀ ਗਾਇਆ ਕਿ 'ਦਿਲ ਹੋਣਾ ਚਾਹੀਦਾ ਜਵਾਨ, ਉਮਰਾਂ 'ਚ ਕੀ ਰੱਖਿਆ...'। ਇਹ ਗੀਤ ਉਨ੍ਹਾਂ ਦੇ ਖ਼ੁਦ ਉਤੇ ਵੀ ਪੂਰੀ ਤਰ੍ਹਾਂ ਢੁਕਦਾ ਹੈ।

ਗੁਰਦਾਸ ਮਾਨ ਨੇ ਪੰਜਾਬੀ ਭਾਸ਼ਾ ਨੂੰ ਹਮੇਸ਼ਾ ਆਪਣੀ ਮਾਂ ਵਾਂਗ ਮਾਣਿਆ ਹੈ। ਉਨ੍ਹਾਂ ਦੇ ਗੀਤਾਂ ਵਿੱਚ ਪੰਜਾਬੀ ਸ਼ਬਦਾਵਲੀ ਦੀ ਅਮੀਰੀ ਨਜ਼ਰ ਆਉਂਦੀ ਹੈ, ਜੋ ਲੋਕਾਂ ਨੂੰ ਆਪਣੀ ਬੋਲੀ ਨਾਲ ਜੋੜਦੀ ਹੈ। ਉਨ੍ਹਾਂ ਨੇ ਕਈ ਵਾਰ ਕਿਹਾ ਹੈ ਕਿ ਪੰਜਾਬੀ ਉਨ੍ਹਾਂ ਦੀ ਰਗ਼ ਅਤੇ ਰੂਹ ਹੈ। ਇਸ ਨਾਲ ਜੁੜ ਕੇ, ਉਨ੍ਹਾਂ ਨੇ ਹਿੰਦੀ ਅਤੇ ਅੰਗਰੇਜ਼ੀ ਵਿੱਚ ਵੀ ਗੀਤ ਗਾਏ ਹਨ, ਪਰ ਹਮੇਸ਼ਾ ਪੰਜਾਬੀ ਨੂੰ ਪ੍ਰਮੁੱਖ ਰੱਖਿਆ। ਸਾਲ 2022 'ਚ ਆਇਆ ਉਨ੍ਹਾਂ ਦਾ ਗੀਤ "ਗੱਲ ਸੁਣੋ ਪੰਜਾਬੀ ਦੋਸਤੋ" ਇੱਕ ਵੱਡੀ ਮਿਸਾਲ ਹੈ। ਇਹ ਗੀਤ ਪੰਜਾਬੀ ਭਾਸ਼ਾ ਦੇ ਸਨਮਾਨ ਵਿੱਚ ਬਣਾਇਆ ਗਿਆ ਅਤੇ ਉਨ੍ਹਾਂ ਨੇ ਇਸ ਨਾਲ ਆਪਣੀ ਵਚਨਬੱਧਤਾ ਦਰਸਾਈ। ਇਹ ਗੀਤ ਉਨ੍ਹਾਂ ਦੇ ਦਿਲ ਦੀ ਹਾਲਤ ਨੂੰ ਬਿਆਨ ਕਰਦਾ ਹੈ ਕਿ ਉਹ ਸੱਚਮੁ ਪੰਜਾਬੀ ਨੂੰ ਆਪਣੀ ਜਾਨ ਵਾਂਗ ਪਿਆਰ ਕਰਦੇ ਹਨ। ਇਸ ਤਰ੍ਹਾਂ, ਉਨ੍ਹਾਂ ਦੀ ਗਾਇਕੀ ਨਾ ਸਿਰਫ਼ ਮਨੋਰੰਜਨ ਕਰਦੀ ਹੈ, ਸਗੋਂ ਸਮਾਜ ਨੂੰ ਨੈਤਿਕਤਾ ਅਤੇ ਗਿਆਨ ਦੀਆਂ ਡੂੰਘਾਂਣਾਂ ਤੱਕ ਵੀ ਲੈ ਜਾਂਦੀ ਹੈ।

ਪਰ ਹਾਲ ਹੀ ਵਿੱਚ ਕੁਝ ਲੋਕਾਂ ਵੱਲੋਂ ਉਨ੍ਹਾਂ 'ਤੇ ਲਾਏ ਜਾ ਰਹੇ ਬੇਬੁਨਿਆਦ ਇਲਜ਼ਾਮਾਂ ਨੇ ਉਨ੍ਹਾਂ ਦੇ ਯੋਗਦਾਨ ਨੂੰ ਧੁੰਦਲਾ ਕਰਨ ਦੀ ਨਾਕਾਮ ਕੋਸ਼ਿਸ਼ ਕੀਤੀ ਹੈ। ਬਿਨਾ ਮਤਲਬ ਦੀਆਂ ਦੂਸ਼ਣਬਾਜ਼ੀਆਂ ਦਾ ਕੋਈ ਆਧਾਰ ਤਾਂ ਹੁੰਦਾ ਨਹੀਂ। ਗੁਰਦਾਸ ਮਾਨ 'ਤੇ ਕੁਝ ਅਜਿਹੇ ਲੋਕਾਂ ਵੱਲੋਂ ਬੇਬੁਨਿਆਦ ਇਲਜ਼ਾਮ ਲਗਾਏ ਜਾ ਰਹੇ ਹਨ, ਜੋ ਸਿਰਫ਼ ਆਪਣੇ ਸੌੜੇ ਹਿਤਾਂ ਲਈ ਉਨ੍ਹਾਂ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕਰ ਰਹੇ ਹਨ।

ਪਹਿਲਾ ਇਲਜ਼ਾਮ ਇਹ ਲਾਇਆ ਜਾ ਰਿਹਾ ਹੈ ਕਿ ਉਹ ਹਿੰਦੀ ਭਾਸ਼ਾ ਨੂੰ ਪੰਜਾਬੀ ਨਾਲੋਂ ਉੱਚਾ ਸਥਾਨ ਦਿੰਦੇ ਹਨ। ਇਹ ਵਿਵਾਦ 2019 ਤੋਂ ਚੱਲ ਰਿਹਾ ਹੈ, ਜਦੋਂ ਉਨ੍ਹਾਂ ਨੇ ਕੈਨੇਡਾ ਵਿੱਚ ਇੱਕ ਇੰਟਰਵਿਊ ਦੌਰਾਨ "ਵਨ ਨੇਸ਼ਨ, ਵਨ ਲੈਂਗੂਏਜ" ਨੂੰ ਸਮਰਥਨ ਦਿੱਤਾ ਸੀ। ਇਸ ਨੂੰ ਕੁਝ ਲੋਕਾਂ ਨੇ 'ਪੰਜਾਬੀ ਵਿਰੋਧੀ' ਮੰਨ ਲਿਆ, ਪਰ ਉਨ੍ਹਾਂ ਨੇ ਤੁਰੰਤ ਮਾਫ਼ੀ ਮੰਗੀ ਅਤੇ ਕਿਹਾ ਕਿ ਉਨ੍ਹਾਂ ਦਾ ਮਤਲਬ ਭਾਸ਼ਾਵਾਂ ਦੇ ਸਹਿਯੋਗ ਤੋਂ ਸੀ, ਨਾ ਕਿ ਪੰਜਾਬੀ ਨੂੰ ਨੁਕਸਾਨ ਪਹੁੰਚਾਉਣ ਤੋਂ। ਇਸ ਵਿਵਾਦ ਨੇ ਉਨ੍ਹਾਂ ਨੂੰ ਭਾਰੀ ਨੁਕਸਾਨ ਵੀ ਪਹੁੰਚਾਇਆ, ਜਿਵੇਂ ਸਾਲ 2020 ਵਿੱਚ ਉਨ੍ਹਾਂ ਨੂੰ ਸਿੰਘੂ ਬਾਰਡਰ 'ਤੇ ਕਿਸਾਨਾਂ ਨੂੰ ਸੰਬੋਧਨ ਨਹੀਂ ਸੀ ਕਰਨ ਦਿੱਤਾ ਗਿਆ। ਪਰ 2022 ਵਿੱਚ ਉਨ੍ਹਾਂ ਨੇ "ਗੱਲ ਸੁਣੋ ਪੰਜਾਬੀ ਦੋਸਤੋ" ਗੀਤ ਨਾਲ ਜਵਾਬ ਦਿੱਤਾ, ਜੋ ਪੰਜਾਬੀ ਦੇ ਪਿਆਰ ਵਿੱਚ ਭਰਪੂਰ ਹੈ ਅਤੇ ਉਨ੍ਹਾਂ ਦੀ ਸੱਚੀ ਤੇ ਸੁੱਚੀ ਨੀਅਤ ਨੂੰ ਸਾਬਤ ਕਰਦਾ ਹੈ।

ਹੁਣ ਵੀ ਇਹ ਚਰਚਾ ਜਾਰੀ ਹੈ, ਜਿਵੇਂ ਕੈਨੇਡਾ ਟੂਰ ਵਿੱਚ ਵੈਨਕੂਵਰ ਵਾਲੇ ਵਿਵਾਦ ਵਿੱਚ, ਪਰ ਇਹ ਬਸ ਪੁਰਾਣੇ ਜ਼ਖ਼ਮ ਨੂੰ ਚੀਰਨ ਵਾਲੀਆਂ ਹੀ ਗੱਲਾਂ ਹਨ। ਗੁਰਦਾਸ ਮਾਨ ਨੇ ਹਮੇਸ਼ਾ ਕਿਹਾ ਹੈ ਕਿ ਹਿੰਦੀ ਨੂੰ ਉਹ "ਮਾਸੀ" ਵਾਂਗ ਵੇਖਦੇ ਹਨ, ਪਰ ਪੰਜਾਬੀ ਉਨ੍ਹਾਂ ਦੀ ਮਾਂ ਹੈ। ਬੇਸ਼ੱਕ ਇਹ ਇੱਕ ਪਿਆਰ ਭਰਿਆ ਤਰੀਕਾ ਹੈ, ਨਾ ਕਿ ਅਪਮਾਨ। ਇਹ ਇਲਜ਼ਾਮ ਉਨ੍ਹਾਂ ਨੂੰ ਘੇਰਨ ਲਈ ਲਾਇਆ ਜਾ ਰਿਹਾ ਹੈ, ਪਰ ਉਨ੍ਹਾਂ ਦੇ ਗੀਤ ਉਨ੍ਹਾਂ ਦੀ ਸੱਚਾਈ ਬਿਆਨ ਕਰਦੇ ਹਨ।

ਦੂਜਾ ਇਲਜ਼ਾਮ ਡੇਰੇ ਵਿੱਚ ਜਾਣ ਨਾਲ ਜੁੜਿਆ ਹੈ, ਜੋ 2021 ਵਿੱਚ ਸ਼ੁਰੂ ਹੋਇਆ। ਨਕੋਦਰ ਦੇ ਇੱਕ ਡੇਰੇ ਵਿੱਚ ਉਰਸ ਦੌਰਾਨ ਉਨ੍ਹਾਂ ਨੇ ਇੱਕ ਬਾਬੇ ਨੂੰ ਗੁਰੂ ਅਮਰਦਾਸ ਜੀ ਦਾ ਵੰਸ਼ਜ ਕਹਿ ਕੇ ਸੰਬੋਧਿਤ ਕੀਤਾ, ਜਿਸ ਨਾਲ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚੀ। ਤਦ ਉਨ੍ਹਾਂ ਵਿਰੁੱਧ ਐੱਫਆਈਆਰ ਦਰਜ ਹੋਈ ਅਤੇ ਉਨ੍ਹਾਂ ਨੂੰ ਜ਼ਮਾਨਤ 'ਤੇ ਰਿਹਾ ਕੀਤਾ ਗਿਆ। ਪਰ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ 2024 ਵਿੱਚ ਇਸ ਕੇਸ ਨੂੰ ਰੱਦ ਕਰ ਦਿੱਤਾ, ਅਤੇ ਉਨ੍ਹਾਂ ਨੇ ਵੀਡੀਓ ਰਾਹੀਂ ਮਾਫ਼ੀ ਵੀ ਮੰਗੀ।

ਤਦ ਉਨ੍ਹਾਂ ਆਖਿਆ ਸੀ ਕਿ ਇਹ ਇੱਕ ਗ਼ਲਤੀ ਸੀ, ਨਾ ਕਿ ਉਨ੍ਹਾਂ ਅਜਿਹਾ ਗਿਣ-ਮਿੱਥ ਕੇ ਆਖਿਆ ਸੀ। ਗੁਰਦਾਸ ਮਾਨ ਨੇ ਹਮੇਸ਼ਾ ਸਿੱਖੀ ਵਿੱਚ ਅਟੁੱਟ ਵਿਸ਼ਵਾਸ ਰੱਖਿਆ ਹੈ ਅਤੇ ਗੁਰੂ ਮਹਾਰਾਜ ਨੂੰ ਆਪਣਾ ਗੁਰੂ ਮੰਨਿਆ ਹੈ। ਇਹ ਇਲਜ਼ਾਮ ਬਿਨਾਂ ਵਜ੍ਹਾ ਲਾਏ ਜਾ ਰਹੇ ਹਨ, ਜੋ ਉਨ੍ਹਾਂ ਨੂੰ ਧਰਮ ਨਾਲ ਜੋੜ ਕੇ ਨੁਕਸਾਨ ਪਹੁੰਚਾਉਣਾ ਚਾਹੁੰਦੇ ਹਨ। ਧਰਮ ਤੇ ਵਿਸ਼ਵਾਸ ਕੁਝ ਨਿਜੀ ਹੱਦਾਂ-ਬੰਨਿਆਂ ਵਾਲੀ ਗੱਲ ਹੈ। ਗਾਇਕ ਤਾਂ ਹੋਰ ਵੀ ਬਹੁਤ ਸਾਰੇ ਡੇਰਿਆਂ 'ਚ ਜਾਂਦੇ ਹਨ – ਉਨ੍ਹਾਂ ਨੂੰ ਤਾਂ ਅਜਿਹੇ ਵਿਹਲੜ ਅਨਸਰਾਂ ਨੇ ਕਦੇ ਆਪਣੇ ਨਿਸ਼ਾਨੇ 'ਤੇ ਨਹੀਂ ਲਿਆ। ਮੁੱਕਦੀ ਗੱਲ ਇਹ ਕਿ ਗੁਰਦਾਸ ਮਾਨ ਨੂੰ ਸਿਰਫ਼ ਤੇ ਸਿਰਫ਼ ਉਨ੍ਹਾਂ ਦੀ ਗਾਇਕੀ ਦੇ ਮਿਆਰ ਨਾਲ ਪਰਖਿਆ ਜਾਣਾ ਚਾਹੀਦਾ ਹੈ, ਨਾ ਕਿ ਬੇਬੁਨਿਆਦ ਇਲਜ਼ਾਮਾਂ ਨਾਲ। ਉਨ੍ਹਾਂ ਦੇ ਗੀਤ ਅੱਜ ਵੀ ਨੌਜਵਾਨਾਂ ਨੂੰ ਪ੍ਰੇਰਿਤ ਕਰਦੇ ਹਨ ਅਤੇ ਪੰਜਾਬੀ ਸਭਿਆਚਾਰ ਨੂੰ ਵਿਸ਼ਵ ਤੱਕ ਪਹੁੰਚਾਉਣ ਦੇ ਸਮਰੱਥ ਹਨ। ਵਿਵਾਦ ਆਉਂਦੇ ਰਹਿਣਗੇ, ਪਰ ਉਨ੍ਹਾਂ ਦਾ ਯੋਗਦਾਨ ਅਮਰ ਹੈ।

# ਸੁਰ ਤੇ ਤਾਲ ਦਾ ਰੌਸ਼ਨ ਚਿਰਾਗ ਫ਼ਿਰੋਜ਼ ਖਾਨ



**ਰਘਬੀਰ ਚੰਗਾਲ**

ਪੰਜਾਬੀ ਗੀਤ ਸੰਗੀਤ ਵਿੱਚ ਕੁਝ ਕੁ ਉਂਗਲਾਂ 'ਤੇ ਗਿਣੇ ਜਾਣ ਵਾਲੇ ਸੁਰ ਤਾਲ ਦੇ ਧਨੀ ਗਾਇਕਾਂ ਵਿੱਚ ਫ਼ਿਰੋਜ਼ ਖਾਨ ਦਾ ਨਾਂ ਰੌਸ਼ਨ ਚਿਰਾਗ ਵਾਂਗ ਚਮਕਦਾ ਹੈ। ਨਿੱਕੀ ਜਿਹੀ ਉਮਰੇ ਉਸ ਦੀ ਪਲੇਠੀ ਐਲਬਮ 'ਤੇਰੀ ਮੈਂ ਹੋ ਨਾ ਸਕੀ' ਮਾਰਕੀਟ ਵਿੱਚ ਆਈ। ਜੈ ਦੇਵ ਕੁਮਾਰ ਦੇ ਸੰਗੀਤ 'ਚ ਤੇ ਸਾਗਾ ਕੰਪਨੀ ਦੇ ਮਾਧਿਅਮ ਰਾਹੀਂ ਰਿਲੀਜ਼ ਹੋਈ ਇਸ ਕੈਸੇਟ ਨੇ ਉਸ ਨੂੰ ਅਜਿਹੀ ਪਛਾਣ ਦਿੱਤੀ ਕਿ ਉਸ ਦਾ ਨਾਂ ਪੰਜਾਬ ਦੇ ਚੋਟੀ ਦੇ ਕਲਾਕਾਰਾਂ 'ਚ ਸ਼ੁਮਾਰ ਹੋ ਗਿਆ।

ਉਸ ਨੇ ਫੋਕੀ ਸ਼ੁਹਰਤ ਤੇ ਰਾਤੋ ਰਾਤ ਸਟਾਰ ਬਣਨ ਦੇ ਭਰਮ ਭੁਲੇਖੇ ਪਾਲਣ ਨੂੰ ਕਦੇ ਤਰਜੀਹ ਨਹੀਂ ਦਿੱਤੀ ਤੇ ਨਾ ਹੀ ਕੋਈ ਹਲਕਾ ਗੀਤ ਗਾਉਣ ਲਈ ਕੋਈ ਵਪਾਰਕ ਸਮਝੌਤਾ ਕੀਤਾ ਹੈ। ਸਮਾਜਿਕ ਰਿਸ਼ਤਿਆਂ ਦਾ ਨਿੱਘ ਦਿੰਦੇ ਗੀਤਾਂ ਨੂੰ ਗਾ ਕੇ ਉਹ ਰੂਹਾਨੀ ਸਕੂਨ ਪ੍ਰਾਪਤ ਹੋ ਜਾਣ ਦੀ ਗੱਲ ਦੱਸਦਾ ਹੈ। 'ਦੋ ਪੈਰ ਘੱਟ ਤੁਰਨਾ ਪਰ ਤੁਰਨਾ ਮੜ੍ਹਕ ਦੇ ਨਾਲ' ਪੰਜਾਬੀ ਕਹਾਵਤ ਫ਼ਿਰੋਜ਼ ਦੀ ਫ਼ਿਤਰਤ ਦੀ ਕਸਵੱਟੀ 'ਤੇ ਖਰੀ ਉਤਰਦੀ ਹੈ। ਉਸ ਨੇ ਭਾਵੇਂ ਘੱਟ ਗਾਇਆ ਹੈ, ਪਰ ਜੋ ਗਾਇਆ ਹੈ ਪਾਏਦਾਰ ਹੀ ਗਾਇਆ ਹੈ।

ਫ਼ਿਰੋਜ਼ ਖਾਨ ਨੂੰ ਵਕਤ ਦੇ ਵਾਵਰੋਲਿਆਂ ਤੋਂ ਬਚਾਉਣ ਲਈ ਗੀਤਕਾਰ ਤੇ ਪੇਸ਼ਕਾਰ ਹਰਜਿੰਦਰ ਬੱਲ ਨੇ ਪਾਣੀ ਭਿੱਜੀ ਲੱਠੇ ਦੀ ਚਾਦਰ ਤਾਣ ਕੇ ਇਸ ਅਲੂਣੇ ਜਿਹੇ ਬੋਟ ਦੀ ਰਾਖੀ ਕੀਤੀ ਹੈ। ਸੰਗੀਤਕਾਰ ਤੇਜਵੰਤ ਕਿੱਟੂ ਤੇ ਜੈ ਦੇਵ ਕੁਮਾਰ ਦੀ ਸੰਗੀਤਕ ਸੂਝ ਵੀ ਕੁਦਰਤ ਦੀ ਅਮੁੱਲੀ ਦਾਤ ਵਾਂਗ ਇਸ ਕਲਾਕਾਰ ਨੂੰ ਨਸੀਬ ਹੋਈ ਹੈ। ਫ਼ਿਰੋਜ਼ ਖਾਨ ਦੀ ਐਲਬਮ 'ਦਰਦ ਜੁਦਾਈਆਂ ਦੇ' ਵੀ ਜੈ ਦੇਵ ਕੁਮਾਰ ਦੇ ਸੰਗੀਤ 'ਚ ਆਈ ਸੀ। ਟਾਈਟਲ ਗੀਤ 'ਦਰਦ ਜੁਦਾਈਆਂ ਦੇ' ਪਹਿਲੀ ਕੈਸੇਟ ਦੇ ਗੀਤ 'ਤੇਰੀ ਮੈਂ ਹੋ ਨਾ ਸਕੀ' ਦੇ ਸੰਗੀਤ ਰਸ ਤੇ ਸ਼ਬਦਾਂ ਦੇ ਤਾਣੇ ਬਾਣੇ ਦੇ ਕਿਸੇ ਅਗਲੇ ਪੜਾਅ ਦਾ ਅਹਿਸਾਸ ਕਰਵਾਉਂਦਾ ਹੈ ਤੇ ਫ਼ਿਰੋਜ਼ ਦੀ ਗਾਇਕੀ ਦਾ ਜਾਦੂ ਸਰੋਤੇ ਦੇ ਸਿਰ ਚੜ੍ਹ ਕੇ ਬੋਲਦਾ ਹੈ। ਬਚਨ ਬੇਦਿਲ ਦੀ ਕਲਮ ਤੋਂ ਰਚਿਆ ਗੀਤ 'ਤੂੰ ਵੀ ਮਜਬੂਰ ਅੱਜ ਮੈਂ ਵੀ ਮਜਬੂਰ' ਫ਼ਿਰੋਜ਼ ਖਾਨ ਨੂੰ ਪਾਇਆ ਇੱਕ ਸੰਗੀਤਕ ਪਰਚਾ ਸੀ ਜਿਸ ਵਿੱਚੋਂ ਉਹ 100 ਫੀਸਦੀ ਅੰਕ ਪ੍ਰਾਪਤ ਕਰਕੇ ਪਾਸ ਹੀ ਨਹੀਂ ਹੋਇਆ, ਸਗੋਂ ਗੋਲਡ ਮੈਡਲ ਜਿੱਤਣ ਦਾ ਹੱਕਦਾਰ ਬਣਿਆ। ਉਸ ਦੀ ਐਲਬਮ 'ਬੰਦ ਬੋਤਲੇ' ਨੇ ਵੀ ਉਸ ਨੂੰ ਅੰਤਰਰਾਸ਼ਟਰੀ ਪ੍ਰਸਿੱਧੀ ਦੁਆਈ। ਇਸ ਐਲਬਮ ਦੇ ਗੀਤ 'ਪਿਆਰ ਦੀ ਦੁਹਾਈ' ਤੇ 'ਦਿਲ ਵਾਲੀ ਪੀੜ' ਨੇ ਅਜਿਹੇ ਕੀਰਤੀਮਾਨ ਸਥਾਪਿਤ ਕੀਤੇ ਕਿ ਪੰਜਾਬੀ ਸੰਗੀਤ ਜਗਤ ਵਿੱਚ ਫ਼ਿਰੋਜ਼ ਦੀ ਅਜਿਹੀ ਧੂਮ ਮੱਚੀ ਕਿ ਉਸ ਲਈ ਫ਼ਿਲਮ ਜਗਤ ਵਿੱਚ ਬਤੌਰ ਗਾਇਕ ਸਿੱਧਾ ਪ੍ਰਵੇਸ਼ ਮਿਲ ਗਿਆ। ਉਹ ਪੰਜਾਬੀ ਫਿਲਮਾਂ ਦੇ ਸਫਲ ਪਿੱਠਵਰਤੀ ਗਾਇਕ ਵੱਜੋਂ ਪ੍ਰਵਾਨ ਚੜ੍ਹਿਆ। ਉਸ ਨੇ ਪੰਜਾਬੀ ਫਿਲਮਾਂ 'ਯਾਰਾਂ ਨਾਲ ਬਹਾਰਾਂ', 'ਮਹਿੰਦੀ ਵਾਲੇ ਹੱਥ', 'ਬਾਗੀ', 'ਮੰਨਤ', 'ਗੱਭਰੂ ਪੰਜਾਬ ਦੇ', 'ਯਾਰੀਆਂ' ਤੇ 'ਮਿੱਠੀਆਂ ਜੇਲ੍ਹਾਂ' ਵਿੱਚ ਸਫਲ ਪਿੱਠਵਰਤੀ ਗਾਇਕ ਦਾ ਮਾਣ ਹਾਸਲ ਕੀਤਾ। ਫਿਲਮ 'ਯਾਰੀਆਂ' ਵਿੱਚ ਉਸ ਨੇ ਗੁਰਦਾਸ ਮਾਨ ਨਾਲ 'ਵਤਨੋਂ ਦੂਰ ਲੱਗੇ ਨੇ ਮੇਲੇ' ਗਾਇਆ ਹੈ। ਉਸ ਨੇ ਹਿੰਦੀ ਫਿਲਮ 'ਲੰਡਨ ਡਰੀਮਜ਼' ਵਿੱਚ ਹਿੰਦੀ ਗੀਤ 'ਟਪਕੇ ਮਸਤੀ' ਵੀ ਗਾਇਆ ਹੈ। ਉਸ ਨੇ ਮਾਰਕੀਟ ਵਿੱਚ ਚੱਲ ਰਹੇ ਬੇਹੂਦਾ ਤੇ ਤੜਕ ਭੜਕ ਵਾਲੇ ਗੀਤਾਂ ਨੂੰ ਕਦੇ ਆਪਣੇ ਨੇੜੇ ਫਟਕਣ ਨਹੀਂ ਦਿੱਤਾ। ਉਸ ਨੇ ਕਦੇ ਵਪਾਰਕ ਪੱਖ ਅੱਗੇ ਰੱਖ ਕੇ ਨੀਵੇਂ ਪੱਧਰ ਦਾ ਕੋਈ ਸਮਝੌਤਾ ਨਹੀਂ ਕੀਤਾ।

ਉਸ ਦੀ ਐਲਬਮ 'ਚਿੱਟੀਆਂ ਵੰਗਾਂ' ਨੇ ਸ਼ੁਹਰਤ ਦੀਆਂ ਬੁਲੰਦੀਆਂ ਨੂੰ ਛੂਹਣ ਦਾ ਸੁਨਹਿਰੀ ਮੌਕਾ ਦਿੱਤਾ ਹੈ। ਬੀਤੇ ਸਮੇਂ ਦੌਰਾਨ ਉਸ ਦੀ ਐਲਬਮ 'ਦਿਲ ਦੀ ਦੀਵਾਨਗੀ' ਵਿੱਚ ਉਹ ਦੋ ਗੀਤਾਂ 'ਗੱਡੀ ਤੇ ਨੱਢੀ' ਅਤੇ 'ਖੜਕਾ ਦੜਕਾ' ਦੀ ਬਦੌਲਤ ਰਾਹੋਂ ਭਟਕ ਗਿਆ ਜਾਪਿਆ, ਜਿਸ ਕਰਕੇ ਉਸ ਨੂੰ ਸੁਹਿਰਦ ਸਰੋਤਿਆਂ ਦੀ ਆਲੋਚਨਾ ਦਾ ਸਾਹਮਣਾ ਕਰਨਾ ਪਿਆ। ਉਸ ਦਾ ਗਾਇਆ 'ਮਾਵਾਂ ਚੇਤੇ ਆਉਂਦੀਆਂ ਨੇ' ਗੀਤ ਉਸ ਦੇ ਹੁਣ ਤੀਕ ਦੇ ਗਾਏ ਗੀਤਾਂ 'ਚੋਂ ਸਭ ਤੋਂ ਵਧੇਰੇ ਪਸੰਦ ਕੀਤਾ ਜਾਣ ਵਾਲਾ ਗੀਤ ਹੈ। ਇਸ ਗੀਤ ਵਿੱਚ ਸ਼ਾਇਰ ਨੇ ਸਮਾਜਿਕ ਰਿਸ਼ਤਿਆਂ ਦੀਆਂ ਮੋਹ ਤੀਆਂ ਤੰਦਾਂ ਦਾ ਬਾਖੂਬੀ ਜ਼ਿਕਰ ਕੀਤਾ ਹੈ ਜਿਸ ਨੂੰ ਫ਼ਿਰੋਜ਼ ਨੇ ਸੋਜ਼ ਭਰੀ ਆਵਾਜ਼ ਵਿੱਚ ਗਾ ਕੇ ਮੀਲ ਪੱਥਰ ਕਾਇਮ ਕੀਤਾ ਹੈ। ਨੱਚਣ ਟੱਪਣ ਵਾਲੇ ਗੀਤਾਂ ਨਾਲ ਫ਼ਿਰੋਜ਼ ਨੇ ਉਨ੍ਹਾਂ ਆਲੋਚਕਾਂ ਦਾ ਮੂੰਹ ਬੰਦ ਕੀਤਾ ਹੈ, ਜਿਹੜੇ ਉਸ ਨੂੰ ਉਦਾਸ ਗੀਤਾਂ ਦਾ ਗਾਇਕ ਆਖਦੇ ਆ ਰਹੇ ਸਨ। ਜਦੋਂ ਕੈਸੇਟ ਕਲਚਰ ਦਮ ਤੋੜ ਗਿਆ ਤਾਂ ਉਸ ਨੇ ਵੀ ਸਿੰਗਲ ਟਰੈਕ ਨਾਲ ਆਪਣੀ ਗਾਇਕੀ ਦਾ ਸਫ਼ਰ ਜਾਰੀ ਰੱਖਿਆ ਹੋਇਆ ਹੈ। ਉਸ ਵੱਲੋਂ ਗਾਇਕ ਭਜਨ 'ਕ੍ਰਿਸ਼ਨਾ ਤੇਰੀ ਮੁਰਲੀ 'ਤੇ ਕੌਣ ਨਹੀਂ ਨੱਚਦਾ' ਖਰਾ ਉਤਰਦਾ ਹੈ। ਗਾਇਕਾ ਗੁਰਲੇਜ਼ ਅਖ਼ਤਰ ਨਾਲ ਗਾਇਆ ਦੋਗਾਣਾ 'ਲਾਹੌਰ' ਨੂੰ ਵੀ ਬੇਹੱਦ ਪਸੰਦ ਕੀਤਾ ਗਿਆ। ਡੀ.ਜੇ. ਤੇ ਵਿਆਹ ਸ਼ਾਦੀਆਂ ਵਿੱਚ ਫ਼ਿਰੋਜ਼ ਦਾ ਗਾਇਆ ਗੀਤ 'ਜੋੜੀ ਬੜੀ ਜੱਚਦੀ' ਵੀ ਹਰ ਖ਼ੁਸ਼ੀਆਂ ਵਾਲੇ ਸਮਾਗਮ ਦਾ ਸ਼ਿੰਗਾਰ ਹੁੰਦਾ ਹੈ। ਉਸ ਨੇ ਆਪਣੀ ਗਾਇਕੀ ਦੇ ਸਫ਼ਰ ਵਿੱਚ ਨਵੇਂ ਮੀਲ ਪੱਥਰ ਗੱਡੇ ਹਨ। ਸਾਨੂੰ ਭਵਿੱਖ ਵਿੱਚ ਇਸ ਹੋਣਹਾਰ ਸਪੂਤ ਤੋਂ ਬਹੁਤ ਸਾਰੀਆਂ ਆਸਾਂ ਹਨ।





ਸੰਪਰਕ: 98552-64144



# ਮਾਝਾ-ਦੁਆਬਾ

ਆਸ ਪਾਸ



## ਪੰਜਾਬ ਟਰੇਡ ਵਿੰਗ ਸੈੱਲ ਦੇ ਜਨਰਲ ਸਕੱਤਰ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ



ਅੰਮ੍ਰਿਤਸਰ, 27 ਮਾਰਚ (ਬਬਲੂ ਮਹਾਜਨ): 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਹੇਠ ਅੰਮ੍ਰਿਤਸਰ ਪ੍ਰੈੱਸ ਕਲੱਬ ਵਿਖੇ ਇਕ ਅਹਿਮ ਪ੍ਰੈੱਸ ਕਾਨਫਰੰਸ ਬੁਲਾਈ ਗਈ, ਜਿਸ ਵਿੱਚ ਪੰਥ ਅਤੇ ਪੰਜਾਬ ਨਾਲ ਜੁੜੇ ਗੰਭੀਰ ਮਸਲਿਆਂ 'ਤੇ ਖੁੱਲ੍ਹ ਕੇ ਚਰਚਾ ਕੀਤੀ ਗਈ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਨੇ ਮੀਡੀਆ ਨੂੰ ਸੰਬੋਧਨ ਕਰਦਿਆਂ ਬੀਤੇ ਦਿਨ ਜੰਮੂ ਦੇ ਰਹਿਣ ਵਾਲੇ ਬੀ ਐਸ ਐਫ ਦੇ ਸਿੱਖ ਨੌਜਵਾਨ ਸ੍ਰ. ਜਸਵਿੰਦਰ ਸਿੰਘ ਨੂੰ ਐਨ ਸੀ ਬੀ ਵੱਲੋਂ ਗੈਰਕਾਨੂੰਨੀ ਢੰਗ ਨਾਲ ਚੁੱਕ ਕੇ ਝੂਠੇ ਇਲਜ਼ਾਮਾਂ ਤਹਿਤ ਅਣਮਨੁੱਖੀ ਤਸ਼ੱਦਦ ਕਰਕੇ ਮੌਤ ਦੇ ਘਾਟ ਉਤਾਰ ਦਿੱਤੇ ਜਾਣ ਦੀ ਸਖ਼ਤ ਨਿੰਦਿਆ ਕੀਤੀ। ਉਨ੍ਹਾਂ ਕਿਹਾ ਕਿ ਇਹ ਸਿਰਫ ਇੱਕ ਵਿਅਕਤੀ ਦੀ ਮੌਤ ਨਹੀਂ, ਸਗੋਂ ਸਿੱਖ ਕੌਮ ਦੇ ਮਨੋਬਲ ਨੂੰ ਤੋੜਨ ਲਈ ਕੀਤੀ ਜਾ ਰਹੀ ਇੱਕ ਸੋਚੀ ਸਮਝੀ ਸਾਜ਼ਿਸ਼ ਦਾ ਹਿੱਸਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਕੇਂਦਰੀ ਏਜੰਸੀਆਂ ਦਾ ਦੁਰਪਯੋਗ ਕਰਕੇ ਸਿੱਖ ਨੌਜਵਾਨਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਝੂਠੇ ਕੇਸਾਂ ਵਿੱਚ ਫਸਾ ਕੇ ਜ਼ੁਲਮ ਦਾ ਸ਼ਿਕਾਰ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਘਟਨਾ ਦੇਸ਼ ਵਿੱਚ ਸਿੱਖ ਕੌਮ ਵਿਰੁੱਧ ਘੜੀਆਂ ਜਾ ਰਹੀਆਂ ਸਾਜ਼ਿਸ਼ਾਂ ਦੀ ਲੜੀ ਦਾ ਹਿੱਸਾ ਹੈ ਅਤੇ ਨਸਲਕੁਸ਼ੀ ਦੀ ਜਿਉਂਦੀ ਜਾਗਦੀ ਤਸਵੀਰ ਵਜੋਂ ਸਾਹਮਣੇ ਆ ਰਹੀ ਹੈ। ਬਾਪੂ ਤਰਸੇਮ ਸਿੰਘ ਜੀ ਨੇ ਮੰਗ ਕੀਤੀ ਕਿ ਇਸ ਮਾਮਲੇ ਦੀ ਉੱਚ ਪੱਧਰੀ ਨਿਆਂਇਕ ਜਾਂਚ ਤੁਰੰਤ ਕਰਵਾਈ ਜਾਵੇ ਅਤੇ ਦੋਸ਼ੀ ਅਧਿਕਾਰੀਆਂ ਖ਼ਿਲਾਫ਼ ਕਤਲ ਦਾ ਮਾਮਲਾ ਦਰਜ ਕਰਕੇ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਆਮ ਆਦਮੀ ਪਾਰਟੀ ਦੇ ਪੰਜਾਬ ਟਰੇਡ ਵਿੰਗ ਸੈੱਲ ਦੇ ਜਨਰਲ ਸਕੱਤਰ ਸ੍ਰ. ਮਨਜਿੰਦਰ ਸਿੰਘ ਬੱਲ ਅਤੇ ਪੰਜਾਬ ਦੇ ਹਿੱਤਾਂ ਪ੍ਰਤੀ ਡੂੰਘੀ ਸੋਚ ਰੱਖਣ ਵਾਲੇ ਉੱਘੇ ਲੇਖਕ ਸ੍ਰੀ ਗੰਗਵੀਰ ਸਿੰਘ ਰਾਠੌੜ 'ਅਕਾਲੀ ਦਲ ਵਾਰਿਸ ਪੰਜਾਬ ਦੇ' ਵਿੱਚ ਸ਼ਾਮਿਲ ਹੋ ਗਏ। ਨਵੇਂ ਸ਼ਾਮਿਲ ਹੋਏ ਆਗੂਆਂ ਦਾ ਬਾਪੂ ਤਰਸੇਮ ਸਿੰਘ ਜੀ ਵੱਲੋਂ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਇਹ ਸੱਚੇ ਅਤੇ ਸੰਘਰਸ਼ਸ਼ੀਲ ਚਿਹਰੇ ਪੰਥਕ ਲਹਿਰ ਨੂੰ ਹੋਰ ਮਜ਼ਬੂਤੀ ਦੇਣਗੇ ਅਤੇ ਆਉਣ ਵਾਲੇ ਸਮੇਂ ਵਿੱਚ ਉਨ੍ਹਾਂ ਨੂੰ ਵੱਡੀਆਂ ਜ਼ਿੰਮੇਵਾਰੀਆਂ ਨਾਲ ਨਿਵਾਜਿਆ ਜਾਵੇਗਾ। ਸ੍ਰ. ਮਨਜਿੰਦਰ ਸਿੰਘ ਬੱਲ ਅਤੇ ਸ੍ਰ. ਗੰਗਵੀਰ ਸਿੰਘ ਰਾਠੌੜ ਨੇ ਕਿਹਾ ਕਿ ਉਹ ਪੰਜਾਬ ਦੇ ਹੱਕਾਂ ਅਤੇ ਪੰਥਕ ਮਸਲਿਆਂ ਲਈ ਲੜ ਰਹੀ ਇਸ ਲਹਿਰ ਨਾਲ ਜੁੜ ਕੇ ਮਾਣ ਮਹਿਸੂਸ ਕਰਦੇ ਹਨ ਅਤੇ ਆਪਣੀ ਪੂਰੀ ਤਾਕਤ ਨਾਲ ਇਸ ਸੰਘਰਸ਼ ਨੂੰ ਅੱਗੇ ਵਧਾਉਣਗੇ। ਉਨ੍ਹਾਂ ਕਿਹਾ ਕਿ ਮੌਜੂਦਾ ਹਾਲਾਤਾਂ ਵਿੱਚ ਸੱਚ ਦੀ ਆਵਾਜ਼ ਨਾਲ ਖੜ੍ਹਾ ਹੋਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਇਸ ਦੌਰਾਨ ਹੋਰ ਆਗੂਆਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਸਿੱਖ ਕੌਮ ਨਾਲ ਹੋ ਰਹੇ ਧੱਕੇਸ਼ਾਹੀਆਂ ਦੇ ਖ਼ਿਲਾਫ਼ ਇਕਜੁੱਟ ਹੋ ਕੇ ਲੜਨ ਦਾ ਸੰਕਲਪ ਲਿਆ।

## ਪੰਜਾਬ ਧਾਰਮਿਕ ਗ੍ਰੰਥਾਂ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ-2025 ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਬਣਾਈ ਉੱਚ ਪੱਧਰੀ ਕਮੇਟੀ ਦੀ ਹੋਈ ਇਕੱਤਰਤਾ

### ਸ਼੍ਰੋਮਣੀ ਕਮੇਟੀ ਵੱਲੋਂ ਮੰਗੀ ਗਈ ਜਾਣਕਾਰੀ ਨਾ ਦੇਣਾ ਸਰਕਾਰ ਦੀ ਮਨਸ਼ਾ 'ਤੇ ਸਵਾਲ



ਅੰਮ੍ਰਿਤਸਰ, 27 ਮਾਰਚ (ਗੁਰਦਿਆਲ ਸਿੰਘ) :ਪੰਜਾਬ ਸਰਕਾਰ ਵੱਲੋਂ ਪ੍ਰਸਾਵਿਤ "ਪੰਜਾਬ ਧਾਰਮਿਕ ਗ੍ਰੰਥਾਂ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ 2025" ਦੇ ਸਬੰਧ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਿਰਧਾਰਤ ਪੰਦਰਾਂ ਮੈਂਬਰੀ ਉੱਚ ਪੱਧਰੀ ਸਬ-ਕਮੇਟੀ ਦੀ ਚੰਡੀਗੜ੍ਹ ਸਥਿਤ ਸਬ ਆਫਿਸ ਵਿਖੇ ਇਕੱਤਰਤਾ ਹੋਈ, ਜਿਸ ਵਿੱਚ ਰਿਟਾਇਰਡ ਜਸਟਿਸ ਸ. ਮੋਹਿੰਦਰ ਮੋਹਨ ਸਿੰਘ ਬੇਦੀ, ਸੀਨੀਅਰ ਐਡਵੋਕੇਟ ਪੂਰਨ ਸਿੰਘ ਹੁੰਦਲ, ਸਾਬਕਾ ਜ਼ਿਲ੍ਹਾ ਅਟਾਰਨੀ ਐਡਵੋਕੇਟ ਬਲਤੇਜ ਸਿੰਘ ਢਿੱਲੋਂ, ਸਾਬਕਾ ਚੇਅਰਮੈਨ ਪੰਜਾਬ ਸਕੂਲ ਸਿੱਖਿਆ ਬੋਰਡ ਸ. ਕੇਹਰ ਸਿੰਘ, ਮੈਂਬਰ ਸਿੱਖ ਇਤਿਹਾਸ ਰਿਸਰਚ ਬੋਰਡ ਡਾ. ਪਰਮਵੀਰ ਸਿੰਘ ਤੇ ਬੀਬੀ ਪ੍ਰਭਜੋਤ ਕੌਰ, ਸ਼੍ਰੋਮਣੀ ਕਮੇਟੀ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਐਡਵੋਕੇਟ ਅਮਰਦੀਪ ਸਿੰਘ ਧਾਰਨੀ, ਐਡਵੋਕੇਟ ਬਰਜਿੰਦਰ ਸਿੰਘ ਸੋਢੀ, ਸ਼੍ਰੋਮਣੀ ਕਮੇਟੀ ਦੇ ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ ਤੇ ਮੀਤ ਸਕੱਤਰ ਸ. ਲਖਵੀਰ ਸਿੰਘ (ਕੋਆਰਡੀਨੇਟਰ) ਸ਼ਾਮਲ ਹੋਏ। ਇਕੱਤਰਤਾ ਦੌਰਾਨ ਪਿਛਲੇ ਦਿਨੀਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਪ੍ਰੈੱਸ ਨੂੰ ਦਿੱਤੇ ਗਏ ਬਿਆਨ, ਸਬ ਕਮੇਟੀ ਵੱਲੋਂ ਪਹਿਲੀਆਂ ਮੀਟਿੰਗਾਂ ਅਤੇ ਵਿਧਾਨ ਸਭਾ ਸਿਲੈਕਟ ਕਮੇਟੀ ਨਾਲ ਵਿਧਾਨ ਸਭਾ ਦੀ ਇਮਾਰਤ ਵਿੱਚ ਹੋਈ ਮੀਟਿੰਗ ਦੇ ਸਬੰਧ ਵਿੱਚ ਵਿਸਥਾਰ ਨਾਲ ਵਿਚਾਰ ਵਟਾਂਦਰਾਂ ਕੀਤਾ ਗਿਆ। ਇਕੱਤਰਤਾ ਮਗਰੋਂ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਸਬ-ਕਮੇਟੀ ਦੇ ਚੇਅਰਮੈਨ ਰਿਟਾਇਰਡ ਜਸਟਿਸ ਮੋਹਿੰਦਰ ਮੋਹਨ ਸਿੰਘ ਬੇਦੀ ਨੇ ਦੱਸਿਆ ਕਿ ਮੀਟਿੰਗ ਵਿੱਚ ਸਬ-ਕਮੇਟੀ ਦੇ ਸਮੂਹ ਮੈਂਬਰਾਂ ਵੱਲੋਂ ਇਹ ਮਹਿਸੂਸ ਕੀਤਾ ਗਿਆ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਰੋਕਣ ਸਬੰਧੀ ਸਖ਼ਤ ਕਾਨੂੰਨ ਬਣਾਉਣ ਬਾਰੇ ਮੁੱਖ ਮੰਤਰੀ ਦਾ ਬਿਆਨ ਭੰਬਲਭੂਸਾ ਪੈਦਾ ਕਰਨਾ ਵਾਲਾ ਹੈ। ਮੁੱਖ ਮੰਤਰੀ ਵੱਲੋਂ ਜੋ 22 ਮਾਰਚ ਨੂੰ ਬਿਆਨ ਦਿੱਤਾ ਗਿਆ ਹੈ ਉਹ "ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ 2008" ਦੇ ਕਾਨੂੰਨ ਨਾਲ ਸਬੰਧਤ ਹੈ। "ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ 2008" ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪ੍ਰਿੰਟਿੰਗ, ਪਬਲੀਕੇਸ਼ਨ, ਡਿਸਟ੍ਰੀਬਿਊਸ਼ਨ ਅਤੇ ਸਪਲਾਈ ਬਾਰੇ ਹੈ। ਪਰ ਮੁੱਖ ਮੰਤਰੀ ਵੱਲੋਂ ਆਪਣੇ ਬਿਆਨ ਵਿੱਚ ਜਿਸ ਸਬ-ਕਮੇਟੀ ਦਾ ਹਵਾਲਾ ਦਿੱਤਾ ਗਿਆ ਹੈ ਕਿ ਉਹ 2025 ਦੇ ਪ੍ਰਸਤਾਵਿਤ "ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ 2025" ਬਾਰੇ ਹੈ, ਜੋ ਸਾਰੇ ਧਰਮਾਂ ਦੇ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਨਾਲ ਸਬੰਧਤ ਹੈ। ਉਨ੍ਹਾਂ ਕਿਹਾ ਕਿ ਸਬ ਕਮੇਟੀ ਇਹ ਮਹਿਸੂਸ ਕਰਦੀ ਹੈ ਕਿ ਮੁੱਖ ਮੰਤਰੀ ਵੱਲੋਂ ਦਿੱਤੇ ਬਿਆਨਾਂ ਨਾਲ ਪੰਜਾਬ ਸਰਕਾਰ ਵੱਲੋਂ ਪ੍ਰਸਤਾਵਿਤ "ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ 2025" ਅਤੇ "ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ 2008" ਸਬੰਧੀ ਭੰਬਲਭੂਸਾ ਪੈਦਾ ਹੋ ਰਿਹਾ ਹੈ। ਮੁੱਖ ਮੰਤਰੀ ਵੱਲੋਂ ਦਿੱਤੇ ਗਏ ਬਿਆਨ ਕਿ "ਦ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਕਾਰ ਐਕਟ 2008" ਵਿੱਚ ਉੱਘੇ ਵਕੀਲ ਸਾਹਿਬਾਨ ਅਤੇ ਧਾਰਮਿਕ ਸੰਸਥਾਵਾਂ ਨਾਲ ਸਲਾਹ ਮਸ਼ਵਰਾ ਕਰਕੇ ਸੋਧ ਕੀਤੀ ਜਾਵੇਗੀ, ਦੇ ਸਬੰਧੀ ਸ਼੍ਰੋਮਣੀ ਕਮੇਟੀ ਜੋ ਕਿ ਸਿੱਖਾਂ ਦੀ ਨੁਮਾਇੰਦਾ ਸੰਸਥਾ ਹੈ ਨਾਲ ਨਾ ਤਾਂ ਹੁਣ ਤੀਕ ਪੰਜਾਬ ਸਰਕਾਰ ਵੱਲੋਂ ਕੋਈ ਰਾਬਤਾ ਕਾਇਮ ਕੀਤਾ ਗਿਆ ਅਤੇ ਨਾ ਹੀ "ਦ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਕਾਰ ਐਕਟ 2008" ਵਾਲੇ ਬਿੱਲ ਵਿੱਚ ਜੋ ਸੋਧ ਕਰਨੀ ਹੈ ਉਸ ਸਬੰਧੀ ਖਰੜਾ ਭੇਜਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਮਨਸ਼ਾ ਇਸ ਗੱਲ ਤੋਂ ਵੀ ਸਪੱਸ਼ਟ ਹੋ ਰਹੀ ਹੈ ਕਿ ਬੇਅਦਬੀਆਂ ਸਬੰਧੀ ਬਣਾਏ ਜਾਣ ਵਾਲੇ ਕਾਨੂੰਨ ਬਾਰੇ ਸ਼੍ਰੋਮਣੀ ਕਮੇਟੀ ਵੱਲੋਂ ਲਗਾਤਾਰ ਪੱਤਰਾਂ ਰਾਹੀਂ ਕਈ ਵਾਰ ਮੰਗੀਆਂ ਜਾ ਰਹੀਆਂ ਜਾਣਕਾਰੀਆਂ ਵੀ ਉਨ੍ਹਾਂ ਵੱਲੋਂ ਸਾਂਝੀਆਂ ਨਹੀਂ ਕੀਤੀਆਂ ਜਾ ਰਹੀਆਂ। ਮੰਗੇ ਗਏ ਦਸਤਾਵੇਜ਼/ਜਾਣਕਾਰੀ ਦੇਣ ਤੋਂ ਸਿਲੈਕਟ ਕਮੇਟੀ/ਸਕੱਤਰ ਵਿਧਾਨ ਸਭਾ ਅਤੇ ਪੰਜਾਬ ਸਰਕਾਰ ਵੱਲੋਂ ਲਗਾਤਾਰ ਜਾਣ-ਬੁੱਝ ਕੇ ਪਾਸਾ ਵੱਟਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਪੰਜਾਬ ਵਿਧਾਨ ਸਭਾ ਵੱਲੋਂ ਗਠਿਤ ਸਿਲੈਕਟ ਕਮੇਟੀ ਵੱਲੋਂ ਪੱਤਰ ਨੰ: 11291 ਮਿਤੀ 19 ਅਗਸਤ 2025 ਰਾਹੀਂ ਸ਼੍ਰੋਮਣੀ ਕਮੇਟੀ ਪਾਸੋਂ "ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ-2025" ਸਬੰਧੀ ਸੁਝਾਅ ਮੰਗੇ ਗਏ ਸਨ, ਜਿਸਦੇ ਸਬੰਧ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਇੱਕ 15 ਮੈਂਬਰੀ ਸਬ-ਕਮੇਟੀ ਬਣਾਈ ਗਈ ਹੈ, ਜਿਸ ਵਿੱਚ ਉੱਚ ਕੋਟੀ ਦੇ ਵਕੀਲ ਸਾਹਿਬਾਨ, ਉੱਘੇ ਵਿਦਵਾਨ, ਸਨਮਾਨਿਤ ਸਮਾਜਿਕ ਸ਼ਖਸੀਅਤਾਂ ਸ਼ਾਮਲ ਹਨ।

## ਚੀਫ਼ ਖ਼ਾਲਸਾ ਦੀਵਾਨ ਇੰਟਰਨੈਸ਼ਨਲ ਨਰਸਿੰਗ ਕਾਲਜ ਨੂੰ ਡਾ.ਓਂਕਾਰ ਸਿੰਘ ਵੱਲੋਂ ਢਾਈ ਲੱਖ ਦਾ ਯੋਗਦਾਨ



ਅੰਮ੍ਰਿਤਸਰ, 27 ਮਾਰਚ (ਬਬਲੂ ਮਹਾਜਨ) : ਮਨੁੱਖਤਾ ਦੀ ਭਲਾਈ ਅਤੇ ਸਿੱਖਿਆ ਦੇ ਪ੍ਰਚਾਰ-ਪ੍ਰਸਾਰ ਦੀ ਨੇਕ ਸੋਚ ਦਾ ਪ੍ਰਗਟਾਵਾ ਕਰਦੇ ਹੋਏ ਦਾਨੀ ਸੱਜਣ ਡਾ.ਓਂਕਾਰ ਸਿੰਘ ਵੱਲੋਂ ਚੀਫ਼ ਖ਼ਾਲਸਾ ਦੀਵਾਨ ਇੰਟਰਨੈਸ਼ਨਲ ਨਰਸਿੰਗ ਕਾਲਜ ਨੂੰ ਢਾਈ ਲੱਖ ਰੁਪਏ ਦੀ ਰਕਮ ਦਾਨ ਦਿੱਤੀ ਗਈ। ਜਿਸਦਾ ਚੈਕ ਅੱਜ ਚੀਫ਼ ਖ਼ਾਲਸਾ ਦੀਵਾਨ ਮੁੱਖ ਦਫ਼ਤਰ ਵਿਖੇ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਨੂੰ ਸੌਂਪਿਆ ਗਿਆ। ਇਹ ਰਕਮ ਖਾਸ ਤੌਰ ਤੇ ਕਾਲਜ ਦੇ ਲੋੜਵੰਦ ਅਤੇ ਕਮਜ਼ੋਰ ਵਿਦਿਆਰਥੀਆਂ ਦੀ ਪੜ੍ਹਾਈ ਲਈ ਸਕਾਲਰਸ਼ਿਪ ਵੱਜੋਂ ਵਰਤੀ ਜਾਵੇਗੀ ਤਾਂ ਕਿ ਯੋਗ ਵਿਦਿਆਰਥੀ ਆਰਥਿਕ ਤੰਗੀ ਕਾਰਨ ਵਿਦਿਆ ਤੋ ਵਾਂਝਾ ਨਾ ਰਹਿ ਸਕੇ। ਇਸ ਮੌਕੇ ਡਾ.ਨਿੱਜਰ ਨੇ ਡਾ.ਓਂਕਾਰ ਸਿੰਘ ਦੀ ਉੱਚੀ ਸੋਚ, ਨਿਮਰਤਾ ਅਤੇ ਸੇਵਾ ਭਾਵਨਾ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਡਾ.ਓਂਕਾਰ ਸਿੰਘ ਵਰਗੇ ਦਾਨੀ ਸੱਜਣ ਸਮਾਜ ਲਈ ਪ੍ਰੇਰਨਾ ਸਰੋਤ ਹਨ ਅਤੇ ਉਹਨਾਂ ਦੀ ਇਹ ਸੇਵਾ ਇਕ ਸਮਰੱਥ ਅਤੇ ਮਜ਼ਬੂਤ ਭਵਿੱਖ ਦੇ ਨਿਰਮਾਣ ਦੀ ਦਿਸ਼ਾ ਵੱਲ ਇਕ ਵੱਡਾ ਕਦਮ ਹੈ। ਉਹਨਾਂ ਨੇ ਕਿਹਾ ਕਿ ਦਾਨੀਆਂ ਦਾ ਚੀਫ਼ ਖ਼ਾਲਸਾ ਦੀਵਾਨ 'ਤੇ ਭਰੋਸਾ ਲਗਾਤਾਰ ਵੱਧ ਰਿਹਾ ਹੈ ਅਤੇ ਲੋਕ ਖੁੱਲ੍ਹੇ ਦਿਲ ਨਾਲ ਸਹਿਯੋਗ ਲਈ ਅੱਗੇ ਆ ਰਹੇ ਹਨ। ਉਹਨਾਂ ਡਾ.ਓਂਕਾਰ ਸਿੰਘ ਦਾ ਧੰਨਵਾਦ ਕਰਦਿਆਂ ਉਹਨਾਂ ਵੱਲੋਂ ਦਾਨ ਕੀਤੀ ਗਈ ਰਕਮ ਨੂੰ ਪੂਰੀ ਇਮਾਨਦਾਰੀ ਅਤੇ ਪ੍ਰਾਰਦਸ਼ਤਾ ਨਾਲ ਲੋੜਵੰਦ ਕਾਲਜ ਵਿਦਿਆਰਥੀਆਂ ਦੀ ਸਿੱਖਿਆ 'ਤੇ ਖਰਚਣ ਦਾ ਭਰੋਸਾ ਦਿੱਤਾ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸ੍ਰ.ਸੰਤੋਖ ਸਿੰਘ ਸੇਠੀ, ਮੀਤ ਪ੍ਰਧਾਨ ਸ੍ਰ.ਜਗਜੀਤ ਸਿੰਘ, ਸਥਾਨਕ ਪ੍ਰਧਾਨ ਸ੍ਰ.ਕੁਲਜੀਤ ਸਿੰਘ ਸਾਹਨੀ, ਆਨਰੇਰੀ ਸਕੱਤਰ ਸ੍ਰ.ਸਵਿੰਦਰ ਸਿੰਘ ਕੱਥੂਨੰਗਲ, ਆਨਰੇਰੀ ਸਕੱਤਰ ਸ੍ਰ.ਰਮਨੀਕ ਸਿੰਘ, ਐਡੀ.ਆਨਰੇਰੀ ਸਕੱਤਰ ਸ੍ਰ.ਜਸਪਾਲ ਸਿੰਘ ਢਿੱਲੋਂ, ਐਡੀ.ਆਨਰੇਰੀ ਸਕੱਤਰ ਸ੍ਰ.ਹਰਵਿੰਦਰ ਪਾਲ ਸਿੰਘ ਚੁੱਘ ਅਤੇ ਨਰਸਿੰਗ ਕਾਲਜ ਦੇ ਚੇਅਰਮੈਨ ਡਾ.ਆਤਮਜੀਤ ਸਿੰਘ ਬਸਰਾ ਆਦਿ ਹਾਜ਼ਰ ਸਨ।

## ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਹਸਪਤਾਲ ਵਿਖੇ ਮਰੀਜ਼ਾਂ ਲਈ ਲੰਗਰ ਸੇਵਾ ਦੀ ਸ਼ੁਰੂਆਤ

### ਇਲਾਜ ਕਰਵਾਉਣ ਆਏ ਮਰੀਜ਼ਾਂ ਲਈ ਵੱਡਾ ਧਰਵਾਸ ਬਣੇਗੀ ਲੰਗਰ ਸੇਵਾ: ਐਡਵੋਕੇਟ ਧਾਮੀ



ਅੰਮ੍ਰਿਤਸਰ, 27 ਮਾਰਚ (ਗੁਰਦਿਆਲ ਸਿੰਘ) :ਸ੍ਰੀ ਗੁਰੂ ਨਾਨਕ ਦੇਵ ਜੀ ਹਸਪਤਾਲ ਸ੍ਰੀ ਅੰਮ੍ਰਿਤਸਰ ਵਿਖੇ ਇਲਾਜ਼ ਕਰਵਾਉਣ ਆਏ ਮਰੀਜ਼ ਅਤੇ ਉਨ੍ਹਾਂ ਦੇ ਨਾਲ ਆਏ ਸਹਿਯੋਗੀ ਸ੍ਰੀ ਗੁਰੂ ਰਾਮਦਾਸ ਜੀ ਦੇ ਦਰ ਤੋਂ ਆਇਆ ਲੰਗਰ ਛਕ ਸਕਣਗੇ। ਲੰਗਰ ਸੇਵਾ ਦੀ ਰਸਮੀ ਸ਼ੁਰੂਆਤ ਅੱਜ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਮੂਲਮੰਤਰ ਅਤੇ ਗੁਰਮੰਤਰ ਦੇ ਜਾਪ ਕਰਨ ਮਗਰੋਂ ਅਰਦਾਸ ਉਪਰੰਤ ਕੀਤੀ ਗਈ। ਜ਼ਿਕਰਯੋਗ ਹੈ ਕਿ ਬੀਤੇ ਸਮੇਂ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਇਸ ਕਾਰਜ ਲਈ ਪ੍ਰਵਾਨਗੀ ਦਿੱਤੀ ਸੀ। ਅੱਜ ਸ੍ਰੀ ਗੁਰੂ ਨਾਨਕ ਦੇਵ ਜੀ ਹਸਪਤਾਲ ਪੁੱਜਣ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੂੰ ਹਸਪਤਾਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਰਾਜੀਵ ਦੇਵਗਨ ਅਤੇ ਮੈਡੀਕਲ ਸੁਪ੍ਰਿੰਟੈਂਡੈਂਟ ਡਾ. ਕਰਮਜੀਤ ਸਿੰਘ ਨੇ ਜੀ-ਆਇਆਂ ਆਖਦਿਆਂ ਸਵਾਗਤ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਗੁਰੂ ਸਾਹਿਬਾਨ ਦੇ ਸੰਦੇਸ਼ ਅਤੇ ਪ੍ਰੇਰਨਾ ਦੀ ਰੌਸ਼ਨੀ 'ਚ ਸਦਾ ਹੀ ਮਾਨਵ ਹਿੱਤਕਾਰੀ ਕਾਰਜਾਂ ਲਈ ਯਤਨਸ਼ੀਲ ਰਹੀ ਹੈ। ਇਸੇ ਤਹਿਤ ਹੀ ਸ੍ਰੀ ਗੁਰੂ ਨਾਨਕ ਦੇਵ ਜੀ ਹਸਪਤਾਲ ਵਿਖੇ ਇਲਾਜ ਕਰਵਾਉਣ ਆਉਣ ਵਾਲੇ ਮਰੀਜ਼ਾਂ ਅਤੇ ਹੋਰ ਲੋੜਵੰਦਾਂ ਲਈ ਲੰਗਰ ਦਾ ਪ੍ਰਬੰਧ ਕਰਨ ਦਾ ਫੈਸਲਾ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਇਸ ਦਾ ਮੁੱਖ ਉਦੇਸ਼ ਮਰੀਜ਼ਾਂ ਅਤੇ ਉਨ੍ਹਾਂ ਦੇ ਸਹਿਯੋਗੀਆਂ ਨੂੰ ਸਹਾਰਾ ਪ੍ਰਦਾਨ ਕਰਨਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਇਹ ਉਪਰਾਲਾ ਦੂਰ-ਦੂਰ ਤੋਂ ਸ੍ਰੀ ਅੰਮ੍ਰਿਤਸਰ ਵਿਖੇ ਇਲਾਜ ਕਰਵਾਉਣ ਆਏ ਮਰੀਜ਼ਾਂ ਲਈ ਵੱਡਾ ਧਰਵਾਸ ਬਣੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਸ ਕਾਰਜ ਵਿਚ ਸਹਿਯੋਗ ਕਰਨ ਲਈ ਹਸਪਤਾਲ ਦੇ ਡਾਇਰੈਕਟਰ ਪ੍ਰਿੰਸੀਪਲ, ਮੈਡੀਕਲ ਸੁਪ੍ਰਿੰਟੈਂਡੈਂਟ ਸਮੇਤ ਸਮੁੱਚੇ ਪ੍ਰਬੰਧ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਗੁਰਮੀਤ ਸਿੰਘ ਬੂਹ, ਸ੍ਰੀ ਗੁਰੂ ਨਾਨਕ ਦੇਵ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਹਸਪਤਾਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਰਾਜੀਵ ਦੇਵਗਨ ਅਤੇ ਮੈਡੀਕਲ ਸੁਪ੍ਰਿੰਟੈਂਡੈਂਟ ਡਾ. ਕਰਮਜੀਤ ਸਿੰਘ, ਨਰਸਿੰਗ ਸੁਪ੍ਰਿੰਟੈਂਡੈਂਟ ਬੀਬੀ ਨਵਕਿਰਨ ਕੌਰ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਸ. ਬਲਵਿੰਦਰ ਸਿੰਘ ਸਮੇਤ ਹੋਰ ਮੌਜੂਦ ਸਨ।

## ਸ਼ਹੀਦਾਂ ਦੀ ਕੁਰਬਾਨੀ ਸਾਡੀ ਤਾਕਤ ਹੈ : ਬਾਪੂ ਤਰਸੇਮ ਸਿੰਘ

### ਦੀਪ ਸਿੱਧੂ ਦੇ ਅਧੂਰੇ ਸੁਪਨਿਆਂ ਨੂੰ ਪੂਰਾ ਕਰਨਾ ਹੀ ਸਾਡੀ ਜ਼ਿੰਦਗੀ ਦਾ ਮਕਸਦ : ਮਨਦੀਪ ਸਿੰਘ ਸਿੱਧੂ



ਅੰਮ੍ਰਿਤਸਰ, 27 ਮਾਰਚ (ਬਬਲੂ ਮਹਾਜਨ) : ਸ਼ਹੀਦ ਭਾਈ ਸੰਦੀਪ ਸਿੰਘ ਸਿੱਧੂ ( ਬਾਈ ਦੀਪ ਸਿੱਧੂ) ਦੇ ਭਰਾ ਭਾਈ ਮਨਦੀਪ ਸਿੰਘ ਜੀ ਨੂੰ 'ਅਕਾਲੀ ਦਲ ਵਾਰਿਸ ਪੰਜਾਬ ਦੇ' ਦਾ ਸਕੱਤਰ ਜਨਰਲ ਨਿਯੁਕਤ ਕੀਤੇ ਜਾਣ ਉਪਰੰਤ, ਅੱਜ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਅਤੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਸਮੇਤ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਵਿਖੇ ਨਤਮਸਤਕ ਹੋਏ। ਉਪਰੰਤ ਪ੍ਰੈੱਸ ਨੂੰ ਸੰਬੋਧਨ ਕਰਦਿਆਂ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਪਾਰਟੀ ਹਮੇਸ਼ਾਂ ਪੰਥ ਅਤੇ ਪੰਜਾਬ ਦੇ ਹਿੱਤਾਂ ਲਈ ਸੰਘਰਸ਼ ਕਰਦੀ ਆਈ ਹੈ ਅਤੇ ਨਵੀਂ ਜ਼ਿੰਮੇਵਾਰੀ ਸੰਭਾਲਣ ਵਾਲੇ ਆਗੂ ਗੁਰੂ ਸਾਹਿਬ ਦੀ ਹਜ਼ੂਰੀ ਵਿੱਚ ਅਸ਼ੀਰਵਾਦ ਲੈ ਕੇ ਆਪਣੀ ਸੇਵਾ ਦੀ ਸ਼ੁਰੂਆਤ ਕਰ ਰਹੇ ਹਨ, ਜੋ ਕਿ ਇਕ ਸ਼ੁਭ ਸੰਕੇਤ ਹੈ। ਉਨ੍ਹਾਂ ਕਿਹਾ ਕਿ ਭਾਈ ਮਨਦੀਪ ਸਿੰਘ ਸਿੱਧੂ ਨੂੰ ਮਿਲੀ ਇਹ ਜ਼ਿੰਮੇਵਾਰੀ ਪੰਥਕ ਲਹਿਰ ਨੂੰ ਹੋਰ ਮਜ਼ਬੂਤ ਕਰੇਗੀ ਅਤੇ ਨੌਜਵਾਨਾਂ ਵਿੱਚ ਨਵਾਂ ਜੋਸ਼ ਭਰੇਗੀ। ਭਾਈ ਮਨਦੀਪ ਸਿੰਘ ਸਿੱਧੂ ਨੇ ਇਸ ਮੌਕੇ ਗੱਲ ਕਰਦਿਆਂ ਕਿਹਾ ਕਿ ਉਹ ਸ਼ਹੀਦ ਭਾਈ ਦੀਪ ਸਿੱਧੂ ਦੇ ਸੁਪਨਿਆਂ ਅਤੇ ਸੰਘਰਸ਼ ਨੂੰ ਅੱਗੇ ਵਧਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਗੁਰੂ ਘਰ ਵਿੱਚ ਨਤਮਸਤਕ ਹੋ ਕੇ ਉਨ੍ਹਾਂ ਨੇ ਪੰਥ ਅਤੇ ਪੰਜਾਬ ਦੀ ਸੇਵਾ ਲਈ ਅਰਦਾਸ ਕੀਤੀ ਹੈ ਅਤੇ ਪਾਰਟੀ ਵੱਲੋਂ ਦਿੱਤੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਨਾਲ ਨਿਭਾਉਣਗੇ। ਇਸ ਦੌਰੇ ਦੌਰਾਨ ਸੰਗਤਾਂ ਨਾਲ ਵੀ ਮੁਲਾਕਾਤ ਕੀਤੀ ਗਈ ਅਤੇ ਪੰਥਕ ਮੁੱਦਿਆਂ ਬਾਰੇ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਅਤੇ ਭਾਈ ਮਨਦੀਪ ਸਿੰਘ ਤੋਂ ਇਲਾਵਾ ਸੀਨੀਅਰ ਲੀਡਰਸ਼ਿਪ ਵਿੱਚੋਂ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਪਰਮਜੀਤ ਸਿੰਘ ਜੌਹਲ, ਐਡਵੋਕੇਟ ਇਮਾਨ ਸਿੰਘ ਖ਼ਾਰਾ, ਸਰਬਜੀਤ ਸਿੰਘ ਖ਼ਾਨਪੁਰ, ਐਡਵੋਕੇਟ ਅਜੇਪਾਲ ਸਿੰਘ ਢਿੱਲੋਂ, ਭਾਈ ਅਮਨਦੀਪ ਸਿੰਘ ਡਡੂਆਣਾਂ, ਭਾਈ ਕਰਨਵੀਰ ਸਿੰਘ, ਸ੍ਰੀ ਗੰਗਵੀਰ ਸਿੰਘ ਰਾਠੌੜ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਚਮਕੌਰ ਸਿੰਘ ਧੁੰਨ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਬਰਿੰਦਰਜੀਤ ਸਿੰਘ ਹੁਸੈਨਪੁਰ, ਬਾਬਾ ਬਿਬੇਕ ਸਿੰਘ, ਭਾਈ ਪ੍ਰਿਥੀਪਾਲ ਸਿੰਘ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਸੁਖਬੀਰ ਸਿੰਘ ਚੀਮਾ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਰਸ਼ਪਾਲ ਸਿੰਘ ਸੋਸਣ, ਭਾਈ ਨਾਥਵਿੰਦਰ ਸਿੰਘ ਮਜੀਠਾ, ਭਾਈ ਸਵਰਨ ਸਿੰਘ ਗੋਲਡਨ, ਭਾਈ ਬਲਜੀਤ ਸਿੰਘ ਚਾਟੀਵਿੰਡ, ਗੁਰਪ੍ਰੀਤ ਸਿੰਘ ਪ੍ਰਿੰਸ, ਭਾਈ ਗੁਰਚਰਨ ਸਿੰਘ ਸੰਘਾ, ਅਮਨਦੀਪ ਸਿੰਘ ਹਸਨਪੁਰ, ਜਗਰੂਪ ਸਿੰਘ, ਮਨਪ੍ਰੀਤ ਸਿੰਘ, ਨਰਿੰਦਰ ਸਿੰਘ ਭੁੱਲਰ, ਗੁਰਪ੍ਰੀਤ ਸਿੰਘ ਬਟਾਲਾ, ਭਾਈ ਰਜਿੰਦਰ ਸਿੰਘ ਤਲਵੰਡੀ, ਭਾਈ ਜੁਗਰਾਜ ਸਿੰਘ ਭੰਗਵਾਂ, ਭਾਈ ਕੁਲਵਿੰਦਰ ਸਿੰਘ ਵਡਾਲੀ, ਡਾਕਟਰ ਲਖਬੀਰ ਸਿੰਘ, ਭਾਈ ਨਿਰਵੈਰ ਸਿੰਘ ਖਾਲਸਾ, ਭਾਈ ਗੁਰਦੇਵ ਸਿੰਘ ਖੇਮਕਰਨ, ਭਾਈ ਜਸਕਰਨ ਸਿੰਘ ਰਿਆੜ, ਭਾਈ ਚਰਨਜੀਤ ਸਿੰਘ ਗਾਲਿਬ, ਭਾਈ ਦਯਾ ਸਿੰਘ ਅਤੇ ਭਾਈ ਕ੍ਰਿਸ਼ਨ ਸਿੰਘ ਰੁਪਾਣਾ ਹਾਜ਼ਰ ਸਨ।

## ਖ਼ਾਲਸਾ ਕਾਲਜ ਵਿਖੇ 'ਬਹੁਅਨੁਸ਼ਾਸਨੀ' ਵਿਸ਼ਿਆਂ ਸੰਬੰਧੀ ਚਰਚਾ ਨਾਲ ਸਰਗਰਮ ਰਿਹਾ ਕਾਨਫ਼ਰੰਸ ਦਾ ਦੂਜਾ ਦਿਨ



ਅੰਮ੍ਰਿਤਸਰ, 27ਮਾਰਚ(ਬਬਲੂ ਮਹਾਜਨ):ਖਾਲਸਾ ਕਾਲਜ ਵਿਖੇ ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਅਤੇ ਪੰਜਾਬ ਸਾਹਿਤ ਅਕਾਡਮੀ ਚੰਡੀਗੜ੍ਹ ਵੱਲੋਂ 'ਏਆਈ ਦੇ ਦੌਰ ਵਿੱਚ ਖੋਜ ਅਤੇ ਸਿਰਜਨਾਤਮਕਤਾ: ਨਵੇਂ ਸੰਦ, ਤਕਨੀਕਾਂ ਅਤੇ ਖੋਜ ਵਿਧੀਆਂ ਵਿਸ਼ੇ 'ਤੇ ਤਿੰਨ ਰੋਜ਼ਾ ਬਹੁਅਨੁਸ਼ਾਸਨੀ ਅੰਤਰ-ਰਾਸ਼ਟਰੀ ਕਾਨਫ਼ਰੰਸ ਦੇ ਦੂਜੇ ਦਿਨ ਦਾ ਆਰੰਭ ਵੱਖ-ਵੱਖ ਸਮਾਨਾਂਤਰ ਸੈਸ਼ਨਾਂ ਨਾਲ ਸ਼ੁਰੂ ਹੋਇਆ। ਇਸ ਸਮੇਂ ਕਾਲਜ ਦੇ ਪ੍ਰਿੰਸੀਪਲ ਅਤੇ ਕਾਨਫ਼ਰੰਸ ਦੇ ਚੀਫ਼ ਕੋਆਰਡੀਨੇਟਰ ਡਾ. ਆਤਮ ਸਿੰਘ ਰੰਧਾਵਾ ਨੇ ਵੱਖ-ਵੱਖ ਸੈਸ਼ਨਾਂ ਵਿੱਚ ਪਹੁੰਚੀਆਂ ਉੱਘੀਆਂ ਸ਼ਖ਼ਸੀਅਤਾਂ ਨੂੰ ਫੁੱਲਾਂ ਦੇ ਗੁਲਦਸਤੇ ਦਿੰਦੇ ਹੋਏ ਉਹਨਾਂ ਦਾ ਨਿੱਘਾ ਸਵਾਗਤ ਕੀਤਾ।ਕਾਲਜ ਦੇ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਏਆਈ ਦੇ ਯੁੱਗ ਵਿੱਚ ਸਾਡਾ ਤਕਨੀਕ ਨਾਲ ਜੁੜਨਾ ਜ਼ਰੂਰੀ ਹੋ ਗਿਆ ਹੈ। ਤਕਨੀਕ ਦੀ ਵਰਤੋਂ ਨਾਲ ਅਸੀਂ ਆਪਣੇ ਕੰਮਾਂ ਨੂੰ ਸੌਖ ਅਤੇ ਅਸਾਨੀ ਨਾਲ ਕਰ ਸਕਦੇ ਹਾਂ। ਆਉਣ ਵਾਲਾ ਯੁੱਗ ਤਕਨੀਕੀ ਪੱਧਰ ਤੋਂ ਹੋਰ ਵੀ ਵਧੇਰੇ ਵਿਕਸਤ ਹੋ ਰਿਹਾ ਹੈ। ਤਕਨੀਕ ਦੀ ਵਰਤੋਂ ਨੇ ਮਨੁੱਖ ਦੇ ਕੰਮਾਂ ਨੂੰ ਉਸਾਰੂ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਉਹਨਾਂ ਨੇ ਅੱਗੇ ਵਧਣ ਦੇ ਉਸਾਰੂ ਪੱਖ ਨੂੰ ਕਾਰਗਰ ਸਾਬਿਤ ਕਰਨ ਲਈ ਏਆਈ ਨਾਲ ਜੁੜਨ ਦਾ ਸੁਝਾਅ ਪੇਸ਼ ਕੀਤਾ। ਕਾਨਫ਼ਰੰਸ ਦਾ ਤੀਜਾ ਅਕਾਦਮਿਕ ਸੈਸ਼ਨ 'ਖੋਜ ਅਤੇ ਰਚਨਾਤਮਕ ਰੂਪ ਦੇਣ ਵਿਚ ਏ.ਆਈ. ਦੀ ਭੂਮਿਕਾ' ਵਿਸ਼ੇ ਦੇ ਅੰਤਰਗਤ ਕਰਵਾਇਆ ਗਿਆ। ਇਸ ਸੈਸ਼ਨ ਵਿਚ ਮੁੱਖ ਮਹਿਮਾਨ ਵਜੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਕੰਪਿਊਟਰ ਇੰਜੀਨੀਅਰਿੰਗ ਅਤੇ ਟੈਕਨੋਲੋਜੀ ਵਿਭਾਗ ਦੇ ਮੁਖੀ ਅਤੇ ਪ੍ਰੋਫ਼ੈਸਰ ਡਾ. ਸੰਦੀਪ ਸ਼ਰਮਾ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਅਤੇ ਸਮਾਗਮ ਦੀ ਪ੍ਰਧਾਨਗੀ ਵਿੱਚ ਗੁਰੂ ਨਾਨਕ ਦੇ ਯੂਨੀਵਰਸਿਟੀ, ਅੰਮ੍ਰਿਤਸਰ ਦੇ ਕੰਪਿਊਟਰ ਸਾਇੰਸ ਵਿਭਾਗ ਦੇ ਮੁਖੀ ਅਤੇ ਪ੍ਰੋਫ਼ੈਸਰ ਡਾ. ਕੁਲਜੀਤ ਕੌਰ ਸ਼ਾਮਿਲ ਹੋਏ। ਵਿਸ਼ਾ ਮਾਹਿਰ ਵਜੋਂ ਫਾਊਂਡਰ ਐਂਡ ਚੀਫ ਏ.ਆਈ. ਬਿਲਡਰ ਲੇਬਲਰ ਏ.ਆਈ. ਐਂਡ ਰੋਬੋਟਿਕ ਚੰਡੀਗੜ੍ਹ ਦੇ ਸ੍ਰੀ ਪੁਨੀਤ ਜਿੰਦਲ ਅਤੇ ਫ਼ਾਊਂਡਿੰਗ ਮੈਂਬਰ ਚੇਅਰਮੈਨ, ਗੁਰੂ ਨਾਨਕ ਦੇਵ ਗਲੋਬਲ ਯੂਨੀਵਰਸਿਟੀ, ਯੂ.ਐਸ.ਏ. ਦੇ ਸ੍ਰੀ ਬਲਜੀਤ ਸਿੰਘ ਨੇ ਆਪਣੇ ਵਿਚਾਰ ਸਾਂਝੇ ਕੀਤੇ।'ਗਣਿਤ ਵਿਚ ਖੋਜ ਦੀਆਂ ਵਿਧੀਆਂ ਅਤੇ ਤਕਨੀਕਾਂ' ਵਿਸ਼ੇ ਤਹਿਤ ਸਮਾਂਤਰ ਸੈਸ਼ਨ (ਆਨਲਾਈਨ) ਦੇ ਚਲਦਿਆਂ ਵਿਸ਼ਾ ਮਾਹਿਰਾਂ ਵਜੋਂ ਸਾਊਥ ਏਸ਼ੀਅਨ ਯੂਨੀਵਰਸਿਟੀ, ਨਵੀਂ ਦਿੱਲੀ ਦੇ ਗਣਿਤ ਵਿਭਾਗ ਦੇ ਪ੍ਰੋ. ਕਪਿਲ ਸ਼ਰਮਾ, ਗੁਰੂ ਨਾਨਕ ਦੇ ਯੂਨੀਵਰਸਿਟੀ, ਅੰਮ੍ਰਿਤਸਰ ਦੇ ਗਣਿਤ ਵਿਭਾਗ ਦੇ ਮੁਖੀ ਪ੍ਰੋ. ਜਤਿੰਦਰ ਸਿੰਘ, ਸਾਊਥ ਏਸ਼ੀਅਨ ਯੂਨੀਵਰਸਿਟੀ, ਨਵੀਂ ਦਿੱਲੀ ਦੇ ਗਣਿਤ ਵਿਭਾਗ ਦੇ ਐਸੋਸੀਏਟ ਪ੍ਰੋਫ਼ੈਸਰ ਸਰੋਜ ਕੁਮਾਰ ਸਾਹਨੀ ਅਤੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਗਣਿਤ ਵਿਭਾਗ ਦੇ ਮੁਖੀ ਡਾ. ਸ਼ੈਲੀ ਅਰੋੜਾ ਨੇ ਆਪਣੇ ਵਿਚਾਰ ਪੇਸ਼ ਕੀਤੇ।

## ਹਰਭਜਨ ਸਿੰਘ ਈ.ਟੀ.ਓ. ਨੇ ਜੰਡਿਆਲਾ ਗੁਰੂ ਹਲਕੇ ਦੀਆਂ ਸੰਪਰਕ ਸੜਕਾਂ ਦੇ ਕੰਮ ਸ਼ੁਰੂ ਕਰਵਾਏ



ਜੰਡਿਆਲਾ ਗੁਰੂ/ ਅੰਮ੍ਰਿਤਸਰ, 27 ਮਾਰਚ (ਸੁਖਦੇਵ/ ਗੁਰਦਿਆਲ ਸਿੰਘ): ਸੂਬੇ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵੱਖ-ਵੱਖ ਪਿੰਡਾਂ ਵਿੱਚ ਸੰਪਰਕ ਸੜਕਾਂ ਦੀ ਉਸਾਰੀ ਦੇ ਕੰਮਾਂ ਦੀ ਸ਼ੁਰੂਆਤ ਕੀਤੀ ਗਈ।ਕੈਬਨਿਟ ਮੰਤਰੀ ਵੱਲੋਂ ਸਭ ਤੋਂ ਪਹਿਲਾਂ ਪਿੰਡ ਸ਼ਫੀਪੁਰ ਵਿੱਚ 11.61 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਸੜਕ ਦਾ ਉਦਘਾਟਨ ਕੀਤਾ ਗਿਆ। ਇਸ ਤੋਂ ਬਾਅਦ ਪਿੰਡ ਸਟੀਵੂਰ ਵਿੱਚ 2.19 ਕਿਲੋਮੀਟਰ ਲੰਬੀਆਂ ਇੰਟਰਲਾਕਿੰਗ ਟਾਈਲ ਸੜਕਾਂ ਦੀ ਉਸਾਰੀ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਉਨ੍ਹਾਂ 12.13 ਕਿਲੋਮੀਟਰ ਲੰਬੀ ਪਿੰਡ ਤਾਰਾਗੜ੍ਹ ਤੋਂ ਗੁਰਦੁਆਰਾ ਬਾਬਾ ਸ਼ੇਖ ਫਰੀਦ ਅਤੇ ਬਾਬਾ ਨਿਰਮਲ ਜੀ, ਤਿੰਮੋਵਾਲ ਤੱਕ ਸ਼ਫੀਪੁਰ (ਰਟੌਲ) ਸੜਕ ਨੂੰ 10 ਤੋਂ 18 ਫੁੱਟ ਤੱਕ ਚੌੜਾ ਅਤੇ ਮਜ਼ਬੂਤ ਕਰਕੇ ਜੰਡਿਆਲਾ-ਤਰਨ ਤਾਰਨ ਸੜਕ ਨਾਲ ਜੋੜਨ ਵਾਲੇ ਪ੍ਰੋਜੈਕਟ ਦੀ ਵੀ ਸ਼ੁਰੂਆਤ ਕੀਤੀ।ਇਲਾਕਾ ਨਿਵਾਸੀਆਂ ਨਾਲ ਗੱਲਬਾਤ ਕਰਦਿਆਂ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਸੜਕਾਂ ਵਿੱਚੋਂ 92.16 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕਿੰਗ ਟਾਈਲ ਸੜਕਾਂ ਅਤੇ 1068.52 ਲੱਖ ਰੁਪਏ ਦੀ ਲਾਗਤ ਨਾਲ ਬਿਟੂਮਨ ਸੜਕਾਂ ਬਣਾਈਆਂ ਜਾਣਗੀਆਂ।ਉਨ੍ਹਾਂ ਦੱਸਿਆ ਕਿ ਇਹ ਕੰਮ ਸਪੈਸ਼ਲ ਅਸਿਸਟੈਂਸ ਸਕੀਮ ਫੇਸ-1 ਅਧੀਨ 5054 ਫੰਡਾਂ ਵਿੱਚੋਂ ਕੀਤੇ ਜਾਣਗੇ। ਸੜਕਾਂ ਦੀ ਕੁੱਲ ਲੰਬਾਈ 14.32 ਕਿਲੋਮੀਟਰ ਹੈ ਅਤੇ ਇਹਨਾਂ ਕੰਮਾਂ ਨੂੰ 12 ਮਹੀਨਿਆਂ ਵਿੱਚ ਮੁਕੰਮਲ ਕਰਨ ਦਾ ਟੀਚਾ ਨਿਰਧਾਰਤ ਕੀਤਾ ਗਿਆ ਹੈ।

## ਪੰਜਾਬ ਵਿੱਚ ਐਨ ਆਰ ਆਈਜ਼ ਦੀ ਜਾਇਦਾਦ ਵੀ ਸੁਰੱਖਿਅਤ ਨਹੀਂ: ਬੀਬੀ ਰਣਦੀਪ ਕੌਰ

ਅੰਮ੍ਰਿਤਸਰ, 27 ਮਾਰਚ (ਬਬਲੂ ਮਹਾਜਨ) : ਅੱਜ 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਅੰਮ੍ਰਿਤਸਰ ਵਿਖੇ ਇਕ ਵਿਸ਼ੇਸ਼ ਪ੍ਰੈੱਸ ਕਾਨਫਰੰਸ ਕੀਤੀ ਗਈ, ਜਿਸ ਵਿੱਚ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦੀ ਅਗਵਾਈ ਹੇਠ ਇਕ ਐਨ ਆਰ ਆਈ ਬੀਬੀ ਰਣਦੀਪ ਕੌਰ, ਜੋ ਕਿ ਕੈਨੇਡਾ ਦੀ ਸਿਟੀਜ਼ਨ ਹਨ, ਵੱਲੋਂ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਉੱਪਰ ਪੱਟੀ ਵਿਖੇ ਸਥਿਤ ਆਪਣੀ ਜ਼ਮੀਨ 'ਤੇ ਨਾਜਾਇਜ਼ ਕਬਜ਼ਾ ਕਰਨ ਦੇ ਗੰਭੀਰ ਦੋਸ਼ ਲਗਾਏ ਗਏ। ਪ੍ਰੈੱਸ ਨੂੰ ਸੰਬੋਧਨ ਕਰਦਿਆਂ ਬੀਬੀ ਰਣਦੀਪ ਕੌਰ ਨੇ ਦੱਸਿਆ ਕਿ ਕਿਸ ਤਰ੍ਹਾਂ ਮੰਤਰੀ ਲਾਲਜੀਤ ਸਿੰਘ ਭੁੱਲਰ ਅਤੇ ਉਸਦੇ ਪਿਤਾ ਵੱਲੋਂ ਉਨ੍ਹਾਂ ਨੂੰ ਦਫ਼ਤਰ ਵਿੱਚ ਬੁਲਾ ਕੇ ਡਰਾਇਆ-ਧਮਕਾਇਆ ਗਿਆ, ਜਲੀਲ ਕੀਤਾ ਗਿਆ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਗਈਆਂ। ਉਨ੍ਹਾਂ ਕਿਹਾ ਕਿ ਉਨ੍ਹਾਂ 'ਤੇ ਆਪਣੀ ਜਾਇਦਾਦ ਛੱਡਣ ਲਈ ਦਬਾਅ ਬਣਾਇਆ ਗਿਆ ਅਤੇ ਇਨਕਾਰ ਕਰਨ 'ਤੇ ਨਤੀਜੇ ਭੁਗਤਣ ਦੀਆਂ ਧਮਕੀਆਂ ਦਿੱਤੀਆਂ ਗਈਆਂ। ਉਨ੍ਹਾਂ ਹੋਰ ਖੁਲਾਸਾ ਕਰਦਿਆਂ ਦੱਸਿਆ ਕਿ ਪਹਿਲਾਂ ਉਨ੍ਹਾਂ ਦੇ ਭਰਾ ਕੋਲੋਂ ਅੱਧੀ ਜ਼ਮੀਨ ਖਰੀਦੀ ਗਈ ਅਤੇ ਬਾਅਦ ਵਿੱਚ ਉਸ ਨਾਲ ਲੱਗਦੀ ਉਨ੍ਹਾਂ ਦੀ ਬਾਕੀ ਜਾਇਦਾਦ 'ਤੇ ਵੀ ਜਬਰਦਸਤੀ ਕਬਜ਼ਾ ਕਰ ਲਿਆ ਗਿਆ। ਬੀਬੀ ਰਣਦੀਪ ਕੌਰ ਨੇ ਕਿਹਾ ਕਿ ਉਹ ਇਨਸਾਫ਼ ਲਈ ਤਿੰਨ ਵਾਰ ਕੈਨੇਡਾ ਤੋਂ ਪੰਜਾਬ ਆ ਚੁੱਕੇ ਹਨ, ਪਰ ਮੰਤਰੀ ਦੇ ਪ੍ਰਭਾਵ ਕਾਰਨ ਪ੍ਰਸ਼ਾਸਨ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਕਰ ਰਿਹਾ। ਉਨ੍ਹਾਂ ਇਹ ਵੀ ਦੱਸਿਆ ਕਿ ਮਰਹੂਮ ਡੀ ਐਮ ਗਗਨਦੀਪ ਸਿੰਘ ਰੰਧਾਵਾ ਦੇ ਮਾਮਲੇ ਵਿੱਚ ਗ੍ਰਿਫ਼ਤਾਰੀ ਹੋਣ ਦੇ ਬਾਵਜੂਦ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਪ੍ਰਭਾਵ ਕਾਇਮ ਹੈ ਅਤੇ ਉਸਦੀ ਗੈਰਹਾਜ਼ਰੀ ਵਿੱਚ ਉਸਦਾ ਪਰਿਵਾਰ ਹੀ ਉਸਦੇ ਸਾਰੇ ਕੰਮ ਚਲਾ ਰਿਹਾ ਹੈ। ਇਸ ਮੌਕੇ ਭਾਈ ਦਲਜੀਤ ਸਿੰਘ ਜਵੰਦਾ ਨੇ ਸਰਕਾਰ 'ਤੇ ਤਿੱਖੇ ਹਮਲੇ ਕਰਦਿਆਂ ਕਿਹਾ ਕਿ ਸੂਬੇ ਵਿੱਚ ਕਾਨੂੰਨ-ਵਿਵਸਥਾ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ ਅਤੇ ਆਮ ਲੋਕਾਂ ਸਮੇਤ ਐਨ ਆਰ ਆਈ ਵੀ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ।ਉਨ੍ਹਾਂ ਐਨ ਆਰ ਆਈ ਭੈਣਾਂ-ਭਰਾਵਾਂ ਨੂੰ ਭਰੋਸਾ ਦਵਾਇਆ ਕਿ 'ਅਕਾਲੀ ਦਲ ਵਾਰਿਸ ਪੰਜਾਬ ਦੇ' ਹਰ ਹਾਲਤ ਵਿੱਚ ਉਨ੍ਹਾਂ ਦੇ ਨਾਲ ਖੜ੍ਹਾ ਹੈ ਅਤੇ ਉਨ੍ਹਾਂ ਦੇ ਹੱਕਾਂ ਦੀ ਰੱਖਿਆ ਲਈ ਹਰ ਮੰਚ 'ਤੇ ਲੜਾਈ ਲੜੀ ਜਾਵੇਗੀ। ਉਨ੍ਹਾਂ ਕਿਹਾ ਕਿ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਐਨ ਆਰ ਆਈਜ਼ ਦੇ ਹੱਕਾਂ ਲਈ ਵਚਨਬੱਧ ਹੈ ਅਤੇ ਕਿਸੇ ਨੂੰ ਵੀ ਉਨ੍ਹਾਂ ਦੀ ਜਾਇਦਾਦ 'ਤੇ ਨਾਜਾਇਜ਼ ਕਬਜ਼ਾ ਨਹੀਂ ਕਰਨ ਦਿੱਤਾ ਜਾਵੇਗਾ।

## ਡੀ.ਏ.ਵੀ. ਯੂਨੀਵਰਸਿਟੀ ਵੱਲੋਂ ਤਾਇਕਵਾਂਡੋ ਕੋਚ ਸਤਵਿੰਦਰ ਸਿੰਘ ਦਾ ਸਨਮਾਨ



ਜਲੰਧਰ, 27 ਮਾਰਚ (ਸੰਦੀਪ ਕੌਲ) :ਜਲੰਧਰ ਡੀਏਵੀ ਯੂਨੀਵਰਸਿਟੀ ਵਿਖੇ ਪਿਛਲੇ ਦਿਨੀਂ ਆਲ ਇੰਡੀਆ ਇੰਟਰ ਯੂਨੀਵਰਸਿਟੀ ਤਾਇਕਵਾਂਡੋ ਪੁਰਸ਼ਾਂ ਦੇ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਪੂਰੇ ਇੰਡੀਆ ਵਿੱਚੋਂ ਲੱਗਭੱਗ 1200 ਖਿਡਾਰੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਇਨ੍ਹਾਂ ਮੁਕਾਬਲਿਆਂ ਨੂੰ ਸੁਚੱਜੇ ਢੰਗ ਨਾਲ ਕਰਵਾਉਣ ਲਈ ਕੋਚ ਸਤਵਿੰਦਰ ਸਿੰਘ ਦੀਆਂ ਸੇਵਾਵਾਂ ਲਗਾਈਆਂ ਗਈਆਂ । ਜਿਨ੍ਹਾਂ ਨੇ ਪੂਰੀ ਮਿਹਨਤ ਅਤੇ ਲਗਨ ਨਾਲ ਇਸ ਮੁਕਾਬਲਿਆਂ ਨੂੰ ਕਰਵਾਉਣ ਲਈ ਯੋਗਦਾਨ ਦਿੱਤਾ । ਉਹਨਾਂ ਦੀਆਂ ਸੇਵਾਵਾਂ ਤੋਂ ਖੁਸ਼ ਹੋ ਕੇ ਇਸ ਮੌਕੇ 'ਤੇ ਕੋਚ ਸਤਵਿੰਦਰ ਸਿੰਘ ਨੂੰ ਮੁੱਖ ਮਹਿਮਾਨ ਏਡੀਜੀਪੀ ਐੱਮ.ਐੱਫ. ਫਾਰੂਕੀ (ਆਈਪੀਐਸ), ਵਾਈਸ ਚਾਂਸਲਰ ਡਾ. ਮਨੋਜ ਕੁਮਾਰ ਅਤੇ ਡਾਇਰੈਕਟਰ ਸਪੋਰਟਸ ਯਸ਼ਬੀਰ ਸਿੰਘ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ

## ਸ੍ਰੀ ਹਰਿਗੋਬਿੰਦਪੁਰ ਸਾਹਿਬ ਵਿਖੇ ਸੁਖਬੀਰ ਸਿੰਘ ਬਾਦਲ ਵੱਲੋਂ ਵਿਸ਼ਾਲ ਰੈਲੀ



ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 27 ਮਾਰਚ (ਡਾ ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਵਿਧਾਨ ਸਭਾ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਵਿਖੇ ਹਲਕਾ ਇੰਚਾਰਜ ਸ੍ਰੀ ਹਰਿਗੋਬਿੰਦਪੁਰ ਸਾਹਿਬ ਰਾਜਨਬੀਰ ਸਿੰਘ ਘੁਮਾਣ ਵੱਲੋਂ ਦਾਣਾ ਮੰਡੀ ਸ੍ਰੀ ਹਰਿਗੋਬਿੰਦਪੁਰ ਸਾਹਿਬ ਵਿਖੇ ਰੱਖੀ ਗਈ ਸ਼੍ਰੋਮਣੀ ਅਕਾਲੀ ਦਲ (ਬ) ਦੀ ਰੈਲੀ ਵਿੱਚ ਰਿਕਾਰਡ ਤੋੜ ਇਕੱਠ ਹੋਇਆ। ਇਸ ਭਰਵੇਂ ਇਕੱਠ ਨੂੰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸਬੋਧਨ ਕਰਦੇ ਹੋਏ ਆਖਿਆ ਕਿ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਲੋਕਾਂ ਨੂੰ ਪਹਿਲਾਂ ਵਾਂਗ ਸੁਖ ਸਹੂਲਤਾਂ ਦਿੱਤੀਆਂ ਜਾਣਗੀਆਂ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਪੰਜਾਬ ਰਾਜ ਕਰਨ ਨਹੀਂ ਸੇਵਾ ਕਰਨ ਆਉਂਦੀ ਹੈ। ਉਨ੍ਹਾਂ ਆਖਿਆ ਕਿ ਸਰਕਾਰ ਬਣਨ 'ਤੇ ਹਰ ਜ਼ਿਲ੍ਹੇ ਵਿੱਚ ਮੈਡੀਕਲ ਕਾਲਜ ਖੋਲ੍ਹਿਆ ਜਾਵੇਗਾ। ਅਤੇ ਬੇਰੁਜ਼ਗਾਰ ਬੱਚਿਆਂ ਲਈ ਸਕਿਲ ਸੈਂਟਰ ਖੋਲ੍ਹੇ ਜਾਣਗੇ ਅਤੇ ਪੰਜਾਬ ਵਾਸੀ ਨੌਜਵਾਨਾਂ ਨੂੰ ਪੰਜਾਬ ਵਿੱਚ ਨੌਕਰੀਆਂ ਦਿੱਤੀਆਂ ਜਾਣਗੀਆਂ। ਉਨ੍ਹਾਂ ਆਖਿਆ ਕਿ ਵੱਡੇ ਬਾਦਲ ਸਾਹਿਬ ਦੀ ਸਰਕਾਰ ਦੇ ਸਮੇਂ ਪੰਜਾਬ ਦਾ ਵਿਕਾਸ ਹੋਇਆ ਸੀ। ਉਨ੍ਹਾਂ ਆਖਿਆ ਕਿ ਉਨ੍ਹਾਂ ਆਖਿਆ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੇਲੇ ਸਾਰੇ ਧਰਮਾਂ ਦੇ ਲੋਕਾਂ ਦਾ ਸਤਿਕਾਰ ਕੀਤਾ ਜਾਂਦਾ ਸੀ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਪਹਿਲਾਂ ਵਾਂਗ ਗਰੀਬ ਪ੍ਰੀਵਾਰਾਂ ਨੂੰ ਕਣਕ ਦਿੱਤੀ ਜਾਵੇਗੀ ਅਤੇ ਗਰੀਬ ਪ੍ਰੀਵਾਰਾਂ ਦੀਆਂ ਲੜਕੀਆਂ ਨੂੰ ਇਕ ਲੱਖ ਰੁਪਏ ਸ਼ਗਨ ਸਕੀਮ ਦਿੱਤੀ ਜਾਵੇਗੀ ਅਤੇ ਕਿਸਾਨਾਂ ਨੂੰ ਟਿਊਬਵੈੱਲ ਕੁਨੈਕਸ਼ਨ ਦਿੱਤੇ ਜਾਣਗੇ। ਉਨ੍ਹਾਂ ਆਖਿਆ ਕਿ ਆਮ ਆਦਮੀ ਪਾਰਟੀ ਅਤੇ ਕਾਂਗਰਸ ਪਾਰਟੀ ਦੋਵੇਂ ਪਾਰਟੀਆਂ ਦਿੱਲੀ ਤੋਂ ਚਲਦੀਆਂ ਹਨ। ਜਦੋਂ ਕਿ ਅਕਾਲੀ ਦਲ ਦੀ ਪਾਰਟੀ ਤੁਹਾਡੀ ਆਪਣੀ ਖੇਤਰੀ ਪਾਰਟੀ ਹੈ। ਉਨ੍ਹਾਂ ਆਖਿਆ ਕਿ ਪੰਜਾਬ ਦਾ ਕਰੋੜਾਂ ਰੁਪਏ ਆਮ ਆਦਮੀ ਦੀ ਭਗਵੰਤ ਮਾਨ ਸਰਕਾਰ ਨੇ ਇਸ਼ਤਿਹਾਰਾਂ ਵਿੱਚ ਬਰਬਾਦ ਕਰ ਦਿੱਤਾ ਹਨ। ਉਨ੍ਹਾਂ ਆਖਿਆ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਵੱਲੋਂ ਕੀਤਾ ਗਿਆ ਵਿਕਾਸ ਕਿਤੇ ਨਜ਼ਰ ਨਹੀਂ ਆ ਰਿਹਾ ਹੈ। ਸੜਕਾਂ ਟੁੱਟੀਆਂ ਪਈਆਂ ਹਨ।ਉਨ੍ਹਾਂ ਆਖਿਆ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਪੰਜਾਬ ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕਰੇਗਾ।ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਸਬੋਧਨ ਕਰਦਿਆਂ ਆਖਿਆ ਕਿ ਹਲਕਾ ਇੰਚਾਰਜ ਰਾਜਨਬੀਰ ਸਿੰਘ ਘੁਮਾਣ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੋਟਾਂ ਪਾ ਕੇ ਜਿਤਾਉਣ ਦੀ ਅਪੀਲ ਕੀਤੀ। ਮਜੀਠੀਆ ਨੇ ਉਨ੍ਹਾਂ ਆਖਿਆ ਕਿ ਬੀਤੇ ਦਿਨੀ ਮੌਜੂਦਾ ਸਰਕਾਰ ਦੇ ਮੰਤਰੀ ਤੋਂ ਤੰਗ ਆ ਕੇ ਖੁਦਕੁਸ਼ੀ ਕਰਨ ਵਾਲੇ ਡੀ. ਐਮ. ਡਾ. ਗਗਨਦੀਪ ਸਿੰਘ ਰੰਧਾਵਾ ਦੇ ਪੀੜਤ ਪ੍ਰੀਵਾਰ ਨਾਲ ਪਾਰਟੀ ਖੜ੍ਹੀ ਹੈ।

## ਜ਼ਿਲ੍ਹਾ ਅੰਮ੍ਰਿਤਸਰ ਵਿੱਚ ਪੈਟਰੋਲ ਅਤੇ ਡੀਜ਼ਲ ਦੀ ਕੋਈ ਕਮੀ ਨਹੀਂ: ਡੀ.ਸੀ.

ਅੰਮ੍ਰਿਤਸਰ, 27 ਮਾਰਚ (ਬਬਲੂ ਮਹਾਜਨ): ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਕਿਹਾ ਹੈ ਕਿ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਪੈਟਰੋਲ ਅਤੇ ਡੀਜ਼ਲ ਦੀ ਕੋਈ ਕਮੀਂ ਨਹੀਂ ਹੈ ਅਤੇ ਖ਼ਪਤਕਾਰ ਲੋੜ ਅਨੁਸਾਰ ਪੈਟਰੋਲ/ਡੀਜ਼ਲ ਦੀ ਖਰੀਦ ਕਰਨ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਾਰੇ ਪੈਟਰੋਲ ਪੰਪ ਮਾਲਕਾਂ ਨੂੰ ਹਦਾਇਤ ਕੀਤੀ ਹੈ ਕਿ ਕੋਈ ਵੀ ਪੈਟਰੋਲ ਪੰਪ ਮਾਲਕ ਜਾਂ ਉਨ੍ਹਾਂ ਦਾ ਕੋਈ ਕਰਮਚਾਰੀ ਖਪਤਕਾਰਾਂ ਤੋਂ ਸਪਲਾਈ ਦੀ ਸ਼ਾਰਟੇਜ ਦੇ ਬਹਾਨੇ ਓਵਰ ਚਾਰਜਿਜ਼ ਨਾ ਕਰੇ। ਉਨ੍ਹਾਂ ਕਿਹਾ ਕਿ ਜੇਕਰ ਕੋਈ ਪੈਟਰੋਲ ਪੰਪ ਮਾਲਕ ਅਜਿਹਾ ਕਰਦਾ ਪਾਇਆ ਗਿਆ, ਤਾਂ ਉਸ ਵਿਰੁੱਧ ਬਣਦੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਸ ਦੌਰਾਨ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹਾ ਖ਼ੁਰਾਕ ਤੇ ਸਪਲਾਈ ਕੰਟਰੋਲਰ ਸ੍ਰੀਮਤੀ ਹਰਵੀਨ ਕੌਰ ਨੂੰ ਹਦਾਇਤ ਕੀਤੀ ਹੈ ਕਿ ਉਹ ਇਹ ਯਕੀਨੀ ਬਣਾਉਣ ਕਿ ਕੋਈ ਵੀ ਪੈਟਰੋਲ ਤੇ ਡੀਜ਼ਲ ਦੀ ਜਮ੍ਹਾਂਖੋਰੀ ਜਾਂ ਕਾਲਾਬਜ਼ਾਰੀ ਨਾ ਕਰੇ ਅਤੇ ਜੇਕਰ ਕੋਈ ਕਾਲਾਬਜ਼ਾਰੀ ਕਰਦਾ ਪਾਇਆ ਗਿਆ ਤਾਂ ਉਸ ਸਬੰਧੀ ਤੁਰੰਤ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਨੇ ਜ਼ਿਲ੍ਹਾ ਨਿਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਜ਼ਿਲ੍ਹਾ ਅੰਮ੍ਰਿਤਸਰ ਦੀ ਹਦੂਦ ਅੰਦਰ ਕਿਸੇ ਵੀ ਪੈਟਰੋਲ ਪੰਪ ਤੇ ਪੈਟਰੋਲ/ਡੀਜ਼ਲ ਦੀ ਕਿਸੇ ਵੀ ਤਰਾਂ ਦੀ ਕੋਈ ਕਿੱਲਤ ਨਹੀ ਹੈ। ਉਨ੍ਹਾਂ ਕਿਹਾ ਕਿ ਪੈਟਰੋਲ/ਡੀਜ਼ਲ ਦੀ ਸਪਲਾਈ ਦੀ ਚਿੰਤਾ ਨਾ ਕੀਤੀ ਜਾਵੇ ਅਤੇ ਪਹਿਲਾ ਵਾਂਗ ਲੋੜ ਅਨੁਸਾਰ ਹੀ ਤੇਲ ਦੀ ਖ਼ਰੀਦ ਕੀਤੀ ਜਾਵੇ। ਕਿਸੇ ਨੂੰ ਵੀ ਇਨ੍ਹਾਂ ਵਸਤਾਂ ਦੀ ਜਮ੍ਹਾਂਖੋਰੀ ਕਰਨ ਦੀ ਲੋੜ ਨਹੀਂ ਹੈ।

ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ

# ਰਾਗੀ ਰੋਟੀ ਖਾਣ ਦੇ ਫਾਇਦੇ

ਅੱਜ-ਕੱਲ੍ਹ ਦੇ ਦੌਰ @ਚ ਜਿੱਥੇ ਗਲਤ ਖਾਣ-ਪੀਣ ਕਾਰਨ ਬਿਮਾਰੀਆਂ ਵਧ ਰਹੀਆਂ ਹਨ, ਉੱਥੇ ਹੀ ਲੋਕ ਮੁੜ ਆਪਣੇ ਪੁਰਾਣੇ ਅਤੇ ਰਵਾਇਤੀ ਖਾਣੇ ਵੱਲ ਪਰਤ ਰਹੇ ਹਨ। ਇਨ੍ਹਾਂ @ਚੋਂ ਇਕ ਹੈ ਰਾਗੀ। ਮਾਹਿਰਾਂ ਅਨੁਸਾਰ, ਕਣਕ ਦੀ ਬਜਾਏ ਰਾਗੀ ਦੀ ਰੋਟੀ ਨੂੰ ਆਪਣੀ ਖੁਰਾਕ ਦਾ ਹਿੱਸਾ ਬਣਾਉਣਾ ਸਰੀਰ ਲਈ ਕਿਸੇ ਵਰਦਾਨ ਤੋਂ ਘੱਟ ਨਹੀਂ ਹੈ। ਇਸ @ਚ ਕੈਲਸ਼ੀਅਮ, ਆਇਰਨ ਅਤੇ ਫਾਈਬਰ ਭਰਪੂਰ ਮਾਤਰਾ @ਚ ਹੁੰਦਾ ਹੈ।



ਹੱਡੀਆਂ ਨੂੰ ਬਣਾਉਂਦੀ ਹੈ ਲੋਹੇ ਵਰਗੀਆਂ ਮਜ਼ਬੂਤ - ਰਾਗੀ ਕੈਲਸ਼ੀਅਮ ਦਾ ਸਭ ਤੋਂ ਉੱਤਮ ਕੁਦਰਤੀ ਸਰੋਤ ਹੈ। ਹੋਰ ਅਨਾਜਾਂ ਦੇ ਮੁਕਾਬਲੇ ਇਸ @ਚ ਕੈਲਸ਼ੀਅਮ ਦੀ ਮਾਤਰਾ ਕਿਤੇ ਜ਼ਿਆਦਾ ਹੁੰਦੀ ਹੈ। ਬੱਚਿਆਂ ਦੇ ਵਾਧੇ ਅਤੇ ਬਜ਼ੁਰਗਾਂ @ਚ ਜੋੜਾਂ ਦੇ ਦਰਦ ਜਾਂ ਓਸਟੀਓਪੋਰੋਸਿਸ ਵਰਗੀਆਂ ਸਮੱਸਿਆਵਾਂ ਨੂੰ ਰੋਕਣ ਲਈ ਇਹ ਬੇਹੱਦ ਲਾਹੇਵੰਦ ਹੈ।

ਸ਼ੂਗਰ ਕੰਟਰੋਲ ਕਰਨ @ਚ ਮਦਦਗਾਰ - ਰਾਗੀ @ਚ ਫਾਈਬਰ ਅਤੇ ਪੌਲੀਫੈਨੋਲਸ ਭਰਪੂਰ ਹੁੰਦੇ ਹਨ। ਇਸ ਦਾ ਗਲਾਈਸੈਮਿਕ ਇੰਡੈਕਸ ਘੱਟ ਹੋਣ ਕਾਰਨ ਇਹ ਖ਼ੂਨ @ਚ ਸ਼ੂਗਰ ਦੇ ਪੱਧਰ ਨੂੰ ਤੇਜ਼ੀ ਨਾਲ ਵਧਣ ਨਹੀਂ ਦਿੰਦਾ। ਸ਼ੂਗਰ ਦੇ ਮਰੀਜ਼ਾਂ ਲਈ ਰਾਗੀ ਦੀ ਰੋਟੀ ਇਕ ਉੱਤਮ ਵਿਕਲਪ ਹੈ।

ਮੋਟਾਪਾ ਘਟਾਉਣ @ਚ ਸਹਾਇਕ - ਜੇਕਰ ਤੁਸੀਂ ਭਾਰ ਘਟਾਉਣਾ ਚਾਹੁੰਦੇ ਹੋ, ਤਾਂ ਰਾਗੀ ਤੁਹਾਡੀ ਮਦਦ ਕਰ ਸਕਦੀ ਹੈ। ਇਸ @ਚ @ਟ੍ਰਿਪਟੋਫੈਨ@ ਨਾਮਕ ਅਮੀਨੋ ਐਸਿਡ ਹੁੰਦਾ ਹੈ ਜੋ ਭੁੱਖ ਨੂੰ ਘੱਟ ਕਰਦਾ ਹੈ। ਰਾਗੀ ਦੀ ਰੋਟੀ ਖਾਣ ਨਾਲ ਪੇਟ ਲੰਬੇ ਸਮੇਂ ਤੱਕ ਭਰਿਆ ਮਹਿਸੂਸ ਹੁੰਦਾ ਹੈ,

ਖ਼ੂਨ ਦੀ ਕਮੀ ਕਰਦੀ ਹੈ ਦੂਰ - ਰਾਗੀ @ਚ ਆਇਰਨ ਭਰਪੂਰ ਮਾਤਰਾ @ਚ ਹੁੰਦਾ ਹੈ। ਜਿਨ੍ਹਾਂ ਲੋਕਾਂ ਦੇ ਸਰੀਰ @ਚ ਖ਼ੂਨ ਦੀ ਕਮੀ ਹੈ ਜਾਂ ਹਿਮੋਗਲੋਬਿਨ ਘੱਟ ਰਹਿੰਦਾ ਹੈ, ਉਨ੍ਹਾਂ ਲਈ ਰਾਗੀ ਦਾ ਸੇਵਨ ਬਹੁਤ ਫਾਇਦੇਮੰਦ ਹੈ। ਇਹ ਸਰੀਰ @ਚ ਊਰਜਾ ਦੇ ਪੱਧਰ ਨੂੰ ਵੀ ਵਧਾਉਂਦਾ ਹੈ।

ਪਾਚਨ ਪ੍ਰਣਾਲੀ ਲਈ ਵਰਦਾਨ - ਰਾਗੀ ਗਲੂਟਨ-ਮੁਕਤ ਹੁੰਦੀ ਹੈ, ਜਿਸ ਕਾਰਨ ਇਹ ਆਸਾਨੀ ਨਾਲ ਹਜ਼ਮ ਹੋ ਜਾਂਦੀ ਹੈ। ਇਸ @ਚ ਮੌਜੂਦ ਡਾਇਟਰੀ ਫਾਈਬਰ ਕਬਜ਼ ਦੀ ਸਮੱਸਿਆ ਨੂੰ ਦੂਰ ਕਰਦੇ ਹਨ ਅਤੇ ਪੇਟ ਨੂੰ ਸਾਫ਼ ਰੱਖਣ @ਚ ਮਦਦ ਕਰਦੇ ਹਨ।

## ਆਈ.ਪੀ.ਐਲ. ਤੋਂ ਪਹਿਲਾਂ ਪੰਜਾਬ ਕਿੰਗਜ਼ ਦੇ ਸੀਈਓ ਨੇ ਰਾਜਪਾਲ ਨਾਲ ਮੁਲਾਕਾਤ ਕਰਕੇ ਲਿਆ ਆਸ਼ੀਰਵਾਦ

ਚੰਡੀਗੜ੍ਹ, 27 ਮਾਰਚ (ਚ.ਨ.ਸ.) :ਪੰਜਾਬ ਕਿੰਗਜ਼ ਦੇ ਇੱਕ ਵਫ਼ਦ, ਜਿਸ ਵਿੱਚ ਮੁੱਖ ਕਾਰਜਕਾਰੀ ਅਧਿਕਾਰੀ ਸ੍ਰੀ ਸਤੀਸ਼ ਮੈਨਨ ਅਤੇ ਮੁੱਖ ਵਿੱਤੀ ਅਧਿਕਾਰੀ ਸ੍ਰੀ ਐਲ.ਸੀ. ਗੁਪਤਾ ਸ਼ਾਮਲ ਸਨ, ਨੇ ਅੱਜ ਪੰਜਾਬ ਲੋਕ ਭਵਨ ਵਿਖੇ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ। ਵਫ਼ਦ ਨੇ ਆਉਣ ਵਾਲੇ ਇੰਡੀਅਨ ਪ੍ਰੀਮੀਅਰ ਲੀਗ 2026 ਸੀਜ਼ਨ ਤੋਂ ਪਹਿਲਾਂ ਉਨ੍ਹਾਂ ਦੇ ਆਸ਼ੀਰਵਾਦ ਅਤੇ ਸ਼ੁਭਕਾਮਨਾਵਾਂ ਪ੍ਰਾਪਤ ਕਰਨ ਲਈ ਰਾਜਪਾਲ ਨਾਲ ਮੁਲਾਕਾਤ ਕੀਤੀ। ਇਸ ਮੌਕੇ, ਪੰਜਾਬ ਕਿੰਗਜ਼ ਦੇ ਪ੍ਰਤੀਨਿਧੀਆਂ ਨੇ ਆਪਣੀ ਟੀਮ ਦੀਆਂ ਤਿਆਰੀਆਂ, ਦ੍ਰਿਸ਼ਟੀਕੋਣ ਅਤੇ ਕ੍ਰਿਕਟ ਵਿੱਚ ਉੱਤਮਤਾ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨ ਪ੍ਰਤਿਭਾ ਨੂੰ ਪਾਲਣ ਲਈ ਵਚਨਬੱਧਤਾ ਸਾਂਝੀ ਕੀਤੀ। ਉਨ੍ਹਾਂ ਨੇ ਖੇਤਰ ਵਿੱਚ ਕ੍ਰਿਕਟ ਦੀ ਵੱਧ ਰਹੀ ਪ੍ਰਸਿੱਧੀ ਅਤੇ ਪੰਜਾਬ ਦੇ ਨੌਜਵਾਨਾਂ ਨੂੰ ਪ੍ਰੇਰਿਤ ਕਰਨ ਵਿੱਚ ਟੀਮ ਦੀ ਭੂਮਿਕਾ ਬਾਰੇ ਵੀ ਚਰਚਾ ਕੀਤੀ। ਰਾਜਪਾਲ ਨੇ ਆਉਣ ਵਾਲੇ ਆਈਪੀਐਲ ਸੀਜ਼ਨ ਲਈ ਟੀਮ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦੇ ਸਫਲ ਅਤੇ ਉਤਸ਼ਾਹੀ ਪ੍ਰਦਰਸ਼ਨ ਦੀ ਕਾਮਨਾ ਕੀਤੀ। ਉਨ੍ਹਾਂ ਨੇ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਅਤੇ ਉਭਰਦੇ ਕ੍ਰਿਕਟਰਾਂ ਨੂੰ ਉਤਸ਼ਾਹਿਤ ਕਰਨ ਵਿੱਚ ਪੰਜਾਬ ਕਿੰਗਜ਼ ਦੇ ਯੋਗਦਾਨ ਦੀ ਸ਼ਲਾਘਾ ਕੀਤੀ।



## ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਐਸ. ਐਸ.ਟੀ. ਨਗਰ ਦੀ ਫਾਈਨਲ ਪ੍ਰੀਖਿਆ ਦਾ ਸ਼ਾਨਦਾਰ ਨਤੀਜਾ




ਪਟਿਆਲਾ, 27 ਮਾਰਚ (ਚ.ਨ.ਸ.) : ਸ੍ਰੀ ਹਰਿਕ੍ਰਿਸ਼ਨ ਪਬਲਿਕ ਸਕੂਲ, ਐਸ.ਐਸ.ਟੀ.ਨਗਰ, ਪਟਿਆਲਾ ਵਿਖੇ ਵਿਖੇ ਮਿਤੀ 27 ਮਾਰਚ 2026 ਨੂੰ ਨਰਸਰੀ ਜਮਾਤ ਤੋਂ ਸੱਤਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦੀ ਫਾਈਨਲ ਅਕਾਦਮਿਕ ਪ੍ਰੀਖਿਆ ਦਾ ਨਤੀਜਾ ਘੋਸ਼ਿਤ ਕੀਤਾ ਗਿਆ। ਸਕੂਲ ਦੇ ਅਧਿਆਪਕਾਂ ਅਤੇ ਬੱਚਿਆਂ ਦੀ ਮਿਹਨਤ ਸਦਕਾ ਇਹ ਨਤੀਜਾ 100% ਰਿਹਾ। ਪ੍ਰੀਖਿਆ ਵਿੱਚ ਅਵੱਲ ਆਉਣ ਵਾਲੇ ਬੱਚਿਆਂ ਨੂੰ ਸਕੂਲ ਦੇ ਡਾਇਰੈਕਟਰ ਸ੍ਰੀਮਤੀ ਜਸਵਿੰਦਰ ਕੌਰ ਦਰਦੀ ਅਤੇ ਪ੍ਰਿੰਸੀਪਲ ਡਾ: ਕੰਵਲਜੀਤ ਕੌਰ ਵੱਲੋਂ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਯੂ. ਕੇ. ਜੀ. ਜਮਾਤ ਦੇ ਬੱਚਿਆਂ ਦੀ ਗ੍ਰੈਜੂਏਸ਼ਨ ਸੈਰਾਮਨੀ ਵੀ ਕੀਤੀ ਗਈ। ਮੈਡਮ ਦਰਦੀ ਅਤੇ ਮੈਡਮ ਪ੍ਰਿੰਸੀਪਲ ਵੱਲੋਂ ਪਾਸ ਹੋਣ ਵਾਲੇ ਸਾਰੇ ਹੀ ਬੱਚਿਆਂ ਨੂੰ ਅਤੇ ਉਹਨਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ ਗਈ। ਉਹਨਾਂ ਵੱਲੋਂ ਬੱਚਿਆਂ ਨੂੰ ਹਮੇਸ਼ਾ ਮਿਹਨਤ ਤੇ ਲਗਨ ਨਾਲ ਪੜ੍ਹਾਈ ਕਰਕੇ ਕਾਮਯਾਬ ਹੁੰਦੇ ਰਹਿਣ ਦਾ ਅਤੇ ਆਪਣੇ ਮਾਤਾ ਪਿਤਾ ਤੇ ਸਕੂਲ ਦਾ ਨਾਂ ਰੋਸ਼ਨ ਕਰਦੇ ਰਹਿਣ ਦਾ ਆਸ਼ੀਰਵਾਦ ਦਿੱਤਾ ਗਿਆ।

## ਕੈਨੇਡਾ 'ਚ ਅੱਤਵਾਦੀ ਸੰਗਠਨਾਂ ਦੇ ਝੰਡਿਆਂ ਅਤੇ ਪ੍ਰਤੀਕਾਂ 'ਤੇ ਪਾਬੰਦੀ ਲਾਉਣ ਦੀ ਤਿਆਰੀ

ਟੋਰਾਂਟੋ, 27 ਮਾਰਚ (ਚ.ਨ.ਸ.) : ਕੈਨੇਡਾ ਦੀ @ਹਾਊਸ ਆਫ਼ ਕਾਮਨਜ਼@ ਨੇ ਇੱਕ ਨਵਾਂ ਕਾਨੂੰਨ ਪਾਸ ਕੀਤਾ ਹੈ। ਇਹ ਕਾਨੂੰਨ ਨਫ਼ਰਤ ਫੈਲਾਉਣ ਲਈ ਵਰਤੇ ਜਾਣ ਵਾਲੇ ਮਨੋਨੀਤ ਅੱਤਵਾਦੀ ਸੰਗਠਨਾਂ ਦੇ ਝੰਡਿਆਂ ਅਤੇ ਪ੍ਰਤੀਕਾਂ ਦੀ ਜਨਤਕ ਪ੍ਰਦਰਸ਼ਨੀ ਨੂੰ ਅਪਰਾਧ ਦੇ ਘੇਰੇ ਵਿੱਚ ਲਿਆਵੇਗਾ।



@ਕੌਮਬੈਟਿੰਗ ਹੇਟ ਐਕਟ@ (ਬਿੱਲ 3-9) ਨੇ 25 ਮਾਰਚ, 2026 ਨੂੰ 186-137 ਦੇ ਵੋਟਾਂ ਦੇ ਫਰਕ ਨਾਲ ਤੀਜੀ ਰੀਡਿੰਗ ਪਾਸ ਕਰ ਲਈ। ਹੁਣ ਇਹ ਕਾਨੂੰਨ ਬਣਨ ਤੋਂ ਪਹਿਲਾਂ ਅਗਲੀ ਸਮੀਖਿਆ ਲਈ ਸੈਨੇਟ ਕੋਲ ਜਾਵੇਗਾ।ਇਹ ਬਿੱਲ ਕੈਨੇਡਾ ਵਿੱਚ ਸੂਚੀਬੱਧ ਅਤਿਵਾਦੀ ਸੰਗਠਨਾਂ ਨਾਲ ਜੁੜੇ ਪ੍ਰਤੀਕਾਂ ਨੂੰ ਜਨਤਕ ਤੌਰ 'ਤੇ ਪ੍ਰਦਰਸ਼ਿਤ ਕਰਕੇ ਕਿਸੇ ਵੀ ਪਛਾਣਯੋਗ ਸਮੂਹ ਵਿਰੁੱਧ ਜਾਣਬੁੱਝ ਕੇ ਨਫ਼ਰਤ ਫੈਲਾਉਣ ਲਈ ਫੌਜਦਾਰੀ ਜ਼ਾਬਤੇ ਤਹਿਤ ਇੱਕ ਨਵਾਂ ਅਪਰਾਧ ਪੇਸ਼ ਕਰਦਾ ਹੈ। ਇਸ ਵਿੱਚ ਬੱਬਰ ਖਾਲਸਾ ਇੰਟਰਨੈਸ਼ਨਲ ਅਤੇ ਇੰਟਰਨੈਸ਼ਨਲ ਸਿੱਖ ਯੂਥ ਫੈਡਰੇਸ਼ਨ ਦੇ ਝੰਡੇ ਸ਼ਾਮਲ ਹਨ, ਜੋ ਕੈਨੇਡਾ ਅਤੇ ਭਾਰਤ ਦੋਵਾਂ ਵਿੱਚ ਅਤਿਵਾਦੀ ਸੰਗਠਨਾਂ ਵਜੋਂ ਨਾਮਜ਼ਦ ਹਨ। ਇਹ ਨਫ਼ਰਤ ਤੋਂ ਪ੍ਰੇਰਿਤ ਅਪਰਾਧਾਂ ਲਈ ਸਖ਼ਤ ਸਜ਼ਾਵਾਂ ਅਤੇ ਪੂਜਾ ਸਥਾਨਾਂ, ਸਕੂਲਾਂ ਜਾਂ ਹੋਰ ਧਾਰਮਿਕ ਅਤੇ ਸੱਭਿਆਚਾਰਕ ਸਥਾਨਾਂ ਤੱਕ ਪਹੁੰਚਣ ਦੀ ਕੋਸ਼ਿਸ਼ ਕਰਨ ਵਾਲੇ ਲੋਕਾਂ ਨੂੰ ਡਰਾਉਣ ਜਾਂ ਰੋਕਣ ਲਈ ਨਵੇਂ ਅਪਰਾਧਿਕ ਨਿਯਮ ਵੀ ਬਣਾਉਂਦਾ ਹੈ।

## ਟਰੰਪ ਨੇ ਵਧਾਈ ਹੋਰਮੁਜ਼ ਡੈੱਡਲਾਈਨ; ਸ਼ੇਅਰ ਬਾਜ਼ਾਰ 'ਚ ਭਾਰੀ ਗਿਰਾਵਟ

ਦੁਬਈ, 27 ਮਾਰਚ (ਚ.ਨ.ਸ.) : ਅਮਰੀਕੀ ਰਾਸ਼ਟਰਪਤੀ ਡੌਨਲਡ ਟਰੰਪ ਨੇ ਇਰਾਨ ਦੇ ਊਰਜਾ ਪਲਾਂਟਾਂ 'ਤੇ ਹਮਲਾ ਕਰਨ ਦੀ ਆਪਣੀ ਧਮਕੀ ਨੂੰ ਫਿਲਹਾਲ ਟਾਲ ਦਿੱਤਾ ਹੈ। ਟਰੰਪ ਨੇ ਸਟ੍ਰੇਟ ਆਫ ਹੋਰਮੁਜ਼' ਨੂੰ ਖੋਲ੍ਹਣ ਲਈ ਦਿੱਤੀ ਗਈ ਮੋਹਲਤ ਨੂੰ 6 ਅਪਰੈਲ ਤੱਕ ਵਧਾ ਦਿੱਤਾ ਹੈ, ਕਿਉਂਕਿ



ਉਨ੍ਹਾਂ ਅਨੁਸਾਰ ਸ਼ਾਂਤੀ ਗੱਲਬਾਤ ਸਹੀ ਦਿਸ਼ਾ ਵਿੱਚ ਜਾ ਰਹੀ ਹੈ। ਦੂਜੇ ਪਾਸੇ, ਇਸ ਜੰਗ ਦੇ ਪ੍ਰਭਾਵ ਕਾਰਨ ਅਮਰੀਕੀ ਸ਼ੇਅਰ ਬਾਜ਼ਾਰ ਵਿੱਚ ਵੱਡੀ ਗਿਰਾਵਟ ਦੇਖਣ ਨੂੰ ਮਿਲੀ ਹੈ ਅਤੇ ਤੇਲ ਦੀਆਂ ਕੀਮਤਾਂ ਅਸਮਾਨੀ ਚੜ੍ਹ ਗਈਆਂ ਹਨ। ਟਰੰਪ ਨੇ ਕਿਹਾ ਕਿ ਇਰਾਨ ਨੇ ਖੁਦ ਸਮਝੌਤੇ ਲਈ ਸਮਾਂ ਮੰਗਿਆ ਹੈ, ਹਾਲਾਂਕਿ ਇਰਾਨੀ ਆਗੂਆਂ ਨੇ ਜਨਤਕ ਤੌਰ 'ਤੇ ਅਜਿਹੀ ਕਿਸੇ ਵੀ ਗੱਲਬਾਤ ਤੋਂ ਇਨਕਾਰ ਕੀਤਾ ਹੈ।ਇਸ ਦੌਰਾਨ ਜੰਗੀ ਮੈਦਾਨ ਵਿੱਚ ਤਣਾਅ ਲਗਾਤਾਰ ਵਧ ਰਿਹਾ ਹੈ। ਇਜ਼ਰਾਇਲੀ ਫੌਜ ਨੇ ਸ਼ੁੱਕਰਵਾਰ ਤੜਕੇ ਇਰਾਨ ਦੀ ਰਾਜਧਾਨੀ ਤਹਿਰਾਨ ਦੇ ਦਿਲ ਵਿੱਚ ਕਈ ਹਮਲੇ ਕੀਤੇ ਹਨ, ਜਿਸ ਕਾਰਨ ਪੂਰੇ ਇਲਾਕੇ ਵਿੱਚ ਧੂੰਏਂ ਦੇ ਬੱਦਲ ਛਾ ਗਏ। ਇਰਾਨ ਨੇ ਵੀ ਜਵਾਬੀ ਕਾਰਵਾਈ ਕਰਦਿਆਂ ਇਜ਼ਰਾਈਲ 'ਤੇ ਮਿਜ਼ਾਈਲਾਂ ਦਾਗੀਆਂ ਅਤੇ ਕੁਵੈਤ ਵਰਗੇ ਗੁਆਂਢੀ ਦੇਸ਼ਾਂ ਵੱਲ ਡਰੋਨ ਭੇਜੇ। ਇਸ ਭਿਆਨਕ ਜੰਗ ਵਿੱਚ ਹੁਣ ਤੱਕ ਇਰਾਨ ਅਤੇ ਲੇਬਨਾਨ ਵਿੱਚ ਹਜ਼ਾਰਾਂ ਲੋਕ ਮਾਰੇ ਜਾ ਚੁੱਕੇ ਹਨ ਅਤੇ ਲੱਖਾਂ ਬੇਘਰ ਹੋ ਗਏ ਹਨ।ਮਾਹਿਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਇਹ ਜੰਗ ਲੰਬੀ ਖਿੱਚੀ ਗਈ ਤਾਂ ਦੁਨੀਆ ਭਰ ਵਿੱਚ ਮਹਿੰਗਾਈ ਅਤੇ ਭੋਜਨ ਦੀ ਕਿੱਲਤ ਵਰਗੇ ਗੰਭੀਰ ਆਰਥਿਕ ਸੰਕਟ ਪੈਦਾ ਹੋ ਸਕਦੇ ਹਨ।

## ਜੰਗੀ ਮਾਹੌਲ ਦਾ ਅਸਰ! ਈਰਾਨ ਨੇ ਆਪਣੇ ਖਿਡਾਰੀਆਂ ਦੀ ਸੁਰੱਖਿਆ ਲਈ ਚੁੱਕਿਆ ਸਖ਼ਤ ਕਦਮ

ਤੇਹਰਾਨ, 27 ਮਾਰਚ (ਚ.ਨ.ਸ.) : ਮੱਧ ਪੂਰਬ ਵਿੱਚ ਜਾਰੀ ਰਾਜਨੀਤਕ ਤਣਾਅ ਦਾ ਅਸਰ ਹੁਣ ਖੇਡ ਮੈਦਾਨਾਂ @ਤੇ ਵੀ ਦਿਖਾਈ ਦੇਣ ਲੱਗਾ ਹੈ। ਈਰਾਨ ਨੇ ਇੱਕ ਬੇਹੱਦ ਸਖ਼ਤ ਫੈਸਲਾ ਲੈਂਦਿਆਂ ਆਪਣੀਆਂ ਸਾਰੀਆਂ ਖੇਡ ਟੀਮਾਂ ਨੂੰ ਉਨ੍ਹਾਂ ਦੇਸ਼ਾਂ ਦੀ ਯਾਤਰਾ ਕਰਨ ਤੋਂ ਰੋਕ ਦਿੱਤਾ ਹੈ ਜਿਨ੍ਹਾਂ ਨੂੰ ਉਹ ਆਪਣਾ @ਸ਼ਤਰੂ@ (ਦੁਸ਼ਮਣ) ਮੰਨਦਾ ਹੈ।ਈਰਾਨ ਦੇ ਖੇਡ ਮੰਤਰਾਲੇ ਵੱਲੋਂ ਜਾਰੀ ਬਿਆਨ ਅਨੁਸਾਰ ਇਹ ਪਾਬੰਦੀ ਅਗਲੇ ਹੁਕਮਾਂ ਤੱਕ ਜਾਰੀ ਰਹੇਗੀ। ਮੰਤਰਾਲੇ ਨੇ ਸਪੱਸ਼ਟ ਕੀਤਾ ਹੈ ਕਿ ਜਿਹੜੇ ਦੇਸ਼ ਈਰਾਨ ਦੇ ਖਿਡਾਰੀਆਂ ਅਤੇ ਟੀਮ ਦੇ ਮੈਂਬਰਾਂ ਦੀ ਸੁਰੱਖਿਆ ਯਕੀਨੀ ਬਣਾਉਣ ਵਿੱਚ ਅਸਮਰੱਥ ਹਨ, ਉੱਥੇ ਈਰਾਨੀ ਰਾਸ਼ਟਰੀ ਜਾਂ ਕਲੱਬ ਟੀਮਾਂ ਮੈਚ ਖੇਡਣ ਨਹੀਂ ਜਾਣਗੀਆਂ।ਇਹ ਐਲਾਨ ਅਜਿਹੇ ਸਮੇਂ ਕੀਤਾ ਗਿਆ ਹੈ ਜਦੋਂ ਈਰਾਨੀ ਫੁੱਟਬਾਲ ਕਲੱਬ ਟਰੈਕਟਰ ਐਫਸੀ ਦਾ ਮੁਕਾਬਲਾ ਏਸ਼ੀਆਈ ਚੈਂਪੀਅਨਜ਼ ਲੀਗ ਐਲੀਟ ਦੇ ਪਲੇਅ-ਆਫ ਵਿੱਚ ਦੁਬਈ ਦੇ ਸ਼ਬਾਬ ਅਲ ਅਹਿਲੀ ਨਾਲ ਹੋਣਾ ਸੀ। ਏਸ਼ੀਆਈ ਫੁੱਟਬਾਲ ਸੰਘ (163) ਦੇ ਡਰਾਅ ਅਨੁਸਾਰ ਇਹ ਮੈਚ 13 ਜਾਂ 14 ਅਪ੍ਰੈਲ ਨੂੰ ਸਾਊਦੀ ਅਰਬ ਦੇ ਜੇਦਾਹ ਵਿੱਚ ਖੇਡਿਆ ਜਾਣਾ ਤੈਅ ਹੋਇਆ ਸੀ। ਈਰਾਨੀ ਸਰਕਾਰੀ ਟੀਵੀ ਨੇ ਇਸ ਮੈਚ ਦਾ ਵਿਸ਼ੇਸ਼ ਜ਼ਿਕਰ ਕਰਦਿਆਂ ਪਾਬੰਦੀ ਦੀ ਜਾਣਕਾਰੀ ਦਿੱਤੀ ਹੈ।

## ਚੈਂਪੀਅਨ ਖਿਡਾਰੀ ਨੇ ਲਿਆ ਸੰਨਿਆਸ ! ਭਾਵੁਕ ਵੀਡੀਓ ਸੰਦੇਸ਼ ਜਾਰੀ ਕਰਕੇ ਲਿਆ ਫੈਸਲਾ

ਸਪੇਨ , 27 ਮਾਰਚ (ਚ.ਨ.ਸ.) : ਬੈਡਮਿੰਟਨ ਜਗਤ ਦੀ ਦਿੱਗਜ ਖਿਡਾਰਨ ਤੇ ਸਪੇਨ ਦੀ ਸਟਾਰ ਕੈਰੋਲੀਨਾ ਮਾਰਿਨ ਨੇ 15 ਸਾਲਾਂ ਦੇ ਸ਼ਾਨਦਾਰ



ਕਰੀਅਰ ਤੋਂ ਬਾਅਦ ਪੇਸ਼ੇਵਰ ਬੈਡਮਿੰਟਨ ਤੋਂ ਸੰਨਿਆਸ ਲੈਣ ਦਾ ਐਲਾਨ ਕਰ ਦਿੱਤਾ ਹੈ। 32 ਸਾਲਾ ਮਾਰਿਨ ਨੇ ਇੱਕ ਭਾਵੁਕ ਵੀਡੀਓ ਸੰਦੇਸ਼ ਰਾਹੀਂ ਦੱਸਿਆ ਕਿ ਲਗਾਤਾਰ ਲੱਗ ਰਹੀਆਂ ਘੁਟਨੇ ਦੀਆਂ ਸੱਟਾਂ ਕਾਰਨ ਉਨ੍ਹਾਂ ਨੂੰ ਇਹ ਔਖਾ ਫੈਸਲਾ ਲੈਣਾ ਪਿਆ ਹੈ।ਕੈਰੋਲੀਨਾ ਮਾਰਿਨ ਅਤੇ ਭਾਰਤੀ ਸਟਾਰ ਪੀ.ਵੀ. ਸਿੰਧੂ ਵਿਚਕਾਰ ਮੁਕਾਬਲਾ ਬੈਡਮਿੰਟਨ ਇਤਿਹਾਸ ਦੀਆਂ ਸਭ ਤੋਂ ਚਰਚਿਤ ਟੱਕਰਾਂ ਵਿੱਚੋਂ ਇੱਕ ਰਿਹਾ ਹੈ। 2016 ਦੀਆਂ ਰੀਓ ਓਲੰਪਿਕਸ ਦੇ ਫਾਈਨਲ ਵਿੱਚ ਮਾਰਿਨ ਨੇ ਸਿੰਧੂ ਨੂੰ ਹਰਾ ਕੇ ਸੋਨ ਤਮਗਾ ਜਿੱਤਿਆ ਸੀ। ਇਸ ਜਿੱਤ ਨਾਲ ਉਹ ਬੈਡਮਿੰਟਨ ਮਹਿਲਾ ਸਿੰਗਲਜ਼ ਵਿੱਚ ਓਲੰਪਿਕ ਗੋਲਡ ਜਿੱਤਣ ਵਾਲੀ ਪਹਿਲੀ ਗੈਰ-ਏਸ਼ੀਆਈ ਖਿਡਾਰਨ ਬਣੀ ਸੀ।ਮਾਰਿਨ ਦੇ ਕਰੀਅਰ ਨੂੰ ਸਭ ਤੋਂ ਵੱਡਾ ਝਟਕਾ 2024 ਪੈਰਿਸ ਓਲੰਪਿਕ ਦੇ ਸੈਮੀਫਾਈਨਲ ਦੌਰਾਨ ਲੱਗੀ ਸੱਟ ਕਾਰਨ ਲੱਗਿਆ, ਜਿਸ ਕਾਰਨ ਉਹ ਲੰਬੇ ਸਮੇਂ ਤੱਕ ਕੋਰਟ ਤੋਂ ਦੂਰ ਰਹੀ।

## ਡਾ. ਸਾਹਨੀ ਨੇ ਸੰਸਦ ਵਿੱਚ ਉਠਾਇਆ ਨਕਲੀ/ਘਟੀਆ ਦਵਾਈਆਂ ਦਾ ਮੁੱਦਾ

ਨਵੀਂ ਦਿੱਲੀ, 27 ਮਾਰਚ (ਅੰਮ੍ਰਿਤਪਾਲ ਸਿੰਘ) : ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਅੱਜ ਸੰਸਦ ਵਿੱਚ ਭਾਰਤ ਵਿੱਚ ਘਟੀਆ ਅਤੇ ਮਾਨਕ ਬਗ਼ੈਰ ਦਵਾਈਆਂ ਦੇ ਨਿਰਮਾਣ, ਵਿਕਰੀ ਅਤੇ ਵੰਡ ਦਾ ਗੰਭੀਰ ਮੁੱਦਾ ਉਠਾਇਆ ਅਤੇ ਇਸਨੂੰ ਬਹੁਤ ਚਿੰਤਾਜਨਕ ਦੱਸਿਆ। ਡਾ. ਸਾਹਨੀ ਨੇ ਨਿਰਮਾਣ ਅਤੇ ਵਿਕਰੀ ਦੇ ਸਾਰੇ ਪੱਧਰਾਂ 'ਤੇ ਇਕਸਾਰ ਗੁਣਵੱਤਾ ਦੇ ਮਿਆਰਾਂ ਨੂੰ ਯਕੀਨੀ ਬਣਾਉਣ ਲਈ ਇੱਕ



ਰਾਸ਼ਟਰੀ ਫਾਰਮਾਸਿਊਟੀਕਲ ਕੁਆਲਿਟੀ ਅਥਾਰਟੀ ਦੀ ਸਥਾਪਨਾ ਦੀ ਮੰਗ ਕੀਤੀ। ਡਾ. ਸਾਹਨੀ ਨੇ ਕਿਹਾ ਕਿ ਪਿਛਲੇ ਸਾਲ, 203 ਫਾਰਮਾਸਿਊਟੀਕਲ ਕੰਪਨੀਆਂ ਘਟੀਆ ਅਤੇ ਮਿਲਾਵਟੀ ਦਵਾਈਆਂ ਵੇਚਦੀਆਂ ਪਾਈਆਂ ਗਈਆਂ ਸਨ, ਅਤੇ ਨਿਰੀਖਣ ਕੀਤੀਆਂ ਗਈਆਂ 36% ਫਾਰਮਾਸਿਊਟੀਕਲ ਫੈਕਟਰੀਆਂ ਨੂੰ ਗੁਣਵੱਤਾ ਦੇ ਮਾਪਦੰਡਾਂ ਦੀ ਪਾਲਣਾ ਨਾ ਕਰਨ ਲਈ ਬੰਦ ਕਰ ਦਿੱਤਾ ਗਿਆ ਸੀ। ਇਨ੍ਹਾਂ ਵਿੱਚੋਂ ਜ਼ਿਆਦਾਤਰ ਕੰਪਨੀਆਂ ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਤੋਂ ਸਨ। ਡਾ. ਸਾਹਨੀ ਨੇ ਕਿਹਾ ਕਿ ਖੰਘ ਦੇ ਸ਼ਰਬਤ ਨਾਲ ਸੈਂਕੜੇ ਬੱਚਿਆਂ ਦੇ ਮਰਨ ਦੀਆਂ ਰਿਪੋਰਟਾਂ ਵੀ ਆਈਆਂ ਹਨ। ਡਾ. ਸਾਹਨੀ ਨੇ ਹੋਰ ਕਿਹਾ ਕਿ ਪਿਛਲੇ ਸਾਲ 1,500 ਤੋਂ ਵੱਧ ਨਮੂਨੇ ਜ਼ਬਤ ਕੀਤੇ ਗਏ ਸਨ, ਅਤੇ ਕੁਝ ਦਵਾਈਆਂ ਵਿੱਚ ਚਾਕ ਪਾਊਡਰ ਵਰਗੇ ਪਦਾਰਥ ਸਨ। ਉਹਨਾ ਨੇ ਇਹ ਵੀ ਕਿਹਾ ਕਿ ਹਰ ਸਾਲ ਲਗਭਗ 300,000 ਲੋਕ ਵਾਇਰਲ ਬੁਖਾਰ ਅਤੇ ਓਵਰ-ਦੀ-ਕਾਊਂਟਰ ਐਂਟੀਬਾਇਓਟਿਕਸ, ਜੋ ਕਿ ਕੈਂਡੀ ਅਤੇ ਚਾਕਲੇਟ ਵਾਂਗ ਆਸਾਨੀ ਨਾਲ ਉਪਲਬਧ ਹਨ, ਕਾਰਨ ਮਰਦੇ ਹਨ।

## 29 ਮਾਰਚ ਨੂੰ ਤੜਕੇ 2 ਵਜੇ ਹੋਣ ਜਾਣਗੀਆਂ ਯੂਰਪ ਦੀਆਂ ਸਾਰੀਆਂ ਘੜੀਆਂ ਇੱਕ ਘੰਟੇ ਲਈ ਅੱਗੇ

ਰੋਮ 27 ਮਾਰਚ (ਗੁਰਸ਼ਰਨ ਸਿੰਘ ਸੋਨੀ) ਜਦੋਂ ਦੀ ਯੂਰਪੀਅਨ ਯੂਨੀਅਨ ਹੋਂਦ ਵਿੱਚ ਆਈ ਹੈ ਉਦੋਂ ਤੋਂ ਯੂਰਪੀਅਨ ਦੇਸ਼ਾਂ ਵਿੱਚ ਸਾਲ ਦੇ ਮਾਰਚ ਤੇ ਅਕਤੂਬਰ ਮਹੀਨੇ ਸਮਾਂ ਬਦਲਦਾ ਹੈ ਜਿਸ ਅਨੁਸਾਰ ਇਹਨਾਂ ਦੇਸ਼ਾਂ ਵਿੱਚ ਅਕਤੂਬਰ ਮਹੀਨੇ ਦੇ ਆਖ਼ਰੀ ਐਤਵਾਰ ਘੜੀ ਦਾ ਸਮਾਂ ਇੱਕ ਘੰਟਾ ਪਿੱਛੇ ਤੇ ਮਾਰਚ ਮਹੀਨੇ ਦੇ ਆਖ਼ਰੀ ਐਤਵਾਰ ਘੜੀ ਦਾ ਸਮਾਂ ਇੱਕ ਘੰਟਾ ਅੱਗੇ ਚਲਾ ਜਾਂਦਾ ਹੈ।ਯੂਰਪ ਯੂਨੀਅਨ ਬਣਨ ਤੋਂ ਪਹਿਲਾਂ ਵੀ ਜਰਮਨ ,ਫਰਾਂਸ ਤੇ ਕੁਝ ਹੋਰ ਦੇਸ਼ ਸਾਲ ਵਿੱਚ 2 ਵਾਰ ਸਮਾਂ ਬਦਲ ਸਨ ਉਂਝ ਦੁਨੀਆਂ ਦੇ ਉੱਤਰੀ ਅਮਰੀਕਾ,ਅਫ਼ਰੀਕਾ,ਕੈਨੇਡਾ ਦੇ ਕੁਝ ਹਿੱਸੇ ਆਦਿ ਕਈ ਦੇਸ਼ਾਂ ਵਿੱਚ ਸਮਾਂ ਬਦਲ ਦੀ ਪ੍ਰਕਿਆ ਚੱਲਦੀ ਹੈ ਪਰ ਯੂਰਪ ਵਿੱਚ ਇਹ ਸੰਨ 2001 ਤੋਂ ਚੱਲ ਰਿਹਾ ਜਿਸ ਦਾ ਮੁੱਖ ਮਕਸਦ ਊਰਜਾ ਦੀ ਬਚਤ ਕਰਨੀ ਹੁੰਦਾ ਹੈ ਜਿਹੜੇ ਲੋਕ ਜ਼ਿਆਦਾ ਸੌਣਾ ਚਾਹੁੰਦੇ ਹਨ ਉਹਨਾਂ ਦੇ ਸੌਣ ਦਾ ਸਮਾਂ ਖਰਾਬ ਹੋ ਜਾਂਦਾ ਹੈ ।ਮਾਹਿਰਾਂ ਅਨੁਸਾਰ ਸਮੇਂ ਬਦਲਣ ਨਾਲ ਲੋਕਾਂ ਦੀ ਸਿਹਤ ਉਪੱਰ ਮਾੜਾ ਅਸਰ ਪੈਂਦਾ ਹੈ ।ਨੀਂਦ ਅਤੇ ਜਾਗਣ ਦੇ ਸਮੇਂ ਨੂੰ ਨਿਯੰਤ੍ਰਿਤ ਕਰਨ ਵਾਲੀ ਸਰਕੇਡੀਅਨ ਤਾਲ ਬਦਲ ਜਾਂਦੀ ਹੈ ਜਿਸ ਨਾਲ ਕਈ ਤਰ੍ਹਾਂ ਦੇ ਨੀਂਦ ਵਿਕਾਰ ਹੋ ਸਕਦੇ ਹਨ ਜਿਵੇਂ ਪ੍ਰਭਾਵਿਤ ਲੋਕਾਂ ਨੂੰ ਥਕਾਵਟ,ਭਟਕਣਾ,ਧਿਆਨ ਕੇਂਦਰਿਤ ਕਰਨ ਵਿੱਚ ਮੁਸ਼ਕਿਲ,ਮੂਡ ਵਿੱਚ ਅਚਾਨਕ ਤਬਦੀਲੀਆਂ ਆ ਸਕਦੀਆਂ ਹਨ।ਬੇਸ਼ੱਕ ਯੂਰਪ ਦੇ ਬਾਸਿੰ ?ਦੇ ਇਸ ਪ੍ਰਕ੍ਰਿਆ ਨਾਲ ਕੁਝ ਦਿਨ ਪ੍ਰੇਸ਼ਾਨ ਵੀ ਹੁੰਦੇ ਪਰ ਇਸ ਪ੍ਰਕ੍ਰਿਆ ਨਾਲ ਊਰਜਾ ਬੱਚਤ ਦੇ ਮੱਦੇ ਨਜ਼ਰ 7 ਮਹੀਨਿਆਂ ਦੇ ਡੇਲਾਈਟ ਸੇਵਿੰਗ ਸਮੇਂ ਮਾਰਚ ਤੋਂ ਅਕਤੂਬਰ ਦੌਰਾਨ ਇਟਲੀ ਦੀ ਬਿਜਲੀ ਪ੍ਰਣਾਲੀ ਦੀ 340 ਮਿਲੀਅਨ ਕਿਲੋਵਾਟ ਦੀ ਬੱਚਤ ਹੁੰਦੀ ਹੈ ਜੋ ਕਿ ਲਗਭਗ 130 ਹਜ਼ਾਰ ਪਰਿਵਾਰਾਂ ਦੀ ਔਸਤ ਸਲਾਨਾ ਲੋੜ ਨੂੰ ਪੂਰਾ ਕਰ ਸਕਦੀ ਹੈ ਜਿਸ ਨਾਲ ਕਿ ਸਰਕਾਰੀ ਖਜ਼ਾਨੇ ਨੂੰ 75 ਮਿਲੀਅਨ ਯੂਰੋ ਤੋਂ ਵੱਧ ਦਾ ਲਾਭ ਹੁੰਦਾ ਹੈ।ਯੂਰਪੀ ਪੱਧਰ ਤੇ ਕੁਝ ਸਾਲਾਂ ਤੋਂ ਡੇਲਾਈਟ ਸੇਵਿੰਗ ਨੂੰ ਬੰਦ ਕਰਨ ਲਈ ਵਿਚਾਰਾਂ ਸੰਨ 2015 ਤੋਂ ਸ਼ੁਰੂ ਹੋਈਆਂ ਤੇ ਯੂਰਪੀ ਸੰਸਦ ਵਿੱਚ ਸੰਨ 2018 ਵਿੱਚ ਮਤੇ ਵੀ ਪਾਸ ਹੋਏ ਕਿ ਸੰਨ 2021 ਤੋਂ ਸਮਾਂ ਬਦਲਣ ਦੀ ਪ੍ਰਕ੍ਰਿਆ ਉਪੱਰ ਮੁੰਕਮਲ ਰੋਕ ਲੱਗ ਜਾਵੇਗੀ ਪਰ ਇਸ ਤੋਂ ਪਹਿਲਾਂ ਕਿ ਇਹ ਪ੍ਰਕ੍ਰਿਆ ਬੰਦ ਹੁੰਦੀ ਸੰਨ 2020 ਵਿੱਚ ਕਰੋਨਾ ਦੀ ਕੋਰਪੀ ਨੇ ਦੁਨੀਆਂ ਭਰ ਦਾ ਸਮਾਂ ਬਦਲ ਕੇ ਰੱਖ ਦਿੱਤਾ ਜਿਸ ਦੇ ਝੰਬੇ ਕਈ ਦੇਸ਼ ਹਾਲੇ ਤੱਕ ਤਾਬੇ ਨਹੀਂ ਆਏ।ਯੂਰਪ ਦੇ ਬਹੁਤੇ ਲੋਕ ਸਮਾਂ ਬਦਲਣ ਦੀ ਪ੍ਰਕ੍ਰਿਆ ਰੋਕਣ ਲਈ ਰਜਾਮੰਦ ਹਨ ਪਰ ਸਮਾਂ ਇਸ ਪ੍ਰਕ੍ਰਿਆ ਨੂੰ ਰੋਕਣ ਲਈ ਕਦੋਂ ਰਜਾਮੰਦ ਹੁੰਦਾ ਇਹ ਆਉਣ ਵਾਲਾ ਸਮਾਂ ਹੀ ਤੈਅ ਕਰੇਗਾ।ਫ਼ਿਲਹਾਲ 29 ਮਾਰਚ 2026 ਦਿਨ ਐਤਵਾਰ ਨੂੰ ਸਾਰੇ ਯੂਰਪ ਦਾ ਸਮਾਂ ਤੜਕਸਾਰ 2 ਵਜੇ ਇੱਕ ਘੰਟੇ ਲਈ ਘੜ੍ਹੀਆਂ ਉਪੱਰ ਇੱਕ ਘੰਟੇ ਲਈ ਅੱਗੇ ਆ ਜਾਵੇਗਾ ਤੇ 25 ਅਕਤੂਬਰ 2026 ਦਿਨ ਐਤਵਰ ਨੂੰ ਤੜਕੇ 3 ਵਜੇ ਵਾਪਸ ਮੁੜੇਗਾ।ਇੱਥੇ ਇਹ ਵੀ ਜਿ ?ਕਰਯੋਗ ਹੈ ਕਿ ਬ੍ਰਿਟਿਸ ਕੋਲੰਬੀਆਂ(ਕੈਨੇਡਾ) ਵੀ ਸਾਲ ਵਿੱਚ ਦੋ ਵਾਰ ਸੂਬੇ ਵਿੱਚ ਸਮਾਂ ਬਦਲਦਾ ਸੀ ਮਾਰਚ ਅਤੇ ਨਵੰਬਰ ਵਿੱਚ ਪਰ ਹੁਣ ਸਰਕਾਰ ਨੇ 8 ਮਾਰਚ 2026 ਨੂੰ ਬਦਲੇ ਸਮੇਂ ਨੂੰ ਸਥਾਈ ਕਰਦਿਆਂ ਇਹ ਫੈਸਲਾ ਲਿਆ ਹੁਣ 1 ਨਵੰਬਰ 2026 ਨੂੰ ਸਮਾਂ ਨਹੀਂ ਬਦਲੇਗਾ ਜਿਸ ਨਾਲ ਸਥਾਨਕ ਲੋਕ ਕਾਫ਼ੀ ਖੁਸ਼ ਦੇਖੇ ਜਾ ਰਹੇ ਹਨ ਦੂਜੇ ਪਾਸੇ ਇਹੀ ਫੈਸਲਾ ਲੋਕ ਯੂਰਪ ਵਿੱਚ ਵੀ ਦੇਖਣਾ ਚਾਹੁੰਦੇ ਹਨ ਯੂਰਪੀਅਨ ਯੂਨੀਅਨ ਕਦੋਂ ਸੰਨ 2018 ਵਿੱਚ ਪਾਸ ਕੀਤੇ ਮਤੇ ਨੂੰ ਲਾਗੂ ਕਰਦੀ ਇਹ ਸਮਾਂ ਆਪਣੀ ਬੁੱਕਲ ਵਿੱਚ ਹੀ ਲੁਕੋਈ ਬੈਠਾ ਹੈ।



## ਮਨੀਪੁਰ ਦੇ ਉਪ ਮੁੱਖ ਮੰਤਰੀ ਨੇ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨਾਲ ਮੁਲਾਕਾਤ



ਨਵੀਂ ਦਿੱਲੀ, 27 ਮਾਰਚ (ਅੰਮ੍ਰਿਤਪਾਲ ਸਿੰਘ) : ਮਨੀਪੁਰ ਦੀ ਉਪ ਮੁੱਖ ਮੰਤਰੀ ਸ਼੍ਰੀਮਤੀ ਨੇਮਚਾ ਕਿਪਗੇਨ ਨੇ ਅੱਜ ਨਵੀਂ ਦਿੱਲੀ ਵਿਖੇ ਕੇਂਦਰੀ ਖੇਤੀਬਾੜੀ ਅਤੇ ਪੇਂਡੂ ਵਿਕਾਸ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨਾਲ ਉਨ੍ਹਾਂ ਦੇ ਸਰਕਾਰੀ ਨਿਵਾਸ ਸਥਾਨ 'ਤੇ ਮੁਲਾਕਾਤ ਕੀਤੀ। ਉਨ੍ਹਾਂ ਨੇ ਕੇਂਦਰੀ ਮੰਤਰੀ ਦਾ PMGSY-1 ਯੋਜਨਾ ਨੂੰ ਵਧਾਉਣ ਲਈ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਰਾਜ ਵਿੱਚ ਖੇਤੀਬਾੜੀ ਅਤੇ ਪੇਂਡੂ ਵਿਕਾਸ ਦੇ ਖੇਤਰ ਵਿੱਚ ਚੱਲ ਰਹੇ ਕੰਮ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਦੀ ਬੇਨਤੀ @ਤੇ ਕਾਰਵਾਈ ਕਰਦੇ ਹੋਏ, ਸ਼੍ਰੀ ਚੌਹਾਨ ਨੇ ਭਾਰਤੀ ਖੇਤੀਬਾੜੀ ਖੋਜ ਪ੍ਰੀਸ਼ਦ ਨੂੰ ਰਾਜ ਵਿੱਚ ਛੇ ਨਵੇਂ ਕ੍ਰਿਸ਼ੀ ਵਿਗਿਆਨ ਕੇਂਦਰ ਖੋਲ੍ਹਣ ਦੇ ਨਿਰਦੇਸ਼ ਦਿੱਤੇ। ਸ਼੍ਰੀ ਚੌਹਾਨ ਨੇ ਉਪ ਮੁੱਖ ਮੰਤਰੀ ਨੂੰ ਰਾਜ ਵਿੱਚ ਟਿਸ਼ੂ ਕਲਚਰ ਪ੍ਰਯੋਗਸ਼ਾਲਾ ਸਥਾਪਤ ਕਰਨ ਲਈ ਪ੍ਰਸਤਾਵ ਭੇਜਣ ਦੀ ਵੀ ਬੇਨਤੀ ਕੀਤੀ।

## ਕੇਂਦਰੀ ਬਿਜਲੀ ਇੰਜੀਨੀਅਰਿੰਗ ਸੇਵਾ ਅਤੇ ਭਾਰਤੀ ਆਰਥਿਕ ਸੇਵਾ ਦੇ ਅਧਿਕਾਰੀਆਂ ਦੇ ਸੱਦੇ ਮੌਕੇ ਰਾਸ਼ਟਰਪਤੀ ਵੱਲੋਂ ਸ਼ਿਰਕਤ

ਨਵੀਂ ਦਿੱਲੀ, 27 ਮਾਰਚ (ਚ.ਨ.ਸ.) : ਮੈਂ ਤੁਹਾਡੇ ਸਾਰਿਆਂ ਨੂੰ ਵੱਕਾਰੀ ਸੇਵਾਵਾਂ ਵਿੱਚ ਤੁਹਾਡੀ ਚੋਣ 'ਤੇ ਦਿਲੋਂ ਵਧਾਈਆਂ ਦਿੰਦਾ ਹਾਂ। ਇਹ ਜਨਤਕ ਸੇਵਾ ਵਿੱਚ ਇੱਕ ਪ੍ਰਭਾਵਸ਼ਾਲੀ ਕਰੀਅਰ ਦੀ ਸ਼ੁਰੂਆਤ ਹੈ। ਤੁਸੀਂ ਭਾਰਤ ਦੇ ਵਿਕਾਸ ਵਿੱਚ ਸਭ ਤੋਂ ਅੱਗੇ ਖੜ੍ਹੇ ਹੋ, ਅਤੇ ਤੁਹਾਡੇ ਫੈਸਲੇ ਇੱਕ ਮਜ਼ਬੂਤ ਅਤੇ ਸਵੈ-ਨਿਰਭਰ ਭਾਰਤ ਬਣਾਉਣ ਵਿੱਚ ਮਦਦ ਕਰਨਗੇ। ਤੁਸੀਂ ਸਮਾਵੇਸ਼ੀ ਅਤੇ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨ ਵਾਲੀਆਂ ਨੀਤੀਆਂ ਨੂੰ ਆਕਾਰ ਦੇਣ ਅਤੇ ਸੁਧਾਰਾਂ ਨੂੰ ਲਾਗੂ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਓਗੇ। ਬਿਜਲੀ ਇੱਕ ਰਾਸ਼ਟਰ ਦੇ ਬੁਨਿਆਦੀ ਢਾਂਚੇ ਦੇ ਸਭ ਤੋਂ ਮਹੱਤਵਪੂਰਨ ਥੰਮ੍ਹਾਂ ਵਿੱਚੋਂ ਇੱਕ ਹੈ। ਆਤਮਨਿਰਭਰ ਭਾਰਤ ਦਾ ਦ੍ਰਿਸ਼ਟੀਕੋਣ ਬਿਜਲੀ ਖੇਤਰ ਦੀ ਤਾਕਤ ਅਤੇ ਭਰੋਸੇਯੋਗਤਾ ਨਾਲ ਨੇੜਿਓਂ ਜੁੜਿਆ ਹੋਇਆ ਹੈ। ਬਿਜਲੀ ਸਿਰਫ਼ ਊਰਜਾ ਦਾ ਸਰੋਤ ਨਹੀਂ ਹੈ; ਇਹ ਦੇਸ਼ ਦੇ ਉਦਯੋਗਿਕ ਵਿਕਾਸ, ਨਵੀਨਤਾ, ਬਿਹਤਰ ਜੀਵਨ ਪੱਧਰ ਅਤੇ ਸਮੁੱਚੀ ਸਮਾਜਿਕ-ਆਰਥਿਕ ਤਰੱਕੀ ਦੇ ਪਿੱਛੇ ਪ੍ਰੇਰਕ ਸ਼ਕਤੀ ਹੈ। ਕੇਂਦਰੀ ਬਿਜਲੀ ਇੰਜੀਨੀਅਰਿੰਗ ਸੇਵਾ



ਬਿਜਲੀ ਉਤਪਾਦਨ, ਸੰਚਾਰ ਅਤੇ ਵੰਡ ਦੇ ਖੇਤਰਾਂ ਵਿੱਚ ਯੋਜਨਾਬੰਦੀ ਅਤੇ ਵਿਕਾਸ ਵਿੱਚ ਬਹੁਤ ਵੱਡਾ ਯੋਗਦਾਨ ਪਾ ਰਹੀ ਹੈ, ਜਦੋਂ ਕਿ ਬਿਜਲੀ ਪ੍ਰਣਾਲੀਆਂ ਦੀ ਗੁਣਵੱਤਾ, ਭਰੋਸੇਯੋਗਤਾ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਂਦੀ ਹੈ। ਸਾਰੇ ਨਾਗਰਿਕਾਂ ਲਈ ਬਿਜਲੀ ਦੀ ਭਰੋਸੇਯੋਗ, ਕਿਫਾਇਤੀ ਅਤੇ ਨਿਰਵਿਘਨ ਸਪਲਾਈ ਨੂੰ ਯਕੀਨੀ ਬਣਾਉਣ ਵਿੱਚ ਠੋਸ ਇੰਜੀਨੀਅਰਿੰਗ ਅਭਿਆਸਾਂ ਅਤੇ ਨਵੀਨਤਾਕਾਰੀ ਹੱਲਾਂ ਰਾਹੀਂ ਦੇਸ਼ ਦੇ ਬਿਜਲੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ??ਕਰਨ ਵਿੱਚ ਤੁਹਾਡੀ ਭੂਮਿਕਾ ਬਹੁਤ ਮਹੱਤਵਪੂਰਨ ਹੋਵੇਗੀ। ਆਪਣੀ ਤਕਨੀਕੀ ਮੁਹਾਰਤ, ਪੇਸ਼ੇਵਰ ਇਮਾਨਦਾਰੀ ਅਤੇ ਉੱਤਮਤਾ ਪ੍ਰਤੀ ਵਚਨਬੱਧਤਾ ਦੁਆਰਾ, ਤੁਸੀਂ ਉਦਯੋਗਾਂ, ਸੰਸਥਾਵਾਂ ਅਤੇ ਜ਼ਰੂਰੀ ਸੇਵਾਵਾਂ ਦੇ ਕੁਸ਼ਲ ਕਾਰਜਸ਼ੀਲਤਾ ਦਾ ਸਮਰਥਨ ਕਰ ਸਕਦੇ ਹੋ, ਅਤੇ ਲੱਖਾਂ ਨਾਗਰਿਕਾਂ ਦੇ ਜੀਵਨ ਦੀ ਗੁਣਵੱਤਾ ਵਿੱਚ ਸਿੱਧੇ ਤੌਰ @ਤੇ ਸੁਧਾਰ ਕਰ ਸਕਦੇ ਹੋ। ਤੁਹਾਡਾ ਕੰਮ ਆਰਥਿਕ ਵਿਕਾਸ, ਤਕਨੀਕੀ ਤਰੱਕੀ ਅਤੇ ਸਾਡੇ ਦੇਸ਼ ਦੇ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਵੇਗਾ।

ਕੇਂਦਰੀ ਬਿਜਲੀ ਇੰਜੀਨੀਅਰਿੰਗ ਸੇਵਾ ਦੇ ਅਧਿਕਾਰੀਆਂ ਨੇ ਬਿਜਲੀ ਖੇਤਰ ਵਿੱਚ ਪ੍ਰਾਪਤ ਕੀਤੀ ਗਈ ਸ਼ਾਨਦਾਰ ਤਰੱਕੀ ਵਿੱਚ ਵੱਡਾ ਯੋਗਦਾਨ ਪਾਇਆ ਹੈ।ਭਾਰਤ ਨੇ ਜਲਵਾਯੂ ਪਰਿਵਰਤਨ ਨੂੰ ਹੱਲ ਕਰਨ ਅਤੇ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਮਹੱਤਵਪੂਰਨ ਅੰਤਰਰਾਸ਼ਟਰੀ ਵਚਨਬੱਧਤਾਵਾਂ ਕੀਤੀਆਂ ਹਨ। ਬਿਜਲੀ ਗਰਿੱਡ ਵਿੱਚ ਨਵਿਆਉਣਯੋਗ ਊਰਜਾ ਸਰੋਤਾਂ ਦਾ ਹਿੱਸਾ ਵਧਾਉਣਾ ਇਹਨਾਂ ਵਚਨਬੱਧਤਾਵਾਂ ਨੂੰ ਪ੍ਰਾਪਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਨਵਿਆਉਣਯੋਗ ਊਰਜਾ ਦਾ ਵੱਡਾ ਏਕੀਕਰਨ ਜੈਵਿਕ ਇੰਧਨ @ਤੇ ਨਿਰਭਰਤਾ ਨੂੰ ਘਟਾਏਗਾ ਅਤੇ ਇੱਕ ਸਾਫ਼ ਅਤੇ ਵਾਤਾਵਰਣ ਪੱਖੋਂ ਵਧੇਰੇ ਜ਼ਿੰਮੇਵਾਰ ਬਿਜਲੀ ਖੇਤਰ ਬਣਾਉਣ ਵਿੱਚ ਮਦਦ ਕਰੇਗਾ। ਇੱਕ ਨਵਿਆਉਣਯੋਗ ਊਰਜਾ ਈਕੋਸਿਸਟਮ ਵੱਲ ਤਬਦੀਲੀ ਤਕਨੀਕੀ ਅਤੇ ਸੰਚਾਲਨ ਚੁਣੌਤੀਆਂ ਪੇਸ਼ ਕਰਦੀ ਹੈ ਜਿਨ੍ਹਾਂ ਨੂੰ ਨਵੀਨਤਾਕਾਰੀ ਸੋਚ, ਤਕਨੀਕੀ ਤਰੱਕੀ ਅਤੇ ਪ੍ਰਭਾਵਸ਼ਾਲੀ ਯੋਜਨਾਬੰਦੀ ਦੁਆਰਾ ਹੱਲ ਕੀਤਾ ਜਾ ਸਕਦਾ ਹੈ।

## ਸੂਰਿਆਕਿਰਨ ਐਰੋਬੈਟਿਕ ਡਿਸਪਲੇਅ ਨੇ ਚੰਡੀਗੜ੍ਹ ਦੇ ਅਸਮਾਨ ਨੂੰ ਰੋਸ਼ਨ ਕੀਤਾ, ਜਿਸ ਨਾਲ ਸੁਖਨਾ ਝੀਲ 'ਤੇ ਇੱਕ ਦਿਲ ਖਿੱਚਵਾਂ ਨਜ਼ਾਰਾ ਪੈਦਾ

ਚੰਡੀਗੜ੍ਹ, 27 ਮਾਰਚ (ਚ.ਨ.ਸ.) : ਭਾਰਤੀ ਹਵਾਈ ਸੈਨਾ ਦੇ ਵੱਕਾਰੀ ਸੂਰਿਆਕਿਰਨ ਐਰੋਬੈਟਿਕ ਡਿਸਪਲੇਅ, ਜੋ ਕਿ ਸ਼ੁੱਧਤਾ, ਦੇਸ਼ ਭਗਤੀ ਅਤੇ ਹਵਾਈ ਹੁਨਰ ਦਾ ਪ੍ਰਤੀਕ ਹੈ, ਨੇ ਅੱਜ ਚੰਡੀਗੜ੍ਹ ਦੀ ਸੁਖਨਾ ਝੀਲ @ਤੇ ਹਜ਼ਾਰਾਂ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ। ਸ਼ਾਨਦਾਰ ਬਣਤਰਾਂ, ਤਾਲਮੇਲ ਵਾਲੇ ਅਭਿਆਸਾਂ ਅਤੇ ਅਸਮਾਨ ਵਿੱਚ ਰੰਗੀਨ ਧੂੰਏਂ ਦੇ ਰਸਤੇ ਨੇ ਇੱਕ ਅਜਿਹਾ ਨਜ਼ਾਰਾ ਪੇਸ਼ ਕੀਤਾ ਜਿਸਨੇ ਦਰਸ਼ਕਾਂ ਨੂੰ ਮੋਹਿਤ ਕਰ ਦਿੱਤਾ ਅਤੇ ਉਨ੍ਹਾਂ ਵਿੱਚ ਦੇਸ਼ ਭਗਤੀ ਦੀ ਭਾਵਨਾ ਪੈਦਾ ਕੀਤੀ। ਸਮਾਗਮ ਦੇ ਮੁੱਖ ਮਹਿਮਾਨ, ਯੂਟੀ ਚੰਡੀਗੜ੍ਹ ਦੇ ਮੁੱਖ ਸਕੱਤਰ ਸ਼੍ਰੀ ਐਚ. ਰਾਜੇਸ਼ ਪ੍ਰਸਾਦ ਨੇ ਭਾਰਤੀ ਹਵਾਈ ਸੈਨਾ ਦੀ ਸ਼ਾਨਦਾਰ ਸਮਰੱਥਾ, ਅਨੁਸ਼ਾਸਨ ਅਤੇ ਸਮਰਪਣ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਇਸ ਸ਼ਾਨਦਾਰ ਸਮਾਗਮ ਵਿੱਚ ਸ਼ਾਮਲ ਸਾਰੇ ਵਿਭਾਗਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ, ਇਹ ਨੋਟ ਕਰਦੇ ਹੋਏ ਕਿ ਅਜਿਹੇ ਸਮਾਗਮ ਨੌਜਵਾਨਾਂ ਨੂੰ ਪ੍ਰੇਰਿਤ ਕਰਨ ਅਤੇ ਦੇਸ਼ ਭਗਤੀ ਦੀ ਭਾਵਨਾ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਸੂਰਿਆਕਿਰਨ ਐਰੋਬੈਟਿਕ ਟੀਮ ਨੇ ਸ਼ਾਨਦਾਰ ਐਰੋਬੈਟਿਕ ਅਭਿਆਸ ਕੀਤੇ, ਜਿਸ ਵਿੱਚ ਤੇਜਸ ਅਤੇ ਯੁਵਾ ਫਾਰਮੇਸ਼ਨ, ਬੈਰਲ ਰੋਲ, ਹਾਈ-ਸਪੀਡ ਕਰਾਸ, ਡੀਐਨਏ, ਹਾਰਟ ਅਤੇ ਲੂਪ ਸ਼ਾਮਲ ਸਨ, ਜਿਨ੍ਹਾਂ ਨੇ ਆਪਣੇ ਸ਼ਾਨਦਾਰ ਤਾਲਮੇਲ ਅਤੇ ਉਡਾਣ ਦੇ ਹੁਨਰ ਦਾ ਪ੍ਰਦਰਸ਼ਨ ਕੀਤਾ। ਤਿਰੰਗੇ ਧੂੰਏਂ ਦੇ ਗੁਬਾਰਿਆਂ ਨੇ ਚੰਡੀਗੜ੍ਹ ਦੇ ਅਸਮਾਨ ਨੂੰ ਦੇਸ਼ ਭਗਤੀ ਦਾ ਰੰਗ ਦਿੱਤਾ, ਦਰਸ਼ਕਾਂ ਵੱਲੋਂ ਗੂੰਜਦੀਆਂ ਤਾੜੀਆਂ ਪ੍ਰਾਪਤ ਕੀਤੀਆਂ। ਫਾਰਮੇਸ਼ਨ ਲੀਡਰ ਨੇ ਰੇਡੀਓ ਰਾਹੀਂ ਟ੍ਰਾਈਸਿਟੀ ਦੇ ਦਰਸ਼ਕਾਂ ਨੂੰ ÷ਨੀਲਾ ਅਸਮਾਨ ਅਤੇ ਖੁਸ਼ੀ ਭਰੀ ਲੈਂਡਿੰਗ÷ ਦਾ ਸੰਦੇਸ਼ ਵੀ ਪ੍ਰਸਾਰਿਤ ਕੀਤਾ। ਸਥਾਨਕ ਨਿਵਾਸੀਆਂ, ਸੈਲਾਨੀਆਂ ਅਤੇ ਹਵਾਬਾਜ਼ੀ ਪ੍ਰੇਮੀਆਂ ਦੀ ਇੱਕ ਵੱਡੀ ਭੀੜ ਏਅਰ ਸ਼ੋਅ ਦੇਖਣ ਲਈ ਇਕੱਠੀ ਹੋਈ, ਜਿਸਨੇ ਸੁਖਨਾ ਝੀਲ ਨੂੰ ਉਤਸ਼ਾਹ ਅਤੇ ਖੁਸ਼ੀ ਦੇ ਕੇਂਦਰ ਵਿੱਚ ਬਦਲ ਦਿੱਤਾ। ਚੰਡੀਗੜ੍ਹ ਪ੍ਰਸ਼ਾਸਨ, ਭਾਰਤੀ ਹਵਾਈ ਸੈਨਾ ਅਤੇ ਸੁਰੱਖਿਆ ਏਜੰਸੀਆਂ ਦੇ ਤਾਲਮੇਲ ਵਾਲੇ ਯਤਨਾਂ ਨੇ ਇਹ ਯਕੀਨੀ ਬਣਾਇਆ ਕਿ ਇਹ ਪ੍ਰੋਗਰਾਮ ਸਫਲਤਾਪੂਰਵਕ ਅਤੇ ਸੁਚਾਰੂ ਢੰਗ ਨਾਲ ਕਰਵਾਇਆ ਜਾਵੇ।



## ਡਰਾਈਵਿੰਗ ਸਿਖਲਾਈ ਲਈ ਸਕੂਲ ਖੋਲ੍ਹੇ ਜਾਣਗੇ: ਗਡਕਰੀ

### ☛ਇੱਕ ਕਰੋੜ ਲੋਕਾਂ ਨੂੰ ਰੁਜ਼ਗਾਰ ਮਿਲਣ ਦੀ ਸੰਭਾਵਨਾ ਜਤਾਈ

ਨਵੀਂ ਦਿੱਲੀ, 27 ਮਾਰਚ (ਚ.ਨ.ਸ): ਕੇਂਦਰੀ ਸੜਕ ਆਵਾਜਾਈ ਤੇ ਸ਼ਾਹਰਾਹ ਮੰਤਰੀ ਨਿਤਿਨ ਗਡਕਰੀ ਨੇ ਐਲਾਨ ਕੀਤਾ ਕਿ ਉਦਯੋਗ ਦੇ ਸਹਿਯੋਗ ਨਾਲ ਸਰਕਾਰ ਅਗਲੇ ਪੰਜ ਸਾਲਾਂ ਵਿੱਚ 120 ਜ਼ਿਲ੍ਹਿਆਂ ਤੇ 500 ਸਮਾਜਿਕ, ਆਰਥਿਕ ਤੇ ਸਿੱਖਿਆ ਪੱਖੋਂ ਪਛੜੇ ਬਲਾਕਾਂ ਵਿੱਚ ਡਰਾਈਵਰਾਂ ਨੂੰ ਸਿਖਲਾਈ ਦੇਣ ਲਈ ਸਕੂਲ ਖੋਲ੍ਹੇਗੀ। ਉਨ੍ਹਾਂ ਦਾਅਵਾ ਕੀਤਾ ਕਿ ਇਸ ਪਹਿਲ ਨਾਲ ਦੇਸ਼ ਵਿੱਚ ਇੱਕ ਕਰੋੜ ਲੋਕਾਂ ਨੂੰ ਰੁਜ਼ਗਾਰ ਮਿਲਣ ਦੀ ਉਮੀਦ ਹੈ। ਕੇਂਦਰੀ ਮੰਤਰੀ ਨੇ ਕੌਮੀ ਰਾਜਧਾਨੀ ਵਿੱਚ ਸੜਕ ਸੁਰੱਖਿਆ ਅਭਿਆਨ ਪ੍ਰੋਗਰਾਮ 'ਚ ਫਿਲਮ ਅਦਾਕਾਰ ਆਮਿਰ ਖ਼ਾਨ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਦੇਸ਼ ਵਿੱਚ 22 ਲੱਖ ਡਰਾਈਵਰਾਂ ਦੀ ਘਾਟ ਹੈ ਤੇ ਸਰਕਾਰ ਨੇ 200 ਡਰਾਈਵਿੰਗ ਸਕੂਲ ਖੋਲ੍ਹੇ ਹਨ। ਮੰਤਰੀ ਨੇ ਅਫ਼ਸੋਸ ਜਤਾਇਆ ਕਿ ਸੜਕ ਹਾਦਸਿਆਂ ਦੀ ਗਿਣਤੀ ਦੇ ਮਾਮਲੇ ਵਿੱਚ ਭਾਰਤ ਸੰਸਾਰ 'ਚ ਸਿਖਰ 'ਤੇ ਹੈ। ਦੇਸ਼ ਵਿੱਚ ਪ੍ਰਤੀ ਸਾਲ ਪੰਜ ਲੱਖ ਤੋਂ ਵੱਧ ਹਾਦਸੇ ਵਾਪਰਦੇ ਹਨ ਤੇ ਕਰੀਬ 1.8 ਲੱਖ ਲੋਕਾਂ ਦੀ ਮੌਤ ਹੁੰਦੀ ਹੈ।



## ਮੂਲ ਨਾਨਕਸ਼ਾਹੀ ਕੈਲੰਡਰ ਦੀ ਸਮੱਸਿਆ ਦੇ ਹੱਲ ਲਈ ਜਥੇਦਾਰਾਂ ਨੂੰ ਸੱਦਾ

### ☛ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੂੰ ਵੀ ਭੇਜਿਆ ਬੁਲਾਵਾ

ਕੋਟਕਪੂਰਾ, 27 ਮਾਰਚ (ਚ.ਨ.ਸ): ਮੂਲ ਨਾਨਕਸ਼ਾਹੀ ਕੈਲੰਡਰ ਦੇ ਕਤਲ ਤੋਂ ਬਾਅਦ ਤਖ਼ਤਾਂ ਦੇ ਜਥੇਦਾਰਾਂ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸਮੇਤ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਲਈ ਮੁਸ਼ਕਿਲਾਂ ਦਾ ਦੌਰ ਜਾਰੀ ਹੈ। ਅਕਾਲ ਤਖ਼ਤ ਸਾਹਿਬ ਤੋਂ ਪ੍ਰਵਾਨਿਤ ਸਾਲ 2003 ਵਿੱਚ ਪ੍ਰਵਾਸੀ ਭਾਰਤੀ ਪਾਲ ਸਿੰਘ ਪੁਰੇਵਾਲ ਦਾ ਮੂਲ ਨਾਨਕਸ਼ਾਹੀ ਕੈਲੰਡਰ ਲਾਗੂ ਕੀਤਾ ਗਿਆ, ਦੁਨੀਆਂ ਭਰ ਦੀਆਂ ਸਿੱਖ ਸੰਸਥਾਵਾਂ, ਪੰਥਕ ਜਥੇਬੰਦੀਆਂ ਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੇ ਸਾਰੇ ਇਤਿਹਾਸਕ ਦਿਹਾੜੇ ਤੇ ਗੁਰੂ ਸਾਹਿਬਾਨ ਦੇ ਗੁਰਪੁਰਬ ਮੂਲ ਨਾਨਕਸ਼ਾਹੀ ਕੈਲੰਡਰ ਮੁਤਾਬਿਕ ਮਨਾਉਣੇ ਸ਼ੁਰੂ ਕਰ ਦਿੱਤੇ ਪਰ ਅਚਾਨਕ ਸੱਤ ਸਾਲਾਂ ਬਾਅਦ ਅਰਥਾਤ 2010 ਵਿੱਚ ਪਾਲ ਸਿੰਘ ਪੁਰੇਵਾਲ ਜਾਂ ਕਿਸੇ ਹੋਰ ਵਿਦਵਾਨ ਨੂੰ ਵਿਸ਼ਵਾਸ ਵਿੱਚ ਲੈਣ ਤੋਂ ਬਿਨਾਂ ਹੀ ਮੂਲ ਨਾਨਕਸ਼ਾਹੀ ਕੈਲੰਡਰ ਦਾ ਕਤਲ ਕਰ ਦਿੱਤਾ ਗਿਆ। ਹੁਣ ਪੰਥ ਦੀਆਂ ਦੋ ਮਹਾਨ ਸ਼ਖ਼ਸੀਅਤਾਂ ਗਿਆਨੀ ਜਗਤਾਰ ਸਿੰਘ ਜਾਚਕ ਤੇ ਗਿਆਨੀ ਕੇਵਲ ਸਿੰਘ ਨੇ 19 ਅਪ੍ਰੈਲ ਸਵੇਰੇ 11:00 ਵਜੇ ਦਾ ਸੈਸ਼ਨ ਦਾ ਸਮਾਂ ਨਿਸ਼ਚਿਤ ਕਰਕੇ ਸਾਰੇ ਤਖ਼ਤਾਂ ਦੇ ਜਥੇਦਾਰਾਂ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸਮੇਤ ਬਾਬਾ ਹਰਨਾਮ ਸਿੰਘ ਧੁੰਮਾ, ਅਨੁਰਾਗ ਸਿੰਘ ਲੁਧਿਆਣਾ, ਕਰਨਲ ਸੁਰਜੀਤ ਸਿੰਘ ਨਿਸ਼ਾਨ, ਗੁਰਚਰਨ ਸਿੰਘ ਸੇਖੋਂ, ਗੁਰਚਰਨਜੀਤ ਸਿੰਘ ਲਾਂਬਾ, ਸਰਬਜੀਤ ਸਿੰਘ ਸੈਕਰਾਮੈਂਟੋ, ਕ੍ਰਿਪਾਲ ਸਿੰਘ ਬਠਿੰਡਾ, ਅਤਿੰਦਰਪਾਲ ਸਿੰਘ ਨੂੰ ਸੱਦਾ ਪੱਤਰ ਭੇਜੇ ਹਨ। ਸੱਦਾ ਪੱਤਰਾਂ ਰਾਹੀਂ ਉਨ੍ਹਾਂ ਦੱਸਿਆ ਕਿ ਪਿਛਲੇ ਦੋ ਦਹਾਕਿਆਂ ਤੋਂ ਕੈਲੰਡਰ ਵਿਸ਼ੇ 'ਤੇ ਜੋ ਬੇਲੋੜਾ ਵਾਦ ਵਿਵਾਦ ਚੱਲ ਰਿਹਾ ਹੈ, ਇਹ ਪੰਥਕ ਹਿੱਤਾਂ ਲਈ ਲਾਹੇਵੰਦ ਨਹੀਂ। ਇਸ ਸਾਲ ਜੇਠ ਨਾਮ ਦੇ ਦੋ ਮਹੀਨੇ ਆਉਣ ਨਾਲ ਸਿੱਖ ਕੌਮ ਦੀ ਪੁਜੀਸ਼ਨ ਹੋਰ ਵੀ ਹਾਸੋਹੀਣੀ ਬਣੀ ਹੋਈ ਹੈ। ਉਨ੍ਹਾਂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਤੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਗੁਰਗੱਦੀ ਪੁਰਬ ਦੀ ਉਦਾਹਰਨ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ, ਤਖ਼ਤ ਪਟਨਾ ਸਾਹਿਬ, ਦਮਦਮੀ ਟਕਸਾਲ, ਗੁਰੂ ਨਾਨਕ ਮਿਸ਼ਨ ਨਿਊਜ਼ੀਲੈਂਡ ਤੇ ਕਰਨਲ ਸੁਰਜੀਤ ਸਿੰਘ ਨਿਸ਼ਾਨ ਵੱਲੋਂ ਬਣਾਈ 86 ਸਾਲਾ ਕੈਲੰਡਰ ਤੋਂ ਇਸ ਸਾਲ ਉਕਤ ਦਿਹਾੜੇ ਦੀਆਂ ਤਰੀਕਾਂ ਵੱਖੋ ਵੱਖਰੀਆਂ ਹਨ, ਜਿਸ ਨਾਲ ਸੰਗਤ ਵਿੱਚ ਦੁਬਿਧਾ ਪੈਦਾ ਹੋਣੀ ਸੁਭਾਵਿਕ ਹੈ। ਉਨ੍ਹਾਂ ਆਖਿਆ ਕਿ 6 ਵੈਸਾਖ, 19 ਅਪ੍ਰੈਲ ਦਿਨ ਐਤਵਾਰ ਗੁਰਦੁਆਰਾ ਅਨਾਮ ਸਿੱਖ ਸ਼ਹੀਦਾਂ ਢੀਂਠਲ (ਪਟਿਆਲਾ ਤੋਂ ਸਮਾਣਾ ਸੜਕ) ਵਿਖੇ ਸਵੇਰੇ 11:00 ਵਜੇ ਵਿਚਾਰ ਚਰਚਾ ਸ਼ੁਰੂ ਹੋਵੇਗੀ। ਕੈਲੰਡਰ ਦੇ ਹੱਕ ਤੇ ਵਿਰੋਧ ਵਾਲੀਆਂ ਦੋਨੋਂ ਧਿਰਾਂ ਦੇ 3-3 ਨੁਮਾਇੰਦੇ ਆਪੋ-ਆਪਣਾ ਸੰਖੇਪ ਭਾਸ਼ਣ ਦੇਣ ਤੋਂ ਬਾਅਦ ਦੂਜੀ ਧਿਰ ਤੇ ਸੰਗਤ ਵਿਚੋਂ ਆਏ ਸਵਾਲਾਂ ਦਾ ਜਵਾਬ ਦੇਣਗੇ। ਉਨ੍ਹਾਂ ਦੱਸਿਆ ਕਿ ਸਾਰਾ ਪ੍ਰੋਗਰਾਮ ਲਾਈਵ ਪ੍ਰਸਾਰਤ ਕੀਤਾ ਜਾਵੇਗਾ।

## ਹਰੀਕੇ ਝੀਲ 'ਚ ਪਾਣੀ ਵਾਲੀ ਬੱਸ ਦਾ ਪ੍ਰੋਜੈਕਟ ਧਿਆਨ ਨਾ ਦੇਣ ਕਾਰਨ ਹੋ ਰਿਹੈ ਮਿੱਟੀ

### ☛ਬੰਦ ਹੋਣ ਕਾਰਨ ਜਲ ਬੱਸ ਬਣੀ ਬੂੰਡਾਂ ਦਾ ਰੈਣ ਬਸੇਰਾ, ਪੈਡਲ ਬੋਟਾਂ 'ਚ ਉਗਿਆ ਘਾਹ

ਹਰੀਕੇ ਪੱਤਣ, 27 ਮਾਰਚ (ਚ.ਨ.ਸ): ਸਰਕਾਰਾਂ ਤੇ ਵਿਭਾਗਾਂ ਦੀ ਅਣਦੇਖੀ ਕਾਰਨ ਲੋਕਾਂ ਦਾ ਟੈਕਸ ਰੂਪੀ ਪੈਸਾ ਕਿਸ ਤਰ੍ਹਾਂ ਬਰਬਾਦ ਹੁੰਦਾ ਹੈ, ਇਸਦੀ ਜਿਊਂਦੀ ਜਾਗਦੀ ਮਿਸਾਲ ਹੈ ਹਰੀਕੇ ਝੀਲ ਵਿੱਚ ਚਲਾਈ ਗਈ ਪਾਣੀ ਵਾਲੀ ਬੱਸ ਦਾ ਪ੍ਰੋਜੈਕਟ ਜੋ ਧਿਆਨ ਨਾ ਦੇਣ ਕਾਰਨ ਖਤਮ ਹੋ ਕੇ ਰਹਿ ਗਿਆ। ਪੰਜਾਬ ਦੇ ਸਾਬਕਾ ਉਪ-ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਦਾ ਜਲ ਪ੍ਰੋਜੈਕਟ ਜਿਸ 'ਤੇ ਲੱਗੇ ਕਰੋੜਾਂ ਰੁਪਏ ਮਿੱਟੀ ਹੋ ਰਹੇ ਹਨ। ਬਿਆਸ-ਸਤਲੁਜ ਦਰਿਆਵਾਂ ਦੇ ਸੰਗਮ ਹਰੀਕੇ ਹੈਡ ਵਰਕਸ 'ਤੇ ਬਣੇ ਜਲ ਬੱਸ ਸਟਾਪ 'ਤੇ ਇਹ ਜਲ ਬੱਸ ਗੈਰਾਜ ਦੇ ਅੰਦਰ ਖੜ੍ਹੀ ਦੀ ਹਾਲਤ ਬੁਹਤ ਖ਼ਰਾਬ ਹੋ ਗਈ ਹੈ। ਬਾਦਲ ਦੇ ਸੁਪਨਮਈ ਜਲ ਬੱਸ ਪ੍ਰੋਜੈਕਟ ਕਾਰਨ ਹਰੀਕੇ ਝੀਲ ਸੈਲਾਨੀਆਂ ਦੀ ਵਿਸ਼ੇਸ਼ ਖਿੱਚ ਬਣ ਗਈ ਸੀ ਤੇ ਝੀਲ ਦੇ ਚੰਗੇ ਦਿਨ ਆਉਣ ਦੀ ਸੰਭਾਵਨਾ ਵੀ ਨਜ਼ਰ ਆਈ ਪਰ 2017 ਵਿੱਚ ਕਾਂਗਰਸ ਸਰਕਾਰ ਬਣਨ ਤੋਂ ਬਾਅਦ ਕੈਬਨਿਟ ਮੰਤਰੀ ਨਵਜੋਤ ਸਿੰਘ ਸਿੱਧੂ ਨੇ ਹਰੀਕੇ ਪਹੁੰਚ ਕੇ ਇਸ ਜਲ ਬੱਸ ਨੂੰ ਪੱਕੀਆਂ ਬਰੇਕਾਂ ਲਗਾ ਦਿੱਤੀਆਂ। ਪ੍ਰੋਜੈਕਟ ਦੇ ਬੰਦ ਕਰਨ ਸਮੇਂ ਨਵਜੋਤ ਸਿੰਘ ਸਿੱਧੂ ਨੇ ਝੀਲ ਨੂੰ ਵਿਕਸਿਤ ਕਰਨ ਦੇ ਵੱਡੇ-ਵੱਡੇ ਦਾਅਵੇ ਕੀਤੇ ਪਰ ਝੀਲ ਨੇ ਹੋਰ ਵਿਕਸਿਤ ਕੀ ਹੋਣਾ ਸੀ ਪਹਿਲੇ ਪ੍ਰੋਜੈਕਟ ਵੀ ਠੁੱਸ ਹੋ ਗਏ। ਪੰਜਾਬ ਵੱਲ ਬਿਲਕੁਲ ਵੀ ਧਿਆਨ ਨਹੀਂ ਦਿੱਤਾ ਜਾਂ ਮੁਤਾਬਿਕ ਜਲ ਬੱਸ ਪ੍ਰੋਜੈਕਟ 'ਤੇ ਕਰੀਬ 9 ਕਰੋੜ ਰੁਪਏ ਖਰਚ ਆਇਆ ਸੀ ਜੋ ਕਿ ਇਸ ਸਮੇਂ ਪੂਰੀ ਤਰ੍ਹਾਂ ਬੇਕਾਰ ਦਿਖਾਈ ਦੇ ਰਿਹਾ ਹੈ। ਲੱਖਾਂ ਰੁਪਏ ਦੀ ਮੋਟਰ ਬੋਟ ਵੀ ਸਾਂਭ-ਸੰਭਾਲ ਨਾ ਹੋਣ ਕਾਰਨ ਖਰਾਬ ਹੋ ਚੁੱਕੀ ਹੈ।




## ਦੇਸ਼ ਭਗਤ ਯੂਨੀਵਰਸਿਟੀ ਨੇ ਸਾਈਬਰ ਸੁਰੱਖਿਆ ਬਾਰੇ ਕਰਵਾਈ ਜਾਗਰੂਕਤਾ ਵਰਕਸ਼ਾਪ



ਮੰਡੀ ਗੋਬਿੰਦਗੜ੍ਹ, 27 ਮਾਰਚ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਇੰਜੀਨੀਅਰਿੰਗ ਤੇ ਕੰਪਿਊਟਰ ਸਾਇੰਸ ਐਪਲੀਕੇਸ਼ਨ ਵਿਭਾਗ ਵੱਲੋਂ ਸੰਸਥਾ ਦੀ ਇਨੋਵੇਸ਼ਨ ਕੌਂਸਲ ਦੇ ਸਹਿਯੋਗ ਨਾਲ 'ਡਿਜੀਟਲ ਯੁੱਗ ਵਿੱਚ ਸਾਈਬਰ ਸੁਰੱਖਿਆ ਜਾਗਰੂਕਤਾ ਤੇ ਕਰੀਅਰ ਮੌਕੇ' ਵਿਸ਼ੇ 'ਤੇ ਵਰਕਸ਼ਾਪ ਕਰਵਾਈ ਗਈ, ਜਿਸ ਦਾ ਮਕਸਦ ਵਿਦਿਆਰਥੀਆਂ ਵਿੱਚ ਸਾਈਬਰ ਸੁਰੱਖਿਆ ਦੀ ਵੱਧ ਰਹੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਤੇ ਇਸ ਤੇਜ਼ੀ ਨਾਲ ਵਿਕਸਿਤ ਹੋ ਰਹੇ ਖੇਤਰ ਵਿੱਚ ਉਭਰ ਰਹੇ ਕਰੀਅਰ ਮੌਕਿਆਂ ਨੂੰ ਉਜਾਗਰ ਕਰਨਾ ਸੀ। ਸੈਸ਼ਨ ਦੀ ਸ਼ੁਰੂਆਤ ਡਿਜੀਟਲ ਪਲੇਟਫਾਰਮਾਂ ਨਾਲ ਜੁੜੇ ਵੱਧਦੇ ਖਤਰਿਆਂ ਤੇ ਸੁਰੱਖਿਅਤ ਆਨਲਾਈਨ ਵਰਤੋਂ ਦੀ ਤੁਰੰਤ ਲੋੜ ਬਾਰੇ ਜਾਣ-ਪਛਾਣ ਨਾਲ ਕੀਤੀ ਗਈ। ਵਾਈਸ ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਨੇ ਸੰਬੋਧਨ ਕਰਦੇ ਹੋਏ ਸਾਈਬਰ ਅਪਰਾਧਾਂ ਤੋਂ ਬਚਾਅ ਲਈ ਡਿਜੀਟਲ ਜ਼ਿੰਮੇਵਾਰੀ ਤੇ ਜਾਗਰੂਕਤਾ ਦੀ ਮਹੱਤਤਾ ਉਤੇ ਜ਼ੋਰ ਦਿੱਤਾ। ਪ੍ਰੋ. ਵਾਈਸ ਚਾਂਸਲਰ (ਰਿਸਰਚ) ਤੇ ਡੀਨ ਇੰਜੀਨੀਅਰਿੰਗ ਡਾ. ਬੂਟਾ ਸਿੰਘ ਨੇ ਸਾਈਬਰ ਸੁਰੱਖਿਆ ਵਿੱਚ ਖੋਜ ਤੇ ਨਵਚਾਰ ਦੀਆਂ ਸੰਭਾਵਨਾਵਾਂ ਖੋਜਣ ਲਈ ਪ੍ਰੇਰਿਤ ਕੀਤਾ। ਡਿਪਟੀ ਡਾਇਰੈਕਟਰ ਡਾ. ਖੁਸ਼ਬੂ ਬਾਂਸਲ ਨੇ ਅਜਿਹੀਆਂ ਪਹਿਲਕਦਮੀਆਂ ਦੀ ਭੂਮਿਕਾ ਨੂੰ ਵਿਦਿਆਰਥੀਆਂ ਦੇ ਹੁਨਰ ਵਿਕਾਸ ਤੇ ਕਰੀਅਰ ਮੌਕਿਆਂ ਨੂੰ ਵਧਾਉਣ ਵਿੱਚ ਮਹੱਤਵਪੂਰਨ ਦੱਸਿਆ। ਵਰਕਸ਼ਾਪ ਦਾ ਆਯੋਜਨ ਡਾ. ਸਾਹਿਲ ਬਾਘਲਾ, ਸੰਸਥਾਪਕ ਤੇ ਸੀਈਓ ਨੇ ਕੀਤਾ ਜਿਨ੍ਹਾਂ ਉਦਯੋਗ ਨਾਲ ਸਬੰਧਤ ਜਾਣਕਾਰੀ ਦਿੱਤੀ। ਉਨ੍ਹਾਂ ਫਿਸ਼ਿੰਗ, ਮਾਲਵੇਅਰ, ਰੈਨਸਮਵੇਅਰ ਤੇ ਡਾਟਾ ਚੋਰੀ ਵਰਗੇ ਆਮ ਸਾਈਬਰ ਖਤਰਿਆਂ ਬਾਰੇ ਉਦਾਹਰਣਾਂ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਮਜ਼ਬੂਤ ਪਾਸਵਰਡ ਵਰਤਣ, ਦੋ-ਕਦਮੀ ਪ੍ਰਮਾਣੀਕਰਨ ਯੋਗ ਕਰਨ ਤੇ ਸੁਰੱਖਿਅਤ ਬ੍ਰਾਊਜ਼ਿੰਗ ਆਦਤਾਂ ਅਪਣਾਉਣ ਵਰਗੇ ਬਚਾਅ ਦੇ ਉਪਾਅ ਵੀ ਦੱਸੇ। ਵਰਕਸ਼ਾਪ ਦਾ ਮੁੱਖ ਆਕਰਸ਼ਣ ਸਾਈਬਰ ਸੁਰੱਖਿਆ ਵਿੱਚ ਵੱਖ-ਵੱਖ ਕਰੀਅਰ ਮੌਕਿਆਂ ਬਾਰੇ ਚਰਚਾ ਸੀ, ਜਿਸ ਵਿੱਚ ਐਥਿਕਲ ਹੈਕਰ, ਸਾਈਬਰ ਸੁਰੱਖਿਆ ਵਿਸ਼ਲੇਸ਼ਕ ਤੇ ਨੈਟਵਰਕ ਸੁਰੱਖਿਆ ਇੰਜੀਨੀਅਰ ਵਰਗੀਆਂ ਭੂਮਿਕਾਵਾਂ ਸ਼ਾਮਲ ਸਨ। ਵਿਦਿਆਰਥੀਆਂ ਨੂੰ ਇਸ ਖੇਤਰ ਵਿੱਚ ਕਾਮਯਾਬੀ ਲਈ ਲੋੜੀਂਦੇ ਹੁਨਰ ਤੇ ਸਰਟੀਫਿਕੇਸ਼ਨਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ।

## ਸਿਆਲਕੋਟ ਦੇ ਗੁਰਦੁਆਰਾ ਬਾਬੇ ਦੀ ਬੇਰ 'ਚ ਪੰਜ ਸਦੀ ਪੁਰਾਣੀ ਬੇਰੀ ਅੱਜ ਵੀ ਦੇ ਰਹੀ ਭਰਵਾਂ ਮਿੱਠਾ ਫਲ

ਅੰਮ੍ਰਿਤਸਰ, 27 ਮਾਰਚ (ਚ.ਨ.ਸ): ਪਾਕਿਸਤਾਨ ਦੇ ਜ਼ਿਲ੍ਹਾ ਸਿਆਲਕੋਟ 'ਚ ਮੌਜੂਦ ਗੁਰਦੁਆਰਾ ਬਾਬੇ ਦੀ ਬੇਰ ਵਿਚਲੀ ਪੰਜ ਸਦੀ ਤੋਂ ਵੀ ਪੁਰਾਣੀ ਬੇਰੀ ਅੱਜ ਵੀ ਹਰੀ-ਭਰੀ ਹੈ ਤੇ ਬੇਰਾਂ ਨਾਲ ਲੱਦੀ, ਇਹ ਇਤਿਹਾਸਕ ਬੇਰੀ ਭਰਵਾਂ ਮਿੱਠਾ ਫਲ ਦੇ ਰਹੀ ਹੈ। ਸਿਆਲਕੋਟ ਦੇ ਵਾਸੀਆਂ ਦੀ ਬੇਨਤੀ ਸੁਣ ਕੇ ਜਦੋਂ ਸ੍ਰੀ ਗੁਰੂ ਨਾਨਕ ਦੇਵ ਜੀ ਇੱਥੇ ਪਧਾਰੇ ਤਾਂ ਉਨ੍ਹਾਂ ਇਸੇ ਬੇਰੀ ਦੇ ਰੁੱਖ ਹੇਠ ਆਸਣ ਕੀਤਾ, ਬਾਅਦ 'ਚ ਇਸ ਬੇਰੀ ਕਰਕੇ ਅਸਥਾਨ ਦਾ ਨਾਂਅ ਗੁਰਦੁਆਰਾ ਬਾਬੇ ਦੀ ਬੇਰ ਵਜੋਂ ਪ੍ਰਸਿੱਧ ਹੋਇਆ। ਉਕਤ ਬੇਰੀ ਦੇ ਚੁਫੇਰੇ ਲਗਭਗ ਤਿੰਨ ਫੁੱਟ ਉਚਾ ਪੱਥਰ ਦਾ ਥੜ੍ਹਾ ਬਣਿਆ ਹੋਇਆ ਹੈ। ਜਿਸ ਦੀਆਂ ਕੰਧਾਂ 'ਤੇ ਗੁਰਮੁਖੀ 'ਚ ਦਾਨੀ ਸਿੱਖਾਂ ਦੇ ਨਾਵਾਂ ਦੀਆਂ ਕਈ ਸਿਲਾਂ ਲੱਗੀਆਂ ਹੋਈਆਂ ਹਨ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਜਸਕਰਨ ਸਿੰਘ ਸਿੱਧੂ ਨੇ ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਪਾਕਿਸਤਾਨੀ ਸਿੱਖਾਂ ਦੀ ਮੰਗ 'ਤੇ ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ ਵੱਲੋਂ ਜਨਵਰੀ 2012 'ਚ ਇਸ ਅਸਥਾਨ ਦਾ ਨਵ-ਨਿਰਮਾਣ ਕਰਵਾ ਕੇ ਸਿੱਖ ਸੰਗਤ ਲਈ ਖੋਲ੍ਹਿਆ ਗਿਆ ਤੇ ਇੱਥੇ ਸਾਲ 2016 ਤੋਂ ਵਿਧੀਪੂਰਵਕ ਪ੍ਰਕਾਸ਼ ਕੀਤਾ ਜਾ ਰਿਹਾ ਹੈ। ਜਸਕਰਨ ਸਿੰਘ ਨੇ ਦੱਸਿਆ ਕਿ ਇਤਿਹਾਸਕ ਬੇਰੀ ਦਾ ਫਲ ਉਤਾਰ ਕੇ ਸੁਕਾ ਲਿਆ ਜਾਂਦਾ ਹੈ ਤੇ ਗੁਰਪੁਰਬ ਜਾਂ ਹੋਰਨਾਂ ਮੌਕਿਆਂ 'ਤੇ ਗੁਰਦੁਆਰਾ ਸਾਹਿਬ ਵਿਖੇ ਆਉਣ ਵਾਲੀ ਸੰਗਤ 'ਚ ਵਰਤਾਇਆ ਜਾਂਦਾ ਹੈ।

## ਪ੍ਰੇਮ ਸਿੰਘ ਐਡਵੋਕੇਟ ਦੀ ਬੇਟੀ ਤੇ ਐਡ. ਅਰੋੜਾ ਦੀ ਪਤਨੀ ਦਾ ਦੇਹਾਂਤ

ਅੰਮ੍ਰਿਤਸਰ, 27 ਮਾਰਚ (ਚ.ਨ.ਸ): ਸਾਧੂ ਸਿੰਘ ਹਮਦਰਦ ਟਰੱਸਟ ਦੇ ਚੇਅਰਮੈਨ ਪ੍ਰੇਮ ਸਿੰਘ ਐਡਵੋਕੇਟ ਦੀ ਬੇਟੀ, ਟਰੱਸਟੀ ਐਡਵੋਕੇਟ ਗੁਰਚਰਨ ਸਿੰਘ ਸਿਆਲ ਦੀ ਭੈਣ ਤੇ ਗੁਰੂ ਨਗਰੀ ਸਮਾਜ ਸ਼ਖ਼ਸੀਅਤ ਐਡ. ਤਜਿੰਦਰ ਸਿੰਘ ਅਰੋੜਾ (ਲਾਲੀ ਅਰੋੜਾ) ਦੀ ਧਰਮ ਪਤਨੀ ਜਤਿੰਦਰ ਕੌਰ ਦਾ ਦੇਹਾਂਤ ਹੋ ਗਿਆ। ਉਹ ਕਰੀਬ 72 ਵਰ੍ਹਿਆਂ ਦੇ ਸਨ ਤੇ ਕੁਝ ਸਮੇਂ ਤੋਂ ਦਿਲ ਦੀ ਬਿਮਾਰੀ ਕਾਰਨ ਜ਼ੇਰੇ-ਇਲਾਜ ਸਨ। ਉਨ੍ਹਾਂ ਦਾ ਅੰਤਿਮ ਸਸਕਾਰ ਗੁ. ਸ਼ਹੀਦਗੰਜ ਸਾਹਿਬ ਦੇ ਨੇੜਲੇ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ। ਇਸ ਮੌਕੇ ਪਰਿਵਾਰਕ ਮੈਂਬਰਾਂ ਤੇ ਰਿਸ਼ਤੇਦਾਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਧਾਰਮਿਕ, ਸਿਆਸੀ ਤੇ ਸਮਾਜ ਸੇਵੀ ਜਥੇਬੰਦੀਆਂ ਦੇ ਆਗੂ ਤੇ ਸਨੇਹੀ ਹਾਜ਼ਰ ਸਨ। ਇਸੇ ਦੌਰਾਨ ਅਦਾਰਾ ਅਜੀਤ ਪ੍ਰਕਾਸ਼ਨ ਸਮੂਹ ਦੇ ਮੁੱਖ ਸੰਪਾਦਕ ਡਾ. ਬਰਜਿੰਦਰ ਸਿੰਘ ਹਮਦਰਦ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ੍ਰੀਮਤੀ ਜਤਿੰਦਰ ਕੌਰ ਦੇ ਸਦੀਵੀਂ ਵਿਛੋੜਾ ਦੇ ਜਾਣ 'ਤੇ ਪ੍ਰੇਮ ਸਿੰਘ ਐਡਵੋਕੇਟ, ਐਡਵੋਕੇਟ ਸਿਆਲ ਤੇ ਐਡਵੋਕੇਟ ਅਰੋੜਾ ਨਾਲ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ ਹੈ। ਐਡਵੋਕੇਟ ਤਜਿੰਦਰ ਸਿੰਘ ਅਰੋੜਾ ਨੇ ਦੱਸਿਆ ਕਿ ਸਵ. ਜਤਿੰਦਰ ਕੌਰ ਨਮਿਤ ਅੰਤਿਮ ਅਰਦਾਸ ਸਮਾਗਮ 31 ਮਾਰਚ, ਮੰਗਲਵਾਰ ਨੂੰ ਦੁਪਹਿਰ 1 ਤੋਂ 2 ਵਜੇ ਤੱਕ ਗੁਰਦੁਆਰਾ ਸਾਹਿਬ ਪਾਤ. ਛੇਵੀਂ ਰਣਜੀਤ ਐਵੀਨਿਊ ਏ-ਬੀ ਬਲਾਕ ਅੰਮ੍ਰਿਤਸਰ ਵਿਖੇ ਹੋਵੇਗਾ।

## ਸੋਸ਼ਲ ਮੀਡੀਆ ਮਾਨਸਿਕ ਸਿਹਤ ਲਈ ਖ਼ਤਰਨਾਕ ਕਰਾਰ

### ☛ਦੋ ਰਾਜਾਂ ਦੀਆਂ ਜਿਊਰੀਆਂ ਨੇ ਬਾਲ ਰੋਗ ਮਾਹਿਰਾਂ ਤੇ ਸਿੱਖਿਆ ਸ਼ਾਸਤਰੀਆਂ ਦਾ ਪੱਖ ਲਿਆ

ਨਿਊਯਾਰਕ, 27 ਮਾਰਚ (ਚ.ਨ.ਸ): ਸਾਲਾਂ ਤੋਂ ਮਾਪਿਆਂ, ਅੱਲੜ੍ਹਾਂ, ਬਾਲ ਰੋਗ ਮਾਹਿਰਾਂ, ਸਿੱਖਿਆ ਸ਼ਾਸਤਰੀਆਂ ਤੇ ਵ੍ਹਿਸਲਬਲੋਅਰਜ਼ ਨੇ ਇਸ ਵਿਚਾਰ 'ਤੇ ਜ਼ੋਰ ਦਿੱਤਾ ਹੈ ਕਿ ਸੋਸ਼ਲ ਮੀਡੀਆ ਨੌਜਵਾਨਾਂ ਦੀ ਮਾਨਸਿਕ ਸਿਹਤ ਲਈ ਨੁਕਸਾਨਦਾਇਕ ਹੈ ਤੇ ਇਹ ਨਸ਼ੇ ਦੇ ਝੱਸ, ਖਾਣ-ਪੀਣ ਦੇ ਵਿਗਾੜ, ਜਿਨਸੀ ਸ਼ੋਸ਼ਣ ਤੇ ਖੁਦਕੁਸ਼ੀ ਦਾ ਕਾਰਨ ਬਣ ਸਕਦਾ ਹੈ। ਪਹਿਲੀ ਵਾਰ ਦੋ ਅਮਰੀਕੀ ਸੂਬਿਆਂ ਦੀਆਂ ਜਿਊਰੀਆਂ ਨੇ ਉਨ੍ਹਾਂ ਦਾ ਪੱਖ ਲਿਆ ਹੈ। ਲਾਸ ਏਂਜਲਸ ਵਿਚਲੀ ਜਿਊਰੀ ਨੇ ਮੈਟਾ ਤੇ ਯੂਟਿਊਬ ਦੋਵਾਂ ਨੂੰ ਆਪਣੀਆਂ ਸੇਵਾਵਾਂ ਦੀ ਵਰਤੋਂ ਕਰਨ ਵਾਲੇ ਬੱਚਿਆਂ ਨੂੰ ਹੋਣ ਵਾਲੇ ਨੁਕਸਾਨ ਲਈ ਜ਼ਿੰਮੇਵਾਰ ਠਹਿਰਾਇਆ ਹੈ। ਇਸੇ ਤਰ੍ਹਾਂ ਨਿਊ ਮੈਕਸਿਕੋ ਵਿਚਲੀ ਜਿਊਰੀ ਨੇ ਤੈਅ ਕੀਤਾ ਕਿ ਮੈਟਾ ਨੇ ਜਾਣਬੁੱਝ ਕੇ ਬੱਚਿਆਂ ਦੀ ਮਾਨਸਿਕ ਸਿਹਤ ਨੂੰ ਨੁਕਸਾਨ ਪਹੁੰਚਾਇਆ ਤੇ ਆਪਣੇ ਮੰਚਾਂ 'ਤੇ ਬਾਲ ਜਿਨਸੀ ਸ਼ੋਸ਼ਣ ਬਾਰੇ ਜਾਣਕਾਰੀ ਲੁਕਾਈ। ਟੈਕਨਾਲੋਜੀ 'ਤੇ ਨਜ਼ਰ ਰੱਖਣ ਵਾਲੇ ਸਮੂਹਾਂ, ਪਰਿਵਾਰਾਂ ਤੇ ਬੱਚਿਆਂ ਦੇ ਵਕੀਲਾਂ ਨੇ ਇਨ੍ਹਾਂ ਫ਼ੈਸਲਿਆਂ ਦਾ ਸਵਾਗਤ ਕੀਤਾ ਹੈ। 'ਦਿ ਟੈਕ ਓਵਰਸਾਈਟ ਪ੍ਰੋਜੈਕਟ' ਦੀ ਕਾਰਜਕਾਰੀ ਡਾਇਰੈਕਟਰ ਸਾਸ਼ਾ ਹਾਵਰਥ ਨੇ ਕਿਹਾ ਕਿ ਗੂਗਲ ਤੇ ਮੈਟਾ ਵਰਗੀਆਂ ਕੰਪਨੀਆਂ ਦੇ ਸਾਲਾਂ ਤੱਕ ਗੁੰਮਰਾਹ ਕੀਤੇ ਜਾਣ ਮਗਰੋਂ ਨਵੇਂ ਸਬੂਤਾਂ ਤੇ ਗਵਾਹੀਆਂ ਨੇ ਪਰਦਾ ਹਟਾ ਦਿੱਤਾ ਹੈ ਤੇ ਉਨ੍ਹਾਂ ਨੁਕਸਾਨਾਂ ਦੀ ਪੁਸ਼ਟੀ ਕੀਤੀ ਹੈ, ਜਿਨ੍ਹਾਂ ਬਾਰੇ ਨੌਜਵਾਨ ਤੇ ਮਾਪੇ ਸਾਲਾਂ ਤੋਂ ਦੁਨੀਆਂ ਨੂੰ ਦਸ ਰਹੇ ਸਨ।




## ਨਗਰ ਨਿਗਮ ਵੱਲੋਂ ਵਿੱਤੀ ਸਾਲ 2026-27 ਲਈ 8961 ਲੱਖ ਰੁਪਏ ਦਾ ਸਾਲਾਨਾ ਬਜਟ ਪਾਸ

ਹੁਸ਼ਿਆਰਪੁਰ, 27 ਮਾਰਚ (ਪਰਮਿੰਦਰ ਘੁੰਮਣ): ਮੇਅਰ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਹੁਸ਼ਿਆਰਪੁਰ ਨਗਰ ਨਿਗਮ ਨੇ ਵਿੱਤੀ ਸਾਲ 2026-27 ਲਈ 8961 ਲੱਖ ਰੁਪਏ ਦਾ ਸਾਲਾਨਾ ਬਜਟ ਪਾਸ ਕੀਤਾ ਹੈ। ਇਸ ਸਬੰਧ ਵਿੱਚ ਇੱਕ ਵਿਸ਼ੇਸ਼ ਹਾਊਸ ਮੀਟਿੰਗ ਹੋਈ, ਜਿਸ ਵਿੱਚ ਨਗਰ ਨਿਗਮ ਕਮਿਸ਼ਨਰ ਜੋਤੀ ਬਾਲਾ ਮੱਟੂ ਨੇ ਸ਼ਿਰਕਤ ਕੀਤੀ। ਸੀਨੀਅਰ ਡਿਪਟੀ ਮੇਅਰ ਪਰਵੀਨ ਲਤਾ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ ਤੇ ਵੱਖ-ਵੱਖ ਕੌਂਸਲਰ ਤੇ ਨਿਗਮ ਅਧਿਕਾਰੀ ਵੀ ਮੌਜੂਦ ਸਨ। ਮੇਅਰ ਨੇ ਦੱਸਿਆ ਕਿ ਮੀਟਿੰਗ ਦੌਰਾਨ ਸਾਲ 2026-27 ਲਈ ਸੰਭਾਵੀ ਆਮਦਨ ਤੇ ਖਰਚ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਇਸ ਸਾਲ ਨਗਰ ਨਿਗਮ ਨੂੰ ਕੁੱਲ 8961 ਲੱਖ ਰੁਪਏ ਦੀ ਆਮਦਨ ਹੋਣ ਦਾ ਅਨੁਮਾਨ ਹੈ, ਜਿਸ ਦੇ ਅੰਦਰ ਵੱਖ-ਵੱਖ ਵਿਕਾਸ ਕਾਰਜਾਂ ਲਈ ਬਜਟ ਅਲਾਟ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਹਿਰ ਵਿੱਚ ਸਟਰੀਟ ਲਾਈਟਾਂ ਲਗਾਉਣ ਤੇ ਟਿਊਬਵੈਲਾਂ ਦੀ ਦੇਖਭਾਲ ਲਈ 6 ਕਰੋੜ ਰੁਪਏ, ਨਵੀਆਂ ਸੜਕਾਂ ਬਣਾਉਣ ਲਈ 3 ਕਰੋੜ ਰੁਪਏ, ਇੰਟਰਲਾਕਿੰਗ ਟਾਇਲ ਸੜਕਾਂ ਵਿਛਾਉਣ ਲਈ 3 ਕਰੋੜ ਰੁਪਏ, ਰੈਣ ਬਸੇਰੇ ਬਣਾਉਣ ਲਈ 2 ਕਰੋੜ ਰੁਪਏ ਤੇ ਸੀਵਰੇਜ ਲਾਈਨਾਂ ਦੇ ਵਿਸਥਾਰ ਲਈ 1 ਕਰੋੜ ਰੁਪਏ ਖਰਚ ਕੀਤੇ ਜਾਣਗੇ। ਇਸ ਤੋਂ ਇਲਾਵਾ ਪਾਰਕਾਂ ਦੀ ਦੇਖਭਾਲ ਲਈ 15 ਲੱਖ ਰੁਪਏ, ਗਊਆਂ ਦੇ ਆਸ਼ਰਮ ਤੇ ਅਵਾਰਾ ਪਸ਼ੂਆਂ ਦੀ ਦੇਖਭਾਲ ਲਈ 60 ਲੱਖ ਰੁਪਏ, ਜਨਤਕ ਪਖਾਨਿਆਂ ਲਈ 35 ਲੱਖ ਰੁਪਏ ਤੇ ਸਫਾਈ ਪ੍ਰਨਾਲੀ ਨੂੰ ਮਜ਼ਬੂਤ ਕਰਨ ਲਈ ਮਸ਼ੀਨਰੀ ਖਰੀਦਣ ਲਈ 1 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਹਨ। ਮੇਅਰ ਸੁਰਿੰਦਰ ਕੁਮਾਰ ਨੇ ਅੱਗੇ ਕਿਹਾ ਕਿ ਹੁਸ਼ਿਆਰਪੁਰ ਨਗਰ ਨਿਗਮ ਸ਼ਹਿਰ ਦੇ ਵਸਨੀਕਾਂ ਨੂੰ 100% ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਜਿਸ ਵਿੱਚ ਸੜਕਾਂ, ਸਾਫ਼ ਪੀਣ ਵਾਲਾ ਪਾਣੀ, ਸਟਰੀਟ ਲਾਈਟਾਂ, ਸੀਵਰੇਜ ਤੇ ਪਾਰਕ ਸ਼ਾਮਲ ਹਨ। ਇਸ ਮੌਕੇ ਸੰਯੁਕਤ ਕਮਿਸ਼ਨਰ ਸਤੀਸ਼ ਕੁਮਾਰ ਸੈਣੀ, ਸਹਾਇਕ ਕਮਿਸ਼ਨਰ ਲਖਵੀਰ ਸਿੰਘ, ਨਿਗਮ ਇੰਜੀਨੀਅਰ ਕੁਲਦੀਪ ਸਿੰਘ ਤੇ ਹਰਪ੍ਰੀਤ ਸਿੰਘ, ਡਿਪਟੀ ਕੰਟਰੋਲਰ ਵਿੱਤ ਤੇ ਲੇਖਾ ਪੰਕਜ ਕਪੂਰ, ਲੇਖਾਕਾਰ ਰਾਜਿੰਦਰ ਕੁਮਾਰ ਵੀ ਮੌਜੂਦ ਸਨ।



## ਸ਼ਨੀਵਾਰ ਤੇ ਐਤਵਾਰ ਨੂੰ ਸਮੂਹ ਬੀ.ਐਲ.ਓਜ਼ ਆਪਣੇ ਪੋਲਿੰਗ ਬੂਥ ਦਾ ਦੌਰਾ ਕਰਨਗੇ, ਡੋਰ-ਟੂ-ਡੋਰ ਵੋਟ ਮੈਪਿੰਗ ਕੀਤੀ ਜਾਵੇਗੀ

ਫ਼ਿਰੋਜ਼ਪੁਰ, 27 ਮਾਰਚ (ਤਿਵਾੜੀ): ਭਾਰਤ ਚੋਣ ਕਮਿਸ਼ਨ ਤੇ ਮੁੱਖ ਚੋਣ ਅਫਸਰ, ਪੰਜਾਬ ਵੱਲੋਂ ਚਲਾਈ ਗਈ ਸਪੈਸ਼ਲ ਇਨਸੈਂਟਿਵ ਰਵੀਜ਼ਨ ਮੁਹਿੰਮ ਦੀਆਂ ਪ੍ਰੀ ਐਕਟੀਵਿਟੀ ਦੇ ਤਹਿਤ 07 ਜਨਵਰੀ 2026 ਨੂੰ ਪ੍ਰਕਾਸ਼ਿਤ ਕੀਤੀ ਵੋਟਰ ਸੂਚੀ ਦੇ ਵੋਟਰਾਂ ਦਾ ਸਾਲ 2003 ਦੀ ਵੋਟਰ ਸੂਚੀ ਨਾਲ ਮਿਲਾਨ ਦਾ ਕੰਮ ਚੱਲ ਰਿਹਾ ਹੈ। ਇਸ ਸਬੰਧੀ ਜ਼ਿਲ੍ਹਾ ਫ਼ਿਰੋਜ਼ਪੁਰ ਦੇ 04 ਵਿਧਾਨ ਸਭਾ ਹਲਕਿਆਂ ਦੇ ਚੋਣਕਾਰ ਰਜਿਸਟ੍ਰੇਸ਼ਨ ਅਫਸਰਾਂ ਵੱਲੋਂ ਬੀ.ਐਲ.ਓਜ਼ ਰਾਹੀਂ ਮੋਬਾਈਲ ਐਪ ਦੁਆਰਾ ਵੋਟਰਾਂ ਦੀ ਮੈਪਿੰਗ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਤਹਿਸੀਲਦਾਰ ਚੋਣਾਂ ਰਾਜਨ ਢੱਲ ਨੇ ਦਿੱਤੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਫਿਰੋਜ਼ਪੁਰ ਦੇ ਸਮੂਹ ਚੋਣ ਹਲਕਿਆਂ ਵਿੱਚ ਬੀ.ਐਲ.ਓਜ਼ ਵੱਲੋਂ ਮਿਤੀ 28.03.2026 (ਦਿਨ ਸ਼ਨੀਵਾਰ), ਮਿਤੀ 29.03.2026 (ਦਿਨ ਐਤਵਾਰ), ਨੂੰ ਸਵੇਰੇ 10.00 ਵਜੇ ਤੋਂ 2.00 ਵਜੇ ਤੱਕ ਸਪੈਸ਼ਲ ਕੈਂਪ ਦੇ ਤਹਿਤ ਆਪਣੇ-ਆਪਣੇ ਪੋਲਿੰਗ ਬੂਥ ਦਾ ਦੌਰਾ ਕੀਤਾ ਜਾਵੇਗਾ ਤੇ ਉਨ੍ਹਾਂ ਵੱਲੋਂ ਮੈਪਿੰਗ ਦਾ ਕੰਮ ਡੋਰ-ਟੂ-ਡੋਰ ਕੀਤਾ ਜਾਵੇਗਾ। ਇਸ ਸਬੰਧ ਵਿੱਚ ਆਮ ਜਨਤਾ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਬੀ.ਐਲ.ਓਜ਼ ਨੂੰ ਵੱਧ ਵੱਧ ਤੋਂ ਸਹਿਯੋਗ ਦਿੱਤਾ ਜਾਵੇ ਤਾਂ ਜੋ 100 ਫੀਸਦੀ ਮੈਪਿੰਗ ਦਾ ਟਿੱਚਾ ਪੂਰਾ ਹੋ ਸਕੇ।

## ਭਗਵਾਨ ਸ੍ਰੀ ਰਾਮ ਦੇ ਦਰਸਾਏ ਸੱਚ ਦੇ ਮਾਰਗ 'ਤੇ ਚੱਲਣ ਦੀ ਲੋੜ: ਗੈਰੀ ਬੜਿੰਗ

### ☛ਸ੍ਰੀ ਰਾਮ ਮੰਦਰ 'ਚ ਸ੍ਰੀ ਰਾਮ ਨੌਮੀ ਦਾ ਤਿਉਹਾਰ ਮਨਾਇਆ

ਅਮਲੋਹ, 27 ਮਾਰਚ (ਜਸਵੰਤ ਸਿੰਘ): ਅਮਲੋਹ ਹਲਕੇ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਸ੍ਰੀ ਰਾਮ ਨੌਮੀ ਦੇ ਮੌਕੇ 'ਤੇ ਵਧਾਈ ਦਿੰਦੇ ਹੋਏ ਕਿਹਾ ਕਿ ਸਾਨੂੰ ਭਗਵਾਨ ਸ੍ਰੀ ਰਾਮ ਦੇ ਦਰਸਾਏ ਮਾਰਗ ਉਪਰ ਚੱਲਦੇ ਹੋਏ ਸੱਚ 'ਤੇ ਪਹਿਰਾ ਦੇਣਾ ਚਾਹੀਦਾ ਹੈ ਤੇ ਆਪਣੇ ਮਾਪਿਆਂ ਦੀ ਸੇਵਾ ਕਰਨੀ ਚਾਹੀਦੀ ਹੈ। ਉਹ ਸ੍ਰੀ ਰਾਮ ਮੰਦਰ ਅਮਲੋਹ ਵਿੱਚ ਰਾਮ ਨੌਮੀ ਦੇ ਤਿਉਹਾਰ ਮੌਕੇ ਪ੍ਰਭਾਵਸ਼ਾਲੀ ਇਕਤਰਤਾ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਪ੍ਰਬੰਧਕਾਂ ਵੱਲੋਂ ਹਰ ਸਾਲ ਕੀਤੇ ਜਾਂਦੇ ਇਸ ਉਤਸਵ ਦੀ ਸ਼ਲਾਘਾ ਕੀਤੀ। ਇਸ ਮੌਕੇ ਪ੍ਰਬੰਧਕਾਂ ਵੱਲੋਂ ਗੈਰੀ ਬੜਿੰਗ ਤੇ ਬਲਾਕ ਸੰਮਤੀ ਦੇ ਚੇਅਰਮੈਨ ਰਣਜੀਤ ਸਿੰਘ ਪਨਾਗ ਦਾ ਸਨਮਾਨ ਵੀ ਕੀਤਾ। ਸਮਾਗਮ ਵਿੱਚ ਸ੍ਰੀ ਰਾਮ ਮੰਦਰ ਕਮੇਟੀ ਦੇ ਪ੍ਰਧਾਨ ਸੋਹਨ ਲਾਲ ਅਬਰੋਲ, ਖਜ਼ਾਨਚੀ ਸ਼ਿਵ ਕੁਮਾਰ ਗੋਇਲ, ਮਾਸਟਰ ਸੁਭਾਸ਼ ਜਿੰਦਲ, ਮਦਨ ਮੋਹਨ ਅਬਰੋਲ, ਭਾਜਪਾ ਦੇ ਸੂਬਾਈ ਆਗੂ ਪ੍ਰਦੀਪ ਗਰਗ, ਰਾਜਪਾਲ ਗਰਗ, ਗਊ ਸੇਵਾ ਸੰਮਤੀ ਦੇ ਪ੍ਰਧਾਨ ਭੂਸ਼ਨ ਸੂਦ, ਬਾਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਅਸ਼ੋਕ ਬਾਂਸਲ, ਗੋਪਾਲ ਕ੍ਰਿਸ਼ਨ ਗਰਗ, ਸ਼ੈਲਰ ਐਸੋਸੀਏਸ਼ਨ ਦੇ ਪ੍ਰਧਾਨ ਰਕੇਸ਼ ਗਰਗ, ਸ਼ੀਤਲਾ ਮਾਤਾ ਮੰਦਰ ਕਮੇਟੀ ਦੇ ਵਿਨੋ ਪੁਰੀ, ਰਾਮ ਸਰੂਪ ਥੌਰ, ਸ਼ਾਮ ਲਾਲ ਗਰਗ, ਐਡ. ਮਯੰਕ ਸ਼ਰਮਾ, ਸਾਬਕਾ ਕੌਂਸਲਰ ਰਕੇਸ਼ ਬੱਬਲੀ, ਅਖਿਲ ਅਬਰੋਲ, ਵਿਨੋਦ ਅਬਰੋਲ, ਅਸ਼ੋਕ ਕੁਮਾਰ ਗੁਪਤਾ ਮੁਕਤਸਰ ਵਾਲੇ, ਸ਼ਮਸ਼ੇਰ ਚੰਦ ਗੋਇਲ, ਮਨੀਸ਼ ਗੋਇਲ, ਬ੍ਰਿਜ ਭੂਸ਼ਨ ਗੋਇਲ, ਰਜੀਵ ਜੋਸ਼ੀ, ਮਹੇਸ਼ ਗਰਗ, ਪ੍ਰਦੁਮਣ ਗੋਇਲ, ਪੁਜਾਰੀ ਰਕੇਸ਼ ਕੁਮਾਰ ਸ਼ਰਮਾ, ਮੁਕੇਸ਼ ਬਾਂਸਲ, ਸੰਗੀਤਾ ਬਾਂਸਲ, ਆਸ਼ੂ ਗੋਇਲ, ਸਮਾਂ ਗੋਇਲ, ਦਰਸ਼ਨਾ ਗੋਇਲ ਤੇ ਭੂਸ਼ਨ ਗਰਗ ਆਦਿ ਨੇ ਸ਼ਿਰਕਤ ਕੀਤੀ ਤੇ ਇਸ ਦਿਹਾੜੇ ਦੀ ਵਧਾਈ ਦਿੱਤੀ। ਇਸ ਮੌਕੇ ਸ੍ਰੀ ਰਾਮਾਇਣ ਜੀ ਦੇ ਪਾਠ ਦੇ ਭੋਗ ਉਪਰੰਤ ਫ਼ਲ ਤੇ ਲੱਡੂਆਂ ਦੇ ਪ੍ਰਸ਼ਾਦ ਉਪਰੰਤ ਅਟੁੱਟ ਭੰਡਾਰਾ ਕੀਤਾ ਗਿਆ। ਇਸ ਤੋਂ ਪਹਿਲਾ ਹੱਵਨ ਯੱਗ ਕੀਤਾ ਗਿਆ।



## ਸ੍ਰੀਮਦ ਭਾਗਵਤ ਕਥਾ ਦੇ ਪੰਜਵੇਂ ਦਿਨ ਸ਼ਰਧਾਲੂਆਂ ਨੇ ਗੋਵਰਧਨ ਪੂਜਾ ਕੀਤੀ

ਜ਼ੀਰਾ, 27 ਮਾਰਚ (ਦੀਪਕ ਭਾਰਗੋ): ਸ੍ਰੀ ਸਨਾਤਨ ਧਰਮ ਮਹਾਂਵੀਰ ਦਲ ਸ੍ਰੀ ਬਜਰੰਗ ਭਵਨ ਮੰਦਰ ਜ਼ੀਰਾ ਵਿਖੇ ਚਲਦੀ ਸ੍ਰੀਮਦ ਭਾਗਵਤ ਪੁਰਾਣ ਸਪਤਾਹਿਕ ਗਿਆਨ ਯੱਗ ਦੇ ਪੰਜਵੇਂ ਦਿਨ ਗੋਵਰਧਨ ਪੂਜਾ ਕੀਤੀ ਗਈ। ਪੰਜਵੇਂ ਦਿਨ ਦੀ ਪੂਜਾ ਮੌਕੇ ਪੰਡਤ ਗੌਰਵ ਦੀਕਸ਼ਿਤ ਵੱਲੋਂ ਭਗਵਾਨ ਕ੍ਰਿਸ਼ਨ ਦੇ ਬਾਲ ਅਵਸਥਾ ਵਿੱਚ ਕੀਤੀਆਂ ਗਈਆਂ ਲੀਲ੍ਹਾਵਾਂ ਦੇ ਪ੍ਰਸੰਗ ਸੁਣਾਏ ਤੇ ਸੰਗਤਾਂ ਨੂੰ ਨਿਹਾਲ ਕੀਤਾ। ਉਨ੍ਹਾਂ ਦੱਸਿਆ ਕਿ ਭਗਵਾਨ ਸ੍ਰੀ ਕ੍ਰਿਸ਼ਨ ਬਾਲ ਅਵਸਥਾ ਵਿੱਚ ਕਿੰਨੇ ਸ਼ਰਾਰਤੀ ਸਨ ਤੇ ਇਸ ਸ਼ਰਾਰਤਾਂ ਦੇ ਚੱਲਦੇ ਕਈ ਰਾਕਸ਼ਾਂ ਦਾ ਵੱਧ ਵੀ ਕੀਤਾ। ਇਸ ਮੌਕੇ ਗੋਵਰਧਨ ਪੂਜਾ ਦਾ ਪ੍ਰਸੰਗ ਸੁਣਾਉਂਦਿਆਂ ਪੰਡਤ ਗੌਰਵ ਦਿਕਸ਼ਿਤ ਨੇ ਕਿਹਾ ਕਿ ਭਗਵਾਨ ਕ੍ਰਿਸ਼ਨ ਜੀ ਨੇ ਇੰਦਰ ਦੇਵਤਾ ਜੀ ਦੀ ਪੂਜਾ ਦੀ ਥਾਂ ਗੋਵਰਧਨ ਦੀ ਪੂਜਾ ਸ਼ੁਰੂ ਕਰਵਾਈ ਤੇ ਗੋਕਲ ਵਾਸੀਆਂ ਨੂੰ ਆਪਣਾ ਆਸ਼ੀਰਵਾਦ ਦਿੱਤਾ। ਉਨ੍ਹਾਂ ਕਿਹਾ ਕਿ ਸ੍ਰੀਮਦ ਭਾਗਵਤ ਮਹਾਂ ਪੁਰਾਣ ਗਿਆਨ ਦਾ ਸਮੁੰਦਰ ਤੇ ਜੀਵਨ ਜਿਊਣ ਦੀ ਸੇਧ ਦਿੰਦਾ ਹੈ। ਇਸ ਮੌਕੇ ਐਡ. ਵਿਜੈ ਕੁਮਾਰ ਬਾਂਸਲ, ਰਾਮ ਸ਼ਰਨਮ, ਸਮਾਜ ਸੇਵੀ ਅਸ਼ੋਕ ਖੰਨਾ, ਜਨਕ ਰਾਜ ਝਾਬ, ਭਾਜਪਾ ਆਗੂ ਮਨਜੀਤ ਰਾਏ ਤੋਂ ਇਲਾਵਾ ਇਸਤਰੀ ਸੰਕੀਰਤਨ ਭਜਨ ਮੰਡਲੀ ਨੂੰ ਪ੍ਰਬੰਧ ਕਮੇਟੀ ਸ੍ਰੀ ਬਜਰੰਗ ਭਵਨ ਮੰਦਰ ਜ਼ੀਰਾ ਦੇ ਪ੍ਰਧਾਨ ਡਾ. ਸੁਭਾਸ਼ ਉਪਲ, ਧਰਮਪਾਲ ਚੁੱਘ, ਲੱਕੀ ਪਾਸੀ, ਪ੍ਰਵੀਨ ਉਪਲ, ਵਿਪਨ ਸੇਠੀ, ਮੋਹਨ ਅਨੇਜਾ, ਵਿਜੇ ਸ਼ਰਮਾ, ਦੀਪਕ ਭਾਰਗੋ, ਸਨੀ ਗਰੋਵਰ, ਵਿਕਾਸ ਗਰੋਵਰ, ਤਰਲੋਕ ਸਿੰਘ ਮਿਰਜ਼ਾ, ਗੁਰਦੇਵ ਸਿੰਘ ਸਿੱਧੂ, ਕੁਲਭੂਸ਼ਨ ਸ਼ਰਮਾ, ਗੌਰਵ ਭਾਰਗੋ, ਬਲਜੀਤ ਬੱਲੀ, ਰਾਜ ਕੁਮਾਰ ਚੁੱਘ, ਸੋਨੂੰ, ਪ੍ਰਵੀਨ ਉਪਲ, ਦੀਪਾ ਵੇਟਰ ਆਦਿ ਨੇ ਸਿਰੋਪਾਓ ਤੇ ਧਰਮ ਪ੍ਰਚਾਰ ਨੂੰ ਸਮਰਪਿਤ ਸ੍ਰੀ ਰਾਮ ਚਰਿੱਤਰ ਮਾਨਸ ਜੀ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਸਟੇਜ ਸੈਕਟਰੀ ਦੀ ਭੂਮਿਕਾ ਕੁਲਭੂਸ਼ਨ ਸ਼ਰਮਾ ਨੇ ਬਾਖੂਬੀ ਨਿਭਾਈ। ਉਥੇ ਆਈਆਂ ਸੰਗਤਾਂ ਲਈ ਖੀਰ ਦਾ ਲੰਗਰ ਭੰਡਾਰਾ ਲਗਾਇਆ ਗਿਆ।



## ਮਹਾਰਾਸ਼ਟਰ ਦੀ ਤਰਜ਼ 'ਤੇ ਪੰਜਾਬ ਲਈ ਵੀ 5 ਸਾਲਾਂ ਤੋਂ ਬੰਦ ਪਿਆ ਵਪਾਰ ਕੇਂਦਰ ਸਰਕਾਰ ਖੋਲ੍ਹੇ: ਚੇਅਰਮੈਨ ਢਿੱਲੋਂ



ਮੰਡੀ ਗੋਬਿੰਦਗੜ੍ਹ, 27 ਮਾਰਚ (ਰੂਪਲ ਸੂਦ): ਮੁੰਬਈ ਤੋਂ ਕਰਾਚੀ ਵਪਾਰ ਚੱਲ ਰਿਹਾ ਹੈ ਪਰ ਅੰਮ੍ਰਿਤਸਰ ਤੋਂ ਲਾਹੌਰ 5 ਸਾਲਾਂ ਤੋਂ ਇਹ ਬੰਦ ਪਿਆ ਹੈ। ਇਹ ਗੱਲ ਆਮ ਆਦਮੀ ਪਾਰਟੀ ਦੇ ਮੁੱਖ ਬੁਲਾਰੇ ਤੇ ਮਾਰਕੀਟ ਕਮੇਟੀ ਸਰਹਿੰਦ-ਫਤਹਿਗੜ੍ਹ ਸਾਹਿਬ ਦੇ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ ਨੇ ਇੱਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਹੀ। ਉਨ੍ਹਾਂ ਕਿਹਾ ਕਿ ਭਾਜਪਾ ਦੀ ਕੇਂਦਰ ਸਰਕਾਰ ਪੰਜਾਬ ਨਾਲ ਨਫ਼ਰਤ ਭਰਿਆ ਵਤੀਰਾ ਰੱਖਦੇ ਹੋਏ ਪੰਜਾਬ ਦੇ ਲੋਕਾਂ ਨੂੰ ਕਿਸਾਨ ਅੰਦੋਲਨ ਦਾ ਸਾਥ ਦੇਣ ਲਈ ਸਜ਼ਾ ਦੇਣ ਦਾ ਕੰਮ ਕਰ ਰਹੀ ਹੈ। ਕੌਮਾਂਤਰੀ ਸਰਹੱਦਾਂ ਕੇਂਦਰ ਸਰਕਾਰ ਨੇ ਖੋਲ੍ਹਣੀਆਂ ਜਾਂ ਬੰਦ ਕਰਨੀਆਂ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਜਾਣ ਬੁੱਝ ਕੇ ਪੰਜਾਬੀਆਂ ਨੂੰ ਪਾਕਿਸਤਾਨ ਨਾਲ ਵਪਾਰ ਨਹੀਂ ਕਰਨ ਦੇ ਰਹੀ ਤਾਂ ਜੋ ਪੰਜਾਬੀਆਂ ਦੀ ਆਰਥਿਕਤਾ ਮਜ਼ਬੂਤ ਨਾ ਹੋ ਸਕੇ। ਉਨ੍ਹਾਂ ਕਿਹਾ ਕਿ ਜੇਕਰ ਪਾਕਿਸਤਾਨ ਨਾਲ ਲਾਂਘਾ ਖੋਲ੍ਹ ਦਿੱਤਾ ਜਾਵੇਗਾ ਤਾਂ ਕਿਸਾਨ-ਮਜ਼ਦੂਰ ਆਰਥਿਕ ਤੌਰ 'ਤੇ ਤਰੱਕੀ ਕਰਨਗੇ ਜੋ ਅਤਿ ਜ਼ਰੂਰੀ ਹੈ। ਉਨ੍ਹਾਂ ਕਿਸਾਨਾਂ ਤੇ ਮਜ਼ਦੂਰਾਂ ਨੂੰ ਕੇਂਦਰ ਦੀ ਪੰਜਾਬ ਵਿਰੋਧੀ ਨਿਤੀ ਕਾਰਨ ਭਾਜਪਾ ਆਗੂਆਂ ਦਾ ਪਿੰਡਾਂ ਵਿੱਚ ਵਿਰੋਧ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਜਦੋਂ ਮਹਾਰਾਸ਼ਟਰ ਨੂੰ ਪਾਕਿਸਤਾਨ ਨਾਲ ਵਪਾਰ ਦਾ ਮੌਕਾ ਦਿੱਤਾ ਹੈ ਤਾਂ ਪੰਜਾਬੀਆਂ ਨੂੰ ਇਸ ਤੋਂ ਵਾਂਝੇ ਕਰਨਾ ਵੱਡੀ ਬੇਇਨਸਾਫ਼ੀ ਹੈ। ਇਸ ਮੌਕੇ ਬਲਾਕ ਪ੍ਰਧਾਨ ਬਲਬੀਰ ਸਿੰਘ ਸੋਢੀ ਤੇ ਬਿਕਰਮ ਜੀਤ ਸਿੰਘ ਵਿੱਕੀ ਨੇ ਵੀ ਵਿਚਾਰ ਪੇਸ਼ ਕੀਤੇ।

## ਵਿਧਾਇਕ ਭੁੱਲਰ ਨੇ ਬਲਾਕ ਸੰਮਤੀ ਦਾ ਚੇਅਰਮੈਨ ਨਿਯੁਕਤ ਹੋਣ 'ਤੇ ਦਿਲਬਾਗ ਨੰਦਾ ਨੂੰ ਦਿੱਤੀ ਵਧਾਈ



ਫਿਰੋਜ਼ਪੁਰ, 27 ਮਾਰਚ (ਤਿਵਾੜੀ): ਬਲਾਕ ਸੰਮਤੀ ਫਿਰੋਜ਼ਪੁਰ ਸ਼ਹਿਰ ਤੋਂ ਦਿਲਬਾਗ ਨੰਦਾ ਨੂੰ ਚੇਅਰਮੈਨ ਬਣਨ 'ਤੇ ਵਾਈਸ ਚੇਅਰਪਰਸਨ ਜਸਬੀਰ ਕੌਰ ਨੂੰ ਬਣਨ 'ਤੇ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ ਵਧਾਈ ਦਿੱਤੀ। ਵਿਧਾਨ ਸਭਾ ਹਲਕਾ ਫਿਰੋਜ਼ਪੁਰ ਸ਼ਹਿਰੀ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਵਧਾਈ ਦਿੰਦਿਆਂ ਆਸ ਪ੍ਰਗਟ ਕੀਤੀ ਕਿ ਦਿਲਬਾਗ ਨੰਦਾ ਨੂੰ ਦਿੱਤੀ ਗਈ ਜ਼ਿੰਮੇਵਾਰੀ ਉਹ ਪੂਰੀ ਇਮਾਨਦਾਰੀ ਤੇ ਲਗਨ ਨਾਲ ਨਿਭਾਉਣਗੇ। ਨਵ-ਨਿਯੁਕਤ ਚੇਅਰਮੈਨ ਦਿਲਬਾਗ ਨੰਦਾ ਨੇ ਪੰਜਾਬ ਸਰਕਾਰ ਤੇ ਵਧਾਇਕ ਭੁੱਲਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਉਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।

## ਭਿਆਨਕ ਹਾਦਸੇ 'ਚ ਇੱਕ ਦੀ ਮੌਤ, ਇੱਕ ਗੰਭੀਰ ਜ਼ਖ਼ਮੀ

ਭੋਗਪੁਰ, 27 ਮਾਰਚ (ਜੰਡੀਰ ਸੈਣੀ): ਭੋਗਪੁਰ ਆਦਮਪੁਰ ਰੋਡ ਘੋੜਾਵਾਹੀ ਪੈਟਰੋਲ ਪੰਪ ਦੇ ਕੋਲ ਬੁਲਟ ਮੋਟਰਸਾਈਕਲ ਦਾ ਭਿਆਨਕ ਹਾਦਸਾ ਵਾਪਰਿਆ। ਮੋਟਰਸਾਈਕਲ 'ਤੇ ਸਵਾਰ ਦੋ ਨੌਜਵਾਨ ਪਿੰਡ ਮਾਣ ਕਰਾਈ ਦੇ ਦੱਸੇ ਜਾ ਰਹੇ ਹਨ। ਸੂਚਨਾ ਅਨੁਸਾਰ ਇੱਕ ਦੀ ਮੌਕੇ 'ਤੇ ਮੌਤ ਹੋ ਗਈ ਤੇ ਦੂਸਰੇ ਨੌਜਵਾਨ ਦੀਆਂ ਲੱਤਾਂ ਟੁੱਟ ਗਈਆਂ, ਜੋ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਇਆ। ਜਿਸ ਨੂੰ ਨਿੱਜੀ ਹਸਪਤਾਲ ਵਿੱਚ ਪਹੁੰਚਾਇਆ ਗਿਆ। ਨਜ਼ਦੀਕ ਪੈਟਰੋਲ ਪੰਪ ਮੁਲਾਜ਼ਮਾਂ ਨੇ ਦੱਸਿਆ ਕਿ ਤਕਰੀਬਨ ਰਾਤ 7 ਕੁ ਵਜੇ ਉਨ੍ਹਾਂ ਨੂੰ ਐਕਸੀਡੈਂਟ ਦੀ ਆਵਾਜ਼ ਸੁਣੀ ਜਾ ਕੇ ਦੇਖਿਆ ਤਾਂ ਮੌਕੇ 'ਤੇ ਐਕਸੀਡੈਂਟ ਵਾਲੀ ਗੱਡੀ ਤੇ ਡਰਾਈਵਰ ਫਰਾਰ ਹੋ ਚੁੱਕੇ ਸੀ। ਡੈਡ ਬਾਡੀ ਪੋਸਟਮਾਰਟਮ ਲਈ ਭੇਜੀ ਗਈ ਤੇ ਪੁਲਿਸ ਦੀ ਅਗਲੇਰੀ ਕਾਰਵਾਈ ਜਾਰੀ ਹੈ।



## ਐਸਬੀਐਸ ਸਟੇਟ ਯੂਨੀਵਰਸਿਟੀ ਦਾ ਸਥਾਪਨਾ ਦਿਵਸ ਮਨਾਇਆ

ਫ਼ਿਰੋਜ਼ਪੁਰ, 27 ਮਾਰਚ (ਤਿਵਾੜੀ): ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫਿਰੋਜ਼ਪੁਰ ਕੈਂਪਸ ਵਿੱਚ ਯੂਨੀਵਰਸਿਟੀ ਦਾ ਛੇਵਾਂ ਸਥਾਪਨਾ ਦਿਵਸ ਮਨਾਇਆ ਗਿਆ। ਇਸ ਸਮਾਗਮ ਵਿੱਚ ਫੈਕਲਟੀ, ਸਟਾਫ, ਵਿਦਿਆਰਥੀਆਂ ਤੇ ਇਲਾਕਾ ਨਿਵਾਸੀਆਂ ਵੱਲੋਂ ਭਾਰੀ ਗਿਣਤੀ 'ਚ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਯੂਨੀਵਰਸਿਟੀ ਵਿੱਚ ਸ੍ਰੀ ਅਖੰਡ ਪਾਠ ਕਰਵਾਏ ਗਏ ਤੇ ਇਸ ਉਪਰੰਤ ਭਾਈ ਜਤਿੰਦਰਪਾਲ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਜਾਮਨੀ ਸਾਹਿਬ ਤੇ ਭਾਈ ਸੰਦੀਪ ਸਿੰਘ ਹਜ਼ੂਰੀ ਰਾਗੀ ਦਰਬਾਰ ਸਾਹਿਬ ਅੰਮ੍ਰਿਤਸਰ ਵੱਲੋਂ ਰਸਭਿੰਨੇ ਕੀਰਤਨ ਤੇ ਗੁਰਬਾਣੀ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਉਪਰੰਤ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ। ਕੈਂਪਸ ਦੇ ਕੁਲਪਤੀ ਡਾ. ਸੁਰੇਸ਼ ਕੁਮਾਰ ਸ਼ਰਮਾ ਨੇ ਸਾਰੇ ਸਟਾਫ਼ ਤੇ ਵਿਦਿਆਰਥੀਆਂ ਨੂੰ ਸਥਾਪਨਾ ਦਿਵਸ ਦੀ ਮੁਬਾਰਕਬਾਦ ਦਿੱਤੀ ਤੇ ਕੈਂਪਸ ਦੀ ਤਰੱਕੀ ਲਈ ਰਾਤ-ਦਿਨ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਕੈਂਪਸ ਰਜਿਸਟਰਾਰ ਡਾ. ਗਜ਼ਲਪ੍ਰੀਤ ਸਿੰਘ ਅਰਨੇਜਾ ਨੇ ਇਸ ਸਮਾਗਮ 'ਚ ਪਹੁੰਚੀਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਮਾਣਯੋਗ ਉਪ-ਕੁਲਪਤੀ ਡਾ. ਸੁਰੇਸ਼ ਕੁਮਾਰ ਸ਼ਰਮਾ ਦੀ ਅਗਵਾਈ ਵਿੱਚ ਯੂਨੀਵਰਸਿਟੀ ਦਿਨ ਦੁੱਗਣੀ ਤੇ ਰਾਤ ਚੌਗਣੀ ਤਰੱਕੀ ਵੱਲ ਅਗਸਰ ਹੈ। ਕੈਂਪਸ ਪੀਆਰਓ ਯਸ਼ਪਾਲ ਨੇ ਦੱਸਿਆ ਕਿ ਇਹ ਸੰਸਥਾ 1995 'ਚ ਸ਼ਹੀਦ ਭਗਤ ਸਿੰਘ ਕਾਲਜ ਆਫ਼ ਇੰਜ. ਤੇ ਟੈਕਨਾਲੋਜੀ ਦੇ ਨਾਮ 'ਤੇ ਸਥਾਪਤ ਕੀਤੀ ਗਈ ਸੀ ਬਾਅਦ ਵਿੱਚ ਇਸਨੂੰ ਨੂੰ ਸ਼ਹੀਦ ਭਗਤ ਸਿੰਘ ਸਟੇਟ ਟੈਕਨੀਕਲ ਕੈਂਪਸ ਤੇ ਫਿਰ 26 ਮਾਰਚ 2021 ਨੂੰ ਇਸਨੂੰ ਅਪਗ੍ਰੇਡ ਕਰਕੇ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਦਾ ਦਰਜਾ ਦਿੱਤਾ ਗਿਆ। ਹੁਣ ਇਸ ਯੂਨੀਵਰਸਿਟੀ ਵਿੱਚ ਇੰਜ. ਕੋਰਸਾਂ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਕੋਰਸ ਸਫਲਤਾਪੂਰਵਕ ਚੱਲ ਰਹੇ ਹਨ।




## ਦੋ ਭੈਣਾਂ ਦੇ ਇਕਲੌਤੇ ਭਰਾ ਦੀ ਰਹੱਸਮਈ ਹਾਲਾਤਾਂ 'ਚ ਮੌਤ, ਖਾਲੀ ਪਲਾਟ 'ਚ ਮਿਲੀ ਲਾਸ਼

### ☛ਚਿਹਰੇ 'ਤੇ ਜ਼ਖ਼ਮਾਂ ਦੇ ਨਿਸ਼ਾਨ, ਪੁਲਿਸ ਜਾਂਚ ਜਾਰੀ

ਮੋਗਾ, 27 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਫੋਕਲ ਪੁਆਇੰਟ ਪੁਲਿਸ ਚੌਕੀ ਅਧੀਨ ਪੈਂਦੇ ਇਲਾਕੇ ਵਿਸ਼ਵਕਰਮਾ ਨਗਰ ਮੋਗਾ ਦੀ ਗਲੀ ਨੰਬਰ 6 ਦੇ ਕੋਲ ਸਥਿਤ ਇੱਕ ਖਾਲੀ ਪਲਾਟ ਵਿਚੋਂ ਦੋ ਭੈਣਾਂ ਦੇ ਇਕਲੌਤੇ ਭਰਾ ਦੀ ਰਹੱਸਮਈ ਹਾਲਾਤਾਂ ਵਿੱਚ ਹੋਣ ਦਾ ਪਤਾ ਲੱਗਾ ਹੈ, ਜਿਸ ਦੀ ਲਾਸ਼ ਮਿਲਣ 'ਤੇ ਇਲਾਕੇ ਵਿੱਚ ਸਨਸਨੀ ਫੈਲੀ ਹੋਈ ਹੈ। ਮਿਲੀ ਜਾਣਕਾਰੀ ਦੇ ਅਨੁਸਾਰ ਫੋਕਲ ਪੁਆਇੰਟ ਪੁਲਿਸ ਚੌਕੀ ਨੂੰ ਲੋਕਾਂ ਵੱਲੋਂ ਜਾਣਕਾਰੀ ਦਿੱਤੀ ਗਈ ਸੀ ਕਿ ਵਿਸ਼ਵਕਰਮਾ ਨਗਰ ਦੇ ਇੱਕ ਖਾਲੀ ਪਲਾਟ ਵਿੱਚ ਨੌਜਵਾਨ ਦੀ ਲਾਸ਼ ਪਈ ਹੈ, ਜਿਸ ਦੇ ਚਿਹਰੇ 'ਤੇ ਸੱਟ ਦੇ ਨਿਸ਼ਾਨ ਤੇ ਨੱਕ ਵਿਚੋਂ ਖੂਨ ਵਗ ਰਿਹਾ ਹੈ, ਜਿਸ 'ਤੇ ਸਹਾਇਕ ਥਾਣੇਦਾਰ ਸਤਨਾਮ ਸਿੰਘ ਪੁਲਿਸ ਪਾਰਟੀ ਸਮੇਤ ਮੌਕੇ 'ਤੇ ਪੁੱਜੇ ਤੇ ਆਸ-ਪਾਸ ਦਾ ਨਿਰੀਖਣ ਕਰਨ ਦੇ ਇਲਾਵਾ ਲੋਕਾਂ ਕੋਲੋਂ ਪੁੱਛਗਿੱਛ ਵੀ ਕੀਤੀ ਗਈ ਤੇ ਸਮਾਜ ਸੇਵਾ ਸੁਸਾਇਟੀ ਨੂੰ ਸੂਚਿਤ ਕੀਤਾ ਗਿਆ। ਮ੍ਰਿਤਕ ਨੌਜਵਾਨ ਦੀ ਪਛਾਣ ਵਿਸ਼ਵਕਰਮਾ ਨਗਰ ਨਿਵਾਸੀ ਸਿਮਰਜੀਤ ਸਿੰਘ ਵਜੋਂ ਹੋਈ ਹੈ। ਲਾਸ਼ ਮਿਲਣ ਦੀ ਜਾਣਕਾਰੀ ਮਿਲਣ 'ਤੇ ਉਥੇ ਲੋਕਾਂ ਦਾ ਭਾਰੀ ਇਕੱਠ ਹੋ ਗਿਆ। ਸਮਾਜ ਸੇਵਾ ਸੁਸਾਇਟੀ ਦੇ ਸੇਵਾਦਾਰ ਬਲਜੀਤ ਸਿੰਘ ਚਾਨੀ ਦੇ ਇਲਾਵਾ ਗੁਰਸੇਵਕ ਸਿੰਘ ਸੰਨਿਆਸੀ ਆਪਣੇ ਸੇਵਾਦਾਰਾਂ ਨਾਲ ਮੌਕੇ 'ਤੇ ਪੁੱਜੇ ਤੇ ਲਾਸ਼ ਨੂੰ ਪੁਲਿਸ ਦੇ ਸਹਿਯੋਗ ਨਾਲ ਐਂਬੂਲੈਂਸ ਰਾਹੀਂ ਸਿਵਲ ਹਸਪਤਾਲ ਮੋਗਾ ਪੋਸਟਮਾਰਟਮ ਲਈ ਭੇਜਿਆ ਗਿਆ। ਸਹਾਇਕ ਥਾਣੇਦਾਰ ਸਤਨਾਮ ਸਿੰਘ ਨੇ ਦੱਸਿਆ ਕਿ ਪੁਲਿਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮੌਤ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ। ਪੋਸਟਮਾਰਟਮ ਦੀ ਰਿਪੋਰਟ ਆਉਣ ਦੇ ਬਾਅਦ ਮੌਤ ਦੇ ਅਸਲੀ ਕਾਰਨਾਂ ਦਾ ਪਤਾ ਲੱਗ ਸਕੇਗਾ।



# ਵਿਧਾਇਕ ਛੀਨਾ ਨੇ ਢੰਡਾਰੀ ਕਲਾਂ 'ਚ ਕੀਤੀ ਲੋਕ ਮਿਲਣੀ



ਲੁਧਿਆਣਾ, 27 ਮਾਰਚ (ਵਿਸ਼ਾਲ ਸ਼ਰਮਾ): ਪੰਜਾਬ ਸਰਕਾਰ ਦੇ 4 ਸਾਲ ਪੂਰੇ ਹੋਣ ਮੌਕੇ ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ ਮੁਹਿੰਮ ਤਹਿਤ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਵੱਲੋਂ ਵਾਰਡ ਨੰਬਰ 32 ਅਧੀਨ ਪਿੰਡ ਢੰਡਾਰੀ ਕਲਾਂ ਵਿਖੇ ਲੋਕ ਮਿਲਣੀ ਕੀਤੀ ਗਈ, ਜਿਸ ਵਿੱਚ ਇਲਾਕੇ ਦੇ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਵਿਧਾਇਕ ਛੀਨਾ ਨੇ ਇਸ ਦੌਰਾਨ ਇਲਾਕੇ ਵਿੱਚ ਹੋਏ ਵਿਕਾਸ ਕਾਰਜਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਅਤੇ ਲੋਕਾਂ ਦੇ ਕੀਮਤੀ ਸੁਝਾਅ ਅਤੇ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ। ਪ੍ਰੋਗਰਾਮ ਦਾ ਮੁੱਖ ਮਕਸਦ ਸਰਕਾਰ ਅਤੇ ਲੋਕਾਂ ਦਰਮਿਆਨ ਸਿੱਧਾ ਸੰਵਾਦ ਬਣਾਉਣਾ ਅਤੇ ਭਵਿੱਖ ਦੇ ਵਿਕਾਸ ਲਈ ਯੋਜਨਾਵਾਂ 'ਤੇ ਵਿਚਾਰ ਕਰਨਾ ਸੀ। ਉਨ੍ਹਾਂ ਕਿਹਾ ਕਿ ਇਮਾਨਦਾਰ ਨੀਤੀ, ਸਾਫ ਨੀਅਤ ਅਤੇ ਲੋਕਾਂ ਦੇ ਭਰੋਸੇ ਨਾਲ ਪੰਜਾਬ ਵਿੱਚ ਬਦਲਾਅ ਦੀ ਲਹਿਰ ਜਾਰੀ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਲਈ, ਲੋਕਾਂ ਦੇ ਨਾਲ ਖੜ੍ਹੀ ਹੈ ਅਤੇ ਅੱਗੇ ਵੀ ਇਸੇ ਤਰ੍ਹਾਂ ਸੇਵਾ ਕਰਦੀ ਰਹੇਗੀ। ਉਨ੍ਹਾਂ ਹੋਰ ਕਿਹਾ ਕਿ ਸਰਕਾਰ ਵੱਲੋਂ ਹਰ ਵਰਗ ਦੀ ਭਲਾਈ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਦੇ ਸਹਿਯੋਗ ਨਾਲ ਮੁੜ 'ਰੰਗਲਾ ਪੰਜਾਬ' ਦੀ ਸਿਰਜਣਾ ਕੀਤੀ ਜਾਵੇਗੀ ।

# ਮੰਤਰੀ ਅਰੋੜਾ ਵੱਲੋਂ ਲੁਧਿਆਣਾ ਲਈ ਵੱਡੇ, ਬੁਨਿਆਦੀ ਢਾਂਚੇ ਨੂੰ ਉਤਸ਼ਾਹਿਤ ਕਰਨ ਦਾ ਐਲਾਨ



ਲੁਧਿਆਣਾ, 27 ਮਾਰਚ (ਵਿਸ਼ਾਲ ਸ਼ਰਮਾ): ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਸ਼ੁੱਕਰਵਾਰ ਨੂੰ ਲੁਧਿਆਣਾ ਵਿੱਚ ਇੱਕ ਉੱਚ-ਪੱਧਰੀ ਵਿਭਾਗੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ, ਜਿਸ ਵਿੱਚ ਕਈ ਮੁੱਖ ਵਿਕਾਸ ਪ੍ਰੋਜੈਕਟਾਂ ਨੂੰ ਮਨਜ਼ੂਰੀ ਦਿੱਤੀ ਗਈ ਅਤੇ ਚੱਲ ਰਹੇ ਕੰਮਾਂ ਨੂੰ ਸਮੇਂ ਸਿਰ ਪੂਰਾ ਕਰਨ ਲਈ ਨਿਰਦੇਸ਼ ਜਾਰੀ ਕੀਤੇ ਗਏ।

**ਨਵੀਆਂ ਬੁਨਿਆਦੀ ਢਾਂਚਾ ਮਨਜ਼ੂਰੀਆਂ :** ਅਰੋੜਾ ਨੇ ਲੋਧੀ ਰੋਡ 'ਤੇ ਇੱਕ ਨਵੇਂ ਫਾਇਰ ਬ੍ਰਿਗੇਡ ਸਟੇਸ਼ਨ ਨੂੰ ਮਨਜ਼ੂਰੀ ਦੇਣ ਦਾ ਐਲਾਨ ਕੀਤਾ, ਜਿਸ ਨਾਲ ਖੇਤਰ ਲਈ ਫਾਇਰ ਸੇਵਾਵਾਂ ਵਿੱਚ ਲੰਬੇ ਸਮੇਂ ਤੋਂ ਚੱਲ ਰਹੇ ਪਾੜੇ ਨੂੰ ਦੂਰ ਕੀਤਾ ਗਿਆ। ਪੈਦਲ ਯਾਤਰੀਆਂ ਦੀ ਸੁਰੱਖਿਆ ਨੂੰ ਬਿਹਤਰ ਬਣਾਉਣ ਲਈ ਬੱਸ ਸਟੈਂਡ ਦੇ ਬਾਹਰ ਇੱਕ ਰੈਂਪ ਨਾਲ ਲੈਸ ਫੁੱਟ ਓਵਰ ਬ੍ਰਿਜ (FOB) ਨੂੰ ਵੀ ਮਨਜ਼ੂਰੀ ਦਿੱਤੀ ਗਈ, ਜਿਸ ਵਿੱਚ ਦੋਪਹੀਆ ਵਾਹਨਾਂ ਲਈ ਵੀ ਪ੍ਰਬੰਧ ਕੀਤਾ ਗਿਆ।

ਮੰਤਰੀ ਨੇ ਜਵਾਹਰ ਕੈਂਪ ਅਤੇ ਹੈਬੋਵਾਲ ਇਲਾਕਿਆਂ ਵਿੱਚ ਛੱਤ ਦੀ ਮੁਰੰਮਤ ਲਈ 2 ਕਰੋੜ ਰੁਪਏ ਅਤੇ ਸ਼ਹਿਰ ਦੇ ਤਿੰਨ ਸਕੂਲਾਂ ਵਿੱਚ ਵਿਕਾਸ ਕਾਰਜਾਂ ਲਈ 1.25 ਕਰੋੜ ਰੁਪਏ ਮਨਜ਼ੂਰ ਕੀਤੇ।

ਸ਼ਹਿਰੀ ਵਿਕਾਸ ਅਤੇ ਸ਼ਹਿਰੀ ਵਿਕਾਸ ਨਗਰ ਨਿਗਮ ਨੂੰ ਮਾਨਸੂਨ ਤੋਂ ਪਹਿਲਾਂ ਦੋ ਮਹੀਨਿਆਂ ਦੇ ਅੰਦਰ ਸ਼ਹਿਰ ਭਰ ਵਿੱਚ ਸੀਵਰੇਜ ਡੀ-ਸਿਲਟਿੰਗ ਪੂਰੀ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।ਮੁੱਖ ਐਂਟਰੀ ਪੁਆਇੰਟਾਂ 'ਤੇ ਬੁਨਿਆਦੀ ਢਾਂਚੇ ਦੀ ਸਮੀਖਿਆ ਕੀਤੀ ਗਈ ਫਿਰੋਜ਼ਪੁਰ ਰੋਡ, ਜਲੰਧਰ ਬਾਈਪਾਸ, ਚੰਡੀਗੜ੍ਹ ਰੋਡ, ਅਤੇ ਦਿੱਲੀ ਰੋਡ ਪੰਜ ਚੌਰਾਹਿਆਂ 'ਤੇ 22 ਚੌਕਾਂ ਅਤੇ ਟ੍ਰੈਫਿਕ ਲਾਈਟਾਂ ਦਾ ਪੁਨਰ ਵਿਕਾਸ ਐਲਾਨਿਆ ਗਿਆ।ਜਗਰਾਓਂ ਪੁਲ ਦੀ ਕੰਧ ਦੀ ਮੁਰੰਮਤ ਅਤੇ ਵੇਰਕਾ ਅੰਡਰ-ਬ੍ਰਿਜ ਅਪਗ੍ਰੇਡੇਸ਼ਨ ਲਈ ਟੈਂਡਰ ਜਾਰੀ ਕੀਤੇ ਜਾਣਗੇ। ਢੋਲੇਵਾਲ ਅਤੇ ਗ੍ਰੈਂਡ ਵਾਕ ਖੇਤਰਾਂ ਵਿੱਚ ਪੰਪ ਮੋਟਰਾਂ ਲਗਾਈਆਂ ਜਾਣਗੀਆਂ 43 ਸੜਕ ਮੁਰੰਮਤ ਕਾਰਜਾਂ, ਆਮ ਆਦਮੀ ਕਲੀਨਿਕਾਂ ਅਤੇ ਛੇ ਪਾਰਕਾਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਗਈ ਪ੍ਰਸਤਾਵਿਤ ਸਾਈਕਲ ਵੈਲੀ ਬਾਈਪਾਸ ਗਲਾਡਾ ਅਤੇ ਸਿੰਚਾਈ ਵਿਭਾਗ ਨੂੰ ਚੰਡੀਗੜ੍ਹ ਰੋਡ ਨੂੰ ਦਿੱਲੀ ਜੀਟੀ ਰੋਡ ਨਾਲ ਜੋੜਨ ਵਾਲੇ 3 ਕਿਲੋਮੀਟਰ ਬਾਈਪਾਸ ਲਈ ਪ੍ਰਸਤਾਵ ਪੇਸ਼ ਕਰਨ ਲਈ ਕਿਹਾ ਗਿਆ ਸੀ, ਜਿਸਦਾ ਉਦੇਸ਼ ਭਾਰੀ ਵਪਾਰਕ ਵਾਹਨਾਂ ਨੂੰ ਜਮਾਲਪੁਰ, ਸੈਕਟਰ 32 ਅਤੇ ਸਮਰਾਲਾ ਚੌਕ ਸਮੇਤ ਭੀੜ-ਭੜੱਕੇ ਵਾਲੇ ਖੇਤਰਾਂ ਤੋਂ ਦੂਰ ਕਰਨਾ ਹੈ। ਰਿਹਾਇਸ਼ੀ ਖਪਤਕਾਰਾਂ ਲਈ ਘਰੇਲੂ ਐਲਪੀਜੀ ਦੀ ਕੋਈ ਕਮੀ ਨਹੀਂ ਹੈ, ਜਮ੍ਹਾਂਖੋਰਾਂ ਨੂੰ ਸਖ਼ਤ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ। ਅਰੋੜਾ ਨੇ ਸਪੱਸ਼ਟ ਕੀਤਾ ਕਿ ਪੰਜਾਬ ਅਤੇ ਲੁਧਿਆਣਾ ਵਿੱਚ ਰਿਹਾਇਸ਼ੀ ਖਪਤਕਾਰਾਂ ਲਈ ਘਰੇਲੂ ਐਲਪੀਜੀ ਦੀ ਕੋਈ ਕਮੀ ਨਹੀਂ ਹੈ ਅਤੇ ਸਪਲਾਈ ਪੂਰੀ ਤਰ੍ਹਾਂ ਢੁਕਵੀਂ ਹੈ। ਉਨ੍ਹਾਂ ਨਾਗਰਿਕਾਂ ਨੂੰ ਸ਼ਾਂਤ ਰਹਿਣ ਅਤੇ ਘਬਰਾਹਟ ਵਿੱਚ ਖਰੀਦਦਾਰੀ ਜਾਂ ਥੋਕ ਬੁਕਿੰਗ ਤੋਂ ਬਚਣ ਦੀ ਅਪੀਲ ਕੀਤੀ। ਮੰਤਰੀ ਨੇ ਸਖ਼ਤ ਚੇਤਾਵਨੀ ਜਾਰੀ ਕੀਤੀ ਕਿ ਜੋ ਵੀ ਐਲਪੀਜੀ ਸਿਲੰਡਰ, ਪੈਟਰੋਲ ਜਾਂ ਡੀਜ਼ਲ ਜਮ੍ਹਾਂ ਕਰਦੇ ਹੋਏ ਪਾਇਆ ਗਿਆ ਉਸ ਨੂੰ ਸਖ਼ਤ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ। ਜਦੋਂ ਕਿ ਸਿਰਫ਼ ਵਪਾਰਕ ਐਲਪੀਜੀ ਵਿੱਚ ਅਸਥਾਈ ਕਮੀ ਹੈ, ਹਸਪਤਾਲਾਂ ਅਤੇ ਹੋਸਟਲਾਂ ਵਰਗੀਆਂ ਜ਼ਰੂਰੀ ਸੇਵਾਵਾਂ ਨੂੰ ਤਰਜੀਹੀ ਸਪਲਾਈ ਮਿਲ ਰਹੀ ਹੈ। ਵਪਾਰਕ ਸਿਲੰਡਰਾਂ ਦੀ ਲੋੜ ਵਾਲੇ ਵਿਆਹਾਂ ਦਾ ਆਯੋਜਨ ਕਰਨ ਵਾਲੇ ਪਰਿਵਾਰ ਜ਼ਿਲ੍ਹਾ ਪ੍ਰਸ਼ਾਸਨ ਨਾਲ ਸੰਪਰਕ ਕਰ ਸਕਦੇ ਹਨ, ਕਿਉਂਕਿ ਅਜਿਹੀਆਂ ਜ਼ਰੂਰਤਾਂ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ, ਨਗਰ ਨਿਗਮ ਕਮਿਸ਼ਨਰ ਡਾ. ਨੀਰੂ ਕਤਿਆਲ ਗੁਪਤਾ ਅਤੇ ਕਈ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਸ਼ਾਮਲ ਹੋਏ।

# ਮਨੀਸ਼ ਸਿਸੋਦੀਆ ਦਾ ਮੰਤਰੀਆਂ ਤੇ ਵਿਧਾਇਕਾਂ ਨੂੰ ਸਪੱਸ਼ਟ ਸੰਦੇਸ਼



ਲੁਧਿਆਣਾ, 27 ਮਾਰਚ (ਵਿਸ਼ਾਲ ਸ਼ਰਮਾ): ਪਾਰਟੀ ਦੇ ਅੰਦਰ ਇੱਕ ਸਪੱਸ਼ਟ ਲਾਲ ਲਕੀਰ ਖਿੱਚਦੇ ਹੋਏ, ਸੀਨੀਅਰ ਆਮ ਆਦਮੀ ਪਾਰਟੀ (ਆਪ) ਆਗੂ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਨੇ ਬੁੱਧਵਾਰ ਨੂੰ ਮੰਤਰੀਆਂ ਅਤੇ ਵਿਧਾਇਕਾਂ ਨੂੰ ਸਪੱਸ਼ਟ ਸੰਦੇਸ਼ ਦਿੱਤਾ ਕਿ ਆਮ ਆਦਮੀ ਪਾਰਟੀ (ਆਪ) ਵਿੱਚ ਡਰੱਗ ਮਾਫੀਆ ਨਾਲ ਨਜਿੱਠਣ ਲਈ ਤਿਆਰ ਨਾ ਹੋਣ ਵਾਲਿਆਂ ਲਈ ਕੋਈ ਜਗ੍ਹਾ ਨਹੀਂ ਹੈ, ਇਹ ਜ਼ੋਰ ਦੇ ਕੇ ਕਿਹਾ ਕਿ ਜੋ ਵੀ ਝਿਜਕਦਾ ਹੈ ਉਸਨੂੰ ਅਰਵਿੰਦ ਕੇਜਰੀਵਾਲ ਦੀ ਬਦਨਾਮੀ ਕਰਨ ਦੀ ਬਜਾਏ ਇੱਕ ਪਾਸੇ ਹੋ ਜਾਣਾ ਚਾਹੀਦਾ ਹੈ। 'ਯੁੱਧ ਨਸ਼ਿਆਂ ਵਿਰੁੱਧ' ਅਧੀਨ ਮਾਲਵਾ ਜ਼ੋਨ ਦੀ ਮੀਟਿੰਗ ਦੌਰਾਨ, ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਨਸ਼ਿਆਂ ਵਿਰੁੱਧ ਲੜਾਈ 'ਆਪ' ਦੇ ਰਾਜਨੀਤਿਕ ਉਦੇਸ਼ ਦਾ ਕੇਂਦਰ ਹੈ, ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ, ਭਗਵੰਤ ਸਿੰਘ ਮਾਨ ਵਰਗੇ ਨੇਤੇ ਅਤੇ ਉਹ ਖੁਦ ਅਜਿਹੇ ਮਾਫੀਆ ਦਾ ਨਿਡਰਤਾ ਨਾਲ ਸਾਹਮਣਾ ਕਰਨ ਅਤੇ ਉਨ੍ਹਾਂ ਦੇ ਨੈੱਟਵਰਕ ਨੂੰ ਪੂਰੀ ਤਰ੍ਹਾਂ ਖਤਮ ਕਰਨ ਲਈ ਰਾਜਨੀਤੀ ਵਿੱਚ ਆਏ ਹਨ। ਜ਼ੀਰੋ-ਟੌਲਰੈਂਸ ਪਹੁੰਚ ਨੂੰ ਦੁਹਰਾਉਂਦੇ ਹੋਏ, 'ਆਪ' ਪੰਜਾਬ ਪ੍ਰਭਾਰੀ ਨੇ ਸਪੱਸ਼ਟ ਕੀਤਾ ਕਿ ਨਸ਼ੀਲੇ ਪਦਾਰਥਾਂ ਦੇ ਵਪਾਰ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ, ਭਾਵੇਂ ਉਹ 'ਆਪ' ਨਾਲ ਸਬੰਧਤ ਹੋਣ, ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪਾਰਟੀ ਦੀ ਸ਼ੁਰੂਆਤ ਸੰਘਰਸ਼ ਵਿੱਚ ਹੋਈ ਅਤੇ ਭ੍ਰਿਸ਼ਟਾਚਾਰ ਨਾਲ ਨਜਿੱਠਣ ਦਾ ਇਸਦਾ ਟਰੈਕ ਰਿਕਾਰਡ ਹੁਣ ਪੰਜਾਬ ਵਿੱਚੋਂ ਨਸ਼ਿਆਂ ਨੂੰ ਜੜ੍ਹੋਂ ਪੁੱਟਣ ਲਈ ਇੱਕ ਨਿਰਣਾਇਕ ਲੜਾਈ ਲੜੇਗੀ।

# ਵਿਧਾਇਕ ਪਰਾਸ਼ਰ ਵੱਲੋਂ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ



ਲੁਧਿਆਣਾ, 27 ਮਾਰਚ (ਵਿਸ਼ਾਲ ਸ਼ਰਮਾ): ਵਿਧਾਨ ਸਭਾ ਹਲਕਾ ਲੁਧਿਆਣਾ ਕੇਂਦਰੀ ਤੋਂ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਵੱਲੋਂ ਵਾਰਡ ਨੰਬਰ 30 ਵਿੱਚ ਕੁੱਲ 1 ਕਰੋੜ 38 ਲੱਖ ਰੁਪਏ ਦੀ ਲਾਗਤ ਨਾਲ ਵੱਡੇ ਪੱਧਰ 'ਤੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ। ਵਿਧਾਇਕ ਪਰਾਸ਼ਰ ਨੇ ਦੱਸਿਆ ਕਿ ਇਸ ਪ੍ਰੋਜੈਕਟ ਤਹਿਤ ਨਰਿੰਦਰ ਨਗਰ ਵਿਖੇ 56.41 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਦੀ ਉਸਾਰੀ ਦੇ ਕੰਮਾਂ ਦੀ ਸ਼ੁਰੂਆਤ ਕੀਤੀ ਗਈ, ਜਿਸ ਨਾਲ ਇਲਾਕੇ ਦੀਆਂ ਟੁੱਟੀਆਂ ਅਤੇ ਖਰਾਬ ਗਲੀਆਂ ਨੂੰ ਮਜ਼ਬੂਤ ਅਤੇ ਸੁਚੱਜੀਆਂ ਬਣਾਇਆ ਜਾਵੇਗਾ। ਇਸਦੇ ਨਾਲ ਹੀ ਟਰਾਂਸਪੋਰਟ ਨਗਰ ਵਿੱਚ 71 ਲੱਖ ਰੁਪਏ ਦੀ ਲਾਗਤ ਨਾਲ ਆਰ ਐਮ ਸੀ ਸੜਕਾਂ ਦੀ ਉਸਾਰੀ ਸ਼ੁਰੂ ਕਰਵਾਈ ਗਈ ਹੈ, ਜੋ ਲੰਮੇ ਸਮੇਂ ਤੱਕ ਟਿਕਾਊ ਹੋਣ ਦੇ ਨਾਲ ਟ੍ਰੈਫਿਕ ਦੀ ਆਵਾਜਾਈ ਨੂੰ ਵੀ ਸੁਚਾਰੂ ਬਣਾਉਣ ਵਿੱਚ ਮਦਦਗਾਰ ਸਾਬਤ ਹੋਵੇਗੀ, ਜਦਕਿ 10.20 ਲੱਖ ਰੁਪਏ ਦੀ ਲਾਗਤ ਨਾਲ ਨਵੀਂ ਸੀਵਰੇਜ ਪਾਈਪ ਲਾਈਨ ਪਾਉਣ ਦੇ ਕੰਮਾਂ ਦੀ ਵੀ ਅਰੰਭਤਾ ਕੀਤੀ ਗਈ ਹੈ, ਜਿਸ ਨਾਲ ਪਾਣੀ ਨਿਕਾਸੀ ਅਤੇ ਗੰਦਗੀ ਨਾਲ ਸਬੰਧਤ ਸਮੱਸਿਆਵਾਂ ਦਾ ਹੱਲ ਹੋਵੇਗਾ। ਇਸ ਮੌਕੇ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਨੇ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਬੁਨਿਆਦੀ ਸੁਵਿਧਾ ਮੁਹੱਈਆ ਕਰਵਾਉਣਾ ਹੈ ਅਤੇ ਹਰ ਵਾਰਡ ਵਿੱਚ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਇਹ ਵੀ ਭਰੋਸਾ ਦਿਵਾਇਆ ਕਿ ਸਾਰੇ ਕੰਮ ਉੱਚ ਗੁਣਵੱਤਾ ਨਾਲ ਅਤੇ ਨਿਰਧਾਰਿਤ ਸਮੇਂ ਵਿੱਚ ਪੂਰੇ ਕਰਵਾਏ ਜਾਣਗੇ, ਤਾਂ ਜੋ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਵਿਧਾਇਕ ਨੇ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਜਾਰੀ ਕਰਦੇ ਹੋਏ ਕਿਹਾ ਕਿ ਕੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਵਾਰਡ ਵਾਸੀਆਂ ਨੇ ਇਨ੍ਹਾਂ ਵਿਕਾਸ ਕਾਰਜਾਂ ਲਈ ਖੁਸ਼ੀ ਜਤਾਉਂਦਿਆਂ ਕਿਹਾ ਕਿ ਇਸ ਨਾਲ ਇਲਾਕੇ ਦੀਆਂ ਬੁਨਿਆਦੀ ਸਹੂਲਤਾਂ ਵਿੱਚ ਵੱਡਾ ਸੁਧਾਰ ਆਵੇਗਾ। ਉਨ੍ਹਾਂ ਵਿਧਾਇਕ ਅਤੇ ਸਥਾਨਕ ਪ੍ਰਸ਼ਾਸਨ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਵਾਰਡ ਕੌਂਸਲਰ ਨਿੱਕੂ ਭਾਰਤੀ, ਸਥਾਨਕ ਵਸਨੀਕ, ਵਲੰਟੀਅਰ ਸਾਥੀ ਅਤੇ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਵੱਡੀ ਗਿਣਤੀ ਵਿੱਚ ਮੌਜੂਦ ਰਹੇ।

# ਮਾਨ ਸਰਕਾਰ ਨੇ ਵੱਡੀ ਕਾਰਵਾਈ ਕਰਦਿਆਂ ਤਿੰਨ ਅਧਿਕਾਰੀ ਮੁਅੱਤਲ




ਲੁਧਿਆਣਾ, 27 ਮਾਰਚ (ਵਿਸ਼ਾਲ ਸ਼ਰਮਾ): ਲੁਧਿਆਣਾ ਵਿੱਚ ਵੇਰਕਾ ਬ੍ਰਾਂਡ ਦੇ ਦੁੱਧ ਪਾਊਡਰ ਦੇ ਨਮੂਨੇ ਟੈਸਟ ਵਿੱਚ ਫੇਲ੍ਹ ਹੋਣ ਤੋਂ ਬਾਅਦ ਤਿੰਨ ਅਧਿਕਾਰੀਆਂ 'ਤੇ ਕਾਰਵਾਈ ਕੀਤੀ ਗਈ ਹੈ। ਮਿਲਕਫੈੱਡ ਦੇ ਐਮਡੀ ਰਾਹੁਲ ਗੁਪਤਾ ਨੇ ਲੁਧਿਆਣਾ ਮਿਲਕ ਪਲਾਂਟ ਦੇ ਜੀ ਐਮ ਦਲਜੀਤ ਸਿੰਘ ਸਮੇਤ ਤਿੰਨ ਅਧਿਕਾਰੀਆਂ ਨੂੰ ਮੁਅੱਤਲ ਕਰਨ ਦੇ ਹੁਕਮ ਜਾਰੀ ਕੀਤੇ ਹਨ। ਰਿਪੋਰਟਾਂ ਅਨੁਸਾਰ, ਭਾਰਤੀ ਫੌਜ ਦੁਆਰਾ ਸਪਲਾਈ ਕੀਤੇ ਗਏ ਵੇਰਕਾ ਦੁੱਧ ਪਾਊਡਰ ਦੇ ਨਮੂਨੇ ਗੁਣਵੱਤਾ ਦੇ ਮਾਪਦੰਡਾਂ ਨੂੰ ਪੂਰਾ ਕਰਨ ਵਿੱਚ ਅਸਫਲ ਰਹੇ। ਨਤੀਜੇ ਵਜੋਂ, ਲੱਗਭੱਗ 125 ਮੀਟ੍ਰਿਕ ਟਨ ਦੁੱਧ ਪਾਊਡਰ ਵਾਪਸ ਕਰ ਦਿੱਤਾ ਗਿਆ। ਫੌਜ ਨੇ ਇੱਕ ਨੋਟਿਸ ਜਾਰੀ ਕੀਤਾ, ਜਿਸ ਵਿੱਚ ਕਿਹਾ ਗਿਆ ਹੈ ਕਿ ਸੈਂਪਲ ਉਨ੍ਹਾਂ ਦੇ ਦਫ਼ਤਰ ਤੋਂ ਸੱਤ ਦਿਨਾਂ ਦੇ ਅੰਦਰ ਇਕੱਠੇ ਕੀਤੇ ਜਾਣੇ ਚਾਹੀਦੇ ਹਨ। ਜੇਕਰ ਸੈਂਪਲ ਨਿਰਧਾਰਤ ਸਮੇਂ ਦੇ ਅੰਦਰ ਇਕੱਠੇ ਨਹੀਂ ਕੀਤੇ ਜਾਂਦੇ ਹਨ, ਤਾਂ ਉਨ੍ਹਾਂ ਨੂੰ ਅਧਿਕਾਰੀਆਂ ਦੀ ਇੱਕ ਕਮੇਟੀ ਦੁਆਰਾ ਨਸ਼ਟ ਕਰ ਦਿੱਤਾ ਜਾਵੇਗਾ, ਅਤੇ ਉਸ ਤੋਂ ਬਾਅਦ ਕੋਈ ਵੀ ਦਾਅਵਾ ਸਵੀਕਾਰ ਨਹੀਂ ਕੀਤਾ ਜਾਵੇਗਾ। ਜਿਵੇਂ-ਜਿਵੇਂ ਵਿਵਾਦ ਵਧਦਾ ਗਿਆ, ਵਿਭਾਗ ਨੇ ਮਾਮਲੇ ਦੀ ਜਾਂਚ ਲਈ ਇੱਕ ਤੱਥ-ਖੋਜ ਕਮੇਟੀ ਬਣਾਈ। ਪੰਜਾਬ ਦੇ ਸਿਹਤ ਮੰਤਰੀ ਬਲਬੀਰ ਸਿੰਘ ਨੇ ਮੀਡੀਆ ਨੂੰ ਦੱਸਿਆ ਕਿ ਦੋ ਨਮੂਨੇ ਟੈਸਟ ਵਿੱਚ ਫੇਲ੍ਹ ਹੋ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਵੇਰਕਾ ਆਪਣੀ ਜਾਂਚ ਕਰ ਰਿਹਾ ਹੈ ਅਤੇ ਜੇਕਰ ਲੋੜ ਪਈ ਤਾਂ ਖੁਰਾਕ ਸਪਲਾਈ ਵਿਭਾਗ ਵੀ ਮਾਮਲੇ ਦੀ ਜਾਂਚ ਕਰੇਗਾ। ਇਸ ਦੌਰਾਨ ਵਿਰੋਧੀ ਧਿਰ ਨੇ ਮਾਮਲੇ ਨੂੰ ਗੰਭੀਰ ਦੱਸਿਆ ਹੈ ਅਤੇ ਉੱਚ ਪੱਧਰੀ ਜਾਂਚ ਦੀ ਮੰਗ ਕੀਤੀ ਹੈ।

# ਵਿਧਾਇਕ ਗਰੇਵਾਲ ਵੱਲੋਂ ਸੜਕ ਨਿਰਮਾਣ ਕਾਰਜਾਂ ਦਾ ਉਦਘਾਟਨ



ਲੁਧਿਆਣਾ, 27 ਮਾਰਚ (ਵਿਸ਼ਾਲ ਸ਼ਰਮਾ): ਵਿਧਾਨ ਸਭਾ ਹਲਕਾ ਪੂਰਬੀ ਤੋਂ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਅਤੇ ਮੇਅਰ ਪ੍ਰਿੰਸੀਪਲ ਮੈਡਮ ਇੰਦਰਜੀਤ ਕੌਰ ਵੱਲੋਂ ਅੱਜ ਵਾਰਡ ਨੰਬਰ 5 ਦੇ ਕਾਕੋਵਲ ਰੋਡ ਵਿਖੇ ਕਰੀਬ 80 ਲੱਖ ਦੀ ਲਾਗਤ ਨਾਲ ਕਾਕੋਵਾਲ ਰੋਡ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਅਤੇ ਮੇਅਰ ਪ੍ਰਿੰਸੀਪਲ ਮੈਡਮ ਇੰਦਰਜੀਤ ਕੌਰ ਨੇ ਦੱਸਿਆ ਕਿ ਇਲਾਕਾ ਵਾਸੀਆਂ ਦੀ ਪਿਛਲੇ ਸਮੇਂ ਤੋਂ ਜਰੂਰੀ ਮੰਗ ਨੂੰ ਦੇਖਦੇ ਹੋਏ ਅੱਜ ਵਾਰਡ ਨੰਬਰ ਪੰਜ ਦੀ ਕਾਕੋਵਾਲ ਰੋਡ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਕੀਤਾ ਗਿਆ ਹੈ। ਇਹਨਾਂ ਕੰਮਾਂ 'ਤੇ ਕਰੀਬ 80 ਲੱਖ ਰੁਪਏ ਦੀ ਲਾਗਤ ਆਵੇਗੀ ਅਤੇ ਇਹਨਾਂ ਵਿਕਾਸ ਕੰਮਾਂ ਨੂੰ ਆਉਣ ਵਾਲੇ ਦਿਨਾਂ 'ਚ ਜਲਦ ਹੀ ਮੁਕੰਮਲ ਕਰ ਲਿਆ ਜਾਵੇਗਾ। ਉਹਨਾਂ ਕਿਹਾ ਕਿ ਇਸ ਸੜਕ ਦੇ ਦੁਬਾਰਾ ਬਣਨ ਨਾਲ ਜਿੱਥੇ ਇਲਾਕਾ ਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ, ਉੱਥੇ ਹੀ ਨਾਲ ਲੱਗਦੇ ਪਿੰਡਾਂ ਦੇ ਰਾਹਗੀਰਾਂ ਨੂੰ ਵੀ ਆਉਣ ਜਾਣ 'ਚ ਕਿਸੇ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਵਿਧਾਇਕ ਗਰੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਪਿਛਲੇ ਚਾਰ ਸਾਲਾਂ ਵਿੱਚ ਸੂਬੇ ਵਿੱਚ ਕਰਵਾਏ ਵਿਕਾਸ ਕਾਰਜਾਂ ਦੀ ਜੇ ਗੱਲ ਕੀਤੀ ਜਾਵੇ ਤਾਂ ਚੋਣਾਂ ਸਮੇਂ ਸੂਬਾ ਵਾਸੀਆਂ ਨੂੰ ਜੋ ਵੀ ਗਰੰਟੀਆਂ ਦਿੱਤੀਆਂ ਸਨ, ਉਹ ਸਾਰੀਆਂ ਪੂਰੀਆਂ ਕੀਤੀਆਂ ਜਾ ਚੁੱਕੀਆਂ ਹਨ। ਵਿਧਾਇਕ ਗਰੇਵਾਲ ਅਤੇ ਮੇਅਰ ਪ੍ਰਿੰਸੀਪਲ ਮੈਡਮ ਇੰਦਰਜੀਤ ਕੌਰ ਨੇ ਕਿਹਾ ਕਿ ਤੁਸੀਂ ਆਪਣਾ ਭਰੋਸਾ ਤੇ ਆਸ਼ੀਰਵਾਦ ਬਣਾ ਕੇ ਰੱਖੋ ਆਉਣ ਵਾਲੇ ਦਿਨਾਂ ਚ ਸਾਡਾ ਸੂਬਾ ਦੇਸ਼ ਦੇ ਸੂਬਿਆਂ 'ਚੋਂ ਵਿਕਾਸ ਪੱਖੋਂ ਮੂਹਰਲੀ ਕਤਾਰ 'ਚ ਇਕ ਨੰਬਰ 'ਤੇ ਗਿਣਿਆ ਜਾਵੇਗਾ। ਇਸ ਮੌਕੇ ਕੌਂਸਲਰ ਲੱਖਵਿੰਦਰ ਚੌਪਰੀ ਬਾਬੂ ਰਾਮ ਸ਼ਰਮਾ (ਇੰਚਾਰਜ, ਵਾਰਡ ਨੰ. 4), ਦਰਸ਼ਨ ਸਿੰਘ

ਮਹਿਤੋ, ਮਹਾਵੀਰ ਮਨਜੀਤ ਸਿੰਘ ਵਿਪਨ ਸ਼ਰਮਾ, ਮਾਨਸ ਮਿਸ਼ਰਾ, ਗਗਨਦੀਪ ਮਹਿਤਾ ਅੰਸ਼ ਵੈਦ, ਬੰਟੀ ਸੈਂਗਰ, ਹਰਸ਼ ਰਾਏ, ਸਰਬਜੀਤ ਟਿੰਕੂ, ਅਮਰਜੀਤ ਗਨੇਸ਼ ਆਦਿ, ਚਿੰਕੀ ਪਾਰਟੀ ਵਰਕਰਾਂ ਅਤੇ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ 'ਚ ਇਲਾਕਾ ਵਾਸੀ ਹਾਜ਼ਰ ਸਨ।

# ਮੰਗਾਂ ਨਾ ਮੰਨੇ ਜਾਣ 'ਤੇ 30 ਮਾਰਚ ਨੂੰ ਕੀਤਾ ਜਾਵੇਗਾ ਰੋਸ ਪ੍ਰਦਰਸ਼ਨ : ਸਾਹਨੀ



ਫਿਲੌਰ, 27 ਮਾਰਚ (ਅਜੇ ਸਿੰਘ ਨਾਗੀ): ਸ਼ਹੀਦੇ -ਏ -ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਜੀ ਦੇ ਬੁੱਤ ਲਗਵਾਉਣ ਲਈ ਤੇ ਮੁਹੱਲਾ ਸੰਤੋਖਪੁਰਾ ਦੇ ਰਸਤੇ ਨੂੰ ਜਬਰੀ ਬੰਦ ਕਰਨ ਦੇ ਰੋਸ ਦੇ ਵਿੱਚ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵੱਲੋਂ 30 ਮਾਰਚ ਨੂੰ ਰੋਸ਼ ਪ੍ਰਦਰਸ਼ਨ ਮੁਜਾਹਰਾ ਕੀਤਾ ਜਾਵੇਗਾ। ਤਹਿਸੀਲ ਦੇ ਪ੍ਰੈਸ ਸਕੱਤਰ ਐਡਵੋਕੇਟ ਬਲਦੇਵ ਸਾਹਨੀ ਨੇ ਮੀਡਿਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸ਼ਹੀਦਾਂ ਦੇ ਬੁੱਤ ਲਗਾਉਣ ਲਈ ਨਗਰ ਕੌਂਸਲ ਵੱਲੋਂ ਮਤਾ ਪਾ ਗਿਆ ਸੀ ਤੇ ਜਗ੍ਹਾ ਵੀ ਦੇਖੀ ਗਈ, ਪਰ ਅੱਜ ਤੱਕ ਸ਼ਹੀਦਾਂ ਦਾ ਬੁੱਤ ਨਹੀਂ ਲਗਾ ਗਿਆ, ਰਸਤਾ ਬੰਦ ਕਾਰਨ ਮਹੁੱਲਾ ਵਾਸੀਆਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਤੇ ਇਸ ਸਬੰਧੀ ਪ੍ਰਸ਼ਾਸਨ ਦੇ ਧਿਆਨ ਵਿੱਚ ਵੀ ਲੈ ਲਿਆਂਦਾ ਗਿਆ ਪਰ ਕਿਸੇ ਨੇ ਧਿਆਨ ਨਹੀਂ ਦਿੱਤਾ, ਅੱਕੇ ਹੋਏ ਮਹੱਲਾ ਵਾਸੀ 30 ਮਾਰਚ ਨੂੰ ਸੰਬੰਧ ਵਿਭਾਗ ਦੇ ਖਿਲਾਫ ਰੋਸ ਪ੍ਰਦਰਸ਼ਨ ਤੇ ਮੁਜਾਹਰਾ ਕਰਨਗੇ, ਜਿਹਦੀ ਜਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ!

# ਜੈਕਾਰਿਆਂ ਦੀ ਗੂੰਜ ਵਿੱਚ ਧਾਰਮਿਕ ਯਾਤਰਾ ਲਈ ਬੱਸਾਂ ਨੂੰ ਜਥੇਦਾਰ ਨਿਮਾਣਾ ਨੇ ਕੀਤਾ ਰਵਾਨਾ

## ਹਰੇਕ ਮਹੀਨੇ ਸੰਗਤਾਂ ਨੂੰ ਗੁਰਧਾਮਾਂ ਦੇ ਦਰਸ਼ਨ ਕਰਵਾਉਣ ਲਈ ਚੁੱਕੇ ਬੀੜੇ ਦੀ ਜਥੇਦਾਰ ਨਿਮਾਣਾ ਨੇ ਕੀਤੀ ਸ਼ਲਾਘਾ



ਲੁਧਿਆਣਾ, 27 ਮਾਰਚ, (ਕਰਨੈਲ ਸਿੰਘ ਐੱਮ.ਏ.) : 'ਸੇਵਕ ਕਉ ਸੇਵਾ ਬਨਿ ਆਈ॥' ਦੇ ਸਿਧਾਂਤਾਂ 'ਤੇ ਚੱਲਦਿਆਂ ਹੋਇਆਂ ਗੁਰੂ ਸਾਹਿਬਾਂ ਵੱਲੋਂ ਦਿੱਤੇ ਉਪਦੇਸ਼ਾਂ ਦੀ ਪੂਰਤੀ ਕਰਦੇ ਹੋਇਆਂ, ਗੁਰੂ ਕੀ ਲਾਡਲੀ ਫ਼ੌਜ ਸੇਵਕ ਜੱਥਾ ਵੱਲੋਂ ਹਰ ਮਹੀਨੇ ਸੰਗਤਾਂ ਨੂੰ ਵੱਖ-ਵੱਖ ਗੁਰ ਇਤਿਹਾਸਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਚੁੱਕੇ ਗਏ ਬੀੜੇ ਦੀ ਸ਼ਲਾਘਾ ਕਰਦਿਆਂ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਮੁੱਖ ਸੇਵਾਦਾਰ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ:) ਅਤੇ ਕੌਮੀ ਪ੍ਰਧਾਨ ਅੰਨਦਾਤਾ ਕਿਸਾਨ ਮਜ਼ਦੂਰ ਯੂਨੀਅਨ ਨੇ ਸਥਾਨਕ ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਫੀਲਡ ਗੰਜ, ਲੁਧਿਆਣਾ ਵਿਖੇ ਬੱਸਾਂ ਦੀ ਰਵਾਨਗੀ ਸਮੇਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੁਸਾਇਟੀ ਵੱਲੋਂ ਰਜਿੰਦਰ ਸਿੰਘ ਰਾਜਾ, ਪਰਮਜੀਤ ਸਿੰਘ ਬੱਬੂ ਦੀ ਅਗਵਾਈ ਹੇਠ ਸੰਗਤਾਂ ਨੂੰ ਗੁਰ ਇਤਿਹਾਸਕ ਅਸਥਾਨਾਂ ਦੇ ਦਰਸ਼ਨਾਂ ਦੀ ਚੱਲ ਰਹੀ ਲੜੀ ਤਹਿਤ ਨਿਸ਼ਾਨ ਸਾਹਿਬ ਦੇ ਝੰਡੇ ਥੱਲੇ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਸ਼੍ਰੀ ਅੰਮ੍ਰਿਤਸਰ, ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ, ਗੁਰਦੁਆਰਾ ਛੇਹਰਟਾ ਸਾਹਿਬ, ਗੁਰਦੁਆਰਾ ਬਾਬਾ ਬਕਾਲਾ ਸਾਹਿਬ ਲਈ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਜੈਕਾਰਿਆਂ ਦੀ ਗੂੰਜ ਵਿੱਚ ਬੱਸਾਂ ਨੂੰ ਰਵਾਨਾ ਕੀਤਾ। ਇਸ ਮੌਕੇ ਤੇ ਗੁਰੂ ਕੀ ਲਾਡਲੀ ਫੌਜ ਸਿੰਘ ਜਥੇ ਦੇ ਮੁੱਖ ਸੇਵਾਦਾਰ ਰਜਿੰਦਰ ਸਿੰਘ ਰਾਜਾ ਜੀ ਦੇ 40ਵੇਂ ਜਨਮ ਦਿਨ ਤੇ ਗੁਰੂ ਕੀ ਲਾਡਲੀ ਫੌਜ ਸੇਵਕ ਜੱਥੇ ਦੀ ਸਮੁੱਚੀ ਟੀਮ ਅਤੇ ਸੰਗਤਾਂ ਨੇ ਸੰਗਤੀ ਰੂਪ ਵਿੱਚ ਕੇਕ ਕੱਟ ਕੇ ਮਨਾਇਆ ਅਤੇ ਸੰਗਤਾਂ ਵੱਲੋਂ ਸਿਰੋਪਾਉ ਭੇਟ ਕਰਕੇ ਰਜਿੰਦਰ ਸਿੰਘ ਰਾਜਾ ਜੀ ਦਾ ਸਨਮਾਨ ਕੀਤਾ ਗਿਆ।

# ਰਾਮ ਨੌਮੀ ਦਾ ਪਵਿੱਤਰ ਤਿਉਹਾਰ ਮਨਾਇਆ

ਖੰਨਾ/ ਰਾੜਾ ਸਾਹਿਬ, 27 ਮਾਰਚ (ਸੰਜੀਵ ਲਹਿਲ) : ਰਾੜਾ ਸਾਹਿਬ ਦੇ ਨੇੜਲੇ ਪਿੰਡ ਲਹਿਲ ਵਿੱਚ ਮਾਤਾ ਸ਼ੀਤਲਾ ਮਾਤਾ ਦੁਰਗਾ ਅਤੇ ਸਮਾਜ ਭਲਾਈ ਸੰਸਥਾ ਵੱਲੋਂ ਰਾਮ ਨੌਮੀ ਦਾ ਪਵਿੱਤਰ ਤਿਉਹਾਰ ਬੜੀ ਧੂਮਧਾਮ ਅਤੇ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਕੰਨਿਆ ਪੂਜਨ ਕੀਤਾ ਗਿਆ ਅਤੇ ਬਾਅਦ ਵਿੱਚ ਕੰਨਿਆਂ ਨੂੰ ਭੋਜਨ ਕਰਵਾਇਆ ਗਿਆ।

ਇਸ ਤੋਂ ਉਪਰੰਤ ਮਾਂ ਦੁਰਗਾ ਅਤੇ ਮਾਤਾ ਸ਼ੀਤਲਾ ਮੰਦਰ ਵਿੱਚ ਭੰਡਾਰੇ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕੀਤੀ ਅਤੇ ਪ੍ਰਸਾਦ ਪ੍ਰਾਪਤ ਕੀਤਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਜੀਵ ਕੁਮਾਰ ਸ਼ਰਮਾ ਨੇ ਦੱਸਿਆ ਕਿ ਆਉਣ ਵਾਲੇ ਸਮੇਂ ਦੌਰਾਨ ਸੰਸਥਾ ਵੱਲੋਂ ਹਰ ਮਹੀਨੇ ਅਸਟਮੀ ਦਾ ਤਿਉਹਾਰ ਮੰਦਰ ਵਿੱਚ ਮਨਾਇਆ ਜਾਵੇਗਾ। ਇਸ ਦੇ ਨਾਲ ਹੀ ਮਾਤਾ ਸ਼ੀਤਲਾ ਮਾਤਾ ਦੁਰਗਾ ਅਤੇ ਸਮਾਜ ਭਲਾਈ ਸੰਸਥਾ ਲਹਿਲ ਵੱਲੋਂ ਭਵਿੱਖ ਵਿੱਚ ਵੱਖ-ਵੱਖ ਲੋਕ ਭਲਾਈ ਕਾਰਜ ਵੀ ਜਾਰੀ ਰੱਖੇ ਜਾਣਗੇ। ਅਤੇ ਸੰਸਥਾ ਦੀ ਨਵੀਂ ਬਾਡੀ ਜਲਦ ਹੀ ਬਣਾਈ ਜਾਵੇਗੀ ਉਹਨਾਂ ਨੌਜਵਾਨਾਂ ਨੂੰ ਅਹੁਦੇ ਦਿੱਤੇ ਜਾਣਗੇ ਜਿਹੜੇ ਧਾਰਮਿਕ ਦੇ ਨਾਲ ਨਾਲ ਸਮਾਜਿਕ ਕੰਮਾਂ ਵਿੱਚ ਦਿਲਚਸਪੀ ਰੱਖਣਗੇ। ਉਨ੍ਹਾਂ ਕਿਹਾ ਕਿ ਸੰਸਥਾ ਦਾ ਮੁੱਖ ਉਦੇਸ਼ ਧਾਰਮਿਕ ਤੇ ਸਮਾਜਿਕ ਸੇਵਾਵਾਂ ਰਾਹੀਂ ਲੋਕਾਂ ਵਿੱਚ ਸਹਿਯੋਗ ਅਤੇ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਹੈ।

# ਪੰਜਾਬ ਸਰਕਾਰ ਨੇ ਚਾਰ ਸਾਲਾਂ 'ਚ ਕ੍ਰਾਂਤੀਕਾਰੀ ਤਬਦੀਲੀ ਲਿਆਂਦੀ : ਵਿਧਾਇਕ ਸਿੱਧੂ



ਲੁਧਿਆਣਾ, 27 ਮਾਰਚ (ਵਿਸ਼ਾਲ ਸ਼ਰਮਾ): ਵਿਧਾਨ ਸਭਾ ਹਲਕਾ ਆਤਮ ਨਗਰ ਤੋਂ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਹਰ ਖੇਤਰ ਵਿੱਚ ਇਤਿਹਾਸਕ ਫੈਸਲੇ ਲੈ ਕੇ ਕ੍ਰਾਂਤੀਕਾਰੀ ਬਦਲਾਅ ਲਿਆਂਦੇ ਹਨ। 'ਆਪ' ਸਰਕਾਰ ਦੇ 4 ਸਾਲ ਪੂਰੇ ਹੋਣ 'ਤੇ ਚਲਾਈ ਜਾ ਰਹੀ ਮੁਹਿੰਮ 'ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ' ਤਹਿਤ ਸਥਾਨਕ ਵਾਰਡ ਨੰਬਰ 49 ਅਧੀਨ ਫੇਸ-1, ਦੁੱਗਰੀ ਵਿਖੇ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਸਿੱਧੂ ਨੇ ਕਿਹਾ ਕਿ ਸੂਬਾ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਕੇ ਦਿਖਾਇਆ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਸਿਹਤ, ਸਿੱਖਿਆ, ਰੋਜ਼ਗਾਰ, ਉਦਯੋਗਿਕ ਵਿਕਾਸ ਅਤੇ ਬੁਨਿਆਦੀ ਢਾਂਚੇ ਸਮੇਤ ਹੋਰ ਪ੍ਰਮੁੱਖ ਖੇਤਰਾਂ ਦੀ ਨੁਹਾਰ ਬਦਲ ਕੇ ਰੱਖ ਦਿੱਤੀ ਹੈ। ਇਸ ਮੌਕੇ ਬਲਾਕ ਪ੍ਰਧਾਨ ਮੁਕੇਸ਼ ਕੁਮਾਰ, ਬਲਜਿੰਦਰ ਸਿੰਘ, ਸਤਵੀਰ ਸਿੰਘ ਬਿੰਦਰਾ, ਬੌਬੀ, ਗੁਰਦਰਸ਼ਨ ਸਿੰਘ ਧਮੀਜਾ, ਜਤਿੰਦਰ ਸੇਵਕ, ਗੁਰਪ੍ਰੀਤ ਬਰਾੜ, ਪ੍ਰਦਾਨ ਬੈਨੀਪਾਲ, ਭੁਪਿੰਦਰ ਸੋਹਲ, ਦਵਿੰਦਰ ਸਿੰਘ, ਹਰਵਿੰਦਰ ਸਿੰਘ ਲੋਟੇ, ਵਰਿੰਦਰ ਸਿੰਘ ਬਾਜਵਾ, ਅਕਸ਼ੈ ਢੰਡਾ, ਜਤਿੰਦਰ ਧੁਨਾ, ਵਿਧਾਇਕ ਸਿੱਧੂ ਦੇ ਮੀਡੀਆ ਇੰਚਾਰਜ ਸੁਖਵਿੰਦਰ ਸਿੰਘ ਗਿੱਲ ਵੀ ਹਾਜ਼ਰ ਸਨ। ਬਾਅਦ ਵਿੱਚ, ਵਿਧਾਇਕ ਸਿੱਧੂ ਵਾਰਡ ਨੰਬਰ 40 ਅਧੀਨ ਸੰਧੂ ਡਾਕਟਰ ਲੇਨ, ਗਲੀ ਨੰਬਰ 3, ਨੇੜੇ ਮੁਹੱਲਾ ਕਲੀਨਿਕ, ਸ਼ਿਮਲਾਪੁਰੀ ਵਿਖੇ ਇਲਾਕਾ ਨਿਵਾਸੀਆਂ ਦੇ ਰੂ-ਬਰ ਹੋਏ ਤੇ ਪੰਜਾਬ ਸਰਕਾਰ ਦੇ ਪਿਛਲੇ ਚਾਰ ਸਾਲ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਇਆ। ਵਿਧਾਇਕ ਸਿੱਧੂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਚਾਰ ਸਾਲ ਪੂਰੇ ਹੋਣ 'ਤੇ ਵਿੱਢੀ ਸੂਬਾ ਪੱਧਰੀ ਜਨਤਕ ਮੁਹਿੰਮ 'ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ' ਤਹਿਤ 16,000 ਰੈਲੀਆਂ, ਜਨ ਸਭਾਵਾਂ ਅਤੇ ਨੁੱਕੜ ਮੀਟਿੰਗਾਂ ਰਾਹੀਂ ਸਰਕਾਰ ਦਾ ਰਿਪੋਰਟ ਕਾਰਡ ਸਿੱਧਾ ਲੋਕਾਂ ਤੱਕ ਪਹੁੰਚਾਇਆ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਇਸ ਮੁਹਿੰਮ ਤਹਿਤ ਕੈਬਨਿਟ ਮੰਤਰੀ ਸਹਿਬਾਨ, ਵਿਧਾਇਕ ਸਹਿਬਾਨ, ਚੇਅਰਮੈਨ, ਸਰਪੰਚ, ਪੰਚ, ਐੱਮ ਸੀ, ਜ਼ਿਲ੍ਹਾ ਪ੍ਰਧਾਨ ਅਤੇ ਪਾਰਟੀ ਵਾਲੰਟੀਅਰ ਸ਼ਾਮਲ ਹੋਣਗੇ, ਜੋ ਸਰਕਾਰ ਦਾ ਰਿਪੋਰਟ ਕਾਰਡ ਲੈ ਕੇ ਹਰ ਪਿੰਡ, ਗਲੀ ਅਤੇ ਘਰ-ਘਰ ਪਹੁੰਚਣਗੇ। ਇਸ ਦੌਰਾਨ ਬਲਾਕ ਪ੍ਰਧਾਨ ਵਿਪਨ ਸੇਠੀ, ਅਜਿੰਦਰ ਪਾਲ ਕੌਰ, ਰਜਿੰਦਰ ਸਿੰਘ ਸਰਹਾਲੀ, ਰੀਗਲ ਜਸਲ, ਲਾਲੀ ਸ਼ਰਮਾ, ਸਨੀ ਕੇਸਲਾ, ਜਸਵੀਰ ਜੱਸੀ, ਵਿਜੇ ਪਾਲ ਸਿੰਘ, ਹੈਪੀ, ਨੀਰੂ, ਮਨਜੀਤ ਕੌਰ, ਪਰਮਜੀਤ ਕੌਰ, ਨਰਿੰਦਰ ਕੌਰ ਵੀ ਸ਼ਾਮਲ ਸਨ।

# ਸਾਨੂੰ ਮਰਿਯਾਦਾ ਪ੍ਰਸ਼ੋਤਮ ਭਗਵਾਨ ਰਾਮ ਦੀਆਂ ਸਿਖਿਆਵਾਂ 'ਤੇ ਚੱਲਣ ਦੀ ਲੋੜ : ਲੱਖੀ ਰਾਮ



ਮੁੱਲਾਂਪੁਰ ਦਾਖਾ, 27 ਮਾਰਚ (ਦਵਿੰਦਰ ਸਿੰਘ ਲੰਮੇਂ) : ਸ਼੍ਰੀ ਮਹਾਂਵੀਰ ਡਰਾਮਾਟਿਕ ਬਾਲ ਕਲੱਬ ਦੇ ਡਾਇਰੈਕਟਰ ਲੱਖੀ ਰਾਮ ਨੇ ਰਾਮ ਨੌਮੀਂ ਦੇ ਪਵਿੱਤਰ ਦਿਹਾੜੇ ਮੌਕੇ ਕਿਹਾ ਕਿ ਇਹ ਤਿਉਹਾਰ ਹਿੰਦੂ ਧਰਮ ਦਾ ਇੱਕ ਪ੍ਰਮੁੱਖ ਤਿਉਹਾਰ ਹੈ ਅਤੇ ਇਹ ਤਿਉਹਾਰ ਭਗਵਾਨ ਵਿਸ਼ਨੂ ਦੇ ਸੱਤਵੇਂ ਅਵਤਾਰ ਮਰਯਾਦਾ ਪ੍ਰਸ਼ੋਤਮ ਭਗਵਾਨ ਰਾਮ ਦੇ ਜਨਮ ਦਿਵਸ ਨਾਲ ਸਬੰਧਿਤ ਹੈ। ਉਹਨਾਂ ਦੱਸਿਆ ਕਿ ਇਸ ਦਿਨ ਸ਼ਰਧਾਲੂ ਵਰਤ ਰੱਖਦੇ ਹਨ ਅਤੇ ਮੰਦਿਰਾ ਵਿੱਚ ਜਾਕੇ ਭਗਵਾਨ ਰਾਮ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਦੇ ਹਨ। ਡਾਇਰੈਕਟਰ ਲੱਖੀ ਰਾਮ ਨੇ ਕਿਹਾ ਕਿ ਸਾਨੂੰ ਭਗਵਾਨ ਰਾਮ ਦੀਆਂ ਸਿਖਿਆਵਾਂ 'ਤੇ ਚੱਲਣ ਦੀ ਲੋੜ ਹੈ ਤਾਂ ਜੋ ਕੱਲਯੁਗੀ ਜੀਵਨ ਦਾ ਅਧਾਰ ਹੋ ਸਕੇ । ਸ਼ਰਧਾਲੂ ਇਸ ਦਿਨ ਰਮਾਇਣ ਦਾ ਪਾਠ ਕਰਕੇ ਆਪਣਾ ਜੀਵਨ ਵੀ ਸਫਲਾ ਕਰਦੇ ਹਨ। ਇਸ ਮੌਕੇ ਸ਼੍ਰੀ ਮਹਾਂਵੀਰ ਡਰਾਮਾਟਿਕ ਬਾਲ ਕਲੱਬ ਵੱਲੋਂ ਕੜ੍ਹੀ ਚੌਲਾਂ ਦਾ ਲੰਗਰ ਲਗਾਇਆ ਗਿਆ ਅਤੇ ਪ੍ਰਬੰਧਕਾਂ ਨੇ ਰਾਹਗੀਰਾਂ ਨੂੰ ਬੜੇ ਅਦਬ ਸਤਿਕਾਰ ਨਾਲ ਲੰਗਰ ਛਕਾਇਆ। ਇਸ ਮੌਕੇ ਅਸ਼ੋਕ ਗੁਪਤਾ, ਰਾਕੇਸ਼ ਸਿੰਗਲਾ, ਸਨੀ ਸੇਠੀ, ਸ਼ੰਮੀ ਦਸਲਾਨਾ, ਸਤਬੀਰ ਭਾਟੀਆ ਅਤੇ ਅਮਰਜੀਤ ਕੁੱਕੂ ਆਦਿ ਹਾਜ਼ਰ ਸਨ।

# ਰਾਜ ਦੇ ਕਿਸਾਨ ਪੂਸਾ-44 ਅਤੇ ਹਾਇਬ੍ਰਿਡ ਝੋਨੇ ਦੀ ਕਾਸ਼ਤ ਨਾ ਕਰਕੇ PAU ਵੱਲੋਂ ਸਿਫ਼ਾਰਿਸ਼ ਕੀਤੀਆਂ ਕਿਸਮਾਂ ਦੀ ਹੀ ਬਿਜਾਈ ਕਰਨ : ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ



ਚੰਡੀਗੜ੍ਹ, 27 ਮਾਰਚ (ਚ.ਨ.ਸ.) : ਪੰਜਾਬ ਰਾਜ ਦੇ ਕਿਸਾਨਾਂ ਵੱਲੋਂ ਪਿਛਲੇ ਸਮੇਂ ਦੌਰਾਨ ਝੋਨੇ ਦੀ ਕਿਸਮ ਪੂਸਾ-44 ਅਤੇ ਵੱਖ ਵੱਖ ਹਾਇਬ੍ਰਿਡ ਝੋਨੇ ਦੀ ਕਾਸ਼ਤ ਕੀਤੀ ਜਾਂਦੀ ਸੀ, ਜੋ ਕਿ ਪੱਕਣ ਵਿੱਚ ਵੱਧ ਸਮਾਂ ਲੈਣ ਦੇ ਨਾਲ-ਨਾਲ ਪਾਣੀ ਦੀ ਵੀ ਖਪਤ ਵੀ ਵੱਧ ਕਰਦੀਆਂ ਸਨ। ਇਸ ਤੋਂ ਇਲਾਵਾ ਸਾਉਣੀ 2024 ਦੌਰਾਨ ਹਾਇਬ੍ਰਿਡ ਝੋਨੇ ਦੀ ਮਿਲਿੰਗ ਦੌਰਾਨ ਦਾਣੇ ਟੁੱਟਣ ਦੀ ਸਮੱਸਿਆ ਕਰਕੇ ਕਿਸਾਨਾਂ ਨੂੰ ਮੰਡੀਕਰਨ ਵਿੱਚ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪਿਆ ਸੀ।

ਇਸ ਸਬੰਧੀ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਸਮੇਂ ਸਮੇਂ ਤੇ ਪੱਤਰਾਂ ਰਾਹੀਂ ਭਾਰਤ ਸਰਕਾਰ ਨੂੰ ਵਿਸੇਸ ਧਿਆਨ ਦਿੰਦੇ ਹੋਏ ਝੋਨੇ ਦੀ ਕਿਸਮ ਪੂਸਾ -44 ਅਤੇ ਹਾਈਬ੍ਰਿਡ ਝੋਨੇ ਨੂੰ ਡੀਨੋਟੀਫਾਈ ਕਰਨ ਸਬੰਧੀ ਲਿਖਿਆ ਜਾਂਦਾ ਰਿਹਾ ਹੈ ਅਤੇ ਭਾਰਤ ਸਰਕਾਰ ਨਾਲ ਹੋਣ ਵਾਲੀਆਂ ਵੱਖ ਵੱਖ ਮੀਟਿੰਗਾਂ ਦੌਰਾਨ ਵੀ ਇਸ ਸਬੰਧੀ ਚਰਚਾ ਕੀਤੀ ਗਈ।ਇਸ ਉਪਰੰਤ ਪੰਜਾਬ ਰਾਜ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਵਿਸ਼ੇਸ਼ ਤੌਰ 'ਤੇ ਕੇਂਦਰੀ ਖੇਤੀਬਾੜੀ ਮੰਤਰੀ ਸ੍ਰੀ ਸ਼ਿਵਰਾਜ ਸਿੰਘ ਚੌਹਾਨ ਤੋਂ ਸਮਾਂ ਲੈ ਕੇ ਉਨ੍ਹਾਂ ਨਾਲ ਵਿਸ਼ੇਸ ਮੀਟਿੰਗਾਂ ਰਾਹੀਂ ਪੰਜਾਬ ਦੇ ਕਿਸਾਨਾਂ ਨੂੰ ਆਉਣ ਵਾਲੀਆਂ ਮੁਸ਼ਕਿਲਾਂ ਬਾਰੇ ਉਹਨਾਂ ਨੂੰ ਜਾਣੂ ਕਰਵਾਇਆ ਗਿਆ। ਜਿਸ ਦੇ ਨਤੀਜੇ ਵੱਜੋਂ ਭਾਰਤ ਸਰਕਾਰ ਵੱਲੋਂ ਮਿਤੀ 31.12.2025 ਅਨੁਸਾਰ ਬੀਜਾਂ ਸਬੰਧੀ ਲਾਗੂ ਐਕਟ 1966 ਦੇ ਸੈਕਸ਼ਨ 5 ਅਧੀਨ ਕੇਂਦਰੀ ਬੀਜ ਕਮੇਟੀ ਦੀ ਸਲਾਹ ਅਨੁਸਾਰ ਪੂਸਾ-44 ਕਿਸਮ ਨੂੰ ਡੀਨੋਟੀਫਾਈ ਕਰ ਦਿੱਤਾ ਗਿਆ। ਹਾਈਬ੍ਰਿਡ ਝੋਨੇ 'ਤੇ ਰੋਕ ਲਗਾਉਣ ਸਬੰਧੀ ਭਾਰਤ ਸਰਕਾਰ ਵੱਲੋਂ ਖੇਤੀਬਾੜੀ ਵਿਭਾਗ ਨੂੰ 19.02.2026 ਨੂੰ ਪੱਤਰ ਜਾਰੀ ਕਰਦੇ ਹੋਏ ਇਸ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਅਤੇ ਡਾਟਾ ਆਦਿ ਭੇਜਣ ਲਈ ਖੇਤੀਬਾੜੀ ਵਿਭਾਗ ਪੰਜਾਬ ਨੂੰ ਲਿਖਿਆ ਗਿਆ। ਖੇਤੀਬਾੜੀ ਅਤੇ ਕਿਸਾਨ ਭਲਾਈ ਪੰਜਾਬ ਵੱਲੋਂ ਭਾਰਤ ਸਰਕਾਰ ਨੂੰ ਮੰਗੀ ਗਈ ਸੂਚਨਾ ਸਮੇਤ ਵਿਸੇ ਨਾਲ ਸਬੰਧਤ ਲੋੜੀਂਦਾ ਡਾਟਾ ਮਿਤੀ 24.02.2026 ਨੂੰ ਭੇਜ ਦਿੱਤਾ ਗਿਆ ਹੈ ਅਤੇ ਇਹ ਦੱਸਣਯੋਗ ਹੈ ਕਿ ਹਾਈਬ੍ਰਿਡ ਝੋਨੇ ਨੂੰ ਡੀਨੋਟੀਫਾਈ ਕਰਾਉਣ ਸਬੰਧੀ ਕਾਰਵਾਈ ਪ੍ਰਗਤੀ ਅਧੀਨ ਹੈ ਅਤੇ ਇਸ ਸਬੰਧੀ ਕਾਨੂੰਨੀ ਕਾਰਵਾਈ ਵੀ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਇਸ ਸਬੰਧੀ ਖੇਤੀਬਾੜੀ ਮੰਤਰੀ ਪੰਜਾਬ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਜਲਦੀ ਹੀ ਸਮਾਂ ਲੈ ਕੇ ਕੇਂਦਰੀ ਖੇਤੀਬਾੜੀ ਮੰਤਰੀ ਸ੍ਰੀ ਸਿਵਰਾਜ ਸਿੰਘ ਚੌਹਾਨ ਨਾਲ ਇਸ ਵਿਸੇ ਤੇ ਦੁਬਾਰਾ ਮੀਟਿੰਗ ਕਰਨ ਲਈ ਸਮਾਂ ਮੰਗਿਆ ਗਿਆ ਹੈ। ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਡਾ.ਗੁਰਜੀਤ ਸਿੰਘ ਬਰਾੜ ਵੱਲੋਂ ਕਿਸਾਨਾਂ ਨੂੰ ਇਹ ਸਲਾਹ ਦਿੱਤੀ ਗਈ ਹੈ ਕਿ ਆ ਰਹੇ ਸਾਉਣੀ 2026 ਸੀਜਨ ਦੌਰਾਨ ਪੂਸਾ-44 ਅਤੇ ਹਾਇਬ੍ਰਿਡ ਝੋਨੇ ਦੀ ਕਾਸ਼ਤ ਕਰਨ ਵਿੱਚ ਆਉਣ ਵਾਲੀਆਂ ਸਮੱਸਿਆਵਾਂ ਜਿਵੇਂ ਕਿ ਵੱਧ ਪਾਣੀ ਦੀ ਲੋੜ, ਬਿਮਾਰੀਆਂ ਤੇ ਕੀੜੇ-ਮਕੌੜਿਆਂ ਦੇ ਹਮਲੇ ਨੂੰ ਧਿਆਨ ਵਿੱਚ ਰੱਖਦੇ ਹੋਏ, ਸੂਬੇ ਦੇ ਕਿਸਾਨ ਇਹ ਵਿਸ਼ੇਸ਼ ਧਿਆਨ ਦੇਣ ਕਿ ਉਹ ਇਹਨਾਂ ਦੀ ਕਾਸ਼ਤ ਤੋਂ ਗੁਰੇਜ ਕਰਨ ਤਾਂ ਜੋ ਕਿ ਵਾਢੀ ਉਪਰੰਤ ਮੰਡੀਕਰਨ ਵਿੱਚ ਆਉਣ ਵਾਲੀਆਂ ਸਮੱਸਿਆਵਾਂ ਅਤੇ ਕਿਸਾਨਾਂ ਨੂੰ ਆਰਥਿਕ ਨੁਕਸਾਨ ਦਾ ਸਾਹਮਣਾ ਨਾ ਕਰਨਾ ਪਵੇ। ਉਹਨਾਂ ਵੱਲੋਂ ਸੂਬੇ ਦੇ ਸੀਡ ਡੀਲਰਾਂ ਅਤੇ ਵਿਕ੍ਰੇਤਾਵਾਂ ਨੂੰ ਹਦਾਇਤ ਕੀਤੀ ਗਈ ਕਿ ਸਾਉਣੀ 2026 ਦੌਰਾਨ ਉਹ ਪੂਸਾ-44 ਅਤੇ ਹਾਇਬ੍ਰਿਡ ਝੋਨੇ ਦੇ ਬੀਜਾਂ ਦਾ ਸਟਾਕ ਰੱਖਣ ਤੋਂ ਗੁਰੇਜ ਕਰਨ। ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਵੱਲੋਂ ਕਿਸਾਨਾਂ ਨੂੰ ਸਿਰਫ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੀਆਂ ਸਿਫਾਰਸ਼ਾਂ ਅਨੁਸਾਰ ਸੂਬੇ ਲਈ ਜਾਰੀ ਕੀਤੀਆਂ ਗਈਆਂ ਤਸਦੀਕਸ਼ੁਦਾ ਕਿਸਮਾਂ ਦੀ ਬਿਜਾਈ ਕਰਨ ਦੀ ਸਲਾਹ ਦਿੱਤੀ ਹੈ।

## ਸੋਸ਼ਲ ਮੀਡੀਆ 'ਤੇ ਅਸਲੇ ਦੀ ਨੁਮਾਇਸ਼ ਪਈ ਮਹਿੰਗੀ: ਰਾਮਾ ਮੰਡੀ ਦੇ ਦੋ ਨੌਜਵਾਨਾਂ ਖ਼ਿਲਾਫ਼ ਪੁਲਿਸ ਕੇਸ ਦਰਜ

ਬਠਿੰਡਾ, 27 ਮਾਰਚ (ਦੀਪਕ ਸ਼ਰਮਾ): ਨੌਜਵਾਨਾਂ ਵਿੱਚ ਸੋਸ਼ਲ ਮੀਡੀਆ 'ਤੇ ਹਥਿਆਰਾਂ ਨਾਲ ਤਸਵੀਰਾਂ ਸਾਂਝੀਆਂ ਕਰਕੇ ਫੋਕੀ ਸ਼ੋਹਰਤ ਖੱਟਣ ਅਤੇ ਅਸਲੇ ਦੀ ਨੁਮਾਇਸ਼ ਕਰਨ ਦਾ ਰੁਝਾਨ ਬੇਹੱਦ ਤੇਜ਼ੀ ਨਾਲ ਵੱਧ ਰਿਹਾ ਹੈ। ਪ੍ਰਸ਼ਾਸਨ ਅਤੇ ਪੁਲਿਸ ਵੱਲੋਂ ਵਾਰ-ਵਾਰ ਦਿੱਤੀਆਂ ਚੇਤਾਵਨੀਆਂ ਦੇ ਬਾਵਜੂਦ ਇਹ ਖ਼ਤਰਨਾਕ ਰੁਝਾਨ ਰੁਕਣ ਦਾ ਨਾਮ ਨਹੀਂ ਲੈ ਰਿਹਾ। ਹਾਲਾਂਕਿ ਪੁਲਿਸ ਵੱਲੋਂ ਇਸ ਸਬੰਧੀ ਸਖ਼ਤ ਰੁਖ਼ ਅਖ਼ਤਿਆਰ ਕਰਦਿਆਂ ਕਈ ਮਾਮਲੇ ਦਰਜ ਕੀਤੇ ਗਏ ਹਨ ਅਤੇ ਨੌਜਵਾਨਾਂ ਨੂੰ ਗ੍ਰਿਫ਼ਤਾਰ ਵੀ ਕੀਤਾ ਗਿਆ ਹੈ, ਪਰ ਫਿਰ ਵੀ ਕੁਝ ਲੋਕ ਕਾਨੂੰਨ ਦੀਆਂ ਧੱਜੀਆਂ ਉਡਾਉਣ ਤੋਂ ਬਾਜ਼ ਨਹੀਂ ਆ ਰਹੇ। ਤਾਜ਼ਾ ਮਾਮਲੇ ਵਿੱਚ ਥਾਣਾ ਰਾਮਾ ਮੰਡੀ ਦੀ ਪੁਲਿਸ ਨੇ ਸੋਸ਼ਲ ਮੀਡੀਆ 'ਤੇ ਹਥਿਆਰਾਂ ਨਾਲ ਤਸਵੀਰਾਂ ਅਪਲੋਡ ਕਰਨ ਵਾਲੇ ਦੋ ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤਾ ਹੈ।ਪੁਲਿਸ ਨੇ ਇਹ ਕਾਰਵਾਈ ਡਾਇਰੈਕਟਰ ਜਨਰਲ ਆਫ਼ ਪੁਲਿਸ (ਕਾਊਂਟਰ ਇੰਟੈਲੀਜੈਂਸ), ਐੱਸ.ਏ.ਐੱਸ. ਨਗਰ ਮੋਹਾਲੀ ਦੇ ਦਫ਼ਤਰ ਤੋਂ ਪ੍ਰਾਪਤ ਪੱਤਰ ਦੇ ਆਧਾਰ 'ਤੇ ਕੀਤੀ ਹੈ। ਦਰਜ ਮਾਮਲੇ ਅਨੁਸਾਰ ਚਿਤਵੰਤ ਸਿੰਘ ਅਤੇ ਰੇਸ਼ਮ ਸਿੰਘ ਵਾਸੀ ਰਾਮਾ ਮੰਡੀ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟਸ 'ਤੇ ਆਪਣੀ ਸਕਾਰਪੀਓ ਗੱਡੀ ਦੇ ਨਾਲ ਰਾਈਫਲ ਅਤੇ ਪਿਸਤੌਲ ਫੜ ਕੇ ਖਿਚਵਾਈਆਂ ਤਸਵੀਰਾਂ ਅਪਲੋਡ ਕੀਤੀਆਂ ਸਨ।ਪੁਲਿਸ ਮੁਤਾਬਕ ਮੁਲਜ਼ਮਾਂ ਨੇ ਜਿੱਥੇ ਪੰਜਾਬ ਸਰਕਾਰ ਵੱਲੋਂ ਹਥਿਆਰਾਂ ਦੀ ਜਨਤਕ ਨੁਮਾਇਸ਼ 'ਤੇ ਲਗਾਈ ਪਾਬੰਦੀ ਦੇ ਹੁਕਮਾਂ ਦੀ ਉਲੰਘਣਾ ਕੀਤੀ ਹੈ, ਉੱਥੇ ਹੀ ਅਜਿਹੀਆਂ ਪੋਸਟਾਂ ਨਾਲ ਸਮਾਜਿਕ ਮਾਹੌਲ ਖ਼ਰਾਬ ਹੋਣ ਦਾ ਖ਼ਦਸ਼ਾ ਵੀ ਬਣਿਆ ਰਹਿੰਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਰਾਮਾ ਮੰਡੀ ਦੇ ਸਹਾਇਕ ਥਾਣੇਦਾਰ ਇਕਬਾਲ ਸਿੰਘ ਨੇ ਦੱਸਿਆ ਕਿ ਦੋਵਾਂ ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਉਨ੍ਹਾਂ ਦੀ ਭਾਲ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਅਜਿਹੇ ਗੈਰ-ਕਾਨੂੰਨੀ ਕੰਮਾਂ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਤਹਿਤ ਸ੍ਰੀ ਮੁਕਤਸਰ ਸਾਹਿਬ ਪੁਲਿਸ ਨੇ ਜ਼ਿਲ੍ਹਾ ਭਰ ਵਿੱਚ ਕੀਤੀ ਸਖ਼ਤ ਚੈਕਿੰਗ।

ਸ੍ਰੀ ਮੁਕਤਸਰ ਸਾਹਿਬ, 27 ਮਾਰਚ (ਐਚ ਐਸ ਕਪੂਰ): ਪੰਜਾਬ ਸਰਕਾਰ ਅਤੇ ਡੀ.ਜੀ.ਪੀ ਪੰਜਾਬ ਵੱਲੋਂ ਗੈਂਗਸਟਰਾਂ ਅਤੇ ਅਪਰਾਧਕ ਤੱਤਾਂ ਖ਼ਿਲਾਫ਼ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ 'ਗੈਂਗਸਟਰਾਂ ਤੇ ਵਾਰ'ਤਹਿਤ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਜ਼ਿਲ੍ਹਾ ਅੰਦਰ ਅਮਨ-ਕਾਨੂੰਨ ਦੀ ਸਥਿਤੀ ਮਜ਼ਬੂਤ ਬਣਾਈ ਰੱਖਣ ਲਈ ਸਪੈਸ਼ਲ ਨਾਕਾਬੰਦੀ ਅਤੇ ਸਰਚ ਅਭਿਆਨ ਚਲਾਇਆ ਗਿਆ।ਇਸ ਮੁਹਿੰਮ ਦੀ ਅਗਵਾਈ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਮੰਨਿਊ ਰਾਣਾ (ਆਈ.ਪੀ.ਐਸ) ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਕੀਤੀ ਗਈ, ਜਿਸਦਾ ਮੁੱਖ ਉਦੇਸ਼ ਸ਼ਰਾਰਤੀ ਅਨਸਰਾਂ, ਗੈਂਗਸਟਰਾਂ, ਨਸ਼ਾ ਤਸਕਰਾਂ ਅਤੇ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਤੱਤਾਂ 'ਤੇ ਸਖ਼ਤ ਨਜ਼ਰ ਰੱਖਣਾ ਸੀ।**ਜ਼ਿਲ੍ਹਾ ਭਰ 'ਚ ਸਪੈਸ਼ਲ ਸਰਚ ਅਭਿਆਨ**ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਜ਼ਿਲ੍ਹਾ ਭਰ ਵਿੱਚ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਇੱਕ ਵਿਸ਼ੇਸ਼ ਸਰਚ ਅਭਿਆਨ ਚਲਾਇਆ ਗਿਆ। ਇਸ ਦੌਰਾਨ ਜ਼ਿਲ੍ਹੇ ਦੇ ਚਾਰੇ ਸਬ-ਡਿਵੀਜ਼ਨਾਂ ਵਿੱਚ ਕੁੱਲ 24 ਨਾਕੇ ਲਗਾ ਕੇ ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਗਹਿਰੀ ਚੈਕਿੰਗ ਕੀਤੀ ਗਈ।ਨਾਕਾਬੰਦੀ ਅਤੇ ਤਲਾਸ਼ੀ ਦੀ ਵਿਸਥਾਰਿਤ ਜਾਣਕਾਰੀ ਜ਼ਿਲ੍ਹੇ ਦੇ ਚਾਰੇ ਸਬ-ਡਿਵੀਜ਼ਨ ਸ੍ਰੀ ਮੁਕਤਸਰ ਸਾਹਿਬ, ਗਿੱਦੜਬਾਹਾ, ਮਲੋਟ ਅਤੇ ਲੰਬੀ ਵਿੱਚ ਨਾਕਾਬੰਦੀ



ਕੀਤੀ ਗਈ।ਜ਼ਿਲ੍ਹਾ ਪੁਲਿਸ ਦੀਆਂ ਵਿਸ਼ੇਸ਼ ਟੀਮਾਂ ਵੱਲੋਂ ਅਚਾਨਕ, ਸਰਚ ਅਭਿਆਨ ਚਲਾਇਆ ਗਿਆ।ਕੁੱਲ 200 ਦੇ ਕਰੀਬ ਪੁਲਿਸ ਅਧਿਕਾਰੀ ਅਤੇ ਕਰਮਚਾਰੀ ਡਿਊਟੀ 'ਤੇ ਤਾਇਨਾਤ ਰਹੇ।**ਸੀਨੀਅਰ ਅਧਿਕਾਰੀਆਂ ਵੱਲੋਂ ਨਿਗਰਾਨੀ**ਇਸ ਸਪੈਸ਼ਲ ਆਪਰੇਸ਼ਨ ਦੀ ਸੁਪਰਵਿਜ਼ਨ ਐਸ.ਪੀ(ਡੀ) ਸ੍ਰੀ ਮਨਮੀਤ ਸਿੰਘ ਢਿੱਲੋਂ, ਅਤੇ ਸਬੰਧਤ ਸਬ-ਡਿਵੀਜ਼ਨਾਂ ਦੇ ਡੀ.ਐਸ.ਪੀਜ਼ ਸ੍ਰੀ ਬਚਨ ਸਿੰਘ ਡੀ.ਐਸ.ਪੀ (ਸ੍ਰੀ ਮੁਕਤਸਰ ਸਾਹਿਬ), ਸ੍ਰੀ ਅਰਨ ਮੁੰਡਨ ਡੀ.ਐਸ.ਪੀ (ਗਿੱਦੜਬਾਹਾ), ਸ੍ਰੀ ਨਵੀਨ ਪਾਲ ਸਿੰਘ ਡੀ.ਐਸ.ਪੀ (ਮਲੋਟ) ਅਤੇ ਸ੍ਰੀ ਹਰਬੰਸ ਸਿੰਘ ਡੀ.ਐਸ.ਪੀ (ਲੰਬੀ) ਵੱਲੋਂ ਕੀਤੀ ਗਈ, ਤਾਂ ਜੋ ਨਾਕਾਬੰਦੀ ਅਤੇ ਚੈਕਿੰਗ ਦੌਰਾਨ ਹਰ ਪੱਧਰ 'ਤੇ ਪੂਰੀ ਸਖ਼ਤੀ ਬਣੀ ਰਹੇ।**ਆਧੁਨਿਕ ਤਕਨੀਕ ਦੀ ਵਰਤੋਂ**PAIS ਐਪ ਰਾਹੀਂ ਸ਼ੱਕੀ ਵਿਅਕਤੀਆਂ ਦੀ ਪਛਾਣ ਅਤੇ ਵੈਰੀਫਿਕੇਸ਼ਨ ਕੀਤੀ ਗਈ।ਵਾਹਨ ਐਪ ਦੀ ਮਦਦ ਨਾਲ ਵਾਹਨਾਂ ਦੀ ਜਾਂਚ ਕੀਤੀ ਗਈ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕੋਈ ਵੀ ਵਾਹਨ ਚੋਰੀਸ਼ੁਦਾ ਜਾਂ ਕਿਸੇ ਅਪਰਾਧਕ ਗਤੀਵਿਧੀ ਵਿੱਚ ਸ਼ਾਮਲ ਨਾ ਹੋਵੇ।ਇਸ ਮੌਕੇ ਐਸ.ਪੀ(ਡੀ) ਸ੍ਰੀ ਮਨਮੀਤ ਸਿੰਘ ਢਿੱਲੋਂ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਜ਼ਿਲ੍ਹਾ ਅੰਦਰ ਸਿਟੀ ਨੂੰ ਪੂਰਾ ਸੀਲ ਕਰਕੇ ਹਰ ਇੱਕ ਵੀਕਲ ਦੀ ਪੂਰੀ ਤਰ੍ਹਾਂ ਜਾਂਚ ਕੀਤੀ ਜਾ ਰਹੀ ਹੈ ਅਤੇ ਨਾਕਿਆਂ ਦੀ ਕੜੀ ਚੈਕਿੰਗ ਕੀਤੀ ਜਾ ਰਹੀ ਹੈ। ਸ਼ੱਕੀ ਵਿਅਕਤੀਆਂ ਅਤੇ ਸ਼ੱਕੀ ਪੁਰਸ਼ਾਂ ਦੇ ਆਉਣ-ਜਾਣ 'ਤੇ ਵਿਸ਼ੇਸ਼ ਨਿਗਰਾਨੀ ਰੱਖੀ ਜਾ ਰਹੀ ਹੈ।ਇਸ ਤੋਂ ਇਲਾਵਾ, ਹਰ ਵਾਹਨ ਦੀ ਡੀਟੇਲ ਚੈੱਕ ਕਰਕੇ ਡਰਾਈਵਰਾਂ ਦੀ ਪਛਾਣ ਪੱਕੀ ਕੀਤੀ ਜਾ ਰਹੀ ਹੈ ਅਤੇ ਜ਼ਰੂਰੀ ਦਸਤਾਵੇਜ਼ਾਂ ਦੀ ਜਾਂਚ ਕੀਤੀ ਜਾ ਰਹੀ ਹੈ।ਪੁਲਿਸ ਟੀਮਾਂ ਵੱਲੋਂ ਨਾਕਿਆਂ 'ਤੇ ਆਧੁਨਿਕ ਉਪਕਰਣਾਂ ਦੀ ਵਰਤੋਂ ਕਰਦੇ ਹੋਏ ਸੰਦੇਹੀ ਸਮਾਨ ਦੀ ਤਲਾਸ਼ੀ ਲਈ ਜਾ ਰਹੀ ਹੈ।ਕਿਸੇ ਵੀ ਕਿਸਮ ਦੀ ਗੈਰਕਾਨੂੰਨੀ ਗਤੀਵਿਧੀ ਨੂੰ ਰੋਕਣ ਲਈ ਦਿਨ-ਰਾਤ ਮੁਹਿੰਮ ਜਾਰੀ ਰੱਖੀ ਗਈ ਹੈ।**ਐਸ.ਐਸ.ਪੀ ਦਾ ਸੰਦੇਸ਼**ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਮੰਨਿਊ ਰਾਣਾ ਨੇ ਕਿਹਾ ਕਿ ਸ੍ਰੀ ਮੁਕਤਸਰ ਸਾਹਿਬ ਪੁਲਿਸ ਜ਼ਿਲ੍ਹੇ ਦੀ ਸ਼ਾਂਤੀ, ਸੁਰੱਖਿਆ ਅਤੇ ਕਾਨੂੰਨ-ਵਿਵਸਥਾ ਨੂੰ ਹਰ ਕੀਮਤ 'ਤੇ ਬਰਕਰਾਰ ਰੱਖਣ ਲਈ ਵਚਨਬੱਧ ਹੈ। ਇਹ ਵਿਸ਼ੇਸ਼ ਸਰਚ ਅਭਿਆਨ ਅਪਰਾਧਕ ਗਤੀਵਿਧੀਆਂ 'ਤੇ ਨਕੇਲ ਕੱਸਣ ਅਤੇ ਸ਼ਰਾਰਤੀ ਅਨਸਰਾਂ ਦੀ ਸਰਗਰਮੀ 'ਤੇ ਨਿਗਰਾਨੀ ਲਈ ਚਲਾਇਆ ਗਿਆ ਹੈ।ਉਨ੍ਹਾਂ ਸਪਸ਼ਟ ਕੀਤਾ ਕਿ ਜ਼ਿਲ੍ਹੇ ਵਿੱਚ ਗੈਂਗਸਟਰਾਂ, ਨਸ਼ਾ ਤਸਕਰਾਂ ਅਤੇ ਕਿਸੇ ਵੀ ਤਰ੍ਹਾਂ ਦੀ ਅਪਰਾਧਕ ਸਰਗਰਮੀ ਲਈ ਕੋਈ ਥਾਂ ਨਹੀਂ ਹੈ ਅਤੇ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਨਿਰੰਤਰ ਜਾਰੀ ਰਹੇਗੀ।**ਪੁਲਿਸ ਵੱਲੋਂ ਲੋਕਾਂ ਨੂੰ ਅਪੀਲ**ਆਪਣੇ ਇਲਾਕੇ ਵਿੱਚ ਕਿਸੇ ਵੀ ਸ਼ੱਕੀ ਗਤੀਵਿਧੀ ਬਾਰੇ ਤੁਰੰਤ ਪੁਲਿਸ ਨੂੰ ਸੂਚਿਤ ਕਰੋ।ਕਾਨੂੰਨ ਦੀ ਪਾਲਣਾ ਕਰੋ ਅਤੇ ਸ਼ਾਂਤੀ ਬਣਾਈ ਰੱਖਣ ਵਿੱਚ ਪੁਲਿਸ ਦਾ ਸਹਿਯੋਗ ਕਰੋ।ਨਸ਼ਿਆਂ ਤੋਂ ਦੂਰ ਰਹੋ ਅਤੇ ਨਸ਼ਾ ਤਸਕਰੀ ਖ਼ਿਲਾਫ਼ ਮੁਹਿੰਮ ਵਿੱਚ ਪੁਲਿਸ ਦਾ ਸਾਥ ਦਿਓ।

## ਕੇਂਦਰ ਨੇ ਤੇਲ 'ਤੇ ਐਕਸਾਈਜ਼ ਡਿਊਟੀ ਘਟਾ ਕੇ ਆਮ ਲੋਕਾਂ ਨੂੰ ਦਿੱਤੀ ਵੱਡੀ ਰਾਹਤ : ਗੁਰਪ੍ਰੀਤ ਮਲੂਕਾ



ਭਗਤਾ ਭਾਈ ਕਾ, 27 ਮਾਰਚ (ਸਵਰਨ ਸਿੰਘ ਭਗਤਾ): ਕੇਂਦਰ ਸਰਕਾਰ ਵੱਲੋਂ ਪੈਟਰੋਲ ਅਤੇ ਡੀਜ਼ਲ 'ਤੇ ਐਕਸਾਈਜ਼ ਡਿਊਟੀ ਘਟਾਉਣ ਦੇ ਫੈਸਲੇ ਦਾ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਬਠਿੰਡਾ ਦਿਹਾਤੀ ਗੁਰਪ੍ਰੀਤ ਸਿੰਘ ਮਲੂਕਾ ਅਤੇ ਸਮੁੱਚੀ ਜਥੇਬੰਦੀ ਨੇ ਸਵਾਗਤ ਕੀਤਾ। ਗੁਰਪ੍ਰੀਤ ਸਿੰਘ ਮਲੂਕਾ ਨੇ ਕਿਹਾ ਕੇ ਅਮਰੀਕਾ ਇਜ਼ਰਾਇਲ ਤੇ ਈਰਾਨ ਅਤੇ ਉਸਦੇ ਨਾਲ ਖਾੜੀ ਦੇਸ਼ਾਂ ਦੇ ਪ੍ਰਭਾਵਿਤ ਹੋਣ ਨਾਲ ਪੂਰੀ ਦੁਨੀਆਂ 'ਚ ਤੇਲ ਡੀਜ਼ਲ ਅਤੇ ਗੈਸ ਦਾ ਸੰਕਟ ਖੜ੍ਹਾ ਹੋ ਗਿਆ ਹੈ। ਅੰਤਰਰਾਸ਼ਟਰੀ ਪੱਧਰ 'ਤੇ ਕੱਚੇ ਤੇਲ ਦੀਆਂ ਕੀਮਤਾਂ 'ਚ ਭਾਰੀ ਵਾਧਾ ਹੋਇਆ ਹੈ। ਪੱਛਮੀ ਏਸ਼ੀਆ 'ਚ ਤਣਾਅ ਕਾਰਨ ਕੱਚਾ ਤੇਲ 70 ਡਾਲਰ ਪ੍ਰਤੀ ਬੇਰਲ ਤੋਂ 122 ਡਾਲਰ ਪ੍ਰਤੀ ਬੇਰਲ ਤੱਕ ਪਹੁੰਚ ਗਿਆ। ਇਸ ਤੋਂ ਇਲਾਵਾ ਸਪਲਾਈ ਰੁਕਣ ਜਾਂ ਸੀਮਤ ਹੋਣ ਨਾਲ ਆਮ ਦੇਸ਼ਾਂ ਦੇ ਨਾਲ ਵਿਕਸਤ ਸ਼ੀਲ ਅਤੇ ਵਿਕਸਤ ਦੇਸ਼ਾਂ 'ਚ ਤੇਲ ਦੀਆਂ ਕੀਮਤਾਂ 'ਚ ਭਾਰੀ ਵਾਧਾ ਹੋ ਰਿਹਾ ਹੈ।ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਸਥਿਰ ਰੱਖਣ ਵਾਲਾ ਇਕਲੌਤਾ ਦੇਸ਼ ਹੈ।ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ 'ਚ ਪੈਟਰੋਲੀਅਮ ਮੰਤਰੀ ਨੇ ਪੈਟਰੋਲ 'ਤੇ 13 ਰੁਪਏ ਤੋਂ 3 ਰੁਪਏ ਕਰ ਕੇ 10 ਪ੍ਰਤੀ ਲਿਟਰ ਅਤੇ ਡੀਜ਼ਲ ਤੇ ਐਕਸਾਇਜ ਡਿਊਟੀ ਜ਼ੀਰੋ ਕਰਕੇ ਆਮ ਲੋਕਾਂ ਦੀ ਜੇਬ 'ਤੇ ਕਰੋੜਾਂ ਦਾ ਭਾਰ ਪੈਣ ਤੋਂ ਬਚਾ ਲਿਆ। ਕੇਂਦਰ ਸਰਕਾਰ ਦੇ ਇਸ ਫੈਸਲੇ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ।ਮਲੂਕਾ ਨੇ ਕਿਹਾ ਕਿ ਸਰਕਾਰ ਦੇ ਇਸ ਫੈਸਲੇ ਨਾਲ ਬੇਸ਼ੱਕ ਸਰਕਾਰੀ ਖਜਾਨੇ ਅਸਰ ਪਵੇਗਾ, ਪਰ ਪ੍ਰਧਾਨ ਮੰਤਰੀ ਮੋਦੀ ਨੇ ਜਨਤਕ ਭਲਾਈ ਨੂੰ ਹੀ ਪਹਿਲ ਦਿੱਤੀ, ਦੇਸ਼ ਚ ਤੇਲ ਅਤੇ ਗੈਸ ਦੇ ਲੋੜ ਤੋਂ ਵੱਧ ਭੰਡਾਰ ਮੌਜੂਦ ਹੈ, ਤੇ ਖਾੜੀ ਦੇਸ਼ਾਂ ਨਾਲ ਗੂੜ੍ਹੇ ਸੰਬੰਧ ਹੋਣ ਨਾਤੇ ਭਾਰਤ ਚ ਤੇਲ ਤੇ ਗੈਸ ਦੀ ਸਪਲਾਈ ਵੀ ਨਿਰਵਿਘਨ ਜਾਰੀ ਹੈ ਜੋ ਭਾਰਤ ਦੇ ਕੁਸ਼ਲ ਨੇਤ੍ਰਿਤਵ ਅਤੇ ਵਿਦੇਸ਼ ਨੀਤੀ 'ਤੇ ਮੋਹਰ ਲਾਉਂਦੀ ਹੈ ਤੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਨਹੀਂ ਆਵੇਗੀ।ਮਲੂਕਾ ਨੇ ਕਿਹਾ ਕੇ ਵਿਰੋਧੀ ਧਿਰ ਕੋਈ ਠੋਸ ਮੁੱਦਾ ਨਾ ਹੋਣ ਕਾਰਨ ਲੋਕਾਂ ਨੂੰ ਗੈਸ ਦੀ ਕਮੀ 'ਤੇ ਵਿਦੇਸ਼ ਨੀਤੀ ਤੇ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ।ਇਸ ਮੌਕੇ ਜ਼ਿਲ੍ਹਾ ਜਰਨਲ ਸਕੱਤਰ ਮੇਜਰ ਸਿੰਘ ਬਰਾੜ, ਕਮਰਪਾਲ ਭੁੱਲਰ, ਚੰਦਨ ਕਾਂਤ ,ਕਿਸਾਨ ਵਿੰਗ ਪ੍ਰਧਾਨ ਬੂਟਾ ਭਾਈਰੂਪਾ, ਐਸ ਸੀ ਮੋਰਚਾ ਪ੍ਰਧਾਨ ਸਵਰਨ ਸਿੰਘ, ਮਹਿਲਾ ਵਿੰਗ ਪ੍ਰਧਾਨ ਸੁੱਖਵਿੰਦਰ ਕੌਰ ਸ਼ੇਰਗੜ, ਯੁਵਾ ਮੋਰਚਾ ਪ੍ਰਧਾਨ ਜਸਪ੍ਰੀਤ ਸਿੰਘ ਜੱਸਾ ਭੁੱਚੋ, ਓ ਬੀ ਸੀ ਮੋਰਚਾ ਪ੍ਰਧਾਨ ਗੋਰਾ ਸੋਨੀ, ਘੱਟ ਗਿਣਤੀ ਮੋਰਚਾ ਭਾਰਤ ਭੂਸ਼ਨ ਜੈਨ ,ਜ਼ਿਲ੍ਹਾ ਸਕੱਤਰ ਅਮਨ ਚੱਠਾ ਮੀਡੀਆ ਕੰਨਵੀਨਰ ਰਤਨ ਸ਼ਰਮਾ ਮਲੂਕਾ ਨੇ ਵੀ ਕੇਂਦਰ ਸਰਕਾਰ ਦੇ ਫੈਸਲੇ ਦਾ ਸਵਾਗਤ ਕੀਤਾ।

## ਮਾਨ ਸਰਕਾਰ ਦੇ 10 ਲੱਖ ਵਾਲੇ ਸਿਹਤ ਕਾਰਡ ਨਾਲ ਹੋਈ ਲੋਕਾਂ ਦੀ ਸਿਹਤ ਸੁਰੱਖਿਆ ਦੀ ਗਰੰਟੀ: ਡਾ. ਮਿੰਕੂ ਜਵੰਧਾ



ਸੰਗਰੂਰ, 27 ਮਾਰਚ (ਹਰਕੰਵਲ ਸਿੰਘ ਹੈਪੀ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਮਿਆਰੀ ਅਤੇ ਮੁਫ਼ਤ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਮਕਸਦ ਨਾਲ ਚਲਾਈਆਂ ਜਾ ਰਹੀਆਂ ਯੋਜਨਾਵਾਂ ਆਮ ਲੋਕਾਂ ਲਈ ਵਰਦਾਨ ਸਾਬਤ ਹੋ ਰਹੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾਕਟਰ ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਚੇਅਰਮੈਨ ਜਵੰਧਾ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਜਾਰੀ ਕੀਤੇ ਗਏ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਵਾਲੇ ਸਿਹਤ ਕਾਰਡ ਸੂਬੇ ਦੇ ਹਰ ਵਰਗ ਲਈ ਸਿਹਤ ਸੁਰੱਖਿਆ ਦੀ ਇੱਕ ਮਜ਼ਬੂਤ ਗਰੰਟੀ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਨੂੰ ਗੰਭੀਰ ਬਿਮਾਰੀਆਂ ਦੇ ਇਲਾਜ ਲਈ ਆਪਣੀ ਜਮ੍ਹਾਂ ਪੂੰਜੀ ਖਰਚਣੀ ਪੈਂਦੀ ਸੀ ਜਾਂ ਕਰਜ਼ੇ ਚੁੱਕਣੇ ਪੈਂਦੇ ਸਨ, ਪਰ ਹੁਣ ਮਾਨ ਸਰਕਾਰ ਨੇ ਇਹ ਚਿੰਤਾ ਦੂਰ ਕਰ ਦਿੱਤੀ ਹੈ। ਇਸ ਯੋਜਨਾ ਤਹਿਤ ਸੂਚੀਬੱਧ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਲੋਕ ਬਿਨਾਂ ਕਿਸੇ ਖਰਚੇ ਦੇ ਮਿਆਰੀ ਇਲਾਜ ਕਰਵਾ ਸਕਦੇ ਹਨ।ਡਾ. ਮਿੰਕੂ ਜਵੰਧਾ ਨੇ ਦੱਸਿਆ ਕਿ ਕੋਈ ਵੀ ਯੋਗ ਲਾਭਪਾਤਰੀ ਇਸ ਸਕੀਮ ਤੋਂ ਵਾਂਝਾ ਨਾ ਰਹੇ, ਇਸ ਲਈ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰੀ ਵਾਰਡਾਂ ਵਿੱਚ ਵਿਸ਼ੇਸ਼ ਕੈਂਪ ਲਗਾ ਕੇ ਸਿਹਤ ਕਾਰਡ ਬਣਾਉਣ ਦਾ ਕੰਮ ਜੰਗੀ ਪੱਧਰ 'ਤੇ ਚੱਲ ਰਿਹਾ ਹੈ। ਇਨ੍ਹਾਂ ਕੈਂਪਾਂ ਵਿੱਚ ਮੌਕੇ 'ਤੇ ਹੀ ਰਜਿਸਟ੍ਰੇਸ਼ਨ ਕੀਤੀ ਜਾ ਰਹੀ ਹੈ ਤਾਂ ਜੋ ਲੋਕਾਂ ਨੂੰ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਜਲਦ ਤੋਂ ਜਲਦ ਆਪਣਾ ਤੇ ਆਪਣੇ ਪਰਿਵਾਰ ਦਾ ਸਿਹਤ ਕਾਰਡ ਬਣਵਾਉਣ।ਉਨ੍ਹਾਂ ਅੱਗੇ ਕਿਹਾ ਕਿ ਆਮ ਆਦਮੀ ਕਲੀਨਿਕਾਂ ਦੀ ਸਫਲਤਾ ਤੋਂ ਬਾਅਦ ਹੁਣ ਇਹ ਵੱਡੇ ਬੀਮਾ ਕਾਰਡ ਸਿਹਤ ਖੇਤਰ ਵਿੱਚ ਇੱਕ ਵੱਡਾ ਇਨਕਲਾਬੀ ਕਦਮ ਹਨ। ਸਰਕਾਰ ਦਾ ਮੁੱਖ ਟੀਚਾ ਹਰ ਨਾਗਰਿਕ ਨੂੰ ਸਿਹਤਮੰਦ ਰੱਖਣਾ ਅਤੇ ਬਿਮਾਰੀ ਦੀ ਸੂਰਤ ਵਿੱਚ ਉਨ੍ਹਾਂ ਦੀ ਆਰਥਿਕ ਲੁੱਟ ਨੂੰ ਰੋਕਣਾ ਹੈ। ਚੇਅਰਮੈਨ ਨੇ ਪਿੰਡਾਂ ਦੇ ਸਰਪੰਚਾਂ ਅਤੇ ਮੋਹਤਬਰਾਂ ਨੂੰ ਵੀ ਬੇਨਤੀ ਕੀਤੀ ਕਿ ਉਹ ਆਪੋ-ਆਪਣੇ ਇਲਾਕਿਆਂ ਵਿੱਚ ਲੋਕਾਂ ਨੂੰ ਇਸ ਯੋਜਨਾ ਬਾਰੇ ਜਾਗਰੂਕ ਕਰਨ।ਇਸ ਮੌਕੇ ਉਨ੍ਹਾਂ ਦੇ ਨਾਲ ਪਾਰਟੀ ਦੇ ਹੋਰ ਸੀਨੀਅਰ ਆਗੂ ਅਤੇ ਵਰਕਰ ਵੀ ਮੌਜੂਦ ਸਨ, ਜਿਨ੍ਹਾਂ ਨੇ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਦੀ ਸ਼ਲਾਘਾ ਕੀਤੀ।

## ਮਲੋਟ ਵਿੱਚ ਗੈਰਕਾਨੂੰਨੀ ਨਸ਼ਾ ਛੁਡਾਊ ਕੇਂਦਰ ਦਾ ਪਰਦਾਫਾਸ਼, 70 ਤੋਂ ਵੱਧ ਨੌਜਵਾਨ ਰੈਸਕਿਊ



ਮਲੋਟ, 27 ਮਾਰਚ (ਅਮਨਦੀਪ ਸਿੰਘ ਮਹਿਰਾ) :ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਵੱਡੀ ਕਾਰਵਾਈ ਕਰਦਿਆਂ ਮਲੋਟ ਦੇ ਪੰਨੀਵਾਲਾ ਸੱਟਾ ਦੀ ਅਨਾਜ ਮੰਡੀ ਵਿੱਚ ਚੱਲ ਰਹੇ ਇੱਕ ਗੈਰਕਾਨੂੰਨੀ ਨਸ਼ਾ ਛੁਡਾਊ ਕੇਂਦਰ ਦਾ ਭੰਡਾਫੋੜ ਕੀਤਾ ਗਿਆ। ਛਾਪੇਮਾਰੀ ਦੌਰਾਨ ਤਹਿਖਾਨੇ ਵਿੱਚ ਰੱਖੇ ਗਏ ਕਰੀਬ 70-73 ਨੌਜਵਾਨਾਂ ਨੂੰ ਰੈਸਕਿਊ ਕਰਕੇ ਸਿਵਲ ਹਸਪਤਾਲ ਮਲੋਟ ਦੇ ਸਰਕਾਰੀ ਨਸ਼ਾ ਮੁਕਤੀ ਕੇਂਦਰ ਵਿੱਚ ਦਾਖਲ ਕਰਵਾਇਆ ਗਿਆ।ਇਸ ਮਾਮਲੇ ਦਾ ਖੁਲਾਸਾ ਉਸ ਵੇਲੇ ਹੋਇਆ ਜਦੋਂ ਬਖ਼ਸ਼ੀਸ਼ ਸਿੰਘ ਪੁੱਤਰ ਹਰਬੰਸ ਸਿੰਘ ਨਿਵਾਸੀ ਮਲੋਟ ਵੱਲੋਂ ਸਿਵਲ ਸਰਜਨ ਦਫ਼ਤਰ ਵਿੱਚ ਸ਼ਿਕਾਇਤ ਦਿੱਤੀ ਗਈ ਕਿ ਧਰਮ ਦੀ ਆੜ ਵਿੱਚ ਇੱਕ ਫਰਜ਼ੀ ਨਸ਼ਾ ਛੁਡਾਊ ਅਤੇ ਪੁਨਰਵਾਸ ਕੇਂਦਰ ਚਲਾਇਆ ਜਾ ਰਿਹਾ ਹੈ। ਸ਼ਿਕਾਇਤ ਮਿਲਣ ਉਪਰੰਤ ਸਿਵਲ ਸਰਜਨ ਡਾ. ਸੁਨੀਲ ਬੰਸਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਿਹਤ ਵਿਭਾਗ ਦੀ ਵਿਸ਼ੇਸ਼ ਟੀਮ, ਜਿਸ ਵਿੱਚ ਵੱਖ-ਵੱਖ ਹਸਪਤਾਲਾਂ ਦੇ ਐਸ.ਐਮ.ਓ., ਡਰੱਗ ਇੰਸਪੈਕਟਰ ਅਤੇ ਹੋਰ ਅਧਿਕਾਰੀ ਸ਼ਾਮਲ ਸਨ, ਨੇ ਪੁਲਿਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਚੁੱਪਚਾਪ ਛਾਪਾ ਮਾਰਿਆ।ਛਾਪੇਮਾਰੀ ਦੌਰਾਨ ਸਾਹਮਣੇ ਆਏ ਹਾਲਾਤ ਹੈਰਾਨ ਕਰਨ ਵਾਲੇ ਸਨ।ਜਾਣਕਾਰੀ ਅਨੁਸਾਰ ਇਹ ਕੇਂਦਰ ਇੱਕ ਦੁਕਾਨ ਦੇ ਹੇਠਾਂ ਬਣੇ ਤਹਿਖਾਨੇ ਵਿੱਚ ਚਲਾਇਆ ਜਾ ਰਿਹਾ ਸੀ, ਜਿੱਥੇ ਨਸ਼ਾ ਛੱਡਣ ਆਏ ਨੌਜਵਾਨਾਂ ਨੂੰ ਅਮਾਨਵੀ ਹਾਲਾਤਾਂ ਵਿੱਚ ਰੱਖਿਆ ਜਾਂਦਾ ਸੀ। ਕਈ ਨੌਜਵਾਨਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਦੋ ਤੋਂ ਚਾਰ ਮਹੀਨੇ ਤੱਕ ਕਮਰਿਆਂ ਵਿੱਚ ਬੰਦ ਰੱਖਿਆ ਗਿਆ ਅਤੇ ਬਾਹਰ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਜਾਂਦੀ ਸੀ।ਰੈਸਕਿਊ ਕੀਤੇ ਗਏ ਨੌਜਵਾਨਾਂ ਨੇ ਦੋਸ਼ ਲਗਾਇਆ ਕਿ ਉਨ੍ਹਾਂ ਨਾਲ ਮਾਰਪੀਟ ਅਤੇ ਮਾਨਸਿਕ ਤਸ਼ੱਦਦ ਕੀਤਾ ਜਾਂਦਾ ਸੀ ਅਤੇ ਇਸ ਕੇਂਦਰ ਨੂੰ ਤਸੀਹਾ ਕੇਂਦਰ ਵਜੋਂ ਬਿਆਨ ਕੀਤਾ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਉਨ੍ਹਾਂ ਦੇ ਪਰਿਵਾਰਿਕ ਮੈਂਬਰਾਂ ਨੂੰ ਝੂਠੀ ਜਾਣਕਾਰੀ ਦਿੱਤੀ ਜਾਂਦੀ ਸੀ ਕਿ ਉਨ੍ਹਾਂ ਨੂੰ ਇੱਥੇ ਵਧੀਆ ਸਹੂਲਤਾਂ ਅਤੇ ਖਾਣ-ਪੀਣ ਦੀਆਂ ਸੁਵਿਧਾਵਾਂ ਮਿਲ ਰਹੀਆਂ ਹਨ, ਜਦਕਿ ਹਕੀਕਤ ਇਸ ਤੋਂ ਬਿਲਕੁਲ ਵੱਖਰੀ ਸੀ। ਦੱਸਿਆ ਜਾ ਰਿਹਾ ਹੈ ਕਿ ਹਰ ਨੌਜਵਾਨ ਤੋਂ ਕਰੀਬ 15 ਹਜ਼ਾਰ ਰੁਪਏ ਪ੍ਰਤੀ ਮਹੀਨਾ ਵਸੂਲ ਕੀਤੇ ਜਾਂਦੇ ਸਨ।ਸਿਵਲ ਸਰਜਨ ਡਾ. ਸੁਨੀਲ ਬੰਸਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਇਸ ਤਰ੍ਹਾਂ ਦੇ ਹੋਰ ਗੈਰਕਾਨੂੰਨੀ ਨਸ਼ਾ ਛੁਡਾਊ ਕੇਂਦਰਾਂ ਦੀ ਵੀ ਜਾਂਚ ਕੀਤੀ ਜਾਵੇਗੀ ਅਤੇ ਅਜਿਹੀਆਂ ਕਾਰਵਾਈਆਂ ਅੱਗੇ ਵੀ ਜਾਰੀ ਰਹਿਣਗੀਆਂ। ਉਨ੍ਹਾਂ ਕਿਹਾ ਕਿ ਪੰਨੀਵਾਲਾ ਦੀ ਅਨਾਜ ਮੰਡੀ ਵਿੱਚ ਖੁੱਲ੍ਹੇਆਮ ਚੱਲ ਰਹੇ ਇਸ ਕੇਂਦਰ ਦੇ ਸੰਚਾਲਕਾਂ ਖ਼ਿਲਾਫ਼ ਕਾਰਵਾਈ ਲਈ ਥਾਣਾ ਕਬਰਵਾਲਾ ਪੁਲਿਸ ਅਤੇ ਪੁਲਿਸ ਚੌਕੀ ਪੰਨੀਵਾਲਾ ਨੂੰ ਲਿਖਿਆ ਜਾ ਰਿਹਾ ਹੈ।ਉਨ੍ਹਾਂ ਹੈਰਾਨੀ ਪ੍ਰਗਟ ਕੀਤੀ ਕਿ ਇੰਨੀ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੂੰ ਇੱਕ ਤਹਿਖਾਨੇ ਵਿੱਚ ਰੱਖਿਆ ਗਿਆ ਸੀ, ਜੋ ਕਿ ਬਹੁਤ ਹੀ ਗੰਭੀਰ ਮਾਮਲਾ ਹੈ।

## ਗੁਰੂ ਨਾਨਕ ਕਾਲਜ ਬੁਢਲਾਡਾ ਦੇ ਵਿਦਿਆਰਥੀ ਨੇ ਜਿੱਤਿਆ ਰਾਸ਼ਟਰੀ ਯੁਵਕ ਮੇਲੇ ਵਿੱਚ ਚਾਂਦੀ ਦਾ ਤਮ.ਗਾ

ਬੁਢਲਾਡਾ, 27 ਮਾਰਚ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ)- ਉੱਤਰੀ ਭਾਰਤ ਦੀ ਸਿਰਮੌਰ ਅਤੇ ਆਟੋਨੌਮਸ ਸੰਸਥਾ ਗੁਰੂ ਨਾਨਕ ਕਾਲਜ ਬੁਢਲਾਡਾ ਨੇ ਇਸ ਵਰ੍ਹੇ ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਦੀ ਯੋਗ ਅਗਵਾਈ ਵਿੱਚ ਯੁਵਕ ਭਲਾਈ ਵਿਭਾਗ ਨੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਖੇਤਰੀ ਯੁਵਕ ਅਤੇ ਲੋਕ ਮੇਲੇ ਤੋਂ ਲੈ ਕੇ ਰਾਸ਼ਟਰੀ ਯੁਵਕ ਮੇਲੇ ਤੱਕ ਸ਼ਾਨਦਾਰ ਪ੍ਰਾਪਤੀਆਂ ਕੀਤੀਆਂ ਹਨ। ਦੱਸਣਾ ਬਣਦਾ ਹੈ ਕਿ ਉਨ੍ਹਾਂ ਦੀ ਰਹਿਨੁਮਾਈ ਹੇਠ ਕੋਮਲ ਕਲਾਵਾਂ ਦੇ ਵਿਦਿਆਰਥੀ ਜਸਪ੍ਰੀਤ ਸਿੰਘ ਨੇ ਏ.ਆਈ.ਯੂ. (19") ਵੱਲੋਂ ਚੇਨੱਈ ਵਿਖੇ ਕਰਵਾਏ 39ਵੇਂ ਅੰਤਰ-ਯੂਨੀਵਰਸਿਟੀ ਰਾਸ਼ਟਰੀ ਯੁਵਕ ਮੇਲੇ ਵਿੱਚ ਸਿਲਵਰ ਮੈਡਲ ਪ੍ਰਾਪਤ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ।ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਭੀਮਇੰਦਰ ਸਿੰਘ, ਉਨ੍ਹਾਂ ਦੀ ਸਮੁੱਚੀ ਟੀਮ ਡਾ. ਡੈਨੀ ਸ਼ਰਮਾ, ਡਾ. ਹਰਿੰਦਰ ਕੌਰ ਹੁੰਦਲ ਦੀ ਅਗਵਾਈ ਵਿੱਚ ਸਾਡੇ ਵਿਦਿਆਰਥੀ




ਜਸਪ੍ਰੀਤ ਸਿੰਘ ਨੇ ਚੇਨੱਈ ਵਿਖੇ ਹੋਏ 39ਵੇਂ ਅੰਤਰ-ਯੂਨੀਵਰਸਿਟੀ ਰਾਸ਼ਟਰੀ ਯੁਵਕ ਮੇਲੇ ਵਿੱਚ ਸਿਲਵਰ ਮੈਡਲ ਜਿੱਤਿਆ ਹੈ। ਉਨ੍ਹਾਂ ਕੋਆਰਡੀਨੇਟਰ ਗੁਰਦੀਪ ਸਿੰਘ, ਕਨਵੀਨਰ ਪ੍ਰੋ. ਮਨੀਸ਼ਾ ਅਤੇ ਇੰਚਾਰਜ ਪ੍ਰੋ. ਜਗਪ੍ਰੀਤ ਸਿੰਘ ਨੂੰ ਵਧਾਈ ਦਿੱਤੀ।ਵਾਈਸ ਪ੍ਰਿੰਸੀਪਲ ਡਾ. ਰੇਖਾ ਕਾਲੜਾ ਨੇ ਦੱਸਿਆ ਕਿ ਜਸਪ੍ਰੀਤ ਸਿੰਘ ਐੱਮ.ਏ. ਫਾਈਨ ਆਰਟਸ ਦਾ ਵਿਦਿਆਰਥੀ ਹੈ, ਕਲਾ ਦੇ ਖੇਤਰ ਵਿੱਚ ਇੱਕ ਬਹੁਤ ਹੀ ਹੋਣਹਾਰ ਅਤੇ ਸਿਰਜਣਾਤਮਕ ਸ਼ਖ਼ਸੀਅਤ ਵਜੋਂ ਉੱਭਰਿਆ ਹੈ। ਖ਼ਾਸਕਰ ਰੰਗੋਲੀ ਅਤੇ ਇੰਸਟਾਲੇਸ਼ਨ ਵਰਗੀਆਂ ਕਲਾਵਾਂ ਵਿੱਚ ਉਸ ਦਾ ਪ੍ਰਦਰਸ਼ਨ ਲਗਾਤਾਰ ਸ਼ਾਨਦਾਰ ਰਿਹਾ ਹੈ। ਸਾਲ 2022 ਤੋਂ ਲੈ ਕੇ 2025 ਤੱਕ ਉਸ ਨੇ ਲਗਾਤਾਰ ਚਾਰ ਸਾਲ ਖੇਤਰੀ, ਅੰਤਰ-ਖੇਤਰੀ ਅਤੇ ਨਾਰਥ ਜ਼ੋਨ ਯੁਵਕ ਮੇਲੇ ਵਿਚ ਆਪਣੀ ਕਲਾ ਦਾ ਲੋਹਾ ਮਨਵਾਇਆ ਹੈ। ਉਸ ਦੀ ਮਿਹਨਤ ਸਿਰਫ਼ ਖੇਤਰੀ ਪੱਧਰ ਤੱਕ ਹੀ ਸੀਮਤ ਨਹੀਂ ਰਹੀ, ਸਗੋਂ ਉਸ ਨੇ ਨਾਰਥ ਜ਼ੋਨ ਵਿੱਚ ਦੂਜਾ ਸਥਾਨ ਅਤੇ ਰਾਸ਼ਟਰੀ ਪੱਧਰ ਤੇ ਵੀ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕਰਕੇ ਵੱਡੀਆਂ ਮੱਲਾਂ ਮਾਰੀਆਂ ਹਨ। ਇੰਟਰ-ਯੂਨੀਵਰਸਿਟੀ ਮੁਕਾਬਲਿਆਂ ਵਿੱਚ ਵੀ ਉਸ ਨੇ ਆਪਣੀ ਕਲਾਤਮਕ ਸੂਝ-ਬੂਝ ਨਾਲ ਕਈ ਵਾਰ ਸਿਖਰਲੇ ਸਥਾਨ ਹਾਸਲ ਕੀਤੇ ਹਨ, ਜੋ ਉਸ ਦੇ ਕਲਾ ਪ੍ਰਤੀ ਸਮਰਪਣ ਅਤੇ ਉੱਚ-ਪੱਧਰੀ ਹੁਨਰ ਦਾ ਪ੍ਰਤੱਖ ਪ੍ਰਮਾਣ ਹਨ।

## ਰੌਇਲ ਗਰੁੱਪ ਆਫ ਕਾਲਜ ਵਿਖੇ ਅਮਨ ਅਰੋੜਾ ਨੇ ਵਿਦਿਆਰਥੀਆਂ ਨੂੰ ਵੰਡੀਆਂ ਡਿਗਰੀਆਂ



ਬੁਢਲਾਡਾ, 27 ਮਾਰਚ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ) : ਰੌਇਲ ਗਰੁੱਪ ਆਫ ਕਾਲਜ ਬੋੜਾਵਾਲ ਵਿਖੇ ਵਿਦਿਆਰਥੀਆਂ ਨੂੰ ਡਿਗਰੀਆਂ ਦੇਣ ਮੌਕੇ ਪੰਜਾਬ ਦੇ ਮੰਤਰੀ ਅਮਨ ਅਰੋੜਾ ਵੱਲੋਂ ਆਪਣੇ ਸੰਬੋਧਨ ਵਿਚ ਬੋਲਦਿਆਂ ਕਿਹਾ ਕਿ ਸਤਿਕਾਰਯੋਗ ਅਧਿਆਪਕ ਸਹਿਬਾਨ, ਪੱਤਰਕਾਰ ਸਾਥੀਓ ਅਤੇ ਮੇਰੇ ਪਿਆਰੇ ਵਿਦਿਆਰਥੀਓ, ਅੱਜ ਦਾ ਇਹ ਵਿਸ਼ੇਸ਼ ਅਤੇ ਸ਼ਾਨਦਾਰ ਗ੍ਰੈਜੂਏਸ਼ਨ ਸਮਾਗਮ ਰੌਇਲ ਗਰੁੱਪ ਆਫ ਕਾਲਜ, ਬੋੜਾਵਾਲ ਦੇ ਇਤਿਹਾਸ ਵਿੱਚ ਇੱਕ ਯਾਦਗਾਰ ਅਧਿਆਇ ਵਜੋਂ ਦਰਜ ਹੋ ਰਿਹਾ ਹੈ।ਇਹ ਸਿਰਫ਼ ਇੱਕ ਸਮਾਰੋਹ ਨਹੀਂ, ਸਗੋਂ ਇਹ ਮੰਚ ਹੈ ਜਿੱਥੇ ਸਾਲਾਂ ਦੀ ਮਿਹਨਤ ਨੂੰ ਮਾਣ ਮਿਲਦਾ ਹੈ, ਸੁਪਨਿਆਂ ਨੂੰ ਪੰਖ ਲੱਗਦੇ ਹਨ ਅਤੇ ਨਵੇਂ ਭਵਿੱਖ ਦੀ ਸ਼ੁਰੂਆਤ ਹੁੰਦੀ ਹੈ।ਪਿਆਰੇ ਵਿਦਿਆਰਥੀਓ, ਅੱਜ ਦਾ ਦਿਨ ਤੁਹਾਡੀ ਮਿਹਨਤ, ਲਗਨ ਅਤੇ ਸੰਘਰਸ਼ ਦਾ ਨਤੀਜਾ ਹੈ।ਇਹ ਉਹ ਪਲ ਹੈ ਜਿੱਥੇ ਤੁਹਾਡੇ ਸੁਪਨੇ ਹਕੀਕਤ ਵਿੱਚ ਬਦਲ ਰਹੇ ਹਨ ਅਤੇ ਤੁਹਾਡਾ ਭਵਿੱਖ ਇੱਕ ਨਵੀਂ ਦਿਸ਼ਾ ਵੱਲ ਵੱਧ ਰਿਹਾ ਹੈ।ਅੱਜ ਦੇ ਇਸ ਗ੍ਰੈਜੂਏਸ਼ਨ ਸਮਾਗਮ ਦੌਰਾਨ ਰੌਇਲ ਗਰੁੱਪ ਆਫ ਕਾਲਜ, ਬੋੜਾਵਾਲ ਵੱਲੋਂ ਵਿਦਿਆਰਥੀਆਂ ਨੂੰ ਵੱਖ-ਵੱਖ ਕੋਰਸਾਂ ਵਿੱਚ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਬੀ.ਏ, ਬੀ.ਕਾਮ, ਬੀ.ਐੱਸ.ਸੀ, ਐਮ.ਏ, ਐਮ.ਕਾਮ, ਐਮ.ਐੱਸ.ਸੀ ਅਤੇ ਹੋਰ ਪ੍ਰੋਫੈਸ਼ਨਲ ਤੇ ਤਕਨੀਕੀ ਕੋਰਸ ਸ਼ਾਮਲ ਹਨ।ਯਾਦ ਰੱਖੋ — ਇਹ ਡਿਗਰੀ ਸਿਰਫ਼ ਇੱਕ ਕਾਗਜ਼ ਨਹੀਂ,ਇਹ ਤੁਹਾਡੀ ਮਿਹਨਤ ਦੀ ਪਛਾਣ ਹੈ, ਤੁਹਾਡੇ ਸੁਪਨਿਆਂ ਦੀ ਸ਼ੁਰੂਆਤ ਹੈ ਅਤੇ ਤੁਹਾਡੇ ਭਵਿੱਖ ਦੀ ਮਜ਼ਬੂਤ ਨੀਂਹ ਹੈ।ਅੱਜ ਤੁਸੀਂ ਇੱਕ ਮੰਜ਼ਿਲ ਹਾਸਲ ਕੀਤੀ ਹੈ, ਪਰ ਅਸਲ ਸਫ਼ਰ ਹੁਣ ਸ਼ੁਰੂ ਹੁੰਦਾ ਹੈ।ਜੇ ਤੁਸੀਂ ਜੀਵਨ ਵਿੱਚ ਕਾਮਯਾਬੀ ਹਾਸਲ ਕਰਨੀ ਹੈ, ਤਾਂ ਹਮੇਸ਼ਾ ਇਮਾਨਦਾਰੀ, ਮਿਹਨਤ ਅਤੇ ਸਮੱਰਪਣ ਨਾਲ ਅੱਗੇ ਵਧੋ।ਕਾਮਯਾਬੀ ਇੱਕ ਦਿਨ ਜ਼ਰੂਰ ਤੁਹਾਡੇ ਕਦਮਾਂ ਵਿੱਚ ਹੋਵੇਗੀ।ਇਸ ਮੌਕੇ 'ਤੇ ਮੈਂ ਖ਼ਾਸ ਤੌਰ 'ਤੇ ਸਨਮਾਨ ਕਰਦਾ ਹਾਂ ਸੋਹਲ ਸਾਹਿਬ ਦਾ,ਜਿਨ੍ਹਾਂ ਨੇ ਪਹਿਲਾਂ ਪੰਜਾਬ ਪੁਲਿਸ ਵਿੱਚ ਉੱਚ ਅਹੁੱਦੇ 'ਤੇ ਸੇਵਾ ਨਿਭਾਈ ਅਤੇ ਪਿਛਲੇ ਲਗਭਗ 11 ਸਾਲਾਂ ਤੋਂ ਸਿੱਖਿਆ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ।

## ਜਾਨਲੇਵਾ ਟੀ.ਬੀ. ਹਾਰੇਗੀ, ਬਠਿੰਡਾ ਜਿੱਤੇਗਾ: ਸਿਹਤ ਵਿਭਾਗ ਵੱਲੋਂ 100 ਦਿਨਾਂ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ

ਬਠਿੰਡਾ, 27 ਮਾਰਚ (ਦੀਪਕ ਸ਼ਰਮਾ):ਪੰਜਾਬ ਸਰਕਾਰ ਅਤੇ ਸਿਹਤ ਮੰਤਰੀ ਬਲਵੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਬਠਿੰਡਾ ਜ਼ਿਲ੍ਹੇ ਨੂੰ ਨਾਮੁਰਾਦ ਬਿਮਾਰੀ ਤਪਦਿਕ (ਟੀ.ਬੀ.) ਤੋਂ ਨਿਜਾਤ ਦਿਵਾਉਣ ਲਈ 100 ਦਿਨਾਂ ਦੀ ਰਾਸ਼ਟਰੀ ਮੁਹਿੰਮ ਦਾ ਆਗਾਜ਼ ਕੀਤਾ ਗਿਆ ਹੈ। ਇਸ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਵਿਧਾਇਕ ਬਠਿੰਡਾ ਸ਼ਹਿਰੀ ਜਗਰੂਪ ਸਿੰਘ ਗਿੱਲ ਵੱਲੋਂ ਸਿਵਲ ਹਸਪਤਾਲ ਵਿਖੇ ਪਹੁੰਚ ਕੇ ਕੀਤੀ ਗਈ। 24 ਮਾਰਚ ਤੋਂ ਸ਼ੁਰੂ ਹੋਈ ਇਹ ਮੁਹਿੰਮ ਅਗਲੇ 100 ਦਿਨਾਂ ਤੱਕ ਜ਼ਿਲ੍ਹੇ ਦੇ ਕੋਨੇ-ਕੋਨੇ ਵਿੱਚ ਲਗਾਤਾਰ ਚਲਾਈ ਜਾਵੇਗੀ।ਇਸ ਮੌਕੇ ਸੰਬੋਧਨ ਕਰਦਿਆਂ ਜਗਰੂਪ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਰਾਹੀਂ ਹਰ ਲੋੜਵੰਦ ਤੱਕ ਪਹੁੰਚ ਕਰਕੇ ਟੀ.ਬੀ. ਦੇ ਖ਼ਾਤਮੇ ਲਈ ਯਤਨ ਕੀਤੇ ਜਾਣਗੇ।ਸਿਵਲ ਸਰਜਨ ਡਾ. ਤਪਿੰਦਰਜੋਤ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਸਿਹਤ ਵਿਭਾਗ ਦੀਆਂ ਟੀਮਾਂ ਪਿੰਡਾਂ, ਸਲੱਮ ਏਰੀਆ ਅਤੇ ਹਾਈ ਰਿਸਕ ਇਲਾਕਿਆਂ (ਝੁੱਗੀ-ਝੌਂਪੜੀਆਂ) ਦਾ ਸਰਵੇ ਕਰਨਗੀਆਂ। ਇਸ ਸਰਵੇ ਦਾ ਮੁੱਖ ਮਕਸਦ ਟੀ.ਬੀ. ਦੇ ਮਰੀਜ਼ਾਂ ਦੀ ਸਮੇਂ ਸਿਰ ਪਛਾਣ ਕਰਨਾ ਹੈ ਤਾਂ ਜੋ ਇਲਾਜ ਰਾਹੀਂ ਪੰਜਾਬ ਨੂੰ ਇਸ ਬਿਮਾਰੀ ਤੋਂ ਮੁਕਤ ਕੀਤਾ ਜਾ ਸਕੇ।ਜ਼ਿਲ੍ਹਾ ਟੀ.ਬੀ. ਅਫ਼ਸਰ ਡਾ. ਰੋਜ਼ੀ ਅਗਰਵਾਲ ਨੇ ਅਪੀਲ ਕੀਤੀ ਕਿ 60 ਸਾਲ ਤੋਂ ਵੱਧ ਉਮਰ ਦੇ ਲੋਕ, ਸ਼ੂਗਰ ਦੇ ਮਰੀਜ਼, ਨਸ਼ੇ ਦੇ ਆਦੀ ਅਤੇ ਪਹਿਲਾਂ ਟੀ.ਬੀ. ਦਾ ਇਲਾਜ ਕਰਵਾ ਚੁੱਕੇ ਵਿਅਕਤੀ ਆਪਣੀ ਸਕ੍ਰੀਨਿੰਗ ਜ਼ਰੂਰ ਕਰਵਾਉਣ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਦੋ ਹਫ਼ਤੇ ਤੋਂ ਵੱਧ ਖਾਂਸੀ, ਬੁਖ਼ਾਰ, ਬਲਗਮ ਵਿੱਚ ਖ਼ੂਨ ਜਾਂ ਵਜ਼ਨ ਘਟਣ ਵਰਗੇ ਲੱਛਣ ਦਿਖਣ ਤਾਂ ਤੁਰੰਤ ਸਰਕਾਰੀ ਹਸਪਤਾਲ ਵਿੱਚ ਸੰਪਰਕ ਕਰਨ। ਡਾ. ਅਗਰਵਾਲ ਨੇ ਦੱਸਿਆ ਕਿ ਮਰੀਜ਼ਾਂ ਨੂੰ ਨਿਕਸ਼ੇ ਪੋਸ਼ਣ ਯੋਜਨਾ ਤਹਿਤ ਹਰ ਮਹੀਨੇ ਖ਼ੁਰਾਕ ਭੱਤਾ ਅਤੇ ਨਿਕਸ਼ੇ ਕਿੱਟ ਵੀ ਦਿੱਤੀ ਜਾਂਦੀ ਹੈ। ਸਾਰਾ ਡਾਟਾ ਨਿਕਸ਼ੇ ਪੋਰਟਲ ਤੇ ਦਰਜ ਹੁੰਦਾ ਹੈ ਤਾਂ ਜੋ ਇਲਾਜ ਦੀ ਸਹੀ ਨਿਗਰਾਨੀ ਹੋ ਸਕੇ।ਇਸ ਮੁਹਿੰਮ ਦੌਰਾਨ ਸਕੂਲਾਂ ਅਤੇ ਜਨਤਕ ਥਾਵਾਂ 'ਤੇ ਜਾਗਰੂਕਤਾ ਪ੍ਰੋਗਰਾਮ ਵੀ ਕਰਵਾਏ ਜਾਣਗੇ। ਇਸ ਮੌਕੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਸੁਖਜਿੰਦਰ ਸਿੰਘ ਗਿੱਲ, ਡਿਪਟੀ ਮਾਸ ਮੀਡੀਆ ਅਫ਼ਸਰ ਰੋਹਿਤ ਜਿੰਦਲ, ਜ਼ਿਲ੍ਹਾ ਬੀ.ਸੀ.ਸੀ. ਨਰਿੰਦਰ ਕੁਮਾਰ, ਬੀ.ਈ.ਈ. ਗਗਨਦੀਪ ਸਿੰਘ ਭੁੱਲਰ ਅਤੇ ਟੀ.ਬੀ. ਸੁਪਰਵਾਈਜ਼ਰ ਹਰੀਸ਼ ਜਿੰਦਲ ਸਮੇਤ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।

## ਮਰਹੂਮ ਡਾ. ਦੇਵ ਰਾਜ ਖੋਖਰ ਦੀ ਨਿੱਘੀ ਯਾਦ ਵਿੱਚ ਯਾਦਗਾਰੀ ਗੇਟ ਦੇ ਨਿਰਮਾਣ ਦਾ ਕੰਮ ਸ਼ੁਰੂ

ਲਹਿਰਾਗਾਗਾ, 27 ਮਾਰਚ (ਰਾਮੇਸ਼ਵਰ ਸ਼ਰਮਾ/ ਖੁਸ਼ਵਿੰਦਰ ਸ਼ਰਮਾ): ਪਿੰਡ ਖੋਖਰ ਖੁਰਦ ਦੇ ਸਾਬਕਾ ਸਰਪੰਚ ਅਤੇ ਉੱਘੇ ਸਮਾਜ ਸੇਵੀ, ਨੇਤਰਦਾਨੀ, ਪੰਜਾਬ ਪੰਚਾਇਤ ਯੂਨੀਅਨ ਦੇ ਵਾਇਸ ਪ੍ਰਧਾਨ ਮਰਹੂਮ ਡਾ. ਦੇਵ ਰਾਜ ਖੋਖਰ ਜੀ ਦੀ ਨਿੱਘੀ ਯਾਦ ਵਿੱਚ ਲਹਿਰਾ-ਸੁਨਾਮ ਮੁੱਖ ਮਾਰਗ 'ਤੇ ਸਥਿਤ ਨਵੇਂ ਬੱਸ ਸਟੈਂਡ ਅਤੇ ਯਾਦਗਾਰੀ ਗੇਟ ਦੇ ਨਿਰਮਾਣ ਦਾ ਕੰਮ ਸ਼ੁਰੂ ਹੋ ਚੁੱਕਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਰਹੂਮ ਡਾ. ਦੇਵ ਰਾਜ ਜੀ ਦੇ ਸਪੁੱਤਰ ਸ਼੍ਰੀ ਪ੍ਰਵੀਨ ਖੋਖਰ ਅਤੇ ਸ਼੍ਰੀ ਲੱਕੀ ਖੋਖਰ ਤੋਂ ਇਲਾਵਾ ਪਿੰਡ ਖੋਖਰ ਖੁਰਦ ਦੇ ਸਰਪੰਚ ਬਲਦੀਪ ਸਿੰਘ ਨੇ ਦੱਸਿਆ ਕਿ ਡਾ. ਖੋਖਰ ਜੀ ਦੀ ਯਾਦ ਵਿੱਚ ਕੋਈ ਨਾ ਕੋਈ ਢੁੱਕਵੀਂ ਯਾਦ ਬਣਾਉਣ ਲਈ ਪਿਛਲੇ ਸਮੇਂ ਤੋਂ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਅਤੇ ਹਲਕੇ ਦੇ ਵਿਧਾਇਕ ਤੇ ਵਿੱਤ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾਂ ਤੋਂ ਮੰਗ ਕੀਤੀ ਜਾ ਰਹੀ ਸੀ, ਜਿਸਨੂੰ ਪੂਰਾ ਕਰਦਿਆਂ ਉਨ੍ਹਾਂ ਨੇ ਇਸ ਕੰਮ ਲਈ ਢੁੱਕਵੀਂ ਗ੍ਰਾਂਟ ਜਾਰੀ ਕਰ ਦਿੱਤੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸ੍ਰ. ਚੀਮਾਂ ਨੇ ਇਹ ਵੀ ਵਿਸ਼ਵਾਸ਼ ਦਿਵਾਇਆ ਕਿ ਜੇਕਰ ਇਸ ਨੇਕ ਕੰਮ ਲਈ ਇਹ ਫੰਡ ਘੱਟ ਰਹਿਣ ਤਾਂ ਉਹ ਹੋਰ ਵੀ ਫੰਡ ਮੁਹੱਈਆ ਕਰਵਾਉਣਗੇ। ਜ਼ਿਕਰਯੋਗ ਗੱਲ ਇਹ ਵੀ ਹੈ ਕਿ ਡਾ. ਖੋਖਰ ਨੇ ਆਪਣੇ ਸਰਪੰਚੀ ਦੇ ਕਾਰਜਕਾਲ ਦੌਰਾਨ ਜਿੱਥੇ ਖੋਖਰ ਤੋਂ ਗੰਢੂਆਂ, ਖੋਖਰ ਤੋਂ ਭੈਣੀ, ਖੋਖਰ ਤੋਂ ਛਾਜਲਾ ਵਾਇਆ ਗੋਬਿੰਦਗੜ੍ਹ, ਖੋਖਰ ਖੁਰਦ ਤੋਂ ਲਹਿਰਾ-ਸੁਨਾਮ ਮੁੱਖ ਮਾਰਗ ਤੱਕ ਸੜਕਾਂ ਦਾ ਜਾਲ ਬਣਵਾ ਕੇ ਇਲਾਕੇ ਦੇ ਲੋਕਾਂ ਲਈ ਸੁਵਿਧਾ ਮੁਹੱਈਆ ਕਰਵਾਈ ਉੱਥੇ ਪਿੰਡ ਵਿੱਚ ਟੈਲੀਫੋਨ ਐਕਸਚੈਂਜ, ਨਵੀਂ ਦਾਣਾ ਮੰਡੀ ਬਣਵਾਉਣਾ , ਪਿੰਡ ਗੋਬਿੰਦਗੜ੍ਹ ਖੋਖਰ ਦੇ ਰੇਲਵੇ ਸਟੇਸ਼ਨ 'ਤੇ ਵੱਖ-ਵੱਖ ਯਾਤਰੀਆਂ ਗੱਡੀਆਂ ਦੇ ਠਹਿਰਾਓ ਮੰਨਜ਼ੂਰ ਕਰਵਾਉਣ ਦੇ ਨਾਲ-ਨਾਲ ਹੋਰ ਅਨੇਕਾਂ ਪ੍ਰੋਜੈਕਟ ਲਿਆਂਦੇ, ਜਿੰਨ੍ਹਾਂ ਦਾ ਆਨੰਦ ਇਲਾਕੇ ਦੇ ਲੋਕ ਅੱਜ ਵੀ ਮਾਣ ਰਹੇ ਹਨ।ਸੀਨੀਅਰ ਪੱਤਰਕਾਰ ਪ੍ਰਵੀਨ ਖੋਖਰ, ਲੱਕੀ ਖੋਖਰ ਅਤੇ ਪਿੰਡ ਦੇ ਸਰਪੰਚ ਬਲਦੀਪ ਸਿੰਘ ਅਤੇ ਨਗਰ ਨਿਵਾਸੀਆਂ ਨੇ ਇਸ ਗੱਲੋਂ ਜਿੱਥੇ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਜੀ ਦਾ ਧੰਨਵਾਦ ਕੀਤਾ ਹੈ ਉੱਥੇ ਪੰਜਾਬ ਦੇ ਵਿੱਤ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾਂ ਜੀ ਦਾ ਵੀ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਅਸੀਂ ਹਮੇਸ਼ਾ ਹੀ ਇੰਨ੍ਹਾਂ ਦੇ ਰਿਣੀ ਰਹਾਂਗੇ ਜਿਨ੍ਹਾਂ ਨੇ ਡਾ. ਖੋਖਰ ਦੀ ਯਾਦ ਵਿੱਚ ਢੁੱਕਵੀਂ ਯਾਦਗਾਰੀ ਬਣਾ ਕੇ ਸ਼ਲਾਂਘਾ ਯੋਗ ਕਦਮ ਪੁੱਟਿਆ ਹੈ।





## ਸੰਗਰੂਰ ਪੀ.ਜੀ.ਆਈ. ਸੈਟੇਲਾਈਟ ਸੈਂਟਰ ਦੀ ਕਰੋੜਾਂ ਦੇ ਬਜਟ ਦੇ ਬਾਵਜੂਦ ਵੀ ਕਛੂਆ ਚਾਲ ਨੇ ਖੋਲ੍ਹੀ ਬਦਹਾਲੀ ਦੀ ਪੋਲ

ਸੰਗਰੂਰ, 27 ਮਾਰਚ ( ਹਰਕੰਵਲ ਸਿੰਘ ਹੈਪੀ): ਦੇਸ਼ ਦੇ ਪ੍ਰਧਾਨ ਮੰਤਰੀ ਵੱਲੋਂ ਫਰਵਰੀ 2024 ਵਿੱਚ ਉਦਘਾਟਨ ਕਰਨ ਦੇ ਦੋ ਸਾਲ ਬੀਤ ਜਾਣ ਦੇ ਬਾਵਜੂਦ, ਸੰਗਰੂਰ ਦਾ 300 ਬਿਸਤਰਿਆਂ ਵਾਲਾ ਪੀ.ਜੀ.ਆਈ ਸੈਟੇਲਾਈਟ ਸੈਂਟਰ ਅੱਜ ਵੀ ਆਪਣੀ ਪੂਰੀ ਸਮਰੱਥਾ ਨਾਲ ਕੰਮ ਕਰਨ ਵਿੱਚ ਨਾਕਾਮ ਰਿਹਾ ਹੈ। ਸੰਗਰੂਰ ਦੇ ਐਡਵੋਕੇਟ ਅਤੇ ਆਰ.ਟੀ.ਆਈ. ਕਾਰਕੁਨ ਕਮਲ ਆਨੰਦ ਵੱਲੋਂ ਪ੍ਰਾਪਤ ਤਾਜ਼ਾ ਜਾਣਕਾਰੀ ਨੇ ਇਸ ਮਹੱਤਵਪੂਰਨ ਪ੍ਰੋਜੈਕਟ ਦੀ ਮਾੜੀ ਹਾਲਤ ਨੂੰ ਜਨਤਕ ਕਰ ਦਿੱਤਾ ਹੈ।ਬਜਟ ਦਾ ਲੇਖਾ-ਜੋਖਾ: ਤਨਖਾਹਾਂ 'ਤੇ ਕਰੋੜਾਂ ਦਾ ਖਰਚ, ਸੁਵਿਧਾਵਾਂ ਦੇ ਨਾਂ 'ਤੇ ਖਾਨਾਪੂਰਤੀਆਰ.ਟੀ.ਆਈ. ਰਾਹੀਂ ਪ੍ਰਾਪਤ ਅੰਕੜਿਆਂ ਅਨੁਸਾਰ, ਸਾਲ 2025-26 ਲਈ ਇਸ ਕੇਂਦਰ ਵਾਸਤੇ 95.77 ਕਰੋੜ ਰੁਪਏ ਦਾ ਬਜਟ ਮਾਲੀਆ ਮੱਦ ਦੇ ਤਹਿਤ ਰਾਖਵਾਂ ਰੱਖਿਆ ਗਿਆ ਹੈ, ਜਿਸਦੇ ਤਹਿਤ ਕਰਮਚਾਰੀਆਂ ਦੀਆਂ ਤਨਖਾਹਾਂ ਲਈ ਸਭ ਤੋਂ ਵੱਧ 62.40 ਕਰੋੜ ਰੁਪਏ ਅਲਾਟ ਕੀਤੇ ਗਏ ਹਨ, ਪਰਿਚਾਲਨ ਖਰਚੇ ਕੁੱਲ 33.37 ਕਰੋੜ ਰੁਪਏ ਰੱਖੇ ਗਏ ਹਨ, ਜਿਸ ਵਿੱਚ ਆਊਟਸੋਰਸ ਸਟਾਫ ਲਈ 7.5 ਕਰੋੜ, ਸਰਜੀਕਲ ਗ੍ਰਾਂਟ ਲਈ 3.75 ਕਰੋੜ,



ਦਵਾਈਆਂ ਅਤੇ ਡਰੈਸਿੰਗ ਲਈ 4.75 ਕਰੋੜ ਅਤੇ ਕੈਮੀਕਲ ਗ੍ਰਾਂਟ ਲਈ 4.5 ਕਰੋੜ ਰੁਪਏ ਸ਼ਾਮਲ ਹਨ। ਪੂੰਜੀਗਤ ਜਾਇਦਾਦ ਨਿਰਮਾਣ ਕਾਰਜਾਂ ਲਈ 15 ਕਰੋੜ ਅਤੇ ਉਪਕਰਨਾਂ ਦੀ ਖਰੀਦ ਲਈ 10 ਕਰੋੜ ਰੁਪਏ ਦਾ ਪ੍ਰਬੰਧ ਹੈ।ਐਡਵੋਕੇਟ ਕਮਲ ਆਨੰਦ ਨੇ ਦੱਸਿਆ ਕਿ ਜਿੱਥੇ ਚੰਡੀਗੜ੍ਹ ਪੀ.ਜੀ.ਆਈ. ਦਾ ਬਜਟ 2054.23 ਕਰੋੜ ਰੁਪਏ ਹੈ, ਉੱਥੇ ਸੰਗਰੂਰ ਸੈਂਟਰ ਨੂੰ ਸਿਰਫ 95.77 ਕਰੋੜ ਰੁਪਏ ਦੇ ਕਰੀਬ ਬਜਟ ਮਿਲ ਰਿਹਾ ਹੈ। ਉਹਨਾਂ ਕਿਹਾਚੰਡੀਗੜ੍ਹ ਪੀ.ਜੀ.ਆਈ. ਇਸ ਵੇਲੇ 105% ਬੈੱਡ ਸਮਰੱਥਾ ਨਾਲ ਚੱਲ ਰਿਹਾ ਹੈ। ਜੇਕਰ ਸੰਗਰੂਰ ਸੈਂਟਰ ਨੂੰ ਪੂਰੀ ਤਰ੍ਹਾਂ ਵਿਕਸਿਤ ਕੀਤਾ ਜਾਵੇ, ਤਾਂ ਮਾਲਵਾ ਖੇਤਰ ਅਤੇ ਹਰਿਆਣਾ ਦੇ ਮਰੀਜ਼ਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਚੰਡੀਗੜ੍ਹ 'ਤੇ ਬੋਝ ਘਟੇਗਾ।ਉਹਨਾਂ ਮੰਗ ਕੀਤੀ ਕਿ ਸੰਗਰੂਰ ਪੀ.ਜੀ.ਆਈ. ਨੂੰ ਕੇਵਲ ਇੱਕ ਸੈਂਟਰ ਵ ਜੋਂ ਨਹੀਂ ਬਲਕਿ ਇੱਕ ਖੁਦਮੁਖਤਿਆਰ ਸੰਸਥਾ ਵਜੋਂ ਵਿਕਸਿਤ ਕੀਤਾ ਜਾਵੇ ਅਤੇ ਇਸ ਦਾ ਬਜਟ ਘੱਟੋ-ਘੱਟ 500 ਕਰੋੜ ਰੁਪਏ ਕੀਤਾ ਜਾਵੇ।ਸਮਾਜਸੇਵੀ ਜਤਿੰਦਰ ਕਾਲੜਾ ਨੇ ਹਸਪਤਾਲ ਵਿੱਚ ਐਮਰਜੈਂਸੀ ਸੇਵਾਵਾਂ, ਬਲੱਡ ਬੈਂਕ, ਟਰਾਮਾ ਸੈਂਟਰ, ਅਤੇ ਸੀ.ਟੀ. ਸਕੈਨ ਵਰਗੀਆਂ ਬੁਨਿਆਦੀ ਸਹੂਲਤਾਂ ਦੀ ਘਾਟ ਨੂੰ ਦੇਖਦੇ ਹੋਏ ਕੇਂਦਰੀ ਸਿਹਤ ਮੰਤਰੀ ਸ੍ਰੀ ਜੇ.ਪੀ. ਨੱਡਾ ਨੂੰ ਪੱਤਰ ਲਿਖ ਕੇ ਮਿਲਣ ਦਾ ਸਮਾਂ ਮੰਗਿਆ ਹੈ। ਕਾਲੜਾ ਨੇ ਕਿਹਾ ਕਿ ਕਰੋੜਾਂ ਰੁਪਏ ਖਰਚਣ ਦੇ ਬਾਵਜੂਦ ਲੋਕਾਂ ਨੂੰ ਟੈਸਟਾਂ ਲਈ ਨਿੱਜੀ ਕੇਂਦਰਾਂ ਤੇ ਲੁੱਟ ਕਰਵਾਉਣੀ ਪੈ ਰਹੀ ਹੈ।ਉਹਨਾਂ ਮੰਗ ਕੀਤੀ ਕਿ ਸੰਗਰੂਰ ਸੈਂਟਰ ਨੂੰ ਚੰਡੀਗੜ੍ਹ 'ਤੇ ਨਿਰਭਰ ਰੱਖਣ ਦੀ ਬਜਾਏ ਸੁਤੰਤਰ ਵਜੋਂ ਵਿਕਸਿਤ ਕੀਤਾ ਜਾਵੇ ਅਤੇ ਵੱਖਰਾ ਡਾਇਰੈਕਟਰ ਨਿਯੁਕਤ ਹੋਵੇ, ਸੰਗਰੂਰ ਪੀ.ਜੀ.ਆਈ. ਦੇ ਵਿਕਾਸ ਲਈ ਸਾਲਾਨਾ ਬਜਟ ਵਧਾ ਕੇ ਘੱਟੋ-ਘੱਟ 500 ਕਰੋੜ ਰੁਪਏ ਕੀਤਾ ਜਾਵੇ, ਐਮਰਜੈਂਸੀ ਅਤੇ ਟਰਾਮਾ ਸੈਂਟਰ 24 ਘੰਟੇ ਕੀਤਾ ਜਾਵੇ, ਬਲੱਡ ਬੈਂਕ ਅਤੇ ਟਰਾਮਾ ਸੈਂਟਰ ਤੁਰੰਤ ਸ਼ੁਰੂ ਕੀਤਾ ਜਾਵੇ, ਮੈਡੀਕਲ ਕਾਲਜ ਦਾ ਨਿਰਮਾਣ ਕੀਤਾ ਜਾਵੇ, ਆਧੁਨਿਕ ਟੈਸਟ ਸਹੂਲਤਾਂ ਹਸਪਤਾਲ ਦੇ ਅੰਦਰ ਹੀ ਤੁਰੰਤ ਮੁਹੱਈਆ ਕਰਵਾਈਆਂ ਜਾਣ ਤਾਂਕਿ ਮਰੀਜਾਂ ਨੂੰ ਬਿਨਾਂ ਕਿਸੇ ਲੁੱਟ ਖਸੁੱਟ ਤੋਂ ਸਮੇਂ ਸਿਰ ਸਹੀ ਇਲਾਜ਼ ਮਿਲ ਸਕੇ।ਐਮਰਜੈਂਸੀ ਅਤੇ ਟਰਾਮਾ ਸੈਂਟਰ 24 ਘੰਟੇ ਕੀਤਾ ਜਾਵੇ, ਬਲੱਡ ਬੈਂਕ ਅਤੇ ਟਰਾਮਾ ਸੈਂਟਰ ਤੁਰੰਤ ਸ਼ੁਰੂ ਕੀਤਾ ਜਾਵੇ, ਮੈਡੀਕਲ ਕਾਲਜ ਦਾ ਨਿਰਮਾਣ ਕੀਤਾ ਜਾਵੇ, ਆਧੁਨਿਕ ਟੈਸਟ ਸਹੂਲਤਾਂ ਹਸਪਤਾਲ ਦੇ ਅੰਦਰ ਹੀ ਤੁਰੰਤ ਮੁਹੱਈਆ ਕਰਵਾਈਆਂ ਜਾਣ ਤਾਂਕਿ ਮਰੀਜਾਂ ਨੂੰ ਬਿਨਾਂ ਕਿਸੇ ਲੁੱਟ ਖਸੁੱਟ ਤੋਂ ਸਮੇਂ ਸਿਰ ਸਹੀ ਇਲਾਜ਼ ਮਿਲ ਸਕੇ।

## 80ਫ਼ੀਸਦੀ ਤੋਂ ਘੱਟ ਬਣੇ ਯ.ਡੀ.ਆਈ.ਡੀ. ਕਾਰਡ ਵਾਲਿਆਂ ਨੂੰ ਵੀ.ਸੀ.ਐਸ.ਆਰ. ਤਹਿਤ ਵੰਡੇ ਟਰਾਈ ਸਾਈਕਲ



ਬਰੇਟਾ, 27 ਮਾਰਚ(ਨਰਿੰਦਰ ਬਾਂਸਲ ਵਿਨੋਦ ਸਿੰਗਲਾ): ਦਿਵਿਆਂਗਜਨਾ ਨੂੰ ਸਮਾਜ ਦੀ ਮੁੱਖ ਧਾਰਾ ਵਿਚ ਲਿਆਉਣ ਲਈ ਕੇਂਦਰ ਸਰਕਾਰ ਵੱਲੋਂ ਉਹਨਾਂ ਦੇ ਕਾਲਿਆਣ ਅਤੇ ਪੁਨਰਵਾਸ ਦੇ ਲਈ ਕੰਮ ਕੀਤੇ ਜਾਂਦੇ ਹਨ। ਇਸੇ ਲੜੀ ਤਹਿਤ ਪ੍ਰਧਾਨ ਮੰਤਰੀ ਦਿਵਿਆਸ਼ਾ ਕੇਂਦਰ ਬਠਿੰਡਾ ਵਿਖੇ 80% ਤੋਂ ਘੱਟ ਬਣੇ ਲੱਤਾਂ ਤੋਂ ਅਪਾਹਜ਼ ਦਿਵਿਆਂਗ ਭੈਣ ਭਰਾਵਾਂ ਨੂੰ ਮੁਫ਼ਤ ਦਿਵਿਆਂਗਜ਼ਨ ਮੋਟਰਾਂਇਜ਼ਡ ਟਰਾਈਸਾਈਕਲ ਵੰਡ ਸਮਾਰੋਹ ਮੁੱਖ ਮਹਿਮਾਨ ਸ਼੍ਰੀ ਰਾਜੇਸ਼ ਧੀਮਾਨ ਆਈ ਏ ਐਸ ਡਿਪਟੀ ਕਮਿਸ਼ਨਰ ਬਠਿੰਡਾ, ਇੰਡੀਅਨ ਆਇਲ ਕਾਰਪੋਰੇਸ਼ਨ ਲਿਮਿਟਿਡ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਬਠਿੰਡਾ, ਅਲਿਮਕੋ ਮੋਹਾਲੀ ਵੱਲੋਂ ਸ਼੍ਰੀ ਇਸ਼ਵਿੰਦਰ ਸਿੰਘ ਮੈਨੇਜਰ ਅਤੇ ਯੂਨਿਟ ਹੈਡ, ਸ਼੍ਰੀ ਅਸ਼ੋਕ ਕੁਮਾਰ ਸਾਹੂ (ਜੇ.ਐਮ.ਪੀ.ਐਂਡ ਓ.) ਦੀ ਖਾਸ ਮੌਜੂਦਗੀ ਵਿਚ ਕੀਤਾ ਗਿਆ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰਾਲੇ, ਭਾਰਤ ਸਰਕਾਰ ਦੇ ਦਿਵਿਆਂਗਜ਼ਨ ਸ਼ਾਸ਼ਕਤੀਕਰਨ ਵਿਭਾਗ ਦੇ ਅਧੀਨ ਕੰਮ ਕਰ ਰਹੇ ਭਾਰਤੀਯ ਕ੍ਰਿਤਰਮ ਅੰਗ ਨਿਰਮਾਣ ਨਿਗਮ (ਅਲਿਮਕੋ ) ਅਤੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਵਿਭਾਗ, ਬਠਿੰਡਾ ਦੀ ਭਾਗੀਦਾਰੀ ਨਾਲ ਇਸ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।

## ਟਰੱਕ ਯੂਨੀਅਨ ਖਨੌਰੀ ਦਾ ਪ੍ਰਧਾਨ ਵੋਟਾਂ ਰਾਹੀਂ ਬਣਾਇਆ ਜਾਵੇ : ਟਰੱਕ ਆਪ੍ਰੇਟਰ

ਖਨੌਰੀ, 27 ਮਾਰਚ (ਓਮਪ੍ਰਕਾਸ ਮੁਆਲ): ਟਰੱਕ ਯੂਨੀਅਨ ਖਨੌਰੀ ਦਾ ਪ੍ਰਧਾਨ ਵੋਟਾਂ ਰਾਹੀਂ ਚੁਣਿਆ ਜਾਵੇ ਨਾ ਥੋਪਿਆ ਜਾਵੇ।ਇਸ ਸਬੰਧੀ ਅੱਜ ਟਰੱਕ ਯੂਨੀਅਨ ਦੇ ਆਪ੍ਰੇਟਰਾਂ ਟਰੱਕ ਯੂਨੀਅਨ ਵਿਖੇ ਇਕੱਠੇ ਹੋਏ ਅਤੇ ਉਨ੍ਹਾਂ ਨੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਤੋਂ ਮੰਗ ਕੀਤੀ ਹੈ ਕਿ ਟਰੱਕ ਯੂਨੀਅਨ ਦੀ ਪ੍ਰਧਾਨਗੀ ਲਈ ਵੋਟਾਂ ਪੁਆਈਆਂ ਜਾਣ ਤੇ ਅਸੀਂ ਪ੍ਰਧਾਨ ਉਹ ਬਣਾਉਣਾ ਹੈ ਜੋ ਆਪਰੇਟਰ ਹੋਵੇ ਤੇ ਜੋ ਸਾਡੇ ਟਰੱਕਾਂ ਵਾਲਿਆਂ ਦਾ ਦੁੱਖ ਦਰਦ ਸਮਝਦਾ ਹੋਵੇ। ਯੂਨੀਅਨ ਖਨੌਰੀ ਦੇ ਸਾਬਕਾ ਪ੍ਰਧਾਨ ਸੁਰਜੀਤ ਸ਼ਰਮਾ ਨੇ ਕਿਹਾ ਕਿ ਜਦੋਂ ਕਿ ਟਰੱਕਾਂ ਵਾਲਿਆਂ ਨੇ ਪ੍ਰਤੀ ਟਰੱਕ 5000 ਰੁਪਏ ਕਟਵਾਏ ਹਨ ਅਤੇ ਇਸ ਤੋਂ ਇਲਾਵਾ ਟਰੱਕ ਦਾ ਨੰਬਰ ਕੱਟਣ ਤੇ ਪਰਚੀ ਵੀ ਕੱਟੀ ਜਾਂਦੀ ਹੈ ਤੇ ਇੱਥੇ ਹੀ ਬਸ ਨਹੀਂ ਕਿਰਾਇਆ ਦੇਣ ਸਮੇਂ ਟੀ ਡੀ ਐਸ ਵੀ ਕੱਟਿਆ ਜਾਂਦਾ ਹੈ ਤੇ ਇਤਨਾ ਕੁੱਝ ਕਰਨ ਦੇ ਬਾਵਜੂਦ ਵੀ ਆਪ੍ਰੇਟਰਾਂ ਦੀ ਕੋਈ ਸੁਣਵਾਈ ਨਹੀਂ ਹੋ ਰਹੀ। ਟਰੱਕ ਅਪਰੇਟਰਾਂ ਨੇ ਇਹ ਵੀ ਕਿਹਾ ਹੁਣ ਜਦੋਂ ਕਿ ਤੇਲ ਡੀਜ਼ਲਾਂ ਦੇ ਰੇਟ ਵੀ ਲਗਾਤਾਰ ਵੱਧਦੇ ਜਾ ਰਹੇ ਹਨ, ਪ੍ਰੰਤੂ ਸਾਡੇ ਕਿਰਾਏ ਅੱਗੇ ਨਾਲੋਂ ਵੀ ਘਟਦੇ ਜਾ ਰਹੇ ਹਨ। ਆਪਰੇਟਰਾਂ ਨੇ ਇਹ ਵੀ ਦੋਸ਼ ਲਗਾਇਆ ਕਿ ਟਰੱਕਾਂ ਵਾਲਿਆਂ ਨੂੰ ਗੱਡੀ ਨਾ ਉਤਰਨ 'ਤੇ ਜੋ ਦਿਹਾੜੀ ਮਿਲਦੀ ਸੀ, ਹੁਣ ਉਹ ਦਿਨ ਘਟਾਉਣ ਦੀ ਬਜਾਏ ਉਲਟਾ ਹੋਰ ਆਪਰੇਟਰਾਂ ਨੂੰ ਮਾਰ ਪਾਉਂਦੇ ਹੋਏ ਇਸ ਵਿਚ ਵਾਧਾ ਕਰ ਦਿੱਤਾ ਹੈ, ਜਿਸ ਪ੍ਰਤੀ ਸਮੂੰਹ ਆਪਰੇਟਰਾਂ ਵਿੱਚ ਭਾਰੀ ਰੋਸ ਪੈਦਾ ਹੋ ਚੁੱਕਾ ਹੈ। ਸਾਡੇ ਆਪਰੇਟਰਾ ਦੀ ਕੋਈ ਸੁਣਵਾਈ ਨਹੀਂ ਕੀਤੀ ਜਾ ਰਹੀ ਸਭ ਦੁਖੀ ਹਨ। ਇਸ ਮੌਕੇ ਸੁਰਜੀਤ ਸ਼ਰਮਾ ਸਾਬਕਾ ਪ੍ਰਧਾਨ ਟਰੱਕ ਯੂਨੀਅਨ, ਤੇਜਾ ਸਿੰਘ ਸਾਬਕਾ ਕੌਂਸਲਰ, ਕੁਲਦੀਪ ਸਿੰਘ, ਜਸਵਿੰਦਰ ਸਿੰਘ, ਮੁਨੀਸ਼ ਗੋਇਲ, ਅਸ਼ੋਕ ਕੁਮਾਰ, ਸੁਖਵਿੰਦਰ ਸਿੰਘ ਬੇਦੀ, ਹਰਿੰਦਰ ਸਿੰਘ, ਅੰਗਦ ਕੁਮਾਰ, ਲਾਲ ਸਿੰਘ, ਇਸਮਾ ਰਾਮ, ਅੰਗਰੇਜ਼ ਸਿੰਘ, ਮਿਠੂ ਸਿੰਘ, ਸਤਵਿੰਦਰ ਸਿੰਘ, ਸੋਨੂੰ, ਸਾਹਬ ਸਿੰਘ, ਸਤਨਾਮ ਸਿੰਘ ਆਦਿ ਮੌਜੂਦ ਸਨ। ਇਸ ਸਬੰਧੀ ਟਰੱਕ ਯੂਨੀਅਨ ਦੇ ਪ੍ਰਧਾਨ ਬੀਰਭਾਨ ਕਾਂਸਲ ਨੇ ਕਿਹਾ ਕਿ ਯੂਨੀਅਨ ਦਾ ਕੰਮ ਕਾਜ ਠੀਕ ਚੱਲ ਰਿਹਾ ਹੈ ਪਰ ਕੁਝ ਲੋਕ ਜਾਣ ਬੁੱਝ ਕੇ ਯੂਨੀਅਨ ਦਾ ਮਾਹੌਲ ਖਰਾਬ ਕਰਨਾ ਚਾਹੁੰਦੇ ਹਨ।

# ਭਾਜਪਾ ਅਤੇ ਯੁਵਾ ਮੋਰਚਾ ਵੱਲੋਂ ਸਾਂਸਦ ਮੀਤ ਹੇਅਰ ਦੀ ਕੋਠੀ ਦਾ ਘਿਰਾਓ

## ਸੀ.ਬੀ.ਆਈ. ਜਾਂਚ ਦੀ ਮੰਗ ਤੇਜ਼



ਬਰਨਾਲਾ , 27 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਡੀਐਮ ਗਗਨਦੀਪ ਸਿੰਘ ਰੰਧਾਵਾ ਦੀ ਖੁਦਕੁਸ਼ੀ ਦੇ ਮਾਮਲੇ ਵਿੱਚ ਸੀਬੀਆਈ ਜਾਂਚ ਦੀ ਮੰਗ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਅਤੇ ਯੁਵਾ ਮੋਰਚਾ ਵੱਲੋਂ ਲੋਕ ਸਭਾ ਸੰਗਰੂਰ ਦੇ ਐਮਪੀ ਮੀਤ ਹੇਅਰ ਦੀ ਕੋਠੀ ਦਾ ਘਿਰਾਓ ਕੀਤਾ ਗਿਆ। ਇਹ ਪ੍ਰਦਰਸ਼ਨ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਸੰਸਦ ਵਿੱਚ ਦਿੱਤੇ ਗਏ ਬਿਆਨ ਦੇ ਹੱਕ ਵਿੱਚ ਕੀਤਾ ਗਿਆ, ਜਿਸ ਮੁਤਾਬਕ ਪੰਜਾਬ ਦੇ 13 ਸੰਸਦ ਮੈਂਬਰਾਂ ਵੱਲੋਂ ਸੀਬੀਆਈ ਜਾਂਚ ਲਈ ਲਿਖਤੀ ਮੰਗ ਪੱਤਰ ਗ੍ਰਹਿ ਮੰਤਰੀ ਨੂੰ ਦੇਣਾ ਸੀ, ਜੋ ਅਜੇ ਤੱਕ ਨਹੀਂ ਦਿੱਤਾ ਗਿਆ। ਇਸ ਮੌਕੇ ਯੁਵਾ ਮੋਰਚਾ ਦੀ ਜ਼ਿਲਾ ਪ੍ਰਧਾਨ ਰਮਨ ਜਵੰਦਾ, ਭਾਜਪਾ ਆਗੂ ਰਜਿੰਦਰ ਉੱਪਲ ਅਤੇ ਜ਼ਿਲ੍ਹਾ ਸਕੱਤਰ ਸੰਦੀਪ ਜੇਠੀ ਨੇ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਹਾਲਤ ਬਹੁਤ ਖ਼ਰਾਬ ਹੋ ਚੁੱਕੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਰੋਜ਼ਾਨਾ ਕਤਲ, ਲੁੱਟ-ਖੋਹ, ਫਿਰੌਤੀ ਅਤੇ ਨਸ਼ਿਆਂ ਕਾਰਨ ਮੌਤਾਂ ਦੇ ਮਾਮਲੇ ਸਾਹਮਣੇ ਆ ਰਹੇ ਹਨ, ਜਿਸ ਨਾਲ ਲੋਕਾਂ ਵਿੱਚ ਡਰ ਦਾ ਮਾਹੌਲ ਬਣਿਆ ਹੋਇਆ ਹੈ। ਉਨ੍ਹਾਂ ਨੇ ਦੋਸ਼ ਲਗਾਇਆ ਕਿ ਸੂਬਾ ਸਰਕਾਰ ਪ੍ਰਸ਼ਾਸਨ ਚਲਾਉਣ ਵਿੱਚ ਅਸਫਲ ਰਹੀ ਹੈ ਅਤੇ ਪੰਜਾਬ ਵਿੱਚ ਗੈਂਗਸਟਰਾਂ ਦਾ ਪ੍ਰਭਾਵ ਲਗਾਤਾਰ ਵੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਵਪਾਰੀਆਂ ਅਤੇ ਆਮ ਲੋਕਾਂ ਤੋਂ ਧਮਕੀਆਂ ਦੇ ਜ਼ਰੀਏ ਉਗਰਾਹੀ ਕੀਤੀ ਜਾ ਰਹੀ ਹੈ। ਡੀਐਮ ਗਗਨਦੀਪ ਸਿੰਘ ਰੰਧਾਵਾ ਦੇ ਮਾਮਲੇ ਬਾਰੇ ਗੱਲ ਕਰਦਿਆਂ ਉਨ੍ਹਾਂ ਦਾਅਵਾ ਕੀਤਾ ਕਿ ਉਨ੍ਹਾਂ 'ਤੇ ਮਾਨਸਿਕ ਦਬਾਅ ਅਤੇ ਪਰਤਾੜਨਾ ਕੀਤੀ ਗਈ, ਜਿਸ ਕਾਰਨ ਉਨ੍ਹਾਂ ਨੇ ਇਹ ਕਦਮ ਚੁੱਕਿਆ। ਉਨ੍ਹਾਂ ਨੇ ਇਹ ਵੀ ਕਿਹਾ ਕਿ ਰੰਧਾਵਾ ਪਰਿਵਾਰ ਵੱਲੋਂ ਸੀਬੀਆਈ ਜਾਂਚ ਦੀ ਮੰਗ ਕੀਤੀ ਗਈ ਹੈ ਤਾਂ ਜੋ ਸੱਚ ਸਾਹਮਣੇ ਆ ਸਕੇ ਅਤੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਮਿਲੇ। ਪ੍ਰਦਰਸ਼ਨਕਾਰੀਆਂ ਨੇ ਦੋਸ਼ ਲਗਾਇਆ ਕਿ ਇਸ ਮਾਮਲੇ ਵਿੱਚ ਪੁਲਿਸ ਕਾਰਵਾਈ ਧੀਮੀ ਰਹੀ ਹੈ ਅਤੇ ਇਨਸਾਫ ਲਈ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਇਨਸਾਫ ਨਾ ਮਿਲਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਹੋਰ ਸੰਸਦ ਮੈਂਬਰਾਂ ਦੇ ਘਰਾਂ ਦਾ ਵੀ ਘਿਰਾਓ ਕੀਤਾ ਜਾਵੇਗਾ। ਭਾਜਪਾ ਯੁਵਾ ਮੋਰਚਾ ਨੇ ਕਿਹਾ ਕਿ ਉਹ ਰੰਧਾਵਾ ਪਰਿਵਾਰ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹਨ ਅਤੇ ਇਨਸਾਫ ਲਈ ਲੜਾਈ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਰਜਿੰਦਰ ਉੱਪਲ ਸੀਨੀਅਰ ਭਾਜਪਾ ਆਗੂ ਅਤੇ ਰਮਨ ਜਵੰਧਾ ਜਿੱਲ੍ਹਾ ਪ੍ਰਧਾਨ ਭਾਰਤੀ ਜਨਤਾ ਪਾਰਟੀ ਯੁਵਾ ਮੋਰਚਾ, ਜਿਲਾ ਸਕੱਤਰ ਸੰਦੀਪ ਜੇਠੀ, ਨੰਦ ਲਾਲ, ਹਨੀ ਸਿੰਗਲਾ, ਹਰਦੀਪ ਚੀਮਾ, ਲਵਲੀਨ ਭਾਰਦਵਾਜ ਧਨੌਲਾ, ਬੇਅੰਤ ਸਿੰਘ ਐਸਸੀ ਮੋਰਚਾ, ਬਾਰੂ ਸਿੰਘ ਐਸੀ ਮੋਰਚਾ ਸਾਬਕਾ ਜਿਲਾ ਜਨਰਲ ਸਕੱਤਰ, ਜੋਗੀ ਸਿੰਘ,ਸਾਹਿਲ ਕੁਮਾਰ ਸਾਬਕਾ ਬਲਾਕ ਪ੍ਰਧਾਨ ਤਪਾ, ਚੀਨਾ ਜੱਸੜ ਕਾਲੇ ਕੇ, ਦਰਸ਼ਨ ਸਿੰਘ ਚੀਮਾ, ਸੁਖਦੀਪ ਸਿੰਘ ਧੌਲਾ, ਦੀਪੀ ਖੁੱਡੀ, ਕਮਲ ਸ਼ਰਮਾ ਸਾਬਕਾ ਬਲਾਕ ਪ੍ਰਧਾਨ ਬਰਨਾਲਾ, ਪੰਪੋਸ਼ ਕੌਲ ਸਾਬਕਾ ਆਈਟੀ ਸੈਲ ਇੰਚਾਰਜ, ਕਰਨ ਸ਼ਰਮਾ, ਮਨੀ ਸਿੰਘ ਭੈਣੀ ਜੱਸਾ, ਡਾਕਟਰ ਮੱਖਨ ਜੈਮਲ ਸਿੰਘ ਵਾਲਾ ਆਦਿ ਮੌਜੂਦ ਸਨ।

# ਜ਼ਿਲ੍ਹਾ ਅਤੇ ਸੈਸ਼ਨ ਜੱਜ ਵੱਲੋਂ ਜ਼ਿਲ੍ਹਾ ਜੇਲ੍ਹ ਵਿਚ ਓਟ ਸੈਂਟਰ ਦਾ ਅਚਨਚੇਤ ਨਿਰੀਖਣ



ਬਰਨਾਲਾ, 27 ਮਾਰਚ (ਬਘੇਲ ਸਿੰਘ ਧਾਲੀਵਾਲ) : ਅੱਜ ਮਿਸ ਅੰਸ਼ੁਲ ਬੇਰੀ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ —ਸਹਿਤ— ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਵਲੋਂ ਜ਼ਿਲ੍ਹਾ ਜੇਲ੍ਹ ਬਰਨਾਲਾ ਵਿਖੇ ਚਲ ਰਹੇ ਓਟ ਸੈਂਟਰ ਦਾ ਅਚਨਚੇਤ ਦੌਰਾ ਕੀਤਾ ਗਿਆ। ਇਸ ਸਮੇਂ ਉਹਨਾਂ ਨਾਲ ਸ਼੍ਰੀ ਮਦਨ ਲਾਲ, ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਵੀ ਮੌਜੂਦ ਸਨ। ਇਸ ਮੌਕੇ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ —ਸਹਿਤ— ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਵਲੋਂ ਓਟ ਕਲੀਨਿਕ ਵਿੱਚ ਮੌਜੂਦ ਸਟਾਫ, ਕੈਦੀ ਅਤੇ ਹਵਾਲਾਤੀਆਂ ਨਾਲ ਗੱਲਬਾਤ ਕੀਤੀ ਗਈ ਅਤੇ ਓਟ ਕਲੀਨਿਕ ਵਿਖੇ ਕੈਦੀਆਂ ਅਤੇ ਹਵਾਲਾਤੀਆਂ ਨੂੰ ਦਿੱਤੀ ਜਾ ਰਹੀ ਦਵਾਈ ਦੇ ਰਿਕਾਰਡ ਨੂੰ ਚੈੱਕ ਕੀਤਾ ਗਿਆ ਅਤੇ ਰਿਕਾਰਡ ਵਿੱਚ ਹੋਰ ਪਾਰਦਰਸ਼ਤਾ ਲਿਆਉਣ ਲਈ ਜ਼ਰੂਰੀ ਦਿਸ਼ਾ ਨਿਰਦੇਸ਼ ਦਿੱਤੇ। ਇਸ ਮੌਕੇ ਉਹਨਾਂ ਕੈਦੀਆਂ ਅਤੇ ਹਵਾਲਾਤੀਆਂ ਨੂੰ ਦਵਾਈ ਦੀ ਉਪਲਬਤਾ ਬਾਰੇ ਅਤੇ ਉਹਨਾਂ ਨੂੰ ਆਉਂਦੀਆਂ ਮੁਸ਼ਕਿਲਾਂ ਬਾਰੇ ਪੁੱਛਿਆ ਤਾਂ ਕੈਦੀਆਂ ਅਤੇ ਹਵਾਲਾਤੀਆਂ ਵਲੋਂ ਸਤੁਸ਼ਟੀ ਜਾਹਿਰ ਕੀਤੀ ਗਈ।ਇਸ ਮੌਕੇ ਸ਼੍ਰੀ ਸ਼ਿਵਰਾਜ ਸਿੰਘ ਨੰਦਗੜ੍ਹ, ਜੇਲ੍ਹ ਸੁਪਰਡੈਂਟ, ਡਾਕਟਰ ਜਤਿਨ ਗਰਗ, ਕਾਂਉਸਲਰ ਸ਼੍ਰੀ ਸੰਦੀਪ ਸਿੰਘ ਅਤੇ ਫਾਰਮਾਸਿਸਟ ਸ਼੍ਰੀ ਰਮਨਦੀਪ ਸਿੰਘ ਵੀ ਮੌਜੂਦ ਸਨ।

# ਮੁਅੱਤਲ ਐਸ.ਐੱਚ.ਓ. ਨਰੇਸ਼ ਕੁਮਾਰ 'ਤੇ ਕਾਰਵਾਈ ਦੀ ਮੰਗ ਨੂੰ ਲੈ ਕੇ ਪੁਤਲੇ ਫੂਕੇ



ਬਰਨਾਲਾ , 27 ਮਾਰਚ (ਬਘੇਲ ਸਿੰਘ ਧਾਲੀਵਾਲ) : ਡੀ ਸੀ ਦਫਤਰ ਕਰਮਚਾਰੀ ਯੂਨੀਅਨ ਪੰਜਾਬ ਪ੍ਰਧਾਨ ਤੇਜਿੰਦਰ ਸਿੰਘ ਨੰਗਲ ਨੂੰ ਅੱਧੀ ਰਾਤ ਨੂੰ ਘਰੋਂ ਜ਼ਬਰਦਸਤੀ ਚੁੱਕਣ, ਜਾਤੀ ਸੂਚਕ ਸ਼ਬਦ ਬੋਲਣ, ਧਾਰਮਿਕ ਕਕਾਰਾਂ ਦੀ ਬੇਅਦਬੀ ਕਰਨ, ਹੋਰ ਅਪਰਾਧੀਆਂ ਨਾਲ ਹਵਾਲਾਤ ਵਿੱਚ ਬੰਦ ਕਰਨ ਅਤੇ ਗਾਲੀ ਗਲੋਚ ਕਰਨ ਵਾਲੇ ਨਰੇਸ਼ ਕੁਮਾਰ ਸਾਬਕਾ SHO, ਸਿਪਾਹੀ ਮਲੂਕ ਸਿੰਘ (ਦੋਵੇਂ ਮੁਅੱਤਲੀ ਅਧੀਨ) ਥਾਣਾ ਜੰਡਿਆਲਾ ਗੁਰੂ ਵਿਰੁੱਧ ਪਰਚਾ ਨਾ ਦਰਜ ਹੋਣ ਕਰਕੇ ਮਿਤੀ 17-03-2026 ਨੂੰ ਦਫ਼ਤਰ SSP (ਦਿਹਾਤੀ) ਅੰਮ੍ਰਿਤਸਰ ਦਾ ਘਿਰਾਓ ਕਰਕੇ ਧਰਨਾ ਪ੍ਰਦਰਸ਼ਨ ਕੀਤਾ ਗਿਆ ਸੀ। ਡੀ.ਸੀ. ਦਫ਼ਤਰਾਂ ਦੇ ਮੁਲਾਜ਼ਮਾਂ ਦੇ ਇਸ ਰੋਹ ਨੂੰ ਭਾਂਪਦਿਆਂ ਹੋਇਆ ਮਿਤੀ 18-03-2026 ਨੂੰ SSP (ਦਿਹਾਤੀ) ਸ਼੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਜੱਥੇਬੰਦੀ ਦੇ ਆਗੂਆਂ ਨੂੰ ਮੀਟਿੰਗ ਲਈ ਸੱਦਿਆ ਗਿਆ ਅਤੇ ਜੱਥੇਬੰਦੀ ਨਾਲ ਸਹਿਮਤ ਹੁੰਦਿਆ ਹੋਇਆਂ ਨਰੇਸ਼ ਕੁਮਾਰ SHO ਅਤੇ ਮਲੂਕ ਸਿੰਘ ਸਿਪਾਹੀ ਨੂੰ ਕਸੂਰਵਾਰ ਮੰਨਦੇ ਹੋਏ ਤੁਰੰਤ ਪ੍ਰਭਾਵ ਨਾਲ ਮੁਅੱਤਲ ਕੀਤਾ ਗਿਆ ਤੇ ਸੰਬੰਧਿਤਾਂ 'ਤੇ ਪਰਚਾ ਦਰਜ ਕਰਨ ਲਈ ਇੱਕ SIT ਦਾ ਗਠਨ ਕਰਕੇ ਮਿਤੀ 23-03-2026 ਤੱਕ ਰਿਪੋਰਟ ਭੇਜਣ ਲਈ ਪਾਬੰਦ ਕੀਤਾ ਗਿਆ ਪ੍ਰੰਤੂ ਹਾਲੇ ਤੱਕ ਸਿੱਟ ਵਲੋਂ ਆਪਣੀ ਰਿਪੋਰਟ ssp ਨੂੰ ਨਹੀਂ ਸੌਂਪੀ ਗਈ ਹੈ,ਜਿਸਦੇ ਰੋਸ ਵਜੋਂ ਅੱਜ ਡੀ ਸੀ ਦਫਤਰ ਕਰਮਚਾਰੀ ਯੂਨੀਅਨ ਬਰਨਾਲਾ ਵੱਲੋਂ ਨਿਰਮਲਜੀਤ ਸਿੰਘ ਚਾਨੇ ਜਿਲ੍ਹਾ ਪ੍ਰਧਾਨ ਦੀ ਅਗਵਾਈ ਵਿੱਚ ਨਾਅਰੇਬਾਜ਼ੀ ਕਰਦੇ ਹੋਏ ਮੁਅੱਤਲ ਐਸ ਐੱਚ ਓ ਨਰੇਸ਼ ਕੁਮਾਰ, ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਪੰਜਾਬ ਦਾ ਪੁਤਲਾ ਸਾੜਿਆ ਗਿਆ ਅਤੇ ਦੋਸ਼ੀ ਪੁਲਸ ਮੁਲਾਜ਼ਮਾਂ ਖ਼ਿਲਾਫ਼ ਕਾਰਵਾਈ ਦੀ ਮੰਗ ਕੀਤੀ। ਸੁਪਰਡੰਟ ਕਮਲਜੀਤ ਸਿੰਘ ਸ਼ਾਦ ਨੇ ਸੰਬੋਧਨ ਕਰਦਿਆਂ ਕਿਹਾ ਜੇਕਰ ਪਰਚਾ ਦਰਜ ਨਹੀਂ ਕੀਤਾ ਜਾਂਦਾ ਤਾਂ ਸੰਘਰਸ਼ ਦੇ ਅਗਲੇ ਪੜਾਅ ਵਿੱਚ ਸ਼ਹਿਰ ਅੰਦਰ ਭਰਵਾਂ ਰੋਸ ਮਾਰਚ ਕੀਤਾ ਜਾਵੇਗਾ।ਰਵਿੰਦਰ ਸ਼ਰਮਾ ਜਨਰਲ ਸਕੱਤਰ ਅਤੇ ਤਰਸੇਮ ਭੱਠਲ ਸੂਬ ਸਕੱਤਰ psmsu ਵਲੋਂ ਕਿਹਾ ਗਿਆ ਕਿ ਜਿੰਨੀ ਦੇਰ ਤੱਕ ਇਨਸਾਫ ਨਹੀਂ ਮਿਲੇਗਾ, ਇਹ ਲੜਾਈ ਜਾਰੀ ਰਹੇਗੀ। ਇਸ ਮੌਕੇ ਅੰਸ਼ੂ ਗੁਪਤਾ, ਵਿੱਕੀ ਡਾਬਲਾ, ਨਰਿੰਦਰਪਾਲ ਸਿੰਘ, ਅਮਨਦੀਪ ਸਿੰਘ, ਮੋਹਿਤ ਕੁਮਾਰ, ਗੁਰਜੀਤ ਸਿੰਘ, ਜੈ ਗਣੇਸ਼, ਸੁਨੀਲ ਕੁਮਾਰ, ਕਿਰਨਹਰਜੋਤ ਕੌਰ, ਸਤਨਾਮ ਕੌਰ, ਸਰਬਜੀਤ ਸਿੰਘ, ਸਤਵਿੰਦਰ ਸਿੰਘ, ਹਰਪਾਲ ਸਿੰਘ, ਕਿਰਪਾਲ ਸਿੰਘ ਆਦਿਕ ਕਰਮਚਾਰੀ ਹਾਜਰ ਸਨ।

# ਭਾਜਪਾ ਵਿਧਾਨ ਸਭਾ ਚੋਣਾਂ ਆਪਣੇ ਬਲਬੂਤੇ ਲੜੇਗੀ : ਬਲਵਿੰਦਰਪਾਲ ਹੈਪੀ



ਭਦੌੜ, 27 ਮਾਰਚ (ਸੁਖਵਿੰਦਰ ਪਲਾਹਾ) : ਪੰਜਾਬ ਵਿੱਚ ਇਸ ਵਾਰ ਭਾਰਤੀ ਜਨਤਾ ਪਾਰਟੀ ਵਿਧਾਨ ਸਭਾ ਚੋਣਾਂ ਆਪਣੇ ਬਲਬੂਤੇ ਲੜੇਗੀ, ਕਿਉਂਕਿ ਇਸ ਵਾਰ ਪਾਰਟੀ ਦਾ ਵੋਟ ਬੈਂਕ ਪੰਜਾਬ ਵਿੱਚ ਪਹਿਲਾਂ ਨਾਲੋਂ ਦੁੱਗਣਾ ਹੋਇਆ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਹਲਕਾ ਭਦੌੜ ਦੇ ਇੰਚਾਰਜ ਬਲਵਿੰਦਰ ਪਾਲ ਸਿੰਘ ਹੈਪੀ ਨੇ ਪੱਤਰਕਾਰਾਂ ਕੋਲ ਕੀਤਾ। ਉਹਨਾਂ ਕਿਹਾ ਕਿ ਬੀਤੇ ਦਿਨੀ ਮੋਗਾ ਵਿਖੇ ਹੋਈ ਭਾਰਤੀ ਜਨਤਾ ਪਾਰਟੀ ਦੀ ਰੈਲੀ ਵਿੱਚ ਰਿਕਾਰਡ ਤੋੜ ਇਕੱਠ ਤੋਂ ਇਹ ਸਾਫ ਜ਼ਾਹਿਰ ਹੁੰਦਾ ਸੀ ਕਿ ਇਸ ਵਾਰ ਲੋਕ ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਵੇਖਣਾ ਚਾਹੁੰਦੇ ਹਨ ਕਿਉਂਕਿ ਹੁਣ ਤੱਕ ਜਿੰਨੀਆਂ ਵੀ ਸਰਕਾਰਾਂ ਪੰਜਾਬ ਵਿੱਚ ਆਈਆਂ ਹਨ ਉਹਨਾਂ ਨੇ ਸਿਰਫ ਲੋਕਾਂ ਨੂੰ ਲੁੱਟਣ ਤੇ ਕੁੱਟਣ ਇਸ ਤੋਂ ਇਲਾਵਾ ਹੋਰ ਕੋਈ ਵੀ ਨਹੀਂ ਕੀਤਾ। ਉਹਨਾਂ ਕਿਹਾ ਕਿ ਬੀਤੇ ਦਿਨੀਂ ਮੋਗਾ ਰੈਲੀ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਜੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਹੈ ਕਿ ਇਤਿਹਾਸ ਗਵਾਹ ਹੈ ਕਿ ਕਿਸੇ ਵੀ ਸਟੇਟ ਵਿੱਚ ਜਦੋਂ ਭਾਰਤੀ ਜਨਤਾ ਪਾਰਟੀ ਦੀ ਵੋਟ 19% ਤੋਂ ਵੱਧ ਹੋ ਜਾਂਦੀ ਹੈ ਤਾਂ ਉਸ ਸਟੇਟ ਵਿੱਚ ਭਾਰਤੀ ਜਨਤਾ ਪਾਰਟੀ ਦੀ ਹੀ ਸਰਕਾਰ ਬਣਦੀ ਹੈ । ਬਲਵਿੰਦਰਪਾਲ ਹੈਪੀ ਨੇ ਕਿਹਾ ਕਿ ਇਸ ਵਾਰ ਭਾਰਤੀ ਜਨਤਾ ਪਾਰਟੀ ਦੀ ਵੋਟ ਬੈਂਕ ਵਿੱਚ ਭਾਰੀ ਇਜ਼ਾਫ਼ਾ ਹੋਇਆ ਹੈ ਜਿਸ ਕਾਰਨ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਬਹੁਮਤ ਨਾਲ ਜਿੱਤ ਦਰਜ ਕਰਕੇ ਪੰਜਾਬ ਵਿੱਚ ਆਪਣੀ ਸਰਕਾਰ ਬਣਾਏਗੀ। ਉਹਨਾਂ ਕਿਹਾ ਕਿ ਪੰਜਾਬ ਦੀ ਮੌਜੂਦਾ ਸਰਕਾਰ ਕੇਂਦਰ ਦੀਆਂ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਨੂੰ ਆਪਣੇ ਕੰਮਾਂ ਨਾਲ ਜੋੜ ਕੇ ਆਪਣਾ ਵੋਟ ਬੈਂਕ ਪੱਕਾ ਕਰਨਾ ਚਾਹੁੰਦੀ ਹੈ, ਪਰ ਪੰਜਾਬ ਦੇ ਲੋਕ ਇਹਨਾਂ ਤੋਂ ਭਲੀ ਭਾਂਤ ਜਾਣੂ ਹੋ ਚੁੱਕੇ ਹਨ, ਜਿਸ ਕਾਰਨ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਵਿੱਚੋਂ ਆਮ ਆਦਮੀ ਪਾਰਟੀ ਦਾ ਬਿਲਕੁਲ਼ ਸਫਾਇਆ ਹੋ ਜਾਵੇਗਾ।

# ਵਾਈਐਸ ਕਾਲਜ ਦੇ ਪ੍ਰਿੰਸੀਪਲ ਨੇ ਐਨ.ਪੀ.ਟੀ.ਈ.ਐਲ. ਪ੍ਰੀਖਿਆ 'ਚ ਨਿਭਾਈ ਡਿਊਟੀ




ਬਰਨਾਲਾ, 27 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਵਾਈ ਐੱਸ ਕਾਲਜ ਨੇ ਮਾਨਤਾਵਾਂ ਦੀ ਆਪਣੀ ਵਧਦੀ ਸੂਚੀ ਵਿੱਚ ਇੱਕ ਹੋਰ ਮਹੱਤਵਪੂਰਨ ਪ੍ਰਾਪਤੀ ਜੋੜਦੇ ਹੋਏ, ਸੰਸਥਾ ਦੇ ਪ੍ਰਿੰਸੀਪਲ, ਡਾ. ਗੁਰਪਾਲ ਸਿੰਘ ਰਾਣਾ ਨੂੰ 28 ਮਾਰਚ ਨੂੰ ਸੀਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵਿਖੇ ਹੋਣ ਵਾਲੀ ਐਨ.ਪੀ.ਟੀ.ਈ.ਐਲ ਪ੍ਰੀਖਿਆ ਲਈ ਪ੍ਰੀਖਿਆ ਨਿਰੀਖਕ ਵਜੋਂ ਸੰਸਥਾਗਤ ਪ੍ਰਤੀਨਿਧੀ (ਆਈ.ਆਰ) ਡਿਊਟੀ ਨਿਭਾਉਣ ਲਈ ਅਧਿਕਾਰਤ ਤੌਰ 'ਤੇ ਨਿਯੁਕਤ ਕੀਤਾ ਗਿਆ ਹੈ। ਇਹ ਜ਼ਿੰਮੇਵਾਰੀ ਆਈਆਈਟੀ ਮਦਰਾਸ ਦੁਆਰਾ ਵਾਈਐਸ ਕਾਲਜ ਵਿੱਚ ਰੱਖੇ ਗਏ ਨਿਰੰਤਰ ਵਿਸ਼ਵਾਸ ਨੂੰ ਦਰਸਾਉਂਦੀ ਹੈ, ਜੋ ਕਿ ਐਨ.ਪੀ.ਟੀ.ਈ.ਐਲ ਪ੍ਰੀਖਿਆ ਪ੍ਰਣਾਲੀ ਦੀ ਨਿਗਰਾਨੀ ਕਰਨ ਵਾਲੇ ਭਾਰਤ ਦੇ ਪ੍ਰਮੁੱਖ ਅਕਾਦਮਿਕ ਸੰਸਥਾਨਾਂ ਵਿੱਚੋਂ ਇੱਕ ਹੈ। ਇਹ ਨਿਯੁਕਤੀ ਵਾਈ.ਐਸ ਕਾਲਜ ਦੁਆਰਾ ਬਣਾਈ ਰੱਖੀ ਗਈ ਅਕਾਦਮਿਕ ਭਰੋਸੇਯੋਗਤਾ, ਪ੍ਰਬੰਧਕੀ ਕੁਸ਼ਲਤਾ ਅਤੇ ਪੇਸ਼ੇਵਰ ਇਮਾਨਦਾਰੀ ਨੂੰ ਉਜਾਗਰ ਕਰਦੀ ਹੈ। ਨੈਸ਼ਨਲ ਪ੍ਰੋਗਰਾਮ ਔਨ ਟੈਕਨਾਲੋਜੀ ਐਨਹਾਂਸਡ ਲਰਨਿੰਗ (ਐਨ.ਪੀ.ਟੀ.ਈ.ਐਲ) ਦੇ ਤਹਿਤ ਆਈਆਰ ਡਿਊਟੀਆਂ ਲਈ ਵਾਰ-ਵਾਰ ਚੁਣਿਆ ਜਾਣਾ ਸੰਸਥਾ ਦੀ ਪ੍ਰੀਖਿਆ ਪਾਰਦਰਸ਼ਤਾ, ਅਕਾਦਮਿਕ ਨੈਤਿਕਤਾ ਅਤੇ ਉੱਚ-ਗੁਣਵੱਤਾ ਵਾਲੇ ਵਿੱਦਿਅਕ ਮਿਆਰਾਂ ਨੂੰ ਬਣਾਈ ਰੱਖਣ ਲਈ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦੀ ਹੈ। ਅਜਿਹੀਆਂ ਰਾਸ਼ਟਰੀ ਪੱਧਰ ਦੀਆਂ ਜ਼ਿੰਮੇਵਾਰੀਆਂ ਵਾਈਐਸ ਕਾਲਜ ਦੀ ਸਥਿਤੀ ਨੂੰ ਇੱਕ ਭਰੋਸੇਮੰਦ ਅਕਾਦਮਿਕ ਭਾਈਵਾਲ ਵਜੋਂ ਪੁਸ਼ਟੀ ਕਰਦੀਆਂ ਹਨ ਜੋ ਦੇਸ਼ ਦੇ ਡਿਜੀਟਲ ਲਰਨਿੰਗ ਈਕੋਸਿਸਟਮ ਵਿੱਚ ਸਰਗਰਮੀ ਨਾਲ ਯੋਗਦਾਨ ਪਾਉਂਦੀਆਂ ਹਨ। ਡਾਇਰੈਕਟਰ ਵਰੁਣ ਭਾਰਤੀ ਨੇ ਕਿਹਾ ਕਿ ਵੱਕਾਰੀ ਅਕਾਦਮਿਕ ਕਾਰਜਾਂ ਲਈ ਵਾਈਐਸ ਕਾਲਜ ਫੈਕਲਟੀ ਦੀ ਨਿਰੰਤਰ ਚੋਣ ਸੰਸਥਾ ਲਈ ਬਹੁਤ ਮਾਣ ਵਾਲੀ ਗੱਲ ਹੈ। ਵਾਈਸ ਪ੍ਰਿੰਸੀਪਲ ਵੀ.ਪੀ. ਸਿੰਗਲਾ ਨੇ ਵੀ ਪ੍ਰਿੰਸੀਪਲ ਨੂੰ ਇਸ ਮਹੱਤਵਪੂਰਨ ਅਕਾਦਮਿਕ ਜ਼ਿੰਮੇਵਾਰੀ ਲਈ ਵਧਾਈ ਦਿੱਤੀ। ਉਨ੍ਹਾਂ ਟਿੱਪਣੀ ਕੀਤੀ ਕਿ ਅਜਿਹੇ ਕਾਰਜ ਨਾ ਸਿਰਫ਼ ਸੰਸਥਾਗਤ ਸਾਖ ਨੂੰ ਵਧਾਉਂਦੇ ਹਨ ਬਲਕਿ ਰਾਸ਼ਟਰੀ ਅਕਾਦਮਿਕ ਪਲੇਟਫਾਰਮਾਂ 'ਤੇ ਵਾਈਐਸ ਕਾਲਜ ਦੀ ਲੀਡਰਸ਼ਿਪ ਸਮਰੱਥਾਵਾਂ ਨੂੰ ਵੀ ਪ੍ਰਦਰਸ਼ਿਤ ਕਰਦੇ ਹਨ। ਵਾਈ.ਐਸ ਕਾਲਜ ਅਕਾਦਮਿਕ ਲੀਡਰਸ਼ਿਪ, ਸਮਾਜਿਕ ਜ਼ਿੰਮੇਵਾਰੀ ਅਤੇ ਸੰਸਥਾਗਤ ਉੱਤਮਤਾ ਦੇ ਦ੍ਰਿਸ਼ਟੀਕੋਣ ਨਾਲ ਅੱਗੇ ਵਧਣਾ ਜਾਰੀ ਰੱਖਦਾ ਹੈ। ਆਈਆਈਟੀ ਮਦਰਾਸ ਵੱਲੋਂ ਕਾਲਜ ਨੂੰ ਆਈਆਰ ਡਿਊਟੀਆਂ ਸੌਂਪਣ ਵਿੱਚ ਦਿਖਾਇਆ ਗਿਆ ਵਾਰ-ਵਾਰ ਵਿਸ਼ਵਾਸ ਇਸਦੇ ਮਜ਼ਬੂਤ ਸ਼ਾਸਨ, ਪਾਰਦਰਸ਼ੀ ਅਕਾਦਮਿਕ ਸੱਭਿਆਚਾਰ ਅਤੇ ਖੇਤਰੀ ਅਤੇ ਰਾਸ਼ਟਰੀ ਪੱਧਰ 'ਤੇ ਵਿਦਿਅਕ ਤਰੱਕੀ ਪ੍ਰਤੀ ਅਟੁੱਟ ਸਮਰਪਣ ਦਾ ਪ੍ਰਮਾਣ ਹੈ।

# ਗੈਸ ਏਜੰਸੀਆਂ ਅੱਗੇ ਲੱਗੀਆਂ ਲਾਈਨਾਂ



ਤਪਾ ਮੰਡੀ, 27 ਮਾਰਚ (ਭੂਸ਼ਨ ਘੜੈਲਾ) : ਇਰਾਨ ਤੇ ਇਜ਼ਰਾਇਲ ਦੀ ਜੰਗ ਛਿੜ ਜਾਣ ਦਾ ਅਸਰ ਸਭ ਤੋਂ ਪਹਿਲਾ ਰਸੋਈ ਗੈਸ 'ਤੇ ਪਿਆ ਅਤੇ ਪਿਛਲੇ ਕਈ ਦਿਨਾਂ ਤੋਂ ਗੈਸ ਏਜੰਸੀਆਂ ਦੇ ਬਾਹਰ ਲੋਕ ਸਿਲੰਡਰ ਲੈਣ ਲਈ ਕਤਾਰਾਂ ਵਿਚ ਲੱਗੇ ਦਿਖਾਈ ਦੇ ਰਹੇ ਹਨ। ਸਰਕਾਰ ਤੇ ਪ੍ਰਸ਼ਾਸਨ ਵਲੋਂ ਲੋਕਾਂ ਨੂੰ ਅਪੀਲ ਕੀਤੀ ਜਾ ਰਹੀ ਹੈ ਕਿ ਗੈਸ ਦੀ ਕੋਈ ਕਮੀ ਨਹੀਂ ਪਰ ਇਸ ਦੇ ਬਾਵਜੂਦ ਵੀ ਜਿਸ ਦਿਨ ਦਾ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੇ ਸੰਬੋਧਨ ਵਿਚ ਜੰਗ ਕਾਰਨ ਭਾਰਤ ਵਿਚ ਲਾਕਡਾਊਨ ਵਰਗੇ ਹਾਲਾਤ ਪੈਦਾ ਹੋਣ ਦੀ ਸੰਭਾਵਨਾ ਬਾਰੇ ਜ਼ਿਕਰ ਕੀਤਾ ਤਾਂ ਉਸ ਤੋਂ ਬਾਅਦ ਇਹ ਅਫ਼ਵਾਹਾਂ ਜ਼ੋਰਾਂ 'ਤੇ ਹਨ ਕਿ ਕਦੇ ਵੀ ਲਾਕਡਾਊਨ ਲੱਗ ਸਕਦਾ ਹੈ। ਬੀਤੇ ਦਿਨ ਤੋਂ ਪੈਟਰੋਲ ਪੰਪਾਂ ਤੇ ਗੈਸ ਏਜੰਸੀਆਂ ਅਤੇ ਬੈਂਕਾਂ ਦੇ ਬਾਹਰ ਵੀ ਲੋਕਾਂ ਦੀਆਂ ਕਤਾਰਾਂ ਲੱਗਣੀਆਂ ਸ਼ੁਰੂ ਹੋ ਗਈਆਂ ਹਨ। ਲੋਕਾਂ ਵੱਲੋਂ ਆਪਣੇ ਵਾਹਨਾਂ ਦੀਆਂ ਟੈਂਕੀਆਂ ਭਰਵਾਈਆਂ ਜਾ ਰਹੀਆਂ ਹਨ, ਇੱਥੋਂ ਤੱਕ ਕਿਸਾਨਾਂ ਵਲੋਂ ਅੱਗੇ ਕਣਕ ਦੀ ਵਾਢੀ ਨੂੰ ਦੇਖਦਿਆਂ ਡੀਜ਼ਲ ਦੀ ਜ਼ਰੂਰਤ ਪੂਰੀ ਕਰਨ ਲਈ ਉਸਦੇ ਡਰੰਮ ਭਰਵਾਏ ਜਾ ਰਹੇ ਹਨ। ਪੈਟਰੋਲ ਪੰਪ ਦੇ ਮੈਨੇਜਰ ਅਤੇ ਗੈਸ ਏਜੰਸੀਆਂ ਦੇ ਮੈਨੇਜਰ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਸਾਡੇ ਕੋਲ ਡੀਜ਼ਲ ਤੇ ਪੈਟਰੋਲ ਦੀ ਕੋਈ ਕਮੀ ਨਹੀਂ ਅਤੇ ਪਿੱਛੋਂ ਸਪਲਾਈ ਵੀ ਨਿਰਵਿਘਨ ਆ ਰਹੀ ਹੈ ਪਰ ਲਾਕਡਾਊਨ ਦੀਆਂ ਅਫ਼ਵਾਹਾਂ ਕਾਰਨ ਲੋਕਾਂ ਵਿਚ ਘਬਰਾਹਟ ਫੈਲ ਗਈ ਕਿ ਕਿਤੇ ਪੈਟਰੋਲੀਅਮ ਪਦਾਰਥਾਂ ਦੀ ਕਮੀ ਨਾ ਆ ਜਾਵੇ। ਉਨ੍ਹਾਂ ਕਿਹਾ ਕਿ ਲੋਕ ਘਬਰਾਹਟ ਵਿਚ ਆ ਕੇ ਆਪਣੇ ਵਾਹਨਾਂ ਦੀਆਂ ਟੈਂਕੀਆਂ ਭਰਵਾ ਰਹੇ ਹਨ ਫਿਲਹਾਲ ਘਬਰਾਉਣ ਵਾਲੀ ਕੋਈ ਸਥਿਤੀ ਨਹੀਂ ਹੈ।ਦਿਹਾੜੀਦਾਰਾਂ ਦੇ ਪਰਿਵਾਰਾਂ ਵਿੱਚ ਚਰਚਾ ਹੈ ਕਿ ਦੁਬਾਰਾ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਲਾਕਡਾਊਨ ਲੱਗ ਸਕਦਾ ਹੈ

# ਡਾ. ਸੁਖਪਾਲ ਸਿੰਘ ਗਿੱਲ ਨੇ ਮੁੱਖ ਖੇਤੀਬਾੜੀ ਅਫ਼ਸਰ ਬਰਨਾਲਾ ਵਜੋਂ ਅਹੁਦਾ ਸੰਭਾਲਿਆ

## ਕਿਸਾਨ ਭਲਾਈ ਸਕੀਮਾਂ ਨੂੰ ਯੋਗ ਕਿਸਾਨਾਂ ਤੱਕ ਪਹੁੰਚਾਉਣਾ ਤਰਜੀਹ : ਡਾ. ਗਿੱਲ



ਬਰਨਾਲਾ, 27 ਮਾਰਚ (ਬਘੇਲ ਸਿੰਘ ਧਾਲੀਵਾਲ) : ਡਾ. ਸੁਖਪਾਲ ਸਿੰਘ ਗਿੱਲ ਨੇ ਅੱਜ ਮੁੱਖ ਖੇਤੀਬਾੜੀ ਅਫ਼ਸਰ ਬਰਨਾਲਾ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ। ਅਹੁਦਾ ਸੰਭਾਲਣ ਉਪਰੰਤ ਡਾ. ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਤਹਿਤ ਅਤੇ ਡਿਪਟੀ ਕਮਿਸ਼ਨਰ ਬਰਨਾਲਾ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਉਨ੍ਹਾਂ ਦੀ ਪਹਿਲੀ ਤਰਜੀਹ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਖੇਤੀਬਾੜੀ ਸਕੀਮਾਂ ਨੂੰ ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਅਸਲ ਲਾਭਪਾਤਰੀਆਂ, ਅਰਥਾਤ ਕਿਸਾਨਾਂ ਤੱਕ ਪਹੁੰਚਾਉਣਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਖੇਤੀ ਖਰਚੇ ਘਟਾਉਣ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਲਈ ਨਵੀਆਂ ਤਕਨੀਕਾਂ ਅਪਣਾਉਣਾ ਬਹੁਤ ਜ਼ਰੂਰੀ ਹੈ ਅਤੇ ਵਿਭਾਗ ਇਸ ਦਿਸ਼ਾ ਵਿੱਚ ਵਧੇਰੇ ਯਤਨ ਕਰੇਗਾ। ਡਾ. ਸੁਖਪਾਲ ਸਿੰਘ ਗਿੱਲ ਇਸ ਤੋਂ ਪਹਿਲਾਂ ਬਰਨਾਲਾ ਵਿਖੇ ਭੂਮੀ ਪਰਖ ਅਫ਼ਸਰ ਕਮ ਬਲਾਕ ਖੇਤੀਬਾੜੀ ਅਫ਼ਸਰ ਅਤੇ ਜ਼ਿਲ੍ਹਾ ਸਿਖਲਾਈ ਅਫ਼ਸਰ ਵਜੋਂ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਹਨ। ਡਾ. ਗਿੱਲ ਨੇ ਕਿਹਾ ਕਿ ਪਿੰਡ ਪੱਧਰ 'ਤੇ ਕੈਂਪ ਲਗਾ ਕੇ ਕਿਸਾਨਾਂ ਨੂੰ ਨਵੀਆਂ ਤਕਨੀਕਾਂ ਬਾਰੇ ਜਾਣਕਾਰੀ ਦੇਣ, ਭੂਮੀ ਪਰਖ ਦੇ ਆਧਾਰ 'ਤੇ ਸੰਤੁਲਿਤ ਖਾਦਾਂ ਦੀ ਵਰਤੋਂ ਨੂੰ ਉਤਸ਼ਾਹਿਤ ਕਰਨਾ, ਕਿਸਾਨਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਦਫ਼ਤਰੀ ਪਹੁੰਚ ਨੂੰ ਹੋਰ ਸੁਖਾਲਾ ਬਣਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ। ਇਸ ਮੌਕੇ ਸਾਰੇ ਸਟਾਫ਼ ਵੱਲੋਂ ਡਾ. ਗਿੱਲ ਦਾ ਸਵਾਗਤ ਕੀਤਾ ਗਿਆ। ਡਾ. ਗਿੱਲ ਨੇ ਵਿਭਾਗੀ ਸਟਾਫ਼ ਨੂੰ ਇਮਾਨਦਾਰੀ ਅਤੇ ਜ਼ਿੰਮੇਵਾਰੀ ਨਾਲ ਕੰਮ ਕਰਨ ਦਾ ਸੱਦਾ ਦਿੱਤਾ ਅਤੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਖੇਤੀਬਾੜੀ ਸਬੰਧੀ ਸਲਾਹ ਲਈ ਵਿਭਾਗ ਨਾਲ ਲਗਾਤਾਰ ਰਾਬਤਾ ਰੱਖਣ।

# ਸਾਈਬਰ ਠੱਗੀ ਦਾ ਨਵਾਂ ਢੰਗ ਕਾਲ ਮਰਜਿੰਗ ਸਕੈਮ ਪਲਕ ਝਪਕਦੇ ਹੀ ਖਾਲੀ ਹੋ ਜਾਂਦੈ ਬੈਂਕ ਖਾਤਾ



ਬਰਨਾਲਾ, 27 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਧੋਖਾਧੜੀ ਤੋਂ ਬਚਣ ਲਈ ਸਰਕਾਰ ਲੋਕਾਂ ਨੂੰ ਲਗਾਤਾਰ ਸਚੇਤ ਰਹਿਣ ਦੀ ਸਲਾਹ ਦੇ ਰਹੀ ਹੈ। ਹਾਲ ਹੀ ਵਿੱਚ ਸਾਈਬਰ ਠੱਗਾਂ ਨੇ ਲੋਕਾਂ ਨੂੰ ਠੱਗਣ ਦਾ ਨਵਾਂ ਤਰੀਕਾ ਲੱਭਿਆ ਹੈ, ਜਿਸ ਵਿੱਚ ਯੂਜ਼ਰਾਂ ਨੂੰ ਕਾਲ ਮਰਜ ਕਰਨ ਲਈ ਫਸਾ ਕੇ ਉਹਨਾਂ ਨੂੰ ਬਿਨਾਂ ਦੱਸੇ ਹੀ ਵਨ-ਟਾਈਮ ਪਾਸਵਰਡ (ਓ.ਟੀ.ਪੀ.) ਪ੍ਰਾਪਤ ਕਰ ਲਿਆ ਜਾਂਦਾ ਹੈ। ਇੱਕ ਵਾਰੀ ਓ.ਟੀ.ਪੀ ਮਿਲ ਜਾਣ ਤੋਂ ਬਾਅਦ ਉਹਨਾਂ ਨੂੰ ਕਿਸੇ ਹੋਰ ਅਧਿਕਾਰ ਦੀ ਲੋੜ ਨਹੀਂ ਹੁੰਦੀ ਅਤੇ ਬੈਂਕ ਅਕਾਊਂਟ ਖਾਲੀ ਕਰ ਦਿੱਤਾ ਜਾਂਦਾ ਹੈ। ਜੇ ਤੁਸੀਂ ਆਪਣੇ ਪੈਸੇ ਨੂੰ ਚੋਰੀ ਹੋਣ ਤੋਂ ਬਚਾਉਣਾ ਚਾਹੁੰਦੇ ਹੋ ਤਾਂ ਤੁਹਾਨੂੰ ਇਸ ਨਵੀਂ ਠੱਗੀ ਬਾਰੇ ਸੱਭ ਕੁਝ ਜਾਣਨਾ ਜਰੂਰੀ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਮਹਿੰਦਰ ਪਾਲ ਕੰਪਿਊਟਰ ਫੈਕਲਟੀ ਸਹਸ ਨਾਈਵਾਲਾ ਨੇ ਦੱਸਿਆ ਕਿ ਨੈਸ਼ਨਲ ਪੇਮੈਂਟਸ ਕਾਰਪੋਰੇਸ਼ਨ ਆਫ ਇੰਡੀਆ ਦੁਆਰਾ ਵਿਕਸਿਤ ਯੂਨੀਫਾਇਡ ਪੇਮੈਂਟਸ ਇੰਟਰਫੇਸ ਨੇ ਆਪਣੇ ਐਕਸ ਅਕਾਊਂਟ 'ਤੇ ਯੂਜ਼ਰਾਂ ਨੂੰ ਚੇਤਾਵਨੀ ਜਾਰੀ ਕੀਤੀ ਹੈ। ਯੂਜ਼ਰਾਂ ਨੂੰ ਦੱਸਿਆ ਗਿਆ ਹੈ ਕਿ ਧੋਖਾਧੜੀ ਕਰਨ ਵਾਲੇ ਕਾਲ ਮਰਜਿੰਗ ਦੀ ਵਰਤੋਂ ਕਰਕੇ ਤੁਹਾਡੇ ਓ.ਟੀ.ਪੀ ਨੂੰ ਚੋਰੀ ਰਹੇ ਹਨ, ਜਿਸ ਨਾਲ ਆਸਾਨੀ ਨਾਲ ਤੁਹਾਡਾ ਬੈਂਕ ਅਕਾਊਂਟ ਖਾਲੀ ਹੋ ਸਕਦਾ ਹੈ। ਇਸ ਜਾਲ ਵਿੱਚ ਨਾ ਫਸੋ, ਸੁਚੇਤ ਰਹੋ ਅਤੇ ਆਪਣੇ ਪੈਸੇ ਨੂੰ ਸੁਰੱਖਿਅਤ ਰੱਖੋ। ਵਿਕਾਸ ਕੁਮਾਰ ਕੰਪਿਊਟਰ ਫੈਕਲਟੀ ਸਹਸ ਗੁਰਮ ਨੇ ਦੱਸਿਆ ਕਿ ਇਸ ਠੱਗੀ ਦੀ ਸ਼ੁਰੂਆਤ ਇੱਕ ਅਣਜਾਣ ਕਾਲ ਤੋਂ ਹੁੰਦੀ ਹੈ। ਤੁਹਾਨੂੰ ਇੱਕ ਅਣਜਾਣ ਨੰਬਰ ਤੋਂ ਕਾਲ ਆਉਂਦੀ ਹੈ। ਇਸਦੇ ਬਾਅਦ, ਸਾਹਮਣੇ ਵਾਲਾ ਵਿਅਕਤੀ ਦਾਅਵਾ ਕਰਦਾ ਹੈ ਕਿ ਉਸਨੂੰ ਤੁਹਾਡਾ ਨੰਬਰ ਕਿਸੇ ਜਾਣਕਾਰ ਜਾਂ ਦੋਸਤ ਤੋਂ ਮਿਲਿਆ ਹੈ। ਫਿਰ ਇਹ ਕਹਿੰਦਾ ਹੈ ਕਿ ਉਹ ਜਾਣਕਾਰ ਇੱਕ ਵੱਖਰੀ ਕਾਲ @ਤੇ ਹੈ, ਅਤੇ ਇਸ ਤੋਂ ਬਾਅਦ ਉਹ ਤੁਹਾਨੂੰ ਕਾਲ ਮਰਜ ਕਰਨ ਲਈ ਕਹਿੰਦਾ ਹੈ। ਜਿਵੇਂ ਹੀ ਕਾਲ ਮਰਜ ਹੁੰਦੀ ਹੈ, ਅਣਜਾਣੇ ਵਿੱਚ ਤੁਸੀਂ ਬੈਂਕ ਤੋਂ ਓ.ਟੀ.ਪੀ ਵੈਰੀਫਿਕੇਸ਼ਨ ਕਾਲ ਨਾਲ ਜੁੜ ਜਾਂਦੇ ਹੋ, ਅਤੇ ਉਸਦੇ ਬਾਅਦ ਤੁਹਾਡੇ ਫੋਨ 'ਤੇ ਆਉਂਦੇ ਹੋਏ ਓ.ਟੀ.ਪੀ ਸਾਹਮਣੇ ਵਾਲੇ ਦੇ ਫੋਨ 'ਤੇ ਜਾਣਾ ਸ਼ੁਰੂ ਹੋ ਜਾਂਦੇ ਹਨ। ਹਰਪ੍ਰੀਤ ਸਿੰਘ ਕੰਪਿਊਟਰ ਫੈਕਲਟੀ ਸਕੱਸਸਸ ਬਰਨਾਲਾ ਨੇ ਦੱਸਿਆ ਕਿ ਇਸ ਠੱਗੀ ਤੋਂ ਬਚਣ ਲਈ ਕਿਸੇ ਅਣਜਾਣ ਨੰਬਰ ਤੋਂ ਕਾਲ ਮਰਜ ਨਾ ਕਰੋ: ਜਦੋਂ ਵੀ ਕਿਸੇ ਅਣਜਾਣ ਸੋਰਸ ਤੋਂ ਕਾਲ ਮਰਜ ਕਰਨ ਲਈ ਕਿਹਾ ਜਾਏ, ਤਾਂ ਸਚੇਤ ਰਹੋ। ਜੇ ਕੋਈ ਤੁਹਾਨੂੰ ਤੁਹਾਡੇ ਬੈਂਕ ਜਾਂ ਕਿਸੇ ਜਾਣਕਾਰ ਤੋਂ ਕਾਲ ਕਰਨ ਦਾ ਦਾਅਵਾ ਕਰਦਾ ਹੈ, ਤਾਂ ਕਿਸੇ ਵੀ ਜਾਣਕਾਰੀ ਨੂੰ ਸਾਂਝਾ ਕਰਨ ਤੋਂ ਪਹਿਲਾਂ ਕਾਲਰ ਨੂੰ ਵੈਰੀਫਾਈ ਕਰ ਲਓ।

# ਜੈ ਵਾਟਿਕਾ ਪਬਲਿਕ ਸਕੂਲ ਨੇ ਸਾਲਾਨਾ ਨਤੀਜਾ ਦਿਵਸ 'ਤੇ ਮਾਪੇ-ਅਧਿਆਪਕ ਮੀਟਿੰਗ ਕਰਵਾਈ




ਬਰਨਾਲਾ, 27 ਮਾਰਚ (ਇਸ਼ੇਨ ਕੰਗ) : ਜੈ ਵਾਟਿਕਾ ਪਬਲਿਕ ਸਕੂਲ, ਬਰਨਾਲਾ ਨੇ ਸਾਲਾਨਾ ਨਤੀਜਾ ਦਿਵਸ ਦੇ ਮੌਕੇ 'ਤੇ ਬਹੁਤ ਉਤਸ਼ਾਹ ਅਤੇ ਸੁਚੱਜੇ ਢੰਗ ਨਾਲ ਇੱਕ ਮਾਪੇ-ਅਧਿਆਪਕ ਮੀਟਿੰਗ ਦੀ ਮੇਜ਼ਬਾਨੀ ਕੀਤੀ। ਇਹ ਮੀਟਿੰਗ ਦੋ ਦਿਨਾਂ ਤੱਕ ਚੱਲੀ, ਜਿਸ ਵਿੱਚ 26 ਮਾਰਚ ਨੂੰ ਚੌਥੀ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦੇ ਮਾਪਿਆਂ ਨੇ ਹਿੱਸਾ ਲਿਆ ਅਤੇ 27 ਮਾਰਚ ਨੂੰ ਕਿੰਡਰਗਾਰਟਨ ਤੋਂ ਤੀਜੀ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਪੂਰੇ ਪ੍ਰੋਗਰਾਮ ਦੌਰਾਨ ਸਕੂਲ ਕੈਂਪਸ ਵਿੱਚ ਉਤਸ਼ਾਹ, ਖੁਸ਼ੀ ਅਤੇ ਪ੍ਰਾਪਤੀ ਦਾ ਮਾਹੌਲ ਰਿਹਾ।ਸਾਰੀਆਂ ਕਲਾਸਾਂ ਦੇ ਸਾਲਾਨਾ ਨਤੀਜੇ ਸ਼ਾਨਦਾਰ ਰਹੇ। ਨਤੀਜਾ ਦਿਵਸ ਵਿੱਚ ਸ਼ਾਮਲ ਵੱਡੀ ਗਿਣਤੀ ਵਿੱਚ ਮਾਪਿਆਂ ਨੇ ਆਪਣੇ ਬੱਚਿਆਂ ਦੀ ਅਕਾਦਮਿਕ ਤਰੱਕੀ, ਵਿਵਹਾਰ, ਕਲਾਸ ਪ੍ਰਦਰਸ਼ਨ ਅਤੇ ਸਮੁੱਚੇ ਵਿਕਾਸ ਬਾਰੇ ਜਾਣਕਾਰੀ ਪ੍ਰਾਪਤ ਕਰਨ ਵਿੱਚ ਵਿਸ਼ੇਸ਼ ਦਿਲਚਸਪੀ ਦਿਖਾਈ। ਮਾਪਿਆਂ ਨੇ ਆਪਣੇ ਬੱਚਿਆਂ ਦੇ ਭਵਿੱਖ, ਅਕਾਦਮਿਕ ਦਿਸ਼ਾ ਅਤੇ ਆਉਣ ਵਾਲੇ ਸਮੈਸਟਰ ਲਈ ਜ਼ਰੂਰੀ ਤਿਆਰੀਆਂ ਬਾਰੇ ਚਰਚਾ ਕਰਨ ਲਈ ਅਧਿਆਪਕਾਂ ਨਾਲ ਵਿਅਕਤੀਗਤ ਤੌਰ ਤੇ ਮੁਲਾਕਾਤ ਕੀਤੀ। ਸਕੂਲ ਪ੍ਰਿੰਸੀਪਲ ਡਾ. ਪਰਵਿੰਦਰ ਕੌਰ ਜੀ ਨੇ ਕਿਹਾ ਕਿ ਨਤੀਜਾ ਦਿਵਸ ਤੇ ਮਾਪਿਆਂ ਦੀ ਭਾਗੀਦਾਰੀ ਬਹੁਤ ਸ਼ਲਾਘਾਯੋਗ ਸੀ। ਉਸਨੇ ਕਿਹਾ ਕਿ ਵਿਦਿਆਰਥੀਆਂ ਦੇ ਸ਼ਾਨਦਾਰ ਨਤੀਜੇ ਉਨ੍ਹਾਂ ਦੀ ਨਿਰੰਤਰ ਮਿਹਨਤ, ਅਧਿਆਪਕਾਂ ਦੀ ਸਮਰਪਿਤ ਅਗਵਾਈ ਅਤੇ ਮਾਪਿਆਂ ਦੇ ਸਮਰਥਨ ਦਾ ਨਤੀਜਾ ਸਨ। ਪੀਟੀਐਮ ਦੌਰਾਨ, ਅਧਿਆਪਕਾਂ ਨੇ ਮਾਪਿਆਂ ਨੂੰ ਆਪਣੇ ਬੱਚਿਆਂ ਦੀਆਂ ਵਿਸ਼ਾ- ਵਾਰ ਪ੍ਰਾਪਤੀਆਂ, ਸੁਧਾਰ ਦੀ ਸੰਭਾਵਨਾ, ਅਧਿਐਨ ਆਦਤਾਂ ਅਤੇ ਆਉਣ ਵਾਲੇ ਅਕਾਦਮਿਕ ਟੀਚਿਆਂ ਬਾਰੇ ਵਿਸਤ੍ਰਿਤ ਜਾਣਕਾਰੀ ਪ੍ਰਦਾਨ ਕੀਤੀ। ਬੱਚਿਆਂ ਨੇ ਉੱਥੇ ਆਪਣੇ ਦੋਸਤਾਂ, ਮਾਪਿਆਂ ਅਤੇ ਅਧਿਆਪਕਾਂ ਨਾਲ ਬਹੁਤ ਸਾਰੀਆਂ ਯਾਦਗਾਰੀ ਫੋਟੋਆਂ ਖਿੱਚੀਆਂ। ਇਸ ਰੰਗੀਨ ਅਤੇ ਖੁਸ਼ੀ ਭਰੇ ਮਾਹੌਲ ਨੇ ਪੂਰੇ ਸਮਾਗਮ ਨੂੰ ਇੱਕ ਜਸ਼ਨ ਵਿੱਚ ਬਦਲ ਦਿੱਤਾ।ਮਾਪਿਆਂ ਨੇ ਸਕੂਲ ਦੇ ਸ਼ਾਨਦਾਰ ਅਕਾਦਮਿਕ ਪ੍ਰਦਰਸ਼ਨ, ਅਨੁਸ਼ਾਸਿਤ ਵਾਤਾਵਰਣ, ਅਧਿਆਪਕਾਂ ਦੀ ਸਖ਼ਤ ਮਿਹਨਤ ਅਤੇ ਸਕੂਲ ਪ੍ਰਬੰਧਨ ਦੀ ਕਾਰਜ-ਨੀਤੀ ਲਈ ਆਪਣੀ ਪ੍ਰਸ਼ੰਸਾ ਪ੍ਰਗਟ ਕੀਤੀ। ਸਕੂਲ ਡਾਇਰੈਕਟਰ ਸ਼੍ਰੀਮਤੀ ਵਨੀਸ਼ਾ ਬਾਂਸਲ ਨੇ ਬੱਚਿਆਂ ਦੇ ਸ਼ਾਨਦਾਰ ਨਤੀਜਿਆਂ 'ਤੇ ਸਾਰੇ ਮਾਪਿਆਂ ਨੂੰ ਦਿਲੋਂ ਵਧਾਈ ਦਿੱਤੀ। ਆਪਣੇ ਸੰਦੇਸ਼ ਵਿੱਚ, ਉਨ੍ਹਾਂ ਕਿਹਾ, ਅਧਿਆਪਕ, ਮਾਪੇ ਅਤੇ ਵਿਦਿਆਰਥੀ ਸਿੱਖਿਆ-ਸਿਖਲਾਈ ਪ੍ਰਕਿਰਿਆ ਦੇ ਤਿੰਨ ਮੁੱਖ ਥੰਮ ਹਨ। ਬੱਚਿਆਂ ਦੇ ਸਮੁੱਚੇ ਵਿਕਾਸ ਅਤੇ ਸਫਲਤਾ ਲਈ ਤਿੰਨਾਂ ਦੀ ਸਰਗਰਮ ਭਾਗੀਦਾਰੀ, ਤਾਲਮੇਲ ਅਤੇ ਸਹਿਯੋਗ ਜ਼ਰੂਰੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸਕੂਲ ਦਾ ਟੀਚਾ ਨਾ ਸਿਰਫ਼ ਚੰਗੇ ਗ੍ਰੇਡ ਯਕੀਨੀ ਬਣਾਉਣਾ ਹੈ, ਸਗੋਂ ਵਿਦਿਆਰਥੀਆਂ ਨੂੰ ਸੰਸਕ੍ਰਿਤ, ਆਤਮ-ਵਿਸ਼ਵਾਸੀ, ਅਨੁਸ਼ਾਸਿਤ ਅਤੇ ਜ਼ਿੰਮੇਵਾਰ ਨਾਗਰਿਕਾਂ ਵਜੋਂ ਵਿਕਸਤ ਕਰਨਾ ਵੀ ਹੈ।

# ਬਾਬਾ ਗਾਂਧਾ ਸਿੰਘ ਸਕੂਲ ਦੀ ਨਵਦੀਪ ਕੌਰ ਨੇ ਸੁੰਦਰ ਲਿਖਾਈ 'ਚ ਪਹਿਲਾ ਸਥਾਨ ਹਾਸਿਲ ਕੀਤੀ




ਭਦੌੜ, 27 ਮਾਰਚ (ਸੁਖਵਿੰਦਰ ਪਲਾਹਾ) : ਬਾਬਾ ਗਾਂਧਾ ਸਿੰਘ ਪਬਲਿਕ ਸਕੂਲ ਭਦੌੜ ਦੀ ਹੋਣਹਾਰ ਵਿਦਿਆਰਥਣ ਨਵਦੀਪ ਕੌਰ ਪੁੱਤਰੀ ਸਰਦਾਰ ਲਖਵੀਰ ਸਿੰਘ (ਕਲਾਸ ਚੌਥੀ) ਨੇ 'ਕਿਸਮੇ ਕਿਤਨਾ ਹੈ ਦਮ' ਦੁਆਰਾ ਆਯੋਜਿਤ ਕੀਤੇ ਗਏ ਸੁੰਦਰ ਲਿਖਾਵਟ ਮੁਕਾਬਲੇ ਦੇ ਫਾਈਨਲ ਰਾਊਂਡ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਆਪਣੇ ਸਕੂਲ ,ਪਿੰਡ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਜੋ ਕਿ ਗੁਲਾਬ ਛੰਨਾ ਸਿੰਘ (ਬਰਨਾਲਾ) ਦੀ ਰਹਿਣ ਵਾਲੀ ਹੈ ।ਸਕੂਲ ਦੇ ਚੇਅਰਮੈਨ ਸਰਦਾਰ ਰਣਪ੍ਰੀਤ ਸਿੰਘ ਰਾਏ ਜੀ ਨੇ ਇਸ ਮਹਾਨ ਪ੍ਰਾਪਤੀ ਤੇ ਮਾਪਿਆਂ, ਸਕੂਲ ਅਧਿਆਪਕਾਂ ਅਤੇ ਸਮੂਹ ਇਲਾਕਾ ਨਿਵਾਸੀਆਂ ਨੂੰ ਵਧਾਈ ਦਿੱਤੀ ਅਤੇ ਖੁਸ਼ੀ ਸਾਂਝੀ ਕਰਦਿਆਂ ਕਿਹਾ ਕਿ ਸਕੂਲ ਦੇ ਵਿਦਿਆਰਥੀ ਪੜ੍ਹਾਈ ਦੇ ਨਾਲ ਨਾਲ ਅਜਿਹੇ ਟੈਲੈਂਟ ਮੁਕਾਬਲਿਆਂ ਵਿੱਚ ਮੱਲਾਂ ਮਾਰ ਕੇ ਆਪਣੇ ਸਕੂਲ ਦਾ ਨਾਂ ਰੁਸ਼ਨਾਉਂਦੇ ਹਨ। ਸਕੂਲ ਦੇ ਪ੍ਰਿੰਸੀਪਲ ਸਰ ਨਿਰਦੋਸ਼ ਰਲਹੰਨ ਜੀ ਨੇ ਇਸ ਖੁਸ਼ੀ ਦੇ ਮੌਕੇ ਤੇ ਵਿਦਿਆਰਥਣ ਦੇ ਮਾਪਿਆਂ ਅਤੇ ਸਕੂਲ ਸਟਾਫ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਮਹਾਨ ਪ੍ਰਾਪਤੀ ਮਾਪਿਆਂ ਅਤੇ ਸਮੁੱਚੇ ਸਟਾਫ ਦੀ ਮਿਹਨਤ ਸਦਕਾ ਸੰਭਵ ਹੋ ਸਕੀ ,ਨਾਲ ਹੀ ਉਹਨਾਂ ਨੇ ਸਮੁੱਚੀ ਮੈਨੇਜਮੈਂਟ ਕਮੇਟੀ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਉਹਨਾਂ ਦੇ ਯਤਨਾਂ ਸਦਕਾ ਹੀ ਸਕੂਲ ਦੀ ਵਿਦਿਆਰਥਣ ਨੇ ਆਪਣੀ ਕਾਬਲੀਅਤ ਨਾਲ ਜਿੱਤ ਦੇ ਝੰਡੇ ਗੱਡ ਕੇ ਆਪਣੇ ਸਕੂਲ ਦਾ ਨਾਂ ਚਮਕਾ ਕੇ ਇਲਾਕੇ ਵਿੱਚ ਮਾਣ ਵਧਾਇਆ ਹੈ। ਇਸ ਮੌਕੇ ਸਮੁੱਚੀ ਇਲਾਕੇ ਵਿੱਚ ਖੁਸ਼ੀ ਦਾ ਮਾਹੌਲ ਸੀ।

# ਅੰਤਰਰਾਸ਼ਟਰੀ ਤਣਾਅ ਦਾ ਅਸਰ : ਘਰੇਲੂ ਵਰਤੋਂ ਦੀਆਂ ਚੀਜ਼ਾਂ ਮਹਿੰਗੀਆਂ, ਆਮ ਪਰਿਵਾਰਾਂ ਦਾ ਬਜਟ ਹਿੱਲਿਆ



ਤਪਾ ਮੰਡੀ, 27 ਮਾਰਚ (ਭੂਸ਼ਨ ਘੜੈਲਾ/ਰਾਜੂ ਮਹਿਰਾ) : ਈਰਾਨ, ਇਜ਼ਰਾਇਲ ਅਤੇ ਅਮਰੀਕਾ ਦਰਮਿਆਨ ਚੱਲ ਰਹੇ ਤਣਾਅ ਦਾ ਅਸਰ ਹੁਣ ਸਿੱਧਾ ਆਮ ਜਨਤਾ ਦੀ ਜ਼ਿੰਦਗੀ 'ਤੇ ਵੇਖਣ ਨੂੰ ਮਿਲ ਰਿਹਾ ਹੈ। ਵਿਸ਼ਵ ਪੱਧਰ 'ਤੇ ਬਣੀ ਅਨਸ਼ਚਿਤਤਾ ਕਾਰਨ ਕੱਚੇ ਤੇਲ ਅਤੇ ਇਸ ਨਾਲ ਜੁੜੀਆਂ ਵਸਤੂਆਂ ਦੀਆਂ ਕੀਮਤਾਂ ਵਿੱਚ ਵਾਧਾ ਹੋ ਰਿਹਾ ਹੈ, ਜਿਸਦਾ ਪ੍ਰਭਾਵ ਘਰੇਲੂ ਵਰਤੋਂ ਦੀਆਂ ਚੀਜ਼ਾਂ 'ਤੇ ਵੀ ਪਿਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਫੈਕਟਰੀ ਮਾਲਕ ਤੇ ਸਮਾਜ ਸੇਵੀ ਸੁਰਿੰਦਰ ਮਿੱਤਲ ਤੇ ਨਰਿੰਦਰ ਮਿੱਤਲ ਨੇ ਦੱਸਿਆ ਪਲਾਸਟਿਕ ਦੇ ਸਮਾਨ, ਜਿਵੇਂ ਕਿ ਲਿਫਾਫੇ, ਡਿਸਪੋਜ਼ੇਬਲ ਬਰਤਨ, ਬੋਤਲਾਂ, ਪੋਲ, ਪਾਈਪਾਂ ਦੇ ਰੇਟ ਵਿੱਚ ਜ਼ਿਆਦਾ ਵਾਧਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਪਲਾਸਟਿਕ ਲਿਫਾਫਿਆਂ ਦੀ ਕੀਮਤ ਵਿੱਚ ਪੰਜਾਹ ਤੋਂ ਸੱਠ ਰੁਪਏ ਤੱਕ ਵਾਧਾ ਹੋਇਆ ਹੈ। ਇਸ ਮੌਕੇ ਕਰਿਆਨਾ ਦੁਕਾਨਦਾਰਾਂ 'ਚ ਮੋਹਨ ਲਾਲ ਗੋਗਾ ਤੇ ਵਿਜੇ ਕੁਮਾਰ ਧੂਰਕੋਟੀਆ ਨੇ ਵਧਦੀ ਮਹਿੰਗਾਈ 'ਤੇ ਗੱਲਬਾਤ ਕਰਦਿਆਂ ਦੱਸਿਆ ਕਿ ਰਿਫਾਇੰਡ ਤੇਲ ਦੇ ਪੈਕਟ ਅਤੇ ਪ੍ਰਤੀ ਬੋਤਲ ਪੰਜ ਤੋਂ ਦਸ ਰੁਪਏ ਤੱਕ ਦੀ ਚੜ੍ਹਤ ਦਰਜ ਕੀਤੀ ਗਈ ਹੈ। ਇਸ ਤੋਂ ਇਲਾਵਾ ਡਿਸਪੋਜ਼ੇਬਲ ਸਮਾਨ ਵਿੱਚ ਦਸ ਤੋਂ ਪੰਦਰਾਂ ਰੁਪਏ ਪ੍ਰਤੀ ਕਿਲੋ ਅਤੇ ਪੋਲੀਥੀਨ ਲਫਾਫਿਆਂ 'ਚ ਕੁਆਲਟੀ ਮੁਤਾਬਕ 30 ਤੋ 65 ਰੁਪਏ ਪ੍ਰਤੀ ਕਿਲੋ ਤੱਕ ਦਾ ਵਾਧਾ ਹੋਣ ਨਾਲ ਛੋਟੇ ਵਪਾਰੀਆਂ ਨੂੰ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਬਸਾਤੀ ਐਸੋਸੀਏਸ਼ਨ ਦੇ ਪ੍ਰਧਾਨ ਅਸ਼ੋਕ ਕੁਮਾਰ ਘੜੈਲਾ ਨੇ ਈਰਾਨ, ਇਜ਼ਰਾਇਲ ਅਤੇ ਅਮਰੀਕਾ ਦਰਮਿਆਨ ਚੱਲ ਰਹੇ ਯੁੱਧ ਤੇ ਚਿੰਤਨ ਹੁੰਦਿਆਂ ਕਿਹਾ ਇਸ ਲੜਾਈ ਦੀ ਮਾਰ ਭਾਵੇਂ ਪੂਰੇ ਵਿਸ਼ਵ ਤੇ ਪੈ ਰਹੀ ਹੈ ਪਰ ਜਿਸ ਵਿਚ ਜ਼ਿਆਦਾ ਗ਼ਰੀਬ ਅਤੇ ਆਮ ਲੋਕ ਪੀਸੇ ਜਾ ਰਹੇ ਹਨ ਉਨ੍ਹਾਂ ਕਿਹਾ ਇਕੱਲੇ ਪਲਾਸਟਿਕ ਅਤੇ ਤੇਲ,ਘੀਉ ਵਿੱਚ ਵਾਧਾ ਨੀ ਹੋਇਆ ਬਲਕਿ ਪੈਰਾਂ ਪਾਉਣ ਵਾਲੀਆਂ ਚੱਪਲਾ, ਬੂਟਾ ਅਤੇ ਹੋਰ ਸਮਾਨ ਵਿਚ ਵੀ 5 ਤੋਂ 10 ਪ੍ਰਤੀਸ਼ਤ ਦਾ ਵਾਧਾ ਹੋਇਆ ਹੈ, ਜਿਸ ਕਾਰਨ ਦੁਕਾਨਦਾਰ ਵੀ ਗੰਭੀਰ ਚਿੰਤਤ ਹਨ। ਉੱਧਰ ਦੂਜੇ ਪਾਸੇ ਪਿੰਡਾਂ ਦੇ ਕੁਝ ਕੁ ਬਜ਼ੁਰਗ ਅਤੇ ਨੌਜਵਾਨ ਸ਼੍ਰੇਣੀ ਦੇ ਗੁਪਤ ਸੂਤਰਾਂ ਨੇ ਕਿਹਾ ਈਰਾਨ, ਇਜ਼ਰਾਇਲ ਅਤੇ ਅਮਰੀਕਾ ਵਰਗੇ ਬਾਹਰਲੇ ਸੂਬਿਆਂ ਚ ਲੜਾਈ ਕਾਹਦੀ ਲੱਗ ਗਈ ਜਿਸ ਦਾ ਬੋਝ ਸਾਰੀ ਜੰਨਤਾ ਤੇ ਪੈ ਗਿਆ ,ਉਨ੍ਹਾਂ ਕਿਹਾ ਕਿ ਰਸੋਈ ਗੈਸ ਲੈਣ ਲਈ ਘੰਟਿਆਂ ਬੰਦੀ ਲਾਈਨਾਂ ਵਿੱਚ ਲੱਗਣਾ ਪੈ ਰਿਹਾ ਹੈ। ਜਿਸ ਦਾ ਪ੍ਰਭਾਵ ਸਾਰੇ ਵਰਗ ਦੇ ਲੋਕਾਂ ਤੇ ਪੈ ਰਿਹਾ ਹੈ। ਖ਼ਾਸ ਕਰਕੇ ਮੱਧਵਰਗ ਅਤੇ ਗਰੀਬ ਵਰਗ ਲਈ ਰੋਜ਼ਮਰਰਾ ਦੀਆਂ ਚੀਜ਼ਾਂ ਖਰੀਦਣਾ ਮੁਸ਼ਕਲ ਹੋ ਗਿਆ ਹੈ। ਇਸਦੇ ਨਾਲ ਹੀ ਸਰਕਾਰ ਵੱਲੋਂ ਡੀਜਲ, ਪੈਟਰੋਲ ਵਿੱਚ ਵੀ ਵਾਧਾ ਕਰਨ ਦੀ ਸੰਭਾਵਨਾ ਹੈ, ਜਿਸ ਨਾਲ ਘਰੇਲੂ ਖਰਚੇ ਹੋਰ ਵਧਣ ਦੇ ਆਸਾਰ ਬਣ ਗਏ ਹਨ। ਨਤੀਜੇ ਵਜੋਂ ਆਮ ਲੋਕਾਂ ਦਾ ਬਜਟ ਹੋਰ ਵੀ ਜ਼ਿਆਦਾ ਪ੍ਰਭਾਵਿਤ ਹੋਵੇਗਾ। ਵਪਾਰੀਆਂ ਦਾ ਕਹਿਣਾ ਹੈ ਕਿ ਜੇਕਰ ਅੰਤਰਰਾਸ਼ਟਰੀ ਮਾਰਕੀਟ ਵਿੱਚ ਸਥਿਰਤਾ ਨਹੀਂ ਆਉਂਦੀ, ਤਾਂ ਆਉਣ ਵਾਲੇ ਦਿਨਾਂ ਵਿੱਚ ਹੋਰ ਵਾਧਾ ਵੀ ਦੇਖਣ ਨੂੰ ਮਿਲ ਸਕਦਾ ਹੈ। ਲੋਕਾਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਕੀਮਤਾਂ 'ਤੇ ਕੰਟਰੋਲ ਕੀਤਾ ਜਾਵੇ ਅਤੇ ਕਾਲਾਬਾਜ਼ਾਰੀ ਨੂੰ ਰੋਕਣ ਲਈ ਸਖ਼ਤ ਕਦਮ ਚੁੱਕੇ ਜਾਣ।



# ਪਟਿਆਲਾ-ਆਸ/ਪਾਸ



## ਪੰਜਾਬੀ ਯੂਨੀਵਰਸਿਟੀ ਸਿਰ 454 ਕਰੋੜ ਤੋਂ ਵੱਧ ਦੀਆਂ ਦੇਣਦਾਰੀਆਂ

### ਹਾਲੇ ਤੱਕ ਘੱਟਣ ਦਾ ਨਾਮ ਨਹੀਂ ਲੈ ਰਿਹਾ ਯੂਨੀਵਰਸਿਟੀ ਦਾ ਵਿੱਤੀ ਸੰਕਟ



ਪਟਿਆਲਾ, 27 ਮਾਰਚ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਤਾਜ਼ਾ, ਅੰਕੜਿਆਂ ਨੇ ਯੂਨੀਵਰਸਿਟੀ ਦੀ ਗੰਭੀਰ ਵਿੱਤੀ ਸਥਿਤੀ ਨੂੰ ਉਜਾਗਰ ਕੀਤਾ ਹੈ। ਯੂਨੀਵਰਸਿਟੀ ਇਸ ਵੇਲੇ ਲਗਭਗ 454.55 ਕਰੋੜ ਦੀਆਂ ਕੁੱਲ ਬਕਾਇਆ ਦੇਣਦਾਰੀਆਂ ਦੇ ਬੋਝ ਹੇਠ ਦੱਬੀ ਹੋਈ ਹੈ। ਯੂਨੀਵਰਸਿਟੀ ਸਿਰ ਖੜ੍ਹੀਆਂ ਵੱਡੀਆਂ ਦੇਣਦਾਰੀਆਂ ਵਿਚ ਮੁੱਖ ਤੌਰ 'ਤੇ ਛੇਵੇਂ ਪੇ-ਕਮਿਸ਼ਨ ਦਾ ਬਕਾਇਆ ਹੈ। ਇਕ ਜਨਵਰੀ 2016 ਤੋਂ 30 ਸਤੰਬਰ 2022 ਤੱਕ ਦੇ ਏਰੀਅਰ ਵਜੋਂ 252.52 ਕਰੋੜ ਰੁਪਏ ਦੀ ਰਾਸ਼ੀ ਬਕਾਇਆ ਹੈ ਤੇ ਬਾਬਾ ਪੰਜਾਬ ਸਰਕਾਰ ਕਰਰੁਪਏ ਦੀ ਓਵਰਡਾਫਟ ਲਿਮਟ ਹੈ। ਰੁਟੀਨ ਰਚੇ ਜਿਵੇਂ ਰੋਜ਼ਾਨਾ ਦੇ ਕੰਮ-ਕਾਜ ਤੇ ਹੋਰ ਫੁਟਕਲ ਖਰਚਿਆਂ ਦਾ ਲਗਭਗ 68.34 ਕਰੋੜ ਰੁਪਏ ਦਾ ਬਕਾਇਆ ਹੈ, ਜਿਸਨੂੰ ਟੇਕਓਵਰ ਕਰਨ ਲਈ ਸਰਕਾਰ ਤੱਕ ਪਹੁੰਚ ਕੀਤੀ ਜਾ ਰਹੀ ਹੈ।ਯੂਨੀਵਰਸਿਟੀ ਵੱਲੋਂ ਸਟੇਟ ਬੈਂਕ ਆਫ ਇੰਡੀਆ ਦੀ ਮੇਨ ਕੈਂਪਸ ਬ੍ਰਾਂਚ ਤੋਂ ਲਈ ਗਈ 120 ਕਰੋੜ ਰੁਪਏ ਦੀ ਬਿਨਾਂ ਕਿਸੇ ਮੋਰਟਗੇਜ ਭਾਵ ਗਿਰਵੀ ਵਾਲੀ ਓਵਰਡਰਾਫਟ ਹੱਦ ਨੂੰ ਲੈ ਕੇ ਨਵੇਂ ਬਦਲ ਤਲਾਸ਼ੇ ਜਾ ਰਹੇ ਹਨ। ਯੂਨੀਵਰਸਿਟੀ ਨੇ ਐੱਸਬੀਆਈ ਤੋਂ ਇਹ ਭਾਰੀ ਓਵਰਡਰਾਫਟ ਲਿਮਟ ਲਈ ਹੋਈ ਹੈ। ਇਸ ਵਿੱਤੀ ਸਥਿਤੀ ਦੀ ਸਮੀਖਿਆ ਕਰਨ ਲਈ ਯੂਨੀਵਰਸਿਟੀ ਪ੍ਰਸ਼ਾਸਨ ਹੁਣ ਚੋਰਨਾਂ ਬੈਂਕਾਂ ਨਾਲ ਸੰਪਰਕ ਕਰ ਰਿਹਾ ਹੈ, ਤਾਂ ਜੋ ਕੋਈ ਅਜਿਹਾ ਬੈਂਕ ਲੱਭਿਆ ਜਾ ਸਕੇ ਜੋ ਇਸ ਓਵਰਡਰਾਫਟ ਲਿਮਟ ਨੂੰ ਟੇਕਓਵਰ ਕਰ ਸਕੇ ਤੇ ਯੂਨੀਵਰਸਿਟੀ, ਕਰਮਚਾਰੀਆਂ ਤੇ ਵਿਦਿਆਰਥੀਆਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰ ਸਕੇ।ਪਿਛਲੇ ਪੰਜ ਸਾਲਾਂ (2021 ਤੋਂ 26 ਤੱਕ) ਦੇ ਅੰਕੜੇ ਦੱਸਦੇ ਹਨ ਕਿ ਯੂਨੀਵਰਸਿਟੀ ਦੀ ਆਪਣੇ ਸਰੋਤਾਂ ਤੋਂ ਆਮਦਨ ਵਿਚ ਮਾਮੂਲੀ ਵਾਧਾ ਹੋਇਆ ਹੈ। ਸਾਲ 2025-26 ਲਈ ਆਪਣੇ ਸਰੋਤਾਂ ਤੋਂ ਆਮਦਨ 235.84 ਕਰੋੜ ਰੁਪਏ ਰਹਿਣ ਦਾ ਅਨੁਮਾਨ ਹੈ, ਜਦਕਿ ਸਰਕਾਰ ਵੱਲੋਂ ਮਿਲਣ ਵਾਲੀ ਗ੍ਰਾਂਟ ਲਗਭਗ 393.75 ਕਰੋੜ ਰੁਪਏ ਹੋਣ ਦੀ ਉਮੀਦ ਹੈ। ਪੰਜਾਬੀ ਯੂਨੀਵਰਸਿਟੀ ਨੇ ਸਰਕਾਰ ਨੂੰ ਪੱਤਰ ਲਿਖ ਕੇ ਗ੍ਰਾਂਟ ਦੀ ਸਮੇਂ ਸਿਰ ਅਦਾਇਗੀ ਕਰਨ ਦੀ ਅਪੀਲ ਕੀਤੀ ਹੈ। ਪੰਜਾਬ ਸਰਕਾਰ ਦੇ ਉਚੇਰੀ ਸਿੱਖਿਆ ਵਿਭਾਗ ਨੂੰ ਯੂਨੀਵਰਸਿਟੀ ਨੂੰ ਮਿਲਣ ਵਾਲੀ ਮਾਸਿਕ 'ਨਾਨ-ਪਲਾਨ' ਨਿਰਬਾਹ ਗ੍ਰਾਂਟ ਹਰ ਮਹੀਨੇ ਦੇ ਪਹਿਲੇ ਦੋ ਕੰਮ-ਕਾਜੀ ਦਿਨਾਂ ਦੇ ਅੰਦਰ ਜਾਰੀ ਕਰਨ ਲਈ ਅਪੀਲ ਕੀਤੀ ਜਾ ਚੁੱਕੀ ਹੈ।ਪੰਜਾਬੀ ਯੂਨੀਵਰਸਿਟੀ ਅਧਿਆਪਕ ਸੰਘ (ਪੂਟਾ) ਦੇ ਨਵੇਂ ਚੁਣੇ ਪ੍ਰਧਾਨ ਪ੍ਰੋ. ਨਿਸ਼ਾਨ ਸਿੰਘ ਦਿਓਲ ਨੇ ਪਲੇਠੇ ਬਿਆਨ ਵਿਚ ਪੰਜਾਬ ਸਰਕਾਰ ਤੋਂ ਯੂਨੀਵਰਸਿਟੀ ਦਾ ਲਗਭਗ 150 ਕਰੋੜ ਰੁਪਏ ਦਾ ਕਰਜ਼ਾ ਮਾਫ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵੱਲੋਂ ਪੇਂਡੂ ਤੇ ਕਮਜ਼ੋਰ ਤਬਕੇ ਦੇ ਵਿਦਿਆਰਥੀਆਂ ਨੂੰ ਮਿਆਰੀ ਉੱਚ ਸਿੱਖਿਆ ਪ੍ਰਦਾਨ ਕਰਨ ਲਈ ਇਸ ਦਾ ਕਰਜ਼ਾ ਮੁਕਤ ਹੋਣਾ ਬਹੁਤ ਜ਼ਰੂਰੀ ਹੈ।

## ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਆਰੰਭੀਆਂ ਤਿਆਰੀਆਂ

### ਨਗਰ ਕੀਰਤਨ, ਅੰਮ੍ਰਿਤ ਸੰਚਾਰ ਸਮੇਤ ਹੋਣਗੇ ਧਾਰਮਿਕ ਸਮਾਗਮ : ਮੈਨੇਜਰ ਭਾਗ ਸਿੰਘ



ਪਟਿਆਲਾ, 27 ਮਾਰਚ (ਰੁਪਾਣਾ/ਅਮਰਜੀਤ) : ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਦੇ ਸਬੰਧ ਵਿਚ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਤਿਆਰੀਆਂ ਆਰੰਭੀਆਂ ਗਈਆਂ। ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਗੁਰਦੁਆਰਾ ਪ੍ਰਬੰਧਕਾਂ ਹੈੱਡ ਗ੍ਰੰਥ ਭਾਈ ਪ੍ਰਨਾਮ ਸਿੰਘ, ਮੈਨੇਜਰ ਭਾਗ ਸਿੰਘ ਦੀ ਅਗਵਾਈ ਵਿਚ ਸ਼ਹਿਰ ਦੀਆਂ ਸਿੱਖ ਸਭਾਵਾਂ, ਜਥੇਬੰਦੀਆਂ ਦੇ ਆਗੂਆਂ ਨਾਲ ਇਕੱਤਰਤਾ ਕੀਤੀ ਗਈ ਅਤੇ ਆਗੂਆਂ ਵੱਲੋਂ ਪ੍ਰਕਾਸ਼ ਪੁਰਬ ਨੂੰ ਜਾਹੋ ਜਲਾਲ ਨਾਲ ਮਨਾਉਣ ਸਬੰਧੀ ਆਪੋ ਆਪਣੇ ਵਿਚਾਰ ਦਿੱਤੇ। ਇਕੱਤਰਤਾ ਦੌਰਾਨ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਅਤੇ ਮੈਨੇਜਰ ਭਾਗ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਗੁਰਦੁਆਰਾ ਸ੍ਰੀ ਦੁਖਨਿਵਾਰਨ ਸਾਹਿਬ ਵਿਖੇ ਸਮਾਗਮਾਂ ਦੀ ਆਰੰਭਤਾ 5 ਅਪ੍ਰੈਲ ਦਿਨ ਐਤਵਾਰ ਸ੍ਰੀ ਅਖੰਡ ਪਾਠ ਸਾਹਿਬ ਨਾਲ ਹੋਵੇਗੀ ਅਤੇ 6 ਅਪ੍ਰੈਲ ਨੂੰ ਗੁਰਦੁਆਰਾ ਸਾਹਿਬ ਤੋਂ ਨਗਰ ਕੀਰਤਨ ਗੁਰਦੁਆਰਾ ਮੋਤੀ ਬਾਗ਼ ਸਾਹਿਬ ਲਈ ਸਜਾਇਆ ਜਾਵੇਗਾ ਅਤੇ 7 ਅਪ੍ਰੈਲ ਨੂੰ ਅੰਮ੍ਰਿਤ ਸੰਚਾਰ ਕੀਤਾ ਜਾਵੇਗਾ ਸੰਗਤਾਂ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰ ਸਕਦੀਆਂ ਹਨ। ਮੈਨੇਜਰ ਭਾਗ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਹਰ ਸਾਲ ਨੌਵੇਂ ਪਾਤਸ਼ਾਹ ਦਾ ਪ੍ਰਕਾਸ਼ ਦਿਹਾੜਾ ਮਨਾਇਆ ਜਾਂਦਾ ਹੈ ਅਤੇ ਕਰਵਾਏ ਜਾਣ ਵਾਲੇ ਧਾਰਮਕ ਸਮਾਗਮ ਸਮੇਤ ਨਗਰ ਕੀਰਤਨ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿਚ ਸ਼ਹਿਰ ਦੀਆਂ ਸਿੱਖ ਸਭਾਵਾਂ, ਸਿੱਖ ਜਥੇਬੰਦੀਆਂ ਤੋਂ ਇਲਾਵਾ ਸ਼ਬਦੀ ਜਥਿਆਂ ਨਾਲ ਵੀ ਮੀਟਿੰਗਾਂ ਨਿਰੰਤਰ ਜਾਰੀ ਹਨ। ਇਸ ਮੌਕੇ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ, ਮੈਨੇਜਰ ਭਾਗ ਸਿੰਘ ਨੇ ਦੱਸਿਆ ਕਿ ਧਾਰਮਕ ਸਮਾਗਮ ਵਿਚ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੀ ਹਜ਼ੂਰੀ ਰਾਗੀ ਜਥੇ ਵੀ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਿਹਾਲ ਕਰਨਗੇ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਦਿਨਾਂ ਵਿਚ ਸਮੁੱਚੇ ਪ੍ਰੋਗਰਾਮ ਦਾ ਪੋਸਟਰ ਰਿਲੀਜ਼ ਕਰ ਦਿੱਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਤ ਮੈਨੇਜਰ ਨਵਜਿੰਦਰ ਸਿੰਘ, ਜਸਵਿੰਦਰ ਸਿੰਘ, ਪ੍ਰਧਾਨ ਪ੍ਰੇਮ ਸਿੰਘ, ਤਰਲੋਕ ਸਿੰਘ ਤੋਰਾ, ਕੰਵਲਜੀਤ ਸਿੰਘ ਗੋਨਾ, ਸਿਮਰਨ ਸਿੰਘ ਗਰੇਵਾਲ, ਅਕਾਊਂਟੈਂਟ ਗੁਰਮੀਤ ਸਿੰਘ, ਸਰਬਜੀਤ ਸਿੰਘ, ਸੁਖਦੇਵ ਸਿੰਘ ਕਾਹਲਵਾਂ, ਭਾਈ ਹਜ਼ੂਰ ਸਿੰਘ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਸਮੂਹ ਸਟਾਫ਼ ਮੈਂਬਰ ਆਦਿ ਸ਼ਾਮਲ ਸਨ।

## ਪੰਜਾਬੀ ਯੂਨੀਵਰਸਿਟੀ ਦੇ ਵਿੱਤੀ ਸੰਕਟ ਪ੍ਰਤੀ ਸਰਕਾਰ ਸੰਜੀਦਾ ਹੋਵੇ : ਪ੍ਰੋ. ਕਿਰਪਾਲ ਸਿੰਘ ਬਡੂੰਗਰ



ਪਟਿਆਲਾ, 27 ਮਾਰਚ (ਰੁਪਾਣਾ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਪੰਜਾਬੀ ਯੂਨੀਵਰਸਿਟੀ ਦੇ ਵਿੱਤੀ ਹਾਲਾਤ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਜਿਥੇ ਵਿੱਤੀ ਹਾਲਾਤ ਨਾਲ ਜੂਝ ਰਹੀ, ਉੱਥੇ ਹੀ ਆਰਥਿਕ ਤੌਰ 'ਤੇ ਡਗਮਗਾ ਰਹੀ ਹੈ, ਜਿਸ ਪ੍ਰਤੀ ਪੰਜਾਬ ਸਰਕਾਰ ਨੂੰ ਸੰਜੀਦਾ ਹੋਣ ਦੀ ਲੋੜ ਹੈ। ਸਾਬਕਾ ਪ੍ਰਧਾਨ ਨੇ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਦਾ ਕਰਜ਼ਾ 150 ਕਰੋੜ ਤੋਂ ਵੱਧਕੇ 454 ਕਰੋੜ ਤਕ ਪਹੁੰਚ ਗਿਆ ਹੈ, ਜਿਸ ਕਾਰਨ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਵਿਚ ਹੁੰਦੇ ਖੋਜ ਕਾਰਜ ਵੀ ਪ੍ਰਭਾਵਿਤ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੀ ਚਿੰਤਾਜਨਕ ਵਿਤੀ ਹਾਲਾਤ ਦੇ ਹੁੰਦਿਆ ਹੋਇਆ ਯੂਨੀਵਰਸਿਟੀ ਵਿਚ ਖੋਜ ਕਾਰਜਾਂ ਵਿਚ ਖੜੋਤ ਆਉਣਾ ਨਿਸਚਿਤ ਹੀ ਹੈ ਅਤੇ ਲੋੜ ਅਨੁਸਾਰ ਇਮਾਰਤਸਾਜੀ ਦੇ ਕੰਮਾਂ ਨੂੰ ਵੀ ਧੱਕਾ ਲੱਗ ਰਿਹਾ ਹੈ। ਪ੍ਰੋ. ਬਡੂੰਗਰ ਨੇ ਕਿਹਾ ਵਿੱਤੀ ਸੰਕਟ ਕਾਰਨ ਸਮੇਂ ਸਿਰ ਤਨਖਾਹਾਂ ਦਾ ਸੰਕਟ ਵਿਚ ਵੱਧ ਰਿਹਾ ਹੈ ਅਤੇ ਤਨਖਾਹਾਂ ਨਾ ਮਿਲਣ ਕਾਰਨ ਕਰਮਚਾਰੀਆਂ ਵੱਲੋਂ ਧਰਨੇ ਲਗਾਉਣ ਲਈ ਮਜਬੂਰ ਹੋਣਾ ਪੈ ਰਿਹਾ ਹੈ ਅਜਿਹੇ ਸਿਲਸਿਲੇ ਦੇ ਚੱਲਦਿਆਂ ਵਿਦਿਆ ਵਿਤਰਣ ਨੂੰ ਭਾਰੀ ਨੁਕਸਾਨ ਹੁੰਦਾ ਵਿਖਾਈ ਦੇ ਰਿਹਾ ਹੈ। ਸਾਬਕਾ ਪ੍ਰਧਾਨ ਨੇ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਵਿੱਦਿਅਕ ਖੇਤਰ ਵਿਚ ਮਾਲਵੇ ਦੀ ਜ਼ਿੰਦ-ਜਾਨ ਹੈ ਅਤੇ ਇਸ ਮਹਾਨ ਵਿੱਦਿਅਕ ਸੰਸਥਾ ਨੂੰ ਬਚਾਉਣਾ ਆਪਣਾ ਸਭ ਦਾ ਨੈਤਿਕ ਫਰਜ਼ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਪੰਜਾਬ ਸਰਕਾਰ ਪੰਜਾਬੀ ਯੂਨੀਵਰਸਿਟੀ ਦਾ ਕਰਜਾ ਇਕਮੁਸ਼ਤ ਲਾਹਕੇ ਯੂਨੀਵਰਸਿਟੀ ਨੂੰ ਹਰ ਖੇਤਰ ਵਿਚ ਪ੍ਰਗਤੀ ਦੇ ਰਾਹ ਪਾਉਣ ਦਾ ਉਪਰਾਲਾ ਕਰਨ।

## ਸਨੌਰ 'ਚ ਪੱਤਰਕਾਰ ਭਾਈਚਾਰੇ ਨੇ ਸਥਾਪਿਤ ਕੀਤਾ ਮੀਡੀਆ ਕਲੱਬ

### ➢ਸਰਬਜੀਤ ਸਿੰਘ ਭੰਗੂ ਪ੍ਰਧਾਨ ਬਣੇ



ਸਨੌਰ, 27 ਮਾਰਚ (ਪ੍ਰਥਮ ਕੁਮਾਰ) : ਵਿਧਾਨ ਸਭਾ ਹਲਕਾ ਸਨੌਰ ਦੇ ਪੱਤਰਕਾਰਾਂ ਭਾਈਚਾਰੇ ਵੱਲੋਂ ਇਕਜੁੱਟ ਹੋ ਕੇ ਮੀਡੀਆ ਕਲੱਬ ਹਲਕਾ ਸਨੌਰ ਦੀ ਸਥਾਪਨਾ ਕੀਤੀ ਗਈ। ਇਸ ਮੌਕੇ ਕਰਵਾਈ ਗਈ ਬੈਠਕ ਦੌਰਾਨ ਪੰਜਾਬੀ ਟ੍ਰਿਬਿਊਨ ਨਾਲ ਸਬੰਧਤ ਪੱਤਰਕਾਰ ਸਰਬਜੀਤ ਸਿੰਘ ਭੰਗੂ ਨੂੰ ਸਹਿਮਤੀ ਨਾਲ ਕਲੱਬ ਦਾ ਪਹਿਲਾ ਪ੍ਰਧਾਨ ਚੁਣਿਆ ਗਿਆ। ਕਲੱਬ ਵਿੱਚ ਸਨੌਰ, ਭੁਨਰਹੇੜੀ, ਦੇਵੀਗੜ੍ਹ, ਬਲਬੇੜਾ, ਕੌਲੀ ਅਤੇ ਬਹਾਦੁਰਗੜ੍ਹ ਖੇਤਰਾਂ ਦੇ ਵੱਡੀ ਗਿਣਤੀ ਵਿੱਚ ਪੱਤਰਕਾਰਾਂ ਨੇ ਭਾਗ ਲਿਆ ਅਤੇ ਆਪਣੀ ਮੈਂਬਰਸ਼ਿਪ ਦਰਜ ਕਰਵਾਈ। ਕਲੱਬ ਦੀ ਬਣਤਰ ਅਧੀਨ ਹੋਰ ਅਹੁਦੇਦਾਰਾਂ ਦੀ ਵੀ ਚੋਣ ਕੀਤੀ ਗਈ। ਰਜਿੰਦਰ ਸਿੰਘ ਥਿੰਦ ਨੂੰ ਸਰਪ੍ਰਸਤ, ਧਨਵੰਤ ਸਿੰਘ ਹੁਸੈਨਪੁਰ ਨੂੰ ਖਜ਼ਾਨਚੀ ਬਣਾਇਆ ਗਿਆ। ਸੁਰਿੰਦਰ ਸਿੰਘ ਚੌਹਾਨ ਨੂੰ ਸਕੱਤਰ ਜਨਰਲ ਅਤੇ ਰਕੇਸ਼ ਸ਼ਰਮਾ ਤੇ ਬਲਵਿੰਦਰ ਸਿੰਘ ਸੈਂਭੀ ਨੂੰ ਜਨਰਲ ਸਕੱਤਰ ਦੀ ਜ਼ਿੰਮੇਵਾਰੀ ਸੌਂਪੀ ਗਈ। ਸੀਨੀਅਰ ਮੀਤ ਪ੍ਰਧਾਨ ਵਜੋਂ ਕੁਲਵੀਰ ਸਿੰਘ ਧਾਲੀਵਾਲ ਅਤੇ ਪਰਮਜੀਤ ਸਿੰਘ ਪਟਵਾਰੀ ਦੀ ਚੋਣ ਹੋਈ, ਜਦਕਿ ਮੀਤ ਪ੍ਰਧਾਨਾਂ ਵਿੱਚ ਰਵਿੰਦਰ ਸਿੰਘ ਪੰਜੇਟਾ ਅਤੇ ਰਾਮ ਸਰੂਪ ਪੰਜੋਲਾ ਸ਼ਾਮਲ ਹਨ। ਇਸ ਤੋਂ ਇਲਾਵਾ ਗੀਤਵਿੰਦਰ ਸਿੰਘ ਸੋਖਲ ਨੂੰ ਦਫ਼ਤਰ ਸਕੱਤਰ, ਹਰਜੀਤ ਸਿੰਘ ਨਿੱਜਰ ਅਤੇ ਰਜਿੰਦਰ ਸਿੰਘ ਮੰਜੀ ਨੂੰ ਸਕੱਤਰ ਬਣਾਇਆ ਗਿਆ। ਪ੍ਰਚਾਰ ਸਕੱਤਰ ਵਜੋਂ ਬਲਵਿੰਦਰ ਸਿੰਘ ਖੁੱਡਾ ਦੀ ਨਿਯੁਕਤੀ ਕੀਤੀ ਗਈ, ਜਦਕਿ ਮੋਹਨ ਸਿੰਘ ਭੱਟੀ ਅਤੇ ਭੁਪਿੰਦਰ ਸਿੰਘ ਗੋਲੂ ਨੂੰ ਵੀ ਸਕੱਤਰਾਂ ਦੀ ਟੀਮ ਵਿੱਚ ਸ਼ਾਮਲ ਕੀਤਾ ਗਿਆ। ਐਗਜ਼ੈਕਟਿਵ ਮੈਂਬਰਾਂ ਵਿੱਚ ਸੁਖਦੇਵ ਸਿੰਘ ਵਿਰਕ, ਸੁਰਜੀਤ ਸਿੰਘ ਗੋਗੀ ਅਤੇ ਜਗਜੀਤ ਸਿੰਘ ਜੱਗੀ ਦੇ ਨਾਮ ਸ਼ਾਮਲ ਹਨ। ਇਸ ਮੌਕੇ ਪ੍ਰਥਮ ਕੁਮਾਰ, ਜੱਪ ਅਨੰਤਪ੍ਰੀਤ ਸਿੰਘ ਅਤੇ ਰੋਹਿਤ ਪੰਜੋਲਾ ਸਮੇਤ ਕਈ ਹੋਰ ਪੱਤਰਕਾਰ ਵੀ ਹਾਜ਼ਰ ਰਹੇ। ਨਵੇਂ ਚੁਣੇ ਗਏ ਪ੍ਰਧਾਨ ਸਰਬਜੀਤ ਸਿੰਘ ਭੰਗੂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੱਤਰਕਾਰ ਭਾਈਚਾਰਾ ਸਮਾਜ ਦਾ ਅਹਿਮ ਹਿੱਸਾ ਹੈ ਅਤੇ ਇਸਨੂੰ ਵੀ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਮੀਡੀਆ ਕਲੱਬ ਪੱਤਰਕਾਰਾਂ ਦੇ ਹੱਕਾਂ ਦੀ ਰੱਖਿਆ ਕਰਨ ਦੇ ਨਾਲ-ਨਾਲ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਵਾਉਣ ਲਈ ਵਚਨਬੱਧ ਰਹੇਗਾ ਅਤੇ ਸਮਾਜਿਕ ਭਲਾਈ ਦੇ ਕੰਮਾਂ ਵਿੱਚ ਵੀ ਸਰਗਰਮ ਭੂਮਿਕਾ ਨਿਭਾਏਗਾ।

## ਡਾ.ਕੁਲਵੰਤ ਕੌਰ ਨੇ ਵਿਛੜੇ ਵੀਰ ਦੀ ਯਾਦ 'ਚ ਮੈਡੀਕਲ ਕੈਂਪ ਲਗਾਇਆ



ਪਟਿਆਲਾ, 27 ਮਾਰਚ (ਚ.ਨ.ਸ.): ਸ਼ਹੀਦੇ-ਆਜ਼ਮ ਸ.ਭਗਤ ਸਿੰਘ ਦੇ ਜੱਦੀ ਪਿੰਡ ਦੇ ਨਜ਼ਦੀਕ ਉੜਾਪੜ ਵਿਖੇ ਦੁਆਬੇ ਦਾ ਮਾਣ ਡਾ.ਕੁਲਵੰਤ ਕੌਰ ਵੱਲੋਂ ਇਕ ਮੈਡੀਕਲ ਕੈਂਪ ਲਗਾਇਆ ਗਿਆ, ਜੋ ਕਿ ਉਨ੍ਹਾਂ ਦੇ ਸਵਰਗਵਾਸੀ ਛੋਟੇ ਵੀਰ ਸ.ਬਖਸ਼ੀਸ਼ ਸਿੰਘ ਦੀ ਸਾਲਾਨਾ ਯਾਦ ਨੂੰ ਸਮਰਪਿਤ ਸੀ। ਜ਼ਿਕਰਯੋਗ ਹੈ ਕਿ ਸ.ਬਖਸ਼ੀਸ਼ ਸਿੰਘ ਗ਼ਦਰੀ ਬਾਬਿਆਂ ਵੱਲੋਂ ਨਿਰਮਤ ਸਭ ਤੋਂ ਪਹਿਲੇ ਗੁਰਦੁਆਰੇ ਦੇ ਪ੍ਰਧਾਨ ਰਹੇ ਹਨ, ਜੋ ਕਿ ਸਟਾਕਟਨ ਸ਼ਹਿਰ ਵਿਚ ਸਥਿਤ ਹੈ। ਕੈਲੇਫੋਰਨੀਆ ਵਿਚ ਵੀ ਉਨ੍ਹਾਂ ਨੇ ਪਿਤਾ-ਪੁਰਖੀ ਸਮਾਜਸੇਵੀ ਕਾਰਜਾਂ ਨੂੰ ਹਮੇਸ਼ਾ ਪਹਿਲ ਦਿੱਤੀ ਤੇ ਇੱਧਰ ਉਨ੍ਹਾਂ ਦੇ ਦਾਦਾ ਜੀ ਸ.ਕਿਰਪਾ ਸਿੰਘ ਠੇਕੇਦਾਰ ਨੇ ਇਲਾਕੇ ਦੇ ਪੰਜ ਗੁਰਮੁਖ ਪਿਆਰਿਆਂ ਨੂੰ ਨਾਲ ਲੈ ਕੇ ਖਾਲਸਾ ਹਾਈ ਸਕੂਲ ਚੱਕਦਾਨਾ ਦੀ 1911 ਵਿਚ ਨੀਂਹ ਰੱਖੀ ਸੀ ਜਿਸ ਨੂੰ 1966 ਤੱਕ ਖੁਦ ਸਪਾਂਸਰ ਕੀਤਾ।ਔਰਤ ਵਿਦਿਆ ਲਈ ਮਿਸਾਲ ਬਣਿਆ, ਇਹ ਇਲਾਕਾ ਡਾ.ਕੁਲਵੰਤ ਕੌਰ ਦਾ ਜੱਦੀ ਇਲਾਕਾ ਹੈ, ਜਿੱਥੇ ਉਨ੍ਹਾਂ ਦੇ ਤਾਇਆ ਡਾ.ਹਰਚਰਨ ਸਿੰਘ ਨੇ ਨਾਟਕਾਂ ਰਾਹੀਂ ਇਸਤਰੀ ਜਾਤੀ ਦੇ ਉੱਥਾਨ ਦਾ ਅਹਿਮ ਕਾਰਜ ਕੀਤਾ। ਜਵਾਨੀ ਵਿਚ ਵਿਛੜੇ ਵੀਰ ਦੀ ਯਾਦ ਨੂੰ ਤਾਜ਼ਾ ਕਰਨ ਲਈ, ਬੀਬੀ ਜੀ ਵੱਲੋਂ, ਇੱਥੇ ਪੰਜ ਲੱਖ ਖਰਚ ਕੇ, ਬਖਸ਼ੀਸ਼ ਯਾਦਗਾਰੀ ਜਿੰਮ ਬਣਾਇਆ ਗਿਆ ਹੈ, ਜਿੱਥੇ ਹਫਤਾ ਹਫਤਾ ਭਰ ਟੂਰਨਾਮੈਂਟ ਖੇਡੇ ਜਾਂਦੇ ਹਨ। ਸ਼ਮਸ਼ਾਨਘਾਟ, ਲੜਕੀਆਂ ਦੇ ਸਕੂਲਾਂ ਤੇ ਹੋਰ ਅਨੇਕ ਥਾਵਾਂ 'ਤੇ ਯੋਗਦਾਨ ਪਾ ਕੇ ਇਲਾਕੇ ਦੇ ਸੁਧਾਰ ਦੇ ਜਤਨ , ਬੀਬੀ ਜੀ ਵੱਲੋਂ ਨਿਰੰਤਰ ਕੀਤੇ ਜਾਂਦੇ ਹਨ। ਹੁਣ ਵੀ ਸਵਾ ਸੌ ਲੋੜਵੰਦਾਂ ਨੂੰ ਮੁਫਤ ਐਨਕਾਂ ਤੇ ਅੱਖਾਂ ਦੇ ਦਾਰੂ ਵੰਡੇ ਗਏ। ਨਵਾਂਸ਼ਹਿਰ ਤੋਂ ਆਈ ਮੈਡੀਕਲ ਟੀਮ ਨੇ ਟਾਇਫਾਈਡ, ਸ਼ੂਗਰ, ਬੀ.ਪੀ. ਆਦਿ ਸਾਰੇ ਟੈਸਟ ਕਰਕੇ ਦਵਾਈਆਂ ਵੰਡੀਆਂ। ਪਟਿਆਲਾ ਤੋਂ ਟੀਮ ਨਾਲ ਗਏ ਡਾ.ਮਨਮੋਹਨ ਸਿੰਘ ਨੇ ਸਵਾ ਸੌ ਲਾਭਪਾਤਰੀਆ ਨੂੰ ਚੈਕ ਕੀਤਾ ਤੇ ਦਵਾਈ ਦਿੱਤੀ। ਪਿੰਡ ਦੀ ਪੰਚਾਇਤ ਦਾ ਯੋਗਦਾਨ ਬੇਸ਼ਕੀਮਤੀ ਰਿਹਾ।

## ਪਿੰਡ ਨਗਮਾਣਾ ਦੇ ਮਜ਼ਦੂਰਾਂ ਵੱਲੋਂ ਝੂਠੇ ਪਰਚੇ ਰੱਦ ਕਰਾਉਣ ਲਈ ਥਾਣਾ ਸਦਰ ਅੱਗੇ ਧਰਨਾ

### ਪੁਲਿਸ ਵੱਲੋਂ ਆਗੂਆਂ ਨੂੰ ਭਰੋਸਾ ਦਿਵਾਉਣ ਤੋਂ ਬਾਅਦ ਧਰਨਾ ਸਮਾਪਤ



ਨਾਭਾ, 27 ਮਾਰਚ (ਗੁਰਚਰਨ ਸਿੰਘ ਚੌਧਰੀ ਮਾਜਰਾ) : ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੀ ਅਗਵਾਈ ਵਿੱਚ ਪਿੰਡ ਨਗਮਾਣਾ ਦੇ ਮਜ਼ਦੂਰਾਂ ਨੇ ਆਪਣੇ ਇਕਾਈ ਆਗੂਆਂ ਉੱਪਰ ਲਗਾਏ ਝੂਠੇ ਪਰਚਿਆਂ ਨੂੰ ਰੱਦ ਕਰਾਉਣ ਲਈ ਅੱਜ ਥਾਣਾ ਸਦਰ ਨਾਭਾ ਅੱਗੇ ਧਰਨਾ ਦਿੱਤਾ। ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜਰਨਲ ਸਕੱਤਰ ਗੁਰਵਿੰਦਰ ਬੌੜਾਂ ਨੇ ਦੱਸਿਆ ਕਿ ਧਰਨੇ ਦੌਰਾਨ ਐਸ.ਐਚ.ਓ. ਸਦਰ ਨਾਲ ਲੰਬੀ ਗੱਲਬਾਤ ਹੋਈ। ਗੱਲਬਾਤ ਦੌਰਾਨ ਜਸਵਿੰਦਰ ਸਿੰਘ ਖੋਖਰ ਐਸ.ਐਚ.ਓ. ਨਾਭਾ ਨੇ ਆਗੂਆਂ ਅਤੇ ਮਜ਼ਦੂਰਾਂ ਨੂੰ ਭਰੋਸਾ ਦਿਵਾਇਆ ਕਿ ਆਗੂਆਂ ਨੂੰ ਗ੍ਰਿਫਤਾਰ ਕਰਨ ਲਈ ਕੋਈ ਛਾਪੇਮਾਰੀ ਨਹੀਂ ਕੀਤੀ ਜਾਵੇਗੀ। ਉਨ੍ਹਾਂ ਨੇ ਆਗੂਆਂ ਨੂੰ ਡੀ.ਐਸ.ਪੀ ਨਾਭਾ ਨੂੰ ਇੱਕ ਲਿਖਤੀ ਦਰਖਾਸਤ ਦੇਣ ਲਈ ਕਿਹਾ, ਜਿਸ ਉਪਰ ਐਸ.ਐਚ.ਓ. ਨਾਭਾ ਨੇ ਖੁਦ ਇਨਕੁਆਰੀ ਕਰਕੇ ਝੂਠੇ ਪਰਚੇ ਰੱਦ ਕਰਵਾਉਣ ਦਾ ਭਰੋਸਾ ਦਿਵਾਇਆ।ਪੁਲਿਸ ਅਧਿਕਾਰੀਆਂ ਵੱਲੋਂ ਭਰੋਸਾ ਮਿਲਣ ਤੋਂ ਬਾਅਦ ਮਜ਼ਦੂਰਾਂ ਨੇ ਧਰਨਾ ਸਮਾਪਤ ਕਰ ਦਿੱਤਾ। ਇਸ ਮੌਕੇ ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂ ਧਰਮਵੀਰ ਹਰੀਗੜ੍ਹ ਅਤੇ ਇਕਾਈ ਪ੍ਰਧਾਨ ਨਿਰਮਲ ਸਿੰਘ ਨੇ ਸਪੱਸ਼ਟ ਚੇਤਾਵਨੀ ਦਿੰਦਿਆਂ ਕਿਹਾ, ਜੇਕਰ ਪ੍ਰਸ਼ਾਸਨ ਆਪਣੇ ਕੀਤੇ ਵਾਅਦਿਆਂ ਅਨੁਸਾਰ ਝੂਠੇ ਪਰਚੇ ਰੱਦ ਨਾ ਕੀਤੇ ਤਾਂ ਸੰਘਰਸ਼ ਤਿੱਖਾ ਕੀਤਾ ਜਾਵੇਗਾ । ਇਸ ਮੌਕੇ ਹੋਰ ਆਗੂ ਨਿਰਮਲ ਸਿੰਘ ਕਾਲਾ, ਚਮਕੌਰ ਸਿੰਘ, ਗੁਰਜੰਟ ਸਿੰਘ ਬਖਸ਼ੀਸ਼ ਸਿੰਘ, ਸੁਖਵਿੰਦਰ ਕੌਰ, ਲਖਵੀਰ ਸਿੰਘ ਸ਼ਾਮਲ ਰਹੇ।

## ਡਾ. ਦਾਰਾ ਸਿੰਘ ਨੇ ਮੁੱਖ ਖੇਤੀਬਾੜੀ ਅਫਸਰ ਪਟਿਆਲਾ ਦਾ ਅਹੁੱਦਾ ਸੰਭਾਲਿਆ



ਪਟਿਆਲਾ, 27 ਮਾਰਚ (ਰੁਪਾਣਾ) : ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਦੇ ਡਿਪਟੀ ਡਾਇਰੈਕਟਰ ਡਾ. ਦਾਰਾ ਸਿੰਘ ਨੇ ਮੁੱਖ ਖੇਤੀਬਾੜੀ ਅਫਸਰ ਪਟਿਆਲਾ ਵਜੋਂ ਆਹੁੱਦਾ ਸੰਭਾਲ ਲਿਆ ਹੈ। ਇਸ ਤੋਂ ਪਹਿਲਾਂ ਡਾ. ਦਾਰਾ ਸਿੰਘ ਜ਼ਿਲ੍ਹਾ ਸਿਖਲਾਈ ਅਫਸਰ, ਸ਼ਹੀਦ ਭਗਤ ਸਿੰਘ ਨਗਰ ਵਿਖੇ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਹਨ ਅਤੇ ਹੁਣ ਤੱਕ ਪਿਛਲੇ 26 ਸਾਲਾਂ ਤੋਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਿਚ ਵੱਖ—ਵੱਖ ਆਹੁੱਦਿਆਂ 'ਤੇ ਕੰਮ ਕਰਦਿਆਂ ਕਿਸਾਨਾਂ ਨੂੰ ਖੇਤੀਬਾੜੀ ਸਬੰਧੀ ਨਵੀਨਤਮ ਜਾਣਕਾਰੀ ਦੇ ਕੇ ਖੇਤੀ ਨੂੰ ਲਾਹੇਵੰਦ ਕਿੱਤਾ ਬਣਾਉਣ ਵਿਚ ਆਪਣਾ ਯੋਗਦਾਨ ਦੇ ਚੁੱਕੇ ਹਨ। ਮੁੱਖ ਖੇਤੀਬਾੜੀ ਅਫਸਰ ਪਟਿਆਲਾ ਡਾ. ਦਾਰਾ ਸਿੰਘ ਨੇ ਕਿਸਾਨ ਹਿੱਤ ਵਿਚ ਝੋਨੇ ਦੀ ਸਿੱਧੀ ਬਿਜਾਈ, ਫਸਲੀ ਵਿਭਿੰਨਤਾ ਅਤੇ ਖਾਦਾਂ ਦੀ ਵਰਤੋਂ ਘੱਟ ਕਰਨ ਦੀ ਅਪੀਲ ਕੀਤੀ ਅਤੇ ਕਿਹਾ ਕਿ ਕਿਸਾਨ ਬਲਾਕ ਪੱਧਰ ਤੇ ਸਥਿਤ ਖੇਤੀਬਾੜੀ ਦਫਤਰਾਂ ਵਿਚ ਪਹੁੰਚ ਕਰਕੇ ਆਪਣੀ ਕਿਸਾਨ ਆਈ.ਡੀ ਬਣਾਉਣ ਤਾਂ ਜ਼ੋ ਭਵਿੱਖ ਵਿਚ ਸਰਕਾਰ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਹੂਲਤਾਵਾਂ ਦਾ ਲਾਭ ਪ੍ਰਾਪਤ ਕਰ ਸਕਣ। ਇਸ ਤੋਂ ਇਲਾਵਾ ਕਿਸਾਨ ਖੇਤੀਬਾੜੀ ਵਿਭਾਗ ਵੱਲੋਂ ਮਹੀਨਾ ਅਪ੍ਰੈਲ ਵਿਚ ਲਗਾਏ ਜਾਣ ਵਾਲੇ ਜਾਗਰੂਕਤਾ ਕੈਂਪਾਂ ਵਿਚ ਭਾਗ ਲੈ ਕੇ ਕਣਕ ਦੇ ਨਾੜ ਨੂੰ ਅੱਗ ਨਾ ਲਗਾ ਕੇ ਵਾਤਾਵਰਨ ਨੂੰ ਸਾਫ—ਸੁਥਰਾ ਰੱਖਣ ਵਿਚ ਆਪਣਾ ਯੋਗਦਾਨ ਪਾਉਣ। ਇਸ ਮੌਕੇ ਡਾ. ਦਾਰਾ ਸਿੰਘ ਵੱਲੋਂ ਦੱਸਿਆ ਗਿਆ ਕਿ ਕਣਕ ਦੀ ਵਾਢੀ ਉਪਰੰਤ ਕਿਸਾਨ ਵੀਰ ਆਪਣੇ ਖੇਤਾਂ ਦੀ ਮਿੱਟੀ ਅਤੇ ਪਾਣੀ ਦੇ ਸੈਂਪਲ ਇਕੱਤਰ ਕਰਨ ਅਤੇ ਟੈਸਟ ਕਰਵਾਉਣ ਵਿਚ ਆਪਣਾ ਯੋਗਦਾਨ ਪਾਉਣ। ਇਸ ਮੌਕੇ ਜ਼ਿਲ੍ਹੇ ਦੇ ਵੱਖ—ਵੱਖ ਬਲਾਕ ਖੇਤੀਬਾੜੀ ਅਫਸਰ, ਖੇਤੀਬਾੜੀ ਵਿਕਾਸ ਅਫਸਰ, ਖੇਤੀਬਾੜੀ ਵਿਸਥਾਰ ਅਫਸਰ, ਖੇਤੀਬਾੜੀ ਉਪ—ਨਿਰੀਖਕ ਅਤੇ ਵੱਖ—ਵੱਖ ਵਿੰਗਾਂ ਦੇ ਇੰਚਾਰਜ ਸਾਹਿਬਾਨ ਹਾਜ਼ਰ ਸਨ।

## ਮੰਦਰ ਕੇਦਾਰ ਨਾਥ ਵਿਖੇ ਕੰਜਕ ਪੂਜਨ



ਪਟਿਆਲਾ, 27 ਮਾਰਚ (ਦੀਪਕ ਜੈਦਕਾ) : ਬੀਤੇ ਦਿਨੀਂ ਮੰਦਿਰ ਸ੍ਰੀ ਕੇਦਾਰ ਨਾਥ ਜੀ ਵਿਖੇ ਮੰਦਿਰ ਦੇ ਪ੍ਰਾਗਨ ਵਿੱਚ ਸੁਧਾਰ ਸਭਾ ਵੱਲੋਂ ਵਿਸ਼ਵ ਸ਼ਾਂਤੀ ਹਿੱਤ ਸਾਰੇ ਮੈਂਬਰਾਂ ਨੇ ਪਰਿਵਾਰਾਂ ਸਮੇਤ ਮਿਲ ਕੇ ਹਵਨ ਕੀਤਾ ਅਤੇ ਮੰਦਿਰ ਦੇ ਅੰਦਰ ਕੰਚਕਾ ਦਾ ਪੂਜਨ ਕੀਤਾ। ਇਸ ਮੌਕੇ ਮੰਦਿਰ ਦੇ ਪੁਜਾਰੀ ਪੰਡਿਤ ਨਰਿੰਦਰ ਅਤੇ ਅਜੇ ਪੰਡਿਤ ਜੀ ਨੇ ਸ਼ਲਾਘਾ ਕੀਤੀ। ਇਹੋ ਜਿਹਾ ਕੰਜਕਾਂ ਦਾ ਪੂਜਨ ਅਸੀਂ ਮੰਦਿਰ ਵਿਖੇ ਪਹਿਲੀ ਵਾਰ ਦੇਖਿਆ ਹੈ, ਜਿਸ ਵਿੱਚ ਕੰਜਕਾਂ ਦਾ ਭਾਰੀ ਇਕੱਠ ਸੀ। ਕੰਜਕਾਂ ਨੂੰ ਚੁੰਨੀਆ: ਪਵਾ ਕੇ ਮਰਿਆਦਾ ਅਨੁਸਾਰ ਪੂਜਨ ਕੀਤਾ ਅਤੇ ਇਸ ਮੌਕੇ ਉਚੇਚੇ ਐਮ.ਸੀ. ਰਣਜੀਤ ਸਿੰਘ ਚੰਡੋਕ ਨੇ ਵੀ ਸ਼ਿਰਕਤ ਕੀਤੀ। ਕੰਜਕਾਂ ਪੂਜਨ ਤੋਂ ਬਾਅਦ ਸ਼ਿਵ ਜੀ ਦੀ ਮੂਰਤੀ ਦੇ ਕੋਲ ਆਲੂ ਪੂੜੀ ਅਤੇ ਹਲਵੇ ਦਾ ਲੰਗਰ ਅਤੇ ਦੁੱਧ ਵਾਲੀ ਛਬੀਲ ਅਤੁੱਟ ਵਰਤਾਇਆ ਗਿਆ ਅਤੇ ਸ਼ਾਮ ਨੂੰ 5 ਵਜੇ ਰਾਮ ਨੌਮੀ, ਰਾਮ ਜਨਮ ਉਤਸਵ ਮਨਾਇਆ ਗਿਆ। ਇਸ ਸਮੇਂ ਕੜੀ ਚਾਵਲ ਦਾ ਅਤੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਤੇਜਿੰਦਰ ਮਹਿਤਾ ਚੇਅਰਮੈਨ ਯੋਜਨਾ ਬੋਰਡ, ਜ਼ਿਲ੍ਹਾ ਪ੍ਰਧਾਨ ਅਤੇ ਐਮ.ਸੀ. 34 ਨੰਬਰ ਵਾਰਡ ਨੇ ਵੀ ਪਹੁੰਚ ਕੇ ਲੰਗਰ ਵਰਤਾਉਣ ਦੀ ਸੇਵਾ ਨਿਭਾਈ।

## 'ਸ਼ਾਨਦਾਰ ਚਾਰ ਸਾਲ, ਭਗਵੰਤ ਮਾਨ ਦੇ ਨਾਲ' ਤਹਿਤ ਪਿੰਡ ਫਤਿਹਮਾਜਰੀ ਵਿਖੇ ਵਿਸ਼ੇਸ਼ ਮੀਟਿੰਗ

### 'ਆਪ' ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ : ਗੁਰਦੇਵ ਟਿਵਾਣਾ



ਸਮਾਣਾ, 27 ਮਾਰਚ (ਜਵੰਦਾ/ਵਿਜੇ ਕੁਮਾਰ) : ਹਲਕਾ ਸਮਾਣਾ ਦੇ ਪਿੰਡ ਫਤਿਹਮਾਜਰੀ ਵਿਖੇ ਆਮ ਆਦਮੀ ਪਾਰਟੀ ਵੱਲੋਂ ਸ਼ਾਨਦਾਰ ਚਾਰ ਸਾਲ, ਭਗਵੰਤ ਮਾਨ ਦੇ ਨਾਲ ਮੁਹਿੰਮ ਤਹਿਤ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪਿੰਡ ਵਾਸੀਆਂ ਦੀ ਵੱਡੀ ਹਾਜ਼ਰੀ ਦੇਖਣ ਨੂੰ ਮਿਲੀ। ਇਸ ਮੌਕੇ ਮੁੱਖ ਮਹਿਮਾਨ ਵਜੋਂ ਜ਼ਿਲਾ ਪ੍ਰੀਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਨੇ ਹਾਜ਼ਰ ਲੋਕਾਂ ਨੂੰ ਸੰਬੋਧਨ ਕਰਦਿਆਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਦੌਰਾਨ ਕੀਤੇ ਗਏ ਵਿਕਾਸੀ ਕੰਮਾਂ ਬਾਰੇ ਵਿਸਥਾਰ ਨਾਲ ਜਾਣੂੰ ਕਰਵਾਇਆ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ, ਪਾਣੀ ਅਤੇ ਬੁਨਿਆਦੀ ਢਾਂਚੇ ਦੇ ਖੇਤਰਾਂ ਵਿੱਚ ਵੱਡੇ ਪੱਧਰ 'ਤੇ ਸੁਧਾਰ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਲਈ ਇਮਾਨਦਾਰੀ ਅਤੇ ਪਾਰਦਰਸ਼ਤਾ ਨਾਲ ਕੰਮ ਕੀਤਾ ਹੈ, ਜਿਸ ਕਾਰਨ ਲੋਕਾਂ ਵਿੱਚ ਭਰੋਸਾ ਮਜ਼ਬੂਤ ਹੋਇਆ ਹੈ। ਉਨ੍ਹਾਂ ਇਹ ਵੀ ਵਿਸ਼ਵਾਸ ਜਤਾਇਆ ਕਿ ਵਿਕਾਸ ਦੇ ਆਧਾਰ 'ਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ ਅਤੇ ਹੋਰ ਵੱਡੇ ਪੱਧਰ 'ਤੇ ਲੋਕ-ਹਿੱਤ ਦੇ ਕੰਮ ਕੀਤੇ ਜਾਣਗੇ। ਮੀਟਿੰਗ ਦੌਰਾਨ ਪਾਰਟੀ ਦੀਆਂ ਨੀਤੀਆਂ ਅਤੇ ਭਵਿੱਖੀ ਯੋਜਨਾਵਾਂ 'ਤੇ ਵੀ ਚਰਚਾ ਕੀਤੀ ਗਈ ਅਤੇ ਵਾਰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣ ਕੇ ਉਨ੍ਹਾਂ ਦੇ ਹੱਲ ਲਈ ਭਰੋਸਾ ਦਿਵਾਇਆ ਗਿਆ।ਇਸ ਮੌਕੇ ਸਰਪੰਚ ਗੁਰਮੁਖ ਸਿੰਘ, ਨਿਰਭੈ ਸਿੰਘ, ਅਵਤਾਰ ਸਿੰਘ ਅਤੇ ਦਰਸ਼ਨ ਸਿੰਘ ਆਦਿ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਰਹੇ।

## ਡਾ. ਜੌਹਰੀ ਵੱਲੋਂ ਸਕੂਲ ਦੇ ਵਿਕਾਸ ਲਈ ਦੋ ਲੱਖ ਦਾ ਯੋਗਦਾਨ



ਸਮਾਣਾ, 27 ਮਾਰਚ (ਜਵੰਦਾ/ਵਿਜੇ ਕੁਮਾਰ) : ਮਾਡਲ ਸੀਨੀਅਰ ਸੈਕੰਡਰੀ ਸਕੂਲ ਦਾ ਪ੍ਰਬੰਧ ਸਕੂਲ ਦੀ ਮੈਨੇਜਮੈਂਟ ਵੱਲੋਂ ਕੀਤਾ ਜਾ ਰਿਹਾ ਹੈ। ਇਹ ਸਕੂਲ ਗਰੀਬ ਪਰਿਵਾਰਾਂ ਦੇ ਬੱਚਿਆਂ ਨੂੰ ਬਹੁਤ ਘੱਟ ਫੀਸ 'ਤੇ ਸਿੱਖਿਆ ਪ੍ਰਦਾਨ ਕਰਦਾ ਹੈ। ਇਹ ਸਕੂਲ 12ਵੀਂ ਤੱਕ ਸਾਰੇ ਸਟ੍ਰੀਮਾਂ ਨਾਲ ਸਿੱਖਿਆ ਦਿੰਦਾ ਹੈ। ਡਾ. ਜੌਹਰੀ ਵੱਲੋਂ ਸਕੂਲ ਦੇ ਵਿਕਾਸ ਲਈ 2.00 ਲੱਖ ਰੁਪਏ ਦਾ ਯੋਗਦਾਨ ਦਿੱਤਾ ਗਿਆ ਹੈ। ਇਹ ਜ਼ਿਕਰ ਕਰਨਾ ਜ਼ਰੂਰੀ ਹੈ ਕਿ ਜਦੋਂ ਤੋਂ ਉਨ੍ਹਾਂ ਨੇ ਪ੍ਰੈਜ਼ੀਡੈਂਟ ਦਾ ਅਹੁਦਾ ਸੰਭਾਲਿਆ ਹੈ, ਮੈਨੇਜਮੈਂਟ ਦੀ ਮਦਦ ਨਾਲ ਸਕੂਲ ਵਿੱਚ ਕਾਫ਼ੀ ਵਿਕਾਸ ਹੋਇਆ ਹੈ। ਸਾਰੇ ਕਲਾਸਰੂਮਾਂ ਦੀ ਮੁਰੰਮਤ ਕੀਤੀ ਗਈ ਹੈ ਅਤੇ ਕਮਰਿਆਂ ਦੀ ਫਰਸ਼ ਬਦਲੀ ਗਈ ਹੈ। ਨਵਾਂ ਫਰਨੀਚਰ ਖਰੀਦਿਆ ਗਿਆ ਹੈ ਅਤੇ ਸਾਰੇ ਕਮਰਿਆਂ ਵਿੱਚ ਏ.ਸੀ. ਅਤੇ ਸੀਸੀਟੀਵੀ ਕੈਮਰੇ ਲਗਾਏ ਗਏ ਹਨ। ਬਿਜਲੀ ਦੀ ਬਚਤ ਲਈ ਸਕੂਲ ਵਿੱਚ ਸੋਲਰ ਪਲਾਂਟ ਵੀ ਲਗਾਇਆ ਗਿਆ ਹੈ। ਅਧਿਆਪਕਾਂ ਦੀ ਤਨਖ਼ਾਹ ਵਿੱਚ ਵੀ ਸੁਧਾਰ ਕੀਤਾ ਗਿਆ ਹੈ, ਜਿਸ ਨਾਲ ਹਰ ਖੇਤਰ ਵਿੱਚ ਬਦਲਾਅ ਆਇਆ ਹੈ। ਹੁਣ ਇਸ 2.00 ਲੱਖ ਰੁਪਏ ਨਾਲ ਸਕੂਲ ਵਿੱਚ ਹੋਰ ਸੁਵਿਧਾਵਾਂ ਜੋੜੀਆਂ ਜਾਣਗੀਆਂ। ਸਕੂਲ ਦੀ ਮੈਨੇਜਮੈਂਟ ਵਿੱਚ ਪਵਨ ਸਿੰਗਲਾ (ਸੈਕਟਰੀ), ਸ਼ਾਮ ਸਿੰਗਲਾ (ਮੈਨੇਜਰ), ਲਲਿਤ ਸਿੰਗਲਾ (ਫਾਇਨੈਂਸ ਸੈਕਟਰੀ), ਰਮੇਸ਼ ਗਰਗ, ਆਸ਼ੀਸ਼ ਬਾਂਸਲ ਅਤੇ ਗਿਆਨ ਚੰਦ ਕਟਾਰੀਆ ਸ਼ਾਮਲ ਹਨ।

## ਪਸ਼ੂ ਪਾਲਣ ਵਿਭਾਗ ਨੇ ਖ਼ੂਨਦਾਨ ਕੈਂਪ ਲਗਾਇਆ



ਨਾਭਾ, 27 ਮਾਰਚ (ਬਲਜਿੰਦਰ ਮਾਨ) : ਰਾਮਨੌਮੀ ਦੇ ਪਵਿੱਤਰ ਦਿਹਾੜੇ ਤੇ ਕੌਮ ਦੇ ਸ਼ਹੀਦਾਂ ਸ਼ਹੀਦੇ ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਯਾਦ ਕਰਦਿਆਂ ਸੀਨੀਅਰ ਵੈਟਰਨਰੀ ਅਫਸਰ ਡਾ. ਮੇਜਰ ਸਿੰਘ ਦੀ ਅਗਵਾਈ ਵਿੱਚ ਸਿਵਲ ਪਸ਼ੂ ਹਸਪਤਾਲ ਨਾਭਾ ਵਿਖੇ ਤਹਿਸੀਲ ਨਾਭਾ ਦੇ ਸਮੂਹ ਸਟਾਫ ਵੱਲੋਂ ਸੁੰਦਰ ਕਾਂਡ ਦਾ ਪਾਠ ਅਤੇ ਖ਼ੂਨ ਦਾਨ ਕੈਂਪ ਲਗਾਇਆ ਗਿਆ। ਸੁੰਦਰ ਕਾਂਡ ਦੇ ਪਾਠ ਵਿੱਚ ਸਾਰੇ ਹੀ ਸਟਾਫ ਵੱਲੋਂ ਭਗਵਾਨ ਸ੍ਰੀ ਰਾਮ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਗਿਆ ਤੇ ਆਪਸੀ ਭਾਈਚਾਰੇ ਦੀ ਮਿਸਾਲ ਪੈਦਾ ਕੀਤੀ। ਇਹ ਖ਼ੂਨਦਾਨ ਕੈਂਪ ਅਪਨਤ ਸੋਸਾਇਟੀ ਦੇ ਸਹਿਯੋਗ ਨਾਲ ਤੇ ਪਸ਼ੂ ਪਾਲਣ ਵਿਭਾਗ ਤਹਿਸੀਲ ਨਾਭਾ ਦੇ ਸਮੂਹ ਸਟਾਫ ਤੇ ਉਹਨਾਂ ਸਾਥੀਆਂ ਦੇ ਸਹਿਯੋਗ ਨਾਲ ਲਗਾਇਆ ਗਿਆ।ਕੈਂਪ ਦੌਰਾਨ ਰਿਕਾਰਡ ਤੋੜ 101 ਯੂਨਿਟ ਖ਼ੂਨ ਦੇ ਦਾਨ ਕੀਤੇ।ਖ਼ੂਨਦਾਨੀਆਂ ਵਾਸਤੇ ਲੰਗਰ ਤੇ ਰਿਫਰੈਸ਼ਮੈਂਟ ਦਾ ਪੂਰਾ ਪ੍ਰਬੰਧ ਕੀਤਾ ਗਿਆ। ਕੈਂਪ ਦੇ ਅੰਤ ਵਿੱਚ ਪਬੰਧਕਾਂ ਵੱਲੋਂ ਖ਼ੂਨਦਾਨੀਆਂ ਤੇ ਆਏ ਸਾਥੀਆਂ ਦਾ ਧੰਨਵਾਦ ਕੀਤਾ ਗਿਆ।

## ਅਣਗੌਲੇ ਇਤਿਹਾਸਕ ਤੱਥਾਂ ਨੂੰ ਸਾਹਮਣੇ ਲਿਆਉਣ ਵਾਲੀਆਂ ਖੋਜਾਂ ਨੂੰ ਉਤਸ਼ਾਹਿਤ ਕਰਨਾ ਯੂਨੀਵਰਸਿਟੀ ਦੀਆਂ 'ਚੇਅਰਾਂ' ਦਾ ਅਸਲ ਮਕਸਦ: ਡਾ. ਜਗਦੀਪ ਸਿੰਘ

### ਪੀ.ਯੂ. ਵਿਖੇ ਸ਼ਹੀਦ ਊਧਮ ਸਿੰਘ ਦੀ ਵਿਚਾਰਧਾਰਾ 'ਤੇ ਅੰਤਰ-ਰਾਸ਼ਟਰੀ ਸੈਮੀਨਾਰ ਸਫਲਤਾਪੂਰਵਕ ਸੰਪੰਨ




ਪਟਿਆਲਾ, 27 ਮਾਰਚ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਦੀ ਸ਼ਹੀਦ ਊਧਮ ਸਿੰਘ ਚੇਅਰ ਵੱਲੋਂ ਆਈ.ਸੀ.ਐੱਸ.ਐੱਸ.ਆਰ. ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਦੋ-ਰੋਜ਼ਾ ਅੰਤਰਰਾਸ਼ਟਰੀ ਸੈਮੀਨਾਰ ਸਫਲਤਾਪੂਰਵਕ ਸੰਪੰਨ ਹੋ ਗਿਆ ਹੈ। ਸੈਮੀਨਾਰ ਦੇ ਸਮਾਪਤੀ ਸਮਾਰੋਹ ਦੀ ਪ੍ਰਧਾਨਗੀ ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਕੀਤੀ। ਡਾ. ਜਗਦੀਪ ਸਿੰਘ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਯੂਨੀਵਰਸਿਟੀ ਦੀਆਂ 'ਚੇਅਰਾਂ' ਦਾ ਅਸਲ ਮਕਸਦ ਅਜਿਹੀ ਖੋਜ ਨੂੰ ਉਤਸ਼ਾਹਿਤ ਕਰਨਾ ਹੈ, ਜੋ ਅਣਗੌਲੇ ਇਤਿਹਾਸਕ ਤੱਥਾਂ ਨੂੰ ਸਾਹਮਣੇ ਲਿਆ ਸਕੇ। ਉਨ੍ਹਾਂ ਕਿਹਾ ਕਿ ਅਜਿਹੇ ਅੰਤਰਰਾਸ਼ਟਰੀ ਸੈਮੀਨਾਰ ਵਿਦਿਆਰਥੀਆਂ ਵਿੱਚ ਚੇਤਨਾ ਪੈਦਾ ਕਰਨ ਅਤੇ ਉਨ੍ਹਾਂ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਵਿੱਚ ਸਹਾਈ ਹੁੰਦੇ ਹਨ।ਸਮਾਪਤੀ ਸਮਾਰੋਹ ਦਾ ਮੁੱਖ ਭਾਸ਼ਣ ਆਈ.ਸੀ.ਐੱਚ.ਆਰ., ਨਵੀਂ ਦਿੱਲੀ ਦੇ ਚੇਅਰਮੈਨ ਪਦਮਸ਼੍ਰੀ ਪ੍ਰੋਫੈਸਰ ਰਘੁਵੇਂਦਰ ਤੰਵਰ ਵੱਲੋਂ ਦਿੱਤਾ ਗਿਆ। ਉਨ੍ਹਾਂ ਇਤਿਹਾਸਕ ਤੱਥਾਂ ਅਤੇ ਸ਼ਹੀਦਾਂ ਦੀ ਕੁਰਬਾਨੀ ਦੇ ਮਹੱਤਵ 'ਤੇ ਰੌਸ਼ਨੀ ਪਾਈ। ਪ੍ਰੋਫੈਸਰ ਮੁਹੰਮਦ ਇਦਰੀਸ (ਇੰਚਾਰਜ, ਸ਼ਹੀਦ ਊਧਮ ਸਿੰਘ ਚੇਅਰ) ਨੇ ਸਵਾਗਤੀ ਸ਼ਬਦ ਕਹੇ ਅਤੇ ਸੈਮੀਨਾਰ ਦੀ ਵਿਸਥਾਰਤ ਰਿਪੋਰਟ ਪੇਸ਼ ਕੀਤੀ। ਉਨ੍ਹਾਂ ਦੱਸਿਆ ਕਿ ਦੋਵਾਂ ਦਿਨਾਂ ਦੌਰਾਨ ਕੁੱਲ 20 ਖੋਜ-ਪੱਤਰ ਪੇਸ਼ ਕੀਤੇ ਗਏ। ਪ੍ਰੋ. ਭੀਮ ਇੰਦਰ ਸਿੰਘ (ਡਾਇਰੈਕਟਰ, ਵਰਲਡ ਪੰਜਾਬੀ ਸੈਂਟਰ ਅਤੇ ਯੂਥ ਵੈਲਫੇਅਰ) ਵੱਲੋਂ ਧੰਨਵਾਦੀ ਭਾਸ਼ਣ ਦਿੱਤਾ ਗਿਆ। ਸੈਮੀਨਾਰ ਦੇ ਦੂਜੇ ਦਿਨ ਦੇ ਪਹਿਲੇ ਸੈਸ਼ਨ ਦੌਰਾਨ ਯੂਨੀਵਰਸਿਟੀ ਦੇ ਆਈ.ਏ.ਐੱਸ. ਅਤੇ ਸਹਾਇਕ ਸੇਵਾਵਾਂ ਸਿਖਲਾਈ ਕੇਂਦਰ ਦੇ ਡਾਇਰੈਕਟਰ ਪ੍ਰੋ. ਅਜੀਤਾ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਦੂਜੇ ਅਕਾਦਮਿਕ ਸੈਸ਼ਨ ਦੀ ਪ੍ਰਧਾਨਗੀ ਹਿਮਾਚਲ ਪ੍ਰਦੇਸ਼ ਯੂਨੀਵਰਸਿਟੀ ਦੇ ਇਤਿਹਾਸ ਵਿਭਾਗ ਦੇ ਮੁਖੀ ਅਤੇ ਡੀਨ ਸਟੱਡੀਜ਼ ਪ੍ਰੋ. ਬੀ. ਕੇ. ਸ਼ਿਵਰਾਮ ਨੇ ਕੀਤੀ, ਜਦਕਿ ਪੰਜਾਬੀ ਯੂਨੀਵਰਸਿਟੀ ਦੇ ਇਤਿਹਾਸ ਵਿਭਾਗ ਦੇ ਸਾਬਕਾ ਮੁਖੀ ਡਾ. ਸੁਖਨਿੰਦਰ ਕੌਰ ਨੇ ਕੋ-ਚੇਅਰ ਵਜੋਂ ਸ਼ਿਰਕਤ ਕੀਤੀ। ਪ੍ਰੋ. ਸ਼ਿਵਰਾਮ ਨੇ ਸ਼ਹੀਦ ਊਧਮ ਸਿੰਘ ਦੀ ਵਿਚਾਰਧਾਰਾ ਦੀ ਅਜੋਕੇ ਸਮੇਂ ਵਿੱਚ ਸਾਰਥਕਤਾ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ। ਇਸ ਸੈਸ਼ਨ ਦੌਰਾਨ ਵੱਖ-ਵੱਖ ਵਿਦਵਾਨਾਂ ਵੱਲੋਂ ਖੋਜ-ਪੱਤਰ ਪੜ੍ਹੇ ਗਏ।

## ਅਕਾਲੀ ਦਲ ਹਰ ਵਰਗ ਦੇ ਲੋਕਾਂ ਦੇ ਦੁੱਖ-ਸੁੱਖ ਨੂੰ ਆਪਣਾ ਸਮਝਦਾ ਹੈ : ਜਥੇਦਾਰ ਹਰਿਆਊ



ਸਮਾਣਾ, 27 ਮਾਰਚ (ਜਵੰਦਾ) : ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਹਲਕਾ ਸਮਾਣਾ ਦੇ ਵਾਰਡ ਨੰਬਰ 6 ਵਿੱਚ ਇੱਕ ਭਰਵੀਂ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਦੀ ਅਗਵਾਈ ਹਲਕਾ ਇੰਚਾਰਜ ਸ. ਜਗਮੀਤ ਸਿੰਘ ਹਰਿਆਊ ਨੇ ਆਪਣੀ ਟੀਮ ਸਮੇਤ ਕੀਤੀ। ਇਸ ਮੌਕੇ ਅਕਾਲੀ ਆਗੂ ਚਰਨਦਾਸ ਦੇ ਯਤਨਾਂ ਸਦਕਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀਆਂ ਨੇ ਹਾਜ਼ਰੀ ਭਰੀ। ਮੀਟਿੰਗ ਦੌਰਾਨ ਪਾਰਟੀ ਆਗੂਆਂ ਨੇ ਲੋਕਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪਿਛਲੇ ਕਾਰਜਕਾਲ ਦੌਰਾਨ ਕੀਤੇ ਵਿਕਾਸ ਕਾਰਜਾਂ ਬਾਰੇ ਜਾਣੂ ਕਰਵਾਇਆ। ਸ. ਜਗਮੀਤ ਸਿੰਘ ਹਰਿਆਊ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇੱਕ ਲੋਕਾਂ ਦੀ ਪਾਰਟੀ ਹੈ ਜੋ ਹਰ ਵਰਗ ਦੇ ਦੁੱਖ-ਸੁੱਖ ਨੂੰ ਸਮਝਦੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ 2027 ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਪਾਰਟੀ ਦਾ ਸਾਥ ਦੇਣ।ਇਸ ਮੌਕੇ ਜਥੇਦਾਰ ਕੁਲਦੀਪ ਸਿੰਘ ਨੱਸੂਪੁਰ, ਨਿਸ਼ਾਨ ਸਿੰਘ ਸੰਧੂ, ਗੋਪਾਲ ਸ਼ਰਮਾ, ਮਲਕੀਤ ਸਿੰਘ ਚੀਮਾ, ਬਲਜਿੰਦਰ ਸਿੰਘ ਬੱਲੀ ਅਤੇ ਗੁਲਾਬ ਸਿੰਘ ਆਦਿ ਵੀ ਮੌਜੂਦ ਰਹੇ ।



# ਪਟਿਆਲਾ-ਆਸ/ਪਾਸ



## ਗੁਰਲਾਲ ਘਨੌਰ ਵੱਲੋਂ 'ਮੁੱਖ ਮੰਤਰੀ ਤੀਰਥ ਯਾਤਰਾ' ਤਹਿਤ ਸ਼ਰਧਾਲੂਆਂ ਦੀ ਬੱਸ ਰਵਾਨਾ



ਘਨੌਰ, 27 ਮਾਰਚ (ਮਦਨ ਲਾਲ/ ਰਾਜਿੰਦਰ ਸਿੰਘ ਕੰਬੋਜ) : ਹਲਕਾ ਘਨੌਰ ਦੇ ਵਿਧਾਇਕ ਗੁਰਲਾਲ ਸਿੰਘ ਘਨੌਰ ਨੇ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦੇ ਤਹਿਤ ਪਿੰਡ ਬਡੌਲੀ ਗੁੱਜਰਾਂ ਤੋਂ ਸ਼ਰਧਾਲੂਆਂ ਦੀ ਬੱਸ ਨੂੰ ਰਵਾਨਾ ਕੀਤਾ।ਗੁਰਲਾਲ ਘਨੌਰ ਨੇ ਦੱਸਿਆ ਕਿ ਇਹ ਬੱਸ ਯਾਤਰੀਆਂ ਨੂੰ ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਿਰ, ਭਗਵਾਨ ਵਾਲਮੀਕਿ ਤੀਰਥ ਸਥਲ, ਜਲ੍ਹਿਆਂਵਾਲਾ ਬਾਗ, ਪਾਰਟੀਸ਼ਨ ਮਿਊਜ਼ੀਅਮ, ਵਾਹਘਾ ਬਾਰਡਰ ਅਤੇ ਅੰਮ੍ਰਿਤਸਰ ਦੇ ਹੋਰ ਧਾਰਮਿਕ ਸਥਾਨਾਂ ਦੀ ਯਾਤਰਾ ਕਰਵਾਏਗੀ। ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੇ ਲੋਕਾਂ ਦੀ ਸੇਵਾ ਲਈ ਸਹੀ ਮਾਅਨਿਆਂ ਵਿੱਚ ਵਿਲੱਖਣ ਉਪਰਾਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਹੇਠ ਤੀਰਥ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਦੀ ਚੋਣ ਡਰਾਅ ਰਾਹੀਂ ਕਰਕੇ ਪੂਰਨ ਪਾਰਦਰਸ਼ਤਾ ਅਪਣਾਈ ਗਈ ਹੈ। ਵਿਧਾਇਕ ਗੁਰਲਾਲ ਘਨੌਰ ਨੇ ਕਿਹਾ ਕਿ ਬਹੁਤ ਸਾਰੇ ਲੋਕਾਂ ਦੇ ਮਨ ਪਵਿੱਤਰ ਅਸਥਾਨਾਂ ਦੇ ਦਰਸ਼ਨ ਲਈ ਲੋਚਦੇ ਹਨ ਜਿਸ ਕਰਕੇ ਦਰਸ਼ਨ ਕਰਨ ਦੀ ਤਾਂਘ ਪੂਰੀ ਕਰਨ ਲਈ ਇਹ ਨਿਵੇਕਲੀ ਪਹਿਲਕਦਮੀ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਸਾਰੇ ਸ਼ਰਧਾਲੂਆਂ ਨੂੰ ਪ੍ਰਸਾਦ ਵੀ ਵੰਡਿਆ ਜਾਂਦਾ ਹੈ ਅਤੇ ਜਿਹੜੇ ਲੋਕ ਕਿਸੇ ਕਾਰਨ ਪਵਿੱਤਰ ਅਸਥਾਨਾਂ ਦੇ ਦਰਸ਼ਨ ਕਰਨ ਤੋਂ ਵਾਂਝੇ ਰਹਿ ਗਏ ਸਨ, ਉਨ੍ਹਾਂ ਸ਼ਰਧਾਲੂਆਂ ਲੋਕਾਂ ਲਈ ਇਹ ਸਕੀਮ ਵਰਦਾਨ ਸਾਬਤ ਹੋ ਰਹੀ ਹੈ। ਗੁਰਲਾਲ ਘਨੌਰ ਨੇ ਕਿਹਾ ਕਿ ਆਪ ਸਰਕਾਰ ਨੇ ਸਮਾਜਿਕ ਤੇ ਧਾਰਮਿਕ ਸਾਂਝ ਦੀਆਂ ਤੰਦਾਂ ਨੂੰ ਹੋਰ ਮਜ਼ਬੂਤ ਕਰਨ ਲਈ ਪੰਜਾਬ ਵਾਸੀਆਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਦਾ ਇਹ ਨਿਮਾਣਾ ਉਪਰਾਲਾ ਕੀਤਾ ਹੈ। ਇਸ ਮੌਕੇ ਤੀਰਥ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਅਤੇ ਵਿਧਾਇਕ ਗੁਰਲਾਲ ਘਨੌਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਉਨ੍ਹਾਂ ਲਈ ਜੀਵਨ ਭਰ ਦੀ ਯਾਦਗਾਰ ਯਾਤਰਾ ਹੋਵੇਗੀ।

## ਵਿਧਾਇਕ ਦੇਵ ਮਾਨ ਵੱਲੋਂ ਨਾਭਾ ਹਲਕੇ ਲਈ 10 ਬੁਲਾਰਿਆਂ ਦੀ ਟੀਮ ਦਾ ਗਠਨ



ਨਾਭਾ, 27 ਮਾਰਚ (ਬਲਜਿੰਦਰ ਮਾਨ) : ਨਾਭਾ ਵਿਖੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਆਪ ਪਾਰਟੀ ਦੇ ਸੀਨੀਅਰ ਆਗੂਆਂ ਅਤੇ ਪਾਰਟੀ ਵੱਲੋਂ ਲਾਏ ਬੁਲਾਰਿਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਸਰਕਾਰ ਵੱਲੋਂ ਪਿਛਲੇ 4 ਸਾਲਾ ਵਿੱਚ ਕੀਤੇ ਕੰਮਾਂ ਦੀ ਜਾਣਕਾਰੀ ਲਈ ਵਿਧਾਨ ਸਭਾ ਹਲਕਾ ਨਾਭਾ ਲਈ 10 ਬੁਲਾਰਿਆਂ ਦੀ ਟੀਮ ਦਾ ਗਠਨ ਕੀਤਾ ਗਿਆ ਹੈ । ਇਸ ਸਬੰਧੀ ਵਿਧਾਇਕ ਦੇਵ ਮਾਨ ਨੇ ਗੱਲਬਾਤ ਕਰਦਿਆਂ ਕਿਹਾ ਕਿ ਹਰੇਕ ਬੁਲਾਰਾ ਨੂੰ 11 ਪਿੰਡ ਅਤੇ 11 ਵਾਰਡ ਦਿੱਤੇ ਗਏ ਹਨ , ਜਿਸ ਤਹਿਤ ਨਾਭਾ ਹਲਕੇ ਵਿੱਚ 29 ਮਾਰਚ 2026 ਤੋਂ 2 ਅਪ੍ਰੈਲ 2026 ਤੱਕ 121 ਮੀਟਿੰਗਾਂ ਕਰਨਗੇ ਅਤੇ ਸਾਰੇ ਬੁਲਾਰੇ ਭਗਵੰਤ ਮਾਨ ਸਰਕਾਰ ਵੱਲੋ ਹੁਣ ਤੱਕ ਪੰਜਾਬ ਵਿੱਚ ਕੀਤੇ ਕੰਮਾਂ ਬਾਰੇ ਨੁੱਕੜ ਮੀਟਿੰਗਾਂ ਕਰਕੇ ਜਾਣਕਾਰੀ ਸਭ ਨਾਲ ਸਾਂਝੀ ਕਰਨਗੇ ਅਤੇ ਮੀਟਿੰਗਾਂ ਕਰਵਾਉਣ ਲਈ ਨਾਭਾ ਹਲਕੇ ਦੇ ਸਾਰੇ ਪਿੰਡਾਂ ਤੇ ਸ਼ਹਿਰ ਦੇ ਸਾਰੇ ਵਾਰਡਾਂ ਲਈ ਵਿਸ਼ੇਸ਼ ਇੰਚਾਰਜ ਨਿਯੁਕਤ ਕੀਤੇ ਗਏ ਹਨ । ਇਸ ਮੌਕੇ ਕਪਿਲ ਮਾਨ, ਤੇਜਿੰਦਰ ਖਹਿਰਾ, ਮਨਪ੍ਰੀਤ ਸਿੰਘ ਧਾਰੋਕੀ, ਧਰਮਿੰਦਰ ਸਿੰਘ ਸਰਪੰਚ ਸੁੱਖੇਵਾਲ, ਗੁਰਦੀਪ ਟਿਵਾਣਾ, ਦੀਪਾ ਰਾਮਗੜ੍ਹ, ਭੁਪਿੰਦਰ ਕੱਲਮਾਜਰੀ,ਮੇਜਰ ਸਿੰਘ ਤੁੰਗਾ, ਹਰਮੀਕ ਬਾਜਵਾ,ਗੁਰਲਾਲ ਮੱਲੀ,ਰਵੀ ਸੌਜਾ, ਬਲਵੀਰ ਸਿੰਘ ਚਾਸਵਾਲ, ਨਿਰਲੇਪ ਸਿੰਘ ਸ਼ਾਹਪੁਰ, ਦਲਜੀਤ ਸਿੰਘ ਰਹਿਮਲਮਾਜਰੀ ਅਤੇ ਪਾਰਟੀ ਦੇ ਸੀਨੀਅਰ ਆਗੂ ਹਾਜ਼ਰ ਸਨ।

## ਮੇਅਰ ਵੱਲੋਂ ਨਕਸ਼ਾ ਪਾਸਿੰਗ ਪ੍ਰਕਿਰਿਆ ਨੂੰ ਸੁਚੱਜਾ ਬਣਾਉਣ ਲਈ ਅਹਿਮ ਫ਼ੈਸਲੇ

**➢ਆਰਕੀਟੈਕਟਾਂ ਵੱਲੋਂ ਕੋਈ ਐਸਾ ਨਕਸ਼ਾ ਮਨਜ਼ੂਰ ਨਾ ਕੀਤਾ ਜਾਵੇ ਜੋ ਨਿਯਮਾਂ ਅਨੁਸਾਰ ਪਾਸ ਨਹੀਂ ਹੋ ਸਕਦਾ : ਗੋਗੀਆ**



ਪਟਿਆਲਾ, 27 ਮਾਰਚ (ਰੁਪਾਣਾ) : ਸ਼ਹਿਰ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਦੇਣ ਅਤੇ ਨਕਸ਼ਾ ਪਾਸਿੰਗ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾਉਣ ਲਈ ਮੇਅਰ ਕੁੰਦਨ ਗੋਗੀਆ ਵੱਲੋਂ ਅਹਿਮ ਕਦਮ ਚੁੱਕੇ ਗਏ ਹਨ। ਇਸ ਸਬੰਧੀ ਨਗਰ ਨਿਗਮ ਵਿੱਚ ਕਾਰਪੋਰੇਸ਼ਨ ਨਾਲ ਜੁੜੇ ਸਾਰੇ ਆਰਕੀਟੈਕਟਾਂ ਅਤੇ ਅਧਿਕਾਰੀਆਂ ਨਾਲ ਇਕ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਵਿੱਚ ਨਕਸ਼ਾ ਮਨਜ਼ੂਰੀ ਦੀ ਪ੍ਰਕਿਰਿਆ ਨੂੰ ਹੋਰ ਸੁਚੱਜਾ ਅਤੇ ਤੇਜ਼ ਬਣਾਉਣ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਮੇਅਰ ਕੁੰਦਨ ਗੋਗੀਆ ਨੇ ਸਪੱਸ਼ਟ ਕੀਤਾ ਕਿ ਆਰਕੀਟੈਕਟਾਂ ਵੱਲੋਂ ਕੋਈ ਵੀ ਐਸਾ ਨਕਸ਼ਾ ਮਨਜ਼ੂਰ ਨਾ ਕੀਤਾ ਜਾਵੇ ਜੋ ਨਿਗਮ ਦੇ ਨਿਯਮਾਂ ਅਨੁਸਾਰ ਪਾਸ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਨਿਯਮਾਂ ਦੀ ਪਾਲਣਾ ਕਰਦੇ ਹੋਏ ਹੀ ਸ਼ਹਿਰ ਦਾ ਸੁਚੱਜਾ ਵਿਕਾਸ ਸੰਭਵ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਹੁਕਮ ਦਿੱਤਾ ਕਿ ਹਰ ਕੇਸ ਨੂੰ ਗੰਭੀਰਤਾ ਨਾਲ ਵੇਖਿਆ ਜਾਵੇ ਅਤੇ ਨਿਰਧਾਰਿਤ ਸਮੇਂ ਅੰਦਰ ਨਿਪਟਾਰਾ ਕੀਤਾ ਜਾਵੇ। ਮੇਅਰ ਨੇ ਦੱਸਿਆ ਕਿ ਹੁਣ ਸਾਰੇ ਆਰਕੀਟੈਕਟਾਂ ਅਤੇ ਇੰਸਪੈਕਟਰਾਂ ਦੀ ਹਫ਼ਤਾਵਾਰੀ ਮੀਟਿੰਗ ਕੀਤੀ ਜਾਵੇਗੀ। ਇਸ ਮੀਟਿੰਗ ਵਿੱਚ ਹਰੇਕ ਹਫ਼ਤੇ ਦੀ ਵਿਸਥਾਰਪੂਰਵਕ ਰਿਪੋਰਟ ਪੇਸ਼ ਕੀਤੀ ਜਾਵੇਗੀ, ਜਿਸ ਵਿੱਚ ਇਹ ਦਰਸਾਇਆ ਜਾਵੇਗਾ ਕਿ ਕਿੰਨੇ ਨਕਸ਼ੇ ਪਾਸ ਹੋਏ, ਕਿੰਨੇ ਰੱਦ ਕੀਤੇ ਗਏ ਅਤੇ ਕਿੰਨੀਆਂ ਐਨਓਸੀ ਅਜੇ ਵੀ ਪੈਂਡਿੰਗ ਹਨ। ਇਸ ਨਾਲ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਆਵੇਗੀ ਅਤੇ ਕਿਸੇ ਵੀ ਦੇਰੀ ਜਾਂ ਰੁਕਾਵਟ ਨੂੰ ਤੁਰੰਤ ਦੂਰ ਕੀਤਾ ਜਾ ਸਕੇਗਾ। ਇਸ ਤੋਂ ਇਲਾਵਾ, ਮੀਟਿੰਗ ਦੌਰਾਨ ਕੁਝ ਤਕਨੀਕੀ ਮੁੱਦਿਆਂ 'ਤੇ ਵੀ ਚਰਚਾ ਕੀਤੀ ਗਈ, ਤਾਂ ਜੋ ਨਕਸ਼ਾ ਪਾਸਿੰਗ ਦੀ ਪ੍ਰਕਿਰਿਆ ਨੂੰ ਹੋਰ ਆਸਾਨ ਅਤੇ ਪ੍ਰਭਾਵਸ਼ਾਲੀ ਬਣਾਇਆ ਜਾ ਸਕੇ। ਮੇਅਰ ਗੋਗੀਆ ਨੇ ਕਿਹਾ ਕਿ ਨਗਰ ਨਿਗਮ ਦਾ ਮੁੱਖ ਲਕਸ਼ ਸ਼ਹਿਰ ਦੇ ਨਿਵਾਸੀਆਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨਾ ਹੈ ਅਤੇ ਇਸ ਲਈ ਪ੍ਰਸ਼ਾਸਨ ਵੱਲੋਂ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵਿਕਾਸ ਲਈ ਨਿਯਮਤ ਨਿਗਰਾਨੀ ਬਹੁਤ ਜ਼ਰੂਰੀ ਹੈ ਅਤੇ ਇਸ ਨਵੇਂ ਪ੍ਰਣਾਲੀ ਨਾਲ ਕੰਮ ਵਿੱਚ ਤੇਜ਼ੀ ਅਤੇ ਪਾਰਦਰਸ਼ਤਾ ਦੋਵਾਂ ਨੂੰ ਯਕੀਨੀ ਬਣਾਇਆ ।

## ਤਨਖਾਹਾਂ ਦਾ ਬਜਟ ਵਾਪਸ ਲੈਣ 'ਤੇ ਭੜਕੇ ਜੰਗਲਾਤ ਕਾਮਿਆਂ ਵੱਲੋਂ ਰੋਸ



ਪਟਿਆਲਾ, 27 ਮਾਰਚ (ਰੁਪਾਣਾ) : ਪੰਜਾਬ ਸਰਕਾਰ ਵੱਲੋਂ ਜੰਗਲਾਤ ਵਿਭਾਗ ਵਿੱਚ ਕੰਮ ਕਰਦੇ ਕੱਚੇ ਕਾਮਿਆਂ ਦੀਆਂ ਤਨਖਾਹਾਂ ਅਤੇ ਬਕਾਇਆ ਦਾ ਬਜਟ ਵਿਭਾਗ ਵੱਲੋਂ ਵਾਪਸ ਲੈਣ ਕਾਰਨ ਕਾਮਿਆਂ ਵਿੱਚ ਬੇਚੈਨੀ ਅਤੇ ਰੋਸ ਪਾਇਆ ਜਾ ਰਿਹਾ ਹੈ। ਕਾਮਿਆਂ ਨੂੰ ਬੱਚਿਆਂ ਦੇ ਦਾਖਲੇ ਕਰਵਾਉਣ ਅਤੇ ਘਰ ਦਾ ਗੁਜ਼ਾਰਾ ਚਲਾਉਣ ਲਈ ਚਿੰਤਾ ਵੱਢ ਵੱਢ ਖਾ ਰਹੀ ਹੈ, ਜਿਸ ਕਾਰਨ ਅੱਜ ਜੰਗਲਾਤ ਕਾਮਿਆਂ ਵੱਲੋਂ ਸਰਕਾਰ ਖਿਲਾਫ ਜ਼ਿਲ੍ਹਾ ਜੰਗਲਾਤ ਅਫਸਰ ਦੇ ਦਫਤਰ ਅੱਗੇ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਸੋਜਾ, ਜਰਨਲ ਸਕੱਤਰ ਜਗਤਾਰ ਸਿੰਘ ਦੀ ਅਗਵਾਈ ਵਿੱਚ ਰੋਸ ਧਰਨਾ ਦੇਣ ਤੋਂ ਬਾਅਦ ਰੋਸ ਮਾਰਚ ਕਰਕੇ ਡਿਪਟੀ ਕਮਿਸ਼ਨਰ ਪਟਿਆਲਾ ਨੂੰ ਮੰਗ ਪੱਤਰ ਦਿੱਤਾ ਗਿਆ ਅਤੇ ਮੰਗ ਕੀਤੀ ਗਈ ਕਿ ਜੰਗਲਾਤ ਵਿਭਾਗ ਅਤੇ ਜੰਗਲੀ ਜੀਵ ਵਿਭਾਗ ਵਿੱਚ ਕੰਮ ਕਰਦੇ ਕੱਚੇ ਕਾਮਿਆਂ ਦੀਆਂ ਤਨਖਾਹਾਂ ਦਾ ਅਤੇ ਬਕਾਏ ਦਾ ਬਜਟ ਵਾਪਸ ਲਿਆ ਉਹ ਤੁਰੰਤ ਜਾਰੀ ਕੀਤਾ ਜਾਵੇ ਅਤੇ ਕਮਿਆਂ ਦੀਆਂ ਰਹਿੰਦੀਆਂ ਤਨਖਾਹਾਂ ਤੇ ਬਕਾਏ ਤੁਰੰਤ ਦਿੱਤੇ ਜਾਣ ਕੱਚੇ ਕਾਮੇ ਬਿਨਾਂ ਸ਼ਰਤ ਪੱਕੇ ਕੀਤੇ ਜਾਣ ਕੱਚੇ ਕਾਮਿਆਂ ਦੀ ਸੀਨੀਆਰਤਾ ਸੂਚੀ ਬਣਾਈ ਜਾਵੇ ਅਤੇ ਕੱਚੇ ਕਾਮਿਆਂ ਨੂੰ ਨਿਯਮਾਂ ਅਨੁਸਾਰ ਬਣਦੀਆਂ ਸਹੂਲਤਾਂ ਜਿਹੜੀਆਂ ਉਹ ਦਿੱਤੀਆਂ ਜਾਣ ਅੱਜ ਜਥੇਬੰਦੀ ਨੂੰ ਉਸ ਸਮੇਂ ਭਾਰੀ ਵਲ ਮਿਲਿਆ ਜਦੋਂ ਦੂਸਰੀਆਂ ਜਥੇਬੰਦੀਆਂ ਛੱਡ ਕੇ ਵੱਡੀ ਗਿਣਤੀ ਵਿੱਚ ਕਾਮੇ ਚਲਦੇ ਧਰਨੇ ਦੌਰਾਨ ਜੰਗਲਾਤ ਵਰਕਰ ਯੂਨੀਅਨ ਪੰਜਾਬ ਵਿੱਚ ਸ਼ਾਮਿਲ ਹੋਏ ਜਥੇਬੰਦੀ ਵੱਲੋਂ ਸ਼ਾਮਿਲ ਹੋਏ ਕਾਮਿਆਂ ਦਾ ਸਵਾਗਤ ਕੀਤਾ ਗਿਆ ਧਰਨੇ ਨੂੰ ਪੰਜਾਬ ਸੁਬੋਰਡਿਨੇਟ ਸਰਵਸੀਜ ਫੈਡਰੇਸ਼ਨ ਦੇ ਸੂਬਾ ਆਗੂ ਦਰਸ਼ਨ ਸਿੰਘ ਬੇਲੂ ਮਾਜਰਾ, ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਖਾਨਪੁਰ, ਜਸਵੀਰ ਸਿੰਘ ਖੋਖਰ, ਸੁਖਬੀਰ ਸਿੰਘ ਢੀਡੰਸਾ,ਧਰਮਪਾਲ ਲੋਟ, ਬੰਤ ਰਾਮ, ਭੁਪਿੰਦਰ ਸਿੰਘ ਸਾਧੋਹੇੜੀ,ਸ਼ੇਰ ਸਿੰਘ ਸਰਹਿੰਦ, ਭਿੰਦਰ ਸਿੰਘ ਘੱਗਾ,ਨਰੇਸ ਸਿੰਘ,ਅਮਰਜੀਤ ਸਿੰਘ ,ਵਿਪਨ ਪਰਸਾਦ,ਹਰਜਿੰਦਰ ਸਿੰਘ, ਆਦ ਆਗੂਆਂ ਨੇ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਵੱਲੋਂ ਤਨਖਾਹਾਂ ਦਾ ਬਜਟ ਵਾਪਸ ਲੈਣ ਦੀ ਸਖਤ ਨਿੰਦਾ ਕੀਤੀ ਅਤੇ ਜਥੇਬੰਦੀ 'ਚ ਸ਼ਾਮਿਲ ਹੋਏ ਸਾਥੀਆਂ ਦਾ ਧੰਨਵਾਦ ਕੀਤਾ ਗਿਆ। ਅੱਜ ਦੇ ਰੋਸ ਧਰਨੇ ਵਿੱਚ ਹੋਰਨਾ ਤੋ ਇਲਾਵਾ ਦਵਿੰਦਰ ਸਿੰਘ ਚੌਧਰੀਮਾਜਰਾ ਬਲਕਾਰ ਬਠੋਈ, ਭੁਪਿੰਦਰ ਰੌਣੀ ਗੁਰਮੁੱਖ ਸਿੰਘ ਸਰਹਿੰਦ ਬਲਜੀਤ ਸਿੰਘ ਧਾਮੋਮਾਜਰਾ ਪਾਲਾ ਗੁਰਦਿਆਲਪੁਰਾ, ਹਾਕਮ ਖਾਨ ਜਗਤਾਰ ਸੁਧੇਵਾਲ ਗੋਗੀ ਲੰਗ ਕੁਲਦੀਪ ਕੌਰ ਪਰਮਜੀਤ ਕੌਰ ਜਸਪਾਲ ਕੌਰ ਅਮਰਜੀਤ ਕੌਰ ਆਦੀ ਸ਼ਾਮਲ ਹੋਏ ।

## ਓਪਨ ਯੂਨੀਵਰਸਿਟੀ ਵਿਖੇ ਰਾਸ਼ਟਰੀ ਸੈਮੀਨਾਰ ਕਰਵਾਇਆ

ਪਟਿਆਲਾ, 27 ਮਾਰਚ (ਚ.ਨ.ਸ.) : ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ ਵਿਖੇ ਵਾਈਸ-ਚਾਂਸਲਰ ਪ੍ਰੋ. ( ਡਾ.) ਰਤਨ ਸਿੰਘ ਦੀ ਅਗਵਾਈ ਹੇਠ ਅਤੇ ਭਾਰਤੀ ਸਮਾਜਿਕ ਵਿਗਿਆਨ ਖੋਜ ਪ੍ਰੀਸ਼ਦ (ਆਈਸੀਐਸਐਸਆਰ), ਨਾਰਥ-ਵੈਸਟ ਰੀਜ਼ਨਲ ਸੈਂਟਰ, ਚੰਡੀਗੜ੍ਹ ਦੇ ਸਹਿਯੋਗ ਨਾਲ ਸਮਾਜਿਕ-ਆਰਥਿਕ ਬਦਲਾਅ ਵਿਚ ਉਭਰ ਰਹੀਆਂ ਤਕਨਾਲੋਜੀਆਂ ਦੀ ਭੂਮਿਕਾ ਵਿਸ਼ੇ 'ਤੇ ਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ। ਪ੍ਰੋ. ( ਡਾ.) ਜਗਦੀਪ ਸਿੰਘ ਵਾਈਸ-ਚਾਂਸਲਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਪ੍ਰੋ. (ਡਾ.) ਜੈ ਸ਼ੰਕਰ ਸਿੰਘ ਵਾਈਸ-ਚਾਂਸਲਰ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ ਪੰਜਾਬ ਨੇ ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ ਕੀਤੀ। ਪ੍ਰੋ. ( ਡਾ.) ਜਗਦੀਪ ਸਿੰਘ ਨੇ ਡਿਜਿਟਲ ਢਾਂਚੇ ਅਤੇ ਕਨੈਕਟਿਵਿਟੀ ਵਿਚ ਨਿਵੇਸ਼ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਸ ਮੌਕੇ ਉਨ੍ਹਾਂ ਨੇ ਸਾਈਬਰ ਫਰੌਡ ਤੋਂ ਸਾਵਧਾਨ ਰਹਿਣ ਲਈ ਕਿਹਾ। ਪ੍ਰੋ. ( ਡਾ.) ਜੈ ਸ਼ੰਕਰ ਸਿੰਘ ਨੇ ਉਭਰ ਰਹੀਆਂ ਤਕਨੀਕਾਂ ਦੇ ਅਨੁਕੂਲ ਹੁਨਰ ਵਿਕਾਸ ਪ੍ਰੋਗਰਾਮਾਂ ਨੂੰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਡਾ.ਰਵੀ ਕਿਰਨ ਥਾਪਰ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਪਟਿਆਲਾ ਨੇ ਆਪਣੇ ਕੁੰਜੀਵਤ ਭਾਸ਼ਣ ਵਿੱਚ ਡਾਟਾ-ਡ੍ਰਿਵਨ ਸਮਾਜ, ਡਿਜਿਟਲ ਸਰਬਭੌਮਤਾ ਅਤੇ ਐਲਗੋਰਿਦਮਿਕ ਜ਼ਿੰਮੇਵਾਰੀ ਬਾਰੇ ਵਿਚਾਰ ਪ੍ਰਗਟ ਕੀਤੇ। ਡਾ. ਅਮਿਤੋਜ ਸਿੰਘ ਐਸੋਸੀਏਟ ਡੀਨ ਅਕੈਡਮਿਕ ਮਾਮਲੇ ਵੱਲੋਂ ਸਵਾਗਤੀ ਸ਼ਬਦ ਅਤੇ ਪ੍ਰੋ. ਕੰਵਲਵੀਰ ਸਿੰਘ ਢੀਂਡਸਾ ਪ੍ਰੀਖਿਆਵਾਂ ਕੰਟਰੋਲਰ ਦੁਆਰਾ ਧੰਨਵਾਦੀ ਸ਼ਬਦ ਕਹੇ ਗਏ । ਪ੍ਰੋਗਰਾਮ ਦਾ ਸੰਚਾਲਨ ਡਾ. ਪਿੰਕੀ ਸਰਾਂ ਮੁਖੀ ਸਕੂਲ ਆਫ ਲਾਅ ਐਂਡ ਇੰਟਰਡਿਸਪਲਿਨਰੀ ਸਟੱਡੀਜ਼ ਵੱਲੋਂ ਕੀਤਾ ਗਿਆ। ਟੈਕਨੀਕਲ ਸੈਸ਼ਨਾਂ ਵਿੱਚ ਖੋਜਾਰਥੀਆਂ ਵੱਲੋਂ ਸਾਇਬਰ ਕਾਨੂੰਨ, ਡਾਟਾ ਸੁਰੱਖਿਆ ਅਤੇ ਨੈਤਿਕ ਚੁਣੌਤੀਆਂ, ਆਰਥਿਕ ਬਦਲਾਅ ਵਿੱਚ ਤਕਨਾਲੋਜੀ ਦੀ ਭੂਮਿਕਾ ਅਤੇ ਡਿਜ਼ਿਟਲ ਅਰਥਵਿਵਸਥਾ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਚਰਚਾ ਕੀਤੀ ਗਈ । ਵੱਡੀ ਗਿਣਤੀ 'ਚ ਰਿਸਰਚ ਸਕਾਲਰ ਤੇ ਫੈਕਲਟੀ ਨੇ ਸੈਮੀਨਾਰ ਵਿੱਚ ਹਿੱਸਾ ਲਿਆ।

## ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੈਟਰੋਲ ਤੇ ਡੀਜ਼ਲ ਸਪਲਾਈ 'ਤੇ ਲਗਾਤਾਰ ਨਿਗਰਾਨੀ



ਪਟਿਆਲਾ, 27 ਮਾਰਚ (ਰੁਪਾਣਾ) : ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੈਟਰੋਲ ਤੇ ਡੀਜ਼ਲ ਦੀ ਨਿਰੰਤਰ ਅਤੇ ਬਿਨਾ ਰੁਕਾਵਟ ਸਪਲਾਈ ਨੂੰ ਯਕੀਨੀ ਬਣਾਉਣਾ ਸਭ ਤੋਂ ਵੱਡੀ ਤਰਜੀਹ ਹੈ। ਇਸ ਗੱਲ ਦਾ ਪ੍ਰਗਟਾਵਾ ਪਟਿਆਲਾ ਦੇ ਡਿਪਟੀ ਕਮਿਸ਼ਨਰ ਸ੍ਰੀ ਵਰਜੀਤ ਵਾਲੀਆ ਅੱਜ ਸਮੀਖਿਆ ਮੀਟਿੰਗ ਵਿੱਚ ਕੀਤਾ। ਓਹਨਾ ਸਪੱਸ਼ਟ ਕੀਤਾ ਕਿ ਪੈਟਰੋਲ ਤੇ ਡੀਜ਼ਲ ਦੀ ਕਾਲਾਬਾਜ਼ਾਰੀ, ਜਮ੍ਹਾਂਖੋਰੀ ਜਾਂ ਕਿਸੇ ਵੀ ਤਰ੍ਹਾਂ ਦੀ ਗ਼ਲਤ ਵਰਤੋਂ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਅੱਜ ਹੋਈ ਸਮੀਖਿਆ ਮੀਟਿੰਗ ਦੌਰਾਨ ਉਨ੍ਹਾਂ ਨੇ ਅਧਿਕਾਰੀਆਂ ਅਤੇ ਪੈਟਰੋਲ ਤੇ ਡੀਜ਼ਲ ਦੇ ਪੰਪ ਮਾਲਕਾਂ ਨੂੰ ਹੁਕਮ ਦਿੱਤੇ ਕਿ ਆਮ ਲੋਕਾਂ ਨੂੰ ਪਹਿਲ ਦੇ ਆਧਾਰ 'ਤੇ ਪੈਟਰੋਲ/ ਡੀਜ਼ਲ ਮੁਹੱਈਆ ਕਰਵਾਇਆ ਜਾਵੇ ਅਤੇ ਸਪਲਾਈ ਪ੍ਰਣਾਲੀ ਪਾਰਦਰਸ਼ੀ ਢੰਗ ਨਾਲ ਚੱਲੇ। ਉਨ੍ਹਾਂ ਨੇ ਇਹ ਵੀ ਕਿਹਾ ਕਿ ਜ਼ਰੂਰੀ ਸੇਵਾਵਾਂ ਜਿਵੇਂ ਹਸਪਤਾਲਾਂ ਅਤੇ ਐਮਰਜੈਂਸੀ ਵਾਹਨਾਂ ਲਈ ਪੈਟਰੋਲ ਦੀ ਉਪਲਬਧਤਾ ਕਿਸੇ ਵੀ ਹਾਲਤ ਵਿੱਚ ਪ੍ਰਭਾਵਿਤ ਨਹੀਂ ਹੋਣੀ ਚਾਹੀਦੀ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਘਬਰਾਹਟ ਵਿੱਚ ਆ ਕੇ ਬੇਲੋੜਾ ਪੈਟਰੋਲ/ ਡੀਜ਼ਲ ਇਕੱਠਾ ਨਾ ਕਰਨ, ਕਿਉਂਕਿ ਇਸ ਨਾਲ ਸਪਲਾਈ ਪ੍ਰਣਾਲੀ 'ਤੇ ਅਣਚਾਹਾ ਦਬਾਅ ਪੈਂਦਾ ਹੈ।ਓਹਨਾਂ ਕਿਹਾ ਕਿ ਲੋਕ ਅਫ਼ਰਾ ਤਫਰੀ 'ਚ ਆਕੇ ਪੈਟਰੋਲ ਡੀਜ਼ਲ ਖਰੀਦਣ ਲਈ ਕਾਹਲੀ ਨਾ ਦਿਖਾਉਣ ਅਤੇ ਅਫ਼ਵਾਹਾਂ ਤੋਂ ਬਚਣ ਤੇ ਪੈਨਿਕ ' ਚ ਆਕੇ ਪੰਪਾਂ ਉਪਰ ਲਾਈਨਾਂ ਨਾ ਲਾਉਣ । ਉਨ੍ਹਾਂ ਨੇ ਸੰਬੰਧਿਤ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਪੈਟਰੋਲ ਪੰਪਾਂ ਦੀ ਨਿਯਮਤ ਜਾਂਚ ਕੀਤੀ ਜਾਵੇ । ਨਾਲ ਹੀ, ਪੈਟਰੋਲ ਪੰਪਾਂ ਨੂੰ ਰੋਜ਼ਾਨਾ ਸਪਲਾਈ ਅਤੇ ਵਿਕਰੀ ਦਾ ਡੇਟਾ ਜਨਤਕ ਤੌਰ 'ਤੇ ਦਰਸਾਉਣ ਲਈ ਕਿਹਾ ਗਿਆ ਹੈ। ਖੁਰਾਕ ਅਤੇ ਸਿਵਲ ਸਪਲਾਈ ਵਿਭਾਗ ਨੂੰ ਇਹ ਵੀ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਪੈਟਰੋਲ / ਡੀਜ਼ਲ ਦੀ ਕਾਲਾਬਾਜ਼ਾਰੀ ਅਤੇ ਜਮ੍ਹਾਂਖੋਰੀ ਨੂੰ ਰੋਕਣ ਲਈ ਸਖ਼ਤ ਨਿਗਰਾਨੀ ਯਕੀਨੀ ਬਣਾਉਣ। ਜੇਕਰ ਕਿਸੇ ਵੀ ਪੈਟਰੋਲ ਪੰਪ 'ਤੇ ਨਿਯਮਾਂ ਦੀ ਉਲੰਘਣਾ ਪਾਈ ਜਾਂਦੀ ਹੈ, ਤਾਂ ਤੁਰੰਤ ਕਾਰਵਾਈ ਕੀਤੀ ਜਾਵੇਗੀ। ਜ਼ਿਲ੍ਹਾ ਪ੍ਰਸ਼ਾਸਨ ਨੇ ਦੁਹਰਾਇਆ ਹੈ ਕਿ ਆਮ ਜਨਤਾ ਨੂੰ ਬਿਨਾ ਕਿਸੇ ਰੁਕਾਵਟ ਦੇ ਪੈਟਰੋਲ ਦੀ ਸਪਲਾਈ ਯਕੀਨੀ ਬਣਾਉਣ ਲਈ ਹਰ ਸੰਭਵ ਕਦਮ ਚੁੱਕੇ ਜਾ ਰਹੇ ਹਨ ਅਤੇ ਸਥਿਤੀ 'ਤੇ ਲਗਾਤਾਰ ਨਿਗਰਾਨੀ ਰੱਖੀ ਜਾ ਰਹੀ ਹੈ।

## ਕੰਪਨੀ 'ਚ ਇਨਵੈਸਟਮੈਂਟ ਕਰਾਉਣ ਦਾ ਝਾਂਸਾ ਦੇ ਕੇ ਕੀਤਾ ਧੋਖਾ

ਪਟਿਆਲਾ, 27 ਮਾਰਚ (ਵਿਨੋਦ ਸ਼ਰਮਾ) : ਥਾਣਾ ਅਨਾਜ ਮੰਡੀ ਪਟਿਆਲਾ ਪੁਲਿਸ ਕੋਲ ਪ੍ਰਤਿਭਾ ਗੰਗਵਾਰ ਪਤਨੀ ਪ੍ਰਸ਼ਾਤ ਕੁਮਾਰ ਵਾਸੀ ਫਲੈਟ ਨੰ. 302 ਟਾਵਰ-ਏ ਪਟਿਆਲਾ ਨੇ ਕਥਿਤ ਦੋਸ਼ੀ ਵਿਸ਼ਾਲ ਕਾਲੜਾ ਪੁੱਤਰ ਰਾਕੇਸ਼ ਕਾਲੜਾ ਵਾਸੀ ਪਿੰਡ ਅੱਪਰਾ ਥਾਣਾ ਫਿਲੌਰ ਜ਼ਿਲ੍ਹਾ ਜਲੰਧਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਕਥਿਤ ਦੋਸ਼ੀ ਨੇ ਉਸ ਨੂੰ ਆਪਣੇ ਅਧੀਨ ਕਿਸੇ ਕੰਪਨੀ ਵਿੱਚ ਇਨਵੈਸਟਮੈਂਟ ਕਰਾਉਣ ਦਾ ਝਾਂਸਾ ਦੇ ਕੇ 34,42,000 ਰੁਪਏ ਲੈ ਲਏ, ਪਰ ਬਾਅਦ ਵਿੱਚ ਉਸ ਨੂੰ ਕੇਵਲ 94,393 ਰੁਪਏ ਹੀ ਵਾਪਿਸ ਕੀਤੇ ਅਤੇ ਬਾਕੀ ਬਚਦੇ 33,47,607 ਰੁਪਏ ਵਾਪਿਸ ਨਹੀ ਕੀਤੇ। ਪੁਲਿਸ ਨੇ ਧਾਰਾ 318(4), 316(2) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਘਰ ਦੇ ਬਾਹਰ ਕੀਤੀ ਕੁੱਟਮਾਰ

ਪਟਿਆਲਾ, 27 ਮਾਰਚ (ਵਿਨੋਦ ਸ਼ਰਮਾ) : ਥਾਣਾ ਤ੍ਰਿਪੜੀ ਪੁਲਿਸ ਕੋਲ ਗੁਰਦੀਪ ਸਿੰਘ ਪੁੱਤਰ ਦਵਿੰਦਰ ਸਿੰਘ ਵਾਸੀ ਰਣਜੀਤ ਨਗਰ ਸਿਊਣਾ ਚੌਕ ਪਟਿਆਲਾ ਨੇ ਕਥਿਤ ਦੋਸ਼ੀਆਂ ਸਵਰਨ ਸਿੰਘ ਪੁੱਤਰ ਭਾਗ ਸਿੰਘ, ਗੁਵਿੰਦਰ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਰਣਜੀਤ ਨਗਰ ਅਤੇ ਅਨਮੋਲ ਵਾਸੀ ਰਣਜੀਤ ਨਗਰ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਰਾਤ ਨੂੰ ਕਥਿਤ ਦੋਸ਼ੀਆਂ ਨੇ ਉਸ ਦੀ ਘਰ ਦੇ ਬਾਹਰ ਕੁੱਟਮਾਰ ਕੀਤੀ ਅਤੇ ਉਸ ਦੇ ਘਰ ਇੱਟਾਂ-ਰੋੜਿਆਂ ਨਾਲ ਹਮਲਾ ਵੀ ਕਰ ਦਿੱਤਾ, ਜਿਸ ਕਾਰਨ ਉਸ ਦੀ ਮਾਤਾ ਦੇ ਸਿਰ ਵਿੱਚ ਇੱਟ ਲੱਗੀ ਅਤੇ ਕਥਿਤ ਦੋਸ਼ੀ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਕੇ ਮੌਕੇ ਤੋਂ ਫਰਾਰ ਹੋ ਗਏ। ਪੁਲਿਸ ਨੇ ਧਾਰਾ 115(2), 118(1),351(2),3(5) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਮੁੱਖ ਮੰਤਰੀ ਮਾਨ ਦੀ ਰੈਲੀ ਹਲਕਾ ਸਨੌਰ ਲਈ ਇਤਿਹਾਸਕ ਸਾਬਤ ਹੋਵੇਗੀ : ਇੰਦਰਜੀਤ ਸਿੰਘ ਸੰਧੂ



ਸਨੌਰ, 27 ਮਾਰਚ (ਪ੍ਰਥਮ ਕੁਮਾਰ) : ਮੁੱਖ ਮੰਤਰੀ ਭਗਵੰਤ ਮਾਨ ਦੀ 30 ਮਾਰਚ ਨੂੰ ਹੋਣ ਜਾ ਰਹੀ ਵਿਸ਼ਾਲ ਰੈਲੀ ਨੂੰ ਧਿਆਨ ਵਿੱਚ ਰੱਖਦਿਆਂ ਹਲਕਾ ਸਨੌਰ ਵਿੱਚ ਸਿਆਸੀ ਗਤੀਵਿਧੀਆਂ ਤੇਜ਼ ਹੋ ਗਈਆਂ ਹਨ। ਇਸ ਸਬੰਧ ਵਿੱਚ ਅੱਜ ਹਲਕੇ ਦੇ ਸੀਨੀਅਰ ਆਗੂ ਇੰਦਰਜੀਤ ਸਿੰਘ ਸੰਧੂ ਵੱਲੋਂ ਇੱਕ ਨਿੱਜੀ ਪੈਲਸ ਵਿੱਚ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਇਲਾਕੇ ਦੇ ਲੋਕਾਂ ਨੇ ਭਾਰੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਰੈਲੀ ਦਾ ਰੂਪ ਧਾਰ ਲਿਆ ਅਤੇ ਬੜਾ ਉਤਸ਼ਾਹ ਦਰਸਾਇਆ। ਮੀਟਿੰਗ ਦੌਰਾਨ ਇੰਦਰਜੀਤ ਸਿੰਘ ਸੰਧੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਇਹ ਰੈਲੀ ਹਲਕਾ ਸਨੌਰ ਲਈ ਇਤਿਹਾਸਕ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਅਤੇ ਲੋਕ-ਹਿਤੈਸ਼ੀ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਇਹ ਰੈਲੀ ਮਹੱਤਵਪੂਰਨ ਭੂਮਿਕਾ ਨਿਭਾਏਗੀ। ਉਨ੍ਹਾਂ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਰੈਲੀ ਵਿੱਚ ਸ਼ਾਮਲ ਹੋ ਕੇ ਸਰਕਾਰ ਦੇ ਹੱਕ ਵਿੱਚ ਆਪਣਾ ਸਮਰਥਨ ਦਰਸਾਇਆ ਜਾਵੇ। ਇਸ ਮੌਕੇ ਉਨ੍ਹਾਂ ਨੇ ਰੈਲੀ ਦੀਆਂ ਤਿਆਰੀਆਂ ਬਾਰੇ ਵੀ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਹਰ ਵਰਗ ਦੇ ਲੋਕਾਂ ਨੂੰ ਨਾਲ ਜੋੜਨ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ ਤਾਂ ਜੋ ਰੈਲੀ ਨੂੰ ਕਾਮਯਾਬ ਬਣਾਇਆ ਜਾ ਸਕੇ। ਮੀਟਿੰਗ ਵਿੱਚ ਮੌਜੂਦ ਵਰਕਰਾਂ ਅਤੇ ਸਹਿਯੋਗੀਆਂ ਨੇ ਭਰੋਸਾ ਦਿਵਾਇਆ ਕਿ ਉਹ ਰੈਲੀ ਨੂੰ ਇਤਿਹਾਸਕ ਬਣਾਉਣ ਲਈ ਪੂਰਾ ਯੋਗਦਾਨ ਪਾਉਣਗੇ। ਕੁੱਲ ਮਿਲਾ ਕੇ, ਅੱਜ ਦੀ ਇਹ ਮੀਟਿੰਗ ਰੈਲੀ ਦੀ ਸਫਲਤਾ ਵੱਲ ਇਕ ਅਹਿਮ ਕਦਮ ਮੰਨੀ ਜਾ ਰਹੀ ਹੈ ਅਤੇ ਇਸ ਨਾਲ ਸਨੌਰ ਵਿੱਚ ਸਿਆਸੀ ਮਾਹੌਲ ਹੋਰ ਗਰਮ ਹੋ ਗਿਆ ਹੈ। ਇਸ ਮੌਕੇ ਚੇਅਰਮੈਨ ਤੇਜਿੰਦਰ ਸਿੰਘ ਮਹਿਤਾ, ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ, ਪ੍ਰਧਾਨ ਸਵਿੰਦਰ ਕੌਰ ਧੰਜੂ, ਸਿਮਰਨਜੀਤ ਸਿੰਘ ਸੋਹਲ , ਸੀਨੀਅਰ ਮੀਤ ਪ੍ਰਧਾਨ ਨਰਿੰਦਰ ਸਿੰਘ ਤੱਖਰ,ਬੱਬੂ ਕੌਂਸਲਰ, ਗੁਰਪ੍ਰੀਤ ਗੁਰਿਆ ਅਲੀਪੁਰ, ਗੁਰਜੰਟ ਸਿੰਘ ਟੋਨੀ, ਜਮਨਾ ਸਿੰਘ, ਹੈਪੀ ਪਹਾੜੀਪੁਰ, ਬਲਕਾਰ ਸਿੰਘ, ਸੰਦੀਪ ਸਿੰਘ ਸਨੌਰ ਤੇ ਹੋਰ ਮੌਜੂਦ ਸਨ।

## ਕੁੱਟਮਾਰ ਤੇ ਕਿਰਚ ਨਾਲ ਵਾਰ ਕਰਨ ਸਬੰਧੀ ਮਾਮਲਾ ਦਰਜ

ਪਟਿਆਲਾ, 27 ਮਾਰਚ (ਵਿਨੋਦ ਸ਼ਰਮਾ) : ਥਾਣਾ ਤ੍ਰਿਪੜੀ ਪੁਲਿਸ ਕੋਲ ਜਸਪਾਲ ਸਿੰਘ ਪੁੱਤਰ ਹੀਰਾ ਸਿੰਘ ਵਾਸੀ ਗਲੀ ਨੰ. 3 ਗੁਰੂ ਨਾਨਕ ਨਗਰ ਤ੍ਰਿਪੜੀ ਪਟਿਆਲਾ ਨੇ ਕਥਿਤ ਦੋਸ਼ੀਆਂ ਵੀਰਬੰਸ ਵਾਸੀ ਗਲੀ ਨੰ. 2 ਨੇੜੇ ਬਾਲਮੀਕ ਮੰਦਰ ਤ੍ਰਿਪੜੀ, ਅਮਨ ਚੀਮਾ, ਆਰੀਅਨ ਵਾਸੀ ਕਿਰਾਏਦਾਰ ਗਲੀ ਨੰ. 3 ਰਤਨ ਨਗਰ ਪਟਿਆਲਾ ਅਤੇ ਮੁਲਾਇਮ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੇ ਦੋਸਤ ਅਮਰਜੀਤ ਸਿੰਘ ਨਾਲ ਆਪਣੇ ਘਰ ਆ ਰਿਹਾ ਸੀ, ਤਾਂ ਜਦੋਂ ਗੋਦਾਮਾ ਪਾਸ ਪੁੱਜੇ ਤਾਂ ਕਥਿਤ ਦੋਸ਼ੀਆਂ ਨੇ ਉਸ ਨੂੰ ਘੇਰ ਲਿਆ ਅਤੇ ਉਸ ਦਾ ਦੋਸਤ ਮੌਕੇ ਤੋਂ ਫਰਾਰ ਹੋ ਗਿਆ, ਜੋ ਕਥਿਤ ਦੋਸ਼ੀਆਂ ਨੇ ਉਸ ਦੀ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ ਤੇ ਕਥਿਤ ਦੋਸ਼ੀ ਅਮਨ ਚੀਨਾ ਨੇ ਉਸ 'ਤੇ ਕਿਰਚ ਨਾਲ ਵਾਰ ਕੀਤੇ। ਪੁਲਿਸ ਨੇ ਧਾਰਾ 115(2), 118(1), 126(2), 351(1,3)191(3), 190 ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਸੜਕ ਦੁਰਘਟਨਾਵਾਂ 'ਤੇ ਠੱਲ੍ਹ ਪਾਉਣ ਲਈ ਜ਼ਿਲ੍ਹਾ ਰੋਡ ਸੇਫਟੀ ਕਮੇਟੀ ਦੀ ਮੀਟਿੰਗ



ਮਲੇਰਕੋਟਲਾ, 27 ਮਾਰਚ (ਬਲਜੀਤ ਸਿੰਘ ਟਿੱਬਾ) : ਸੜਕ ਸੁਰੱਖਿਆ ਸਬੰਧੀ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਅਤੇ ਇਨ੍ਹਾਂ ਨੂੰ ਸਖ਼ਤੀ ਨਾਲ ਲਾਗੂ ਕਰਨ ਲਈ ਜ਼ਿਲ੍ਹਾ ਰੋਡ ਸੇਫਟੀ ਕਮੇਟੀ ਦੀ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੌਕੇ ਸਹਾਇਕ ਟਰਾਂਸਪੋਟਰ ਅਫਸਰ ਸਹਿਨਾਜ ਪਰਵੀਨ ਨੇ ਰੋਡ ਕਰਾਸਿੰਗ, ਰੋਡ ਸਾਈਨ, ਈ-ਡਾਰ, ਹਿੱਟ ਐਂਡ ਰਨ ਕੇਸਾਂ, ਗਤੀ ਸੀਮਾ ਦੀ ਪਾਲਣਾ, ਹੈਲਮੇਟ ਅਤੇ ਸੀਟ ਬੈਲਟ ਦੀ ਵਰਤੋਂ ਆਦਿ ਮਸਲਿਆਂ ਸਬੰਧੀ ਵਿਸਥਾਰ ਸਹਿਤ ਸਮੀਖਿਆ ਕੀਤੀ ਗਈ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਜ਼ਿਲ੍ਹੇ ਅੰਦਰ ਸੜਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਟਰੈਫਿਕ ਪੁਲਿਸ, ਨਗਰ ਕੌਂਸਲ, ਪੀ.ਡਬਲਿਊ.ਡੀ., ਸਿਹਤ ਵਿਭਾਗ ਅਤੇ ਸਿੱਖਿਆ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ। ਉਨ੍ਹਾਂ ਕਿਹਾ ਕਿ ਸਕੂਲਾਂ, ਕਾਲਜਾਂ ਅਤੇ ਪਿੰਡਾਂ-ਸ਼ਹਿਰਾਂ ਵਿੱਚ ਜਾਗਰੂਕਤਾ ਕੈਂਪ ਲਗਾ ਕੇ ਲੋਕਾਂ ਨੂੰ ਟਰੈਫਿਕ ਨਿਯਮਾਂ ਦੀ ਪਾਲਨਾ ਲਈ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਮੁੱਖ ਸੜਕਾਂ ਅਤੇ ਬਲੈਕ ਸਪਾਟਸ 'ਤੇ ਸਾਈਨੇਜ, ਰਿਫਲੈਕਟਰ, ਸਪੀਡ ਬ੍ਰੇਕਰ ਅਤੇ ਸਟ੍ਰੀਟ ਲਾਈਟਾਂ ਦੀ ਉਚਿਤ ਵਿਵਸਥਾ ਕੀਤੀ ਜਾਵੇ, ਤਾਂ ਜੋ ਦੁਰਘਟਨਾਵਾਂ 'ਤੇ ਕਾਬੂ ਪਾਇਆ ਜਾ ਸਕੇ।ਇਸ ਮੌਕੇ ਡੀ.ਐਸ.ਪੀ ਬਿਕਰਮਜੀਤ ਸਿੰਘ, ਡੀ.ਐਮ.ਸੀ ਡਾ. ਜਗਜੀਤ ਸਿੰਘ, ਜ਼ਿਲਾ ਬਾਲ ਸੁਰੱਖਿਆ ਅਫਸਰ ਹਰਪ੍ਰੀਤ ਕੌਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਸਮਾਣਾ 'ਚ ਦੋ ਨੌਜਵਾਨਾਂ ਦੀਆਂ ਲਾਸ਼ਾਂ ਮਿਲੀਆਂ, ਪੁਲਿਸ ਵੱਲੋਂ ਜਾਂਚ ਜਾਰੀ

ਸਮਾਣਾ, 27 ਮਾਰਚ (ਸੁਖਜਿੰਦਰ ਕੁਲਾਰਾਂ/ਵਿਜੇ ਕੁਮਾਰ) : ਸਮਾਣਾ ਸ਼ਹਿਰ ਵਿੱਚ ਦੋ ਨੌਜਵਾਨਾਂ ਦੀਆਂ ਲਾਸ਼ਾਂ ਸ਼ੱਕੀ ਹਾਲਾਤਾਂ ਵਿੱਚ ਮਿਲੀਆਂ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ।ਪੁਲਿਸ ਵੱਲੋਂ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਵੱਖ-ਵੱਖ ਪੱਖਾਂ ਤੋਂ ਜਾਂਚ ਕੀਤੀ ਜਾ ਰਹੀ ਹੈ।ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮੌਤ ਦੇ ਕਾਰਨਾਂ ਦਾ ਪਤਾ ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਹੀ ਲੱਗੇਗਾ।ਇਸ ਮੌਕੇ ਡੀ.ਐਸ.ਪੀ. ਸਮਾਣਾ ਫ਼ਤਿਹ ਸਿੰਘ ਬਰਾੜ ਵੱਲੋਂ ਦੱਸਿਆ ਗਿਆ ਕਿ



ਮ੍ਰਿਤਕਾਂ ਦੀ ਪਛਾਣ ਕਰਨਦੀਪ ਸਿੰਘ ਪਿੰਡ ਅਰਾਈਮਾਜਰਾ ਅਤੇ ਹਰਸ਼ਿੰਦਰ ਸਿੰਘ ਪਿੰਡ ਕੁਲਾਰਾਂ ਵਜੋਂ ਹੋਈ ਹੈ। ਉਨ੍ਹਾਂ ਕਿਹਾ ਕਿ ਮ੍ਰਿਤਕਾਂ ਤੇ ਵਾਰਸਾਂ ਦੇ ਬਿਆਨਾਂ ਦੇ ਆਧਾਰ ਤੇ ਮੁਕੱਦਮਾ ਨੰਬਰ 50 ਥਾਣਾ ਸਿਟੀ ਸਮਾਣਾ ਦਰਜ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸੋਸ਼ਲ ਮੀਡੀਆ 'ਤੇ ਕੁਝ ਅਫ਼ਵਾਵਾਂ ਫੈਲਾਈਆਂ ਜਾ ਰਹੀਆਂ ਹਨ ਕਿ ਇਹ ਨਸ਼ੇ ਕਾਰਨ ਹੋਇਆ ਹੈ ਜੋ ਕਿ ਸਰਾਸਰ ਗਲਤ ਹੈ।ਉਨ੍ਹਾਂ ਕਿਹਾ ਕਿ ਪੋਸਟਮਾਰਟਮ ਹੋਣ ਉਪਰੰਤ ਜੋ ਵੀ ਤੱਥ ਸਾਹਮਣੇ ਆਉਣਗੇ। ਉਸ ਮੁਤਾਬਕ ਬਣਦੀ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

## ਰਾਜਿੰਦਰਾ ਹਸਪਤਾਲ ਦੇ ਕਰਮਚਾਰੀਆਂ ਦੀ ਮੀਟਿੰਗ

ਪਟਿਆਲਾ, 27 ਮਾਰਚ (ਚ.ਨ.ਸ.) : ਰਾਜਿੰਦਰਾ ਹਸਪਤਾਲ ਦੇ ਕਰਮਚਾਰੀਆਂ ਦੀ ਭਰਵੀਂ ਮੀਟਿੰਗ ਸਾਥੀ ਰਾਮ ਕਿਸ਼ਨ ਚੇਅਰਮੈਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਾਥੀ ਸਵਰਨ ਸਿੰਘ ਬੰਗਾ ਪ੍ਰਧਾਨ ਜੁਆਇੰਟ ਐਕਸ਼ਨ ਕਮੇਟੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਇਸ ਮੀਟਿੰਗ ਦੌਰਾਨ 18 ਮਾਰਚ ਨੂੰ ਜ਼ਿਲ੍ਹਾ ਦਫ਼ਤਰ ਵੱਲੋਂ ਬਣਾਈ ਕਮੇਟੀ ਨੇ ਪ੍ਰਧਾਨਗੀ 'ਤੇ ਸਰਵਸੰਮਤੀ ਹੋਣ ਦੀਆਂ ਸੰਭਾਵਨਾਵਾਂ ਨਾ ਹੋਣ ਕਾਰਨ ਵੋਟਿੰਗ ਸਿਸਟਮ ਰਾਹੀਂ ਪ੍ਰਧਾਨ ਦੀ ਚੋਣ ਦਾ ਸੁਝਾਅ ਦਿੱਤਾ ਜਿਸ ਉਪਰੰਤ ਹਾਜ਼ਰ ਆਗੂਆਂ ਅਤੇ ਕਰਮਚਾਰੀਆਂ ਨੇ ਜੱਥੇਬੰਦੀ ਦੇ ਅਸੂਲਾਂ ਅਨੁਸਾਰ ਪੁਰਾਣੀ ਪ੍ਰਕਿਰਿਆ ਨੂੰ ਆਧਾਰ ਮੰਨ ਕੇ ਰਾਜਿੰਦਰਾ ਹਸਪਤਾਲ ਪਟਿਆਲਾ ਦੇ ਦਰਜਾ ਚਾਰ ਕਰਮਚਾਰੀ ਯੂਨੀਅਨ ਦੀ ਚੋਣ ਨੂੰ ਦੋ ਸਾਲ ਹੋਣ ਕਾਰਨ ਪੁਰਾਣੀ ਕਮੇਟੀ ਭੰਗ ਕਰ ਦਿੱਤੀ ਗਈ ਹੈ, ਅਤੇ ਨਵੇਂ ਪ੍ਰਧਾਨ ਦੀ ਚੋਣ ਲਈ ਸਰਵਸੰਮਤੀ ਨਾਲ ਸੱਤ ਮੈਂਬਰੀ ਚੋਣ ਕਮੇਟੀ ਦਾ ਐਲਾਨ ਕੀਤਾ ਜਿਸ ਵਿੱਚ ਸਾਥੀ ਅਰੁਨ ਕੁਮਾਰ ਨੂੰ ਚੇਅਰਮੈਨ, ਸਾਥੀ ਦੇਸ ਰਾਜ, ਰਾਮ ਬਾਬੂ, ਸਤਨਾਮ ਸਿੰਘ, ਲਖਵਿੰਦਰ ਸਿੰਘ ਅਤੇ ਇੰਦਰਜੀਤ ਕੌਰ ਨੂੰ ਮੈਂਬਰ ਬਣਾਇਆ ਗਿਆ। ਕਮੇਟੀ ਵੱਲੋਂ ਅੱਜ ਹੀ ਬਾਅਦ ਦੁਪਹਿਰ ਮੀਟਿੰਗ ਕਰਕੇ 30 ਮਾਰਚ ਨੂੰ ਕਾਗਜ਼ ਦਾਖ਼ਲ ਕਰਨ 31 ਮਾਰਚ ਨੂੰ ਕਾਗਜ਼ ਵਾਪਸ ਲੈਣ ਅਤੇ 6 ਅਪਰੈਲ ਨੂੰ ਵੋਟਿੰਗ ਦੀਆਂ ਤਾਰੀਕਾਂ ਦਾ ਐਲਾਨ ਕੀਤਾ ਹੈ।

## ਤੇਜ਼ ਰਫ਼ਤਾਰ ਕੰਬਾਈਨ ਦੀ ਟੱਕਰ ਨਾਲ ਮੌਤ

ਨਾਭਾ, 27 ਮਾਰਚ (ਚੌਧਰੀਮਾਜਰਾ/ ਮਾਨ) : ਥਾਣਾ ਕੋਤਵਾਲੀ ਨਾਭਾ ਪੁਲਿਸ ਕੋਲ ਪਰਮਿੰਦਰਜੀਤ ਸਿੰਘ ਪੁੱਤਰ ਹਰਦੀਪ ਸਿੰਘ ਵਾਸੀ ਹੀਰਾ ਮਹਿਲ ਨਾਭਾ ਨੇ ਕੰਬਾਇਨ ਦੇ ਅਣਪਛਾਤੇ ਡਰਾਈਵਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਪਿਤਾ ਸਕੂਟਰੀ 'ਤੇ ਸਵਾਰ ਹੋ ਕੇ ਸਰਕਾਰੀ ਬਾਗ ਨਾਭਾ ਪਾਸ ਜਾ ਰਿਹਾ ਸੀ ਤਾਂ ਅਣਪਛਾਤੇ ਡਰਾਈਵਰ ਨੇ ਆਪਣੀ ਕੰਬਾਈਨ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਉਸ ਦੇ ਪਿਤਾ ਵਿੱਚ ਮਾਰੀ, ਜਿਸ ਕਾਰਨ ਉਸ ਦੇ ਪਿਤਾ ਦੀ ਮੌਤ ਹੋ ਗਈ। ਪੁਲਿਸ ਨੇ ਧਾਰਾ 281,106 ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## 30 ਨੂੰ ਮੁੱਖ ਮੰਤਰੀ ਦੀ ਦੂਧਨਸਾਧਾਂ ਅਨਾਜ ਮੰਡੀ 'ਚ ਆਮਦ ਸਬੰਧੀ ਮੀਟਿੰਗ



ਦੇਵੀਗੜ੍ਹ, 27 ਮਾਰਚ (ਗੁਰਜੀਤ ਸਿੰਘ ਢੋਟ) : 30 ਮਾਰਚ ਨੂੰ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੂਧਨਸਾਦਾ ਅਨਾਜ ਮੰਡੀ ਦਾ ਅਨਾਜ ਮੰਡੀ ਵਿਖੇ ਆ ਰਹੇ ਹਨ, ਜਿਸ ਸਬੰਧੀ ਹਲਕਾ ਸਨੌਰ ਦੇ ਇੰਚਾਰਜ ਰਣਜੋਤ ਸਿੰਘ ਹਡਾਣਾ, ਪੰਜਾਬ ਸਟੇਟ ਕੰਟੇਨਰ ਅਤੇ ਵੇਅਰ ਹਾਊਸਿੰਗ ਲਿਮਟਡ ਦੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਅਤੇ ਜ਼ਿਲ੍ਹਾ ਪ੍ਰਧਾਨ ਤਜਿੰਦਰ ਮਹਿਤਾ ਦੀ ਅਗਵਾਈ ਹੇਠ ਮੀਟਿੰਗ ਕੀਤੀ ਗਈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ 30 ਮਾਰਚ ਨੂੰ ਸਨੌਰ ਹਲਕੇ ਵਿੱਚ ਪਹੁੰਚ ਰਹੇ ਹਨ। ਕਨਵੀਨਰ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਵੱਲੋਂ ਰੈਲੀ ਦੇ ਹੱਕ ਵਿੱਚ ਕੀਤੀ ਗਈ ਮੀਟਿੰਗ ਨੇ ਜੋਸ਼ ਪੈਦਾ ਕੀਤਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ 30 ਮਾਰਚ ਨੂੰ ਸਨੌਰ ਹਲਕੇ ਵਿੱਚ ਪਹੁੰਚ ਰਹੇ ਹਨ। ਇਸ ਮੌਕੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਵਿਕਾਸ ਕਾਰਜਾਂ ਨੂੰ ਲੈ ਕੇ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਸਬੰਧੀ ਸਰਕਾਰ ਦੀਆਂ ਉਪਲਬਧੀਆਂ ਬਾਰੇ ਦੱਸਣਗੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਮਹਿਤਾ ਅਤੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ , ਬਲਾਕ ਸਮਿਤੀ ਸਨੌਰ ਦੇ ਚੇਅਰਮੈਨ ਹੈਪੀ ਪਹਾੜੀਪੁਰ ਅਤੇ ਬਲਾਕ ਸੰਮਤੀ ਭੁਨਰਹੇੜੀ ਦੇ ਚੇਅਰਮੈਨ ਚਰਨਜੀਤ ਸਿੰਘ ਨੈਣਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਅਤੇ ਬੂਥ ਵਰਕਰ ਮੌਜੂਦ ਸਨ।

## ਗੈਲਰੀ 'ਚ ਆਜ਼ਾਦੀ ਘੁਲਾਟੀਆਂ ਦੀਆਂ ਤਸਵੀਰਾਂ ਲਗਾਈਆਂ

ਪਟਿਆਲਾ, 27 ਮਾਰਚ (ਰੁਪਾਣਾ) : ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਵੱਲੋਂ ਇੱਥੇ ਮਿੰਨੀ ਸਕੱਤਰੇਤ ਵਿੱਚ ਸਥਾਪਤ ਕੀਤੀ ਗਈ 'ਸੁਤੰਤਰਤਾ ਸੰਗਰਾਮੀ ਗੈਲਰੀ' ਵਿੱਚ ਦੋ ਹੋਰ ਸੁਤੰਤਰਤਾ ਸੰਗਰਾਮੀਆਂ ਨਿਰਮਲ ਸਿੰਘ ਮੁਲਤਾਨੀ ਅਤੇ ਵਿਰਸਾ ਸਿੰਘ ਬਾਜਵਾ ਦੀਆਂ ਤਸਵੀਰਾਂ ਵੀ ਸ਼ਾਮਲ ਕੀਤੀਆਂ ਗਈਆਂ ਹਨ।




ਗੈਲਰੀ ਵਿੱਚ ਤਸਵੀਰਾਂ ਸ਼ਾਮਲ ਕਰਨ ਦੀ ਕਾਰਵਾਈ ਸੁਤੰਤਰਤਾ ਸੰਗਰਾਮੀ ਉੱਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਦੇ ਅਹੁਦੇਦਾਰਾਂ ਇੰਦਰਪਾਲ ਧਾਲੀਵਾਲ, ਕਮਲਦੀਪ ਗਿੱਲ ਤੇ ਅਮਰਪ੍ਰੀਤ ਬੌਬੀ ਆਦਿ ਵੱਲੋਂ ਕੁਝ ਸਮਾਂ ਪਹਿਲਾ ਦਿੱਤੇ ਗਏ ਮੰਗ ਪੱਤਰ ਦੇ ਆਧਾਰ 'ਤੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੇ ਹੁਕਮਾਂ 'ਤੇ ਅਮਲ 'ਚ ਲਿਆਂਦੀ ਗਈ ਹੈ। ਇਸ ਦੌਰਾਨ ਫੋਟੋ ਗੈਲਰੀ ਦਾ ਨਿਰੀਖਣ ਕਰਦਿਆਂ ਜਥੇਬੰਦੀ ਦੇ ਅਹੁਦੇਦਾਰਾਂ ਨੇ ਮਰਹੂਮ ਆਜ਼ਾਦੀ ਘੁਲਾਟੀਆਂ ਨੂੰ ਸਿਜਦਾ ਵੀ ਕੀਤਾ। ਇਸ ਤੋਂ ਪਹਿਲਾਂ ਇੱਥੇ ਹੀ ਕੀਤੀ ਗਈ ਮੀਟਿੰਗ 'ਚ ਜਥੇਬੰਦੀ ਨੇ ਆਜ਼ਾਦੀ ਘੁਲਾਟੀਆਂ ਦੀ ਚੌਥੀ ਪੀੜ੍ਹੀ ਦੇ ਮੈਂਬਰਾਂ ਨੂੰ ਵੀ ਕਾਨੂੰਨੀ ਵਾਰਿਸਾਂ ਵਿੱਚ ਸ਼ਾਮਲ ਕਰਨ, ਪ੍ਰਮੋਸ਼ਨ ਚੈਨਲ, ਨੌਕਰੀਆਂ ਤੇ ਉਚੇਰੀ ਸਿੱਖਿਆ ਦੌਰਾਨ ਦਾਖ਼ਲਿਆਂ ਵਿੱਚ ਰਾਖਵਾਂਕਰਨ, ਪੈਨਸ਼ਨ ਸਕੀਮ ਸਮੇਤ ਹੋਰ ਮੰਗਾਂ ਮੰਨਣ 'ਤੇ ਵੀ ਜ਼ੋਰ ਦਿੱਤਾ। ਇਸੇ ਦੌਰਾਨ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦਾ ਕਹਿਣਾ ਸੀ ਕਿ ਜ਼ਿਲ੍ਹਾ ਪ੍ਰਸ਼ਾਸਨ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਬਣਦਾ ਮਾਣ ਸਨਮਾਨ ਅਤੇ ਲੋੜੀਂਦੀਆਂ ਸਹੂਲਤਾਂ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲਏ ਗਏ ਫੈਸਲੇ ਤਹਿਤ ਸਰਕਾਰੀ ਸਕੂਲਾਂ ਅਤੇ ਵੱਖ ਵੱਖ ਸੜਕਾਂ ਦੇ ਨਾਮ ਵੀ ਆਜ਼ਾਦੀ ਘੁਲਾਟੀਆਂ ਦੇ ਨਾਮ 'ਤੇ ਰੱਖੇ ਜਾ ਰਹੇ ਹਨ। ਦੂਜੇ ਪਾਸੇ ਜਥੇਬੰਦੀ ਦੇ ਜਨਰਲ ਸਕੱਤਰ ਇੰਦਰਪਾਲ ਧਾਲੀਵਾਲ ਨੇ ਇਹ ਤਸਵੀਰਾਂ ਗੈਲਰੀ 'ਚ ਸ਼ਾਮਲ ਕਰਨ ਲਈ ਪ੍ਰਸ਼ਾਸਨ ਦਾ ਧੰਨਵਾਦ ਕੀਤਾ ਹੈ। ਇਸ ਦੌਰਾਨ ਉਨ੍ਹਾਂ ਸਰਕਾਰੇ ਦਰਬਾਰੇ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਵਾਰਸਾਂ ਨੂੰ ਬਣਦਾ ਮਾਣ ਸਨਮਾਨ ਯਕੀਨੀ ਬਣਾਉਣ ਦੀ ਮੰਗ ਕੀਤੀ ਗਈ। ਇਸ ਮੌਕੇ ਰਾਜ ਕੁਮਾਰ ਡਕਾਲਾ, ਗੁਰਇਕਬਾਲ ਸੰਧੂ, ਕਮਲਦੀਪ ਗਿੱਲ, ਅਮਰਪ੍ਰੀਤ ਬੌਬੀ, ਇੰਦਰਪਾਲ ਧਾਲੀਵਾਲ ਆਦਿ ਮੌਜੂਦ ਸਨ।

## ਨਸ਼ੀਲੀਆਂ ਗੋਲ਼ੀਆਂ ਸਮੇਤ ਔਰਤ ਹਿਰਾਸਤ 'ਚ

ਸਮਾਣਾ, 27 ਮਾਰਚ (ਵਿਜੇ ਕੁਮਾਰ) : ਸਦਰ ਪੁਲਿਸ ਨੇ ਨਸ਼ੀਲੀਆਂ ਗੋਲੀਆਂ ਵੇਚ ਰਹੀ ਇਕ ਔਰਤ ਨੂੰ 100 ਨਸ਼ੀਲੀਆਂ ਗੋਲੀਆਂ ਸਣੇ ਕਾਬੂ ਕਰਕੇ ਉਸ ਦੇ ਖਿਲਾਫ ਨਸ਼ਾ ਵਿਰੋਧੀ ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਔਰਤ ਦੀ ਪਹਿਚਾਣ ਲੱਛੋ ਦੇਵੀ ਪਿੰਡ ਬਿਜਲਪੁਰ ਵਜੋਂ ਹੋਈ। ਸਦਰ ਪੁਲਿਸ ਮੁੱਖੀ ਇੰਸਪੈਕਟਰ ਅਜੇ ਕੁਮਾਰ ਪਰੋਚਾ ਨੇ ਦੱਸਿਆ ਕਿ ਏ.ਐਸ.ਆਈ. ਸਰਬਜੀਤ ਸਿੰਘ ਪੁਲਿਸ ਪਾਰਟੀ ਸਣੇ ਗਸ਼ਤ ਦੌਰਾਨ ਪਿੰਡ ਤਰਖਾਣ ਮਾਜਰਾ ਦੇ ਟੀ-ਪੁਆਇੰਟ 'ਤੇ ਮੌਜੂਦ ਸਨ। ਉਨ੍ਹਾਂ ਨੂੰ ਸੂਚਨਾ ਮਿਲੀ ਕਿ ਉਕਤ ਔਰਤ ਅਨਾਜ ਮੰਡੀ ਪਿੰਡ ਢੈਂਠਲ ਕੋਲ ਬੈਠੀ ਨਸ਼ੀਲੀਆਂ ਗੋਲੀਆਂ ਵੇਚ ਰਹੀ ਹੈ। ਪੁਲਸ ਪਾਰਟੀ ਸਣੇ ਰੇਡ ਕਰਨ ਤੇ ਔਰਤ ਤੋਂ 100 ਨਸ਼ੀਲੀਆਂ ਗੋਲੀਆਂ ਬਰਾਮਦ ਹੋਣ 'ਤੇ ਉਸ ਨੂੰ ਹਿਰਾਸਤ ਵਿਚ ਲੈ ਲਿਆ ਗਿਆ। ਅਧਿਕਾਰੀ ਅਨੁਸਾਰ ਔਰਤ ਦੇ ਖਿਲਾਫ ਐਨ.ਡੀ.ਪੀ.ਐਸ. ਐਕਟ ਤਹਿਤ ਪਹਿਲਾਂ ਵੀ ਮਾਮਲੇ ਦਰਜ ਹਨ। ਮਾਣਯੋਗ ਅਦਾਲਤ ਦੇ ਹੁਕਮਾਂ ਅਨੁਸਾਰ ਮੁਲਜ਼ਮ ਔਰਤ ਨੂੰ ਨਿਆਇਕ ਹਿਰਾਸਤ ਵਿਚ ਜੇਲ ਭੇਜ ਦਿੱਤਾ ਗਿਆ ਹੈ।